ਵੀਰਵਾਰ, 5 ਨਵੰਬਰ, 2026
20 ਕੱਤਕ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 156

ਰੋਜ਼ਾਨਾ
ਨਵਾਂ ਜ਼ਮਾਨਾ

DAILY NAWAN ZAMANA • THURSDAY, 5 NOVEMBER, 2026 ਜਲੰਧਰ

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in

‘ਨਵਾਂ ਜ਼ਮਾਨਾ’ ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

You Tube nawan zamana TV


ਮਾਨ ਸਰਕਾਰ ਨੇ ਡੀ ਏ ਹੋਰ 3 ਫੀਸਦੀ ਵਧਾਇਆ



ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ) : ਪੰਜਾਬ ਸਰਕਾਰ ਨੇ 8 ਲੱਖ ਸਰਕਾਰੀ ਮੁਲਾਜ਼ਮਾਂ ਨੂੰ ਡੀ ਏ ਦੀ ਹੋਰ ਤਿੰਨ ਫੀਸਦੀ ਕਿਸ਼ਤ ਦੇਣ ਦਾ ਫੈਸਲਾ ਕੀਤਾ ਹੈ। ਇਸ ਦਾ ਐਲਾਨ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਦਸੰਬਰ ਦੀ ਤਨਖਾਹ ਅਤੇ ਪੈਨਸ਼ਨ ਵਿੱਚ ਇਹ ਵਾਧਾ ਮਿਲੇਗਾ। ਇਸ ਫੈਸਲੇ ਦੇ ਨਾਲ ਹੀ ਸੂਬਾ ਸਰਕਾਰ ਨੇ ਦੋ ਮਹੀਨਿਆਂ ਵਿੱਚ ਮੁਲਾਜ਼ਮਾਂ ਦੇ ਡੀ ਏ ਵਿੱਚ 11 ਫੀਸਦੀ ਦਾ ਵਾਧਾ ਕਰ ਦਿੱਤਾ ਹੈ। ਮਾਨ ਨੇ ਕਿਹਾ ਕਿ ਸਾਲ 2022 ਵਿੱਚ ਮੁਲਾਜ਼ਮਾਂ ਨੂੰ 28 ਫੀਸਦ ਡੀ ਏ ਦਿੱਤਾ ਜਾਂਦਾ ਸੀ, ਜੋ ਸਾਲ 2026 ਵਿੱਚ ਵਧ ਕੇ 53 ਫੀਸਦ ਹੋ ਗਿਆ ਹੈ। ਇਸ ਨਾਲ ਮੁਲਾਜ਼ਮਾਂ ਨੂੰ ਹਰੇਕ ਮਹੀਨੇ 363 ਕਰੋੜ ਰੁਪਏ ਦਾ ਲਾਭ ਹੋਵੇਗਾ, ਜਦਕਿ ਕੁੱਲ 11 ਫੀਸਦ ਡੀ ਏ ਨਾਲ ਮੁਲਾਜ਼ਮਾਂ ਨੂੰ ਸਾਲਾਨਾ 3988 ਕਰੋੜ ਰੁਪਏ ਦਾ ਲਾਭ ਹੋਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਕਦੇ ਵੀ ਇਹ ਨਹੀਂ ਕਿਹਾ ਕਿ ਪੰਜਾਬ ਦਾ ਖ਼ਜ਼ਾਨਾ ਖ਼ਾਲੀ ਹੈ, ਜਦਕਿ ਪੁਰਾਣੀਆਂ ਸਰਕਾਰਾਂ ਨੇ ਹਮੇਸ਼ਾ ਹੀ ਖਜ਼ਾਨਾ ਖ਼ਾਲੀ ਹੋਣ ਦਾ ਦਾਅਵਾ ਕੀਤਾ। ਆਮ ਆਦਮੀ ਪਾਰਟੀ ਦੀ ਸਰਕਾਰ ਨੇ ਹੁਣ ਤੱਕ ਸੂਬੇ ਵਿੱਚ 71,777 ਨੌਜਵਾਨਾਂ ਨੂੰ ਨਵੀਆਂ ਨੌਕਰੀਆਂ ਦਿੱਤੀਆਂ ਹਨ। ਮੁੱਖ ਮੰਤਰੀ ਨੇ ਤਿੰਨ ਵਿਧਾਇਕਾਂ ਦੇ ਭਾਜਪਾ ਵਿੱਚ ਜਾਣ ’ਤੇ ਕਿਹਾ ਕਿ ਐੱਮ ਐੱਲ ਏ ਬਣਨਾ ਸਿਰਫ ਰਾਜਨੀਤੀ ਨਹੀਂ ਹੈ, ਪਾਰਟੀ ਦੇ ਨਾਲ ਖੜ੍ਹਨਾ ਵੀ ਜ਼ਰੂਰੀ ਹੁੰਦਾ ਹੈ। ਭਾਜਪਾ ਵਿੱਚ ਜਾਣ ਵਾਲਿਆਂ ਨੂੰ ਪਤਾ ਲੱਗ ਜਾਵੇਗਾ ਕਿ ਉੱਥੇ ਆਗੂਆਂ ਦੀ ਕਿੰਨੀ ਕੁ ਇੱਜ਼ਤ ਹੁੰਦੀ ਹੈ। ਇਸ ਤੋਂ ਪਹਿਲਾਂ ਕੈਪਟਨ ਅਮਰਿੰਦਰ ਸਿੰਘ ਵੀ ਭਾਜਪਾ ਵਿੱਚ ਗਏ ਸਨ, ਜਿਨ੍ਹਾ ਨੂੰ ਕਦੇ ਵੀ ਪੁੱਛਿਆ ਨਹੀਂ

• ਬਾਕੀ ਸਫਾ 10 ’ਤੇ

ਟਰੰਪ ਕਰ’ਤਾ ਡੰਪ
ਡੈਮਕ੍ਰੇਟਾਂ ਦਾ ਦੋਹਾਂ ਸਦਨਾਂ ’ਤੇ ਕਬਜ਼ਾ



ਵਾਸ਼ਿੰਗਟਨ (ਨਵਾਂ ਜ਼ਮਾਨਾ ਸਰਵਿਸ) : ਅਮਰੀਕਾ ਦੀਆਂ ਮੱਧਕਾਲੀ ਚੋਣਾਂ ਵਿੱਚ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਰਿਪਬਲਿਕਨ ਪਾਰਟੀ ਨੂੰ ਤਕੜੀ ਹਾਰ ਦਾ ਸਾਹਮਣਾ ਕਰਨਾ ਪਿਆ ਹੈ। ਡੈਮੋਕ੍ਰੇਟਿਕ ਪਾਰਟੀ ਨੇ ਸੈਨੇਟ ਅਤੇ ਪ੍ਰਤੀਨਿਧੀ ਸਭਾ ਦੋਵਾਂ ਵਿੱਚ ਬਹੁਮਤ ਹਾਸਲ ਕਰ ਲਿਆ ਹੈ।

ਇਸ ਦੌਰਾਨ, ਡੈਮੋਕ੍ਰੇਟਿਕ ਉਮੀਦਵਾਰ ਅਬਦੁਲ ਅਲ ਸਈਦ ਨੇ ਮਿਸ਼ੀਗਨ ਵਿੱਚ ਜਿੱਤ ਪ੍ਰਾਪਤ ਕੀਤੀ, ਜੋ ਕਿ ਅਮਰੀਕੀ ਇਤਿਹਾਸ ਵਿੱਚ ਸੈਨੇਟਰ ਚੁਣੇ ਜਾਣ ਵਾਲੇ ਪਹਿਲੇ ਮੁਸਲਮਾਨ ਬਣ ਗਏ। ਟਰੰਪ ਨੇ ਜਨਤਕ ਤੌਰ ’ਤੇ ਅਬਦੁਲ ਨੂੰ ਜੇਹਾਦੀ ਕਿਹਾ ਸੀ। ਅਬਦੁਲ ’ਤੇ ਅੱਤਵਾਦੀਆਂ ਨਾਲ ਸਹਿਯੋਗ ਕਰਨ ਦਾ ਵੀ ਦੋਸ਼ ਲਗਾਇਆ ਸੀ। ਉਨ੍ਹਾ 11 ਸਤੰਬਰ, 2001 ਦੇ ਅੱਤਵਾਦੀ ਹਮਲਿਆਂ ਦਾ ਹਵਾਲਾ ਦਿੰਦੇ ਹੋਏ ਅਲ ਸਈਦ ਦੀ ਤੁਲਨਾ ਜਹਾਜ਼ ਹਾਈਜੈਕਰਾਂ ਨਾਲ ਵੀ ਕੀਤੀ ਸੀ। ਪ੍ਰਤੀਨਿਧੀ ਸਭਾ ਦੀਆਂ ਸਾਰੀਆਂ 435 ਸੀਟਾਂ ਲਈ ਚੋਣਾਂ ਹੋਈਆਂ। ਵਿਰੋਧੀ ਡੈਮੋਕ੍ਰੇਟਿਕ ਪਾਰਟੀ ਨੇ 231 ਸੀਟਾਂ ਜਿੱਤ ਲਈਆਂ ਸਨ, ਜਦੋਂ ਕਿ ਟਰੰਪ ਦੀ ਰਿਪਬਲਿਕਨ ਪਾਰਟੀ ਨੇ 144 ਸੀਟਾਂ ਜਿੱਤੀਆਂ ਸਨ। ਇਸ ਤਰ੍ਹਾਂ ਡੈਮੋਕਰੇਟਾਂ ਨੂੰ ਬਹੁਮਤ ਮਿਲ ਗਿਆ ਹੈ। ਸੈਨੇਟ ਦੀਆਂ 100 ਵਿੱਚੋਂ 35 ਸੀਟਾਂ ਲਈ ਚੋਣਾਂ ਹੋਈਆਂ। 33 ਸੀਟਾਂ ਦੇ ਐਲਾਨੇ ਨਤੀਜਿਆਂ ਵਿੱਚੋਂ 20 ਡੈਮੋਕ੍ਰੇਟਿਕ ਪਾਰਟੀ ਅਤੇ 13 ਰਿਪਬਲਿਕਨ ਪਾਰਟੀ ਦੇ ਹੱਕ ਵਿੱਚ ਗਏ ਸਨ। ਦੋ ਸੀਟਾਂ ਲਈ ਵੋਟਾਂ ਦੀ ਗਿਣਤੀ ਜਾਰੀ ਹੈ। ਡੈਮੋਕ੍ਰੇਟਿਕ ਪਾਰਟੀ ਦੇ 54 ਮੈਂਬਰ ਹੋ ਗਏ ਸਨ ਤੇ ਉਸਨੂੰ ਸਪੱਸ਼ਟ ਬਹੁਮਤ ਮਿਲ ਗਿਆ ਸੀ। ਰਿਪਬਲਿਕਨ ਪਾਰਟੀ ਨੇ 44 ਸੀਟਾਂ ਜਿੱਤੀਆਂ ਸਨ। ਈਰਾਨ ਦੇ ਸੁਪਰੀਮ ਲੀਡਰ ਮੋਜਤਬਾ ਖਾਮੇਨਈ ਨੇ ਕਿਹਾ ਹੈ ਕਿ ਅਮਰੀਕੀ ਮੱਧਕਾਲੀ ਚੋਣਾਂ ਦੇ ਨਤੀਜੇ ਈਰਾਨ ਨਾਲ ਸੰਬੰਧਾਂ ਨੂੰ ਨਹੀਂ ਬਦਲਣਗੇ। ਉਨ੍ਹਾ ਕਿਹਾ ਕਿ ਅਮਰੀਕਾ ਭਾਵੇਂ ਡੈਮੋਕ੍ਰੇਟਸ ਨਾਲ ਸੱਤਾ ਵਿੱਚ ਆਵੇ ਜਾਂ ਰਿਪਬਲਿਕਨ, ਈਰਾਨ ਪ੍ਰਤੀ ਉਸਦੀ ਦੁਸ਼ਮਣੀ ਬਣੀ ਰਹੇਗੀ। ਡੈਮੋਕ੍ਰੇਟਿਕ ਪਾਰਟੀ ਦੇ ਉਮੀਦਵਾਰ ਐਰੋਨ ਫੋਰਡ ਨੇ ਨੇਵਾਡਾ ਦੇ ਗਵਰਨਰ ਦੀ ਚੋਣ ਜਿੱਤ ਲਈ ਹੈ। ਉਨ੍ਹਾ ਮੌਜੂਦਾ ਰਿਪਬਲਿਕਨ ਗਵਰਨਰ ਜੋਅ ਲੋਂਬਾਰਡੋ ਨੂੰ ਹਰਾਇਆ। ਫੋਰਡ, ਜੋ ਨੇਵਾਡਾ ਦੇ ਪਹਿਲੇ ਕਾਲੇ ਗਵਰਨਰ ਹੋਣਗੇ, ਨੇ ਉੱਚ

• ਬਾਕੀ ਸਫਾ 10 ’ਤੇ

ਗੁਜਰਾਤ ਤੋਂ ਆਉਣ ਵਾਲੇ ਨਸ਼ੇ ਨੇ ਪੰਜਾਬ ਬਰਬਾਦ ਕੀਤਾ : ਰਾਹੁਲ



ਸੰਗਰੂਰ (ਪ੍ਰਵੀਨ ਸਿੰਘ) : ਰਾਹੁਲ ਗਾਂਧੀ ਨੇ ਬੁੱਧਵਾਰ ‘ਚਿੱਟੇ’ ਨੂੰ ਪੰਜਾਬ ਦਾ ਬਹੁਤ ਵੱਡਾ ਮੁੱਦਾ ਕਰਾਰ ਦਿੱਤਾ। ਵਿਧਾਨ ਸਭਾ ਚੋਣਾਂ ਲਈ ਕਾਂਗਰਸ ਦੇ ਚੋਣ ਪ੍ਰਚਾਰ ਦੀ ਸ਼ੁਰੂਆਤ ਕਰਦਿਆਂ ਨੇੜਲੇ ਪਿੰਡ ਫੱਗੂਵਾਲਾ ਵਿਖੇ ‘ਇਨਸਾਫ ਰੈਲੀ’ ਦੌਰਾਨ ਰਾਹੁਲ ਗਾਂਧੀ ਨੇ ਕਿਹਾ, “ਪੰਜਾਬ ਵਿੱਚ ਚਿੱਟਾ ਇੱਕ ਬਹੁਤ ਵੱਡਾ ਮੁੱਦਾ ਹੈ।” ਸਾਲਾਂ ਪਹਿਲਾਂ ਸੂਬੇ ਵਿੱਚ ਨਸ਼ਿਆਂ ਦਾ ਮੁੱਦਾ ਸਭ ਤੋਂ ਪਹਿਲਾਂ ਚੁੱਕਣ ਦੀ ਗੱਲ ਯਾਦ ਕਰਵਾਉਂਦਿਆਂ ਉਨ੍ਹਾ ਕਿਹਾ ਕਿ ਉਸ ਸਮੇਂ ਉਨ੍ਹਾ ਦੀ ਗੱਲ ’ਤੇ ਕਿਸੇ ਨੇ ਵਿਸ਼ਵਾਸ ਨਹੀਂ ਕੀਤਾ ਸੀ। ਹੁਣ ਆਏ ਦਿਨ ਨਸ਼ਿਆਂ ਨਾਲ ਸੰਬੰਧਤ ਅਪਰਾਧ ਵਾਪਰ ਰਹੇ ਹਨ ਅਤੇ ਪੰਜਾਬ ਸਰਕਾਰ ਇਸ ਬੁਰਾਈ ਨੂੰ ਠੱਲ੍ਹ ਪਾਉਣ ਵਿੱਚ ਅਸਮਰੱਥ ਸਿੱਧ ਹੋ ਰਹੀ ਹੈ। ਭਾਰੀ ਬਹੁਮਤ ਨਾਲ ਸੱਤਾ ਵਿੱਚ ਆਉਣ ਦੇ ਬਾਵਜੂਦ ‘ਆਪ’ ਦੇ ਲੀਡਰ ਲੋਕਾਂ ਦੀਆਂ ਉਮੀਦਾਂ ’ਤੇ ਖਰੇ ਨਹੀਂ ਉੱਤਰ ਸਕੇ। ਰਾਹੁਲ ਗਾਂਧੀ ਨੇ ਕਿਹਾ ਕਿ ਪੰਜਾਬ ਦੇ ਵਿਕਾਸ ਲਈ ਨਸ਼ਾ ਤੇ ਗੈਂਗਸਟਰਵਾਦ ਨੂੰ ਜੜ੍ਹੋਂ ਖਤਮ ਕਰਨਾ ਹੋਵੇਗਾ।ਇਹ ਕੰਮ ਕਾਂਗਰਸ ਪਾਰਟੀ ਦੀ ਸਰਕਾਰ ਹੀ ਕਰ ਸਕੇਗੀ।ਉਨ੍ਹਾ ਕਿਹਾ ਕਿ ਪੰਜਾਬ ਨੂੰ ਗੈਂਗਸਟਰਵਾਦ ਤੇ ਗੁਜਰਾਤ ਤੋਂ ਆਉਣ ਵਾਲੇ ਨਸ਼ੇ ਨੇ ਪੂਰੀ ਤਰ੍ਹਾਂ ਬਰਬਾਦ ਕਰ ਦਿੱਤਾ ਹੈ। ਪੰਜਾਬ ਅੰਦਰ ਨਸ਼ਾ ਅਡਾਨੀ ਦੀ ਪੋਰਟ ਤੋਂ ਆਉਂਦਾ ਹੈ, ਜਿਸ ਨੂੰ ਨਰਿੰਦਰ ਮੋਦੀ ਦੀ ਸਰਕਾਰ ਤੇ ਅਮਿਤ ਸ਼ਾਹ ਦੀ ਸਰਪ੍ਰਸਤੀ ਹਾਸਲ ਹੈ।ਉਨ੍ਹਾ ਕਿਹਾ ਪੰਜਾਬ ਸਰਕਾਰ ਦਿੱਲੀ ਤੋਂ ਕੇਜਰੀਵਾਲ ਹੀ ਚਲਾ ਰਹੇ ਹਨ। ਭਗਵੰਤ ਮਾਨ ਤਾਂ ਮੋਹਰਾ ਹਨ। ਕਾਂਗਰਸ ਨੂੰ ਦੇਸ਼ ਵਿਰੋਧੀ ਕਹਿਣ ਦੇ ਦੋਸ਼ਾਂ ’ਤੇ ਰਾਹੁਲ ਗਾਂਧੀ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਖੁੱਲ੍ਹੀ ਬਹਿਸ ਦੀ ਚੁਣੌਤੀ ਦਿੱਤੀ।

• ਬਾਕੀ ਸਫਾ 10 ’ਤੇ

ਸੁਪਰੀਮ ਕੋਰਟ ਪੰਜਾਬ ਦੇ ਮੁੱਖ ਸਕੱਤਰ ਦੀ ਗੱਲ ਸੁਣੇਗੀ

ਨਵੀਂ ਦਿੱਲੀ : ਸੁਪਰੀਮ ਕੋਰਟ ਨੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਉਸ ਫੈਸਲੇ ਨੂੰ ਚੁਣੌਤੀ ਦੇਣ ਵਾਲੀ ਇੱਕ ਤਾਜ਼ਾ ਅਰਜ਼ੀ ’ਤੇ ਸੁਣਵਾਈ ਕਰਨ ਲਈ ਸਹਿਮਤੀ ਜਤਾਈ ਹੈ, ਜਿਸ ਵਿੱਚ ਕਰਮਚਾਰੀਆਂ ਦੇ ਬਕਾਇਆ ਮਹਿੰਗਾਈ ਭੱਤੇ (ਡੀ ਏ) ਅਤੇ ਮਹਿੰਗਾਈ ਰਾਹਤ (ਡੀ ਆਰ) ਦੇ ਭੁਗਤਾਨ ਨਾਲ ਸੰਬੰਧਤ ਮਾਮਲੇ ਵਿੱਚ ਪੰਜਾਬ ਦੇ ਮੁੱਖ ਸਕੱਤਰ ਵਿਰੁੱਧ ਫੌਜਦਾਰੀ ਤੌਹੀਨ ਦੀ ਕਾਰਵਾਈ ਸ਼ੁਰੂ ਕੀਤੀ ਗਈ ਸੀ। ਚੀਫ ਜਸਟਿਸ ਸੂਰਿਆ ਕਾਂਤ, ਜਸਟਿਸ ਜੋਇਮਾਲਿਆ ਬਾਗਚੀ ਅਤੇ ਜਸਟਿਸ ਵੀ ਮੋਹਨਾ ਦੀ ਬੈਂਚ ਨੇ ਪੰਜਾਬ ਸਰਕਾਰ ਦੇ ਐਡੀਸ਼ਨਲ ਮੁੱਖ ਸਕੱਤਰ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲ ਵਿਕਾਸ ਸਿੰਘ ਦੀਆਂ ਇਨ੍ਹਾਂ ਦਲੀਲਾਂ ਦਾ ਨੋਟਿਸ ਲਿਆ ਕਿ ਮੁੱਖ ਸਕੱਤਰ ਨੂੰ ਲਗਪਗ ਨਿਯਮਤ ਤੌਰ ’ਤੇ ਹਾਈ ਕੋਰਟ ਵਿੱਚ ਪੇਸ਼ ਹੋਣਾ ਪੈ ਰਿਹਾ ਹੈ। ਮੌਜੂਦਾ ਸੂਬਾ ਸਰਕਾਰ ਨੂੰ ਪਿਛਲੀ ਸਰਕਾਰ ਤੋਂ ਲਗਪਗ 13,000 ਕਰੋੜ ਰੁਪਏ ਦੇ ਪੁਰਾਣੇ ਬਕਾਏ ਮਿਲੇ ਹਨ। ਚੀਫ ਜਸਟਿਸ ਨੇ ਕਿਹਾ ਕਿ ਅਰਜ਼ੀ ਨੂੰ ਵੀਰਵਾਰ ਨੂੰ ਇੱਕ ਹੋਰ ਬੈਂਚ ਸਾਹਮਣੇ ਸੂਚੀਬੱਧ ਕੀਤਾ ਜਾਵੇਗਾ, ਜੋ ਅਜਿਹੀ ਹੀ ਇੱਕ ਹੋਰ ਪਟੀਸ਼ਨ ’ਤੇ ਸੁਣਵਾਈ ਕਰ ਰਹੀ ਹੈ।

ਖੰਡ ਦੇ ਭਾਅ ਕਾਬੂ ’ਚ ਨਹੀਂ ਆ ਰਹੇ

ਨਵੀਂ ਦਿੱਲੀ : ਪਿਛਲੇ ਇੱਕ ਮਹੀਨੇ ਵਿੱਚ ਪ੍ਰਚੂਨ ਅਤੇ ਥੋਕ ਵਿੱਚ ਖੰਡ ਦੀਆਂ ਕੀਮਤਾਂ ’ਚ 4 ਰੁਪਏ ਪ੍ਰਤੀ ਕਿੱਲੋ ਦਾ ਵਾਧਾ ਹੋਇਆ ਹੈ। ਉਪਭੋਗਤਾ ਮਾਮਲਿਆਂ ਦੇ ਮੰਤਰਾਲੇ ਦੇ ਅੰਕੜਿਆਂ ਮੁਤਾਬਕ ਰੋਜ਼ਾਨਾ ਔਸਤ ਪ੍ਰਚੂਨ ਅਤੇ ਥੋਕ ਕੀਮਤਾਂ ਕ੍ਰਮਵਾਰ 59.50 ਰੁਪਏ ਪ੍ਰਤੀ ਕਿੱਲੋ ਅਤੇ 55.40 ਰੁਪਏ ਪ੍ਰਤੀ ਕਿੱਲੋ ਦਰਜ ਕੀਤੀਆਂ ਗਈਆਂ ਹਨ। ਸਾਲਾਨਾ ਆਧਾਰ ’ਤੇ (ਪਿਛਲੇ ਸਾਲ ਦੀ ਤੁਲਨਾ ’ਚ) ਕੀਮਤਾਂ ’ਚ 12 ਤੋਂ 13 ਰੁਪਏ ਪ੍ਰਤੀ ਕਿੱਲੋ ਦਾ ਉਛਾਲ ਆਇਆ ਹੈ। ਇੱਕ ਸਾਲ ਪਹਿਲਾਂ ਪ੍ਰਚੂਨ ਖੰਡ ਦਾ ਭਾਅ 46.50 ਰੁਪਏ ਅਤੇ ਥੋਕ ਭਾਅ 43.23 ਰੁਪਏ ਪ੍ਰਤੀ ਕਿੱਲੋ ਸੀ। ਕੋਲਕਾਤਾ ਵਿੱਚ 3 ਨਵੰਬਰ ਨੂੰ ਸਭ ਤੋਂ ਵੱਧ ਪ੍ਰਚੂਨ ਭਾਅ 65 ਰੁਪਏ ਪ੍ਰਤੀ ਕਿੱਲੋ ਦਰਜ ਕੀਤਾ ਗਿਆ, ਜੋ ਕਿ ਇੱਕ ਸਾਲ ਪਹਿਲਾਂ 50 ਰੁਪਏ ਸੀ। ਇਸ ਤੋਂ ਬਾਅਦ ਦਿੱਲੀ ਵਿੱਚ 64 ਰੁਪਏ (ਸਾਲ ਪਹਿਲਾਂ 46 ਰੁਪਏ) ਅਤੇ ਮੁੰਬਈ ਵਿੱਚ 61 ਰੁਪਏ (ਸਾਲ ਪਹਿਲਾਂ 45 ਰੁਪਏ) ਦਰਜ ਕੀਤਾ ਗਿਆ।

ਅਗਨੀਵੀਰਾਂ ਦਾ ਕਾਰਜਕਾਲ ਦੋ ਸਾਲ ਵਧਾਇਆ

ਨਵੀਂ ਦਿੱਲੀ : ਭਾਰਤੀ ਹਥਿਆਰਬੰਦ ਫੌਜਾਂ ਵਿੱਚ ਜਵਾਨਾਂ ਦੀ ਭਰਤੀ ਲਈ ਚੱਲ ਰਹੀ ‘ਅਗਨੀਪਥ’ ਸਕੀਮ ਵਿੱਚ ਵੱਡਾ ਫੇਰਬਦਲ ਕਰਦਿਆਂ ਚੀਫ ਆਫ ਡਿਫੈਂਸ ਸਟਾਫ ਜਨਰਲ ਐੱਨ ਐੱਸ ਰਾਜਾ ਸੁਬਰਾਮਣੀ ਨੇ ਬੁੱਧਵਾਰ ਐਲਾਨ ਕੀਤਾ ਕਿ ਦਸੰਬਰ ਵਿੱਚ ਆਪਣਾ ਚਾਰ ਸਾਲਾ ਕਾਰਜਕਾਲ ਪੂਰਾ ਕਰਨ ਵਾਲੇ ਸਾਰੇ ‘ਅਗਨੀਵੀਰਾਂ’ ਦੀਆਂ ਸੇਵਾਵਾਂ ਵਿੱਚ ਦੋ ਸਾਲ ਦਾ ਵਾਧਾ ਕੀਤਾ ਜਾਵੇਗਾ। ਉਨ੍ਹਾ ਦੱਸਿਆ ਕਿ ਮੌਜੂਦਾ ਨੀਤੀ ਅਨੁਸਾਰ ਚਾਰ ਸਾਲ ਪਹਿਲਾਂ ਠੇਕੇ ’ਤੇ ਲਏ ਗਏ ਜਵਾਨਾਂ ਵਿੱਚੋਂ 25 ਫੀਸਦੀ ਨੂੰ ਹਥਿਆਰਬੰਦ ਫੌਜਾਂ ਵਿੱਚ ਪੱਕੇ ਤੌਰ ’ਤੇ ਸ਼ਾਮਲ (ਰੈਗੂਲਰ) ਕੀਤਾ ਜਾਣਾ ਸੀ। ਨਵਾਂ ਐਲਾਨਿਆ ਬਦਲਾਅ ਬਾਕੀ ਰਹਿੰਦੇ 75 ਫੀਸਦੀ ਜਵਾਨਾਂ ’ਤੇ ਲਾਗੂ ਹੋਵੇਗਾ, ਜਿਨ੍ਹਾਂ ਨੇ ਦਸੰਬਰ ਵਿੱਚ ਫੌਜ ਤੋਂ ਬਾਹਰ ਹੋਣਾ ਸੀ। ਇਨ੍ਹਾਂ ਬਾਹਰ ਜਾਣ ਵਾਲੇ ਜਵਾਨਾਂ ਨੂੰ ਦੋ ਸਾਲਾਂ ਦੀ ਦੂਜੀ ਸੇਵਾ ਮਿਆਦ ਦਿੱਤੀ ਜਾਵੇਗੀ। ਜਨਰਲ ਸੁਬਰਾਮਣੀ ਨੇ ਅੱਗੇ ਕਿਹਾ, “ਜਿਵੇਂ ਹੀ ਇਹ ਦੋ ਸਾਲਾਂ ਦੀ ਮਿਆਦ ਖਤਮ ਹੋਵੇਗੀ, ਇਨ੍ਹਾਂ ਸਾਰੇ ਜਵਾਨਾਂ ਨੂੰ ਦੋ ਸ਼ਰਤਾਂ—ਉਨ੍ਹਾਂ ਦੀ ਆਪਣੀ ਇੱਛਾ ਅਤੇ ਸਰੀਰਕ ਯੋਗਤਾ (ਫਿਜ਼ੀਕਲ ਫਿਟਨੈੱਸ)—ਦੇ ਆਧਾਰ ’ਤੇ ਰੈਗੂਲਰ ਫੌਜੀ ਬਣਨ ਦਾ ਵਿਕਲਪ ਦਿੱਤਾ ਜਾਵੇਗਾ ਅਤੇ ਉਨ੍ਹਾਂ ਦੀ ਕਾਰਗੁਜ਼ਾਰੀ ਤੇ ਮੌਜੂਦਾ ਦਿਸ਼ਾ-ਨਿਰਦੇਸ਼ਾਂ ਅਨੁਸਾਰ ਫੌਜ ’ਚ ਪੱਕੇ ਤੌਰ ’ਤੇ ਸ਼ਾਮਲ ਕੀਤਾ ਜਾਵੇਗਾ।” ਮੌਜੂਦਾ ਸਕੀਮ ਮੁਤਾਬਕ ਅਗਨੀਵੀਰਾਂ ਨੂੰ ਚਾਰ ਸਾਲ ਦੇ ਠੇਕੇ ’ਤੇ ਲਿਆ ਜਾਂਦਾ ਹੈ। ਸੇਵਾਵਾਂ ਵਿੱਚ ਦੋ ਸਾਲ ਦਾ ਇਹ ਵਾਧਾ ਅਜਿਹੇ ਸਮੇਂ ਆਇਆ ਹੈ ਜਦੋਂ 31 ਦਸੰਬਰ ਤੱਕ 18,300 ਤੋਂ ਵੱਧ ਜਵਾਨ ਆਪਣਾ ਚਾਰ ਸਾਲ ਦਾ ਠੇਕਾ ਪੂਰਾ ਕਰ ਕੇ ਸੇਵਾਮੁਕਤ ਹੋਣ ਵਾਲੇ ਸਨ।

ਚੰਦੂਮਾਜਰਾ ਨੂੰ ਫਿਰ ਮਾਂ ਪਾਰਟੀ ਚੇਤੇ ਆਈ



ਨਵੀਂ ਦਿੱਲੀ (ਨ ਜ਼ ਸ) : ਹਾਲ ਹੀ ਵਿੱਚ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਮੁਲਾਕਾਤ ਕਰਨ ਵਾਲੇ ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ ਨੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੂੰ ਛੱਡ ਕੇ 6 ਨਵੰਬਰ ਨੂੰ ਮੂਲ ਪਾਰਟੀ ਸ਼੍ਰੋਮਣੀ ਅਕਾਲੀ ਦਲ (ਬਾਦਲ) ਵਿੱਚ ਵਾਪਸ ਆਉਣ ਦੀ ਗੱਲ ਕਹੀ ਹੈ। ਇਸ ਹਫਤੇ ਦੇ ਸ਼ੁਰੂ ਵਿੱਚ ਹੀ ਚੰਦੂਮਾਜਰਾ ਨੇ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਪੰਜਾਬ ਦੇ ਵਡੇਰੇ ਹਿੱਤ ਲਈ ਸਾਰੇ ਅਕਾਲੀ ਆਗੂਆਂ ਦੀ ਏਕਤਾ ਦੇ ਸੱਦੇ ਦਾ ਸਮਰਥਨ ਕੀਤਾ ਸੀ। ਚੰਦੂਮਾਜਰਾ ਦੀ ਸ਼੍ਰੋਮਣੀ ਅਕਾਲੀ ਦਲ ਵਿੱਚ ਵਾਪਸੀ ਹੋਰ ਬਾਗੀ ਅਕਾਲੀਆਂ ਦੀ ਮੂਲ ਪਾਰਟੀ ਵਿੱਚ ਵਾਪਸੀ ਦਾ ਰਾਹ ਪੱਧਰਾ ਕਰੇਗੀ। ਚੰਦੂਮਾਜਰਾ ਦੀ ਅਕਾਲੀ ਦਲ ਵਿੱਚ ਵਾਪਸੀ ਦਾ ਫੈਸਲਾ ਭਾਜਪਾ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਐੱਨ ਡੀ ਏ ਗੱਠਜੋੜ ਬਣਾਉਣ ਦੀ ਵੱਡੀ ਯੋਜਨਾ ਦਾ ਹਿੱਸਾ ਹੈ। ਸ਼ਾਹ ਨੇ ਹਾਲ ਹੀ ਦੇ ਦਿਨਾਂ ਵਿੱਚ ਦੋ ਵਾਰ ਜ਼ਿਕਰ ਕੀਤਾ ਹੈ ਕਿ ਐੱਨ ਡੀ ਏ ਪੰਜਾਬ ਵਿੱਚ ਸਰਕਾਰ ਬਣਾਏਗਾ। ਅਕਾਲੀ ਦਲ ਪੁਨਰ ਸੁਰਜੀਤ ਬਣਾਉਣ ਵਿੱਚ ਪੇਸ਼-ਪੇਸ਼ ਰਹਿਣ ਵਾਲੇ ਪ੍ਰੋ. ਚੰਦੂਮਾਜਰਾ ਨੇ ਕਿਹਾ, “ਮੇਰੇ ਵੱਲੋਂ ਪਿਛਲੇ ਦਿਨੀਂ ਪੰਥਕ ਏਕਤਾ ਲਈ ਇੱਕ ਮੰਚ ’ਤੇ ਇਕੱਠੇ ਹੋਣ ਦੀ ਕੀਤੀ ਅਪੀਲ ’ਤੇ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਜਨਤਕ ਤੌਰ ’ਤੇ ਦਿੱਤੇ ਪ੍ਰਤੀਕਰਮ ਤੋਂ ਮਹਿਸੂਸ ਹੋਇਆ ਹੈ ਕਿ ਉਨ੍ਹਾ ਨਾਲ ਸਾਡੀ ਸੋਚ, ਵਿਚਾਰ ਅਤੇ ਕਾਰਜਸ਼ੈਲੀ ਆਪਸੀ ਤੌਰ ’ਤੇ ਮੇਲ ਨਹੀਂ ਖਾਂਦੀ। ਇਸ ਲਈ ਮੈਂ ਆਪਣੇ ਅਤੇ ਗਿਆਨੀ ਹਰਪ੍ਰੀਤ ਸਿੰਘ ਦੇ ਮਨ ਤੋਂ ਬੇਲੋੜਾ ਭਾਰ ਉਤਾਰਦਿਆਂ ਪੁਨਰ ਸੁਰਜੀਤ ਅਕਾਲੀ ਦਲ ਜਥੇਬੰਦੀ ਤੋਂ ਵੱਖ ਹੋਣ ਦਾ ਫੈਸਲਾ ਕੀਤਾ ਹੈ।”

ਦਿੱਲੀ ਪੁਲਸ ਦੇ ਜਵਾਨ ਸਖਤ ਤਣਾਅ ’ਚ

ਨਵੀਂ ਦਿੱਲੀ (ਨ ਜ਼ ਸ) : ਰਾਜਧਾਨੀ ਦਿੱਲੀ ਵਿੱਚ ਸਿਆਸੀ ਪ੍ਰਦਰਸ਼ਨਾਂ ਅਤੇ ਧਰਨਿਆਂ ਨੇ ਦਿੱਲੀ ਪੁਲਸ ਦੇ ਜਵਾਨਾਂ ਦਾ ਬੁਰਾ ਹਾਲ ਕਰ ਦਿੱਤਾ ਹੈ। ਅਕਤੂਬਰ ਦੌਰਾਨ ਵੋਟਾਂ ਦੇ ਮੁੱਦੇ ’ਤੇ ਕੀਤੇ ਗਏ ਵੱਡੇ ਅੰਦੋਲਨਾਂ ਅਤੇ ਇਸ ਤੋਂ ਪਹਿਲਾਂ ਜੁਲਾਈ ਵਿੱਚ ਨੀਟ ਪੇਪਰ ਲੀਕ ਵਿਰੋਧੀ ਰੋਸ ਮੁਜ਼ਾਹਰਿਆਂ ਦੌਰਾਨ ਸੁਰੱਖਿਆ ਪ੍ਰਬੰਧ ਸੰਭਾਲ ਰਹੇ ਪੁਲਸ ਮੁਲਾਜ਼ਮ ਹੁਣ ਗੰਭੀਰ ਮਾਨਸਿਕ ਅਤੇ ਸਰੀਰਕ ਤਣਾਅ ਵਿੱਚੋਂ ਲੰਘ ਰਹੇ ਹਨ। ਖੁਫੀਆ ਜਾਣਕਾਰੀ ਮੁਤਾਬਕ ਵੱਡੀ ਗਿਣਤੀ ’ਚ ਜਵਾਨਾਂ ਨੇ ਦਿਨ-ਰਾਤ ਦੀ ਲੰਬੀ ਡਿਊਟੀ, ਐਮਰਜੈਂਸੀ ਵਿੱਚ ਵੀ ਛੁੱਟੀਆਂ ਨਾ ਮਿਲਣ ਅਤੇ ਹੱਦੋਂ ਵੱਧ ਤਾਇਨਾਤੀਆਂ ਵਿਰੁੱਧ ਉੱਚ ਅਧਿਕਾਰੀਆਂ ਅੱਗੇ ਆਪਣਾ ਦੁਖੜਾ ਰੋਇਆ ਹੈ। ਮੁਲਾਜ਼ਮਾਂ ਨੇ ਪੁਲਸ ਕਮਿਸ਼ਨਰ ਦਫਤਰ ਰਾਹੀਂ ਇਹ ਮਾਮਲਾ ਕੇਂਦਰੀ ਗ੍ਰਹਿ ਮੰਤਰਾਲੇ ਤੱਕ ਪਹੁੰਚਾਇਆ ਹੈ। ਸੂਤਰਾਂ ਮੁਤਾਬਕ ਕੇਂਦਰ ਸਰਕਾਰ ਦਿੱਲੀ ਪੁਲਸ ਅਤੇ ਗ੍ਰਹਿ ਮੰਤਰਾਲੇ ਦੇ ਅਧਿਕਾਰੀਆਂ ਦੀ ਇੱਕ ਉੱਚ-ਪੱਧਰੀ ਸਾਂਝੀ ਕਮੇਟੀ ਬਣਾਉਣ ਦੀ ਯੋਜਨਾ ਬਣਾ ਰਹੀ ਹੈ ਤਾਂ ਜੋ ਪੁਲਸ ਮੁਲਾਜ਼ਮਾਂ ਦੀ ਮਾਨਸਿਕ ਸਿਹਤ ਦੀ ਸਮੱਸਿਆ ਦਾ ਸਥਾਈ ਹੱਲ ਕੱਢਿਆ ਜਾ ਸਕੇ। ਇਸ ਦੇ ਨਾਲ ਹੀ ਲਾਲ ਬਹਾਦਰ ਸ਼ਾਸਤਰੀ ਨੈਸ਼ਨਲ ਅਕੈਡਮੀ ਵਰਗੇ ਵੱਕਾਰੀ ਅਦਾਰਿਆਂ ਦੇ ਮਾਹਰਾਂ ਰਾਹੀਂ ਮੁਲਾਜ਼ਮਾਂ ਲਈ ਵਿਸ਼ੇਸ਼ ਕੌਂਸਲਿੰਗ ਅਤੇ ਤਣਾਅ-ਮੁਕਤੀ ਸੈਸ਼ਨ ਸ਼ੁਰੂ ਕਰਨ ਦੀ ਵੀ ਤਿਆਰੀ ਹੈ। ਪੁਲਸ ਫੋਰਸ ਅੰਦਰ ਇਹ ਬੇਚੈਨੀ ਹੁਣ ਖੁੱਲ੍ਹ ਕੇ ਸਾਹਮਣੇ ਆਉਣ ਲੱਗ ਪਈ ਹੈ। ਬੀਤੇ ਦਿਨੀਂ ਪੁਲਸ ਹੈੱਡਕੁਆਰਟਰ ਬਾਹਰ ਪ੍ਰਦਰਸ਼ਨ ਕਰਨ ਦੇ ਮਾਮਲੇ ਵਿੱਚ ਏ ਸੀ ਪੀ ਮਨਸਵੀ ਵਸ਼ਿਸ਼ਟ ਨੂੰ ਮੁਅੱਤਲ ਕਰ ਦਿੱਤਾ ਗਿਆ। ਅਸਲ ਵਿੱਚ ਸ਼ਾਹਦਰਾ ਥਾਣੇ ਵਿੱਚ ਪੁਲਸ ਅਤੇ ਵਕੀਲਾਂ ਦੇ ਵਿਵਾਦ ਤੋਂ ਬਾਅਦ ਦੋ ਪੁਲਸ ਮੁਲਾਜ਼ਮਾਂ ਦਾ ਤਬਾਦਲਾ ਕਰ ਦਿੱਤਾ ਗਿਆ ਸੀ, ਜਿਸ ਦੇ ਵਿਰੋਧ ਵਿੱਚ 2 ਨਵੰਬਰ ਨੂੰ ਮਹਿਲਾ ਮੁਲਾਜ਼ਮਾਂ ਸਮੇਤ ਕਰੀਬ 100 ਪੁਲਸ ਕਰਮੀ ਹੈੱਡਕੁਆਰਟਰ ਬਾਹਰ ਤਖਤੀਆਂ ਲੈ ਕੇ ਡਟ ਗਏ ਸਨ। ਇਸ ਘਟਨਾ ਤੋਂ ਬਾਅਦ ਗ੍ਰਹਿ ਮੰਤਰਾਲੇ ਦੇ ਹੁਕਮਾਂ ’ਤੇ ਏ ਸੀ ਪੀ ਵਿਰੁੱਧ ਇਹ ਸਖਤ ਕਾਰਵਾਈ ਕੀਤੀ ਗਈ। ਹੇਠਲੇ ਰੈਂਕ ਦੇ ਮੁਲਾਜ਼ਮਾਂ ਦਾ ਕਹਿਣਾ ਹੈ ਕਿ ਪ੍ਰਦਰਸ਼ਨਾਂ ਨੂੰ ਆਰਜ਼ੀ ਤੌਰ ’ਤੇ ਰੋਕ ਦਿੱਤਾ ਜਾਂਦਾ ਹੈ, ਪਰ ਥੋੜ੍ਹੇ ਦਿਨਾਂ ਬਾਅਦ ਉਹੀ ਮਸਲੇ ਮੁੜ ਖੜ੍ਹੇ ਹੋ ਜਾਂਦੇ ਹਨ। ਇਸ ਕਾਰਨ ਉਨ੍ਹਾਂ ਨੂੰ ਲਗਾਤਾਰ ਸੜਕਾਂ ’ਤੇ ਤਾਇਨਾਤ ਰਹਿਣਾ ਪੈਂਦਾ ਹੈ, ਜਿਸ ਦਾ ਸਿੱਧਾ ਅਸਰ ਉਨ੍ਹਾਂ ਦੀ ਸਿਹਤ ਅਤੇ ਪਰਵਾਰਕ ਜੀਵਨ ’ਤੇ ਪੈ ਰਿਹਾ ਹੈ। ਉਨ੍ਹਾਂ ਮੰਗ ਕੀਤੀ ਹੈ ਕਿ ਸਰਕਾਰ ਲੋਕਾਂ ਦੇ ਵਿਵਾਦਾਂ ਦੇ ਪੱਕੇ ਹੱਲ ਲੱਭੇ ਤਾਂ ਜੋ ਵਾਰ-ਵਾਰ ਧਰਨੇ ਨਾ ਲੱਗਣ। ਇਸ ਤੋਂ ਇਲਾਵਾ ਸੋਸ਼ਲ ਮੀਡੀਆ ’ਤੇ ਪੁਲਸ ਕਾਰਵਾਈ ਦੀਆਂ ਵਾਇਰਲ ਹੁੰਦੀਆਂ ਵੀਡੀਓਜ਼ ਕਾਰਨ ਖਰਾਬ ਹੋ ਰਹੇ ਅਕਸ ਨੇ ਵੀ ਜਵਾਨਾਂ ਦੇ ਮਨੋਬਲ ਨੂੰ ਕਾਫੀ ਸੱਟ ਮਾਰੀ ਹੈ।

ਦੇਸ਼ ਵਿੱਚ ਆਉਣ ਵਾਲੀ ਤਬਦੀਲੀ ’ਚ ਹਿੱਸਾ ਪਾਉਣ ਲਈ ਕਮਿਊਨਿਸਟ ਅੱਗੇ ਵਧ ਰਹੇ : ਧਾਲੀਵਾਲ

ਗਿਆਨ ਪ੍ਰਾਪਤੀ ਨਾਲ ਅੰਦਰਲਾ ਆਪਾ ਰੌਸ਼ਨ ਹੁੰਦੈ : ਅਰਸ਼ੀ



ਚੰਡੀਗੜ੍ਹ (ਗਿਆਨ ਸੈਦਪੁਰੀ)- ‘ਮੁਲਕ ਦੇ ਹਾਕਮ ਆਰਥਿਕ, ਸਮਾਜਿਕ ਤੇ ਸਿਆਸੀ ਖੇਤਰ ਨੂੰ ਤਬਾਹ ਕਰਨ ’ਤੇ ਤੁਲੇ ਹੋਏ ਹਨ। ਭਾਰਤ ਦਾ ਪ੍ਰਧਾਨ ਮੰਤਰੀ ਰੂਸ ਦੇ ਰਾਸ਼ਟਰਪਤੀ ਅੱਗੇ ਡੰਡੌਤ ਕਰਦਾ ਨਜ਼ਰ ਆਉਂਦਾ ਹੈ। ਤਸੱਲੀ ਇਸ ਗੱਲ ਦੀ ਹੈ ਕਿ ਦੇਸ਼ ਦੀ ਜਵਾਨੀ ਨੇ ਸੰਘਰਸ਼ ਦਾ ਪਿੜ ਮੱਲਿਆ ਹੋਇਆ ਹੈ ਤੇ ਲਾਲ ਝੰਡੇ ਵਾਲੇ ਅਤੀਤ ਦੇ ਸ਼ਾਨਦਾਰ ਇਤਿਹਾਸ ਕੋਲੋਂ ਉਤਸ਼ਾਹ ਲੈ ਕੇ ਨਜ਼ਰ ਆ ਰਹੀ ਭਵਿੱਖੀ ਤਬਦੀਲੀ ਵਿੱਚ ਆਪਣਾ ਹਿੱਸਾ ਪਾਉਣ ਲਈ ਅੱਗੇ ਵਧ ਰਹੇ ਹਨ। ਉਕਤ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਕਮਿਊਨਿਸਟ ਪਾਰਟੀ ਦੇ ਸੂਬਾ ਸਕੱਤਰ ਕਾਮਰੇਡ ਨਿਰਮਲ ਸਿੰਘ ਧਾਲੀਵਾਲ ਨੇ ਕੀਤਾ। ਉਹ ਇੱਥੇ ਚੱਲ ਰਹੇ ਪਾਰਟੀ ਦੇ ਰਾਸ਼ਟਰੀ ਸਕੂਲ ਦੇ ਆਖਰੀ ਦਿਨ ਦੇਸ਼ ਦੇ ਹਾਲਾਤ ਬਾਰੇ ਚਾਨਣਾ ਪਾ ਰਹੇ ਸਨ। ਉਨ੍ਹਾ ਕਿਹਾ ਕਿ ਆਰ ਐੱਸ ਐੱਸ ਦੇ ਦਿਸ਼ਾ-ਨਿਰਦੇਸ਼ਾਂ ’ਤੇ ਚੱਲ ਰਹੀ ਭਾਜਪਾ ਸਰਕਾਰ ਦੇਸ਼ ਦੇ ਸੰਵਿਧਾਨ ਦੀ ਭਾਵਨਾ ਨੂੰ ਪੂਰੀ ਤਰ੍ਹਾਂ ਖ਼ਤਮ ਕਰਕੇ ਮਨੂਸਿਮਰਤੀ ਲਾਗੂ ਕਰਨ ਦੇ ਮਨਸੂਬੇ ਨੂੰ ਅੰਜਾਮ ਦੇਣ ਲਈ ਤਤਪਰ ਹੈ। ਦੇਸ਼ ਅੰਦਰ ਭਗਵੇਂ ਰੰਗ ਨੂੰ ਗੂੜ੍ਹਾ ਕਰਨ ਲਈ ਪੱਬਾਂ ਭਾਰ ਹੋਣ ਵਾਲੇ ਇਹ ਉਹੀ ਲੋਕ ਹਨ, ਜਿਹੜੇ ਦੇਸ਼ ਦੇ ਆਜ਼ਾਦੀ ਅੰਦੋਲਨ ਦੌਰਾਨ ਮਾਫ਼ੀਆਂ ਮੰਗ ਕੇ ਅੰਗਰੇਜ਼ ਸਰਕਾਰ ਦੇ ਝੋਲੀਚੁੱਕ ਬਣੇ ਸਨ। ਦੂਸਰੇ ਪਾਸੇ ਗ਼ਦਰੀ ਬਾਬਿਆਂ ਸਮੇਤ ਪੰਜਾਬ ਦੇ ਅਨੇਕਾਂ ਲੋਕ ਜਾਨਾਂ ਵਾਰ ਗਏ। 62 ਹਜ਼ਾਰ ਉਨ੍ਹਾਂ ਮੁਸਲਮਾਨਾਂ ਦੀ ਗਿਣਤੀ ਸੀ, ਜੋ ਜਾਂ ਤਾਂ ਜੇਲ੍ਹਾਂ ਵਿੱਚ ਜਾਂ ਫਿਰ ਜਾਨ ਦੀ ਬਾਜ਼ੀ ਲਾ ਗਏ। ਇਸ ਦੇ ਨਾਲ ਹੀ ਇਤਿਹਾਸ ਨੂੰ ਪੁੱਠਾ ਗੇੜਾ ਦਿੱਤਾ ਜਾ ਰਿਹਾ ਹੈ। ਹਾਕਮ ਆਪਣੇ ਕੋਝੇ ਮਨਸਿਆਂ ਦੀ ਪੂਰਤੀ ਲਈ ਇਹ ਕੁਝ ਕਰ ਰਹੇ ਹਨ। ਉਹ ਚਾਹੁੰਦੇ ਹਨ ਕਿ ਨੌਜਵਾਨ ਪੀੜ੍ਹੀ ਦੇਸ਼ ਦੇ ਇਤਿਹਾਸ ਤੋਂ ਅਣਜਾਣ ਬਣੀ ਰਹੇ। ਕਾਮਰੇਡ ਧਾਲੀਵਾਲ ਨੇ ਕਿਹਾ ਕਿ ਐੱਸ ਆਈ ਆਰ ਤਾਂ ਪਹਿਲਾਂ ਵੀ ਹੁੰਦੀ ਰਹੀ ਹੈ, ਪਰ ਇਸ ਵਾਰ ਭਾਜਪਾ ਸਰਕਾਰ ਨੇ ਚੋਣ ਕਮਿਸ਼ਨ ਰਾਹੀਂ ਵੋਟ ਚੋਰ ਦੀ ਭੂਮਿਕਾ ਨਿਭਾਈ ਹੈ। ਇਸੇ ਤਰ੍ਹਾਂ ਦੇਸ਼ ਦੀ ਜੁਡੀਸ਼ਰੀ ਵੀ ਆਜ਼ਾਦ ਨਹੀਂ ਰਹੀ। ਈਸਾਈ ਮਿਸ਼ਨਰੀ ਗ੍ਰਾਹਮਸਟੋਨ ਨੂੰ ਜੀਉਂਦਾ ਸਾੜਨ ਵਾਲਿਆਂ ਨੂੰ ਬਰੀ ਕਰ ਦਿੱਤਾ ਗਿਆ ਹੈ।

ਬਿਲਕਸ ਬਾਨੋ ਮਾਮਲਾ ਵੀ ਮਨੁੱਖਤਾ ਨੂੰ ਸ਼ਰਮਸਾਰ ਕਰਨ ਵਾਲਾ ਹੈ। 21 ਸਾਲਾ ਬਿਲਕਸ ਬਾਨੋ ਨਾਲ ਸਮੂਹਿਕ ਬਲਾਤਕਾਰ ਕੀਤਾ ਗਿਆ ਸੀ। ਉਸ ਦੀ ਤਿੰਨ ਸਾਲਾ ਲੜਕੀ ਸਮੇਤ ਪਰਵਾਰ ਦੇ ਸੱਤ ਮੈਂਬਰਾਂ ਦਾ ਕਤਲ ਕਰ ਦਿੱਤਾ ਗਿਆ ਸੀ। 2008 ਵਿੱਚ ਮੁੰਬਈ ਦੀ ਇੱਕ ਅਦਾਲਤ ਨੇ 11 ਦੋਸ਼ੀਆਂ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਸੀ। 2024 ਵਿੱਚ ਗੁਜਰਾਤ ਸਰਕਾਰ ਨੇ 11 ਦੋਸ਼ੀਆਂ ਦੀ ਸਜ਼ਾ ਮਾਫ ਕਰਵਾ ਦਿੱਤੀ। ਇਸ ਤੋਂ ਵੱਡੀ ਸਿਤਮ ਜ਼ਰੀਫ਼ੀ ਕੀ ਹੋ ਸਕਦੀ ਹੈ।

ਕਮਿਊਨਿਸਟ ਆਗੂ ਨੇ ਕਿਹਾ ਕਿ ਮੁਕਤ ਵਪਾਰ ਦੀ ਨੀਤੀ ਨਾਲ ਖੇਤੀ

• ਬਾਕੀ ਸਫਾ 10 ’ਤੇ

ਗਿਆਨੇਸ਼ ਕੁਮਾਰ ਵਿਰੁੱਧ ਦੋ ਕਰੋੜ ਰਿਸ਼ਵਤ ਮੰਗਣ ਦੀ ਜਾਂਚ ਦੇ ਨਿਰਦੇਸ਼



ਤਿਰੂਅਨੰਤਪੁਰਮ (ਨ ਜ਼ ਸ) : ਕੇਰਲਾ ਦੇ ਗ੍ਰਹਿ ਮੰਤਰੀ ਰਮੇਸ਼ ਚੇਨੀਥਲਾ ਨੇ ਸੂਬੇ ਦੇ ਵਿਜੀਲੈਂਸ ਅਤੇ ਭ੍ਰਿਸ਼ਟਾਚਾਰ ਰੋਕੂ ਬਿਊਰੋ ਨੂੰ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਵਿਰੁੱਧ ਲੱਗੇ ਦੋ ਕਰੋੜ ਰੁਪਏ ਦੀ ਰਿਸ਼ਵਤਖੋਰੀ ਦੇ ਤਾਜ਼ਾ ਦੋਸ਼ਾਂ ਦੀ ਜਾਂਚ ਕਰਨ ਦੇ ਨਿਰਦੇਸ਼ ਦਿੱਤੇ ਹਨ। ਇਹ ਮਾਮਲਾ ਕਰੀਬ ਦੋ ਦਹਾਕੇ ਪੁਰਾਣਾ ਹੈ, ਜਦੋਂ ਗਿਆਨੇਸ਼ ਕੁਮਾਰ ਕੇਰਲਾ ਵਿੱਚ ਲੋਕ ਨਿਰਮਾਣ ਵਿਭਾਗ ਦੇ ਸਕੱਤਰ ਸਨ ਅਤੇ ਉਨ੍ਹਾ ’ਤੇ ‘ਕੇਰਲਾ ਸਟੇਟ ਟਰਾਂਸਪੋਰਟ ਪ੍ਰੋਜੈਕਟ’ (ਕੇ ਐੱਸ ਟੀ ਪੀ) ਅਧੀਨ ਸੜਕ ਨਿਰਮਾਣ ਦੇ ਬਿੱਲ ਜਾਰੀ ਕਰਨ ਬਦਲੇ ਰਿਸ਼ਵਤ ਮੰਗਣ ਦਾ ਦੋਸ਼ ਲੱਗਿਆ ਹੈ। ਇਹ ਘਟਨਾਕ੍ਰਮ ਅਜਿਹੇ ਸਮੇਂ ਸਾਹਮਣੇ ਆਇਆ ਹੈ ਜਦੋਂ ਕਾਂਗਰਸ ਅਤੇ ਹੋਰ ਵਿਰੋਧੀ ਪਾਰਟੀਆਂ ਵੱਲੋਂ ਦੇਸ਼ ਭਰ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਸੁਧਾਈ (ਐੱਸ ਆਈ ਆਰ) ਨੂੰ ਲੈ ਕੇ ਚੋਣ ਕਮਿਸ਼ਨ ਵਿਰੁੱਧ ਜ਼ੋਰਦਾਰ ਵਿਰੋਧ ਪ੍ਰਦਰਸ਼ਨ ਕੀਤੇ ਜਾ ਰਹੇ ਹਨ। ਵਿਜੀਲੈਂਸ ਦੇ ਡਾਇਰੈਕਟਰ ਕੋਲ ਦਾਇਰ ਸ਼ਿਕਾਇਤ ਵਿੱਚ ਕੋਲਮ ਜ਼ਿਲ੍ਹੇ ਦੇ ਚਦਯਾਮੰਗਲਮ ਵਸਨੀਕ ਠੇਕੇਦਾਰ ਸਾਜਨ ਨੇ ਦੋਸ਼ ਲਾਇਆ ਹੈ ਕਿ ਗਿਆਨੇਸ਼ ਕੁਮਾਰ ਨੇ ਮੁਕੰਮਲ ਹੋਏ ਕੰਮਾਂ ਦੇ ਭੁਗਤਾਨ ਜਾਰੀ ਕਰਨ ਲਈ ਦੋ ਕਰੋੜ ਰੁਪਏ ਦੀ ਰਿਸ਼ਵਤ ਦੀ ਮੰਗ ਕੀਤੀ ਸੀ। ਇੰਜੀਨੀਅਰਾਂ ਵੱਲੋਂ ਪਾਸ ਕੀਤੇ ਗਏ ਕਰੀਬ 17 ਕਰੋੜ ਰੁਪਏ ਦੇ ਬਿੱਲਾਂ ਦੇ ਚੈੱਕ ਜਾਣਬੁੱਝ ਕੇ ਰੋਕ ਲਏ ਗਏ ਸਨ, ਜਿਸ ਕਾਰਨ ਮਲੇਸ਼ੀਆਈ ਕੰਪਨੀ ‘ਪਾਤੀ-ਬੇਲ’, ਇਸ ਦੇ ਠੇਕੇਦਾਰਾਂ ਅਤੇ ਮਜ਼ਦੂਰਾਂ ਨੂੰ ਭਾਰੀ ਵਿੱਤੀ ਸੰਕਟ ਦਾ ਸਾਹਮਣਾ ਕਰਨਾ ਪਿਆ। ਸ਼ਿਕਾਇਤ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਕੰਪਨੀ ਦੇ ਪ੍ਰੋਜੈਕਟ ਇੰਜੀਨੀਅਰ ਅਤੇ ਮਲੇਸ਼ੀਆਈ ਨਾਗਰਿਕ ਲੀ ਸ਼ੀ ਬੀਨ ਨੇ ਖੁਦ ਦੱਸਿਆ ਸੀ ਕਿ ਰਿਸ਼ਵਤ ਨਾ ਮਿਲਣ ਤੱਕ ਚੈੱਕ ਰੋਕੀ ਰੱਖੇ ਗਏ ਸਨ। ਸਾਜਨ ਨੇ ਦੱਸਿਆ ਕਿ ਜਦੋਂ ਉਸ ਨੇ ਮਾਮਲਾ ਨਿਬੇੜਨ ਦੀ ਸਲਾਹ ਦਿੱਤੀ ਤਾਂ ਕੰਪਨੀ ਪ੍ਰਬੰਧਕਾਂ ਨੇ ਰਿਸ਼ਵਤ ਦੇ ਕੇ ਭੁਗਤਾਨ ਲੈਣ ਤੋਂ ਸਖਤੀ ਨਾਲ ਇਨਕਾਰ ਕਰ ਦਿੱਤਾ। ਲੀ ਨੇ ਬੇਂਗਲੁਰੂ ਸਥਿਤ ਆਪਣੇ ਕਿਸੇ

• ਬਾਕੀ ਸਫਾ 10 ’ਤੇ

ਡੀ ਆਈ ਜੀ ਦੇ ਪੁੱਤਰ ਦੀ 11ਵੀਂ ਮੰਜ਼ਲ ਤੋਂ ਡਿੱਗਣ ਨਾਲ ਮੌਤ

ਗੁਰੂਗਰਾਮ : ਸੈਕਟਰ 85 ਇਲਾਕੇ ਵਿੱਚ ‘ਦੀ ਲੀਫ’ ਸੁਸਾਇਟੀ ਦੀ 11ਵੀਂ ਮੰਜ਼ਲ ਤੋਂ ਬੁੱਧਵਾਰ ਦੁਪਹਿਰ ਹੇਠਾਂ ਡਿੱਗਣ ਕਾਰਨ ਬੀ ਐੱਸ ਐੱਫ ਦੇ ਡੀ ਆਈ ਜੀ ਸਤਿਆਵਾਨ ਦੇ 28 ਸਾਲਾ ਪੁੱਤਰ ਆਸਿਮ ਖਾਂਚੀ ਦੀ ਮੌਤ ਹੋ ਗਈ। ਸਤਿਆਵਾਨ ਇਸ ਸਮੇਂ ਓਡੀਸ਼ਾ ਦੇ ਕੋਰਾਪੁਟ ਵਿੱਚ ਤਾਇਨਾਤ ਹਨ। ਆਸਿਮ ਦੀ ਕਰੀਬ 2 ਵਜੇ ਟਾਵਰ 8 ਦੀ 11ਵੀਂ ਮੰਜ਼ਲ ’ਤੇ ਸਥਿਤ ਫਲੈਟ 102 ਦੀ ਬਾਲਕੋਨੀ ਤੋਂ ਡਿੱਗਣ ਕਾਰਨ ਮੌਤ ਹੋਈ।


ਅੱਜ-ਨਾਮਾ

ਸਿਰ ’ਤੇ ਆ ਗਿਆ ਜਦੋਂ ਤਿਉਹਾਰ ਹੁੰਦਾ,
ਨਿਕਲਦੇ ਲੋਕ ਫਿਰ ਵਿੱਚ ਬਾਜ਼ਾਰ ਬੇਲੀ।
ਟੋਂਹਦੇ ਜੇਬ ਤਾਂ ਖਰੀਦਣ ਸਾਮਾਨ ਲੱਗਣ,
ਹੁੰਦਾ ਏ ਗਰਮ ਵਾਹਵਾ ਕਾਰੋਬਾਰ ਬੇਲੀ।
ਬ੍ਰਾਂਡਿਡ ਮਾਲ ਦੀ ਵੇਖਣਗੇ ਮੋਹਰ ਲੋਕੀਂ,
ਕਦੇ ਨਾ ਮੁੱਲ ਦਾ ਕਰਨ ਤਕਰਾਰ ਬੇਲੀ।
ਨਕਲੀ ਮਾਲ ਦੀ ਫੇਰ ਕੋਈ ਖਬਰ ਆਵੇ,
ਕਰਨਾ ਔਖਾ ਈ ਬਹੁਤ ਇਤਬਾਰ ਬੇਲੀ।
ਵਕਤ ਤਿਉਹਾਰ ਦੇ, ਸੋਚਦੇ ਲੋਕ ਨਾਹੀਂ,
ਉਹੋ ਤਾਂ ਵਕਤ ਆ ਵਰਤਦੇ ਠੱਗ ਬੇਲੀ।
ਠੱਗ ਤੇ ਚੋਰ ਤਾਂ ਭਾਵੇਂ ਨਹੀਂ ਲੋਕ ਸਾਰੇ,
ਤਦ ਵੀ ਛੋਟੇ ਨਹੀਂ ਠੱਗਾਂ ਦੇ ਵੱਗ ਬੇਲੀ।

-ਤੀਸ ਮਾਰ ਖਾਂ

ਰਿਜ ਪਹੁੰਚਣਾ ਹੋ ਜਾਵੇਗਾ ਆਸਾਨ

ਸ਼ਿਮਲਾ : ਲੱਕੜ ਬਾਜ਼ਾਰ ਅਤੇ ਪ੍ਰਸਿੱਧ ਰਿਜ ਵਿਚਕਾਰ ਯਾਤਰਾ ਹੋਰ ਵੀ ਦਿਲਚਸਪ ਅਤੇ ਆਰਾਮਦਾਇਕ ਹੋ ਜਾਵੇਗੀ, ਕਿਉਂਕਿ ਲੋਕ ਛੇਤੀ ਹੀ ਫਨੀਕੂਲਰ ਰੇਲ ਦੀ ਸਵਾਰੀ ਦਾ ਆਨੰਦ ਮਾਣ ਸਕਣਗੇ, ਜਿਸ ਨਾਲ ਉਨ੍ਹਾਂ ਨੂੰ ਰਿਜ ਤੱਕ ਪਹੁੰਚਣ ਲਈ ਚੜ੍ਹਾਈ ਚੜ੍ਹਨ ਦਾ ਢੁੱਕਵਾਂ ਵਿਕਲਪ ਮਿਲੇਗਾ।15.5 ਕਰੋੜ ਰੁਪਏ ਦੀ ਅਨੁਮਾਨਤ ਲਾਗਤ ਨਾਲ ਇਸ ਸਹੂਲਤ ਨੂੰ ਹਿਮਾਚਲ ਪ੍ਰਦੇਸ਼ ਟੂਰਿਜ਼ਮ ਡਿਵੈਲਪਮੈਂਟ ਕਾਰਪੋਰੇਸ਼ਨ ਅਤੇ ਸ਼ਿਮਲਾ ਨਗਰ ਨਿਗਮ ਵੱਲੋਂ ਸਾਂਝੇ ਤੌਰ ’ਤੇ ਵਿਕਸਤ ਕੀਤਾ ਜਾ ਰਿਹਾ ਹੈ। ਇਸ ਵਿੱਚ ਇੱਕ ਸਮੇਂ ’ਤੇ ਲਗਪਗ 8 ਤੋਂ 10 ਲੋਕਾਂ ਦੇ ਬੈਠਣ ਦੀ ਉਮੀਦ ਹੈ। ਇਹ ਪ੍ਰੋਜੈਕਟ ਆਪਣੇ ਅੰਤਮ ਪੜਾਅ ’ਤੇ ਹੈ ਅਤੇ 30 ਨਵੰਬਰ ਤੱਕ ਤਿਆਰ ਹੋਣ ਦੀ ਉਮੀਦ ਹੈ। ਇਸ ਸਮੇਂ, ਸਹੂਲਤ ਦੇ ਟ੍ਰਾਇਲ ਰਨ ਅਤੇ ਸੁਰੱਖਿਆ ਨਿਰੀਖਣ ਚੱਲ ਰਹੇ ਹਨ। ਮੇਅਰ ਸੁਰਿੰਦਰ ਚੌਹਾਨ ਨੇ ਕਿਹਾ, “ਫਨੀਕੂਲਰ ਸਹੂਲਤ ਸ਼ੁਰੂ ਕਰਨ ਦਾ ਮੁੱਖ ਉਦੇਸ਼ ਸੈਲਾਨੀਆਂ ਨੂੰ ਮਾਲ ਰੋਡ ਅਤੇ ਰਿਜ ਤੱਕ ਸਿੱਧੀ ਪਹੁੰਚ ਪ੍ਰਦਾਨ ਕਰਨਾ ਹੈ। ਇਸ ਸਹੂਲਤ ਦੇ ਸ਼ੁਰੂ ਹੋਣ ਨਾਲ, ਸੈਲਾਨੀਆਂ ਅਤੇ ਸਥਾਨਕ ਲੋਕਾਂ ਨੂੰ ਇੱਕ ਨਵਾਂ ਅਨੁਭਵ ਮਿਲੇਗਾ ਕਿਉਂਕਿ ਉਹ ਇੱਕ ਉੱਚੇ ਸਥਾਨ ਤੋਂ ਸ਼ਹਿਰ ਦੀਆਂ ਸੁੰਦਰ ਵਾਦੀਆਂ ਅਤੇ ਕੁਦਰਤੀ ਸੁੰਦਰਤਾ ਦੇ ਪੈਨੋਰਾਮਿਕ ਦ੍ਰਿਸ਼ਾਂ ਦਾ ਆਨੰਦ ਮਾਣ ਸਕਣਗੇ। ਇਸ ਤੋਂ ਇਲਾਵਾ, ਲੋਕਾਂ ਨੂੰ ਸੁੰਦਰਤਾ ਨੂੰ ਕੈਦ ਕਰਨ ਦਾ ਮੌਕਾ ਪ੍ਰਦਾਨ ਕਰਨ ਲਈ ਖੇਤਰ ਵਿੱਚ ਇੱਕ ਸੈਲਫੀ ਪੁਆਇੰਟ ਵੀ ਵਿਕਸਤ ਕੀਤਾ ਜਾਵੇਗਾ। ਇਹ ਸਹੂਲਤ ਖਾਸ ਤੌਰ ’ਤੇ ਬਜ਼ੁਰਗ ਨਾਗਰਿਕਾਂ ਅਤੇ ਸਥਾਨਕ ਨਿਵਾਸੀਆਂ ਨੂੰ ਲਾਭ ਪਹੁੰਚਾਏਗੀ ਜਿਨ੍ਹਾਂ ਨੂੰ ਲੱਕੜ ਬਾਜ਼ਾਰ ਅਤੇ ਰਿਜ ਤੱਕ ਚੜ੍ਹਨ ਵਿੱਚ ਮੁਸ਼ਕਲ ਆਉਂਦੀ ਹੈ।” ਉਨ੍ਹਾ ਕਿਹਾ ਕਿ ਸ਼ਹਿਰ ਵਿੱਚ ਇੱਕ ਹੋਰ ਮਹੱਤਵਪੂਰਨ ਪ੍ਰੋਜੈਕਟ ਵੀ ਚੱਲ ਰਿਹਾ ਹੈ ਜਿਸ ਤਹਿਤ ਆਕਲੈਂਡ ਸੁਰੰਗ ਦੇ ਨਾਲ ਇੱਕ ਲਿਫਟ ਲਗਾਈ ਜਾ ਰਹੀ ਹੈ। ਨਿਰਮਾਣ ਕਾਰਜ ਵਿੱਚ ਸ਼ਾਮਲ ਏਜੰਸੀ ਨੇ ਇਸਨੂੰ ਮਾਰਚ 2027 ਤੱਕ ਪੂਰਾ ਕਰਨ ਦਾ ਟੀਚਾ ਰੱਖਿਆ ਹੈ।




9ਵੀਂ
ਹਾਕੀ
ਏਸ਼ੀਅਨ ਚੈਂਪੀਅਨਜ਼
ਟਰਾਫ਼ੀ
ਪੰਜਾਬ, 2026
ਫ਼ਾਈਨਲ
ਭਾਰਤ
vs
ਜਾਪਾਨ
05 ਨਵੰਬਰ, 2026 - ਸ਼ਾਮ 7:00 ਵਜੇ
ਕਾਂਸੀ ਦੇ ਤਮਗ਼ੇ ਲਈ ਮੈਚ
ਕੋਰੀਆ
vs
ਮਲੇਸ਼ੀਆ
05 ਨਵੰਬਰ, 2026 - ਸ਼ਾਮ 4:30 ਵਜੇ
ਸਥਾਨ
ਉਲੰਪੀਅਨ ਬਲਬੀਰ ਸਿੰਘ ਸੀਨੀਅਰ
ਇੰਟਰਨੈਸ਼ਨਲ ਹਾਕੀ ਸਟੇਡੀਅਮ, ਮੋਹਾਲੀ
ਸੂਚਨਾ ਤੇ ਲੋਕ ਸੰਪਰਕ ਵਿਭਾਗ, ਪੰਜਾਬ

ਖਾਲਸਾ ਯੂਨੀਵਰਸਿਟੀ ਵੱਲੋਂ 'ਟੈਲੰਟ ਸਰਚ' ਪ੍ਰੋਗਰਾਮ ਆਯੋਜਿਤ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)— ਖਾਲਸਾ ਯੂਨੀਵਰਸਿਟੀ ਦੇ ਆਰਟਸ ਅਤੇ ਸੋਸ਼ਲ ਸਾਇੰਸ ਵਿਭਾਗ ਵੱਲੋਂ ਵਿਦਿਆਰਥੀਆਂ ਦੀ ਕਲਾਤਮਕ ਅਤੇ ਸਿਰਜਣਾਤਮਕ ਪ੍ਰਤਿਭਾ ਨੂੰ ਪ੍ਰਖਣ ਸਬੰਧੀ 'ਟੈਲੰਟ ਸਰਚ' ਪ੍ਰੋਗਰਾਮ ਕਰਵਾਇਆ



ਗਿਆ। ਖਾਲਸਾ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ. ਮਹਿਲ ਸਿੰਘ ਦੇ ਦਿਸ਼ਾ—ਨਿਰਦੇਸ਼ਾਂ 'ਤੇ ਅਕਾਦਮਿਕ ਮਾਮਲੇ ਡੀਨ ਡਾ. ਸੁਰਿੰਦਰ ਕੌਰ ਦੀ ਸਰਪ੍ਰਸਤੀ ਹੇਠ ਕਰਵਾਏ ਗਏ ਉਕਤ ਪ੍ਰੋਗਰਾਮ ਮੌਕੇ ਫਾਈਨ ਆਰਟਸ, ਲਿਟਰੇਰੀ, ਮਿਊਜ਼ਿਕ, ਥੀਏਟਰ ਅਤੇ ਡਾਂਸ ਨਾਲ ਸਬੰਧਿਤ ਵੱਖ—ਵੱਖ ਗਤੀਵਿਧੀਆਂ ਕਰਵਾਈਆਂ ਗਈਆਂ। ਉਕਤ ਸਮਾਰੋਹ ਦੀ ਸ਼ੁਰੂਆਤ ਪ੍ਰੋਗਰਾਮ ਕੋਆਰਡੀਨੇਟਰ ਡਾ. ਸ਼ਰੀਨਾ ਮਹਾਜਨ ਨੇ ਡਾ. ਸੁਰਿੰਦਰ ਕੌਰ ਨੂੰ ਪੌਦਾ ਭੇਟ ਕਰਕੇ ਉਨ੍ਹਾਂ ਦਾ ਸਵਾਗਤ ਕੀਤਾ। ਇਸ ਮੌਕੇ ਡਾ. ਸੁਰਿੰਦਰ ਕੌਰ ਨੇ ਕਿਹਾ ਕਿ ਖਾਲਸਾ 'ਵਰਸਿਟੀ ਵਿਦਿਆਰਥੀਆਂ ਨੂੰ ਅਕਾਦਮਿਕ ਸਿੱਖਿਆ ਦੇ ਨਾਲ—ਨਾਲ ਉਨ੍ਹਾਂ ਦੀ ਕਲਾਤਮਕ ਅਤੇ ਸਿਰਜਣਾਤਮਕ ਪ੍ਰਤਿਭਾ ਨੂੰ ਨਿਖਾਰਨ ਲਈ ਵੀ ਢੁੱਕਵਾਂ ਮੰਚ ਪ੍ਰਦਾਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਕੂਲ ਆਫ਼ ਜਰਨਲਿਜ਼ਮ, ਸਕੂਲ ਆਫ਼ ਸੋਸ਼ਲ ਸਾਇੰਸ ਅਤੇ ਸਕੂਲ ਆਫ਼ ਫੈਸ਼ਨ ਡਿਜ਼ਾਇਨਿੰਗ ਐਂਡ ਕਾਸਮੈਟੋਲੋਜੀ ਵਰਗੇ ਵੱਖ—ਵੱਖ ਅਕਾਦਮਿਕ ਖੇਤਰਾਂ ਨਾਲ ਜੁੜੇ ਵਿਦਿਆਰਥੀਆਂ ਦੀ ਭਾਗੀਦਾਰੀ ਅਜਿਹੇ ਸਮਾਗਮਾਂ ਨੂੰ ਹੋਰ ਵੀ ਪ੍ਰਭਾਵਸ਼ਾਲੀ ਬਣਾਉਂਦੀ ਹੈ। ਉਨ੍ਹਾ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਅੰਦਰ ਆਤਮ—ਵਿਸ਼ਵਾਸ, ਟੀਮ ਭਾਵਨਾ ਅਤੇ ਨਵੀਆਂ ਸੰਭਾਵਨਾਵਾਂ ਨੂੰ ਉਤਸ਼ਾਹਿਤ ਕਰਦੇ ਹਨ। ਉਨ੍ਹਾਂ ਕਿਹਾ ਕਿ ਇਸ ਮੌਕੇ ਮਿਊਜ਼ਿਕ, ਫਾਈਨ ਆਰਟਸ, ਥੀਏਟਰ, ਲਿਟਰੇਰੀ ਅਤੇ ਡਾਂਸ ਆਦਿ ਵੱਖ—ਵੱਖ ਸਰਗਰਮੀਆਂ ਕਰਵਾਈਆਂ ਗਈਆਂ। ਇਸ ਮੌਕੇ ਡਾ. ਮਹਾਜਨ ਨੇ ਕਿਹਾ ਕਿ 'ਟੈਲੰਟ ਸਰਚ' ਪ੍ਰੋਗਰਾਮ ਕਰਵਾਉਣ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਅਤੇ ਹੁਨਰ ਦਾ ਪ੍ਰਦਰਸ਼ਨ ਕਰਨ ਲਈ ਇਕ ਸਾਂਝਾ ਮੰਚ ਪ੍ਰਦਾਨ ਕਰਨਾ ਹੈ। ਉਨ੍ਹਾਂ ਸਮੂਹ ਇੰਚਾਰਜਾਂ, ਸਟਾਫ਼ ਅਤੇ ਵਿਦਿਆਰਥੀਆਂ ਦਾ ਸਹਿਯੋਗ ਲਈ ਧੰਨਵਾਦ ਕੀਤਾ, ਜਿਨ੍ਹਾਂ ਦੀ ਮਿਹਨਤ ਅਤੇ ਉੱਦਮ ਸਦਕਾ ਅਜਿਹੇ ਪ੍ਰੋਗਰਾਮ ਉਲੀਕੇ ਜਾਂਦੇ ਅਤੇ ਸਫ਼ਲਤਾਪੂਰਵਕ ਨੇਪਰੇ ਚੜ੍ਹਦੇ ਹਨ। ਇਸ ਮੌਕੇ ਡਾ. ਸੁਰਿੰਦਰ ਕੌਰ ਨੇ ਡਾ. ਮਹਾਜਨ ਨਾਲ ਮਿਲ ਕੇ ਵੱਖ—ਵੱਖ ਗਤੀਵਿਧੀਆਂ 'ਚ ਅਵੱਲ ਰਹਿਣ ਵਾਲੇ ਵਿਦਿਆਰਥੀਆਂ ਨੂੰ ਮੈਡਲ ਪ੍ਰਦਾਨ ਕਰਕੇ ਉਨ੍ਹਾਂ ਦੀ ਹੌਂਸਲਾ ਅਫ਼ਜਾਈ ਕੀਤੀ।

ਐੱਚ ਐੱਮ ਵੀ ਨੇ ਜੀ ਐੱਨ ਡੀ ਯੂ ਜ਼ੋਨਲ ਯੂਥ ਫੈਸਟੀਵਲ-2026 'ਚ ਜਿੱਤੀ ਸੈਕੰਡ ਰਨਰਜ਼-ਅੱਪ ਟਰਾਫੀ

ਜਲੰਧਰ (ਸ਼ੈਲੀ ਐਲਬਰਟ)- ਹੰਸ ਰਾਜ ਮਹਿਲਾ ਮਹਾਵਿਦਿਆਲਾ, ਜਲੰਧਰ ਨੇ ਗੁਰੂ ਨਾਨਕ ਦੇਵ



ਯੂਨੀਵਰਸਿਟੀ ਜ਼ੋਨਲ ਯੂਥ ਫੈਸਟੀਵਲ -2026 ਵਿੱਚ ਸੈਕੰਡ ਰਨਰਜ਼-ਅੱਪ ਟਰਾਫੀ ਜਿੱਤ ਕੇ ਆਪਣੀ ਸੱਭਿਆਚਾਰਕ ਅਤੇ ਸਾਹਿਤਕ ਉਤਮਤਾ ਦੀ ਵਿਰਾਸਤ ਵਿੱਚ ਇੱਕ ਹੋਰ ਸ਼ਾਨਦਾਰ ਅਧਿਆਏ ਜੋੜਿਆ ਹੈ। ਸੰਸਥਾ ਨੇ ਵੱਖ-ਵੱਖ ਮੁਕਾਬਲਿਆਂ ਵਿੱਚ 28 ਸਥਾਨ ਹਾਸਲ ਕਰਕੇ ਪ੍ਰਭਾਵਸ਼ਾਲੀ ਪ੍ਰਦਰਸ਼ਨ ਕੀਤਾ। ਐੱਚ. ਐੱਮ. ਵੀ. ਨੇ ਜੀ.ਐੱਨ.ਡੀ.ਯੂ. ਜ਼ੋਨਲ ਯੂਥ ਫੈਸਟੀਵਲ 2026 ਦੇ ਵੱਖ-ਵੱਖ ਮੁਕਾਬਲਿਆਂ ਵਿੱਚ ਪੰਜ ਪਹਿਲੇ, ਚੌਦਾਂ ਦੂਜੇ ਅਤੇ ਨੌਂ ਤੀਜੇ ਸਥਾਨ ਹਾਸਲ ਕੀਤੇ। ਇਸ ਨੇ ਡਿਬੇਟ (ਅੰਗਰੇਜ਼ੀ), ਕੁਇਜ਼, ਗਰੁੱਪ ਸ਼ਬਦ, ਕਾਵੀਸ਼ਰੀ ਅਤੇ ਪੋਸਟਰ ਮੇਕਿੰਗ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਐਲੋਕਿਊਸ਼ਨ (ਅੰਗਰੇਜ਼ੀ), ਪੋਇਟਿਕਲ ਸਿੰਪੋਜ਼ੀਅਮ, ਐਲੋਕੇਊਸ਼ਨ (ਹਿੰਦੀ/ਪੰਜਾਬੀ), ਡਿਬੇਟ (ਪੰਜਾਬੀ/ਹਿੰਦੀ), ਗਰੁੱਪ ਸੋਂਗ, ਵੈਸਟਰਨ ਵੋਕਲ ਸੋਲੋ, ਵੈਸਟਰਨ ਗਰੁੱਪ, ਕਲਾਸੀਕਲ ਵੋਕਲ, ਮਾਈਮ, ਕਾਰਟੂਨਿੰਗ, ਕੋਲਾਜ, ਪੱਖੀ, ਛਿੱਕੂ ਅਤੇ ਨੁੱਕੜ ਨਾਟਕ ਵਿੱਚ ਦੂਜਾ ਸਥਾਨ ਹਾਸਲ ਕੀਤਾ। ਐੱਚ.ਐੱਮ.ਵੀ. ਨੇ ਫੋਕ ਆਰਕੈਸਟਰਾ, ਗੀਤ/ਗਜ਼ਲ, ਵੈਸਟਰਨ ਇੰਸਟਰੂਮੈਂਟਲ ਸੋਲੋ, ਕਲਾਸੀਕਲ ਇੰਸਟਰੂਮੈਂਟ ਨਾਨ-ਪਰਕਸ਼ਨ, ਵਨ ਐਕਟ ਪਲੇ, ਕਲਾਸੀਕਲ ਡਾਂਸ, ਪੇਂਟਿੰਗ, ਟੋਕਰੀ ਅਤੇ ਮਹਿੰਦੀ ਵਿੱਚ ਤੀਜਾ ਸਥਾਨ ਹਾਸਲ ਕੀਤਾ। ਵਿਦਿਆਰਥਣਾਂ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ 'ਤੇ ਵਧਾਈ ਦਿੰਦਿਆਂ ਪ੍ਰਿੰਸੀਪਲ ਡਾ. (ਸ਼੍ਰੀਮਤੀ) ਏਕਤਾ ਖੋਸਲਾ ਨੇ ਉਨ੍ਹਾਂ ਦੀ ਸਮਰਪਣ ਭਾਵਨਾ, ਆਤਮ-ਵਿਸ਼ਵਾਸ ਅਤੇ ਸਮਰੱਥਾ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਅਜਿਹੀਆਂ ਪ੍ਰਾਪਤੀਆਂ ਸੰਸਥਾ ਲਈ ਅਥਾਹ ਮਾਣ ਵਾਲੀ ਗੱਲ ਹਨ ਅਤੇ ਐੱਚ.ਐੱਮ.ਵੀ. ਦੇ ਸਰਬਪੱਖੀ ਵਿਦਿਅਕ ਮਾਹੌਲ ਨੂੰ ਦਰਸਾਉਂਦੀਆਂ ਹਨ, ਜਿੱਥੇ ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਦੀ ਖੋਜ ਕਰਨ, ਆਪਣੀਆਂ ਬੌਧਿਕ ਯੋਗਤਾਵਾਂ ਦਾ ਵਿਕਾਸ ਕਰਨ ਅਤੇ ਜਮਾਤ ਤੋਂ ਬਾਹਰ ਵੀ ਉਤਮਤਾ ਹਾਸਲ ਕਰਨ ਲਈ ਉਤਸ਼ਾਹਿਤ ਕੀਤਾ ਜਾਂਦਾ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੀ ਸਮਰੱਥਾ ਨੂੰ ਨਿਖਾਰਨ ਲਈ ਮੌਕੇ, ਮਾਰਗਦਰਸ਼ਨ ਅਤੇ ਸਹੀ ਮੰਚ ਪ੍ਰਦਾਨ ਕਰਨ ਵਿੱਚ ਯੂਥ ਵੈਲਫੇਅਰ ਵਿਭਾਗ ਦੇ ਲਗਾਤਾਰ ਯਤਨਾਂ ਦੀ ਵੀ ਸ਼ਲਾਘਾ ਕੀਤੀ। ਡਾ. ਖੋਸਲਾ ਨੇ ਵਿਦਿਆਰਥੀਆਂ ਨੂੰ ਇਸ ਸ਼ਾਨਦਾਰ ਪ੍ਰਾਪਤੀ ਵੱਲ ਲੈ ਜਾਣ ਵਿੱਚ ਅਣਥੱਕ ਯਤਨਾਂ ਲਈ ਡੀਨ ਯੂਥ ਵੈਲਫੇਅਰ ਡਾ. ਆਸ਼ਮੀਨ ਕੌਰ, ਕੋ-ਡੀਨ ਡਾ. ਜੋਤੀ ਗੋਗੀਆ, ਸੀਨੀਅਰ ਫੈਕਲਟੀ ਡਾ. ਮਮਤਾ, ਇੰਚਾਰਜਾਂ ਅਤੇ ਯੂਥ ਵੈਲਫੇਅਰ ਵਿਭਾਗ ਦੇ ਸਮੂਹ ਮੈਂਬਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਵਧਾਈ ਦਿੱਤੀ।

ਅੰਮ੍ਰਿਤਸਰ ਜ਼ਿਲ੍ਹਾ ਅਦਾਲਤਾਂ ਦੇ ਨਿਆਇਕ ਅਧਿਕਾਰੀਆਂ ਨੇ ਰਾਸ਼ਟਰੀ ਗੀਤ ਨਾਲ ਦਿਨ ਦੀ ਕੀਤੀ ਸ਼ੁਰੂਆਤ



ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ, ਜਗਦੀਸ਼ ਕਮਲੇਸ਼)- ਅੰਮ੍ਰਿਤਸਰ ਦੇ ਜ਼ਿਲ੍ਹਾ ਅਤੇ ਸੈਸ਼ਨ ਜੱਜ, ਮੈਡਮ ਜਤਿੰਦਰ ਕੌਰ ਦੀ ਰਹਿਨੁਮਾਈ ਹੇਠ ਇੱਕ ਦੇਸ਼ ਭਗਤੀ ਅਤੇ ਪ੍ਰੇਰਨਾਦਾਇਕ ਪਹਿਲਕਦਮੀ ਤਹਿਤ, ਜ਼ਿਲ੍ਹਾ ਅਦਾਲਤਾਂ ਦੇ ਹੈੱਡਕੁਆਰਟਰ ਵਿਖੇ ਤਾਇਨਾਤ ਨਿਆਇਕ ਅਧਿਕਾਰੀਆਂ ਨੇ ਆਪਣੇ ਸਰਕਾਰੀ ਕੰਮਕਾਜ ਵਾਲੇ ਦਿਨ ਦੀ ਸ਼ੁਰੂਆਤ ਕਰਨ ਲਈ ਇੱਕ ਨਵੀਂ ਸੁਹਿਰਦ ਪਰੰਪਰਾ ਸ਼ੁਰੂ ਕੀਤੀ ਹੈ। 'ਦਿਨ ਕੀ ਸ਼ੁਰੂਆਤ, ਜਨ ਗਣ ਮਨ ਕੇ ਸਾਥ' ਦੇ ਏਕਤਾ ਵਾਲੇ ਥੀਮ ਨੂੰ ਅਪਣਾਉਂਦੇ ਹੋਏ, ਅਧਿਕਾਰੀ ਹੁਣ ਆਪਣੀ ਨਿਆਇਕ ਕਾਰਵਾਈ ਸ਼ੁਰੂ ਕਰਨ ਤੋਂ ਪਹਿਲਾਂ ਰਾਸ਼ਟਰੀ ਗੀਤ ਗਾਉਣ ਲਈ ਰੋਜ਼ਾਨਾ ਸਵੇਰੇ 9:30 ਵਜੇ ਅਦਾਲਤੀ ਕੰਪਲੈਕਸ ਵਿੱਚ ਇਕੱਠੇ ਹੋ ਰਹੇ ਹਨ। ਇਸ ਸਵੇਰ ਦੀ ਸਭਾ ਦਾ ਉਦੇਸ਼ ਅਦਾਲਤ ਦੇ ਅਧਿਕਾਰੀਆਂ ਵਿੱਚ ਰਾਸ਼ਟਰੀ ਮਾਣ, ਇਕਜੁੱਟਤਾ ਅਤੇ ਸੰਵਿਧਾਨਕ ਫਰਜ਼ ਦੀ ਨਵੀਂ ਭਾਵਨਾ ਪੈਦਾ ਕਰਨਾ ਹੈ।ਅੰਮ੍ਰਿਤਸਰ ਦੀਆਂ ਜ਼ਿਲ੍ਹਾ ਅਦਾਲਤਾਂ ਭਾਰਤ ਦੇ ਸੰਵਿਧਾਨ ਦੀਆਂ ਸਰਵਉੱਚ ਕਦਰਾਂ-ਕੀਮਤਾਂ ਨੂੰ ਬਰਕਰਾਰ ਰੱਖਣ ਲਈ ਦ੍ਰਿੜਤਾ ਨਾਲ ਵਚਨਬੱਧ ਹਨ। ਸਵੇਰੇ 9:30 ਵਜੇ ਦਾ ਇਹ ਨਵਾਂ ਇਕੱਠ ਉਸ ਪ੍ਰਣ ਦੀ ਰੋਜ਼ਾਨਾ ਪੁਸ਼ਟੀ ਵਜੋਂ ਕੰਮ ਕਰਦਾ ਹੈ, ਇਹ ਯਕੀਨੀ ਬਣਾਉਂਦਾ ਹੈ ਕਿ ਦਿਨ ਦਾ ਕੰਮ ਦੇਸ਼ ਅਤੇ ਇਸਦੇ ਨਾਗਰਿਕਾਂ ਲਈ ਡੂੰਘੇ ਸਤਿਕਾਰ ਵਿੱਚ ਜੁੜਿਆ ਹੋਇਆ ਹੈ।

ਨੈਤਿਕ ਸਿੱਖਿਆ ਪ੍ਰੀਖਿਆ 'ਚ ਅਕੈਡਮਿਕ ਹਾਈਟਸ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਮਾਰੀਆਂ ਮੱਲਾਂ



ਅਜਨਾਲਾ: (ਸੁੱਖਤਿੰਦਰ ਸਿੰਘ ਰਾਜੂ)- ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ, ਕੇਂਦਰੀ ਦਫ਼ਤਰ ਮਾਡਲ ਟਾਊਨ ਐਕਸਟੈਂਸ਼ਨ, ਲੁਧਿਆਣਾ ਵੱਲੋਂ ਕਰਵਾਈ ਗਈ ਨੈਤਿਕ ਸਿੱਖਿਆ ਪ੍ਰੀਖਿਆ ਵਿੱਚ ਅਕੈਡਮਿਕ ਹਾਈਟਸ ਪਬਲਿਕ ਸਕੂਲ ਅਜਨਾਲਾ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ।ਇਸ ਪ੍ਰੀਖਿਆ ਵਿੱਚ ਸਕੂਲ ਦੇ ਕੁੱਲ 16 ਵਿਦਿਆਰਥੀਆਂ ਨੇ ਭਾਗ ਲਿਆ। ਇਨ੍ਹਾਂ ਵਿੱਚੋਂ ਅੰਤਰਵੀਰ ਕੌਰ, ਸਹਿਜਪ੍ਰੀਤ ਕੌਰ ਅਤੇ ਅਵਨੀਤ ਕੌਰ ਨੇ 1+ ਗ੍ਰੇਡ ਪ੍ਰਾਪਤ ਕਰਕੇ ਸ਼ੀਲਡਾਂ ਹਾਸਲ ਕੀਤੀਆਂ।ਇਸੇ ਤਰ੍ਹਾਂ ਅਮਰਿੰਦਰ ਸਿੰਘ, ਇਮਾਨਦੀਪ ਕੌਰ ਅਤੇ ਅਰਮਾਨਦੀਪ ਸਿੰਘ ਨੇ 1 ਗ੍ਰੇਡ ਪ੍ਰਾਪਤ ਕਰਕੇ ਮੈਡਲ ਹਾਸਲ ਕੀਤੇ।ਬਾਕੀ ਵਿਦਿਆਰਥੀਆਂ ਨੇ ਵੀ 1 ਅਤੇ 2 ਗ੍ਰੇਡ ਪ੍ਰਾਪਤ ਕਰਕੇ ਆਪਣੀ ਮਿਹਨਤ ਅਤੇ ਲਗਨ ਦਾ ਸਬੂਤ ਦਿੱਤਾ।ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਐਡੀਸ਼ਨਲ ਚੀਫ਼ ਸਕੱਤਰ ਸ. ਨਰਿੰਦਰ ਪਾਲ ਸਿੰਘ ਅਤੇ ਚੀਫ਼ ਆਰਗੇਨਾਈਜ਼ਰ ਸ. ਬਲਜਿੰਦਰ ਪਾਲ ਸਿੰਘ ਵੱਲੋਂ ਵਿਦਿਆਰਥੀਆਂ ਦੀਆਂ ਸ਼ੀਲਡਾਂ, ਮੈਡਲ ਅਤੇ ਸਰਟੀਫਿਕੇਟ ਸਕੂਲ ਵਿਖੇ ਭੇਜੇ ਗਏ।ਇਸ ਮੌਕੇ ਬੱਚਪਨ ਪਲੇਅ ਸਕੂਲ ਦੀ ਪ੍ਰਿੰਸੀਪਲ ਮੋਨਿਕਾ ਖੋਖਰ ਅਤੇ ਅਕੈਡਮਿਕ ਹਾਈਟਸ ਪਬਲਿਕ ਸਕੂਲ ਦੇ ਪ੍ਰਿੰਸੀਪਲ ਸ੍ਰੀ ਅੰਸ਼ ਬਜਾਜ ਨੇ ਵਿਦਿਆਰਥੀਆਂ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ।ਸਕੂਲ ਦੀ ਐੱਮ.ਡੀ. ਮੈਡਮ ਸੰਤੋਸ਼ ਬਜਾਜ ਨੇ ਬੱਚਿਆਂ ਨੂੰ ਨੈਤਿਕ ਸਿੱਖਿਆ ਦੇ ਸਿਧਾਂਤਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ, ਚੰਗੇ ਸੰਸਕਾਰ ਗ੍ਰਹਿਣ ਕਰਨ ਅਤੇ ਇੱਕ ਚੰਗਾ ਇਨਸਾਨ ਬਣਨ ਲਈ ਪ੍ਰੇਰਿਤ ਕੀਤਾ।ਸਕੂਲ ਦੇ ਸਮੂਹ ਸਟਾਫ਼ ਮੈਂਬਰਾਂ ਨਵਰਾਜ ਕੌਰ, ਅਮਨਦੀਪ ਕੌਰ, ਸੰਦੀਪ ਕੌਰ, ਸੁਖਪ੍ਰੀਤ ਕੌਰ, ਜੋਬਨਜੀਤ ਕੌਰ, ਜਗਰੂਪ ਕੌਰ, ਨਵਜੀਤ ਕੌਰ, ਪ੍ਰਭਦੀਪ ਕੌਰ, ਰਿੱਕੀ ਕੁਕਰੇਜਾ ਅਤੇ ਰੀਨਾ ਸ਼ਰਮਾ ਨੇ ਵੀ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਉਜਵਲ ਭਵਿੱਖ ਦੀ ਕਾਮਨਾ ਕੀਤੀ।ਸਕੂਲ ਪ੍ਰਬੰਧਕਾਂ ਨੇ ਕਿਹਾ ਕਿ ਅਜਿਹੀਆਂ ਪ੍ਰੀਖਿਆਵਾਂ ਬੱਚਿਆਂ ਵਿੱਚ ਨੈਤਿਕ ਕਦਰਾਂ-ਕੀਮਤਾਂ, ਅਨੁਸ਼ਾਸਨ, ਸੇਵਾ ਭਾਵਨਾ ਅਤੇ ਚੰਗੇ ਸੰਸਕਾਰਾਂ ਦਾ ਵਿਕਾਸ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਪੜ੍ਹਾਈ ਦੇ ਨਾਲ-ਨਾਲ ਨੈਤਿਕ ਸਿੱਖਿਆ ਵੀ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਬਹੁਤ ਜ਼ਰੂਰੀ ਹੈ।

ਪ੍ਰਿੰ. ਸੁਜਾਨ ਸਿੰਘ ਯਾਦਗਾਰੀ ਸਨਮਾਨ ਸਮਾਰੋਹ 22 ਨੂੰ

ਧਾਰੀਵਾਲ (ਮਨਦੀਪ ਵਿੱਕੀ)- ਜ਼ਿਲ੍ਹਾ ਸਾਹਿਤ ਕੇਂਦਰ ਗੁਰਦਾਸਪੁਰ ਦੀ ਵਿਸ਼ੇਸ਼ ਇਕੱਤਰਤਾ ਗੌਰਮਿੰਟ ਕਾਲਜ ਗੁਰਦਾਸਪੁਰ ਵਿਖੇ ਜ਼ਿਲ੍ਹਾ ਸਾਹਿਤ ਕੇਂਦਰ ਦੇ ਪ੍ਰਧਾਨ ਡਾ. ਲੇਖ ਰਾਜ ਦੀ ਪ੍ਰਧਾਨਗੀ ਹੇਠ ਹੋਈ ਜਿਸ ਦੌਰਾਨ ਵਿਸ਼ੇਸ਼



ਤੌਰ 'ਤੇ ਪ੍ਰਿੰਸੀਪਲ ਸੁਜਾਨ ਸਿੰਘ ਯਾਦਗਾਰੀ ਸਾਲਾਨਾ ਸਨਮਾਨ-ਸਮਾਰੋਹ ਕਰਨ ਸਬੰਧੀ ਵਿਸਥਾਰ ਸਹਿਤ ਵਿਚਾਰ-ਚਰਚਾ ਤੋਂ ਬਾਅਦ ਇਸ ਵਾਰ ਦਾ ਇਹ ਸ਼ਾਨਾਮੱਤਾ ਸਮਾਗਮ 22 ਨਵੰਬਰ ਦਿਨ ਐਤਵਾਰ ਨੂੰ ਪ੍ਰਿੰਸੀਪਲ ਸੁਜਾਨ ਸਿੰਘ ਅਤੇ ਡਾ. ਨਿਰਮਲ ਸਿੰਘ ਆਜ਼ਾਦ ਦੇ ਪਰਿਵਾਰਾਂ ਦੇ ਸਹਿਯੋਗ ਨਾਲ ਸਥਾਨਕ ਰਾਮ ਸਿੰਘ ਦੱਤ ਯਾਦਗਾਰੀ ਹਾਲ ਗੁਰਦਾਸਪੁਰ ਵਿਖੇ ਕਰਵਾਏ ਜਾਣ ਦਾ ਫੈਸਲਾ ਲਿਆ ਗਿਆ।ਇਸ ਦੇ ਨਾਲ ਹੀ ਇਸ ਵਾਰੀ ਦਾ ਪ੍ਰਿੰਸੀਪਲ ਸੁਜਾਨ ਸਿੰਘ ਯਾਦਗਾਰੀ ਪੁਰਸਕਾਰ ਕਹਾਣੀਕਾਰ ਸੁਖਪਾਲ ਸਿੰਘ ਥਿੰਦ ਨੂੰ ਦੇਣ ਦਾ ਫੈਸਲਾ ਲਿਆ ਗਿਆ ਅਤੇ ਉਤਸਾਹ-ਵਰਧਕ ਸਨਮਾਨ ਉੱਭਰਦੀ ਕਹਾਣੀਕਾਰਾ ਅਮ੍ਰਿਤਪਾਲ ਕੌਰ ਕਲੇਰ ਨੂੰ ਦੇਣ ਦਾ ਨਿਰਣਾ ਲਿਆ ਗਿਆ ਅਤੇ ਡਾ. ਨਿਰਮਲ ਸਿੰਘ ਆਜ਼ਾਦ ਯਾਦਗਾਰੀ ਪੁਰਸਕਾਰ ਸ. ਰਣਜੀਤ ਸਿੰਘ ਘੁੰਮਣ ਨੂੰ ਦਿੱਤਾ ਜਾਣ ਦਾ ਫੈਸਲਾ ਹੋਇਆ। ਵਿਚਾਰ-ਚਰਚਾ ਦਾ ਵਿਸ਼ਾ ਰਹੇਗਾ ਨਸ਼ੇ, ਸਮਾਜ, ਸਰਕਾਰ ਤੇ ਸਾਹਿਤਕਾਰ ਇਸ ਵਾਰ ਦੇ ਮੁੱਖ ਬੁਲਾਰੇ ਹੋਣਗੇ ਪ੍ਰੋਫੈਸਰ ਜੈ ਪਾਲ ਸਿੰਘ ।

ਇਸ ਇਕੱਤਰਤਾ ਵਿੱਚ ਡਾ. ਲੇਖ ਰਾਜ, ਮੱਖਣ ਕੁਹਾੜ, ਮੰਗਤ ਚੰਚਲ, ਸੀਤਲ ਸਿੰਘ ਗੁਨੋਪੁਰੀ, ਗੁਰਮੀਤ ਬਾਜਵਾ, ਬੂਟਾ ਰਾਮ ਆਜ਼ਾਦ, ਸੋਹਣ ਸਿੰਘ, ਡਾ. ਸੁਖਵਿੰਦਰ ਸਿੰਘ, ਗੋਪਾਲ ਸ਼ਰਮਾ ਫਿਰੋਜ਼ਪੁਰੀ, ਕੁਲਜੀਤ ਸਿੰਘ ਰੰਧਾਵਾ, ਹਰਪਾਲ ਸਿੰਘ ਬੈਂਸ, ਕੁਲਦੀਪ ਸਿੰਘ ਘਾਂਗਲਾ, ਵਿਜੇ ਅਗਨੀਹੋਤਰੀ ਅਤੇ ਵਿਜੇ ਤਾਲਿਬ ਆਦਿ ਹਾਜ਼ਰ ਹੋਏ।

ਗੁਰਦਾਸਪੁਰ-ਬਹਿਰਾਮਪੁਰ ਸੜਕ ਕੰਢੇ ਕੁਝ ਥਾਵਾਂ 'ਤੇ ਟੋਏ ਪੈਣ ਨਾਲ ਹਾਦਸੇ ਵਾਪਰਨ ਦਾ ਡਰ

ਗੁਰਦਾਸਪੁਰ, (ਜਨਕ ਮਹਾਜਨ)- ਪਿਛਲੇ ਸਮੇਂ ਆਈ ਤੇਜ਼ ਹਨੇਰੀ ਕਾਰਨ ਗੁਰਦਾਸਪੁਰ ਤੋਂ ਬਹਿਰਾਮਪੁਰ ਨੂੰ ਜਾਣ ਵਾਲੀ ਸੜਕ ਕੰਢੇ ਕੁਝ ਥਾਵਾਂ 'ਤੇ ਸਫੈਦੇ ਦੇ ਵੱਡੇ-ਵੱਡੇ ਰੁੱਖ ਜੜ੍ਹ ਤੋਂ ਪੁੱਟੇ ਗਏ ਜਿਸ ਕਾਰਨ ਸੜਕ ਕੰਢੇ ਵੱਡੇ-ਵੱਡੇ ਟੋਏ ਪੈ ਚੁੱਕੇ ਹਨ ਜਿਨ੍ਹਾਂ ਵਿੱਚ ਕਿਸੇ ਵੇਲੇ ਵੀ ਕੋਈ ਵਾਹਨ ਚਾਲਕ ਡਿੱਗ ਕੇ ਹਾਦਸੇ ਦਾ ਸ਼ਿਕਾਰ ਹੋ ਸਕਦਾ ਹੈ। ਪ੍ਰਾਪਤ ਕੀਤੀ ਜਾਣਕਾਰੀ ਅਨੁਸਾਰ ਪਿਛਲੇ ਸਮੇਂ ਆਏ ਤੇਜ਼ ਤੂਫਾਨ ਕਾਰਨ ਇਸ ਸੜਕ ਕੰਢੇ ਲੱਗੇ ਵੱਡੀ ਗਿਣਤੀ ਵਿੱਚ ਸਫੈਦੇ ਦੇ ਰੁੱਖ ਹੇਠਾਂ ਡਿੱਗ ਗਏ ਸਨ ਜਿਸ ਕਰਕੇ ਰਸਤਾ ਵੀ ਬੰਦ ਹੋ ਗਿਆ ਸੀ।



ਪ੍ਰਸ਼ਾਸਨ ਵੱਲੋਂ ਡਿੱਗੇ ਸਫੈਦੇ ਦੇ ਰੁੱਖਾਂ ਨੂੰ ਤਾਂ ਚੁੱਕ ਲਿਆ ਗਿਆ ਪਰ ਉਨ੍ਹਾਂ ਦੀਆਂ ਜੜ੍ਹਾਂ ਅੱਜ ਵੀ ਉੱਥੇ ਹੀ ਪਈਆਂ ਹੋਈਆਂ ਹਨ ਅਤੇ ਇਨ੍ਹਾਂ ਜੜ੍ਹਾਂ ਨਜ਼ਦੀਕ ਵੱਡੇ ਟੋਏ ਪੈ ਚੁੱਕੇ ਹਨ। ਲੋਕਾਂ ਦਾ ਕਹਿਣਾ ਹੈ ਕਿ ਇਹ ਸੜਕ ਬਣਿਆ ਨੂੰ ਅਜੇ ਕੁਝ ਸਮਾਂ ਹੀ ਹੋਇਆ ਹੈ ਪਰ ਸਫੈਦਿਆਂ ਦੇ ਜੜ੍ਹੋਂ ਪੁੱਟੇ ਜਾਣ ਨਾਲ ਸੜਕ ਦਾ ਵੀ ਕਾਫੀ ਨੁਕਸਾਨ ਹੋਇਆ ਹੈ। ਉਨ੍ਹਾਂ ਦੱਸਿਆ ਕਿ ਸੰਬੰਧਤ ਵਿਭਾਗ ਵੱਲੋਂ ਇਨ੍ਹਾਂ ਟੋਇਆਂ ਨੂੰ ਪੂਰਨ ਲਈ ਕੋਈ ਵੀ ਉਪਰਾਲਾ ਨਹੀਂ ਕੀਤਾ ਜਾ ਰਿਹਾ। ਲੋਕਾਂ ਦਾ ਕਹਿਣਾ ਹੈ ਕਿ ਰਾਤ ਸਮੇਂ ਇਨ੍ਹਾਂ ਟੋਇਆਂ ਦਾ ਬਿਲਕੁਲ ਵੀ ਪਤਾ ਨਹੀਂ ਚੱਲਦਾ ਅਤੇ ਕੋਈ ਵੀ ਦੋ ਪਹੀਆ ਜਾਂ ਚਾਰ ਪਹੀਆ ਵਾਹਨ ਇਨ੍ਹਾਂ ਟੋਇਆਂ ਵਿੱਚ ਡਿੱਗ ਕੇ ਆਪਣਾ ਭਾਰੀ ਨੁਕਸਾਨ ਕਰਵਾ ਸਕਦਾ ਹੈ। ਉਨ੍ਹਾਂ ਕਿਹਾ ਵਿਭਾਗ ਦੀ ਲਾਪਰਵਾਹੀ ਕਿਸੇ ਦੀ ਜਾਨ ਵੀ ਲੈ ਸਕਦੀ ਹੈ ਅਤੇ ਜੇਕਰ ਵਿਭਾਗ ਵੱਲੋਂ ਇਨ੍ਹਾਂ ਟੋਇਆਂ ਨੂੰ ਸਮੇਂ ਸਿਰ ਨਾ ਪੂਰਿਆ ਗਿਆ ਤਾਂ ਇਨ੍ਹਾਂ ਟੋਇਆਂ ਦਾ ਆਕਾਰ ਦਿਨ ਪ੍ਰਤੀ ਦਿਨ ਵਧਦਾ ਜਾਵੇਗਾ ਜੋ ਸੜਕ ਨੂੰ ਵੀ ਕਾਫੀ ਨੁਕਸਾਨ ਕਰੇਗਾ। ਲੋਕਾਂ ਨੇ ਲੋਕ ਨਿਰਮਾਣ ਵਿਭਾਗ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਗੁਰਦਾਸਪੁਰ-ਬਹਿਰਾਮਪੁਰ ਸੜਕ ਕੰਢੇ ਪਏ ਟੋਇਆਂ ਨੂੰ ਪੂਰਨ ਵਾਸਤੇ ਵਿਸ਼ੇਸ਼ ਪ੍ਰਬੰਧ ਕੀਤੇ ਜਾਣ ਤਾਂ ਜੋ ਆਉਣ ਜਾਣ ਵਾਲੇ ਰਾਹਗੀਰਾਂ ਦੀ ਸੁਰੱਖਿਆ ਯਕੀਨੀ ਬਣਾਏ ਜਾ ਸਕੇ।

ਨਸ਼ੇ ਦੀ ਆੜ 'ਚ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਤੰਗ-ਪਰੇਸ਼ਾਨ ਨਾ ਕੀਤਾ ਜਾਵੇ : ਡਾ. ਕੋਹਾਲੀ

ਚੇਤਨਪੁਰਾ (ਸੁਖਵੰਤ ਚੇਤਨਪੁਰੀ)- ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਜ਼ਿਲ੍ਹਾ ਅੰਮ੍ਰਿਤਸਰ ਦੇ ਪ੍ਰਧਾਨ ਡਾ. ਅਰਜਿੰਦਰ ਸਿੰਘ ਕੋਹਾਲੀ ਨੇ ਪੰਜਾਬ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਨੂੰ ਅਪੀਲ ਕੀਤੀ ਹੈ ਕਿ ਪਿੰਡਾਂ ਵਿੱਚ ਲੋਕਾਂ ਨੂੰ



ਸਿਹਤ ਸੇਵਾਵਾਂ ਮੁਹੱਈਆ ਕਰਵਾ ਰਹੇ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਨਸ਼ਿਆਂ ਦੀ ਆੜ ਵਿੱਚ ਬਿਨਾਂ ਵਜ੍ਹਾ ਤੰਗ-ਪਰੇਸ਼ਾਨ ਕਰਨਾ ਬੰਦ ਕੀਤਾ ਜਾਵੇ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਮੈਡੀਕਲ ਪ੍ਰੈਕਟੀਸਰਾਂ ਨੂੰ ਬਿਨਾਂ ਵਜਾ ਤੰਗ ਪਰੇਸ਼ਾਨ ਕੀਤਾ ਗਿਆ ਤਾਂ ਜਥੇਬੰਦੀ ਵੱਲੋਂ ਸਰਕਾਰ ਵਿਰੁੱਧ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ। ਡਾ. ਕੋਹਾਲੀ ਨੇ ਕਿਹਾ ਕਿ ਸਰਕਾਰ ਬੇਰੁਜ਼ਗਾਰਾਂ ਨੂੰ ਰੁਜ਼ਗਾਰ ਦੇਣ ਦੀ ਬਜਾਏ ਪਹਿਲਾਂ ਤੋਂ ਆਪਣੀ ਰੋਜ਼ੀ-ਰੋਟੀ ਕਮਾ ਰਹੇ ਮੈਡੀਕਲ ਪ੍ਰੈਕਟੀਸ਼ਨਰਾਂ ਦਾ ਰੁਜ਼ਗਾਰ ਖੋਹਣ ਦੀ ਕੋਸ਼ਿਸ਼ ਕਰ ਰਹੀ ਹੈ, ਜਿਸ ਨੂੰ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਦੇ ਹੁਕਮਾਂ ਤੇ ਕੰਮ ਕਰ ਰਹੀ ਪੁਲਿਸ ਵੱਲੋਂ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਬੇਵਜ੍ਹਾ ਤੰਗ ਕਰਨ ਦੀਆਂ ਕਾਰਵਾਈਆਂ ਬੰਦ ਨਾ ਕੀਤੀਆਂ ਗਈਆਂ ਤਾਂ ਇਸ ਦਾ ਖਮਿਆਜ਼ਾ ਸਰਕਾਰ ਨੂੰ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਭੁਗਤਣਾ ਪਵੇਗਾ।ਉਨ੍ਹਾਂ ਸਪੱਸ਼ਟ ਕੀਤਾ ਕਿ ਜਿਹੜੇ ਲੋਕ ਨਸ਼ਿਆਂ ਦਾ ਕਾਰੋਬਾਰ ਕਰਦੇ ਹਨ, ਉਨ੍ਹਾਂ ਵਿਰੁੱਧ ਪੁਲਸ ਵੱਲੋਂ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ, ਪਰ ਇਸ ਦੀ ਆੜ ਵਿੱਚ ਪਿੰਡਾਂ ਦੇ ਲੋਕਾਂ ਨੂੰ ਸਿਹਤ ਸੇਵਾਵਾਂ ਦੇ ਰਹੇ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਨਿਸ਼ਾਨਾ ਬਣਾਉਣਾ ਜਾਇਜ਼ ਨਹੀਂ ਹੈ। ਇਸ ਮੌਕੇ ਡਾ. ਲਵਦੀਪ ਸਿੰਘ, ਡਾ. ਪਰਮਿੰਦਰ ਸਿੰਘ, ਡਾ. ਸੁਖਵਿੰਦਰ ਸਿੰਘ, ਡਾ. ਸੁਰਜੀਤ ਸਿੰਘ, ਡਾ. ਸੀਤਲ ਵੇਰਕਾ, ਡਾ. ਹਰਪਿੰਦਰ ਸਿੰਘ, ਡਾ. ਗੁਰਲਾਲ ਸਿੰਘ ਅਤੇ ਡਾ. ਜੈਮਲ ਸਿੰਘ ਆਦਿ ਹਾਜ਼ਰ ਸਨ।

ਫਾਸਟ ਫੂਡ ਦੀਆਂ ਰੇਹੜੀਆਂ ਵਾਲੇ ਘਟੀਆ ਸਾਮਾਨ ਵੇਚ ਕੇ ਲੋਕਾਂ ਦੀ ਸਿਹਤ ਨਾਲ ਕਰ ਰਹੇ ਨੇ ਖਿਲਵਾੜ

ਗੁਰਦਾਸਪੁਰ, (ਜਨਕ ਮਹਾਜਨ)- ਸਿਹਤ ਵਿਭਾਗ ਗੁਰਦਾਸਪੁਰ ਵਲੋਂ ਧਿਆਨ ਨਾ ਦੇਣ ਕਾਰਨ ਫਾਸਟ ਫੂਡ ਦੀਆਂ ਰੇਹੜੀਆਂ ਆਦਿ 'ਤੇ ਧੜੱਲੇ ਨਾਲ ਘਟੀਆ ਸਮੱਗਰੀ ਦੀ ਵਰਤੋਂ ਹੋਣ ਨਾਲ ਲੋਕਾਂ ਦੀ ਸਿਹਤ 'ਤੇ ਮਾੜਾ ਅਸਰ ਪੈਣ ਦਾ ਹਰ ਵੇਲੇ ਖਤਰਾ ਬਣਿਆ ਰਹਿੰਦਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕੁਝ ਸ਼ਹਿਰ ਵਾਸੀਆਂ ਨੇ ਦੱਸਿਆ ਕਿ ਸ਼ਹਿਰ ਅੰਦਰ ਥਾਂ-ਥਾਂ 'ਤੇ ਅਤੇ ਖ਼ਾਸ ਕਰਕੇ ਹਨੂੰਮਾਨ ਚੌਕ ਤੋਂ ਲਾਇਬ੍ਰੇਰੀ ਰੋਡ 'ਤੇ ਫਾਸਟ ਫੂਡ ਦੀਆਂ ਰੇਹੜੀਆਂ ਲੱਗੀਆਂ ਹੋਈਆਂ ਹਨ ਜਿਨ੍ਹਾਂ ਤੋਂ ਗਰੀਬ, ਦਰਮਿਆਨੇ ਤਬਕੇ ਦੇ ਲੋਕ ਖਾਣ ਪੀਣ ਵਾਲਾ ਸਮਾਨ ਖਰੀਦ ਕੇ ਖਾ ਰਹੇ ਹਨ। ਕੁਝ ਰੇਹੜੀਆਂ 'ਤੇ ਕਾਫੀ ਸਮਾਨ ਘਟੀਆ ਸਮੱਗਰੀ ਦਾ ਹੋਣ ਕਰਕੇ ਸਿਹਤ 'ਤੇ ਮਾੜਾ ਅਸਰ ਪੈਂਦਾ ਹੈ। ਉਨ੍ਹਾਂ ਕਿਹਾ ਰੇਹੜੀ ਵਾਲਿਆਂ ਜਿਵੇਂ ਨਿਊਡਲ, ਬਰਗਰ, ਚਾਪਾਂ, ਮੋਮਜ਼, ਸਪਰਿੰਗ ਰੋਲ ਆਦਿ ਖ਼ਾਣ ਵਾਲੀਆਂ ਘਟੀਆ ਸਾਮਾਨ ਤੋਂ ਤਿਆਰ ਕੀਤੀਆਂ ਚੀਜ਼ਾਂ ਅਤੇ ਇਨ੍ਹਾਂ ਉਪਰ ਪਾਈ ਜਾਣ ਵਾਲੀ ਟਮਾਟੋ ਸੂਸ ਨੂੰ ਵੀ ਬੜੇ ਹੀ ਘਟੀਆ ਕੁਆਲਿਟੀ ਦੀ ਵਰਤੋ ਕੀਤੀ ਜਾ ਰਹੀ ਹੈ। ਲੋਕਾਂ ਦਾ ਕਹਿਣਾ ਹੈ ਕਿ ਸਿਹਤ ਵਿਭਾਗ ਗੁਰਦਾਸਪੁਰ ਵਲੋਂ ਇਨ੍ਹਾਂ ਫਾਸਟ ਫੂਡ ਦੀਆਂ ਰੇਹੜੀਆਂ 'ਤੇ ਕਦੀ ਵੀ ਚੈਕਿੰਗ ਨਹੀਂ ਕੀਤੀ ਜਾਂਦੀ ਜਿਸ ਕਰਕੇ ਇਹ ਰੇਹੜੀਆਂ ਵਾਲੇ ਬੇਖੌਫ ਧੜੱਲੇ ਨਾਲ ਮਾੜਾ ਮਟੀਰੀਅਲ ਵਰਤ ਰਹੇ



ਹਨ। ਲੋਕਾਂ ਨੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਮੰਗ ਕੀਤੀ ਹੈ ਕਿ ਉਹ ਸਿਵਲ ਸਰਜਨ ਗੁਰਦਾਸਪੁਰ ਨੂੰ ਹਦਾਇਤਾਂ ਜਾਰੀ ਕਰਕੇ ਸ਼ਹਿਰ ਅੰਦਰ ਅਜਿਹੀਆਂ ਰੇਹੜੀਆਂ ਦੀ ਸਮੇਂ ਸਮੇਂ 'ਤੇ ਚੈਕਿੰਗ ਕੀਤੀ ਜਾਵੇ ਅਤੇ ਘਟੀਆ ਸਮਗਰੀ ਵਰਤਣ ਵਾਲਿਆਂ ਖ਼ਿਲਾਫ਼ ਸਖਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ ਤਾਂ ਜੋ ਇਨ੍ਹਾਂ ਰੇਹੜੀਆਂ ਫੜ੍ਹੀ ਵਾਲੇ ਦੁਕਾਨਦਾਰਾਂ ਵਿੱਚ ਵੀ ਕੁਝ ਡਰ ਪੈਦਾ ਹੋ ਸਕੇ ਅਤੇ ਉਹ ਵਧੀਆ ਕੁਆਲਿਟੀ ਦਾ ਸਾਮਾਨ ਹੀ ਗਾਹਕਾਂ ਨੂੰ ਵੇਚਣ ਅਤੇ ਲੋਕਾਂ ਦੀ ਸਿਹਤ ਨਾਲ ਖਿਲਵਾੜ ਹੋਣ ਤੋਂ ਬਚਾ ਹੋ ਸਕੇ।

ਮਹਿਤਪੁਰ 'ਚ ਟ੍ਰੈਫਿਕ ਦੀ ਸਮੱਸਿਆ ਵਧੀ; ਪ੍ਰਸ਼ਾਸਨ ਕੁੰਭਕਰਨੀ ਨੀਂਦ ਤੋਂ ਜਾਗੇ !

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)- ਜਲੰਧਰ ਜ਼ਿਲ੍ਹੇ ਦੇ ਇਤਿਹਾਸਕ ਕਸਬੇ ਮਹਿਤਪੁਰ ਵਿੱਚ ਪਿਛਲੇ ਲੰਮੇ ਸਮੇਂ ਤੋਂ ਟ੍ਰੈਫਿਕ ਦੀ ਸਮੱਸਿਆ ਬਹੁਤ ਗੰਭੀਰ ਰੂਪ ਧਾਰਨ ਕਰਦੀ ਜਾ ਰਹੀ ਹੈ ।ਕਦੇ ਸ਼ਾਂਤ ਅਤੇ ਆਰਾਮਦਾਇਕ ਮੰਨਿਆ ਜਾਣ ਵਾਲਾ ਇਹ ਕਸਬਾ ਹੁਣ ਵਾਹਨਾਂ ਦੇ ਸ਼ੋਰ-ਸ਼ਰਾਬੇ, ਪ੍ਰਦੂਸ਼ਣ ਅਤੇ ਲੰਬੇ ਜਾਮ ਦਾ ਗੜ੍ਹ ਬਣਦਾ ਜਾ ਰਿਹਾ ਹੈ ਵਿਸ਼ੇਸ਼ ਕਰਕੇ ਤਿਉਹਾਰਾਂ ਮੌਕੇ ਟਰੈਫਿਕ ਕਾਰਨ ਆਮ ਲੋਕਾਂ ਦੀ ਜ਼ਿੰਦਗੀ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੀ ਹੈ।ਮੁੱਖ ਬਾਜ਼ਾਰਾਂ ਵਿੱਚ ਪੈਦਲ ਚੱਲਣ ਦੁੱਭਰ ਬਣਦਾ ਜਾ ਰਿਹਾ ਹੈ।ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ ਨੇ ਕਿਹਾ ਕਿ ਮਹਿਤਪੁਰ ਦੇ ਮੁੱਖ ਬਾਜ਼ਾਰ ਵਿੱਚ ਸੜਕਾਂ ਦੇ ਦੋਵੇਂ ਪਾਸੇ ਹੋਏ ਨਾਜਾਇਜ਼ ਕਬਜ਼ਿਆਂ ਅਤੇ ਬਿਨਾਂ ਯੋਜਨਾਬੰਦੀ ਦੇ ਖੜ੍ਹੇ ਵਾਹਨਾਂ ਕਾਰਨ ਹਰ ਰੋਜ਼ ਲੰਮੇ ਜਾਮ ਲੱਗਣਾ ਆਮ ਗੱਲ ਹੋ ਗਈ ਹੈ।ਚਾਰ-ਪਹੀਆ ਵਾਹਨ ਸੜਕਾਂ ਦੇ ਵਿਚਕਾਰ ਹੀ ਖੜ੍ਹੇ ਕਰਨ ਪੈਦਲ ਚੱਲਣ ਵਾਲੇ ਰਾਹਗੀਰਾਂ, ਖਾਸ ਕਰਕੇ ਬਜ਼ੁਰਗਾਂ ਅਤੇ ਸਕੂਲੀ ਬੱਚਿਆਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਬਾਜ਼ਾਰਾਂ ਵਿੱਚੋਂ ਲੰਘਣਾ ਹੁਣ ਕਿਸੇ ਵੱਡੀ ਚੁਣੌਤੀ ਤੋਂ ਘੱਟ ਨਹੀਂ ਰਿਹਾ।ਸਭ ਤੋਂ ਚਿੰਤਾਜਨਕ ਗੱਲ ਇਹ ਹੈ ਕਿ ਟ੍ਰੈਫਿਕ ਜਾਮ ਕਾਰਨ ਐਂਬੂਲੈਂਸਾਂ ਕਈ ਵਾਰ ਗੰਭੀਰ ਮਰੀਜ਼ਾਂ ਨੂੰ ਸਮੇਂ ਸਿਰ ਇਲਾਜ ਨਹੀਂ ਮਿਲ ਪਾਉਂਦਾ।ਇਸ ਤੋਂ ਇਲਾਵਾ ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਦੇ ਬੱਚੇ ਅਤੇ ਡਿਊਟੀ ਤੇ ਜਾਣ ਵਾਲੇ ਮੁਲਾਜ਼ਮ ਰੋਜ਼ਾਨਾ ਇਸ ਜਾਮ ਦੀ ਮਾਰ ਝੱਲ ਰਹੇ ਹਨ।ਸਥਾਨਕ ਪ੍ਰਸ਼ਾਸਨ ਵੱਲੋਂ ਇਸ ਸਮੱਸਿਆ ਦੇ ਹੱਲ ਲਈ ਕੋਈ ਠੋਸ ਕਦਮ ਨਹੀਂ ਚੁੱਕੇ ਜਾ ਰਹੇ।ਨਗਰ ਪੰਚਾਇਤ ਮਹਿਤਪੁਰ ਦੇ ਅਧਿਕਾਰੀਆਂ ਦਾ ਗਜ਼ ਵੀ ਰੇਹੜੀ ਫੜ੍ਹੀ ਵਾਲਿਆਂ ਉਪਰ ਹੀ ਡਿੱਗਦਾ ਹੈ।ਨਜਾਇਜ਼ ਕਬਜ਼ਾ ਕਰਨ ਵਾਲੇ ਖਾਂਦੇ ਪੀਂਦੇ ਲੋਕ ਅਧਿਕਾਰੀਆਂ ਦੀ ਪਹੁੰਚ ਤੋਂ ਬਾਹਰ ਹਨ। ਮਹਿਤਪੁਰ ਕਸਬੇ ਵਿੱਚ ਟ੍ਰੈਫਿਕ ਪੁਲਸ ਮੁਲਾਜ਼ਮਾਂ ਦੇ ਤਾਂ ਕਦੀ ਦਰਸ਼ਨ ਹੀ ਨਹੀਂ ਹੁੰਦੇ ਜਿਸ ਕਾਰਨ ਵਾਹਨ ਚਾਲਕ ਨਿਯਮਾਂ ਦੀ ਸ਼ਰੇਆਮ ਉਲੰਘਣਾ ਕਰਦੇ ਹਨ। ਨਾਜਾਇਜ਼ ਪਾਰਕਿੰਗ ਕਰਨ ਵਾਲਿਆਂ ਖਿਲਾਫ਼ ਕੋਈ ਸਖ਼ਤ ਕਾਰਵਾਈ ਨਹੀਂ ਹੁੰਦੀ।ਤਰਸੇਮ ਪੀਟਰ ਨੇ ਅਧਿਕਾਰੀਆਂ ਅਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਕਸਬੇ ਦੀਆਂ ਸੜਕਾਂ ਤੋਂ ਨਾਜਾਇਜ਼ ਕਬਜ਼ੇ ਤੁਰੰਤ ਹਟਾਏ ਜਾਣ, ਪਾਰਕਿੰਗ ਲਈ ਖਾਸ ਜਗ੍ਹਾ ਨਿਰਧਾਰਿਤ ਕੀਤੀ ਜਾਵੇ ਅਤੇ ਟ੍ਰੈਫਿਕ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਪੱਕੇ ਤੌਰ ਤੇ ਟ੍ਰੈਫਿਕ ਪੁਲਸ ਦੇ ਮੁਲਾਜ਼ਮ ਤਾਇਨਾਤ ਕੀਤੇ ਜਾਣ ਤਾਂ ਜੋ ਆਮ ਜਨਤਾ ਨੂੰ ਇਸ ਰੋਜ਼ਾਨਾ ਦੀ ਮਾਨਸਿਕ ਅਤੇ ਸਰੀਰਕ ਪ੍ਰੇਸ਼ਾਨੀ ਤੋਂ ਨਿਜਾਤ ਮਿਲ ਸਕੇ।



ਗੁਰੂ ਨਾਨਕ ਦੇਵ ਅਕੈਡਮੀ ਦੇ 23 ਵਿਦਿਆਰਥੀਆਂ ਨੇ ਕੀਤਾ ਅੰਮ੍ਰਿਤਪਾਨ



ਤਰਨ ਤਾਰਨ (ਪ੍ਰਿਤਪਾਲ ਸਿੰਘ)- ਸੰਤ ਬਾਬਾ ਜਗਤਾਰ ਸਿੰਘ ਅਤੇ ਬਾਬਾ ਮਹਿੰਦਰ ਸਿੰਘ ਕਾਰ ਸੇਵਾ ਤਰਨ ਤਾਰਨ ਦੀ ਰਹਿਨੁਮਾਈ ਹੇਠ ਚਲਾਈ ਜਾ ਰਹੀ ਗੁਰੂ ਨਾਨਕ ਦੇਵ ਅਕੈਡਮੀ, ਝਬਾਲ ਰੋਡ, ਨੂਰਦੀ, ਤਰਨ ਤਾਰਨ ਦੇ ਜਮਾਤ ਪੰਜਵੀਂ ਤੋਂ ਨੌਂਵੀਂ ਦੇ 23 ਵਿਦਿਆਰਥੀਆਂ ਨੇ 30 ਅਕਤੂਬਰ ਨੂੰ ਇਤਿਹਾਸਕ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਵਿਖੇ ਅੰਮ੍ਰਿਤਪਾਨ ਕਰਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।

ਇਸ ਪਵਿੱਤਰ ਮੌਕੇ ਸੰਤ ਬਾਬਾ ਜਗਤਾਰ ਸਿੰਘ, ਬਾਬਾ ਮਹਿੰਦਰ ਸਿੰਘ ਜੀ ਅਤੇ ਅਕੈਡਮੀ ਦੇ ਪ੍ਰਿੰਸੀਪਲ ਮੈਡਮ ਜਸਪਾਲ ਕੌਰ ਸਿੱਧੂ ਨੇ ਵਿਦਿਆਰਥੀਆਂ ਨੂੰ ਪੰਜ ਪਿਆਰੇ ਸਾਹਿਬਾਨ ਵੱਲੋਂ ਦਰਸਾਏ ਗਏ ਗੁਰਮਤਿ ਦੇ ਮਾਰਗ 'ਤੇ ਚੱਲਣ ਅਤੇ ਗੁਰੂ ਸਾਹਿਬ ਵੱਲੋਂ ਬਖ਼ਸ਼ੇ ਸਿਧਾਂਤਾਂ ਅਨੁਸਾਰ ਆਪਣਾ ਜੀਵਨ ਬਤੀਤ ਕਰਨ ਲਈ ਪ੍ਰੇਰਿਤ ਕੀਤਾ ।

ਸ਼ਾਇਰ ਨਰੇਸ਼ ਮਹਾਜਨ ਨਿਰਗੁਣ ਵੱਲੋਂ ਭਗਵਤੀ ਜਾਗਰਣ ਦਾ ਸ਼ੁਭ ਆਰੰਭ

ਪਠਾਨਕੋਟ (ਦਵਿੰਦਰ ਸਿੰਘ)- ਪਿਛਲੇ 40 ਸਾਲਾਂ ਤੋਂ ਸਮਾਜ ਸੇਵਾ ਦੇ ਕੰਮਾਂ ਵਿੱਚ ਮੋਹਰੀ ਭੂਮਿਕਾ ਨਿਭਾਉਣ ਵਾਲੇ ਮਾਂ ਸਰਸਵਤੀ ਕਲੱਬ ਵੱਲੋਂ ਸ੍ਰੀ ਅਸ਼ਵਨੀ ਕਨੌਜੀਆ ਦੀ ਪ੍ਰਧਾਨਗੀ ਹੇਠ ਵਿਸ਼ਾਲ ਭਗਵਤੀ ਜਾਗਰਣ ਕਰਵਾਇਆ ਗਿਆ।



ਜਾਗਰਣ ਦਾ ਸ਼ੁਭ ਆਰੰਭ ਜਲ ਸਰੋਤ ਵਿਭਾਗ ਦੇ ਸਾਬਕਾ ਨਿਗਰਾਨ ਇੰਜੀਨੀਅਰ ਅਤੇ ਪ੍ਰਸਿੱਧ ਸ਼ਾਇਰ ਨਰੇਸ਼ ਮਹਾਜਨ ਨਿਰਗੁਣ ਨੇ ਜੋਤ ਜਗਾ ਕੇ ਕੀਤਾ।ਇਸ ਮੌਕੇ ਊਧਮਪੁਰ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਪ੍ਰਸਿੱਧ ਭਜਨ ਗਾਇਕ ਬਿਸ਼ਨ ਦਾਸ ਨੇ ਮਾਂ ਭਗਵਤੀ ਦੀਆਂ ਭੇਟਾਂ ਪੇਸ਼ ਕਰਕੇ ਸ਼ਰਧਾਲੂਆਂ ਨੂੰ ਭਗਤੀ ਰਸ ਵਿੱਚ ਸਰਾਬੋਰ ਕਰ ਦਿੱਤਾ। ਉਨ੍ਹਾਂ ਦੇ ਮਧੁਰ ਭਜਨਾਂ ਤੇ ਸ਼ਰਧਾਲੂ ਦੇਰ ਰਾਤ ਤੱਕ ਝੂਮਦੇ ਰਹੇ ਅਤੇ ਪੂਰਾ ਮਾਹੌਲ ਮਾਂ ਭਗਵਤੀ ਦੇ ਜੈਕਾਰਿਆਂ ਨਾਲ ਗੂੰਜ ਉੱਠਿਆ।ਇਸ ਮੌਕੇ ਮੁੱਖ ਮਹਿਮਾਨ ਨਰੇਸ਼ ਮਹਾਜਨ ਨਿਰਗੁਣ ਨੇ ਕਲੱਬ ਦੇ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਮਾਂ ਸਰਸਵਤੀ ਕਲੱਬ ਦੇ ਮੈਂਬਰ ਪਿਛਲੇ ਕਈ ਦਹਾਕਿਆਂ ਤੋਂ ਧਾਰਮਿਕ ਅਤੇ ਸਮਾਜਿਕ ਗਤੀਵਿਧੀਆਂ ਰਾਹੀਂ ਸਮਾਜ ਨੂੰ ਸਾਕਾਰਾਤਮਕ ਸੰਦੇਸ਼ ਦੇ ਰਹੇ ਹਨ।ਅਜਿਹੇ ਸਮਾਗਮ ਨਵੀਂ ਪੀੜ੍ਹੀ ਨੂੰ ਆਪਣੇ ਸੱਭਿਆਚਾਰ, ਪਰੰਪਰਾਵਾਂ ਅਤੇ ਸੰਸਕਾਰਾਂ ਨਾਲ ਜੋੜਨ ਦੇ ਨਾਲ-ਨਾਲ ਨੌਜਵਾਨਾਂ ਨੂੰ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਲਈ ਵੀ ਪ੍ਰੇਰਿਤ ਕਰਦੇ ਹਨ।ਪ੍ਰੋਗਰਾਮ ਦੇ ਅੰਤ ਵਿੱਚ ਮੁੱਖ ਮਹਿਮਾਨ ਨਰੇਸ਼ ਮਹਾਜਨ ਨਿਰਗੁਣ ਨੇ ਭਜਨ ਗਾਇਕਾਂ ਨੂੰ ਸਨਮਾਨਿਤ ਕੀਤਾ।ਇਸ ਮੌਕੇ ਅਮਿਤ ਕਨੌਜੀਆ, ਅਸ਼ਵਨੀ ਕਨੌਜੀਆ, ਤਰੁਣ ਕੁਮਾਰ, ਦਰਪਣ ਕੁਮਾਰ, ਨਿਸ਼ਚਿਤ ਕਨੌਜੀਆ, ਕੁਨਾਲ, ਸ਼ੰਟੀ, ਦੀਪੂ, ਸੁਰਿੰਦਰ ਸਮੇਤ ਕਲੱਬ ਦੇ ਹੋਰ ਮੈਂਬਰ ਵੀ ਹਾਜ਼ਰ ਸਨ।ਅੰਤ ਵਿੱਚ ਕਲੱਬ ਦੇ ਮੈਂਬਰਾਂ ਨੇ ਸਮਾਗਮ ਵਿੱਚ ਪਹੁੰਚੇ ਸਾਰੇ ਮਹਿਮਾਨਾਂ ਅਤੇ ਸ਼ਰਧਾਲੂਆਂ ਦਾ ਧੰਨਵਾਦ ਕੀਤਾ।

ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ 'ਚ ਇੰਟਰ ਹਾਊਸ ਮੁਕਾਬਲਾ ਆਯੋਜਿਤ

ਸੁਲਤਾਨਪੁਰ ਲੋਧੀ (ਹਨੀ)- ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਕੂਲ ਪ੍ਰਸ਼ਾਸਕ ਇੰਜੀ.



ਨਿਮਰਤਾ ਕੌਰ ਦੀ ਅਗਵਾਈ ਹੇਠ ਵਿਦਿਆਰਥੀਆਂ ਦੀ ਅੰਗਰੇਜ਼ੀ ਭਾਸ਼ਾ ਪ੍ਰਤੀ ਰੁਚੀ ਅਤੇ ਸਿਰਜਣਾਤਮਕ ਲੇਖਣੀ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਛੇਵੀਂ ਤੋਂ ਅੱਠਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਲਈ ਇੰਟਰ ਹਾਊਸ ਕ੍ਰੀਏਟਿਵ ਸਟੋਰੀ ਬਿਲਡਿੰਗ ਮੁਕਾਬਲਾ ਕਰਵਾਇਆ ਗਿਆ।ਮੁਕਾਬਲੇ ਦੌਰਾਨ ਚਾਰੇ ਹਾਊਸਾਂ ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲੈਂਦਿਆਂ ਸ਼ਾਨਦਾਰ ਪ੍ਰਦਰਸ਼ਨ ਕੀਤਾ। ਮੁਕਾਬਲੇ ਵਿੱਚ ਸਾਹਿਬਜ਼ਾਦਾ ਜੁਝਾਰ ਸਿੰਘ ਹਾਊਸ ਪਹਿਲੇ, ਸਾਹਿਬਜ਼ਾਦਾ ਅਜੀਤ ਸਿੰਘ ਹਾਊਸ ਦੂਜੇ ਅਤੇ ਸਾਹਿਬਜ਼ਾਦਾ ਫਤਿਹ ਸਿੰਘ ਤੇ ਸਾਹਿਬਜ਼ਾਦਾ ਜ਼ੋਰਾਵਰ ਸਿੰਘ ਹਾਊਸ ਸਾਂਝੇ ਤੌਰ 'ਤੇ ਤੀਜੇ ਸਥਾਨ 'ਤੇ ਰਿਹਾ। ਇਸ ਮੌਕੇ ਜੇਤੂ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀ. ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ ਅਤੇ ਸਕੂਲ ਡਾਇਰੈਕਟਰ ਇੰਜੀ. ਹਰਨਿਆਮਤ ਕੌਰ ਵੱਲੋਂ ਵਿਦਿਆਰਥੀਆਂ ਦੀ ਸ਼ਾਨਦਾਰ ਕਾਰਗੁਜ਼ਾਰੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਵਿੱਚ ਭਾਸ਼ਾਈ ਕੁਸ਼ਲਤਾ, ਆਤਮ-ਵਿਸ਼ਵਾਸ ਅਤੇ ਨਵੇਂ ਵਿਚਾਰਾਂ ਨੂੰ ਰਚਨਾਤਮਕ ਢੰਗ ਨਾਲ ਪੇਸ਼ ਕਰਨ ਦੀ ਸਮਰੱਥਾ ਵਿਕਸਿਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਹਨਾਂ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ।

ਲਾਈਫ ਕੇਅਰ ਫਾਊਂਡੇਸ਼ਨ ਵੱਲੋਂ ਚੈਰੀਟੇਬਲ ਲੈਬੋਰਟਰੀ ਦਾ ਮੁਫ਼ਤ ਜਾਂਚ ਕੈਂਪ 9 ਨੂੰ

ਬਿਆਸ (ਪਰਮਜੀਤ ਸਿੰਘ ਰੱਖੜਾ)- ਗੁਰਦੁਆਰਾ ਬਾਬਾ ਮਰਹਾਣਾ ਸਾਹਿਬ ਜੀ ਪਿੰਡ ਅਰਜਨ ਮਾਂਗਾ ਤਹਿਸੀਲ ਬਾਬਾ ਬਕਾਲਾ ਸਾਹਿਬ ਜ਼ਿਲ੍ਹਾ ਅਮ੍ਰਿਤਸਰ ਵਿਖੇ ਮਿਸ਼ਨ ਸਿਹਤਮੰਦ ਪੰਜਾਬ ਲਾਈਫ ਕੇਅਰ ਫਾਊਂਡੇਸ਼ਨ ਵੱਲੋਂ 9 ਨਵੰਬਰ ਦਿਨ ਸੋਮਵਾਰ ਨੂੰ ਚੈਰੀਟੇਬਲ ਲੈਬੋਰਟਰੀ ਦਾ ਮੁਫ਼ਤ ਜਾਂਚ ਕੈਂਪ ਲਗਾਇਆ ਜਾ ਰਿਹਾ ਹੈ।ਲਾਈਫ ਕੇਅਰ ਫਾਊਂਡੇਸ਼ਨ ਦੇ ਯੂਨਿਟ ਮੈਨੇਜਰ ਪਰਮਜੀਤ ਸਿੰਘ ਰੱਖੜਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਲਾਈਫ ਕੇਅਰ ਫਾਊਂਡੇਸ਼ਨ ਵੱਲੋਂ ਫ੍ਰੀ ਜਾਂਚ ਕੈਂਪ ਸਵੇਰੇ 7 ਵਜੇ ਤੋਂ ਦੁਪਹਿਰ 12 ਵਜੇ ਤੱਕ ਲਗਾਇਆ ਜਾਵੇਗਾ।ਇਸ ਕੈਂਪ ਵਿੱਚ ਲੋੜਵੰਦ ਮਰੀਜ਼ਾਂ ਦੇ ਕਿਡਨੀ ਦੇ 5 ਟੈਸਟ ਜਿਵੇਂ ਕਿ ਬਲੱਡ ਯੂਰੀਆ, ਬਲੱਡ ਯੂਰੀਆ ਨਾਈਟ੍ਰੋਜਨ, ਯੂਰਿਕ ਐਸਿਡ ਦਾ ਇੱਕ ਟੈਸਟ, ਬਲੱਡ ਗੁਲੂਕੋਜ਼/ਸ਼ੂਗਰ ਦਾ ਇੱਕ ਟੈਸਟ, ਬਿੱਲਕੁਲ ਮੁਫ਼ਤ ਕੀਤੇ ਜਾਣਗੇ ਅਤੇ ਬਾਕੀ ਦੇ ਟੈਸਟ ਬਾਜ਼ਾਰ ਨਾਲੋਂ 75% ਘੱਟ ਰੇਟ ਤੇ ਕੀਤੇ ਜਾਣਗੇ ।ਫੁੱਲ ਬਾਡੀ ਪੈਕਜ 600, 850,1000 ਅਤੇ 1500 ਰੁਪਏ ਵਿੱਚ ਕੀਤੇ ਜਾਣਗੇ ।ਟੈਸਟ ਕਰਾਉਣ ਵਾਲੀਆਂ ਸੰਗਤਾਂ ਨੂੰ ਖਾਲੀ ਪੇਟ ਆਉਣ ਦੀ ਸਲਾਹ ਦਿੰਦਿਆਂ ਲਾਈਫ ਕੇਅਰ ਫਾਊਂਡੇਸ਼ਨ ਦੇ ਮੈਨੇਜਰ ਪਰਮਜੀਤ ਸਿੰਘ ਰੱਖੜਾ ਨੇ ਦੱਸਿਆ ਕਿ ਚੈਰੀਟੇਬਲ ਲੈਬੋਰਟਰੀਆਂ ਦੇ ਬਲੱਡ ਸੈਂਪਲ ਕੁਲੈਕਸ਼ਨ ਸੈਂਟਰਾਂ ਤੇ ਸਾਰਾ ਮਹੀਨਾ ਸਵੇਰੇ 7 ਵਜੇ ਤੋਂ ਦੁਪਹਿਰ 12 ਵਜੇ ਤੱਕ ਖੁੱਲ੍ਹਦੇ ਹਨ ਜਿੱਥੇ ਲੋੜਵੰਦ ਵਿਅਕਤੀ ਬਹੁਤ ਹੀ ਘੱਟ ਰੇਟ ਤੇ ਆਪਣੇ ਖੂਨ ਦੇ ਟੈਸਟ ਕਰਵਾ ਸਕਦੇ ਹਨ ।

ਇਨਸਾਫ਼ ਦੀ ਆਵਾਜ਼ ਜਥੇਬੰਦੀ ਦੇ ਆਗੂ ਸ਼ਿਵ ਕੁਮਾਰ ਦਾ ਵਿਸ਼ੇਸ਼ ਸਨਮਾਨ


ਚੇਤਨਪੁਰਾ (ਸੁਖਵੰਤ ਚੇਤਨਪੁਰੀ)- ਵਰਲਡ ਹਿਊਮਨ ਰਾਈਟਸ ਰਿਸਰਚ ਕੌਂਸਲ (ਡਬਲਿਊ.ਐੱਚ.ਆਰ.ਆਰ.ਸੀ.) ਵੱਲੋਂ ਅੰਤਰਰਾਸ਼ਟਰੀ ਮਨੁੱਖੀ ਅਧਿਕਾਰ ਸੰਮੇਲਨ-2026 ਨਵੀਂ ਦਿੱਲੀ ਦੇ ਐੱਨ. ਡੀ. ਐੱਮ. ਸੀ. ਕਨਵੈਨਸ਼ਨ ਸੈਂਟਰ ਵਿਖੇ ਕਰਵਾਇਆ ਗਿਆ। ਇਸ ਸੰਮੇਲਨ ਦਾ ਉਦਘਾਟਨ ਭਾਰਤ ਦੀ ਸੁਪਰੀਮ ਕੋਰਟ ਦੀ ਸਾਬਕਾ ਜੱਜ ਜਸਟਿਸ ਇੰਦਰਾ ਬੈਨਰਜੀ ਵੱਲੋਂ ਕੀਤਾ ਗਿਆ, ਜਦਕਿ ਸਮਾਪਤੀ ਸਮਾਰੋਹ ਵਿੱਚ ਦਿੱਲੀ ਸਰਕਾਰ ਦੇ ਮਹਿਲਾ ਤੇ ਬਾਲ ਵਿਕਾਸ ਵਿਭਾਗ ਦੀ ਸਕੱਤਰ ਡਾ. ਰਸ਼ਮੀ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਸੰਮੇਲਨ ਦੌਰਾਨ ਨਿਆਂ, ਵਿਸ਼ਵ ਸ਼ਾਂਤੀ, ਮਨੁੱਖੀ ਮਾਣ-ਸਨਮਾਨ, ਸਮਾਨਤਾ ਅਤੇ ਸਮਾਜਿਕ ਜ਼ਿੰਮੇਵਾਰੀ ਵਰਗੇ ਅਹਿਮ ਵਿਸ਼ਿਆਂ ਉੱਤੇ ਵਿਚਾਰ-ਚਰਚਾ ਕੀਤੀ ਗਈ।ਇਸ ਮੌਕੇ ਨਿਆਂਪਾਲਿਕਾ, ਕਾਨੂੰਨੀ ਖੇਤਰ, ਸਿੱਖਿਆ, ਕੂਟਨੀਤੀ, ਸਮਾਜ ਸੇਵਾ ਅਤੇ ਕੌਮਾਂਤਰੀ ਨੀਤੀ ਨਾਲ ਸਬੰਧਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਭਾਗ ਲਿਆ। ਸੰਸਥਾ ਦੇ ਪ੍ਰਬੰਧਕਾਂ ਅਨੁਸਾਰ ਸੰਮੇਲਨ ਵਿੱਚ ਲਗਭਗ 80 ਵਿਦਵਾਨਾਂ ਅਤੇ ਮਾਹਿਰਾਂ ਸਮੇਤ ਕਰੀਬ ਦਸ ਦੇਸ਼ਾਂ ਦੇ ਨੁਮਾਇੰਦਿਆਂ ਨੇ ਸ਼ਮੂਲੀਅਤ ਕੀਤੀ।ਇਸ ਸਮੇਂ ਦੌਰਾਨ ਕੁੱਲ ਅੱਠ ਵਿਸ਼ੇਸ਼ ਸੈਸ਼ਨ ਕਰਵਾਏ ਗਏ, ਜਿਨ੍ਹਾਂ ਵਿੱਚ ਵਿਸ਼ਵ ਸ਼ਾਂਤੀ, ਮਨੁੱਖੀ ਅਧਿਕਾਰ, ਔਰਤਾਂ ਦੇ ਅਧਿਕਾਰ, ਕੈਦੀਆਂ ਦੇ ਹੱਕ, ਸਿੱਖਿਆ, ਖੁਰਾਕ ਸੁਰੱਖਿਆ, ਵਾਤਾਵਰਨ ਦੀ ਸੰਭਾਲ ਅਤੇ ਸਮਾਜਿਕ ਨਿਆਂ ਵਰਗੇ ਮਹੱਤਵਪੂਰਨ ਮੁੱਦਿਆਂ ਉਤੇ ਵਿਚਾਰ ਸਾਂਝੇ ਕੀਤੇ ਗਏ। ਪਹਿਲੇ ਸੈਸ਼ਨ ਵਿੱਚ ਉਦਘਾਟਨੀ ਸਮਾਰੋਹ ਅਤੇ ਵਿਸ਼ਵ ਸ਼ਾਂਤੀ ਦੇ ਵਿਸ਼ੇ ਨੂੰ ਕੇਂਦਰ ਵਿੱਚ ਰੱਖਿਆ ਗਿਆ।ਸੈਸ਼ਨ ਵਿੱਚ ਮੁੱਖ ਮਹਿਮਾਨ ਜਸਟਿਸ ਇੰਦਰਾ ਬੈਨਰਜੀ ਤੋਂ ਇਲਾਵਾ ਭਾਰਤ ਦੇ ਸਾਬਕਾ ਮੁੱਖ ਸੂਚਨਾ ਕਮਿਸ਼ਨਰ ਯਸ਼ਵਰਧਨ ਕੁਮਾਰ ਸਿਨਹਾ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ। ਸੰਮੇਲਨ ਦਾ ਮੁੱਖ ਉਦੇਸ਼ ਵਿਸ਼ਵ ਪੱਧਰ ਤੇ ਮਨੁੱਖੀ ਅਧਿਕਾਰਾਂ ਦੀ ਰਾਖੀ, ਸਮਾਜਿਕ ਬਰਾਬਰੀ, ਸ਼ਾਂਤੀ ਅਤੇ ਨਿਆਂ ਦੀ ਸਥਾਪਨਾ ਲਈ ਵਿਚਾਰਾਂ ਦਾ ਆਦਾਨ-ਪ੍ਰਦਾਨ ਕਰਨਾ ਅਤੇ ਇਨ੍ਹਾਂ ਮੁੱਦਿਆਂ ਪ੍ਰਤੀ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨਾ ਸੀ।ਇਸ ਮੌਕੇ ਸੰਸਥਾ ਵੱਲੋਂ ਅੰਮ੍ਰਿਤਸਰ ਤੋਂ ਇਨਸਾਫ਼ ਦੀ ਆਵਾਜ਼ ਜਥੇਬੰਦੀ ਦੇ ਆਗੂ ਸ਼ਿਵ ਕੁਮਾਰ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ।



ਨਿਰਮਲ ਸਿੰਘ ਦੂਜੇ ਕਿਸਾਨਾਂ ਲਈ ਬਣਿਆ ਮਿਸਾਲ

ਗੁਰਦਾਸਪੁਰ, (ਜਨਕ ਮਹਾਜਨ)- ਪੰਜਾਬ ਸਰਕਾਰ ਵਲੋਂ ਪਰਾਲੀ ਨੂੰ ਖੇਤਾਂ ਵਿੱਚ ਵਹਾ ਕੇ ਅਗਲੀ ਫਸਲ ਬੀਜਣ ਤਹਿਤ ਕੀਤੇ ਜਾ ਰਹੇ ਸਫਲ ਉਪਰਾਲਿਆਂ ਤਹਿਤ ਕਿਸਾਨਾਂ ਵੱਲੋਂ ਖੇਤੀਬਾੜੀ ਵਿਭਾਗ ਦੀਆਂ ਨਵੀਆਂ ਤਕਨੀਕਾਂ ਨਾਲ ਖੇਤੀ ਕੀਤੀ ਜਾ ਰਹੀ ਹੈ ਅਤੇ ਵਾਤਾਵਰਣ ਨੂੰ ਪ੍ਰਦੂਸ਼ਿਤ ਮੁਕਤ ਕਰਨ ਵਿਚ ਅਹਿਮ ਯੋਗਦਾਨ ਪਾਇਆ ਜਾ ਰਿਹਾ ਹੈ। ਪਰਾਲੀ ਨੂੰ ਨਾ ਸਾੜਨ ਵਾਲੇ ਸਫਲ ਅਗਾਂਹਵਧੂ ਕਿਸਾਨ ਸਰਪੰਚ ਨਿਰਮਲ ਸਿੰਘ ਪਿੰਡ ਅਗਵਾਨ ਕਲਾਨੌਰ ਨੇ ਦੱਸਿਆ ਕਿ ਉਹ ਆਪਣੇ 70 ਏਕੜ ਵਿਚ ਖੇਤੀ ਕਰਦਾ ਹੈ ਤੇ ਉਹ ਝੋਨੇ ਦੀ ਫਸਲ ਦੀ ਰਹਿੰਦ ਖੂੰਹਦ ਪੈਲੀ ਵਿੱਚ ਵਹਾ ਕੇ ਕਣਕ ਦੀ ਬਿਜਾਈ ਕਰ ਰਿਹਾ ਹੈ। ਕਿਸਾਨ ਨਿਰਮਲ ਸਿੰਘ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੀ ਅਗਵਾਈ ਹੇਠ ਡਾ. ਸ਼ਹਿਬਾਜ਼ ਸਿੰਘ ਚੀਮਾ ਮੁੱਖ ਖੇਤੀਬਾੜੀ ਅਫਸਰ ਵਲੋਂ ਕੀਤੇ ਜਾ ਰਹੇ ਉਪਰਾਲਿਆਂ ਨਾਲ ਉਹ ਕਣਕ ਦੀ ਸਿੱਧੀ ਬਿਜਾਈ ਕਰਨ ਲਈ ਪ੍ਰੇਰਿਤ ਹੋਇਆ ਹੈ। ਉਸਦਾ ਕਹਿਣਾ ਹੈ ਕਿ ਇਸ ਨਾਲ ਕੀਮਤੀ ਪਾਣੀ ਦੀ ਬਚਤ ਕੀਤੀ ਜਾ ਸਕਦੀ ਹੈ ਅਤੇ ਵਾਤਾਵਰਣ ਨੂੰ ਪ੍ਰਦੂਸ਼ਨ ਮੁਕਤ ਕੀਤਾ ਜਾ ਸਕਦਾ ਹੈ। ਉਹ ਪਿਛਲੇ 10 ਸਾਲ ਤੋਂ ਪਰਾਲੀ ਦੇ ਨਾੜ ਨੂੰ ਅੱਗ ਨਹੀਂ ਲਗਾ ਰਿਹਾ ਤੇ ਫਸਲ ਦੀ ਬਿਜਾਈ ਖੇਤੀਬਾੜੀ ਦੀਆਂ ਸਿਫਾਰਸ਼ਾਂ ਤੇ ਸੁਪਰਸੀਡਰ ਨਾਲ ਕਰ ਰਿਹਾ ਹੈ, ਜਿਸ ਨਾਲ ਜਿਥੇ ਉਹ ਧਰਤੀ ਦੀ ਉਪਜਾਊ ਸ਼ਕਤੀ ਬਰਕਰਾਰ ਰੱਖਣ ਵਿਚ ਸਫਲ ਹੋਇਆ ਹੈ ਉਸ ਦੇ ਨਾਲ-ਨਾਲ ਵਾਤਾਵਰਣ ਨੂੰ ਸਾਫ ਸੁਥਰਾ ਰੱਖਣ ਵਿਚ ਵੀ ਯੋਗਦਾਨ ਪਾ ਰਿਹਾ ਹੈ। ਡਾ. ਸ਼ਹਿਬਾਜ ਸਿੰਘ ਚੀਮਾ ਨੇ ਦੱਸਿਆ ਕਿ ਪਰਾਲੀ ਦੀ ਸੰਭਾਲ ਪ੍ਰਤੀ ਜਾਗਰੂਕ ਕਰਨ ਲਈ ਪਿੰਡ ਪੱਧਰ ਤਕ ਜਾਗਰੂਕਤਾ ਕੈਂਪ ਲਗਾਏ ਗਏ ਹਨ ਤੇ ਕਿਸਾਨਾਂ ਨੂੰ ਪਰਾਲੀ ਖੇਤਾਂ ਵਿਚ ਹੀ ਵਾਹੁਣ ਲਈ ਜਾਗਰੂਕ ਕੀਤਾ ਜਾ ਰਿਹਾ ਹੈ।

ਐੱਸ ਡੀ ਕਾਲਜ ਫਾਰ ਵੂਮੈਨ 'ਚ ਮਨਾਇਆ ਰਾਸ਼ਟਰੀ ਏਕਤਾ ਦਿਵਸ



ਸੁਲਤਾਨਪੁਰ ਲੋਧੀ, (ਹਨੀ) ਐੱਸ ਡੀ ਕਾਲਜ ਫਾਰ ਵੂਮੈਨ ਦੇ ਐੱਨ. ਐੱਸ. ਐੱਸ. ਵਿਭਾਗ, ਰੈੱਡ ਰਿਬਨ ਕਲੱਬ ਅਤੇ ਏਕ ਭਾਰਤ ਸ੍ਰੇਸ਼ਠ ਭਾਰਤ ਕਲੱਬ ਵੱਲੋਂ ਰਾਸ਼ਟਰੀ ਏਕਤਾ ਦਿਵਸ ਨੂੰ ਉਤਸ਼ਾਹ ਅਤੇ ਦੇਸ਼ ਭਗਤੀ ਦੀ ਭਾਵਨਾ ਨਾਲ ਮਨਾਉਣ ਲਈ ਸਹੁੰ ਚੁੱਕ ਸਮਾਗਮ ਦਾ ਆਯੋਜਨ ਕੀਤਾ ਜਿਸ ਦੀ ਅਗਵਾਈ ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਨੇ ਕੀਤੀ। ਸਮਾਗਮ ਭਾਰਤ ਦੇ ਲੋਹ ਪੁਰਸ਼ ਵਜੋਂ ਜਾਣੇ ਜਾਂਦੇ ਸਰਦਾਰ ਵੱਲਭ ਭਾਈ ਪਟੇਲ ਦੀ ਜਨਮ ਵਰ੍ਹੇਗੰਢ ਨੂੰ ਸਮਰਪਤ ਰਿਹਾ ।ਇਸ ਮੌਕੇ ਫੈਕਲਟੀ ਮੈਂਬਰਾਂ ਅਤੇ ਵਿਦਿਆਰਥੀਆਂ ਨੇ ਸਹੁੰ ਚੁੱਕ ਸਮਾਗਮ ਵਿੱਚ ਸਰਗਰਮੀ ਨਾਲ ਹਿੱਸਾ ਲਿਆ ਅਤੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਸੁਰੱਖਿਆ ਨੂੰ ਬਰਕਰਾਰ ਰੱਖਣ ਦੀ ਸਹੁੰ ਚੁੱਕੀ।ਉਨ੍ਹਾਂ ਨੇ ਨਾਗਰਿਕਾਂ ਵਿੱਚ ਰਾਸ਼ਟਰੀ ਏਕਤਾ, ਫਿਰਕੂ ਸਦਭਾਵਨਾ, ਭਾਈਚਾਰਾ ਅਤੇ ਆਪਸੀ ਸਤਿਕਾਰ ਨੂੰ ਉਤਸ਼ਾਹਿਤ ਕਰਨ ਦਾ ਵਾਅਦਾ ਕੀਤਾ।ਇਸ ਸਮਾਰੋਹ ਨੇ ਵਿਭਿੰਨਤਾ ਵਿੱਚ ਏਕਤਾ ਦੇ ਮਹੱਤਵ ਨੂੰ ਉਜਾਗਰ ਕੀਤਾ ਅਤੇ ਸਾਰਿਆਂ ਨੂੰ ਇੱਕ ਮਜ਼ਬੂਤ, ਸ਼ਾਂਤੀਪੂਰਨ ਅਤੇ ਸੰਯੁਕਤ ਭਾਰਤ ਬਣਾਉਣ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ।ਇਹ ਪ੍ਰੋਗਰਾਮ ਮੈਡਮ ਸੁਨੀਤਾ ਕਲੇਰ, ਐੱਨ. ਐੱਸ. ਐੱਸ. ਪ੍ਰੋਗਰਾਮ ਅਫਸਰ ਅਤੇ ਰੈੱਡ ਰਿਬਨ ਕਲੱਬ ਅਤੇ ਏਕ ਭਾਰਤ ਸ੍ਰੇਸ਼ਠ ਭਾਰਤ ਕਲੱਬ ਦੇ ਇੰਚਾਰਜ ਦੀ ਨਿਗਰਾਨੀ ਹੇਠ ਆਯੋਜਿਤ ਕੀਤਾ ਗਿਆ ਸੀ।

ਐੱਮ. ਜੀ. ਐੱਨ. ਪਬਲਿਕ ਸਕੂਲ ਨੇ 52ਵਾਂ ਸਾਲਾਨਾ ਸਮਾਗਮ ਮਨਾਇਆ

ਜਲੰਧਰ (ਇਕਬਾਲ ਸਿੰਘ ਉਭੀ)- ਸਥਾਨਕ ਐੱਮ. ਜੀ. ਐੱਨ. ਪਬਲਿਕ ਸਕੂਲ, ਆਦਰਸ਼ ਨਗਰ ਵਿਖੇ 52ਵਾਂ ਸਾਲਾਨਾ ਸਮਾਗਮ ਮਨਾਇਆ ਗਿਆ।ਇਸ ਮੌਕੇ ਸੰਸਥਾਪਕ ਟਰੱਸਟੀ ਜਰਨੈਲ ਸਿੰਘ ਪਸਰੀਚਾ, ਰਮਨੀਕ ਸਿੰਘ ਕਾਲੜਾ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਸਮਾਗਮ ਵਿੱਚ ਬਿਹਾਰ ਦੇ ਬਕਸਰ ਜ਼ਿਲ੍ਹੇ ਦੀ ਮੈਜਿਸਟ੍ਰੇਟ ਸ਼੍ਰੀਮਤੀ ਸਾਹਿਲਾ ਹੀਰ ਨੇ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕੀਤੀ, ਟੋਰਾਂਟੋ (ਕੈਨੇਡਾ) ਸਥਿਤ ਡੋਰਡੈਸ਼ ਟੈਕਨੋਲੋਜੀਜ਼ ਦੇ ਜਨਰਲ ਮੈਨੇਜਰ ਅਜੈਵੀਰ ਸਿੰਘ ਰੰਧਾਵਾ ਵਿਸ਼ੇਸ਼ ਮਹਿਮਾਨ ਅਤੇ ਪੇਂਡੂ ਵਿਕਾਸ ਵਿਭਾਗ ਦੀ ਏ. ਡੀ. ਸੀ. (143) ਸ਼੍ਰੀਮਤੀ ਦਿਵਿਆ ਪੀ. ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਇਸ ਤੋਂ ਇਲਾਵਾ ਪਰਵਿੰਦਰ ਕੌਰ ਵਾਲੀਆ ਪ੍ਰਿੰਸੀਪਲ ਐੱਮ.ਜੀ.ਐੱਨ ਕਪੂਰਥਲਾ, ਰਾਜੀਵ ਬੁਧਰਾਜ ਪ੍ਰਿੰਸੀਪਲ ਅਰਬਨ ਇਸਟੇਟ ਜਲੰਧਰ ਨੇ ਸਮਾਗਮ 'ਚ ਵਿਸ਼ੇਸ਼ ਸ਼ਿਰਕਤ ਕੀਤੀ ।ਸਕੂਲ ਦੇ ਪ੍ਰਿੰਸੀਪਲ ਕੰਵਲਜੀਤ ਸਿੰਘ ਰੰਧਾਵਾ, ਪ੍ਰਾਇਮਰੀ ਵਿੰਗ ਦੀ ਅਕਾਦਮਿਕ ਕੋਆਰਡੀਨੇਟਰ ਸੰਗੀਤਾ ਭਾਟੀਆ, ਸੀ.ਬੀ.ਐੱਸ.ਈ. ਕੋਆਰਡੀਨੇਟਰ ਇੰਦਰਪ੍ਰੀਤ ਕੌਰ ਵੱਲੋਂ ਪਤਵੰਤੇ ਮਹਿਮਾਨਾਂ ਦਾ ਨਿੱਘਾ ਸਵਾਗਤ ਕੀਤਾ ਗਿਆ।ਸਮਾਗਮ ਦੀ ਸ਼ੁਰੂਆਤ ਸਕੂਲ ਸ਼ਬਦ ਗਾਇਨ ਨਾਲ ਕੀਤੀ ਗਈ। 'ਮੋਜ਼ੇਕ-ਵੱਖ-ਵੱਖ ਟੁਕੜੇ, ਇੱਕ ਸ਼ਾਨਦਾਰ ਰਚਨਾ' ਵਿਸ਼ੇ ਤੇ ਅਧਾਰਤ ਸੱਭਿਆਚਾਰਕ ਪ੍ਰੋਗਰਾਮ ਨੇ ਸ਼ਾਂਤੀ, ਅਨੇਕਤਾ ਵਿੱਚ ਏਕਤਾ ਦਾ ਇੱਕ ਪ੍ਰਭਾਵਸ਼ਾਲੀ ਸੰਦੇਸ਼ ਦਿੱਤਾ।ਵਿਦਿਆਰਥੀਆਂ ਦੁਆਰਾ ਪੇਸ਼ ਕੀਤੇ ਗਏ ਮਨਮੋਹਕ ਨਾਟਕ, ਸੰਗੀਤ, ਨਾਚ ਅਤੇ ਭੰਗੜੇ ਨੇ ਦਰਸ਼ਕਾਂ ਨੂੰ ਮੰਤਰ-ਮੁਗਧ ਕਰ ਦਿੱਤਾ। ਪ੍ਰਿੰਸੀਪਲ ਨੇ ਸਕੂਲ ਦੀ ਸਾਲਾਨਾ ਰਿਪੋਰਟ ਪੇਸ਼ ਕੀਤੀ, ਜਿਸ ਵਿੱਚ ਵੱਖ-ਵੱਖ ਖੇਤਰਾਂ ਵਿੱਚ ਸਕੂਲ ਦੀਆਂ ਪ੍ਰਾਪਤੀਆਂ ਅਤੇ ਮੀਲ ਪੱਥਰਾਂ ਨੂੰ ਉਜਾਗਰ ਕੀਤਾ ਗਿਆ।



ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਪ੍ਰਾਪਤੀਆਂ ਅਤੇ ਲਗਨ ਲਈ ਪਤਵੰਤੇ ਮਹਿਮਾਨਾਂ ਦੁਆਰਾ ਸਨਮਾਨਿਤ ਕੀਤਾ ਗਿਆ।ਮੁੱਖ ਮਹਿਮਾਨ ਵਿਸ਼ੇਸ਼ ਮਹਿਮਾਨ ਅਤੇ ਪ੍ਰਸ਼ਾਸਕਾਂ ਨੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਸਕੂਲ ਦੇ ਯਤਨਾਂ ਦੀ ਸ਼ਲਾਘਾ ਕੀਤੀ ।

ਸਵੀਪ ਗਤੀਵਿਧੀਆਂ ਤਹਿਤ ਮਹਿੰਦੀ ਸਜਾਉਣ ਦੇ ਮੁਕਾਬਲੇ ਕਰਵਾਏ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਮਾਣਯੋਗ ਜਿਲ੍ਹਾ ਚੋਣ ਦਫਤਰ ਗੁਰਦਾਸਪੁਰ ਦੇ ਹੁਕਮ ਅਨੁਸਾਰ ਵਿਧਾਨ ਸਭਾ ਹਲਕਾ-10 ਡੇਰਾ ਬਾਬਾ ਨਾਨਕ ਵਿਖੇ ਸਵੀਪ ਗਤੀਵਿਧੀਆਂ ਕਰਵਾਈਆਂ ਗਈਆਂ।ਇਸ ਲੜੀ ਤਹਿਤ ਵਿਧਾਨ ਸਭਾ ਹਲਕੇ ਦੇ ਲਗਭਗ 25 ਤੋਂ 30 ਸੀਨੀਅਰ ਸੈਕੰਡਰੀ ਸਮਾਰਟ ਸਕੂਲਾਂ ਵਿੱਚ ਮਹਿੰਦੀ ਮੁਕਾਬਲੇ ਕਰਵਾਏ ਗਏ ਅਤੇ ਵੋਟਰਾਂ ਨੂੰ ਵੋਟ ਦੇ ਮਹੱਤਵ ਸਬੰਧੀ ਜਾਣਕਾਰੀ ਦਿੱਤੀ ਗਈ।ਇਸ ਦੇ ਨਾਲ-ਨਾਲ 18 ਸਾਲ ਦੀ ਉਮਰ ਪੂਰੀ ਕਰ ਚੁੱਕੇ ਸਕੂਲ ਦੇ ਵਿਦਿਆਰਥੀਆਂ ਨੂੰ ਇਲੈਕਟੋਰਲ ਲਿਟਰੇਸੀ ਕਲੱਬ ਦੀ ਮਦਦ ਨਾਲ ਆਪਣੀ ਵੋਟ ਬਣਾਉਣ ਵਿੱਚ ਮਦਦ ਕੀਤੀ ਗਈ ,ਜਿਸ ਦੀ ਅਗਵਾਈ ਪ੍ਰਿੰਸੀਪਲ ਮੈਡਮ ਰੁਪਿੰਦਰਜੀਤ ਧਾਲੀਵਾਲ-ਕਮ-ਸਵੀਪ ਨੋਡਲ ਅਫਸਰ ਵੱਲੋਂ ਕੀਤੀ ਗਈ।ਇਸ ਮੌਕੇ ਉਨ੍ਹਾਂ ਵੱਲੋਂ ਵਿਦਿਆਰਥੀਆਂ ਨੂੰ ਦੱਸਿਆ ਗਿਆ ਕਿ ਇਲੈਕਸ਼ਨ ਵਿਭਾਗ ਵੱਲੋਂ ਵੋਟਰਾਂ ਨੂੰ ਜਾਗਰੂਕ ਕਰਨ ਲਈ ਸਵੀਪ ਪ੍ਰੋਗਰਾਮ ਤਹਿਤ ਇਲੈਸ਼ਨ ਨਾਲ ਸਬੰਧਤ ਹੋਰ ਵੀ ਗਤੀਵਿਧੀਆਂ ਸਮੇਂ ਸਮੇਂ 'ਤੇ ਕਰਵਾਈਆਂ ਜਾ ਰਹੀਆਂ ਹਨ ।ਇਸ ਮੌਕੇ ਅਰੁਣ ਕੁਮਾਰ (ਸਾਇੰਸ ਮਾਸਟਰ), ਮੈਡਮ ਡੌਲੀ ਲੈਕਚਰਾਰ



ਸਸਸਸ ਕਲਾਨੌਰ, ਸੁਖਪਾਲ ਸਿੰਘ ਹਿੰਦੀ ਮਾਸਟਰ, ਜਗਜੀਤ ਸਿੰਘ ਕੰਪਿਊਟਰ ਫੈਕਲਟੀ, ਮੈਡਮ ਸੰਧਿਆ ਸਸਸਸ ਲੜਕੇ ਡੇਰਾ ਬਾਬਾ ਨਾਨਕ ਆਦਿ ਹਾਜ਼ਰ ਸਨ ।

ਨਵਾਂ ਜ਼ਮਾਨਾ
ਵੀਰਵਾਰ, 5 ਨਵੰਬਰ 2026

ਪੱਤਰਕਾਰਾਂ ਦੇ ਸ਼ਿਕਾਰੀ

ਦੌਲਤ ਕਮਾਉਣ ਵਿੱਚ ਨਾਂਅ ਕਮਾਉਣ ਵਾਲੇ ਗੌਤਮ ਅਡਾਨੀ ਦੀ ਤਸਵੀਰ ਰਿਪੋਰਟਰਜ਼ ਸੈਨਜ਼ ਫਰੰਟੀਅਰਜ਼ (ਆਰ ਐੱਸ ਐੱਫ) ਨੇ ਆਪਣੀ 2026 ਦੀ ਪ੍ਰੈੱਸ ਫਰੀਡਮ ਪ੍ਰੀਡੇਟਰਜ਼ ਸੂਚੀ ਵਿੱਚ 33 ਪ੍ਰਮੁੱਖ ਵਿਸ਼ਵ ਸ਼ਖਸੀਅਤਾਂ ਅਤੇ ਕੰਪਨੀਆਂ ਦੇ ਨਾਲ ਸ਼ਾਮਲ ਕੀਤੀ ਹੈ, ਜਿਹੜੇ ਆਪਣੇ ਵਿਰੁੱਧ ਲਿਖਣ-ਬੋਲਣ ਵਾਲਿਆਂ ਦਾ ਸ਼ਿਕਾਰ ਕਰਦੇ ਹਨ। ਇਸ ਸਾਲ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਵੀ ਪਹਿਲੀ ਵਾਰ ਸੂਚੀ ਵਿੱਚ ਥਾਂ ਬਣਾਈ ਹੈ। ਸੁਤੰਤਰ ਮੀਡੀਆ ਦੀ ਆਲੋਚਨਾ ਕਰਨ ਵਾਲੀ ਅਤੇ ਸਥਾਪਤੀ-ਪੱਖੀ ਵਿਚਾਰਾਂ ਨੂੰ ਉਤਸ਼ਾਹਤ ਕਰਨ ਵਾਲੀ ਸੰਸਥਾ ਓਪਇੰਡੀਆ ਨੂੰ ਇੱਕ ਵਾਰ ਫਿਰ ਸੂਚੀ ਵਿੱਚ ਸ਼ਾਮਲ ਕੀਤਾ ਗਿਆ ਹੈ। ਆਰ ਐੱਸ ਐੱਫ ਇਹ ਸੂਚੀ ਪੱਤਰਕਾਰਾਂ ਵਿਰੁੱਧ ਅਪਰਾਧਾਂ 'ਚ ਦੰਡਮੁਕਤੀ ਨੂੰ ਖਤਮ ਕਰਨ ਦੇ ਕੌਮਾਂਤਰੀ ਦਿਵਸ, ਜੋ ਕਿ ਹਰ ਸਾਲ 2 ਨਵੰਬਰ ਨੂੰ ਹੁੰਦਾ ਹੈ, ਨੂੰ ਮਨਾਉਣ ਲਈ ਜਾਰੀ ਕਰਦਾ ਹੈ। ਇਸ ਨੇ 2026 ਵਿੱਚ ਪੱਤਰਕਾਰਾਂ ਅਤੇ ਮੀਡੀਆ ਆਉਟਲੈਟਾਂ ਨੂੰ ਨਿਸ਼ਾਨਾ ਬਣਾਉਣ ਵਾਲੇ ਜਿਨ੍ਹਾਂ 33 ਵਿਅਕਤੀਆਂ ਅਤੇ ਸੰਗਠਨਾਂ ਦੀ ਸੂਚੀ ਬਣਾਈ ਹੈ, ਉਨ੍ਹਾਂ ਸਾਰਿਆਂ ਵਿੱਚ ਇੱਕ ਚੀਜ਼ ਸਾਂਝੀ ਹੈ : ਪ੍ਰੈੱਸ ਦੀ ਆਜ਼ਾਦੀ ਪ੍ਰਤੀ ਨਫਰਤ।

ਇਹ ਸੂਚੀ ਪੱਤਰਕਾਰੀ ਨੂੰ ਦਬਾਉਣ ਲਈ ਵਰਤੇ ਜਾਣ ਵਾਲੇ ਵੱਖ-ਵੱਖ ਅਤੇ ਬੇਰਹਿਮ ਤਰੀਕਿਆਂ ਨੂੰ ਉਜਾਗਰ ਕਰਦੀ ਹੈ। ਇਸ ਵਿੱਚ ਭਾਰਤ ਤੋਂ ਦੋ ਨਾਂਅ ਸ਼ਾਮਲ ਹਨ। ਪਹਿਲਾ ਗੌਤਮ ਅਡਾਨੀ ਹੈ, ਜੋ ਕਾਰਪੋਰੇਟ ਮਹਾਰਥੀ ਅਡਾਨੀ ਗਰੁੱਪ ਦੀ ਨੁਮਾਇੰਦਗੀ ਕਰਦਾ ਹੈ ਤੇ ਦੂਜਾ ਓਪਇੰਡੀਆ, ਜੋ ਸਰਕਾਰ ਦੀ ਨੁਕਤਾਚੀਨੀ ਕਰਨ ਵਾਲੇ ਪੱਤਰਕਾਰਾਂ ਨੂੰ ਨਿਸ਼ਾਨਾ ਬਣਾਉਂਦੀ ਹੈ।

ਆਰ ਐੱਸ ਐੱਫ ਮੁਤਾਬਕ ਅਡਾਨੀ ਗਰੁੱਪ ਮੀਡੀਆ ਦਾ 'ਸ਼ਿਕਾਰੀ' ਹੈ, ਜੋ ਪੱਤਰਕਾਰਾਂ ਨੂੰ ਚੁੱਪ ਕਰਾਉਣ ਲਈ ਮੁਕੱਦਮੇ ਚਲਾਉਂਦਾ ਹੈ। ਭਾਰਤ ਵਿੱਚ ਪੱਤਰਕਾਰਾਂ ਵਿਰੁੱਧ ਅਜੇ ਵੀ ਅਡਾਨੀ ਗਰੁੱਪ ਅਤੇ ਇਸ ਦੀਆਂ ਸਹਾਇਕ ਕੰਪਨੀਆਂ ਨਾਲ ਸੰਬੰਧਤ ਖਬਰਾਂ ਅਤੇ ਰਿਪੋਰਟਿੰਗ ਨਾਲ ਸੰਬੰਧਤ 11 ਦੀਵਾਨੀ ਅਤੇ ਫੌਜਦਾਰੀ ਮਾਮਲੇ ਚੱਲ ਰਹੇ ਹਨ। ਅਡਾਨੀ ਗਰੁੱਪ ਉਨ੍ਹਾਂ ਬਹੁਤ ਸਾਰਿਆਂ ਵਿੱਚੋਂ ਇੱਕ ਹੈ, ਜੋ ਉਨ੍ਹਾਂ ਜਾਂ ਉਨ੍ਹਾਂ ਦੇ ਸਿਸਟਮ ਦੀ ਆਲੋਚਨਾ ਕਰਨ ਵਾਲੇ ਪੱਤਰਕਾਰਾਂ ਨੂੰ ਨਿਸ਼ਾਨਾ ਬਣਾਉਣ ਲਈ 'ਕਾਨੂੰਨੀ ਯੁੱਧ' ਦੀ ਵਰਤੋਂ ਕਰਦੇ ਹਨ। ਇਸੇ ਤਰ੍ਹਾਂ ਓਪਇੰਡੀਆ ਸੱਤਾਧਾਰੀ ਲੋਕਾਂ ਦੁਆਰਾ ਸਪਾਂਸਰ ਕੀਤੇ ਜਾਂ ਸਮਰਥਤ ਡਿਜੀਟਲ ਹਮਲਿਆਂ ਰਾਹੀਂ ਸੁਤੰਤਰ ਪੱਤਰਕਾਰੀ ਵਿਰੁੱਧ ਨਫਰਤ ਫੈਲਾਉਂਦੀ ਹੈ। ਜਨਵਰੀ ਤੋਂ ਸਤੰਬਰ 2025 ਦੇ ਵਿਚਕਾਰ, ਵੈੱਬਸਾਈਟ ਨੇ ਪੱਤਰਕਾਰਾਂ ਅਤੇ ਮੀਡੀਆ ਸੰਗਠਨਾਂ ਨੂੰ ਨਿਸ਼ਾਨਾ ਬਣਾਉਂਦੇ ਹੋਏ 91 ਲੇਖ ਪ੍ਰਕਾਸ਼ਤ ਕੀਤੇ ਸਨ। ਇਨ੍ਹਾਂ ਵਿੱਚੋਂ 43 ਲੇਖ ਵਿਸ਼ੇਸ਼ ਤੌਰ 'ਤੇ ਪੰਜ ਪੱਤਰਕਾਰਾਂ ਵਿਰੁੱਧ ਸਨ। 'ਸਟਾਪ ਫੰਡਿੰਗ ਹੇਟ' ਮੁਹਿੰਮ ਕਾਰਨ ਓਪਇੰਡੀਆ ਦੇ ਫੰਡਿੰਗ ਬੰਦ ਹੋਣ ਦੇ ਬਾਵਜੂਦ, ਇਸ ਨੂੰ ਅਜੇ ਵੀ ਗੂਗਲ ਐਡਸੈਂਸ ਅਤੇ ਹੋਰ ਸਰੋਤਾਂ ਤੋਂ ਸਮਰਥਨ ਮਿਲ ਰਿਹਾ ਹੈ। ਆਰ ਐੱਸ ਐੱਫ ਦੇ ਸੰਪਾਦਕੀ ਨਿਰਦੇਸ਼ਕ ਐਨੀ ਬੌਕੈਂਡੇ ਨੇ ਕਿਹਾ, "ਓਪਇੰਡੀਆ ਭਾਰਤ ਵਿੱਚ ਪੱਤਰਕਾਰਾਂ ਵਿਰੁੱਧ ਯੋਜਨਾਬੱਧ ਪਰੇਸ਼ਾਨੀ ਦਾ ਇੱਕ ਮੁੱਖ ਹਿੱਸਾ ਹੈ, ਜੋ ਉਨ੍ਹਾਂ ਨੂੰ ਅਸਲ ਖਤਰੇ ਵਿੱਚ ਪਾਉਂਦੀ ਹੈ। ਓਪਇੰਡੀਆ 'ਤੇ ਸਭ ਤੋਂ ਵੱਧ ਨਿਸ਼ਾਨਾ ਬਣਾਏ ਗਏ ਪੱਤਰਕਾਰਾਂ ਵਿੱਚ ਰਾਜਦੀਪ ਸਰਦੇਸਾਈ : ਸਲਾਹਕਾਰ ਸੰਪਾਦਕ ਅਤੇ ਐਂਕਰ, ਇੰਡੀਆ ਟੂਡੇ-36 ਲੇਖ, ਅਰਫਾ ਖਾਨਮ ਸ਼ੇਰਵਾਨੀ : ਪੱਤਰਕਾਰ 'ਦੀ ਵਾਇਰ'-18 ਲੇਖ, ਮੁਹੰਮਦ ਜ਼ੁਬੈਰ : ਤੱਥ-ਜਾਂਚ ਵੈੱਬਸਾਈਟ ਆਲਟ ਨਿਊਜ਼ ਦੇ ਸਹਿ-ਸੰਸਥਾਪਕ-15 ਲੇਖ, ਮਹੇਸ਼ ਲੰਗਾ : ਪੱਤਰਕਾਰ 'ਦੀ ਹਿੰਦੂ'-13 ਲੇਖ, ਰਵੀਸ਼ ਕੁਮਾਰ : ਆਜ਼ਾਦ ਪੱਤਰਕਾਰ-11 ਲੇਖ, ਰਾਣਾ ਅਯੂਬ : ਕਾਲਮਨਵੀਸ, ਵਾਸ਼ਿੰਗਟਨ ਪੋਸਟ ਅਤੇ ਪ੍ਰਬੀਰ ਪੁਰਕਾਇਸਥ : ਮੁੱਖ ਸੰਪਾਦਕ, ਨਿਊਜ਼ਕਲਿਕ-10-10 ਲੇਖ ਸ਼ਾਮਲ ਹਨ। ਦੀ ਵਾਇਰ, ਨਿਊਜ਼ਕਲਿਕ ਅਤੇ ਨਿਊਜ਼ਲਾਂਡਰੀ ਮੁੱਖ ਨਿਸ਼ਾਨਿਆਂ ਵਿੱਚੋਂ ਇੱਕ ਸਨ, ਜਿਨ੍ਹਾਂ ਵਿਰੁੱਧ ਇਸ ਸਮੇਂ ਦੌਰਾਨ ਕ੍ਰਮਵਾਰ 32, 17 ਅਤੇ 16 ਅਪਮਾਨਜਨਕ ਲੇਖ ਪ੍ਰਕਾਸ਼ਤ ਹੋਏ।

ਆਰ ਐੱਸ ਐੱਫ ਮੁਤਾਬਕ ਭਾਰਤ ਆਜ਼ਾਦੀ ਲਈ ਸਭ ਤੋਂ ਵੱਧ ਜੋਖਮ ਵਾਲੇ ਦੇਸ਼ਾਂ ਵਿੱਚੋਂ ਇੱਕ ਹੈ। ਵਰਲਡ ਪ੍ਰੈੱਸ ਫਰੀਡਮ ਇੰਡੈਕਸ ਦੇ ਇਤਿਹਾਸ ਵਿੱਚ ਪਹਿਲੀ ਵਾਰ ਦੁਨੀਆ ਦੇ ਅੱਧੇ ਤੋਂ ਵੱਧ ਦੇਸ਼ ਹੁਣ ਪ੍ਰੈੱਸ ਦੀ ਆਜ਼ਾਦੀ ਲਈ 'ਮੁਸ਼ਕਲ' ਜਾਂ 'ਬਹੁਤ ਗੰਭੀਰ' ਸ਼੍ਰੇਣੀ ਵਿੱਚ ਹਨ। ਰਿਪੋਰਟ ਮੁਤਾਬਕ ਟਰੰਪ ਪ੍ਰਸ਼ਾਸਨ ਨੇ ਪੱਤਰਕਾਰਾਂ ਦੀ ਸਰਕਾਰੀ ਅਤੇ ਫੌਜੀ ਸੰਸਥਾਵਾਂ ਤੱਕ ਪਹੁੰਚ ਨੂੰ ਸੀਮਤ ਕਰ ਦਿੱਤਾ ਹੈ, ਜਨਤਕ ਪ੍ਰਸਾਰਕਾਂ ਦੀ ਆਜ਼ਾਦੀ ਨੂੰ ਕਮਜ਼ੋਰ ਕੀਤਾ ਹੈ ਅਤੇ ਪ੍ਰਸਾਰਣ ਰੈਗੂਲੇਟਰੀ ਸੰਸਥਾ ਨੂੰ ਪ੍ਰੈੱਸ ਦੇ ਵਿਰੁੱਧ ਇੱਕ ਹਥਿਆਰ ਵਜੋਂ ਵਰਤਿਆ ਹੈ।

ਪੰਜਾਬ ਦੀ ਸਹਿਕਾਰੀ ਲਹਿਰ 'ਤੇ ਨਵਾਂ ਸੰਕਟ

ਦਰਸ਼ਨ ਸਿੰਘ ਗੁਰਨੇ ਕਲਾਂ

ਪੰਜਾਬ ਦਾ ਸਮਾਜਿਕ ਅਤੇ ਆਰਥਿਕ ਤਾਣਾ-ਬਾਣਾ ਖੇਤੀਬਾੜੀ ਦੇ ਧੁਰੇ ਦੁਆਲੇ ਘੁੰਮਦਾ ਹੈ। ਵੀਹਵੀਂ ਸਦੀ ਦੇ ਆਰੰਭ ਵਿੱਚ ਜਦੋਂ ਪੇਂਡੂ ਭਾਰਤ ਰਵਾਇਤੀ ਸ਼ਾਹੂਕਾਰਾਂ (ਸੂਦਖੋਰਾਂ) ਦੇ ਭਿਆਨਕ ਕਰਜ਼ੇ ਦੇ ਜਾਲ ਵਿੱਚ ਫਸਿਆ ਹੋਇਆ ਸੀ, ਉਸ ਸਮੇਂ ਕਿਸਾਨਾਂ ਨੂੰ ਆਰਥਿਕ ਮੁਕਤੀ ਦਿਵਾਉਣ ਲਈ ਸਹਿਕਾਰੀ ਲਹਿਰ (ਕੋਆਪ੍ਰੇਟਿਵ ਮੂਵਮੈਂਟ) ਹੋਂਦ ਵਿੱਚ ਆਈ। 1904 ਦੇ ਕੋਆਪ੍ਰੇਟਿਵ ਕ੍ਰੈਡਿਟ ਸੋਸਾਇਟੀਜ਼ ਐਕਟ ਨੇ ਪੇਂਡੂ ਸਹਿਕਾਰੀ ਸਭਾਵਾਂ ਦੀ ਬੁਨਿਆਦ ਰੱਖੀ। ਇਸ ਲਹਿਰ ਦਾ ਮੁੱਢਲਾ ਸਿਧਾਂਤ 'ਸਭ ਇੱਕ ਲਈ ਅਤੇ ਇੱਕ ਸਭ ਲਈ' ਸੀ। ਇਹ ਕੋਈ ਵਪਾਰਕ ਕੰਪਨੀ ਨਹੀਂ ਸੀ, ਸਗੋਂ ਪਿੰਡ ਦੇ ਆਮ ਕਿਸਾਨਾਂ, ਮਜ਼ਦੂਰਾਂ ਅਤੇ ਕਾਮਿਆਂ ਵੱਲੋਂ ਆਪਸੀ ਭਾਈਵਾਲੀ ਨਾਲ ਬਣਾਇਆ ਗਿਆ ਇੱਕ ਸਾਂਝਾ ਵਿੱਤੀ ਤੰਤਰ ਸੀ।

ਆਜ਼ਾਦੀ ਤੋਂ ਬਾਅਦ, ਵਿਸ਼ੇਸ਼ ਕਰਕੇ 1960ਵਿਆਂ ਦੇ ਹਰੇ ਇਨਕਲਾਬ ਦੌਰਾਨ ਪੰਜਾਬ ਦੀਆਂ ਪ੍ਰਾਇਮਰੀ ਐਗਰੀਕਲਚਰਲ ਕ੍ਰੈਡਿਟ ਸੁਸਾਇਟੀਆਂ ਨੇ ਦੇਸ਼ ਨੂੰ ਅੰਨ ਸੰਕਟ ਵਿੱਚੋਂ ਕੱਢਣ ਲਈ ਅਹਿਮ ਯੋਗਦਾਨ ਪਾਇਆ। ਹਰੇ ਇਨਕਲਾਬ ਦੇ ਮਾਡਲ ਵਿੱਚ ਬੀਜ, ਰਸਾਇਣਕ ਖਾਦਾਂ, ਕੀਟਨਾਸ਼ਕ ਅਤੇ ਮਸ਼ੀਨਰੀ ਦੀ ਖਪਤ ਅਚਾਨਕ ਵਧ ਗਈ, ਜਿਸ ਲਈ ਕਿਸਾਨ ਨੂੰ ਨਕਦ ਪੂੰਜੀ ਦੀ ਲੋੜ ਸੀ। ਉਸ ਨਾਜ਼ੁਕ ਦੌਰ ਵਿੱਚ ਪਿੰਡਾਂ 'ਚ ਖੁੱਲ੍ਹੀਆਂ ਸਹਿਕਾਰੀ ਸਭਾਵਾਂ ਕਿਸਾਨ ਦੀ ਰੀੜ੍ਹ ਦੀ ਹੱਡੀ ਬਣੀਆਂ। ਇਹ ਸਭਾਵਾਂ ਨਾ ਸਿਰਫ਼ ਸਸਤੀ ਦਰ ਉੱਤੇ ਨਕਦ ਕਰਜ਼ਾ ਦਿੰਦੀਆਂ ਸਨ, ਸਗੋਂ ਮਿਆਰੀ ਯੂਰੀਆ, ਡੀ ਏ ਪੀ ਖਾਦ ਅਤੇ ਕੀੜੇਮਾਰ ਦਵਾਈਆਂ ਕਿਸਾਨ ਦੇ ਬੂਹਾਂ ਤੱਕ ਪਹੁੰਚਾਉਂਦੀਆਂ ਸਨ। ਕਿਸਾਨ ਆਪਣੀ ਫ਼ਸਲ ਵੇਚ ਕੇ ਕਰਜ਼ਾ ਮੋੜਦਾ ਸੀ ਅਤੇ ਅਗਲੀ ਫ਼ਸਲ ਲਈ ਦੁਬਾਰਾ ਖਾਦ-ਕਰਜ਼ਾ ਚੁੱਕ ਲੈਂਦਾ ਸੀ।

ਸਹਿਕਾਰੀ ਬੈਂਕਾਂ ਅਤੇ ਪਿੰਡ ਪੱਧਰੀ ਸੋਸਾਇਟੀਆਂ ਦਾ ਮੁੱਖ ਮੰਤਵ ਕਦੇ ਵੀ ਵਪਾਰਕ ਬੈਂਕਾਂ ਵਾਂਗ ਮੁਨਾਫ਼ਾ ਕਮਾਉਣਾ ਨਹੀਂ ਸੀ। ਇਹਨਾਂ ਦਾ ਮੰਤਵ ਕਿਸਾਨ ਨੂੰ ਬਿਨਾਂ ਕਿਸੇ ਗੁੰਝਲਦਾਰ ਕਾਗਜ਼ੀ ਕਾਰਵਾਈ ਜਾਂ ਜ਼ਮੀਨ ਗਹਿਣੇ ਰੱਖਣ ਦੇ ਝੰਜਟ ਤੋਂ ਬਚਾ ਕੇ ਸਮੇਂ ਸਿਰ ਸਸਤੀ ਵਿੱਤੀ ਮਦਦ ਦੇਣਾ ਸੀ, ਪ੍ਰੰਤੂ ਅਜੋਕੇ ਸਮੇਂ ਅੰਦਰ ਕੇਂਦਰ ਸਰਕਾਰ ਅਤੇ ਸੂਬਾਈ ਪ੍ਰਬੰਧਕੀ ਢਾਂਚੇ ਵੱਲੋਂ ਰਿਜ਼ਰਵ ਬੈਂਕ ਦੀਆਂ ਸ਼ਰਤਾਂ ਦੇ ਹਵਾਲੇ ਨਾਲ ਜੋ ਨਵੀਆਂ ਤਬਦੀਲੀਆਂ ਥੋਪੀਆਂ ਜਾ ਰਹੀਆਂ ਹਨ, ਉਹ ਸਹਿਕਾਰੀ ਅੰਦੋਲਨ ਦੇ ਮੂਲ ਸਿਧਾਂਤਾਂ ਦੇ ਉਲਟ ਹਨ।

ਨਵੀਂ ਕਰਜ਼ਾ ਨੀਤੀ ਸੋਧਾਂ ਦਾ ਤਕਨੀਕੀ ਤੇ ਢਾਂਚਾਗਤ ਵਿਸ਼ਲੇਸ਼ਣ : ਸਹਿਕਾਰੀ ਵਿਭਾਗ ਵੱਲੋਂ ਜਾਰੀ ਕੀਤੀਆਂ ਗਈਆਂ ਨਵੀਆਂ ਹਦਾਇਤਾਂ ਨੇ ਸਹਿਕਾਰੀ ਖੇਤੀ ਕਰਜ਼ਿਆਂ ਦੇ ਸਮੁੱਚੇ ਸੁਭਾਅ ਨੂੰ ਹੀ ਬਦਲ ਕੇ ਰੱਖ ਦਿੱਤਾ ਹੈ। ਇਹਨਾਂ ਸੋਧਾਂ ਦਾ ਗੰਭੀਰ ਵਿਸ਼ਲੇਸ਼ਣ ਹਿੱਸੇਦਾਰੀ ਵਿੱਚ ਭਾਰੀ ਵਾਧਾ ਅਤੇ ਕੇਂਦਰੀਕਰਨ ਪਹਿਲਾਂ ਸਹਿਕਾਰੀ ਸਭਾ ਦਾ ਮੈਂਬਰ ਕਿਸਾਨ ਜਦੋਂ ਕਰਜ਼ਾ ਲੈਂਦਾ ਸੀ, ਤਾਂ ਉਸ ਨੂੰ ਕਰਜ਼ੇ ਦੀ ਰਕਮ ਦਾ ਬਹੁਤ ਛੋਟਾ ਹਿੱਸਾ ਸ਼ੇਅਰ ਵਜੋਂ ਜਮ੍ਹਾਂ ਕਰਵਾਉਣਾ ਪੈਂਦਾ ਸੀ।

* ਏਕੜ ਤੱਕ ਦੇ ਕਿਸਾਨ ਪਹਿਲਾਂ ਪ੍ਰਤੀ 1 ਲੱਖ ਰੁਪਏ ਕਰਜ਼ੇ ਪਿੱਛੇ ਹਿੱਸੇਦਾਰੀ 3% (ਲਗਭਗ 3,000 ਰੁਪਏ) ਹੁੰਦੀ ਸੀ, ਜਿਸ ਨੂੰ ਵਧਾ ਕੇ ਸਿੱਧਾ 6% (6,000 ਰੁਪਏ) ਕਰ ਦਿੱਤਾ ਗਿਆ ਹੈ।

* ਏਕੜ ਤੋਂ ਵੱਧ ਦੇ ਕਿਸਾਨ ਲਈ ਪਹਿਲਾਂ ਇਹ ਦਰ 3% ਸੀ, ਜਿਸ ਨੂੰ ਵਧਾ ਕੇ 9% (9,000 ਰੁਪਏ) ਕਰ ਦਿੱਤਾ ਗਿਆ ਹੈ।

ਇਸ ਤੋਂ ਇਲਾਵਾ, ਪਹਿਲਾਂ ਇਸ ਹਿੱਸੇਦਾਰੀ ਦੀ ਅੱਧੀ ਰਕਮ ਸਥਾਨਕ ਪਿੰਡ ਦੀ ਸੋਸਾਇਟੀ ਕੋਲ ਰਹਿੰਦੀ ਸੀ ਅਤੇ ਅੱਧੀ ਕੇਂਦਰੀ ਸਹਿਕਾਰੀ ਬੈਂਕ ਵਿੱਚ ਜਮ੍ਹਾਂ ਹੁੰਦੀ ਸੀ। ਹੁਣ ਸਮੁੱਚੀ ਰਕਮ ਜ਼ਿਲ੍ਹਾ/ਰਾਜ ਸਹਿਕਾਰੀ ਬੈਂਕ ਕੋਲ ਜਮ੍ਹਾਂ ਹੋਵੇਗੀ। ਇਸ ਤਬਦੀਲੀ ਦੇ ਦੋ ਸਿੱਧੇ ਨੁਕਸਾਨ ਹਨ

ਪਹਿਲਾ, ਕਿਸਾਨ ਨੂੰ ਹੱਥ ਵਿੱਚ ਮਿਲਣ ਵਾਲੀ ਅਸਲ ਨਕਦੀ ਘਟ ਜਾਵੇਗੀ (ਜੇਕਰ 1 ਲੱਖ ਦਾ ਕਰਜ਼ਾ ਪਾਸ ਹੁੰਦਾ ਹੈ ਤਾਂ 6,000 ਤੋਂ 9,000 ਰੁਪਏ ਪਹਿਲਾਂ ਹੀ ਕੱਟ ਲਏ ਜਾਣਗੇ)।

ਦੂਜਾ, ਜਦੋਂ ਕੋਈ ਮੈਂਬਰ ਆਪਣੀ ਮੈਂਬਰਸ਼ਿਪ ਛੱਡਣੀ ਚਾਹੇਗਾ ਜਾਂ ਹਿੱਸੇਦਾਰੀ ਵਾਪਸ ਮੰਗੇਗਾ, ਤਾਂ ਸਥਾਨਕ ਪੱਧਰ ਦੀ ਬਜਾਏ ਬੈਂਕ ਦੇ ਦਫ਼ਤਰਾਂ ਦੇ ਚੱਕਰ ਕੱਟਣੇ ਪੈਣਗੇ, ਜਿਸ ਨਾਲ ਆਮ ਕਿਸਾਨ ਲਈ ਰਕਮ ਵਾਪਸ ਲੈਣੀ ਲਗਭਗ ਅਸੰਭਵ ਹੋ ਜਾਵੇਗੀ।

ਲੱਖ ਤੋਂ ਵੱਧ ਕਰਜ਼ੇ 'ਤੇ ਜ਼ਮੀਨ ਗਹਿਣੇ ਰੱਖਣ ਦੀ ਸ਼ਰਤ : ਨਵੀਂ ਪਾਲਿਸੀ ਦੀ ਸਭ ਤੋਂ ਘਾਤਕ ਧਾਰਾ ਇਹ ਹੈ ਕਿ ਜੇਕਰ ਕਿਸੇ ਕਿਸਾਨ ਦਾ ਹੱਦ-ਕਰਜ਼ਾ 2 ਲੱਖ ਤੋਂ 1 ਰੁਪਿਆ ਵੀ ਵੱਧ ਹੈ, ਤਾਂ ਉਸ ਨੂੰ ਪੂਰੀ ਰਕਮ ਦੇ ਬਰਾਬਰ ਆਪਣੀ ਜ਼ਮੀਨ ਡੀ ਸੀ (ਕੁਲੈਕਟਰ) ਰੇਟ ਅਨੁਸਾਰ ਸੋਸਾਇਟੀ ਦੇ ਨਾਂਅ ਗਿਰਵੀ ਰੱਖਣੀ ਪਵੇਗੀ।

ਹੋਰ ਬੈਂਕਾਂ ਤੋਂ ਕੇ ਸੀ ਸੀ ਹੋਣ 'ਤੇ 4% ਵਾਧੂ ਵਿਆਜ: ਨਿਯਮਾਂ ਅਨੁਸਾਰ, ਜੇਕਰ ਕਿਸੇ ਕਿਸਾਨ ਦੀ ਕਿਸੇ ਵਪਾਰਕ ਬੈਂਕ ਵਿੱਚ ਕਿਸਾਨ ਕ੍ਰੈਡਿਟ ਕਾਰਡ ਲਿਮਟ ਚੱਲ ਰਹੀ ਹੈ ਅਤੇ ਉਸ ਨੇ ਉੱਥੋਂ ਸਬਸਿਡੀ ਵਾਲੇ ਵਿਆਜ ਦਾ ਲਾਭ ਲਿਆ ਹੈ, ਤਾਂ ਉਸ ਨੂੰ ਸਹਿਕਾਰੀ ਸਭਾ ਤੋਂ ਲਏ ਕਰਜ਼ੇ ਉੱਤੇ ਵਿਆਜ ਸਬਸਿਡੀ ਨਹੀਂ ਮਿਲੇਗੀ।

ਆਮ ਹਾਲਤਾਂ ਵਿੱਚ ਕੇਂਦਰ ਤੇ ਰਾਜ ਸਰਕਾਰਾਂ ਦੀ ਸਬਸਿਡੀ ਨਾਲ ਸਹਿਕਾਰੀ ਕਰਜ਼ਾ ਕਿਸਾਨ ਨੂੰ 4% ਸਾਲਾਨਾ ਵਿਆਜ 'ਤੇ ਪੈਂਦਾ ਸੀ (7% ਵਿੱਚੋਂ 3% ਸਮੇਂ ਸਿਰ ਭਰਨ 'ਤੇ ਛੋਟ ਮਿਲਦੀ ਸੀ)। ਹੁਣ ਵਾਧੂ ਸ਼ਰਤ ਕਾਰਨ ਕਿਸਾਨ ਨੂੰ ਪੂਰਾ 11% ਵਿਆਜ ਭਰਨਾ ਪਵੇਗਾ। ਇਹ ਸਿੱਧੇ ਤੌਰ 'ਤੇ ਵਿਆਜ ਦਰ ਵਿੱਚ 7% ਦਾ ਭਾਰੀ ਵਾਧਾ ਹੈ, ਜਿਸ ਨਾਲ ਸਹਿਕਾਰੀ ਕਰਜ਼ਾ ਬਾਜ਼ਾਰੀ ਕਰਜ਼ੇ ਨਾਲੋਂ ਵੀ ਮਹਿੰਗਾ ਸਾਬਤ ਹੋਵੇਗਾ।

ਸਥਾਨਕ ਸਹਿਕਾਰੀ ਸਭਾਵਾਂ ਦਾ ਵਿੱਤੀ ਗਲਾ ਘੁੱਟਣਾ: ਇਸ ਨੀਤੀ ਨੇ ਸਿਰਫ਼ ਕਿਸਾਨਾਂ ਨੂੰ ਹੀ ਨਹੀਂ ਮਾਰਿਆ, ਸਗੋਂ ਪਿੰਡ ਪੱਧਰੀ ਸਭਾਵਾਂ ਨੂੰ ਕੰਗਾਲ ਕਰਨ ਦਾ ਪ੍ਰਬੰਧ ਵੀ ਕਰ ਦਿੱਤਾ ਹੈ। ਪਹਿਲਾਂ 7% ਵਿਆਜ ਵਿੱਚੋਂ 5% ਹਿੱਸਾ ਬੈਂਕ ਨੂੰ ਜਾਂਦਾ ਸੀ ਅਤੇ 2% ਹਿੱਸਾ ਸਥਾਨਕ ਪ੍ਰਾਇਮਰੀ ਸੁਸਾਇਟੀ ਕੋਲ ਰਹਿੰਦਾ ਸੀ। ਇਸ 2% ਕਮਾਈ ਨਾਲ ਸੋਸਾਇਟੀਆਂ ਆਪਣੇ ਸਕੱਤਰਾਂ (ਸਟਾਫ਼) ਦੀਆਂ ਤਨਖਾਹਾਂ, ਦਫ਼ਤਰੀ ਖ਼ਰਚੇ, ਬਿਜਲੀ ਦੇ ਬਿੱਲ ਅਤੇ ਇਮਾਰਤਾਂ ਦੀ ਸਾਂਭ-ਸੰਭਾਲ ਕਰਦੀਆਂ ਸਨ। ਹੁਣ ਸੁਸਾਇਟੀ ਦਾ ਹਿੱਸਾ ਘਟਾ ਕੇ ਮਹਿਜ਼ 1.5% ਕਰ ਦਿੱਤਾ ਗਿਆ ਹੈ ਅਤੇ ਬੈਂਕ ਦਾ ਹਿੱਸਾ ਵਧਾ ਦਿੱਤਾ ਗਿਆ ਹੈ। ਪਹਿਲਾਂ ਹੀ ਘਾਟੇ ਨਾਲ ਜੂਝ ਰਹੀਆਂ ਪਿੰਡਾਂ ਦੀਆਂ ਸਭਾਵਾਂ ਲਈ ਇਸ ਕਟੌਤੀ ਤੋਂ ਬਾਅਦ ਆਪਣੇ ਕਰਮਚਾਰੀਆਂ ਨੂੰ ਤਨਖਾਹਾਂ ਦੇਣਾ ਵੀ ਅਸੰਭਵ ਹੋ ਜਾਵੇਗਾ ਪੰਜਾਬ ਦੀ ਕਿਸਾਨੀ 'ਤੇ ਆਰਥਿਕ ਅਤੇ ਸਮਾਜਿਕ ਪ੍ਰਭਾਵ

ਜ਼ਮੀਨਾਂ ਦੀ ਅਸਲ ਸਥਿਤੀ ਅਤੇ ਗਹਿਣੇ ਰੱਖਣ ਦੀ ਅਸਮਰੱਥਾ: ਪੰਜਾਬ ਯੂਨੀਵਰਸਿਟੀਆਂ ਅਤੇ ਆਰਥਕ ਮਾਹਿਰਾਂ ਦੇ ਸਰਵੇਖਣ ਦੱਸਦੇ ਹਨ ਕਿ ਪੰਜਾਬ ਦੇ 85% ਤੋਂ 90% ਕਿਸਾਨ ਪਰਵਾਰ ਕਿਸੇ ਨਾ ਕਿਸੇ ਸੰਸਥਾਗਤ ਕਰਜ਼ੇ ਹੇਠ ਹਨ। ਵਪਾਰਕ ਬੈਂਕਾਂ ਤੋਂ ਟਰੈਕਟਰ, ਸੰਦ ਜਾਂ ™33 ਲਿਮਟਾਂ ਲੈਣ ਵੇਲੇ ਕਿਸਾਨਾਂ ਦੀਆਂ ਜ਼ਮੀਨਾਂ ਪਹਿਲਾਂ ਹੀ ਬੈਂਕਾਂ ਕੋਲ ਗਹਿਣੇ ਹਨ। ਜਦੋਂ ਜ਼ਮੀਨ ਦੀ ਫ਼ਰਦ ਉੱਤੇ ਪਹਿਲਾਂ ਹੀ ਹੋਰ ਬੈਂਕਾਂ ਦਾ ਬੋਝ ਦਰਜ ਹੈ ਤਾਂ ਕਿਸਾਨ ਉਸੇ ਜ਼ਮੀਨ ਨੂੰ ਸਹਿਕਾਰੀ ਸਭਾ ਕੋਲ ਨਵੇਂ ਸਿਰਿਓਂ ਡੀ ਸੀ ਰੇਟ ਅਨੁਸਾਰ ਕਿਵੇਂ ਗਹਿਣੇ ਰੱਖ ਸਕਦਾ ਹੈ?

ਇਸ ਦਾ ਸਿੱਧਾ ਮਤਲਬ ਇਹ ਹੈ ਕਿ ਪੰਜਾਬ ਦੇ ਲਗਭਗ ਸਾਰੇ ਕਿਸਾਨ 2 ਲੱਖ ਤੋਂ ਵੱਧ ਦਾ ਸਹਿਕਾਰੀ ਕਰਜ਼ਾ ਲੈਣ ਦੇ ਅਯੋਗ ਹੋ ਜਾਣਗੇ। ਇਹ ਸ਼ਰਤ ਜਾਣਬੁੱਝ ਕੇ ਅਜਿਹੀ ਬਣਾਈ ਗਈ ਹੈ, ਜਿਸ ਨੂੰ ਪੂਰਾ ਕਰਨਾ ਜ਼ਮੀਨੀ ਤੌਰ 'ਤੇ ਸੰਭਵ ਹੀ ਨਹੀਂ।

ਛੋਟੇ ਅਤੇ ਦਰਮਿਆਨੇ ਕਿਸਾਨਾਂ 'ਤੇ ਦੂਹਰੀ ਮਾਰ: ਪੰਜਾਬ ਵਿੱਚ 5 ਏਕੜ ਤੱਕ ਦੀ ਮਾਲਕੀ ਵਾਲੇ ਛੋਟੇ ਅਤੇ ਸੀਮਾਂਤ ਕਿਸਾਨਾਂ ਦੀ ਗਿਣਤੀ ਬਹੁਤ ਵੱਡੀ ਹੈ। ਖੇਤੀ ਲਾਗਤਾਂ (ਡੀਜ਼ਲ, ਮਸ਼ੀਨਰੀ ਦਾ ਕਿਰਾਇਆ, ਕੀਟਨਾਸ਼ਕ ਅਤੇ ਬੀਜ) ਅਸਮਾਨ ਛੂਹ ਰਹੀਆਂ ਹਨ। ਜਦੋਂ ਕਿਸਾਨ ਕਣਕ ਜਾਂ ਝੋਨੇ ਦੀ ਬਿਜਾਈ ਸ਼ੁਰੂ ਕਰਦਾ ਹੈ, ਤਾਂ ਉਸ ਕੋਲ ਨਕਦੀ ਦੀ ਭਾਰੀ ਤੰਗੀ ਹੁੰਦੀ ਹੈ।

ਸੋਸਾਇਟੀ ਤੋਂ ਮਿਲਣ ਵਾਲੀ ਖਾਦ ਅਤੇ ਥੋੜ੍ਹੀ-ਬਹੁਤ ਨਕਦੀ ਹੀ ਉਸ ਦਾ ਇੱਕਮਾਤਰ ਸਹਾਰਾ ਹੁੰਦੀ ਹੈ। ਹੁਣ ਜੇਕਰ ਉਸ ਨੂੰ 1 ਲੱਖ ਰੁਪਏ ਪਿੱਛੇ 6,000 ਤੋਂ 9,000 ਰੁਪਏ ਪਹਿਲਾਂ ਹੀ ਹਿੱਸੇਦਾਰੀ ਵਜੋਂ ਜਮ੍ਹਾਂ ਕਰਵਾਉਣੇ ਪੈਣਗੇ, ਤਾਂ ਉਸ ਦੇ ਹੱਥ ਵਿੱਚ ਬਚੇਗਾ ਕੀ? ਇਹ ਵਾਧਾ ਕਿਸਾਨ ਦੀ ਜੇਬ ਵਿੱਚੋਂ ਸਿੱਧੀ ਲੁੱਟ ਦੇ ਬਰਾਬਰ ਹੈ।

ਪ੍ਰਾਈਵੇਟ ਸ਼ਾਹੂਕਾਰਾਂ ਵੱਲ ਮੁੜ ਧੱਕੇ ਜਾਣ ਦਾ ਖ਼ਤਰਾ : ਜਦੋਂ ਸੰਸਥਾਗਤ ਅਤੇ ਸਸਤਾ ਸਹਿਕਾਰੀ ਕਰਜ਼ਾ ਬੰਦ ਹੋ ਜਾਵੇਗਾ, ਤਾਂ ਖੇਤੀ ਤਾਂ ਰੁਕ ਨਹੀਂ ਸਕਦੀ। ਬਿਜਾਈ ਦੇ ਸੀਜ਼ਨ ਵਿੱਚ ਡੀ ਏ ਪੀ ਖਾਦ ਅਤੇ ਡੀਜ਼ਲ ਲੈਣ ਲਈ ਮਜਬੂਰਨ ਕਿਸਾਨ ਨੂੰ ਸ਼ਹਿਰ ਦੇ ਆੜ੍ਹਤੀਏ ਜਾਂ ਪ੍ਰਾਈਵੇਟ ਸ਼ਾਹੂਕਾਰ ਕੋਲ ਜਾਣਾ ਪਵੇਗਾ।

ਸ਼ਾਹੂਕਾਰ 18% ਤੋਂ 24% ਸਾਲਾਨਾ (1.5 ਤੋਂ 2 ਰੁਪਏ ਸੈਂਕੜਾ ਪ੍ਰਤੀ ਮਹੀਨਾ) ਦੇ ਚੱਕਰਵਿਊ ਵਾਲੇ ਵਿਆਜ 'ਤੇ ਪੈਸਾ ਦਿੰਦੇ ਹਨ। ਪੰਜਾਬ ਨੇ 1980 ਅਤੇ 1990 ਦੇ ਦਹਾਕਿਆਂ ਵਿੱਚ ਇਸ ਸ਼ਾਹੂਕਾਰੀ ਲੁੱਟ ਕਾਰਨ ਹਜ਼ਾਰਾਂ ਕਿਸਾਨਾਂ ਨੂੰ ਖ਼ੁਦਕੁਸ਼ੀਆਂ ਦੇ ਰਾਹ ਪੈਂਦੇ ਦੇਖਿਆ ਹੈ। ਇਹ ਨਵੀਂ ਪਾਲਿਸੀ ਕਿਸਾਨੀ ਨੂੰ ਦੁਬਾਰਾ ਉਸੇ ਹਨੇਰੇ ਖੂਹ ਵਿੱਚ ਸੁੱਟਣ ਦਾ ਕੰਮ ਕਰੇਗੀ। ਰਾਜਸੀ ਅਤੇ ਕਾਰਪੋਰੇਟ ਪੱਖ ਨੀਤੀਆਂ ਦਾ ਅਸਲ ਮਨੋਰਥ ਖੇਤੀ ਖੇਤਰ ਦੇ ਵਿਸ਼ਲੇਸ਼ਕ ਇਸ ਨੀਤੀ ਨੂੰ ਕੇਵਲ ਇੱਕ ਪ੍ਰਬੰਧਕੀ ਸੋਧ ਵਜੋਂ ਨਹੀਂ ਦੇਖਦੇ, ਸਗੋਂ ਇਹ ਨਵ-ਉਦਾਰਵਾਦੀ ਆਰਥਕ ਸੁਧਾਰਾਂ ਅਤੇ ਵਿਸ਼ਵ ਵਪਾਰ ਸੰਸਥਾ ਦੇ ਦਬਾਅ ਹੇਠ ਖੇਤੀ ਸਬਸਿਡੀਆਂ ਨੂੰ ਖ਼ਤਮ ਕਰਨ ਦੀ ਇੱਕ ਵਿਆਪਕ ਰਣਨੀਤੀ ਦਾ ਹਿੱਸਾ ਜਾਪਦੀ ਹੈ।

ਸਰਕਾਰੀ ਵਿੱਤੀ ਜ਼ਿੰਮੇਵਾਰੀ ਤੋਂ ਪੱਲਾ ਝਾੜਨਾ ਕੇਂਦਰ ਅਤੇ ਰਾਜ ਸਰਕਾਰਾਂ ਖੇਤੀ ਖੇਤਰ ਵਿੱਚੋਂ ਆਪਣੀ ਵਿੱਤੀ ਸਹਾਇਤਾ ਅਤੇ ਵਿਆਜ ਸਬਸਿਡੀਆਂ ਨੂੰ ਘਟਾਉਣਾ ਚਾਹੁੰਦੀਆਂ ਹਨ। 4% ਵਾਲੇ ਕਰਜ਼ੇ ਨੂੰ 11% ਤੱਕ ਪਹੁੰਚਾਉਣ ਦਾ ਮਤਲਬ ਹੈ ਕਿ ਸਰਕਾਰ ਕਿਸਾਨਾਂ ਨੂੰ ਦਿੱਤੀ ਜਾਣ ਵਾਲੀ ਛੋਟ ਖ਼ਤਮ ਕਰਨਾ ਚਾਹੁੰਦੀ ਹੈ।

ਇਹ ਨੀਤੀ ਅਜਿਹੇ ਸਮੇਂ ਲਾਗੂ ਕੀਤੀ ਗਈ ਹੈ, ਜਦੋਂ ਪੰਜਾਬ ਵਿੱਚ ਹਾੜ੍ਹੀ ਦੀ ਮੁੱਖ ਫ਼ਸਲ (ਕਣਕ, ਆਲੂ, ਸਰ੍ਹੋਂ ਆਦਿ) ਦੀ ਬਿਜਾਈ ਦਾ ਸੀਜ਼ਨ ਸ਼ੁਰੂ ਹੋ ਚੁੱਕਾ ਹੈ।

ਖਾਦ ਸੰਕਟ ਕਣਕ ਦੀ ਬਿਜਾਈ ਵੇਲੇ ਡੀ ਏ ਪੀ ਖਾਦ ਦੀ ਸਭ ਤੋਂ ਵੱਧ ਲੋੜ ਹੁੰਦੀ ਹੈ। ਪੰਜਾਬ ਦਾ ਕਿਸਾਨ ਲਗਭਗ 60-70 ਫੀਸਦੀ ਖਾਦ ਸਹਿਕਾਰੀ ਸਭਾਵਾਂ ਤੋਂ ਉਧਾਰ ਲੈਂਦਾ ਹੈ, ਜਿਸ ਦਾ ਭੁਗਤਾਨ ਉਹ ਛੇ ਮਹੀਨੇ ਬਾਅਦ ਕਣਕ ਵੇਚ ਕੇ ਕਰਦਾ ਹੈ।

ਪਿੰਡਾਂ ਦੀਆਂ ਸਹਿਕਾਰੀ ਸਭਾਵਾਂ ਦੀਆਂ ਜਨਰਲ ਇਜਲਾਸ ਮੀਟਿੰਗਾਂ ਸੱਦੀਆਂ ਜਾਣ। ਸਭਾਵਾਂ ਦੇ ਚੁਣੀਆਂ ਹੋਈਆ ਪ੍ਰਬੰਧਕੀ ਕਮੇਟੀਆਂ ਨਵੀਂ ਪਾਲਿਸੀ ਵਿਰੁੱਧ ਮਤੇ ਪਾਸ ਕਰਨ ਅਤੇ ਇਸ ਨੂੰ ਲਾਗੂ ਕਰਨ ਤੋਂ ਇਨਕਾਰ ਕਰਨ।ਸਾਂਝਾ ਸੰਘਰਸ਼ ਖੇਤੀਬਾੜੀ ਯੂਨੀਅਨਾਂ, ਸਹਿਕਾਰੀ ਸਭਾਵਾਂ ਦੇ ਕਰਮਚਾਰੀਆਂ, ਕੋਆਪ੍ਰੇਟਿਵ ਸੁਸਾਇਟੀ ਅਤੇ ਸਹਿਕਾਰੀ ਮੁਲਾਜ਼ਮਾਂ ਨੂੰ ਰਲ ਕੇ ਇੱਕ ਸਾਂਝਾ ਮੋਰਚਾ ਬਣਾਉਣਾ ਚਾਹੀਦਾ ਹੈ। ਜਦੋਂ ਤੱਕ ਨੀਤੀ ਵਾਪਸ ਨਹੀਂ ਹੁੰਦੀ, ਉਦੋਂ ਤੱਕ ਜ਼ਮੀਨਾਂ ਗਹਿਣੇ ਨਾ ਕਰਨ ਅਤੇ ਵਧੀ ਹੋਈ ਹਿੱਸੇਦਾਰੀ ਕੱਟਣ ਦੇ ਕੰਮ ਦਾ ਬਾਈਕਾਟ ਕੀਤਾ ਜਾਵੇ।

ਆਮ ਕਿਸਾਨਾਂ ਨੂੰ ਜਾਗਰੂਕ ਕੀਤਾ ਜਾਵੇ ਕਿ ਉਹ ਬਿਨਾਂ ਸੋਚੇ-ਸਮਝੇ ਆਪਣੀ ਜ਼ਮੀਨ ਸਹਿਕਾਰੀ ਸਭਾਵਾਂ ਦੇ ਨਾਂਅ ਗਹਿਣੇ ਨਾ ਕਰਵਾਉਣ, ਕਿਉਂਕਿ ਇੱਕ ਵਾਰ ਰਜਿਸਟਰੀ ਵਿੱਚ ਗਹਿਣਾ ਦਰਜ ਹੋਣ ਤੋਂ ਬਾਅਦ ਉਸ ਨੂੰ ਛੁਡਾਉਣਾ ਅਤਿਅੰਤ ਜਟਿਲ ਪ੍ਰਕਿਰਿਆ ਬਣ ਜਾਵੇਗਾ।

ਸਰਕਾਰ ਅਤੇ ਪ੍ਰਸ਼ਾਸਨ ਲਈ ਤੁਰੰਤ ਕਦਮ : ਪੰਜਾਬ ਸਰਕਾਰ ਆਪਣੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਰਜਿਸਟਰਾਰ ਸਹਿਕਾਰੀ ਸਭਾਵਾਂ ਰਾਹੀਂ ਜਾਰੀ ਕੀਤੇ ਨੋਟੀਫਿਕੇਸ਼ਨ ਨੂੰ ਤੁਰੰਤ ਮੁਅੱਤਲ ਕਰੇ, ਅਤੇ ਪੁਰਾਣੀ ਵਿਵਸਥਾ ਬਹਾਲ ਕਰੇ, ਤਾਂ ਜੋ ਚੱਲ ਰਹੇ ਹਾੜ੍ਹੀ ਸੀਜ਼ਨ ਵਿੱਚ ਕਿਸਾਨਾਂ ਨੂੰ ਖਾਦ ਅਤੇ ਕਰਜ਼ਾ ਬਿਨਾਂ ਰੁਕਾਵਟ ਮਿਲ ਸਕੇ।

ਪੰਜਾਬ ਇੱਕ ਸਰਹੱਦੀ ਅਤੇ ਖੇਤੀ-ਪ੍ਰਧਾਨ ਸੂਬਾ ਹੈ। ਸੂਬਾ ਸਰਕਾਰ ਨੂੰ ਕੇਂਦਰ ਸਰਕਾਰ ਅਤੇ ਰਿਜ਼ਰਵ ਬੈਂਕ ਅੱਗੇ ਦ੍ਰਿੜ੍ਹਤਾ ਨਾਲ ਇਹ ਪੱਖ ਰੱਖਣਾ ਚਾਹੀਦਾ ਹੈ ਕਿ ਵਪਾਰਕ ਬੈਂਕਾਂ ਦੇ ਨਿਯਮ ਛੋਟੀਆਂ ਪੇਂਡੂ ਸਹਿਕਾਰੀ ਸਭਾਵਾਂ ਉੱਤੇ ਜ਼ਬਰਦਸਤੀ ਥੋਪੇ ਨਹੀਂ ਜਾ ਸਕਦੇ।

ਅੱਜ ਲੋੜ ਹੈ ਕਿ ਸਮੁੱਚਾ ਕਿਸਾਨ ਭਾਈਚਾਰਾ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਇਹਨਾਂ ਮਾਰੂ ਸੋਧਾਂ ਦਾ ਇਕਜੁੱਟ ਹੋ ਕੇ ਵਿਰੋਧ ਕਰੇ ਅਤੇ ਸਹਿਕਾਰੀ ਲਹਿਰ ਦੇ ਮੂਲ ਸਰੂਪ ਨੂੰ ਬਚਾਉਣ ਲਈ ਆਵਾਜ਼ ਬੁਲੰਦ ਕਰੇ।

 # ਸੰਪਰਕ : 9876676915

ਅਜੇ ਵੀ ਬਾਕੀ ਹੈ ਉਮੀਦ

ਰਾਸ਼ਟਰੀ ਨਹੀਂ, ਅੰਤਰਰਾਸ਼ਟਰੀ ਪੱਧਰ 'ਤੇ ਨਸ਼ਿਆਂ ਦਾ ਕਾਰੋਬਾਰ ਫੈਲਿਆ ਹੋਇਆ ਹੈ, ਪਰ ਇਸ ਨੂੰ ਪੰਜਾਬ ਦੇ ਨਾਲ ਨਾਲ ਜੋੜ ਕੇ ਦੇਖਿਆ ਜਾ ਰਿਹਾ ਹੈ, ਜਦੋਂ ਕਿ ਇਹ ਸਮੱਸਿਆ ਇਕੱਲੇ ਪੰਜਾਬ ਦੀ ਨਹੀਂ ਸਮੁੱਚੇ ਦੇਸ਼ ਦੀ ਹੈ। ਇਸ ਕਾਰੋਬਾਰ ਵਿਚ ਛੋਟੇ ਵੱਡੇ ਕਾਰੋਬਾਰੀ ਜੁੜੇ ਹੋਏ ਹਨ । ਇਹ ਤਕੜਾ ਮੱਕੜ ਜਾਲ ਹੈ ਅਜੇ ਤੱਕ ਇਸ ਦੀ ਪਕੜ ਨਹੀਂ ਬਣੀ । ਇਹ ਦੇਸ਼ ਦੇਸ਼ ਦੀ ਕਹਾਣੀ ਹੈ ਅਤੇ ਵਿਕਸਤ ਦੇਸ਼ ਵੀ ਇਸ ਦੀ ਲਪੇਟ ਵਿਚ ਹਨ ।ਅਜਿਹੇ ਕੰਮ ਕਰਨ ਵਾਲੇ ਲੋਕਾਂ ਨੂੰ ਫ਼ੜ ਕੇ ਸਜ਼ਾਵਾਂ ਵੀ ਦਿੱਤੀਆਂ ਜਾਂਦੀਆਂ ਹਨ, ਪਰ ਫਿਰ ਵੀ ਉਹ ਬਾਹਰ ਆ ਕੇ ਉਸੇ ਤਰਾਂ ਦਾ ਕੰਮ ਜਾਰੀ ਰੱਖਦੇ ਹਨ । ਜਿਹੜੇ ਇਸ ਕਾਰੋਬਾਰ ਦਾ ਪਰਦਾ ਫਾਸ਼ ਕਰਦੇ ਹਨ, ਉਹ ਲੋਕ ਕਾਰੋਬਾਰੀਆਂ ਨਸ਼ਾ ਤਸਕਰਾਂ ਦਾ ਸ਼ਿਕਾਰ ਹੋ ਜਾਂਦੇ ਹਨ । ਇੱਕ ਦੇਸ਼ ਤੋਂ ਦੂਜੇ ਦੇਸ਼ ਵਿਚ ਨਸ਼ੇ ਪਹੁੰਚਦੇ ਹਨ, ਇਹ ਜਾਣਕਾਰੀ ਸੋਸ਼ਲ ਮੀਡੀਆ ਦੇ ਪਲੇਟਫਾਰਮ 'ਤੇ ਮਿਲਦੀ ਰਹਿੰਦੀ ਹੈ । ਇਹਨਾਂ ਨੇ ਆਮ ਨੌਜਵਾਨ ਬੱਚਿਆਂ ਨੂੰ ਆਪਣੀ ਚੁੰਗਲ ਵਿਚ ਫ਼ਸਾਇਆ ਹੋਇਆ ਹੈ ਅਤੇ ਇਹ ਸਾਡੇ ਬੱਚਿਆਂ ਨੂੰ ਘੁਣ ਵਾਂਗ ਖਾ ਰਿਹਾ ।

ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਨ ਲਈ ਉਹਨਾਂ ਨੂੰ ਖੇਡਾਂ ਵੱਲ ਲਾਇਆ ਜਾਵੇ । ਪੇਂਡੂ ਅਤੇ ਸ਼ਹਿਰੀ ਖੇਡ ਕਲੱਬ ਵੀ ਆਪਣਾ ਅਹਿਮ ਯੋਗਦਾਨ ਪਾ ਸਕਦੀਆਂ ਹਨ । ਉਹ ਕਈ ਘੰਟੇ ਗਰਾਉਂਡ ਵਿਚ ਖੇਡਣ । ਸਰਕਾਰ ਅਤੇ ਸਮਾਜਿਕ ਸੰਸਥਾਵਾਂ ਵੀ ਵਧੀਆ ਕਾਰਜ ਨਿਭਾ ਸਕਦੀਆਂ ਹਨ । ਇਹ ਕੰਮ ਇਕੱਲੇ ਕਿਸੇ ਦਾ ਨਹੀਂ ਇਹ ਸਭ ਦਾ ਸਾਂਝਾ ਹੈ । ਆਮ ਜਨਤਾ, ਪੁਲਸ ਅਤੇ ਸਰਕਾਰ ਆਪਣੇ ਆਪਣੇ ਕਾਰਜ ਕਰਕੇ ਬੇਹਤਰ ਨਤੀਜੇ ਲਿਆ ਸਕਦੇ ਹਨ । ਪੁਰਾਣੀ ਦੰਦ ਕਥਾ ਹੈ ਕਿ ਕਿਸੇ ਨਾਲ ਦੁਸ਼ਮਣੀ ਕੱਢਣੀ ਹੋਵੇ ਤਾਂ ਉਹਨਾਂ ਦੇ ਬੱਚਿਆਂ ਨੂੰ ਮਾੜੇ ਕੰਮਾਂ ਵੱਲ ਲਗਾ ਦਿਓ, ਨਸ਼ੇ 'ਤੇ ਲਾ ਦਿਓ, ਪਰ ਇਹ ਸੋਚ ਸਿਰੇ ਦੀ ਮਾੜੀ ਹੈ । ਨਸ਼ੇ ਦਾ ਸ੍ਰੋਤ, ਵੇਚਣ ਵਾਲਾ ਅਤੇ ਖਰੀਦਣ ਵਾਲਾ ਵੀ ਇਕ ਲੰਬੀ ਲੜੀ ਹੈ, ਇਸ ਲੜੀ ਦਾ ਖਾਤਮਾ ਕਰਨ ਦੀ ਲੋੜ ਹੈ । ਇਸ ਵਿੱਚੋਂ ਕਿਸੇ ਇੱਕ ਨੂੰ ਖਦੇੜ ਕੇ ਇਸ ਲੜੀ ਦਾ ਖਤਮਾ ਕੀਤਾ ਜਾ ਸਕਦਾ ਹੈ ।


ਜਸਪਾਲ ਸਿੰਘ ਲੋਹਾਮ

ਸ਼ਰਾਬ ਵੀ ਇੱਕ ਨਸ਼ਾ ਹੈ। ਘਰ ਕੋਈ ਮਹਿਮਾਨ ਆ ਜਾਵੇ ਤਾਂ ਫਿਰ ਦਾਰੂ ਨਾਲ ਸੇਵਾ ਕੀਤੀ ਜਾਂਦੀ ਹੈ, ਇਹ ਕੈਸੀ ਮਹਿਮਾਨ-ਨਿਵਾਜ਼ੀ ਹੈ । ਮੈਡੀਕਲ ਨਸ਼ਾ ਗੋਲੀਆਂ, ਕੈਪਸੂਲ, ਸਿਰਪ ਅਤੇ ਟੀਕੇ ਬਹੁਤ ਮਾੜੇ ਨਸ਼ੇ ਹਨ । ਅਫ਼ੀਮ, ਪੋਸਤ ਅਤੇ ਚਿੱਟਾ ਵੀ ਸਿਰੇ ਦੇ ਘਾਤਕ ਹਨ । ਚਿੱਟਾ ਤਾਂ ਬੰਦੇ ਦੇ ਲਹੂ ਨੂੰ ਹੀ ਚਿੱਟਾ ਕਰ ਦਿੰਦਾ ਹੈ । ਨਸ਼ਾ ਕੋਈ ਵੀ ਹੋਵੇ ਉਹ ਚੰਗਾ ਨਹੀਂ ਹੁੰਦਾ, ਜਿਸ ਕਿਸੇ ਕੋਲ ਤਿੰਨ ਗ੍ਰਾਮ ਨਸ਼ਾ ਵੀ ਹੈ, ਉਹ ਵੀ ਕਾਨੂੰਨ ਦੇ ਘੇਰੇ ਵਿਚ ਆਉਂਦਾ ਹੈ ਤੇ ਉਹਨਾਂ ਲਈ ਕਾਨੂੰਨੀ ਸਜ਼ਾ ਵੀ ਉਪਲੱਬਧ ਹੈ । ਕਿਸੇ ਵੀ ਨਸ਼ੇ ਦੀ ਲਗਾਤਾਰ ਵਰਤੋਂ ਕਰਨ ਨਾਲ ਵਿਅਕਤੀ ਨਸ਼ੇ ਦਾ ਆਦੀ ਹੋ ਜਾਂਦਾ ਹੈ ਅਤੇ ਅਖਿਰਕਾਰ ਨਸ਼ੱਈ ਬਣ ਜਾਂਦਾ ਹੈ । ਬੱਚੇ, ਕਿਸ਼ੋਰ ਅਤੇ ਨੌਜਵਾਨਾਂ ਵੱਲ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੈ, ਉਹਨਾਂ ਨੂੰ ਸੁਧਾਰਨ ਦੀ ਜ਼ਰੂਰਤ ਹੈ । ਉਹਨਾਂ ਵਿਚ ਲੀਡਰਸ਼ਿਪ ਦੇ ਗੁਣ ਭਰਨ ਦੀ ਲੋੜ ਹੈ ।

ਕਿਸ਼ੋਰ ਬੱਚਿਆਂ 'ਤੇ ਆਪਣੇ ਯਾਰਾਂ-ਦੋਸਤਾਂ ਦਾ ਬੜਾ ਪ੍ਰਭਾਵ ਹੁੰਦਾ ਹੈ । ਕਈ ਵਾਰ ਨਸ਼ੱਈ ਆਪਣੀ ਯਾਰੀ ਦਾ ਵਾਸਤਾ ਪਾ ਕੇ ਨਸ਼ਾ ਕਰਨ ਲਈ ਜ਼ੋਰ ਪਾਉਂਦੇ ਹਨ । ਜਿਹੜੇ ਬੱਚੇ ਨਾ ਕਹਿਣਾ ਜਾਣਦੇ ਹਨ, ਸਿਰਫ ਉਹ ਆਪਣੇ ਦੋਸਤਾਂ ਨੂੰ ਨਾ ਕਹਿ ਕੇ ਆਪਣੇ ਆਪ ਨੂੰ ਬਚਾ ਲੈਂਦੇ ਹਨ । ਜਿਹੜੇ ਨਾ ਨਹੀਂ ਕਹਿੰਦੇ ਹਾਂ ਕਰਦੇ ਹਨ, ਉਹ ਨਸ਼ਿਆਂ ਦੇ ਦਰਿਆ ਵਿਚ ਵਹਿ ਪੈਂਦੇ ਹਨ । ਸਭ ਨੂੰ ਪਤਾ ਹੈ ਕਿ ਨਸ਼ਾ ਕਰਨ ਵਾਲੇ ਦੀ ਜਿੰਦਗੀ ਨਰਕ ਬਣ ਜਾਂਦੀ ਹੈ ਅਤੇ ਆਖਿਰਕਾਰ ਉਹ ਮੌਤ ਦੇ ਘੇਰੇ 'ਚ ਆ ਜਾਂਦਾ ਹੈ ।

ਮਾਪੇ ਵੀ ਚਾਹੁੰਦੇ ਹਨ ਕਿ ਸਾਡਾ ਬੱਚਾ ਨਸ਼ਿਆਂ ਤੋਂ ਨਿਰਲੇਪ ਹੋਵੇ । ਬੁੱਧੀਜੀਵੀ ਵਰਗ ਵੀ ਇਸ ਵਿਸ਼ੇ 'ਤੇ ਚਿੰਤਤ ਹਨ । ਗੱਲ ਕੀ ਸਮੁੱਚਾ ਪੰਜਾਬ ਹੀ ਦੁਖੀ ਹੈ । ਜਦੋਂ ਕੋਈ ਵੀ ਬੰਦਾ ਇਹ ਕਹਿੰਦਾ ਕਿ ਤੁਹਾਡਾ ਬੱਚਾ ਨਸ਼ਾ ਕਰਦਾ ਹੈ ਉਹਦੀ ਚਿੰਤਾ ਕਰੋ, ਇਹ ਗੱਲ ਸੁਣ ਕੇ ਆਪਣੇ ਬੱਚੇ ਨੂੰ ਸੁਧਾਰਨ ਦੀ ਥਾਂ ਸੱਚ ਦੱਸਣ ਵਾਲੇ ਨੂੰ ਹੀ ਬੁਰਾ ਭਲਾ ਕਹਿੰਦੇ ਹਨ, ਜਦੋਂ ਕਿ ਸਭ ਨੂੰ ਪਤਾ ਹੈ ਕਿ ਨਸ਼ੱਈ ਦਾ ਹਸ਼ਰ ਮਾੜਾ ਹੁੰਦਾ ਹੈ । ਅਸਲ ਵਿਚ ਮਾਪੇ ਆਪਣੇ ਬੱਚਿਆਂ ਦੀਆਂ ਆਪ-ਹੁਦਰੀਆਂ 'ਤੇ ਖੁਦ ਪਰਦਾ ਪਾਉਂਦੇ ਹਨ ਤੇ ਇਹ ਗੱਲ ਹੱਲਾਸ਼ੇਰੀ ਵੀ ਬਣ ਜਾਂਦੀ ਹੈ । ਇਸ ਨੂੰ ਠੱਲ੍ਹ ਪਾਉਣ ਵਾਸਤੇ ਸਾਰਥਿਕ ਕਦਮ ਚੁੱਕੇ ਜਾਣੇ ਚਾਹੀਦੇ ਹਨ । ਮਾਪਿਆਂ ਨੂੰ ਆਪਣੇ ਬੱਚਿਆਂ ਦੀਆਂ ਪੈੜਾਂ ਦਾ ਖਿਆਲ ਰੱਖਣਾ ਚਾਹੀਦਾ ਹੈ, ਸਮੇਂ-ਸਮੇਂ 'ਤੇ ਉਹਨਾਂ ਨੂੰ ਚੈੱਕ ਕੀਤਾ ਜਾਵੇ । ਉਹਦੇ ਦੋਸਤ ਕਿਹੜੇ-ਕਿਹੜੇ ਹਨ ? ਉਹ ਕਿਹੋ ਜਿਹੇ ਹਨ ? ਕਿਤੇ ਬੱਚੇ ਲੁਟੇਰੇ ਤਾਂ ਨਹੀਂ ਹਨ ? ਨਸ਼ੇ ਤਾਂ ਨਹੀਂ ਕਰਦੇ ? ਵਧੇਰੇ ਸਮਾਂ ਕਿੱਥੇ ਬਤੀਤ ਕਰਦੇ ਹਨ ? ਜਦੋਂ ਘਰ ਆਉਂਦੇ ਹਨ । ਮੂੰਹ ਵਿੱਚੋਂ ਕੋਈ ਬਦਬੂ ਤਾਂ ਨਹੀਂ ਆਉਂਦੀ ? ਉਹ ਝੂਲਦਾ ਤਾਂ ਨਹੀਂ? ਉਹ ਅੱਖਾਂ ਤਾਂ ਹੋਰ ਤਰ੍ਹਾਂ ਨਹੀਂ ਕਰਦਾ । ਉਹਦਾ ਪੂਰਾ ਧਿਆਨ ਰੱਖੋ । ਬੱਚੇ ਨੂੰ ਚੰਗੀ ਤਰਾਂ ਚੈੱਕ ਕਰੋ । ਬੱਚੇ ਦੇ ਗਲਤ ਕੰਮਾਂ ਵਿਚ ਸਾਥ ਨਾ ਦਿਓ । ਬੱਚਿਆਂ ਨੂੰ ਖੇਡਾਂ ਵੱਲ ਪ੍ਰੇਰਿਤ ਕਰੋ ।

ਨੌਜਵਾਨ ਨਸ਼ੇ ਦੀ ਲੱਤ ਲੱਗਣ ਕਾਰਨ ਪੈਸੇ ਦੀ ਮੰਗ ਕਰਦੇ ਹਨ, ਉਹ ਪਹਿਲਾਂ ਘਰੋਂ ਚੋਰੀ ਕਰਦੇ ਹਨ, ਫਿਰ ਜਦੋਂ ਘਰੋਂ ਪੈਸੇ ਨਹੀਂ ਮਿਲਦੇ ਮਾਪਿਆਂ ਦੇ ਮੰਗਦੇ ਹਨ । ਜਦੋਂ ਮਾਪੇ ਪੈਸੇ ਨਹੀਂ ਦਿੰਦੇ ਹਨ ਤਾਂ ਮਾਂ-ਬਾਪ ਦੀ ਕੁੱਟਮਾਰ ਕਰਦੇ ਹਨ । ਇਥੇ ਹੀ ਗੱਲ ਮੁੱਕਦੀ ਨਹੀਂ ਇਸ ਤੋਂ ਅੱਗੇ ਰਾਹ ਜਾਂਦੇ ਰਾਹਗੀਰਾਂ ਨੂੰ ਲੁੱਟਦੇ ਹਨ ਤੇ ਫਿਰ ਇਸ ਰਕਮ ਨਾਲ ਆਪਣੇ ਨਸ਼ੇ ਦੀ ਪੂਰਤੀ ਕਰਦੇ ਹਨ । ਇਕ ਸਰਿੰਜ ਨਾਲ ਕਈ-ਕਈ ਨਸ਼ੇ ਨਾਲੇ ਟੀਕੇ ਲਗਾ ਕੇ ਲਾਇਲਾਜ ਬਿਮਾਰੀ ਨੂੰ ਸੱਦਾ ਦਿੰਦੇ ਹਨ । ਨਸ਼ਾ ਚੰਗੇ ਭਲੇ ਸਰੀਰ ਦਾ ਘਾਣ ਕਰ ਦਿੰਦਾ ਹੈ । ਸਮਾਜ ਵਿਚ ਹਿੰਸਕ ਘਟਨਾਵਾਂ, ਅਪਰਾਧ, ਬੇਰੁਜ਼ਗਾਰੀ ਅਤੇ ਗਰੀਬੀ ਨੇ ਆਪਣੇ ਪੈਰ ਪਸਾਰ ਲਏ ਹਨ । ਇਸ ਕਰਕੇ ਇੱਕ ਗੁੰਝਲਦਾਰ ਮਾਹੌਲ ਸਿਰਜਿਆ ਪਿਆ ਹੈ । ਬੱਚਿਆਂ ਨੂੰ ਸਖ਼ਤੀ ਨਾਲ ਨਹੀਂ, ਪਿਆਰ, ਸਤਿਕਾਰ ਅਤੇ ਨੇੜਤਾ ਬਣਾ ਕੇ ਉਹਨਾਂ ਨੂੰ ਸਮਝਾ ਕੇ ਉਹਨਾਂ ਨੂੰ ਹੱਲਾਸ਼ੇਰੀ ਦੇ ਕੇ ਇਸ ਦਲਦਲ ਵਿੱਚੋਂ ਕੱਢਣ ਦੀ ਲੋੜ ਹੈ । ਨਸ਼ਾ ਰਹਿਤ ਸਮਾਜ ਦੀ ਸਿਰਜਣਾ ਕੀਤੀ ਜਾ ਸਕਦੀ ਹੈ । ਅਸੀਂ ਆਪਣੇ ਨੌਜਵਾਨ ਬੱਚਿਆਂ ਨੂੰ ਬਚਾਉਣ ਲਈ ਸਫ਼ਲ ਹੋ ਜਾਵਾਂਗੇ । ਸਭ ਨੂੰ ਸਾਥ ਦੇਣਾ ਚਾਹੀਦਾ ਹੈ । ਨਸ਼ੱਈ ਦੀ ਸੋਚ ਅਤੇ ਜ਼ਰੂਰਤ ਬਣ ਜਾਂਦੀ ਹੈ, ਜਿਸ ਕਰਕੇ ਉਹ ਚੋਰੀ, ਜ਼ਬਰ-ਜਨਾਹ ਅਤੇ ਕਤਲ ਵਰਗੀਆਂ ਘਟਨਾਵਾਂ ਨੂੰ ਜਨਮ ਦਿੰਦਾ ਹੈ ।

ਕੁਝ ਵੀ ਹੋਵੇ, ਚੰਗਿਆਈ ਨਹੀਂ ਛੱਡਣੀ ਚਾਹੀਦੀ, ਭਲਾ ਕਰਨ ਅੱਗੇ ਆਉਣ ਦੀ ਲੋੜ ਹੈ । ਉਮੀਦ ਅਜੇ ਬਾਕੀ ਹੈ । ਮਰਨਾ ਨਹੀਂ ਜਿਉਣਾ ਹੈ । ਜਿੰਦਗੀ ਖੂਬਸੂਰਤ ਹੈ, ਉਂਗਲੀ ਫੜੋ, ਦਲ-ਦਲ ਵਿਚੋਂ ਬਾਹਰ ਆ ਜਾਓ ।

 # ਸੰਪਰਕ : 97810-40140

ਇਜ਼ਰਾਈਲ 'ਚ ਅਰਬ ਪਾਰਟੀਆਂ ਦਾ ਸ਼ਾਨਦਾਰ ਪ੍ਰਦਰਸ਼ਨ

ਇਜ਼ਰਾਈਲ ਦੀ ਰਾਜਨੀਤੀ ਵਿੱਚ 27 ਅਕਤੂਬਰ ਨੂੰ ਹੋਈਆਂ ਆਮ ਚੋਣਾਂ ਨੇ ਇੱਕ ਨਵਾਂ ਸਿਆਸੀ ਅਧਿਆਇ ਲਿਖ ਦਿੱਤਾ ਹੈ। ਇਨ੍ਹਾਂ ਚੋਣਾਂ ਦੇ ਨਤੀਜਿਆਂ ਨੇ ਜਿੱਥੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਦੀ ਸੱਤਾ ਨੂੰ ਵੱਡੀ ਚੁਣੌਤੀ ਪੇਸ਼ ਕੀਤੀ ਹੈ, ਉੱਥੇ ਹੀ ਦੇਸ਼ ਦੀਆਂ ਅਰਬ ਪਾਰਟੀਆਂ ਨੂੰ ਵੀ ਅਜਿਹੀ ਨਿਰਣਾਇਕ ਸਥਿਤੀ ਵਿੱਚ ਲਿਆ ਖੜ੍ਹਾ ਕੀਤਾ ਹੈ, ਜਿੱਥੇ ਉਨ੍ਹਾਂ ਦੀ ਭੂਮਿਕਾ ਅਗਲੀ ਸਰਕਾਰ ਦੇ ਗਠਨ ਵਿੱਚ ਬੇਹੱਦ ਮਹੱਤਵਪੂਰਨ ਹੋਣ ਦੀਆਂ ਸੰਭਾਵਨਾਵਾਂ ਬਣ ਗਈਆਂ ਹਨ । ਦਰਅਸਲ ਕਿਸੇ ਵੀ ਇੱਕ ਸਿਆਸੀ ਧਿਰ ਨੂੰ ਸਪੱਸ਼ਟ ਬਹੁਮਤ ਨਾ ਮਿਲਣ ਕਾਰਨ ਇਜ਼ਰਾਈਲ ਵਿੱਚ 'ਹੰਗ ਪਾਰਲੀਮੈਂਟ' ਦੀ ਸਥਿਤੀ ਪੈਦਾ ਹੋ ਗਈ ਹੈ।

ਉਂਝ ਇਨ੍ਹਾਂ ਹਾਲੀਆ ਚੋਣਾਂ ਦੇ ਮਹੱਤਵ ਨੂੰ ਸਮਝਣ ਲਈ ਪਿਛਲੇ ਤਿੰਨ ਸਾਲਾਂ ਦੇ ਮੱਧ-ਪੂਰਬੀ ਘਟਨਾਕ੍ਰਮ ਉੱਤੇ ਨਜ਼ਰ ਮਾਰਨੀ ਵੀ ਜ਼ਰੂਰੀ ਹੈ। 7 ਅਕਤੂਬਰ 2023 ਨੂੰ ਹਮਾਸ ਵੱਲੋਂ ਇਜ਼ਰਾਈਲ ਉੱਤੇ ਕੀਤੇ ਗਏ ਹਮਲੇ ਤੋਂ ਬਾਅਦ ਇਜ਼ਰਾਈਲ ਨੇ ਗਾਜ਼ਾ ਪੱਟੀ ਵਿੱਚ ਵੱਡੇ ਪੱਧਰ 'ਤੇ ਫ਼ੌਜੀ ਕਾਰਵਾਈ ਸ਼ੁਰੂ ਕੀਤੀ ਸੀ। ਇਸ ਯਕਤਰਫ਼ਾ ਕਾਰਵਾਈ ਦੌਰਾਨ ਹਜ਼ਾਰਾਂ ਫ਼ਲਸਤੀਨੀ ਨਾਗਰਿਕਾਂ, ਜਿਨ੍ਹਾਂ ਵਿੱਚ ਔਰਤਾਂ ਅਤੇ ਬੱਚਿਆਂ ਦੀ ਵੱਡੀ ਗਿਣਤੀ ਸ਼ਾਮਲ ਸੀ, ਦੀਆਂ ਜਾਨਾਂ ਗਈਆਂ ਅਤੇ ਗਾਜ਼ਾ ਦਾ ਵੱਡਾ ਹਿੱਸਾ ਤਬਾਹ ਹੋ ਗਿਆ, ਜਿਸ ਦੀ ਉਸਾਰੀ ਲਈ ਕਈ ਦਹਾਈਆਂ ਲੋੜੀਂਦੀਆਂ ਹੋਣਗੀਆਂ । ਇਸ ਮਾਨਵੀ ਤ੍ਰਾਸਦੀ ਨੇ ਅੰਤਰਰਾਸ਼ਟਰੀ ਪੱਧਰ 'ਤੇ ਇਜ਼ਰਾਈਲ ਦੀਆਂ ਨੀਤੀਆਂ ਅਤੇ ਨੇਤਨਯਾਹੂ ਸਰਕਾਰ ਨੂੰ ਬੇਨਕਾਬ ਕੀਤਾ, ਉੱਥੇ ਹੀ ਪਿਛਲੀਆਂ ਛੇ-ਸੱਤ ਦਹਾਈਆਂ ਦੌਰਾਨ ਸ਼ਾਇਦ ਪਹਿਲੀ ਵਾਰ ਦੁਨੀਆ ਦੇ ਵੱਖ ਵੱਖ ਦੇਸ਼ਾਂ ਵਿੱਚ ਨੇਤਨਯਾਹੂ ਦੀ ਏਨੀ ਸਖ਼ਤ ਆਲੋਚਨਾ ਦੀਆਂ ਆਵਾਜ਼ਾਂ ਉਠੀਆਂ ।ਉਕਤ ਹਮਲਿਆਂ ਦੀ ਆਲੋਚਨਾ ਹਾਲੇ ਰੁਕੀ ਨਹੀਂ ਸੀ ਕਿ 28 ਫਰਵਰੀ 2026 ਨੂੰ ਅਮਰੀਕਾ ਅਤੇ ਇਜ਼ਰਾਈਲ ਵੱਲੋਂ ਈਰਾਨ ਉੱਤੇ ਕੀਤੇ ਗਏ ਹਮਲਿਆਂ ਅਤੇ ਉਨ੍ਹਾਂ ਵਿੱਚ ਈਰਾਨ ਦੇ ਸਰਵਉੱਚ ਆਗੂ ਆਇਤੁੱਲਾ ਅਲੀ ਖ਼ਾਮਨੇਈ ਦੀ ਮੌਤ ਨੇ ਮੱਧ-ਪੂਰਬ ਦੀ ਸਥਿਤੀ ਨੂੰ ਹੋਰ ਵੀ ਗੰਭੀਰ ਰੂਪ ਵਿੱਚ ਪਹੁੰਚਣ ਲਈ ਮਜਬੂਰ ਕਰ ਦਿੱਤਾ। ਇਨ੍ਹਾਂ ਘਟਨਾਵਾਂ ਨੇ ਖੇਤਰ ਦੀ ਸੁਰੱਖਿਆ, ਅੰਤਰਰਾਸ਼ਟਰੀ ਸੰਬੰਧਾਂ ਅਤੇ ਵਿਸ਼ਵ ਰਾਜਨੀਤੀ ਨੂੰ ਪ੍ਰਭਾਵਤ ਕੀਤਾ ਹੈ। ਅਜਿਹੇ ਮਾਹੌਲ ਵਿੱਚ ਇਜ਼ਰਾਈਲ ਦੀਆਂ ਚੋਣਾਂ ਸਿਰਫ਼ ਇੱਕ ਦੇਸ਼ ਦੀ ਅੰਦਰੂਨੀ ਸਿਆਸਤ ਤੱਕ ਸੀਮਤ ਨਹੀਂ ਰਹੀਆਂ, ਸਗੋਂ ਇਨ੍ਹਾਂ ਦੇ ਨਤੀਜਿਆਂ ਉਤੇ ਪੂਰੀ ਦੁਨੀਆਂ ਦੀ ਨਜ਼ਰ ਟਿਕੀ ਹੋਈ ਹੈ।

ਹੁਣ ਗੱਲ ਉਕਤ ਚੋਣਾਂ ਦੀ ਕਰੀਏ ਤਾਂ ਇੱਥ ਦੱਸਦੇ ਚੱਲਾਂ ਕਿ ਇਜ਼ਰਾਈਲ ਦੀ ਸੰਸਦ ਨੂੰ ਨੇਸੈੱਟ (Knesset) ਕਿਹਾ ਜਾਂਦਾ ਹੈ, ਜਿਸ ਵਿੱਚ ਕੁੱਲ 120 ਮੈਂਬਰ ਹੁੰਦੇ ਹਨ। ਉੱਥੇ ਅਨੁਪਾਤਕ ਪ੍ਰਤੀਨਿਧਤਾ ਆਧਾਰਤ ਚੋਣ ਪ੍ਰਣਾਲੀ ਲਾਗੂ ਹੈ। ਸਰਕਾਰ ਬਣਾਉਣ ਲਈ ਕਿਸੇ ਪਾਰਟੀ ਜਾਂ ਗੱਠਜੋੜ ਨੂੰ ਘੱਟੋ-ਘੱਟ 61 ਸੰਸਦ ਮੈਂਬਰਾਂ ਦੇ ਸਮਰਥਨ ਦੀ ਲੋੜ ਹੁੰਦੀ ਹੈ।ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਦੀ ਅਗਵਾਈ ਵਾਲੇ ਗੱਠਜੋੜ ਨੂੰ 53 ਸੀਟਾਂ ਮਿਲੀਆਂ ਹਨ। ਇਸ ਗੱਠਜੋੜ ਵਿੱਚ ਉਨ੍ਹਾਂ ਦੀ ਲਿਕੁਡ ਪਾਰਟੀ ਤੋਂ ਇਲਾਵਾ ਸ਼ਾਸ, ਯੂਨਾਈਟਿਡ ਤੌਰਾਹ ਜੂਡਾਇਜ਼ਮ, ਓਤਜ਼ਮਾ ਯੇਹੂਦਿਤ ਅਤੇ ਰਿਲੀਜੀਅਸ ਜ਼ਾਇਓਨਿਜ਼ਮ ਵਰਗੀਆਂ ਪਾਰਟੀਆਂ ਸ਼ਾਮਲ ਹਨ।ਜਦੋਂ ਕਿ ਉਧਰ ਦੂਜੇ ਪਾਸੇ ਗਾਦੀ ਆਇਜ਼ਨਕੋਟ ਦੀ ਅਗਵਾਈ ਵਾਲੇ ਵਿਰੋਧੀ ਧੜੇ ਨੇ 48 ਸੀਟਾਂ ਹਾਸਲ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ । ਇਸ ਵਿੱਚ ਯਾਸ਼ਰ (Yashar), ਬੀਯਾਖਾਦ (BÓYachad), ਦ ਡੈਮੋਕ੍ਰੇਟਸ ਅਤੇ ਯਿਸਰਾਏਲ ਬੇਤੇਨੂ ਵਰਗੀਆਂ ਪਾਰਟੀਆਂ ਸ਼ਾਮਲ ਹਨ।ਇਨ੍ਹਾਂ ਦੋਵਾਂ ਧੜਿਆਂ ਤੋਂ ਇਲਾਵਾ ਅਰਬ ਅਗਵਾਈ ਵਾਲੀਆਂ ਦੋ ਮੁੱਖ ਸਿਆਸੀ ਪਾਰਟੀਆਂ ਜੁਆਇੰਟ ਲਿਸਟ (Joint List) ਅਤੇ ਰਾਅਮ ਨੇ ਮਿਲ ਕੇ 19 ਸੀਟਾਂ ਹਾਸਲ ਕੀਤੀਆਂ ਹਨ। ਇਨ੍ਹਾਂ ਵਿੱਚ ਜੁਆਇੰਟ ਲਿਸਟ ਨੂੰ 11 ਅਤੇ ਰਾਅਮ ਨੂੰ 8 ਸੀਟਾਂ ਮਿਲੀਆਂ ਹਨ।ਇਸ ਤਰ੍ਹਾਂ ਨੇਤਨਯਾਹੂ ਦਾ ਗੱਠਜੋੜ ਬਹੁਮਤ ਲਈ ਲੋੜੀਂਦੇ ਅੰਕੜੇ ਤੋਂ 8 ਸੀਟਾਂ ਪਿੱਛੇ ਰਹਿ ਗਿਆ ਹੈ, ਜਦੋਂ ਕਿ ਆਇਜ਼ਨਕੋਟ ਦੀ ਅਗਵਾਈ ਵਾਲਾ ਵਿਰੋਧੀ ਧੜਾ 13 ਸੀਟਾਂ ਘੱਟ ਹੋਣ ਕਾਰਨ ਆਪਣੇ ਦਮ 'ਤੇ ਸਰਕਾਰ ਬਣਾਉਣ ਦੀ ਸਥਿਤੀ ਵਿੱਚ ਨਹੀਂ ਹੈ।ਗੱਲ ਜੇਕਰ ਅਰਬ ਪਾਰਟੀਆਂ ਦੀ ਕਰੀਏ ਤਾਂ ਇਸ ਵਾਰ ਉਨ੍ਹਾਂ ਨਿਸ਼ਚਿਤ ਤੌਰ 'ਤੇ ਇਤਿਹਾਸਕ ਸਫ਼ਲਤਾ ਹਾਸਲ ਕੀਤੀ ਹੈ। ਇਹੋ ਵਜਾਹ ਹੈ ਕਿ ਇਨ੍ਹਾਂ ਚੋਣਾਂ ਦਾ ਸਭ ਤੋਂ ਦਿਲਚਸਪ ਅਤੇ ਦੂਰਗਾਮੀ ਮਹੱਤਵ ਵਾਲਾ ਪਹਿਲੂ ਅਰਬ ਪਾਰਟੀਆਂ ਦਾ ਉਭਰਨਾ ਹੈ। ਇਜ਼ਰਾਈਲ ਵਿੱਚ ਰਹਿਣ ਵਾਲੇ ਫ਼ਲਸਤੀਨੀ ਮੂਲ ਦੇ ਅਰਬ ਨਾਗਰਿਕਾਂ ਦੀ ਸਿਆਸੀ ਭਾਗੀਦਾਰੀ ਪਹਿਲਾਂ ਵੀ ਰਹੀ ਹੈ, ਪਰ ਇਸ ਵਾਰ ਇਨ੍ਹਾਂ ਪਾਰਟੀਆਂ ਨੇ 19 ਸੀਟਾਂ ਹਾਸਲ ਕਰਕੇ ਇੱਕ ਨਵਾਂ ਰਿਕਾਰਡ ਕਾਇਮ ਕੀਤਾ ਹੈ। ਪਿਛਲੀ ਸੰਸਦ ਵਿੱਚ ਇਨ੍ਹਾਂ ਦੀਆਂ ਕੁੱਲ 10 ਸੀਟਾਂ ਸਨ।ਇਨ੍ਹਾਂ ਵਿੱਚ ਜੁਆਇੰਟ ਲਿਸਟ ਨੇ 11 ਅਤੇ ਰਾਅਮ ਨੇ 8 ਸੀਟਾਂ ਹਾਸਲ ਕੀਤੀਆਂ ਹਨ। ਰਾਅਮ ਦੀ ਅਗਵਾਈ ਮਨਸੂਰ ਅੱਬਾਸ ਕਰ ਰਹੇ ਹਨ, ਜਦੋਂ ਕਿ ਜੁਆਇੰਟ ਲਿਸਟ ਦੇ ਪ੍ਰਮੁੱਖ ਆਗੂਆਂ ਵਿੱਚ ਯੂਸਫ਼ ਜਬਾਰੀਨ ਸ਼ਾਮਲ ਹਨ।ਇਨ੍ਹਾਂ ਦੋਵਾਂ ਪਾਰਟੀਆਂ ਦੀਆਂ 19 ਸੀਟਾਂ ਨੇ ਉਨ੍ਹਾਂ ਨੂੰ ਸਰਕਾਰ ਬਣਾਉਣ ਦੇ ਸਮੀਕਰਨ ਵਿੱਚ ਇੱਕ ਅਹਿਮ ਸਥਾਨ ਦਿਵਾ ਦਿੱਤਾ ਹੈ। ਜੇਕਰ ਵਿਰੋਧੀ ਧੜਾ ਇਨ੍ਹਾਂ ਦਾ ਸਮਰਥਨ ਹਾਸਲ ਕਰਨ ਵਿੱਚ ਸਫ਼ਲ ਹੋ ਜਾਂਦਾ ਹੈ ਤਾਂ ਉਸ ਲਈ ਬਹੁਮਤ ਦਾ ਅੰਕੜਾ ਪਾਰ ਕਰਨਾ ਗਣਿਤਕ ਤੌਰ 'ਤੇ ਸੰਭਵ ਹੋ ਸਕਦਾ ਹੈ।ਹੁਣ ਸਭ ਤੋਂ ਵੱਡਾ ਸਵਾਲ ਇਹ ਹੈ ਕਿ ਕੀ ਅਰਬ ਪਾਰਟੀਆਂ ਦੀ ਮਦਦ ਨਾਲ ਨੇਤਨਯਾਹੂ ਨੂੰ ਸੱਤਾ ਤੋਂ ਬਾਹਰ ਕੀਤਾ ਜਾ ਸਕੇਗਾ? ਅੰਕੜਿਆਂ ਪੱਖੋਂ ਵੇਖਿਆ ਜਾਵੇ ਤਾਂ ਵਿਰੋਧੀ ਧੜੇ ਦੀਆਂ 48 ਅਤੇ ਅਰਬ ਪਾਰਟੀਆਂ ਦੀਆਂ 19 ਸੀਟਾਂ ਮਿਲ ਕੇ 67 ਬਣਦੀਆਂ ਹਨ, ਜੋ ਬਹੁਮਤ ਲਈ ਲੋੜੀਂਦੀਆਂ 61 ਸੀਟਾਂ ਤੋਂ ਵੱਧ ਹਨ, ਪਰ ਸਿਆਸਤ ਵਿੱਚ ਸਿਰਫ਼ ਗਿਣਤੀ ਹੀ ਸਭ ਕੁਝ ਨਹੀਂ ਹੁੰਦੀ। ਇਸ ਲਈ ਸਿਆਸੀ ਵਿਚਾਰਧਾਰਾ, ਆਪਸੀ ਭਰੋਸਾ, ਨੀਤੀਆਂ ਅਤੇ ਕੌਮੀ ਸੁਰੱਖਿਆ ਵਰਗੇ ਮੁੱਦੇ ਵੀ ਬਹੁਤ ਅਹਿਮ ਹੁੰਦੇ ਹਨ।ਇਸ ਸੰਦਰਭ ਵਿੱਚ ਇੱਕ ਵੱਡੀ ਰੁਕਾਵਟ ਵਿਰੋਧੀ ਧੜੇ ਦੇ ਕੁਝ ਆਗੂਆਂ ਦਾ ਅਰਬ ਪਾਰਟੀਆਂ ਨਾਲ ਸਾਂਝ ਬਣਾਉਣ ਤੋਂ ਇਨਕਾਰ ਕਰਨਾ ਹੈ। ਖ਼ਾਸ ਕਰਕੇ ਯਿਸਰਾਏਲ ਬੇਤੇਨੂ ਦੇ ਆਗੂ ਅਵਿਗਦੋਰ ਲੀਬਰਮੈਨ ਨੇ ਅਰਬ ਪਾਰਟੀਆਂ ਨਾਲ ਸਾਂਝੇਦਾਰੀ ਦੀ ਸੰਭਾਵਨਾ ਨੂੰ ਰੱਦ ਕੀਤਾ ਹੈ। ਇਸ ਕਾਰਨ ਵਿਰੋਧੀ ਧਿਰ ਲਈ 67 ਸੀਟਾਂ ਦਾ ਸਾਂਝਾ ਅੰਕੜਾ ਹਕੀਕਤ ਵਿੱਚ ਬਹੁਮਤ ਬਣਾਉਣਾ ਆਸਾਨ ਨਹੀਂ ਹੋਵੇਗਾ।


ਮੁਹੰਮਦ ਅੱਬਾਸ ਧਾਲੀਵਾਲ

ਦੂਜੇ ਪਾਸੇ ਗਾਦੀ ਆਇਜ਼ਨਕੋਟ ਇੱਕ ਵਿਆਪਕ ਜ਼ਾਇਓਨਿਸਟ ਅਤੇ ਕੌਮੀ ਏਕਤਾ ਵਾਲੀ ਸਰਕਾਰ ਬਣਾਉਣ ਦੀ ਗੱਲ ਕਰ ਰਹੇ ਹਨ । ਉਨ੍ਹਾ ਸਰਕਾਰ ਵਿੱਚ ਸ਼ਾਮਲ ਹੋਣ ਵਾਲੀਆਂ ਪਾਰਟੀਆਂ ਲਈ ਕੁਝ ਸਿਆਸੀ ਸਿਧਾਂਤ ਅਤੇ ਸ਼ਰਤਾਂ ਵੀ ਰੱਖੀਆਂ ਹਨ। ਇਨ੍ਹਾਂ ਵਿੱਚ ਰਾਸ਼ਟਰੀ ਸੇਵਾ ਦੀ ਜ਼ਿੰਮੇਵਾਰੀ ਅਤੇ ਗਾਜ਼ਾ ਵਿੱਚ ਹਮਾਸ ਦੀ ਫ਼ੌਜੀ ਤੇ ਸ਼ਾਸਕੀ ਸਮਰੱਥਾ ਖ਼ਤਮ ਕਰਨ ਦਾ ਮੁੱਦਾ ਵੀ ਸ਼ਾਮਲ ਹੈ।

1 ਨਵੰਬਰ ਦੀਆਂ ਤਾਜ਼ਾ ਸਿਆਸੀ ਸਰਗਰਮੀਆਂ ਵਿੱਚ ਆਇਜ਼ਨਕੋਟ ਅਤੇ ਯਾਇਰ ਲਾਪਿਦ ਵਿਚਕਾਰ ਹੋਈ ਮੁਲਾਕਾਤ ਵੀ ਮਹੱਤਵਪੂਰਨ ਹੈ। ਦੋਵਾਂ ਆਗੂਆਂ ਨੇ ਚੋਣ ਨਤੀਜਿਆਂ ਤੋਂ ਬਾਅਦ ਅਗਲੇ ਸਿਆਸੀ ਕਦਮਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਹੈ। ਇਸ ਤੋਂ ਸੰਕੇਤ ਮਿਲਦਾ ਹੈ ਕਿ ਵਿਰੋਧੀ ਧੜਾ ਸਰਕਾਰ ਬਣਾਉਣ ਲਈ ਸਾਂਝੀ ਰਣਨੀਤੀ ਤਿਆਰ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ। ਉਧਰ ਮਾਹਰਾਂ ਅਨੁਸਾਰ ਮੌਜੂਦਾ ਚੋਣ ਨਤੀਜਿਆਂ ਦੇ ਆਧਾਰ 'ਤੇ ਇਜ਼ਰਾਈਲ ਵਿੱਚ ਸਰਕਾਰ ਬਣਾਉਣ ਦੀਆਂ ਤਿੰਨ ਪ੍ਰਮੁੱਖ ਸੰਭਾਵਨਾਵਾਂ ਦਿਖਾਈ ਦਿੰਦੀਆਂ ਹਨ। ਇਨ੍ਹਾਂ 'ਚੋਂ ਪਹਿਲੀ ਸੰਭਾਵਨਾ ਇਹ ਹੈ ਕਿ ਆਇਜ਼ਨਕੋਟ ਦੀ ਅਗਵਾਈ ਹੇਠ ਸਰਕਾਰ ਬਣ ਸਕਦੀ ਹੈ, ਇਸ ਦੇ ਤਹਿਤ ਵਿਰੋਧੀ ਧੜਾ ਅਰਬ ਪਾਰਟੀਆਂ ਨਾਲ ਸਮਝੌਤਾ ਕਰਕੇ ਸਰਕਾਰ ਬਣਾਉਣ ਦੀ ਕੋਸ਼ਿਸ਼ ਕਰ ਸਕਦਾ ਹੈ। ਇਸ ਵਿੱਚ ਰਾਅਮ ਪਾਰਟੀ ਸਰਕਾਰ ਦਾ ਹਿੱਸਾ ਬਣ ਸਕਦੀ ਹੈ, ਜਦੋਂ ਕਿ ਜੁਆਇੰਟ ਲਿਸਟ ਬਾਹਰੋਂ ਸਮਰਥਨ ਦੇ ਸਕਦੀ ਹੈ, ਪਰ ਇਸ ਲਈ ਦੋਵਾਂ ਧਿਰਾਂ ਵਿਚਕਾਰ ਨੀਤੀਗਤ ਸਹਿਮਤੀ ਅਤੇ ਆਪਸੀ ਭਰੋਸਾ ਬਣਾਉਣਾ ਜ਼ਰੂਰੀ ਹੋਵੇਗਾ। ਇਸ ਤੋਂ ਇਲਾਵਾ ਵਿਰੋਧੀ ਧਿਰ ਦੇ ਅੰਦਰ ਵੀ ਅਰਬ ਪਾਰਟੀਆਂ ਨਾਲ ਸਹਿਯੋਗ ਦੇ ਮੁੱਦੇ 'ਤੇ ਸਹਿਮਤੀ ਬਣਾਉਣੀ ਪਵੇਗੀ ।

ਦੂਜੀ ਸੰਭਾਵਨਾ ਕੌਮੀ ਏਕਤਾ ਦੀ ਸਰਕਾਰ ਦਾ ਗਠਨ ਕੀਤਾ ਜਾ ਸਕਦਾ ਹੈ, ਅਰਥਾਤ ਜੇਕਰ ਵਿਰੋਧੀ ਧੜਾ ਅਰਬ ਪਾਰਟੀਆਂ ਨਾਲ ਸਹਿਯੋਗ ਕਰਨ ਤੋਂ ਇਨਕਾਰ ਕਰਦਾ ਹੈ ਅਤੇ ਨੇਤਨਯਾਹੂ ਵੀ ਆਪਣੇ ਮੌਜੂਦਾ ਗੱਠਜੋੜ ਰਾਹੀਂ ਬਹੁਮਤ ਹਾਸਲ ਨਹੀਂ ਕਰ ਸਕਦੇ ਤਾਂ ਇੱਕ ਵਿਆਪਕ ਕੌਮੀ ਏਕਤਾ ਦੀ ਸਰਕਾਰ ਬਣਾਉਣ ਦਾ ਰਾਹ ਖੁੱਲ੍ਹ ਸਕਦਾ ਹੈ। ਇਸ ਵਿੱਚ ਵਿਰੋਧੀ ਧਿਰ ਦੇ ਕੁਝ ਕੇਂਦਰੀ ਜਾਂ ਸੱਜੇ ਪੱਖੀ ਆਗੂ ਵੀ ਸ਼ਾਮਲ ਹੋ ਸਕਦੇ ਹਨ। ਹਾਲਾਂਕਿ ਨੇਤਨਯਾਹੂ ਨਾਲ ਸਰਕਾਰ ਬਣਾਉਣ ਦੇ ਮੁੱਦੇ 'ਤੇ ਵਿਰੋਧੀ ਧੜੇ ਦੇ ਅੰਦਰ ਗੰਭੀਰ ਮਤਭੇਦ ਹਨ।

ਤੀਜੀ ਅਤੇ ਆਖਰੀ ਸੰਭਾਵਨਾ ਮੁੜ ਚੋਣਾਂ ਦੇ ਬਦਲ ਦੇ ਰੂਪ ਵਿੱਚ ਮੌਜੂਦ ਹੈ। ਅਰਥਾਤ ਜੇਕਰ ਕੋਈ ਵੀ ਧਿਰ ਸਰਕਾਰ ਬਣਾਉਣ ਲਈ ਲੋੜੀਂਦਾ ਸਮਰਥਨ ਇਕੱਠਾ ਕਰਨ ਵਿੱਚ ਅਸਫ਼ਲ ਰਹਿੰਦੀ ਹੈ ਤਾਂ ਦੇਸ਼ ਨੂੰ ਇੱਕ ਵਾਰ ਫਿਰ ਆਮ ਚੋਣਾਂ ਵੱਲ ਜਾਣਾ ਪੈ ਸਕਦਾ ਹੈ। ਅਜਿਹੀ ਸਥਿਤੀ ਵਿੱਚ ਮੌਜੂਦਾ ਨੇਤਨਯਾਹੂ ਸਰਕਾਰ ਅਗਲੀ ਸਰਕਾਰ ਦੇ ਗਠਨ ਤੱਕ ਕਾਰਜਕਾਰੀ ਸਰਕਾਰ ਵਜੋਂ ਕੰਮ ਕਰਦੀ ਰਹੇਗੀ। ਰਿਪੋਰਟਾਂ ਅਨੁਸਾਰ 30 ਅਕਤੂਬਰ ਨੂੰ ਕੇਂਦਰੀ ਚੋਣ ਕਮੇਟੀ ਨੇ ਨਤੀਜਿਆਂ ਦੀ ਗਿਣਤੀ ਪੂਰੀ ਕਰਕੇ ਸੀਟਾਂ ਦੀ ਵੰਡ ਜਾਰੀ ਕਰ ਦਿੱਤੀ ਸੀ। ਹਾਲਾਂਕਿ ਚੋਣਾਂ ਨਾਲ ਸੰਬੰਧਤ ਸ਼ਿਕਾਇਤਾਂ ਅਤੇ ਤਕਨੀਕੀ ਜਾਂਚ ਦੀ ਪ੍ਰਕਿਰਿਆ ਪੂਰੀ ਹੋਣ ਤੋਂ ਬਾਅਦ ਅਧਿਕਾਰਤ ਨਤੀਜੇ ਰਾਸ਼ਟਰਪਤੀ ਇਸਾਕ ਹਰਜ਼ੋਗ ਨੂੰ ਸੌਂਪੇ ਜਾਣੇ ਹਨ। ਇਸ ਤੋਂ ਬਾਅਦ ਰਾਸ਼ਟਰਪਤੀ ਵੱਖ-ਵੱਖ ਸਿਆਸੀ ਪਾਰਟੀਆਂ ਦੇ ਪ੍ਰਤੀਨਿਧੀਆਂ ਨਾਲ ਸਲਾਹ-ਮਸ਼ਵਰਾ ਕਰਕੇ ਉਸ ਸੰਸਦ ਮੈਂਬਰ ਨੂੰ ਸਰਕਾਰ ਬਣਾਉਣ ਦਾ ਸੱਦਾ ਦੇਣਗੇ, ਜਿਸ ਬਾਰੇ ਉਨ੍ਹਾ ਨੂੰ ਲੱਗੇਗਾ ਕਿ ਉਹ ਬਹੁਮਤ ਹਾਸਲ ਕਰ ਸਕਦਾ ਹੈ।

ਸਰਕਾਰ ਬਣਾਉਣ ਲਈ ਨਾਮਜ਼ਦ ਆਗੂ ਨੂੰ ਸ਼ੁਰੂਆਤੀ ਤੌਰ 'ਤੇ 28 ਦਿਨਾਂ ਦਾ ਸਮਾਂ ਮਿਲੇਗਾ, ਜਿਸ ਨੂੰ ਲੋੜ ਪੈਣ 'ਤੇ 14 ਦਿਨ ਹੋਰ ਵਧਾਇਆ ਜਾ ਸਕਦਾ ਹੈ। ਨਵੀਂ ਸੰਸਦ ਦਾ ਸਹੁੰ ਚੁੱਕ ਸਮਾਗਮ 10 ਨਵੰਬਰ ਨੂੰ ਨਿਰਧਾਰਤ ਹੈ।ਜੇਕਰ ਨੇਤਨਯਾਹੂ ਸੱਤਾ ਤੋਂ ਬਾਹਰ ਹੋ ਜਾਂਦੇ ਹਨ ਤਾਂ ਇਜ਼ਰਾਈਲ ਦੀ ਫ਼ਲਸਤੀਨ ਨੀਤੀ, ਗਾਜ਼ਾ ਦੇ ਭਵਿੱਖ, ਪੱਛਮੀ ਕੰਢੇ ਦੀ ਸਥਿਤੀ ਅਤੇ ਈਰਾਨ ਨਾਲ ਸੰਬੰਧਾਂ ਬਾਰੇ ਨਵੀਂ ਸਰਕਾਰ ਦੀ ਪਹੁੰਚ ਵਿੱਚ ਤਬਦੀਲੀ ਆ ਸਕਦੀ ਹੈ। ਹਾਲਾਂਕਿ ਸਿਰਫ਼ ਸਰਕਾਰ ਬਦਲਣ ਨਾਲ ਇਨ੍ਹਾਂ ਸਾਰੇ ਮੁੱਦਿਆਂ ਦਾ ਤੁਰੰਤ ਹੱਲ ਹੋ ਜਾਣਾ ਵੀ ਸੰਭਵ ਨਹੀਂ।

ਇਸ ਤੋਂ ਇਲਾਵਾ ਅਮਰੀਕਾ ਨਾਲ ਇਜ਼ਰਾਈਲ ਦੇ ਰਣਨੀਤਕ ਸੰਬੰਧ, ਅਰਬ ਦੇਸ਼ਾਂ ਨਾਲ ਸੰਬੰਧਾਂ ਨੂੰ ਆਮ ਬਣਾਉਣ ਦੀ ਪ੍ਰਕਿਰਿਆ ਅਤੇ ਖੇਤਰ ਵਿੱਚ ਸ਼ਾਂਤੀ ਸਥਾਪਤ ਕਰਨ ਦੇ ਯਤਨ ਵੀ ਨਵੀਂ ਸਰਕਾਰ ਦੀਆਂ ਨੀਤੀਆਂ ਨਾਲ ਪ੍ਰਭਾਵਤ ਹੋ ਸਕਦੇ ਹਨ।ਇਨ੍ਹਾਂ ਚੋਣਾਂ ਦਾ ਇੱਕ ਹੋਰ ਮਹੱਤਵਪੂਰਨ ਪੱਖ ਇਜ਼ਰਾਈਲ ਦੇ ਅਰਬ ਨਾਗਰਿਕਾਂ ਦੀ ਸਿਆਸੀ ਭਾਗੀਦਾਰੀ ਹੈ। 19 ਸੀਟਾਂ ਦੀ ਜਿੱਤ ਇਹ ਦਰਸਾਉਂਦੀ ਹੈ ਕਿ ਅਰਬ ਵੋਟਰਾਂ ਦੀ ਸਿਆਸੀ ਤਾਕਤ ਨੂੰ ਹੁਣ ਨਜ਼ਰਅੰਦਾਜ਼ ਕਰਨਾ ਆਸਾਨ ਨਹੀਂ ਹੋਵੇਗਾ। ਇਹ ਸਿਰਫ਼ ਚੋਣਾਵੀ ਸਫ਼ਲਤਾ ਨਹੀਂ, ਸਗੋਂ ਇਜ਼ਰਾਈਲ ਦੀ ਸਿਆਸੀ ਵਿਵਸਥਾ ਵਿੱਚ ਅਰਬ ਨਾਗਰਿਕਾਂ ਦੀ ਵਧਦੀ ਭੂਮਿਕਾ ਦਾ ਵੀ ਸੰਕੇਤ ਹੈ।

ਹੁਣ ਇਹ ਦੇਖਣਾ ਕਾਫ਼ੀ ਦਿਲਚਸਪ ਹੋਵੇਗਾ ਕਿ ਆਉਣ ਵਾਲੇ ਦਿਨਾਂ ਵਿੱਚ ਇਜ਼ਰਾਈਲ ਦੀ ਸਿਆਸਤ ਵਿੱਚ ਨੇਤਨਯਾਹੂ ਦੀ ਸੱਤਾ ਬਰਕਰਾਰ ਰਹਿੰਦੀ ਹੈ ਜਾਂ ਆਇਜ਼ਨਕੋਟ ਦੀ ਅਗਵਾਈ ਹੇਠ ਨਵੀਂ ਸਰਕਾਰ ਬਣਦੀ ਹੈ ਜਾਂ ਫਿਰ ਦੇਸ਼ ਨੂੰ ਮੁੜ ਚੋਣਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇੱਕ ਗੱਲ ਤਾਂ ਤੈਅ ਹੈ ਕਿ ਇਨ੍ਹਾਂ ਚੋਣਾਂ ਨੇ ਇਜ਼ਰਾਈਲ ਦੀ ਸਿਆਸਤ ਵਿੱਚ ਅਰਬ ਪਾਰਟੀਆਂ ਦੀ ਅਹਿਮੀਅਤ ਨੂੰ ਪਹਿਲਾਂ ਨਾਲੋਂ ਕਿਤੇ ਵੱਧ ਵਧੇਰੇ ਉਪਯੋਗੀ ਅਤੇ ਮਹੱਤਵਪੂਰਨ ਬਣਾ ਦਿੱਤਾ ਹੈ।

ਸੰਪਰਕ : 98552-59650

ਨਾਬਾਲਿਗ ਲੜਕੀ ਨਾਲ ਜਬਰ-ਜਨਾਹ ਕਰਨ ਵਾਲੇ ਮਤਰੇਏ ਬਾਪ ਖ਼ਿਲਾਫ਼ ਮਾਮਲਾ ਦਰਜ

ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)-ਜ਼ਿਲ੍ਹੇ ਦੇ ਪਿੰਡ ਲੰਬਵਾਲੀ ਵਿਖੇ ਦੁਸਹਿਰੇ ਵਾਲੇ ਦਿਨ 10 ਸਾਲਾ ਨਾਬਾਲਿਗ ਲੜਕੀ ਨਾਲ ਉਸ ਦੇ ਮਤਰੇਏ ਬਾਪ ਵੱਲੋਂ ਕੀਤੇ ਗਏ ਸ਼ਰਮਨਾਕ ਕੁਕਰਮ ਦੇ ਮਾਮਲੇ ਵਿੱਚ ਸਬੰਧਤ ਥਾਣਾ ਪੁਲਸ ਵੱਲੋਂ ਮਾਮਲਾ ਦਰਜ ਕਰ ਲਿਆ ਗਿਆ ਹੈ।ਪ੍ਰਾਪਤ ਜਾਣਕਾਰੀ ਅਨੁਸਾਰ 24 ਅਕਤੂਬਰ ਨੂੰ ਪਿੰਡ ਦੀ ਪੰਚਾਇਤ ਮੈਂਬਰ ਬੀਬੀ ਸੁਖਜੀਤ ਕੌਰ ਦੀ ਮਦਦ ਨਾਲ ਪੀੜਤ ਲੜਕੀ ਨੂੰ ਪਹਿਲਾਂ ਬਾਜਾਖਾਨਾ ਦੇ ਸਰਕਾਰੀ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ ਸੀ। ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਡਾਕਟਰਾਂ ਨੇ ਉਸ ਨੂੰ ਸਰਕਾਰੀ ਐਂਬੂਲੈਂਸ ਰਾਹੀਂ ਮੈਡੀਕਲ ਹਸਪਤਾਲ ਫਰੀਦਕੋਟ ਰੈਫ਼ਰ ਕਰ ਦਿੱਤਾ। ਪ੍ਰੰਤੂ, ਇਨਸਾਨੀਅਤ ਨੂੰ ਸ਼ਰਮਸਾਰ ਕਰਨ ਵਾਲੀ ਗੱਲ ਇਹ ਰਹੀ ਕਿ ਅਧਾਰ ਕਾਰਡ ਨਾ ਹੋਣ ਦੇ ਬਹਾਨੇ ਪੀੜਤ ਲੜਕੀ, ਉਸ ਦੀ ਮਾਂ ਅਤੇ ਮਦਦ ਲਈ ਨਾਲ ਆਈਆਂ ਬੀਬੀਆਂ ਨੂੰ ਚਾਰ ਘੰਟੇ ਖੱਜਲ-ਖੁਆਰ ਕਰਨ ਤੋਂ ਬਾਅਦ ਜੱਚਾ-ਬੱਚਾ ਵਿਭਾਗ ਦੀ ਐਮਰਜੈਂਸੀ ਤੋਂ ਬਿਨਾਂ ਇਲਾਜ ਕੀਤੇ ਹੀ ਵਾਪਸ ਮੋੜ ਦਿੱਤਾ ਗਿਆ।ਇਸ ਦੌਰਾਨ ਜਦੋਂ ਪੰਚਾਇਤ ਮੈਂਬਰ ਸੁਖਜੀਤ ਕੌਰ ਨੇ ਇਹ ਸੰਵੇਦਨਸ਼ੀਲ ਮਾਮਲਾ ਸੀ ਪੀ ਆਈ ਦੇ ਤਹਿਸੀਲ ਸਕੱਤਰ ਕਾਮਰੇਡ ਸੁਖਦੇਵ ਸਿੰਘ ਡੋਡ ਅਤੇ ਨਰੇਗਾ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਕਾਮਰੇਡ ਵੀਰ ਸਿੰਘ ਕੰਮੇਆਣਾ ਦੇ ਧਿਆਨ ਵਿੱਚ ਲਿਆਂਦਾ, ਉਦੋਂ ਤੱਕ ਲੜਕੀ ਆਪਣੇ ਮਾਮੇ ਨਾਲ ਗੋਨਿਆਣਾ ਮੰਡੀ ਚਲੀ ਗਈ ਸੀ। ਮਾਮਲੇ ਦਾ ਗੰਭੀਰ ਨੋਟਿਸ ਲੈਂਦਿਆਂ ਪਾਰਟੀ ਆਗੂ ਅਸ਼ੋਕ ਕੌਸ਼ਲ, ਪ੍ਰੇਮ ਚਾਵਲਾ ਅਤੇ ਆਲ ਇੰਡੀਆ ਆਸ਼ਾ ਵਰਕਰਜ਼ ਯੂਨੀਅਨ (ਏਟਕ) ਦੀ ਸੂਬਾ ਪ੍ਰਧਾਨ ਅਮਰਜੀਤ ਕੌਰ ਰਣ ਸਿੰਘ ਵਾਲਾ 28 ਅਕਤੂਬਰ ਨੂੰ ਪਿੰਡ ਲੰਬਵਾਲੀ ਪਹੁੰਚੇ ਅਤੇ ਸਰਪੰਚ ਤੇ ਪੰਚਾਇਤ ਮੈਂਬਰਾਂ ਨੂੰ ਭਰੋਸੇ ਵਿੱਚ ਲੈ ਕੇ ਘਟਨਾ ਦੀ ਪੂਰੀ ਜਾਣਕਾਰੀ ਹਾਸਲ ਕੀਤੀ।ਸੀ ਪੀ ਆਈ ਆਗੂਆਂ ਦੇ ਲਗਾਤਾਰ ਅਤੇ ਅਣਥੱਕ ਯਤਨਾਂ ਸਦਕਾ ਪੀੜਤ ਲੜਕੀ ਨੂੰ 31 ਅਕਤੂਬਰ ਨੂੰ ਦੁਬਾਰਾ ਹਸਪਤਾਲ ਦਾਖ਼ਲ ਕਰਵਾਇਆ ਗਿਆ, ਜਿੱਥੇ ਉਸ ਦੇ ਜ਼ਰੂਰੀ ਮੈਡੀਕਲ ਟੈਸਟ ਕਰਵਾ ਕੇ ਇਲਾਜ ਸ਼ੁਰੂ ਕੀਤਾ ਗਿਆ। ਇਸ ਤੋਂ ਬਾਅਦ ਸਬੰਧਤ ਥਾਣੇ ਦੀ ਪੁਲਸ ਨੇ ਪੀੜਤਾ ਅਤੇ ਉਸ ਦੀ ਮਾਤਾ ਦੇ ਬਿਆਨ ਕਲਮਬੰਦ ਕੀਤੇ।ਮਾਸਟਰ ਗੁਰਚਰਨ ਸਿੰਘ ਮਾਨ, ਪ੍ਰਦੀਪ ਬਰਾੜ ਅਤੇ ਟਰੇਡ ਯੂਨੀਅਨ ਆਗੂ ਸ਼ਵਿੰਦਰ ਸਿੰਘ ਸੰਧੂ ਵੱਲੋਂ ਕੀਤੀ ਗਈ ਮਜ਼ਬੂਤ ਪੈਰਵੀ ਦੇ ਸਿੱਟੇ ਵਜੋਂ 2 ਨਵੰਬਰ ਨੂੰ ਕਥਿਤ ਦੋਸ਼ੀ ਮਤਰੇਏ ਬਾਪ ਖ਼ਿਲਾਫ਼ ਮੁਕੱਦਮਾ ਦਰਜ ਕਰ ਲਿਆ ਗਿਆ। ਭਾਰਤੀ ਕਮਿਊਨਿਸਟ ਪਾਰਟੀ ਦੇ ਆਗੂਆਂ ਨੇ ਪੁਲਸ ਪ੍ਰਸ਼ਾਸਨ ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਕਥਿਤ ਦੋਸ਼ੀ ਖ਼ਿਲਾਫ਼ ਕਾਨੂੰਨ ਅਨੁਸਾਰ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇ।

ਫਤਹਿਗੜ੍ਹ ਸਾਹਿਬ ਦੀ ਪਵਿੱਤਰ ਧਰਤੀ ਦਾ ਸਮੁੱਚੀ ਦੁਨੀਆ ਲਈ ਵਿਸ਼ੇਸ਼ ਮਹੱਤਵ : ਰਾਜਪਾਲ



ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਫ਼ਤਹਿਗੜ੍ਹ ਸਾਹਿਬ ਦੀ ਪਵਿੱਤਰ ਧਰਤੀ ਸਿਰਫ਼ ਪੰਜਾਬ ਲਈ ਹੀ ਨਹੀਂ, ਸਗੋਂ ਸਮੁੱਚੀ ਦੁਨੀਆ ਲਈ ਪ੍ਰੇਰਨਾ ਦਾ ਸਰੋਤ ਹੈ। ਇਸ ਧਰਤੀ ਨਾਲ ਜੁੜਿਆ ਇਤਿਹਾਸ ਅਤੇ ਇੱਥੋਂ ਮਿਲਣ ਵਾਲੀ ਅਧਿਆਤਮਿਕ ਪ੍ਰੇਰਨਾ ਬੱਚਿਆਂ ਅਤੇ ਨੌਜਵਾਨਾਂ ਵਿੱਚ ਅਜਿਹਾ ਹੌਸਲਾ, ਦ੍ਰਿੜ੍ਹਤਾ ਅਤੇ ਕੁਰਬਾਨੀ ਦੀ ਭਾਵਨਾ ਪੈਦਾ ਕਰਦੀ ਹੈ, ਜੋ ਸਮਾਜ ਲਈ ਮਾਰਗਦਰਸ਼ਕ ਹੈ। ਇਹ ਪ੍ਰਗਟਾਵਾ ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਮਾਤਾ ਚਕਰੇਸ਼ਵਰੀ ਮੰਦਿਰ ਫ਼ਤਹਿਗੜ੍ਹ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਕੀਤਾ। ਰਾਜਪਾਲ ਨੇ ਫਤਹਿਗੜ੍ਹ ਸਾਹਿਬ ਦੀ ਇਤਿਹਾਸਕ ਅਤੇ ਧਾਰਮਿਕ ਮਹੱਤਤਾ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਹ ਉਹ ਪਵਿੱਤਰ ਧਰਤੀ ਹੈ, ਜਿੱਥੇ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਦੇ ਛੋਟੇ ਸਾਹਿਬਜ਼ਾਦਿਆਂ ਨੇ ਲਾਸਾਨੀ ਸ਼ਹਾਦਤ ਦਿੱਤੀ। ਉਨ੍ਹਾਂ ਕਿਹਾ ਕਿ ਸਾਹਿਬਜ਼ਾਦਿਆਂ ਦੀ ਅਦੁੱਤੀ ਕੁਰਬਾਨੀ ਅਤੇ ਬੇਮਿਸਾਲ ਹੌਸਲੇ ਦੀ ਮਿਸਾਲ ਦੁਨੀਆ ਦੇ ਇਤਿਹਾਸ ਵਿੱਚ ਕਿਤੇ ਹੋਰ ਦੇਖਣ ਨੂੰ ਨਹੀਂ ਮਿਲਦੀ।ਉਨ੍ਹਾਂ ਕਿਹਾ ਕਿ ਇਸ ਪਵਿੱਤਰ ਸਥਾਨ ਦੇ ਦਰਸ਼ਨਾਂ ਨਾਲ ਉਨ੍ਹਾਂ ਨੂੰ ਹਮੇਸ਼ਾ ਕੰਮ ਕਰਨ ਲਈ ਨਵੀਂ ਹਿੰਮਤ, ਹੌਸਲਾ ਅਤੇ ਊਰਜਾ ਮਿਲਦੀ ਹੈ। ਉਨ੍ਹਾਂ ਕਿਹਾ ਕਿ ਇਸ ਸਥਾਨ ਪ੍ਰਤੀ ਉਨ੍ਹਾਂ ਦੇ ਮਨ ਵਿੱਚ ਵਿਸ਼ੇਸ਼ ਆਸਥਾ ਹੈ ਅਤੇ ਇੱਥੋਂ ਮਿਲਣ ਵਾਲੀ ਪ੍ਰੇਰਨਾ ਉਨ੍ਹਾਂ ਨੂੰ ਵੱਧ ਤੋਂ ਵੱਧ ਮਿਹਨਤ ਕਰਨ ਲਈ ਉਤਸ਼ਾਹਿਤ ਕਰਦੀ ਹੈ।ਇਸ ਮੌਕੇ ਡਿਪਟੀ ਕਮਿਸ਼ਨਰ ਡਾ.ਸੋਨਾ ਥਿੰਦ, ਜ਼ਿਲ੍ਹਾ ਪੁਲਿਸ ਮੁਖੀ ਸ੍ਰੀ ਸੁਭਮ ਅਗਰਵਾਲ, ਵਧੀਕ ਡਿਪਟੀ ਕਮਿਸ਼ਨਰ(ਜ) ਅਮਰਬੀਰ ਕੌਰ ਭੁੱਲਰ, ਐਸ.ਡੀ.ਐਮ.ਕਰੁਣ ਗੁਪਤਾ, ਪ੍ਰਧਾਨ ਸੁਨੀਲ ਕੁਮਾਰ ਜੈਨ ਤੋਂ ਇਲਾਵਾ ਹੋਰ ਅਹੁਦੇਦਾਰ ਤੇ ਸ਼ਰਧਾਲੂ ਵੀ ਹਾਜ਼ਰ ਸਨ।

ਕਲੇਰ ਦੀ ਅਗਵਾਈ ਹੇਠ ਹਲਕਾ ਜਗਰਾਉਂ ਦੀ ਯੂਥ ਮਿਲਣੀ 'ਚ ਨੌਜਵਾਨਾਂ ਦਾ ਭਾਰੀ ਇਕੱਠ

ਜਗਰਾਉਂ (ਨਛੱਤਰ ਸੰਧੂ)-ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਹਲਕਾ ਜਗਰਾਉਂ ਵਿਖੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਹਲਕਾ ਇੰਚਾਰਜ ਅਤੇ ਕੋਰ ਕਮੇਟੀ ਮੈਂਬਰ ਸ. ਐਸ.ਆਰ. ਕਲੇਰ ਦੀ ਅਗਵਾਈ ਵਿੱਚ ਯੂਥ ਮਿਲਣੀ ਕਰਵਾਈ ਗਈ। ਇਸ ਮੌਕੇ ਨੌਜਵਾਨਾਂ ਦਾ ਠਾਠਾਂ ਮਾਰਦਾ ਇਕੱਠ ਦੇਖਣ ਨੂੰ ਮਿਲਿਆ। ਯੂਥ ਅਕਾਲੀ ਦਲ ਦੇ ਪੰਜਾਬ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਨੌਜਵਾਨਾਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਪਾਰਟੀ ਦੀਆਂ ਨੀਤੀਆਂ ਤੋਂ ਜਾਣੂ ਕਰਵਾਉਂਦਿਆਂ ਪੰਜਾਬ ਦੀ ਰਾਜਨੀਤੀ ਵਿੱਚ ਨੌਜਵਾਨਾਂ ਦੀ ਅਹਿਮ ਭੂਮਿਕਾ ਬਾਰੇ ਪ੍ਰੇਰਿਤ ਕੀਤਾ।ਇਸ ਮੌਕੇ ਐਸ.ਆਰ. ਕਲੇਰ ਨੇ ਕਿਹਾ ਕਿ ਯੂਥ ਮਿਲਣੀ ਵਿੱਚ ਹੋਇਆ ਇਹ ਠਾਠਾਂ ਮਾਰਦਾ ਇਕੱਠ ਨੌਜਵਾਨ ਆਗੂ ਸੰਦੀਪ ਸਿੰਘ ਮੱਲ੍ਹਾ, ਹਲਕਾ ਯੂਥ ਪ੍ਰਧਾਨ ਜਸਪ੍ਰੀਤ ਸਿੰਘ ਚੱਕਰ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਦੀ ਅਣਥੱਕ ਮਿਹਨਤ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਦਾ ਸ਼੍ਰੋਮਣੀ ਅਕਾਲੀ ਦਲ ਨਾਲ ਜੁੜਨਾ ਪਾਰਟੀ ਲਈ ਸ਼ੁੱਭ ਸੰਕੇਤ ਹੈ।ਉਨ੍ਹਾਂ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਤਿੱਖੇ ਸਿਆਸੀ ਨਿਸ਼ਾਨੇ ਸਾਧਦਿਆਂ ਕਿਹਾ ਕਿ ਸਰਕਾਰ ਨੇ ਨੌਜਵਾਨਾਂ ਨਾਲ ਕੀਤੇ ਵਾਅਦੇ ਪੂਰੇ ਨਹੀਂ ਕੀਤੇ ਅਤੇ ਨੌਜਵਾਨ ਅੱਜ ਵੀ ਰੁਜ਼ਗਾਰ ਦੀ ਭਾਲ ਵਿੱਚ ਭਟਕ ਰਹੇ ਹਨ। ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਪੰਜਾਬ ਅਤੇ ਪੰਜਾਬ ਦੀ ਨੌਜਵਾਨੀ ਦੇ ਹੱਕਾਂ ਦੀ ਆਵਾਜ਼ ਬੁਲੰਦ ਕਰਦਾ ਆਇਆ ਹੈ।ਇਸ ਮੌਕੇ ਕਲੇਰ ਨੇ ਸਮੁੱਚੀ ਅਕਾਲੀ ਲੀਡਰਸ਼ਿਪ ਦਾ ਵੀ ਧੰਨਵਾਦ ਕੀਤਾ। ਇਸ ਮੌਕੇ ਐਸ ਜੀ ਪੀ ਸੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਜ਼ਿਲ੍ਹਾ ਪ੍ਰਧਾਨ ਚੰਦ ਸਿੰਘ ਡੱਲਾ, ਸਾਬਕਾ ਚੇਅਰਮੈਨ ਕਮਲਜੀਤ ਸਿੰਘ ਮੱਲ੍ਹਾ, ਸਾਬਕਾ ਚੇਅਰਮੈਨ ਦੀਦਾਰ ਸਿੰਘ ਮਲਕ, ਜੱਟ ਗਰੇਵਾਲ, ਸਰਕਲ ਪ੍ਰਧਾਨ ਪਰਮਿੰਦਰ ਸਿੰਘ ਚੀਮਾ, ਸਰਕਲ ਪ੍ਰਧਾਨ ਰਣਧੀਰ ਸਿੰਘ ਚੱਕਰ, ਸਰਕਲ ਪ੍ਰਧਾਨ ਸ਼ਿਵਰਾਜ ਸਿੰਘ ਸਰਪੰਚ, ਸਰਕਲ ਪ੍ਰਧਾਨ ਸਰਪ੍ਰੀਤ ਸਿੰਘ ਕਾਉਂਕੇ, ਸਰਕਲ ਪ੍ਰਧਾਨ ਕੁਲਦੀਪ ਸਿੰਘ ਗਿੱਦੜਵਿੰਡੀ, ਸਰਕਲ ਪ੍ਰਧਾਨ ਮਨਦੀਪ ਸਿੰਘ ਗਾਲਿਬ, ਸਰਕਲ ਪ੍ਰਧਾਨ ਤਜਿੰਦਰ ਸਿੰਘ ਕੰਨੀਆਂ, ਸਰਕਲ ਪ੍ਰਧਾਨ ਚਰਨਜੀਤ ਸਿੰਘ ਜਗਰਾਉਂ, ਕੌਂਸਲਰ ਦਵਿੰਦਰਜੀਤ ਸਿੰਘ ਸਿੱਧੂ, ਗੁਰਫਤਿਹ ਸਿੰਘ ਗਰੇਵਾਲ, ਐਸ ਸੀ ਹਲਕਾ ਪ੍ਰਧਾਨ ਰੇਸ਼ਮ ਸਿੰਘ ਮਾਣੂੰਕੇ, ਬੀ ਸੀ ਹਲਕਾ ਪ੍ਰਧਾਨ ਪਰਮਿੰਦਰ ਸਿੰਘ ਕੰਬੋ ਹਠੂਰ, ਯੂਥ ਹਲਕਾ ਪ੍ਰਧਾਨ ਜਸਪ੍ਰੀਤ ਸਿੰਘ (ਲੱਖਾ) ਚਕਰ, ਆਈ ਟੀ ਵਿੰਗ ਹਲਕਾ ਪ੍ਰਧਾਨ ਸੁਖਦੇਵ ਸਿੰਘ ਜੱਗਾ ਸੇਖੋਂ, ਆਈ ਟੀ ਵਿੰਗ ਹਲਕਾ ਕੋਆਰਡੀਨੇਟਰ ਗੁਰਪ੍ਰੀਤ ਸਿੰਘ ਬੱਸੂਵਾਲ, ਵਪਾਰੀ ਵਿੰਗ ਹਲਕਾ ਪ੍ਰਧਾਨ ਹਰਦੇਵ ਸਿੰਘ ਬੌਬੀ, ਜਤਿੰਦਰ ਸਿੰਘ ਸਿੱਧਵਾਂ ਖੁਰਦ, ਸੀਨੀਅਰ ਅਕਾਲੀ ਆਗੂ ਦੀਪਇੰਦਰ ਸਿੰਘ ਭੰਡਾਰੀ, ਸਰਪੰਚ ਜਸਵੀਰ ਸਿੰਘ ਦੇਹੜਕਾ, ਪ੍ਰਧਾਨ ਬੂਟਾ ਸਿੰਘ ਭੰਮੀਪੁਰਾ, ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਹਲਕਾ ਜਗਰਾਉਂ ਵਿਖੇ ਹਲਕਾ ਇੰਚਾਰਜ ਐਸ.ਆਰ.ਕਲੇਰ ਦੀ ਅਗਵਾਈ ਵਿੱਚ ਹੋਈ ਯੂਥ ਮਿਲਣੀ ਦੌਰਾਨ ਨੌਜਵਾਨਾਂ ਦਾ ਭਾਰੀ ਇਕੱਠ ਦੇਖਣ ਨੂੰ ਮਿਲਿਆ। ਇਸ ਮੌਕੇ ਰਖਵਿੰਦਰ ਸਿੰਘ ਗਾਬੜੀਆ, ਪ੍ਰਭਜੋਤ ਸਿੰਘ ਧਾਲੀਵਾਲ ਮੁੱਖ ਬੁਲਾਰਾ ਪੰਜਾਬ ਯੂਥ ਅਕਾਲੀ ਦਲ, ਜਸਪ੍ਰੀਤ ਸਿੰਘ ਯੂਥ ਅਕਾਲੀ ਦਲ ਪ੍ਰਧਾਨ ਜਗਰਾਉਂ, ਸੰਦੀਪ ਸਿੰਘ ਮੱਲ੍ਹਾ ਸੀਨੀਅਰ ਯੂਥ ਆਗੂ, ਅਕਾਸ਼ਦੀਪ ਸਿੰਘ ਭੱਠਲ ਕੋਰ ਕਮੇਟੀ ਮੈਂਬਰ, ਸੁੱਖਪ੍ਰੀਤ ਸਿੰਘ ਕੈਹਲੇ ਯੂਥ ਅਕਾਲੀ ਦਲ ਸ਼ਹਿਰੀ ਪ੍ਰਧਾਨ, ਚਰਨਜੀਤ ਸਿੰਘ ਗਰੇਵਾਲ, ਜਤਿੰਦਰ ਸਿੰਘ ਖਾਲਸਾ ਬੁਲਾਰਾ ਪੰਜਾਬ, ਗੁਰਜੀਤ ਸਿੰਘ, ਸਤਨਾਮ ਸਿੰਘ ਕੇਹਲੇ ਕੋਰ ਕਮੇਟੀ ਮੈਂਬਰ ਯੂਥ ਅਕਾਲੀ ਦਲ, ਰੋਮੀ ਯੂਥ ਸੀਨੀਅਰ ਅਕਾਲੀ ਆਗੂ ਸਤਨਾਮ ਸਿੰਘ ਬੱਸੂਵਾਲ, ਜਸਵੰਤ ਸਿੰਘ ਪੱਤੀ ਮੁਲਤਾਨੀ, ਪ੍ਰਧਾਨ ਗੁਰਵਿੰਦਰ ਤਰਫ ਕੋਟਲੀ, ਸੀਨੀਅਰ ਅਕਾਲੀ ਆਗੂ ਜਗਰੂਪ ਸਿੰਘ ਕੋਠੇ ਅੱਠ ਚੱਕ, ਨੰਬਰਦਾਰ ਜਗਦੇਵ ਸਿੰਘ ਕਾਕਾ ਲੰਮੇ, ਭਾਵਖੰਡਨ ਸਿੰਘ ਗਿੱਦੜਵਿੰਡੀ, ਗੁਰਬਚਨ ਸਿੰਘ ਬਾਘੀਆ, ਸਾਬਕਾ ਸਰਪੰਚ ਕਰਨੈਲ ਸਿੰਘ ਜਨੇਤਪੁਰਾ, ਬਲਰਾਜ ਸਿੰਘ ਗਰੇਵਾਲ ਲੀਲਾਂ, ਸਰਬਜੀਤ ਸਿੰਘ ਕੰਨਗੋ ਸ਼ੇਰਪੁਰ ਕਲਾਂ, ਸਾਬਕਾ ਸਰਪੰਚ ਨਿਰਭੈ ਸਿੰਘ ਅਲੀਗੜ੍ਹ, ਪ੍ਰਧਾਨ ਮਨਜੀਤ ਸਿੰਘ ਬਿੱਟੂ, ਪ੍ਰਧਾਨ ਮਿੰਟੂ ਸਵੱਦੀ, ਸਾਬਕਾ ਸਰਪੰਚ ਬੂਟਾ ਸਿੰਘ ਬੁਰਜ ਕੁਲਾਰਾ , ਸਾਬਕਾ ਸਰਪੰਚ ਨਿਰਮਲ ਸਿੰਘ ਬੁਰਜ ਕੁਲਾਰਾ, ਬਲਵੰਤ ਸਿੰਘ ਬਾਦਲ ਹਠੂਰ, ਪ੍ਰਧਾਨ ਜਗਜੀਤ ਸਿੰਘ ਡੱਲ੍ਹਾ, ਸੀਨੀਅਰ ਅਕਾਲੀ ਆਗੂ ਬਿੱਟੂ ਸਿੱਧੂ ਡੱਲਾ, ਸਾਬਕਾ ਸਰਪੰਚ ਸੁਖਵੀਰ ਸਿੰਘ ਰਾਜੂ ਡਾਗੀਆਂ, ਜਸਵੰਤ ਸਿੰਘ ਗਰੇਵਾਲ ਗਾਲਿਬ, ਜਗਜੀਤ ਸਿੰਘ ਨਬਰਦਾਰ ਗਾਲਿਬ, ਭੁਪਿੰਦਰ ਸਿੰਘ ਗਿੱਲ ਗਾਲਿਬ, ਪ੍ਰਧਾਨ ਸਤਨਾਮ ਸਿੰਘ ਜਗਰਾਉਂ, ਕਮਲਦੀਪ ਸਿੰਘ ਜਗਰਾਉਂ, ਵਿੱਕੀ ਗਾਲਿਬ, ਪ੍ਰਧਾਨ ਜਤਿੰਦਰ ਸਿੰਘ ਕਲੇਰ, ਸੀਨੀਅਰ ਅਕਾਲੀ ਆਗੂ ਗੁਰਦੀਪ ਸਿੰਘ ਗਾਲਿਬ ਖੁਰਦ, ਸੀਨੀਅਰ ਅਕਾਲੀ ਆਗੂ ਦਵਿੰਦਰ ਸਿੰਘ ਖੇਲਾਂ, ਪ੍ਰਧਾਨ ਜੈਪਾਲ ਸਿੰਘ ਸ਼ੇਰਪੁਰ ਕਲਾ, ਪ੍ਰਧਾਨ ਸਿਮਰਨ ਬਾਵਾ, ਸਾਬਕਾ ਸਰਪੰਚ ਕਰਮਜੀਤ ਸਿੰਘ ਕੋਠੇ ਸ਼ੇਰਜੰਗ, ਜਗਤਾਰ ਸਿੰਘ ਕੋਠੇ ਅੱਠ ਚੱਕ, ਅਵਤਾਰ ਸਿੰਘ ਬਿੱਲਾ, ਯੂਥ ਆਗੂ ਅਰਸ਼ ਡੱਲਾ, ਸਰਵੇਸ਼ ਮਾਣੂਕੇ, ਸੁਖਮੰਦਰ ਮਾਣੂਕੇ,ਪ੍ਰਧਾਨ ਹਰਕੀਰਤ ਸਿੰਘ ਸਿੱਧਵਾਂ,ਪ੍ਰਧਾਨ ਰਿੰਕੂ ਅਮਰਗੜ੍ਹ ਕਲੇਰ, ਸਰਤਾਜ ਸਿੰਘ ਗਾਲਿਬ ਰਣ ਸਿੰਘ, ਜਸਪ੍ਰੀਤ ਸਿੰਘ ਚੀਮਾ, ਜਗਤਾਰ ਸਿੰਘ ਤਾਰੀ ਕੋਠੇ ਅੱਠ ਚੱਕ, ਪ੍ਰਿਤਪਾਲ ਸਿੰਘ ਮੱਲ੍ਹਾ, ਪ੍ਰਧਾਨ ਸੁੱਖੂ ਜਗਰਾਉਂ, ਮਨਦੀਪ ਸਿੰਘ ਸਿੱਧਵਾਂ, ਗੁਰਨਾਮ ਸਿੰਘ ਕੋਠੇ ਸ਼ੇਰਜੰਗ, ਬਲਜਿੰਦਰ ਸਿੰਘ ਅਖਾੜਾ, ਗੁਰਦੀਪ ਸਿੰਘ ਬੁਜ਼ਗਰ, ਗੁਰਵਿੰਦਰ ਜੋਜੋ, ਬੂਟਾ ਸਿੰਘ ਮਾਣੂਕੇ, ਜਸਵੰਤ ਸਿੰਘ ਡੀ ਐਮ ਆਰ ਲੰਮੇ , ਨੇਕ ਸਿੰਘ ਲੰਮੇ, ਗਮਦੂਰ ਸਿੰਘ ਲੰਮੇ ਤੇ ਹੋਰ ਆਗੂ ਹਾਜ਼ਰ ਸਨ।



8 ਲੱਖ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਮਿਲੇਗਾ ਲਾਭ, ਮਹਿੰਗਾਈ ਭੱਤਾ ਵਧ ਕੇ ਹੋਇਆ 53 ਫ਼ੀਸਦੀ

ਭਵਾਨੀਗੜ੍ਹ (ਰਾਜ ਖੁਰਮੀ)-ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਕਾਰੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਦੀਵਾਲੀ ਦੇ ਤਿਉਹਾਰ ਮੌਕੇ ਮਹਿੰਗਾਈ ਭੱਤੇ (ਡੀ.ਏ.) ਵਿੱਚ 3 ਫ਼ੀਸਦੀ ਵਾਧਾ ਕਰਨ ਦੇ ਫੈਸਲੇ ਨੂੰ ਮੁਲਾਜ਼ਮ ਵਰਗ ਲਈ ਵੱਡੀ ਰਾਹਤ ਦੱਸਦਿਆਂ ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਇਸ ਦਾ ਸਵਾਗਤ ਕੀਤਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੇ ਇਸ ਫੈਸਲੇ ਨਾਲ ਕਰੀਬ 8 ਲੱਖ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਲਾਭ ਮਿਲੇਗਾ ਅਤੇ ਮਹਿੰਗਾਈ ਦੇ ਮੌਜੂਦਾ ਦੌਰ ਵਿੱਚ ਉਨ੍ਹਾਂ ਨੂੰ ਆਰਥਿਕ ਸਹਾਰਾ ਮਿਲੇਗਾ।ਡਾ. ਜਵੰਧਾ ਨੇ ਕਿਹਾ ਕਿ ਮਹਿੰਗਾਈ ਭੱਤੇ ਵਿੱਚ 3 ਫ਼ੀਸਦੀ ਵਾਧੇ ਨਾਲ ਡੀ.ਏ. ਦੀ ਦਰ ਵਧ ਕੇ 53 ਫ਼ੀਸਦੀ ਹੋ ਗਈ ਹੈ। ਇਸ ਫੈਸਲੇ ਨਾਲ ਸੂਬੇ ਦੇ ਲੱਖਾਂ ਪਰਵਾਰਾਂ ਨੂੰ ਲਾਭ ਪਹੁੰਚੇਗਾ ਅਤੇ ਇਸ ਦਾ ਸਾਲਾਨਾ ਵਿੱਤੀ ਲਾਭ ਕਰੀਬ 3988 ਕਰੋੜ ਰੁਪਏ ਹੋਵੇਗਾ। ਉਨ੍ਹਾਂ ਕਿਹਾ ਕਿ ਦੀਵਾਲੀ ਦੇ ਖ਼ੁਸ਼ੀਆਂ ਭਰੇ ਮੌਕੇ ਸਰਕਾਰ ਵੱਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਦਿੱਤਾ ਗਿਆ ਇਹ ਤੋਹਫ਼ਾ ਉਨ੍ਹਾਂ ਦੀ ਆਰਥਿਕ ਸਥਿਤੀ ਨੂੰ ਮਜ਼ਬੂਤ ਕਰਨ ਵਿੱਚ ਸਹਾਈ ਸਿੱਧ ਹੋਵੇਗਾ। ਅੰਤ ਵਿੱਚ ਉਨ੍ਹਾਂ ਸਮੂਹ ਸਰਕਾਰੀ ਮੁਲਾਜ਼ਮਾਂ, ਪੈਨਸ਼ਨਰਾਂ ਅਤੇ ਉਨ੍ਹਾਂ ਦੇ ਪਰਵਾਰਾਂ ਨੂੰ ਦੀਵਾਲੀ ਦੀਆਂ ਸ਼ੁਭਕਾਮਨਾਵਾਂ ਦਿੰਦਿਆਂ ਕਾਮਨਾ ਕੀਤੀ ਕਿ ਰੌਸ਼ਨੀਆਂ ਦਾ ਇਹ ਤਿਉਹਾਰ ਹਰ ਪਰਿਵਾਰ ਦੇ ਜੀਵਨ ਵਿੱਚ ਖੁਸ਼ਹਾਲੀ, ਤਰੱਕੀ ਅਤੇ ਖੁਸ਼ੀਆਂ ਲੈ ਕੇ ਆਵੇ।



ਪਰਸਵਾਰਥ ਸਭਾ ਵੱਲੋਂ ਮੁਫ਼ਤ ਡਾਕਟਰੀ ਜਾਂਚ ਕੈਂਪ

ਜਲਾਲਾਬਾਦ (ਜੀਤ ਕੁਮਾਰ)-ਲੋੜਵੰਦਾਂ ਨੂੰ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨ ਅਤੇ ਸਿਹਤ ਪ੍ਰਤੀ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ਪਰਸਵਾਰਥ ਸਭਾ ਵੱਲੋਂ ਬੁੱਧਵਾਰ ਨੂੰ ਇੱਕ ਮੁਫ਼ਤ ਡਾਕਟਰੀ ਜਾਂਚ ਕੈਂਪ ਲਗਾਇਆ ਗਿਆ। ਕੈਂਪ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਿਰਕਤ ਕੀਤੀ, ਆਪਣੀਆਂ ਸਿਹਤ ਸਮੱਸਿਆਵਾਂ ਬਾਰੇ ਜਾਣਕਾਰੀ ਲਈ ਅਤੇ ਡਾਕਟਰੀ ਸਲਾਹ ਪ੍ਰਾਪਤ ਕੀਤੀ। ਕੈਂਪ ਦੌਰਾਨ ਡਾ. ਰਾਜੀਵ ਮਿੱਢਾ ਨੇ ਮਰੀਜ਼ਾਂ ਦੀ ਜਾਂਚ ਕੀਤੀ ਅਤੇ ਸਿਹਤ ਸੰਬੰਧੀ ਜ਼ਰੂਰੀ ਸਲਾਹ ਦਿੱਤੀ। ਕੁੱਲ 45 ਮਰੀਜ਼ਾਂ ਨੇ ਇਸ ਕੈਂਪ ਦਾ ਲਾਭ ਉਠਾਇਆ। ਡਾਕਟਰ ਨੇ ਮਰੀਜ਼ਾਂ ਨੂੰ ਆਪਣੀ ਸਿਹਤ ਦਾ ਧਿਆਨ ਰੱਖਣ, ਸਮੇਂ-ਸਮੇਂ 'ਤੇ ਜਾਂਚ ਕਰਵਾਉਣ ਅਤੇ ਕਿਸੇ ਵੀ ਸਿਹਤ ਸਮੱਸਿਆ ਦੇ ਮਾਮਲੇ ਵਿੱਚ ਲਾਪਰਵਾਹੀ ਨਾ ਵਰਤਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਪਰਸਵਾਰਥ ਸਭਾ ਦੇ ਮੈਂਬਰ ਅਨਿਲ ਦੀਪ ਨਾਗਪਾਲ, ਵਿਜੇ ਬਾਘਲਾ, ਗੁਰਚਰਨ ਖਮੀਰੀਆ, ਰਮੇਸ਼ ਰਾਠੀ, ਸੁਰੇਸ਼ ਚੌਹਾਨ, ਮੈਡਮ ਰਮਨ ਅਤੇ ਮਾਨਿਕ ਚੌਹਾਨ ਮੌਜੂਦ ਸਨ। ਉਨ੍ਹਾਂ ਨੇ ਕੈਂਪ ਦੇ ਆਯੋਜਨ ਵਿੱਚ ਸਹਿਯੋਗ ਦਿੱਤਾ ਅਤੇ ਮਰੀਜ਼ਾਂ ਦੀ ਮਦਦ ਕੀਤੀ। ਸਭਾ ਦੇ ਮੈਂਬਰਾਂ ਨੇ ਦੱਸਿਆ ਕਿ ਉਨ੍ਹਾਂ ਦਾ ਮੁੱਖ ਉਦੇਸ਼ ਸਮਾਜ ਵਿੱਚ ਲੋੜਵੰਦਾਂ ਦੀ ਸੇਵਾ ਕਰਨਾ ਹੈ। ਇਸੇ ਭਾਵਨਾ ਤਹਿਤ, ਸਮੇਂ-ਸਮੇਂ 'ਤੇ ਮੁਫ਼ਤ ਡਾਕਟਰੀ ਜਾਂਚ ਕੈਂਪ ਲਗਾਏ ਜਾਂਦੇ ਹਨ ਤਾਂ ਜੋ ਆਰਥਿਕ ਤੌਰ 'ਤੇ ਕਮਜ਼ੋਰ ਅਤੇ ਲੋੜਵੰਦ ਲੋਕ ਵੀ ਸਿਹਤ ਸੇਵਾਵਾਂ ਤੱਕ ਪਹੁੰਚ ਕਰ ਸਕਣ।



ਸ੍ਰੀ ਰਾਧਾ ਕ੍ਰਿਸ਼ਨ ਹਨੂੰਮਾਨ ਧਾਮ ਮੰਦਰ 'ਚ ਧਾਰਮਿਕ ਸਮਾਗਮ

ਫਿਰੋਜ਼ਪੁਰ (ਅਸ਼ੋਕ ਸ਼ਰਮਾ) : ਫਿਰੋਜ਼ਪੁਰ ਦੇ ਪ੍ਰਸਿੱਧ ਸ੍ਰੀ ਰਾਧਾ ਕ੍ਰਿਸ਼ਨ ਹਨੂੰਮਾਨ ਧਾਮ ਮੰਦਰ ਵਿਖੇ ਭਗਤੀ ਭਜਨ ਗਰੁੱਪ ਵੱਲੋਂ ਬੜੀ ਸ਼ਰਧਾ, ਉਤਸ਼ਾਹ ਅਤੇ ਧਾਰਮਿਕ ਭਾਵਨਾ ਨਾਲ ਵਿਸ਼ੇਸ਼ ਭਜਨ-ਕੀਰਤਨ ਦਾ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਹਾਜ਼ਰੀ ਭਰੀ ਅਤੇ ਪ੍ਰਭੂ ਚਰਨਾਂ ਵਿੱਚ ਆਪਣੀ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਪਵਿੱਤਰ ਸਮਾਗਮ ਦੀ ਸ਼ੁਰੂਆਤ ਧਰਮਪਾਲ ਬਾਂਸਲ (ਡਾਇਰੈਕਟਰ, ਐੱਸ.ਬੀ.ਐੱਸ. ਕਾਲਜ ਆਫ਼ ਨਰਸਿੰਗ ਅਤੇ ਹਾਰਮਨੀ ਆਯੁਰਵੈਦਿਕ ਮੈਡੀਕਲ ਕਾਲਜ ਐਂਡ ਹਸਪਤਾਲ, ਫਿਰੋਜ਼ਪੁਰ) ਵੱਲੋਂ ਪੂਰੀ ਸ਼ਰਧਾ ਨਾਲ ਗਣੇਸ਼ ਵੰਦਨਾ ਅਤੇ ਸ੍ਰੀ ਹਨੂੰਮਾਨ ਚਾਲੀਸਾ ਦਾ ਪਾਠ ਕਰਕੇ ਕੀਤੀ ਗਈ। ਉਪਰੰਤ ਸ਼ਰਧਾਲੂਆਂ ਨੇ ਭਗਵਾਨ ਸ੍ਰੀ ਹਨੂੰਮਾਨ ਦਾ ਗੁਣਗਾਨ ਕਰਦਿਆਂ ਵਾਤਾਵਰਨ ਨੂੰ ਧਾਰਮਿਕ ਰੰਗਤ ਦਿੱਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕੈਲਾਸ਼ ਸ਼ਰਮਾ, ਅਸ਼ੋਕ ਗਰਗ, ਤ੍ਰਿਲੋਚਨ ਅਤੇ ਅਸ਼ੋਕ ਕੱਕੜ ਸਮੇਤ ਕਈ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ। ਆਖਿਰ ਵਿੱਚ ਮੰਦਿਰ ਦੇ ਮੁੱਖ ਪੁਜਾਰੀ ਵੱਲੋਂ ਧਰਮਪਾਲ ਬਾਂਸਲ ਨੂੰ ਮਾਤਾ ਦੀ ਪਵਿੱਤਰ ਚੁੰਨੀ ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।



ਬਲਜਿੰਦਰ ਢਿੱਲੋਂ ਨੇ ਡਾ.ਬਲਬੀਰ ਸਿੰਘ ਦੇ ਦੇਹਾਂਤ 'ਤੇ ਪਰਵਾਰ ਨਾਲ ਕੀਤਾ ਦੁਖ ਸਾਂਝਾ

ਪਟਿਆਲਾ : (ਰਜਿੰਦਰ ਸਿੰਘ ਥਿੰਦ) - ਆਮ ਆਦਮੀ ਪਾਰਟੀ ਦੇ ਜਿਲਾ ਪਟਿਆਲਾ ਦੇ ਸੋਸਲ ਮੀਡੀਆ ਵਾਈਸ ਪ੍ਰਧਾਨ ਸ. ਜਸਵਿੰਦਰ ਸਿੰਘ ਰਿੰਪਾ ਦੇ ਪਿਤਾ ਡਾ.ਬਲਬੀਰ ਸਿੰਘ ਦੇ ਅਕਾਲ ਚਲਾਣੇ 'ਤੇ ਪੰਜਾਬ ਐਗਰੋ ਦੇ ਚੇਅਰਮੈਨ ਅਤੇ ਪਟਿਆਲਾ ਲੋਕ ਸਭਾ ਹਲਕਾ ਦੇ ਇੰਚਾਰਜ ਬਲਜਿੰਦਰ ਸਿੰਘ ਢਿੱਲੋਂ ਨੇ ਪਰਿਵਾਰ ਨਾਲ ਦੁਖ ਸਾਂਝਾ ਕੀਤਾ ।ਇਸ ਮੌਕੇ ਚੇਅਰਮੈਨ ਸ. ਬਲਜਿੰਦਰ ਸਿੰਘ ਢਿੱਲੋਂ ਨੇ ਡਾ.ਬਲਬੀਰ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕਰਦੇ ਹੋਏ ਕਿਹਾ ਕਿ ਉਹ ਇਕ ਆਦਰਸ਼ਵਾਦੀ ਅਤੇ ਸਮਾਜ ਸੇਵਾ ਨੂੰ ਸਮਰਪਿਤ ਇਕ ਅਜਿਹੇ ਸਮਾਜ ਸੇਵਕ ਹਨ ਜਿਨਾਂ ਦੇ ਜਾਣ ਤੋਂ ਬਾਅਦ ਵੀ ਲੋਕ ਉਹਨਾ ਨੂੰ ਯਾਦ ਕਰਦੇ ਰਹਿਣਗੇ।




ਸਨੌਰ ਵਿੱਚ ਆਮ ਆਦਮੀ ਪਾਰਟੀ ਦੀ ਜਿੱਤ ਯਕੀਨੀ : ਰਣਜੋਧ ਸਿੰਘ ਹਡਾਣਾ

ਸਨੌਰ (ਰਾਜਿੰਦਰ ਸਿੰਘ ਥਿੰਦ) - ਵਿਧਾਨ ਸਭਾ ਚੋਣਾਂ 2027 ਦੇ ਮੱਦੇਨਜ਼ਰ ਹਲਕਾ ਸਨੌਰ ਅੰਦਰ ਸਿਆਸੀ ਸਰਗਰਮੀਆਂ ਪੂਰੇ ਜ਼ੋਰਾਂ 'ਤੇ ਪਹੁੰਚ ਚੁੱਕੀਆਂ ਹਨ। ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਵੱਲੋਂ ਕੀਤੀਆਂ ਜਾ ਰਹੀਆਂ ਲੋਕ ਮਿਲਣੀਆਂ ਨੂੰ ਹਲਕਾ ਵਾਸੀਆਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਇਨ੍ਹਾਂ ਮਿਲਣੀਆਂ ਦੌਰਾਨ ਤੜਕਸਾਰ ਤੋਂ ਹੀ ਵੱਡੀ ਗਿਣਤੀ ਵਿੱਚ ਹਲਕੇ ਦੇ ਲੋਕ, ਪਤਵੰਤੇ ਸੱਜਣ ਅਤੇ ਵਰਕਰ ਹਡਾਣਾ ਦੇ ਦਫ਼ਤਰ ਵਿਖੇ ਪਹੁੰਚਣੇ ਸ਼ੁਰੂ ਹੋ ਜਾਂਦੇ ਹਨ। ਲੋਕ ਆਪਣੇ ਪਿੰਡਾਂ ਅਤੇ ਵਾਰਡਾਂ ਦੇ ਵਿਕਾਸ ਕਾਰਜਾਂ, ਬੁਨਿਆਦੀ ਸਹੂਲਤਾਂ ਅਤੇ ਰੋਜ਼ਮਰ੍ਹਾ ਦੇ ਮਸਲਿਆਂ ਸਬੰਧੀ ਹਲਕਾ ਇੰਚਾਰਜ ਨਾਲ ਖੁੱਲ੍ਹ ਕੇ ਵਿਚਾਰ-ਵਟਾਂਦਰਾ ਕਰ ਰਹੇ ਹਨ। ਗੱਲਬਾਤ ਦੌਰਾਨ ਹਡਾਣਾ ਨੇ ਆਖਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਪੰਜਾਬ ਅੰਦਰ ਵਿਕਾਸ ਦੀ ਨਵੀਂ ਮਿਸਾਲ ਕਾਇਮ ਕੀਤੀ ਹੈ। ਹਲਕਾ ਸਨੌਰ ਵਿੱਚ ਬਿਨਾਂ ਕਿਸੇ ਪੱਖਪਾਤ ਤੋਂ ਬੁਨਿਆਦੀ ਸਹੂਲਤਾਂ, ਪੀਣ ਵਾਲੇ ਪਾਣੀ ਦੇ ਪ੍ਰੋਜੈਕਟ, ਸੜਕਾਂ ਅਤੇ ਧਰਮਸ਼ਾਲਾਵਾਂ ਦੇ ਨਿਰਮਾਣ ਕਾਰਜ ਜੰਗੀ ਪੱਧਰ 'ਤੇ ਜਾਰੀ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀ ਆਪਣੀ ਸਰਕਾਰ ਹੈ ਅਤੇ ਲੋਕਾਂ ਦਾ ਇਹ ਉਤਸ਼ਾਹ ਦੱਸ ਰਿਹਾ ਹੈ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਵਿਕਾਸ ਕਾਰਜਾਂ ਦੇ ਦਮ 'ਤੇ ਮੁੜ ਭਾਰੀ ਬਹੁਮਤ ਨਾਲ ਆਮ ਆਦਮੀ ਪਾਰਟੀ ਦੀ ਸਰਕਾਰ ਬਣੇਗੀ।



ਨਿਹਾਲ ਸਿੰਘ ਵਾਲਾ ਦੇ ਬਾਜ਼ਾਰਾਂ ਵਿੱਚ ਟ੍ਰੈਫਿਕ ਦੀ ਸਮੱਸਿਆ

ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ) - ਨਿਹਾਲ ਸਿੰਘ ਵਾਲਾ ਦੇ ਬਾਜ਼ਾਰਾਂ ਵਿੱਚ ਤਿਉਹਾਰਾਂ ਦੇ ਦਿਨਾਂ ਦੌਰਾਨ ਟ੍ਰੈਫਿਕ ਦੀ ਸਮੱਸਿਆ ਗੰਭੀਰ ਰੂਪ ਧਾਰਨ ਕਰ ਲੈਂਦੀ ਹੈ, ਜਿਸ ਕਾਰਨ ਆਮ ਲੋਕਾਂ ਅਤੇ ਰਾਹਗੀਰਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇੱਕ ਪਾਸੇ ਪ੍ਰਸ਼ਾਸਨ ਵੱਲੋਂ ਟ੍ਰੈਫਿਕ ਸਮੱਸਿਆ ਦੇ ਹੱਲ ਲਈ ਵੱਡੇ-ਵੱਡੇ ਦਾਅਵੇ ਕੀਤੇ ਜਾਂਦੇ ਹਨ, ਉੱਥੇ ਹੀ ਦੂਜੇ ਪਾਸੇ ਕੁਝ ਦੁਕਾਨਦਾਰਾਂ ਵੱਲੋਂ ਕਰਾਸ ਲਾਈਨ ਤੋਂ ਅੱਗੇ ਆਪਣਾ ਸਮਾਨ ਰੱਖ ਕੇ ਸਰਕਾਰ ਅਤੇ ਪ੍ਰਸ਼ਾਸਨ ਦੇ ਹੁਕਮਾਂ ਦੀ ਉਲੰਘਣਾ ਕੀਤੀ ਜਾ ਰਹੀ ਹੈ।ਬਾਜ਼ਾਰਾਂ ਵਿੱਚ ਦੁਕਾਨਾਂ ਦੇ ਬਾਹਰ ਰੱਖੇ ਸਮਾਨ ਕਾਰਨ ਸੜਕਾਂ ਦੀ ਜਗ੍ਹਾ ਘੱਟ ਜਾਂਦੀ ਹੈ, ਜਿਸ ਨਾਲ ਵਾਹਨਾਂ ਦੀ ਆਵਾਜਾਈ ਪ੍ਰਭਾਵਿਤ ਹੁੰਦੀ ਹੈ ਅਤੇ ਅਕਸਰ ਜਾਮ ਵਰਗੀ ਸਥਿਤੀ ਬਣ ਜਾਂਦੀ ਹੈ। ਇਸ ਸਬੰਧੀ ਜਦੋਂ ਨਿਹਾਲ ਸਿੰਘ ਵਾਲਾ ਦੇ ਈ.ਓ. ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਕਿਹਾ ਕਿ ਜਿਨ੍ਹਾਂ ਦੁਕਾਨਦਾਰਾਂ ਵੱਲੋਂ ਕਰਾਸ ਲਾਈਨ ਤੋਂ ਅੱਗੇ ਸਮਾਨ ਰੱਖਿਆ ਗਿਆ ਹੈ, ਉਨ੍ਹਾਂ ਨੂੰ ਆਪਣਾ ਸਮਾਨ ਜਲਦੀ ਚੁੱਕਣ ਲਈ ਕਿਹਾ ਜਾਵੇਗਾ।



ਟਰਾਈਡੈਂਟ ਦੀ ਦੀਵਾਲੀ ਧਮਾਕਾ ਸੇਲ ਦੀ ਸਫਲਤਾਪੂਰਵਕ ਸਮਾਪਤੀ

ਬਰਨਾਲਾ (ਰਾਜਿੰਦਰ ਬਰਾੜ)-ਉਦਯੋਗਿਕ ਖੇਤਰ ਵਿੱਚ ਵਿਸ਼ਵ ਪੱਧਰ 'ਤੇ ਪੰਜਾਬ ਦਾ ਨਾਮ ਰੌਸ਼ਨ ਕਰਨ ਵਾਲੇ ਟਰਾਈਡੈਂਟ ਗਰੁੱਪ ਵੱਲੋਂ ਦੀਵਾਲੀ ਦੇ ਤਿਉਹਾਰ ਮੌਕੇ ਲਗਾਈ ਗਈ ਦੀਵਾਲੀ ਧਮਾਕਾ ਸੇਲ ਲੋਕਾਂ ਦੇ ਭਾਰੀ ਉਤਸ਼ਾਹ, ਬੇਮਿਸਾਲ ਪਿਆਰ ਅਤੇ ਭਰਵੇਂ ਹੁੰਗਾਰੇ ਨਾਲ ਅੱਜ ਸਫਲਤਾਪੂਰਵਕ ਸਮਾਪਤ ਹੋ ਗਈ। ਰਾਏਕੋਟ ਰੋਡ 'ਤੇ ਪਿੰਡ ਸੰਘੇੜਾ ਵਿਖੇ ਸਥਿਤ ਤ੍ਰਿਵੈਣੀ ਕੰਪਲੈਕਸ ਵਿੱਚ ਲਗਾਈ ਗਈ ਇਸ ਸੇਲ ਨੇ ਬਰਨਾਲਾ ਸਮੇਤ ਆਸ-ਪਾਸ ਦੇ ਇਲਾਕਿਆਂ ਦੇ ਹਜ਼ਾਰਾਂ ਲੋਕਾਂ ਨੂੰ ਆਪਣੀ ਵੱਲ ਖਿੱਚਿਆ। ਖਰੀਦਦਾਰਾਂ ਦੀ ਲਗਾਤਾਰ ਵਧ ਰਹੀ ਮੰਗ ਨੂੰ ਦੇਖਦਿਆਂ ਪ੍ਰਬੰਧਕਾਂ ਨੂੰ ਸੇਲ ਦੀ ਮਿਆਦ ਵਿੱਚ ਦੋ ਦਿਨ ਦਾ ਵਾਧਾ ਕਰਨਾ ਪਿਆ ਅਤੇ 2 ਨਵੰਬਰ ਦੀ ਬਜਾਏ ਇਸ ਨੂੰ 4 ਨਵੰਬਰ ਤੱਕ ਜਾਰੀ ਰੱਖਿਆ ਗਿਆ।ਸੇਲ ਦੀ ਸਫਲਤਾ ਦਾ ਸਭ ਤੋਂ ਵੱਡਾ ਕਾਰਨ ਟਰਾਈਡੈਂਟ ਦੇ ਸ਼ਾਨਦਾਰ ਉਤਪਾਦਾਂ 'ਤੇ ਦਿੱਤੀਆਂ ਗਈਆਂ ਆਕਰਸ਼ਕ ਅਤੇ ਭਾਰੀ ਛੋਟਾਂ ਰਹੀਆਂ।

ਸੇਲ ਦੌਰਾਨ ਸੁਪਰ ਸੌਫਟ ਟਾਵਲ, ਲਗਜ਼ਰੀ ਬਾਥਰੋਬ, ਪ੍ਰੀਮੀਅਮ ਬੈੱਡਸ਼ੀਟਾਂ, ਪਿਲੋ ਕਵਰ, ਕੰਫਰਟਰ, ਬਲੈਂਕਟ ਅਤੇ ਈਕੋ-ਫ੍ਰੈਂਡਲੀ ਨੋਟਬੁੱਕਾਂ ਸਮੇਤ ਕਈ ਤਰ੍ਹਾਂ ਦੇ ਉਤਪਾਦਾਂ ਦੀ ਖਰੀਦਦਾਰੀ ਲਈ ਲੋਕਾਂ ਵਿੱਚ ਖਾਸ ਉਤਸ਼ਾਹ ਦੇਖਣ ਨੂੰ ਮਿਲਿਆ। ਸੇਲ ਦੌਰਾਨ ਖਰੀਦਦਾਰੀ ਦੇ ਨਾਲ-ਨਾਲ ਗਾਹਕਾਂ ਲਈ ਦੋ ਰੋਜ਼ਾ ਦੀਵਾਲੀ ਮੇਲੇ ਦਾ ਵੀ ਪ੍ਰਬੰਧ ਕੀਤਾ ਗਿਆ ਸੀ, ਜਿਸ ਵਿੱਚ ਲਾਈਵ ਬੈਂਡ, ਬੱਚਿਆਂ ਦੀਆਂ ਪੇਸ਼ਕਾਰੀਆਂ ਅਤੇ ਮਨੋਰੰਜਕ ਗਤੀਵਿਧੀਆਂ ਨੇ ਲੋਕਾਂ ਦਾ ਮਨੋਰੰਜਨ ਕੀਤਾ। ਮੇਲੇ ਦੇ ਦੂਜੇ ਦਿਨ ਅਜੈ ਖਾਨ ਲਾਈਵ ਬੈਂਡ ਦੀ ਪੇਸ਼ਕਾਰੀ ਵਿਸ਼ੇਸ਼ ਖਿੱਚ ਦਾ ਕੇਂਦਰ ਰਹੀ।

ਟਰਾਈਡੈਂਟ ਗਰੁੱਪ ਦੇ ਐਡਮਿਨ ਹੈੱਡ ਰੁਪਿੰਦਰ ਗੁਪਤਾ ਨੇ ਸੇਲ ਦੀ ਸਫਲ ਸਮਾਪਤੀ 'ਤੇ ਸਮੂਹ ਗਾਹਕਾਂ ਅਤੇ ਇਲਾਕਾ ਨਿਵਾਸੀਆਂ ਦਾ ਦਿਲੋਂ ਧੰਨਵਾਦ ਕੀਤਾ।ਇਸ ਮੌਕੇ ਪਦਮਸ਼੍ਰੀ ਡਾ. ਰਜਿੰਦਰ ਗੁਪਤਾ ਦੀ ਵਿਸ਼ੇਸ਼ ਤੌਰ 'ਤੇ ਸ਼ਲਾਘਾ ਕੀਤੀ ਜਾ ਰਹੀ ਹੈ, ਜਿਨ੍ਹਾਂ ਦੀ ਦੂਰਅੰਦੇਸ਼ ਸੋਚ ਅਤੇ ਲੋਕ ਭਲਾਈ ਪ੍ਰਤੀ ਸਮਰਪਣ ਸਦਕਾ ਟਰਾਈਡੈਂਟ ਗਰੁੱਪ ਉਦਯੋਗਿਕ ਖੇਤਰ ਦੇ ਨਾਲ-ਨਾਲ ਸਮਾਜਿਕ ਸਰੋਕਾਰਾਂ ਵਿੱਚ ਵੀ ਆਪਣੀ ਵਿਲੱਖਣ ਪਛਾਣ ਬਣਾ ਰਿਹਾ ਹੈ। ਡਾ. ਗੁਪਤਾ ਦਾ ਮੰਨਣਾ ਹੈ ਕਿ ਕਿਸੇ ਵੀ ਉਦਯੋਗ ਦੀ ਅਸਲ ਤਰੱਕੀ ਉਦੋਂ ਹੀ ਸਾਰਥਕ ਹੁੰਦੀ ਹੈ, ਜਦੋਂ ਉਸ ਦਾ ਲਾਭ ਸਮਾਜ ਦੇ ਹਰ ਵਰਗ ਤੱਕ ਪਹੁੰਚੇ। ਦੀਵਾਲੀ ਧਮਾਕਾ ਸੇਲ ਇਸੇ ਸੋਚ ਦੀ ਇੱਕ ਪ੍ਰਮੁੱਖ ਮਿਸਾਲ ਬਣ ਕੇ ਸਾਹਮਣੇ ਆਈ ਹੈ।

ਜਨਗਣਨਾ ਦੀਆਂ ਤਿਆਰੀਆਂ ਸੰਬੰਧੀ ਡੀ ਸੀ ਵੱਲੋਂ ਅਧਿਕਾਰੀਆਂ ਨਾਲ ਮੀਟਿੰਗ

ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ) : ਜਨਗਣਨਾ-2027 ਦੇ ਦੂਜੇ ਪੜਾਅ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਅਤੇ ਇਸ ਕਾਰਜ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਚਾਬਾ ਵੱਲੋਂ ਜ਼ਿਲ੍ਹੇ ਦੇ ਸਬੰਧਤ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਉਨ੍ਹਾਂ ਅਧਿਕਾਰੀਆਂ ਨੂੰ ਜਨਗਣਨਾ ਸਬੰਧੀ ਸੌਂਪੀ ਗਈ ਜ਼ਿੰਮੇਵਾਰੀ ਪੂਰੀ ਗੰਭੀਰਤਾ ਅਤੇ ਆਪਸੀ ਤਾਲਮੇਲ ਨਾਲ ਨਿਭਾਉਣ ਦੇ ਨਿਰਦੇਸ਼ ਦਿੱਤੇ।ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜਨਗਣਨਾ-2027 ਦਾ ਦੂਜਾ ਪੜਾਅ ਪੂਰੇ ਪੰਜਾਬ ਵਿੱਚ 16 ਨਵੰਬਰ ਤੋਂ ਸ਼ੁਰੂ ਹੋਵੇਗਾ ਅਤੇ 4 ਜਨਵਰੀ, 2027 ਤੱਕ ਜਾਰੀ ਰਹੇਗਾ। ਇਸ ਤਹਿਤ 16 ਤੋਂ 30 ਨਵੰਬਰ ਤੱਕ ਆਨਲਾਈਨ ਸਵੈ-ਗਣਨਾ ਦੀ ਸਹੂਲਤ ਉਪਲਬਧ ਹੋਵੇਗੀ, ਜਦ ਕਿ 1 ਦਸੰਬਰ ਤੋਂ 4 ਜਨਵਰੀ ਤੱਕ ਗਿਣਤੀਕਾਰ ਘਰ-ਘਰ ਜਾ ਕੇ ਆਬਾਦੀ ਦੀ ਗਣਨਾ ਕਰਨਗੇ।ਇਸ ਮੌਕੇ ਐਸ.ਡੀ.ਐਮ. ਜੈਤੋ ਸ੍ਰੀ ਵਿਕਰਮਜੀਤ, ਗੁਰਚਰਨ ਸਿੰਘ ਨਾਇਬ ਤਹਿਸੀਲਦਾਰ ਕੋਟਕਪੂਰਾ, ਗੁਰਿੰਦਰ ਸਿੰਘ ਡਿਪਟੀ ਈ.ਐਸ.ਏ, ਹਰਸ਼ਵੀਰ ਗੋਇਲ ਨਾਇਬ ਤਹਿਸੀਲਦਾਰ ਫਰੀਦਕੋਟ, ਸ੍ਰੀ ਪੰਕਜ ਕੁਮਾਰ ਜਿਲ੍ਹਾ ਸੈਸਜ਼ ਕੁਆਰਡੀਨੇਟਰ, ਮਨਿੰਦਰਪਾਲ ਸਿੰਘ ਈ.ਓ ਜੈਤੋ, ਜਸਬੀਰ ਜੱਸੀ, ਮਨਪ੍ਰੀਤ ਕੌਰ ਆਦਿ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।



ਮਹਿੰਗਾਈ ਭੱਤਾ ਤੋਹਫਾ ਨਹੀਂ ਸੰਵਿਧਾਨਕ ਹੱਕ - ਆਗੂ



ਕੋਟਕਪੂਰਾ (ਰਛਪਾਲ ਭੁੱਲਰ) - ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਚੰਡੀਗੜ੍ਹ ਵਿਖੇ ਆਪਣੇ ਨਿਵਾਸ ਸਥਾਨ ਤੇ ਇੱਕ ਪ੍ਰੈਸ ਕਾਨਫਰੰਸ ਕਰਕੇ ਪੰਜਾਬ ਦੇ 8 ਲੱਖ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਦੀਵਾਲੀ ਤੋਂ ਪਹਿਲਾਂ ਤਿੰਨ ਫੀਸਦੀ ਹੋਰ ਡੀ ਏ ਨਵੰਬਰ ਮਹੀਨੇ ਦੀ ਤਨਖਾਹ ਤੇ ਪੈਨਸ਼ਨ ਨਾਲ ਦੇਣ ਦਾ ਐਲਾਨ ਕਰਨ ਸਮੇਂ ਕਿਹਾ ਕਿ ਇਹ ਦੀਵਾਲੀ ਦੇ ਤਿਉਹਾਰ ਦਾ ਤੋਹਫਾ ਹੈ। ਇਸ ਬਿਆਨ ਤੇ ਟਿੱਪਣੀ ਕਰਦਿਆਂ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22ਬੀ, ਚੰਡੀਗੜ੍ਹ ਦੇ ਸੂਬਾ ਸਰਪ੍ਰਸਤ ਚਰਨ ਸਿੰਘ ਸਰਾਭਾ, ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ, ਜਨਰਲ ਸਕੱਤਰ ਸੁਰਿੰਦਰ ਕੁਮਾਰ ਪੁਆਰੀ, ਪ੍ਰੈਸ ਸਕੱਤਰ ਟਹਿਲ ਸਿੰਘ ਸਰਾਭਾ ਅਤੇ ਰਣਦੀਪ ਸਿੰਘ ਫਤਿਹਗੜ੍ਹ ਸਾਹਿਬ, ਪੰਜਾਬ ਪੈਨਸ਼ਨਰ ਯੂਨੀਅਨ ਸਬੰਧਤ ਏਟਕ ਦੇ ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ ਅਤੇ ਜਨਰਲ ਸਕੱਤਰ ਪ੍ਰੇਮ ਚਾਵਲਾ ਨੇ ਕਿਹਾ ਕਿ ਆਪਣਾ ਖਜ਼ਾਨਾ ਭਰਿਆ ਹੋਣ ਦਾ ਦਾਅਵਾ ਕਰਨ ਅਤੇ ਪਿਛਲੀਆਂ ਹੁਕਮਰਾਨ ਸਰਕਾਰਾਂ ਦਾ ਖਜ਼ਾਨਾ ਖਾਲੀ ਪੀਪਾ ਹੋਣ ਦੇ ਬਿਆਨ ਜਾਰੀ ਕਰਨ ਵਾਲੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਇਹ ਯਾਦ ਰੱਖਣਾ ਚਾਹੀਦਾ ਹੈ ਕਿ ਇਸ ਸਰਕਾਰ ਨੇ ਸਾਲ 1967 ਤੋਂ ਬਾਅਦ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਕੇਂਦਰੀ ਪੈਟਰਨ ਅਨੁਸਾਰ ਮਿਲਣ ਵਾਲੇ ਮਹਿੰਗਾਈ ਭੱਤੇ ਨੂੰ ਡੀ ਲਿੰਕ ਕਰਨ ਦੀ ਮਾਨਯੋਗ ਅਦਾਲਤ ਵਿੱਚ ਹਰ ਕੋਝੀ ਚਾਲ ਚੱਲੀ ਹੈ ਅਤੇ ਇਸ ਸਰਕਾਰ ਵੱਲੋਂ ਅੱਜ ਵੀ ਵੱਡੇ ਪੱਧਰ 'ਤੇ ਆਪਣੇ ਕੋਝੇ ਹੱਥ ਕੰਡੇ ਵਰਤੇ ਜਾ ਰਹੇ ਹਨ ।ਆਗੂਆਂ ਨੇ ਅੱਗੇ ਕਿਹਾ ਕਿ ਮਾਨਯੋਗ ਅਦਾਲਤਾਂ ਵੀ ਇਹ ਸਵੀਕਾਰ ਕਰ ਚੁੱਕੀਆਂ ਹਨ ਕਿ ਮੁਲਾਜ਼ਮਾ ਅਤੇ ਪੈਨਸ਼ਨਰਾਂ ਨੂੰ ਮਿਲਣ ਵਾਲਾ ਡੀ ਏ ਕੋਈ ਤੋਹਫਾ ਨਹੀਂ ਹੈ ਬਲਕਿ ਸੰਵਿਧਾਨਕ ਹੱਕ ਹੈ।

ਬਿਨਾਂ ਪੜਤਾਲ ਪਰਚੇ ਦਰਜ ਕਰਨ ਦਾ ਵਿਰੋਧ ਕਰਾਂਗੇ : ਦਰਸ਼ਨ ਸਿੰਘ



ਜ਼ੀਰਾ (ਨਰਿੰਦਰ ਅਨੇਜਾ) - ਜ਼ਿਲ੍ਹੇ ਦੇ ਪ੍ਰਮੁੱਖ ਕਿਸਾਨ ਆਗੂ ਦਰਸ਼ਨ ਸਿੰਘ ਮੀਹਾਂ ਸਿੰਘ ਵਾਲਾ ਨੇ ਕਿਹਾ ਹੈ ਕਿ ਪ੍ਰਸ਼ਾਸਨ ਵੱਲੋਂ ਬਿਨਾਂ ਪੜਤਾਲ ਕੀਤਿਆਂ ਕਿਸਾਨਾਂ ਅਤੇ ਔਰਤਾਂ ਵਿਰੁੱਧ ਪਰਾਲੀ ਸਾੜਨ ਦੇ ਦੋਸ਼ ਹੇਠ ਪਰਚੇ ਦਰਜ ਕਰਨਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਪਿੰਡ ਮੀਹਾਂ ਸਿੰਘ ਵਾਲਾ ਵਿੱਚ ਤਕਰੀਬਨ ਇੱਕ ਹਜ਼ਾਰ ਏਕੜ ਰਕਬੇ ਵਿੱਚ ਆਲੂਆਂ ਦੀ ਖੇਤੀ ਕੀਤੀ ਜਾਂਦੀ ਹੈ। ਇਸ ਰਕਬੇ ਵਿੱਚ ਪਰਾਲੀ ਨੂੰ ਅੱਗ ਨਹੀਂ ਲਗਾਈ ਜਾਂਦੀ। ਉਨ੍ਹਾਂ ਦੱਸਿਆ ਕਿ ਪਿੰਡ ਵਿੱਚ ਬਿਜਲੀ ਦੇ ਸਰਕਟ ਵਿੱਚੋਂ ਨਿਕਲੀ ਚੰਗਿਆੜੀ ਕਾਰਨ ਲੱਗੀ ਅੱਗ ਨਾਲ ਇੱਕ ਏਕੜ ਤੋਂ ਵੀ ਘੱਟ ਰਕਬਾ ਸੜ ਗਿਆ ਸੀ, ਪਰ ਐਸ ਡੀ ਐਮ ਜੀਰਾ ਵੱਲੋਂ ਬਿਨਾਂ ਪੜਤਾਲ ਕੀਤਿਆਂ ਤਿੰਨ ਔਰਤਾਂ ਅਤੇ ਇੱਕ ਕਿਸਾਨ ਵਿਰੁੱਧ ਪਰਚਾ ਦਰਜ ਕਰ ਦਿੱਤਾ ਗਿਆ।ਉਨ੍ਹਾਂ ਕਿਹਾ ਕਿ ਪਰਚਾ ਦਰਜ ਕੀਤੇ ਗਏ ਵਿਅਕਤੀਆਂ ਵਿੱਚ ਇੱਕ ਔਰਤ ਅਜਿਹੀ ਵੀ ਹੈ, ਜਿਸ ਨੇ ਆਪਣੀ ਜ਼ਮੀਨ ਗ਼ਰੀਬ ਲੋਕਾਂ ਨੂੰ ਦਾਨ ਕੀਤੀ ਹੋਈ ਹੈ ਅਤੇ ਉਹ ਖ਼ੁਦ ਉਸ ਜ਼ਮੀਨ ਵਿੱਚ ਕੋਈ ਫ਼ਸਲ ਵੀ ਨਹੀਂ ਬੀਜਦੀ। ਉਨ੍ਹਾਂ ਮੰਗ ਕੀਤੀ ਕਿ ਮਾਮਲੇ ਦੀ ਨਿਰਪੱਖ ਪੜਤਾਲ ਕਰਕੇ ਦਰਜ ਕੀਤਾ ਗਿਆ ਪਰਚਾ ਵਾਪਸ ਲਿਆ ਜਾਵੇ।

ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਮੇਲੇ, ਧਾਰਮਿਕ ਸਮਾਗਮ, ਵਿਆਹ, ਵਿੱਦਿਅਕ ਸੰਸਥਾ ਦੇ ਘੇਰੇ 'ਚ ਹਥਿਆਰ ਲਿਜਾਣ 'ਤੇ ਪਾਬੰਦੀ ਦੇ ਆਦੇਸ਼

ਫਾਜ਼ਿਲਕਾ (ਨਿਸ਼ਾ ਸ਼ਰਮਾ)-ਜ਼ਿਲ੍ਹਾ ਮੈਜਿਸਟ੍ਰੇਟ ਅਮਰਪ੍ਰੀਤ ਕੌਰ ਸੰਧੂ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪਾਬੰਦੀ ਦੇ ਹੁਕਮ ਜਾਰੀ ਕੀਤੇ ਤੇ ਇਹ ਹੁਕਮ 31 ਦਸੰਬਰ 2026 ਤੱਕ ਲਾਗੂ ਰਹੇਗਾ। ਜ਼ਿਲ੍ਹਾ ਮੈਜਿਸਟ੍ਰੇਟ ਨੇ ਦੱਸਿਆ ਕਿ ਕੋਈ ਵੀ ਜ਼ਿਲ੍ਹਾ ਵਾਸੀ ਕਿਸੇ ਮੇਲੇ, ਧਾਰਮਿਕ ਸਮਾਗਮ, ਵਿਆਹ, ਜਲੂਸ ਜਾਂ ਕਿਸੇ ਹੋਰ ਇਕੱਠ ਕਰਨ ਅਤੇ ਜ਼ਿਲ੍ਹੇ ਦੀ ਖੇਤਰੀ ਸੀਮਾ ਦੇ ਅੰਦਰ ਕਿਸੇ ਵਿਦਿਅਕ ਸੰਸਥਾ ਦੇ ਘੇਰੇ ਵਿੱਚ ਕੋਈ ਵੀ ਹਥਿਆਰ (ਤਿੱਖੇ ਧਾਰ ਵਾਲੇ ਹਥਿਆਰ ਆਦਿ ਸਮੇਤ) ਨਹੀਂ ਲੈ ਕੇ ਜਾਵੇਗਾ। ਇਸ ਤੋਂ ਇਲਾਵਾ ਕਿਸੇ ਵੀ ਥਾਂ 'ਤੇ ਕਿਸੇ ਵੀ ਤੇਜ਼ ਧਾਰ ਵਾਲੇ ਹਥਿਆਰ ਨਾ ਤਾਂ ਲਹਿਰਾਏਗਾ ਅਤੇ ਨਾ ਹੀ ਪ੍ਰਦਰਸ਼ਿਤ ਕਰੇਗਾ। ਇਹ ਹੁਕਮ ਹਥਿਆਰਬੰਦ ਸੈਨਾਵਾਂ, ਪੁਲਸ ਦੇ ਮੈਂਬਰਾਂ 'ਤੇ ਲਾਗੂ ਨਹੀਂ ਹੋਣਗੇ। ਹੋਮਗਾਰਡ ਜਾਂ ਹੋਰ ਸਰਕਾਰੀ ਕਰਮਚਾਰੀ ਜੋ ਆਪਣੀਆਂ ਡਿਊਟੀਆਂ ਨਿਭਾਉਂਦੇ ਸਮੇਂ ਰਾਜ ਦੀ ਸੁਰੱਖਿਆ ਅਤੇ ਕਾਨੂੰਨ ਵਿਵਸਥਾ ਬਣਾਈ ਰੱਖਣ ਲਈ ਹਥਿਆਰ ਰੱਖ ਸਕਦੇ ਹਨ ਅਤੇ ਨਾਲ ਹੀ ਵਿਦਿਅਕ ਅਦਾਰਿਆਂ/ਵਪਾਰਕ ਅਦਾਰਿਆਂ (ਹੋਟਲ/ਮੈਰਿਜ ਪੈਲੇਸ ਆਦਿ) ਦੇ ਸੁਰੱਖਿਆ ਗਾਰਡ/ਕਰਮਚਾਰੀ ਵੀ ਆਪਣੀਆਂ ਆਮ ਡਿਊਟੀਆਂ ਦੌਰਾਨ ਹਥਿਆਰ ਰੱਖ ਸਕਦੇ ਹਨ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਵਾਸੀ ਹਥਿਆਰਾਂ ਨੂੰ ਲਹਿਰਾਉਂਦੇ ਦੀ ਜਾਂ ਪ੍ਰਦਰਸ਼ਿਤ ਕਰਦੇ ਦੀ ਕੋਈ ਤਸਵੀਰ ਜਾਂ ਵੀਡੀਓ ਸੋਸ਼ਲ ਮੀਡੀਆ 'ਤੇ ਅਪਲੋਡ ਨਹੀਂ ਕਰੇਗਾ। ਇਸ ਤੋਂ ਇਲਾਵਾ ਕੋਈ ਵੀ ਵਿਅਕਤੀ ਕਿਸੇ ਵੀ ਸਮਾਗਮ/ਕਾਰਜ/ਪ੍ਰੋਗਰਾਮ ਆਦਿ ਵਿੱਚ ਕੋਈ ਵੀ ਅਜਿਹਾ ਗੀਤ ਨਹੀਂ ਗਾਏਗਾ ਤੇ ਨਾ ਹੀ ਕੋਈ ਅਜਿਹਾ ਨਾਟਕ ਕਰੇਗਾ ਜਿਸ ਨਾਲ ਫਾਜ਼ਿਲਕਾ ਦੇ ਖੇਤਰੀ ਇਲਾਕਿਆਂ ਵਿੱਚ ਹਥਿਆਰ ਰੱਖਣ, ਪ੍ਰਦਰਸ਼ਨ ਜਾਂ ਵਰਤੋਂ ਦੀ ਵਡਿਆਈ ਕੀਤੀ ਜਾਵੇ। ਇਸ ਤੋਂ ਇਲਾਵਾ ਸੋਸ਼ਲ ਮੀਡੀਆ 'ਤੇ ਅਜਿਹੀ ਕਿਸੇ ਵੀ ਵੀਡੀਓ ਨੂੰ ਅਪਲੋਡ ਕਰਨ 'ਤੇ ਪੂਰੀ ਤਰ੍ਹਾਂ ਪਾਬੰਦੀ ਹੋਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਰਾਜ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਲਾਇਸੰਸਸ਼ੁਦਾ ਹਥਿਆਰਾਂ ਦੀ ਦੁਰਵਰਤੋਂ ਦੀਆਂ ਘਟਨਾਵਾਂ ਦੀ ਰਿਪੋਰਟ ਕੀਤੀ ਗਈ ਹੈ ਜਿਸ ਨਾਲ ਜ਼ਿਲ੍ਹੇ ਦੀਆਂ ਖੇਤਰੀ ਸੀਮਾਵਾਂ ਦੇ ਅੰਦਰ ਲਾਇਸੰਸਸ਼ੁਦਾ ਹਥਿਆਰਾਂ ਦੀ ਦੁਰਵਰਤੋਂ ਬਾਰੇ ਵਾਜਬ ਖਦਸ਼ਾ ਪੈਦਾ ਹੋਇਆ ਹੈ। ਜਿਸ ਨੂੰ ਦੇਖਦਿਆਂ ਇਹ ਹੁਕਮ ਜਾਰੀ ਕੀਤਾ ਜਾਂਦਾ ਹੈ।

ਪੰਜਾਬ ਨੂੰ ਵਾਰ-ਵਾਰ ਉਜਾੜਨ ਵਾਲੀ ਕਾਂਗਰਸ ਕਿਸ ਮੂੰਹ ਨਾਲ ਪੰਜਾਬ ਦੇ ਹੱਕਾਂ ਤੇ ਇਨਸਾਫ਼ ਦੀ ਗੱਲ ਕਰ ਰਹੀ : ਚੀਮਾ



ਅਮਲੋਹ (ਪ੍ਰਮੋਦ ਭਾਰਦਵਾਜ)-ਸੰਗਰੂਰ ਵਿਖੇ ਪੰਜਾਬ ਦੇ ਹੱਕਾਂ, ਭਵਿੱਖ ਅਤੇ ਇਨਸਾਫ਼ ਦੀ ਆਵਾਜ਼ ਬੁਲੰਦ ਕਰਨ ਦੇ ਨਾਂ 'ਤੇ ਹੋਈ ਰੈਲੀ ਵਿੱਚ ਕਾਂਗਰਸ ਦੇ ਸੀਨੀਅਰ ਆਗੂ ਰਾਹੁਲ ਗਾਂਧੀ ਅਤੇ ਹੋਰ ਕਾਂਗਰਸੀ ਲੀਡਰਸ਼ਿਪ ਦੀ ਸ਼ਮੂਲੀਅਤ 'ਤੇ ਸਵਾਲ ਉਠਾਉਂਦਿਆਂ ਜਗਦੀਪ ਸਿੰਘ ਚੀਮਾ ਸੀਨੀਅਰ ਆਗੂ ਭਾਜਪਾ ਪੰਜਾਬ ਹਲਕਾ ਅਮਲੋਹ ਨੇ ਕਿਹਾ ਕਿ ਜਿਹੜੀ ਕਾਂਗਰਸ ਪਾਰਟੀ ਪੰਜਾਬ ਅਤੇ ਸਿੱਖ ਕੌਮ ਨਾਲ ਹੋਏ ਇਤਿਹਾਸਕ ਧੱਕਿਆਂ ਲਈ ਜਵਾਬਦੇਹ ਹੈ, ਉਹ ਅੱਜ ਕਿਸ ਮੂੰਹ ਨਾਲ ਪੰਜਾਬ ਦੇ ਹੱਕਾਂ ਅਤੇ ਇਨਸਾਫ਼ ਦੀ ਗੱਲ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਕਾਂਗਰਸ ਦੇ ਇਤਿਹਾਸ ਅਤੇ ਸਿੱਖ ਕੌਮ ਨਾਲ ਵਾਪਰੇ ਦੁਖਾਂਤ ਨੂੰ ਕਦੇ ਵੀ ਭੁੱਲ ਨਹੀਂ ਸਕਦੇ। ਉਨ੍ਹਾਂ ਕਿਹਾ ਕਿ ਨਵੰਬਰ 1984 ਦਾ ਸਿੱਖ ਕਤਲੇਆਮ ਭਾਰਤ ਦੇ ਇਤਿਹਾਸ ਦਾ ਅਜਿਹਾ ਕਾਲਾ ਅਧਿਆਇ ਹੈ, ਜਿਸ ਦੇ ਜ਼ਖ਼ਮ ਅੱਜ ਵੀ ਸਿੱਖ ਕੌਮ ਦੇ ਦਿਲਾਂ ਵਿੱਚ ਤਾਜ਼ਾ ਹਨ। ਹਜ਼ਾਰਾਂ ਬੇਗੁਨਾਹ ਸਿੱਖਾਂ ਦੀਆਂ ਜਾਨਾਂ ਗਈਆਂ, ਪਰ ਦਹਾਕਿਆਂ ਬਾਅਦ ਵੀ ਬਹੁਤ ਸਾਰੇ ਪੀੜਤ ਪਰਿਵਾਰ ਇਨਸਾਫ਼ ਦੀ ਉਡੀਕ ਕਰ ਰਹੇ ਹਨ। ਕਾਂਗਰਸ ਨੂੰ ਪੰਜਾਬ ਦੇ ਲੋਕਾਂ ਅਤੇ ਸਿੱਖ ਕੌਮ ਨੂੰ ਇਹ ਦੱਸਣਾ ਚਾਹੀਦਾ ਹੈ ਕਿ 1984 ਦੇ ਕਤਲੇਆਮ ਲਈ ਜਵਾਬਦੇਹ ਲੋਕਾਂ ਨੂੰ ਪੂਰਾ ਇਨਸਾਫ਼ ਕਿਉਂ ਨਹੀਂ ਮਿਲ ਸਕਿਆ। ਚੀਮਾ ਨੇ ਕਿਹਾ ਕਿ ਪੰਜਾਬ ਨੂੰ ਇੱਕ ਵਾਰ ਨਹੀਂ, ਸਗੋਂ ਵਾਰ-ਵਾਰ ਸਿਆਸੀ ਫ਼ੈਸਲਿਆਂ ਅਤੇ ਕਾਂਗਰਸ ਦੀਆਂ ਨੀਤੀਆਂ ਕਾਰਨ ਵੱਡੇ ਸੰਤਾਪ ਵਿੱਚੋਂ ਲੰਘਣਾ ਪਿਆ ਹੈ। ਅਜਿਹੇ ਵਿੱਚ ਰਾਹੁਲ ਗਾਂਧੀ ਅਤੇ ਕਾਂਗਰਸੀ ਆਗੂਆਂ ਨੂੰ ਪੰਜਾਬ ਦੇ ਰਾਖੇ ਬਣਨ ਦੇ ਦਾਅਵੇ ਕਰਨ ਤੋਂ ਪਹਿਲਾਂ ਆਪਣੇ ਪਾਰਟੀ ਦੇ ਇਤਿਹਾਸ ਬਾਰੇ ਸਪੱਸ਼ਟ ਜਵਾਬ ਦੇਣੇ ਚਾਹੀਦੇ ਹਨ। ਪੰਜਾਬ ਦੇ ਲੋਕ ਇਹ ਜਾਣਨਾ ਚਾਹੁੰਦੇ ਹਨ ਕਿ ਜਦੋਂ ਸਿੱਖ ਕੌਮ ਇਨਸਾਫ਼ ਦੀ ਮੰਗ ਕਰਦੀ ਹੈ ਤਾਂ ਕਾਂਗਰਸ ਦੀ ਲੀਡਰਸ਼ਿਪ ਉਸ ਦੇ ਸਵਾਲਾਂ ਦਾ ਜਵਾਬ ਦੇਣ ਤੋਂ ਕਿਉਂ ਬਚਦੀ ਹੈ।ਉਨ੍ਹਾਂ ਕਿਹਾ ਕਿ ਸਿੱਖ ਕੌਮ ਦੇ ਜ਼ਖ਼ਮਾਂ 'ਤੇ ਸਿਆਸੀ ਰੋਟੀਆਂ ਸੇਕਣ ਦੀ ਬਜਾਏ 1984 ਦੇ ਪੀੜਤ ਪਰਿਵਾਰਾਂ ਨੂੰ ਇਨਸਾਫ਼ ਦਿਵਾਉਣ ਲਈ ਠੋਸ ਯਤਨ ਕੀਤੇ ਜਾਣੇ ਚਾਹੀਦੇ ਹਨ। ਅੰਤ ਵਿੱਚ ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਆਪਣੇ ਇਤਿਹਾਸ, ਕੁਰਬਾਨੀਆਂ ਅਤੇ ਹੱਕਾਂ ਪ੍ਰਤੀ ਜਾਗਰੂਕ ਹਨ। ਸਿਰਫ਼ ਰੈਲੀਆਂ ਅਤੇ ਭਾਸ਼ਣਾਂ ਨਾਲ ਲੋਕਾਂ ਦਾ ਵਿਸ਼ਵਾਸ ਨਹੀਂ ਜਿੱਤਿਆ ਜਾ ਸਕਦਾ, ਸਗੋਂ ਆਪਣੇ ਪਿਛਲੇ ਕਾਰਜਕਾਲ ਅਤੇ ਇਤਿਹਾਸਕ ਗਲਤੀਆਂ ਬਾਰੇ ਜਵਾਬਦੇਹੀ ਨਿਭਾਉਣੀ ਪਵੇਗੀ। 1984 ਦੇ ਪੀੜਤਾਂ ਨੂੰ ਇਨਸਾਫ਼ ਮਿਲਣਾ ਚਾਹੀਦਾ ਹੈ ਅਤੇ ਸਿੱਖ ਕੌਮ ਦੇ ਦਰਦ ਨੂੰ ਸਿਆਸੀ ਬਿਆਨਬਾਜ਼ੀ ਤੱਕ ਸੀਮਤ ਨਹੀਂ ਰੱਖਣਾ ਚਾਹੀਦਾ।

ਅਥਲੈਟਿਕਸ ਮੁਕਾਬਲਿਆਂ 'ਚ ਭਾਈ ਦੇਸਾ ਦੀਆਂ ਖਿਡਾਰਨਾਂ ਦੀ ਚੜ੍ਹਤ

ਮਾਨਸਾ (ਆਤਮਾ ਸਿੰਘ ਪਮਾਰ)-ਲੜਕੀਆਂ ਦੇ ਅਥਲੈਟਿਕਸ ਮੁਕਾਬਲਿਆਂ 'ਚ ਵੱਖ-ਵੱਖ ਸੈਂਟਰਾਂ ਦੀਆਂ ਖਿਡਾਰਨਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਮੁਕਾਬਲਿਆਂ ਦੌਰਾਨ ਭਾਈ ਦੇਸਾ ਦੀਆਂ ਖਿਡਾਰਨਾਂ ਨੇ ਕਈ ਖੇਡਾਂ 'ਚ ਪਹਿਲੇ ਸਥਾਨ ਹਾਸਲ ਕੀਤੇ, ਜਦਕਿ ਜੋਗਾ, ਮੂਸਾ, ਮਾਨਸਾ, ਬੁਢਲਾਡਾ ਅਤੇ ਖਿਆਲਾ ਦੀਆਂ ਖਿਡਾਰਨਾਂ ਨੇ ਵੀ ਜੇਤੂ ਸਥਾਨ ਪ੍ਰਾਪਤ ਕੀਤੇ।100 ਮੀਟਰ ਦੌੜ 'ਚ ਭਾਈ ਦੇਸਾ ਦੀ ਸੈਮਲਪ੍ਰੀਤ ਕੌਰ ਨੇ ਪਹਿਲਾ ਅਤੇ ਨਵਦੀਪ ਕੌਰ ਨੇ ਦੂਜਾ ਸਥਾਨ ਹਾਸਲ ਕੀਤਾ। 200 ਮੀਟਰ ਦੌੜ ਵਿੱਚ ਭਾਈ ਦੇਸਾ ਦੀ ਹਰਨੀਤ ਕੌਰ ਪਹਿਲੇ ਅਤੇ ਮੂਸਾ ਦੀ ਖੁਸ਼ੀ ਦੂਜੇ ਸਥਾਨ 'ਤੇ ਰਹੀ। 400 ਮੀਟਰ ਦੌੜ 'ਚ ਜੋਗਾ ਦੀ ਗਗਨਦੀਪ ਕੌਰ ਨੇ ਪਹਿਲਾ ਅਤੇ ਭਾਈ ਦੇਸਾ ਦੀ ਹੁਸਨਪ੍ਰੀਤ ਕੌਰ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ 600 ਮੀਟਰ ਦੌੜ ਵਿੱਚ ਭਾਈ ਦੇਸਾ ਦੀ ਮਹਿਕਦੀਪ ਕੌਰ ਪਹਿਲੇ ਅਤੇ ਮਾਨਸਾ ਦੀ ਕੋਮਲ ਦੂਜੇ ਸਥਾਨ 'ਤੇ ਰਹੀ।ਲੰਬੀ ਛਾਲ 'ਚ ਭਾਈ ਦੇਸਾ ਦੀ ਸੈਮਲਪ੍ਰੀਤ ਕੌਰ ਨੇ 10 ਫੁੱਟ 5 ਇੰਚ ਛਾਲ ਮਾਰ ਕੇ ਪਹਿਲਾ ਅਤੇ ਜੋਗਾ ਦੀ ਗਗਨਦੀਪ ਕੌਰ ਨੇ 10 ਫੁੱਟ 4 ਇੰਚ ਛਾਲ ਨਾਲ ਦੂਜਾ ਸਥਾਨ ਹਾਸਲ ਕੀਤਾ। ਗੋਲਾ ਸੁੱਟਣ ਵਿੱਚ ਭਾਈ ਦੇਸਾ ਦੀ ਨਵਦੀਪ ਕੌਰ ਨੇ 17 ਫੁੱਟ 8 ਇੰਚ ਨਾਲ ਪਹਿਲਾ ਅਤੇ ਖਿਆਲਾ ਦੀ ਤਨਵੀਰ ਕੌਰ ਨੇ 16 ਫੁੱਟ 9 ਇੰਚ ਨਾਲ ਦੂਜਾ ਸਥਾਨ ਪ੍ਰਾਪਤ ਕੀਤਾ। 4*100 ਮੀਟਰ ਰਿਲੇਅ ਦੌੜ 'ਚ ਭਾਈ ਦੇਸਾ ਦੀ ਟੀਮ ਪਹਿਲੇ ਅਤੇ ਜੋਗਾ ਦੀ ਟੀਮ ਦੂਸਰੇ ਸਥਾਨ 'ਤੇ ਰਹੀ।



ਡੀ ਸੀ ਵੱਲੋਂ ਸ਼ਮਸ਼ਾਨਘਾਟ ਦੀ ਚੈਕਿੰਗ

ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ) - ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਦੇ ਉਦੇਸ਼ ਨਾਲ ਚਲਾਈ ਜਾ ਰਹੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਬੁੱਧਵਾਰ ਨੂੰ ਗੁਰੂਹਰਸਹਾਏ ਦੀ ਡਰੱਗ ਹੌਟਸਪੌਟ ਬਸਤੀ ਗੁਰੂ ਕਰਮ ਸਿੰਘ ਦੇ ਸ਼ਮਸ਼ਾਨਘਾਟ ਦਾ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਦੀਪਸ਼ਿਖਾ ਸ਼ਰਮਾ, ਐਸ.ਐਸ.ਪੀ. ਭੁਪਿੰਦਰ ਸਿੰਘ ਸਿੱਧੂ, ਐਸ.ਡੀ.ਐਮ. ਗੁਰੂਹਰਸਹਾਏ ਹਰਦੀਪ ਸਿੰਘ ਵੱਲੋਂ ਵਿਸ਼ੇਸ਼ ਦੌਰਾ ਕੀਤਾ ਗਿਆ।ਇਸ ਦੌਰਾਨ ਡਿਪਟੀ ਕਮਿਸ਼ਨਰ ਅਤੇ ਐਸ ਐਸ ਪੀ ਵੱਲੋਂ ਸਥਾਨ ਦਾ ਬਾਰੀਕੀ ਨਾਲ ਨਿਰੀਖਣ ਕੀਤਾ ਗਿਆ ਅਤੇ ਡਰੱਗ ਹੌਟ ਸਪੌਟ ਖੇਤਰ ਵਿੱਚ ਕੀਤੇ ਜਾ ਰਹੇ ਸੁਧਾਰ ਕਾਰਜਾਂ ਅਤੇ ਨਸ਼ਿਆਂ ਦੀ ਰੋਕਥਾਮ ਲਈ ਕੀਤੇ ਜਾ ਰਹੇ ਉਪਰਾਲਿਆਂ ਦਾ ਜਾਇਜ਼ਾ ਲਿਆ ਗਿਆ।ਇਸ ਦੌਰੇ ਦਾ ਮੁੱਖ ਮਕਸਦ ਡਰੱਗ ਹੌਟਸਪੌਟ ਖੇਤਰਾਂ ਵਿੱਚੋਂ ਨਸ਼ਿਆਂ ਦੇ ਪ੍ਰਭਾਵ ਨੂੰ ਖ਼ਤਮ ਕਰਨਾ, ਇਲਾਕੇ ਦੀ ਸਫ਼ਾਈ ਅਤੇ ਵਾਤਾਵਰਣ ਵਿੱਚ ਸੁਧਾਰ ਲਿਆਉਣਾ ਅਤੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨਾ ਹੈ। ਇਸ ਦੇ ਨਾਲ ਹੀ ਪ੍ਰਸ਼ਾਸਨ ਅਤੇ ਪੁਲਿਸ ਵਿਭਾਗ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਆਪਸੀ ਤਾਲਮੇਲ ਨਾਲ ਕੀਤੇ ਜਾ ਰਹੇ ਯਤਨਾਂ ਨੂੰ ਹੋਰ ਮਜ਼ਬੂਤ ਕਰਨ 'ਤੇ ਵੀ ਜ਼ੋਰ ਦਿੱਤਾ ਗਿਆ। ਇਸ ਮੌਕੇ ਡੀ ਐਸ ਪੀ ਤੇਜਿੰਦਰ ਪਾਲ ਸਿੰਘ, ਹਿਮਾਂਸ਼ੂ ਆਈ.ਏ.ਐਸ. (ਅੰਡਰ ਟ੍ਰੇਨਿੰਗ) ਵੀ ਹਾਜ਼ਰ ਸਨ।



ਜ਼ਿਲ੍ਹਾ ਚੋਣ ਅਫ਼ਸਰ ਵੱਲੋਂ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ




ਫਿਰੋਜ਼ਪੁਰ (ਅਸ਼ੋਕ ਸ਼ਰਮਾ) - ਆਗਾਮੀ ਪੰਜਾਬ ਵਿਧਾਨ ਸਭਾ ਚੋਣਾਂ-2027 ਦੀਆਂ ਤਿਆਰੀਆਂ ਅਤੇ ਚੋਣਾਂ ਦੇ ਮੱਦੇਨਜ਼ਰ ਸੰਵੇਦਨਸ਼ੀਲ ਖੇਤਰਾਂ ਦੀ ਪਛਾਣ ਕਰਨ ਸਬੰਧੀ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ, ਫ਼ਿਰੋਜ਼ਪੁਰ ਦੀਪਸ਼ਿਖਾ ਸ਼ਰਮਾ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ-ਵੱਖ ਕੇਂਦਰੀ ਅਤੇ ਸਰਕਾਰੀ ਵਿਭਾਗਾਂ ਅਤੇ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਦੇ ਅਧਿਕਾਰੀਆਂ ਨਾਲ ਵਿਸ਼ੇਸ਼ ਸਮੀਖਿਆ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਆਗਾਮੀ ਵਿਧਾਨ ਸਭਾ ਚੋਣਾਂ ਨੂੰ ਸੁਤੰਤਰ, ਨਿਰਪੱਖ, ਪਾਰਦਰਸ਼ੀ ਅਤੇ ਸ਼ਾਂਤੀਪੂਰਨ ਢੰਗ ਨਾਲ ਨੇਪਰੇ ਚਾੜ੍ਹਨ ਲਈ ਲੋੜੀਂਦੀਆਂ ਤਿਆਰੀਆਂ ਬਾਰੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਮੁੱਖ ਤੌਰ 'ਤੇ ਸੰਵੇਦਨਸ਼ੀਲ ਖੇਤਰਾਂ ਦੀ ਪਛਾਣ ਅਤੇ ਪ੍ਰੋਫਾਈਲਿੰਗ, ਪਿਛਲੀਆਂ ਚੋਣਾਂ ਦੀ ਫੀਡਬੈਕ ਦਾ ਵਿਸ਼ਲੇਸ਼ਣ, ਚੋਣਾਂ ਦੌਰਾਨ ਵੋਟਰਾਂ ਨੂੰ ਪ੍ਰਭਾਵਿਤ ਕਰਨ ਲਈ ਨਕਦੀ, ਸ਼ਰਾਬ, ਨਸ਼ੀਲੇ ਪਦਾਰਥਾਂ ਅਤੇ ਹੋਰ ਮੁਫ਼ਤ ਵਸਤਾਂ ਦੀ ਵੰਡ ਨੂੰ ਰੋਕਣ ਸਬੰਧੀ ਰਣਨੀਤੀ 'ਤੇ ਵਿਚਾਰ ਕੀਤਾ ਗਿਆ। ਮੀਟਿੰਗ ਦੌਰਾਨ ਸੀ.ਜੀ.ਐੱਸ.ਟੀ., ਸਟੇਟ ਜੀ.ਐੱਸ.ਟੀ. ਅਤੇ ਟਰਾਂਸਪੋਰਟ ਵਿਭਾਗ ਦੇ ਤਾਲਮੇਲ ਨਾਲ ਸ਼ੱਕੀ ਵਪਾਰਕ ਖੇਪਾਂ, ਸਬਸਿਡੀ ਵਾਲੀਆਂ ਵਸਤਾਂ ਅਤੇ ਚੋਣਾਂ ਦੌਰਾਨ ਵੋਟਰਾਂ ਨੂੰ ਪ੍ਰਭਾਵਿਤ ਕਰਨ ਲਈ ਵਰਤੇ ਜਾ ਸਕਣ ਵਾਲੇ ਤੋਹਫ਼ਿਆਂ ਦੀ ਆਵਾਜਾਈ 'ਤੇ ਨਿਗਰਾਨੀ ਰੱਖਣ ਬਾਰੇ ਵੀ ਵਿਚਾਰ ਕੀਤਾ ਗਿਆ। ਮੀਟਿੰਗ ਵਿਚ ਵਧੀਕ ਜ਼ਿਲ੍ਹਾ ਚੋਣ ਅਫ਼ਸਰ ਡਾ. ਅਮਨਦੀਪ ਕੌਰ, ਐੱਸ.ਪੀ. ਮਨਜੀਤ ਸਿੰਘ, ਚੋਣ ਤਹਿਸੀਲਦਾਰ ਸੁਖਦੇਵ ਸਿੰਘ, ਐੱਲ. ਡੀ.ਐੱਮ. ਉਪਮਨਿਯੂ ਸੂਦ, ਡੀ.ਆਰ. ਕੋਆਪਰੇਟਿਵ ਸੁਸਾਇਟੀਜ਼ ਸੁਖਜੀਤ ਸਿੰਘ, ਇਨਕਮ ਟੈਕਸ ਅਧਿਕਾਰੀ ਭਾਰਤ ਭੂਸ਼ਨ ਤੇ ਸੁਖਦੀਪ ਕੁਮਾਰ, ਪਲੇਸਮੈਂਟ ਅਫ਼ਸਰ ਗੁਰਜੰਟ ਸਿੰਘ ਸਮੇਤ ਸੀਮਾ ਸੁਰੱਖਿਆ ਬਲ (ਬੀ.ਐੱਸ.ਐੱਫ.), ਰੇਲਵੇ ਪ੍ਰੋਟੈਕਸ਼ਨ ਫੋਰਸ, ਟਰਾਂਸਪੋਰਟ, ਵਿੱਤ ਅਤੇ ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।

6 ਨਵੰਬਰ ਦੀ ਰੈਲੀ ਦਾ ਡੀ ਟੀ ਐਫ ਵੱਲੋਂ ਸਮਰਥਨ


ਲੁਧਿਆਣਾ (ਸਤੀਸ਼ ਸਚਦੇਵਾ) - ਡੀ.ਟੀ ਐਫ ਕੰਪਿਊਟਰ ਅਧਿਆਪਕ ਵਲੋਂ ਦਿੜਬਾ ਹਲਕੇ ਵਿੱਚ 6 ਨਵੰਬਰ ਦੀ ਸੂਬਾ ਪੱਧਰੀ ਰੈਲੀ ਅਤੇ ਝੰਡਾ ਮਾਰਚ ਦਾ ਸਮਰਥਨ ਕਰਦਿਆਂ ਡੈਮੋਕਰੇਟਿਕ ਟੀਚਰਜ਼ ਫਰੰਟ ਪੰਜਾਬ ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਰਮਨਜੀਤ ਸਿੰਘ ਸੰਧੂ, ਜਨਰਲ ਸਕੱਤਰ ਰੁਪਿੰਦਰ ਪਾਲ ਸਿੰਘ ਗਿੱਲ , ਡੈਮੋਕਰੇਟਿਕ ਮੁਲਾਜ਼ਮ ਫੈਡਰੇਸ਼ਨ ਪੰਜਾਬ ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਲੀਲ ਅਤੇ ਵਿੱਤ ਸਕੱਤਰ ਰਜਿੰਦਰ ਜੰਡਿਆਲੀ ਨੇ ਕਿਹਾ ਕਿ ਸਰਕਾਰ ਕੰਪਿਊਟਰ ਅਧਿਆਪਕਾਂ ਨਾਲ ਸ਼ਰੇਆਮ ਧੱਕਾ ਕਰ ਰਹੀ, ਬਜਾਏ ਕੰਪਿਊਟਰ ਅਧਿਆਪਕਾਂ ਨੂੰ ਹੱਕ ਦੇਣ ਦੇ ਸਰਕਾਰ ਵੱਲੋਂ ਪਿਛਲੀਆਂ ਲਗਭਗ 80 ਮੀਟਿੰਗਾਂ ਵਿੱਚ ਕੰਪਿਊਟਰ ਅਧਿਆਪਕਾਂ ਨੂੰ ਲਾਅਰਿਆਂ ਤੋਂ ਇਲਾਵਾ ਕੁਝ ਨਹੀਂ ਦਿੱਤਾ।ਜੱਥੇਬੰਦੀਆਂ ਦੇ ਮੈਂਬਰ ਕੰਪਿਊਟਰ ਅਧਿਆਪਕਾਂ ਦੇ ਨਾਲ ਰੈਲੀ ਵਿੱਚ ਸ਼ਾਮਲ ਹੋਣਗੇ। ਇਸ ਸਮੇਂ ਮਨਪ੍ਰੀਤ ਸਿੰਘ ਸਮਰਾਲਾ, ਜਸਵਿੰਦਰ ਸਿੰਘ ਐਤੀਆਣਾ, ਰਕੇਸ਼ ਪੁਹੀੜ, ਜੰਗਪਾਲ ਸਿੰਘ ਰਾਏਕੋਟ, ਬਲਵੀਰ ਸਿੰਘ ਬਾਸੀਆਂ ਅਤੇ ਹੋਰ ਆਗੂ ਹਾਜ਼ਰ ਸਨ।

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੱਲੋਂ ਪਟਿਆਲਾ ਪੁਸਤਕ ਮੇਲੇ ਦਾ ਵਿੱਦਿਅਕ ਦੌਰਾ



ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫ਼ਤਿਹਗੜ੍ਹ ਸਾਹਿਬ ਦੇ ਸਮਾਜ ਵਿਗਿਆਨ ਵਿਭਾਗ ਵੱਲੋਂ ਓਮੈਕਸ ਮਾਲ ਪਟਿਆਲਾ ਵਿਖੇ ਲੱਗੇ ਪੁਸਤਕ ਮੇਲੇ ਦਾ ਵਿੱਦਿਅਕ ਦੌਰਾ ਕਰਵਾਇਆ ਗਿਆ। ਇਸ ਵਿੱਚ ਐੱਮ.ਏ. ਦੇ 25 ਵਿਦਿਆਰਥੀਆਂ ਨੇ ਭਾਗ ਲਿਆ। ਇਸ ਉਪਰਾਲੇ ਦਾ ਉਦੇਸ਼ ਵਿਦਿਆਰਥੀਆਂ ਵਿੱਚ ਪੁਸਤਕਾਂ ਪੜ੍ਹਨ ਦੀ ਰੁਚੀ ਪੈਦਾ ਕਰਨਾ ਅਤੇ ਉਨ੍ਹਾਂ ਨੂੰ ਪਾਠਕ੍ਰਮ ਤੋਂ ਇਲਾਵਾ ਵੱਖ-ਵੱਖ ਵਿਸ਼ਿਆਂ ਦੇ ਸਾਹਿਤ ਨਾਲ ਜਾਣੂ ਕਰਵਾਉਣਾ ਸੀ।ਇਸ ਦੌਰੇ ਦੀ ਦੇਖ-ਰੇਖ ਵਿਭਾਗ ਮੁਖੀ ਡਾ. ਨਵ ਸ਼ਗਨਦੀਪ ਕੌਰ ਨੇ ਕੀਤੀ ਅਤੇ ਸਹਾਇਕ ਪ੍ਰੋਫੈਸਰ ਲਵਪ੍ਰੀਤ ਸਿੰਘ ਵੀ ਵਿਦਿਆਰਥੀਆਂ ਦੇ ਨਾਲ ਸਨ। ਇਸ ਮੌਕੇ ਵਿਦਿਆਰਥੀਆਂ ਨੇ ਕਾਲੀ ਮਾਤਾ ਮੰਦਰ ਅਤੇ ਗੁਰਦੁਆਰਾ ਸ੍ਰੀ ਦੁਖਨਿਵਾਰਨ ਸਾਹਿਬ ਵਿਖੇ ਵੀ ਮੱਥਾ ਟੇਕਿਆ।

ਸੁਰਿੰਦਰ ਸਿੰਘ ਢਿੱਲੋਂ ਪਟਿਆਲਾ ਡਵੀਜ਼ਨ ਦੇ ਡਿਪਟੀ ਡਾਇਰੈਕਟਰ ਤੈਨਾਤ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪੰਜਾਬ ਸਰਕਾਰ ਵੱਲੋਂ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਵਿੱਚ ਸੁਰਿੰਦਰ ਸਿੰਘ ਢਿੱਲੋਂ ਨੂੰ ਅਹਿਮ ਜ਼ਿੰਮੇਵਾਰੀ ਸੌਂਪੀ ਗਈ ਹੈ। ਉਨ੍ਹਾਂ ਨੇ ਪਟਿਆਲਾ ਵਿਖੇ ਡਿਵੀਜ਼ਨਲ ਡਿਪਟੀ ਡਾਇਰੈਕਟਰ, ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਵਜੋਂ ਆਪਣਾ ਅਹੁਦਾ ਸੰਭਾਲ ਲਿਆ ਹੈ। ਪਟਿਆਲਾ ਡਵੀਜ਼ਨ ਅਧੀਨ ਆਉਂਦੇ ਅੱਠ ਜ਼ਿਲ੍ਹਿਆਂ ਵਿੱਚ ਵਿਭਾਗੀ ਕੰਮਕਾਜ ਦੀ ਨਿਗਰਾਨੀ ਦੀ ਜ਼ਿੰਮੇਵਾਰੀ ਹੁਣ ਉਨ੍ਹਾਂ ਦੇ ਮੋਢਿਆਂ 'ਤੇ ਹੋਵੇਗੀ। ਢਿੱਲੋਂ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਵਿੱਚ ਵੱਖ-ਵੱਖ ਪ੍ਰਸ਼ਾਸਨਿਕ ਅਹੁਦਿਆਂ 'ਤੇ ਸੇਵਾਵਾਂ ਨਿਭਾ ਚੁੱਕੇ ਹਨ। ਉਨ੍ਹਾਂ ਕੋਲ ਬਲਾਕ ਪੱਧਰ ਤੋਂ ਲੈ ਕੇ ਜ਼ਿਲ੍ਹਾ ਪੱਧਰ ਤੱਕ ਕੰਮ ਕਰਨ ਦਾ ਲੰਮਾ ਤਜਰਬਾ ਹੈ। ਉਹ ਬਲਾਕ ਵਿਕਾਸ ਅਤੇ ਪੰਚਾਇਤ ਅਫ਼ਸਰ (ਬੀਡੀਪੀਓ) ਵਜੋਂ ਵੱਖ-ਵੱਖ ਬਲਾਕਾਂ ਵਿੱਚ ਆਪਣੀਆਂ ਸੇਵਾਵਾਂ ਨਿਭਾ ਚੁੱਕੇ ਹਨ। ਇਸ ਤੋਂ ਬਾਅਦ ਉਨ੍ਹਾਂ ਨੇ ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫ਼ਸਰ (ਡੀਡੀਪੀਓ) ਵਜੋਂ ਵੱਖ-ਵੱਖ ਜ਼ਿਲ੍ਹਿਆਂ ਵਿੱਚ ਪੇਂਡੂ ਵਿਕਾਸ ਅਤੇ ਪੰਚਾਇਤੀ ਪ੍ਰਬੰਧਾਂ ਨਾਲ ਸਬੰਧਤ ਪ੍ਰਸ਼ਾਸਨਿਕ ਜ਼ਿੰਮੇਵਾਰੀਆਂ ਸੰਭਾਲੀਆਂ।ਇਸ ਤੋਂ ਇਲਾਵਾ, ਸੁਰਿੰਦਰ ਸਿੰਘ ਢਿੱਲੋਂ ਵਧੀਕ ਡਿਪਟੀ ਕਮਿਸ਼ਨਰ, ਪੇਂਡੂ ਵਿਕਾਸ, ਸ੍ਰੀ ਮੁਕਤਸਰ ਸਾਹਿਬ ਵਜੋਂ ਵੀ ਸੇਵਾਵਾਂ ਨਿਭਾ ਚੁੱਕੇ ਹਨ। ਵੱਖ-ਵੱਖ ਪੱਧਰਾਂ 'ਤੇ ਕੰਮ ਕਰਨ ਦੇ ਤਜਰਬੇ ਸਦਕਾ ਉਨ੍ਹਾਂ ਨੂੰ ਹੁਣ ਪਟਿਆਲਾ ਡਿਵੀਜ਼ਨ ਵਰਗੀ ਅਹਿਮ ਜ਼ਿੰਮੇਵਾਰੀ ਸੌਂਪੀ ਗਈ ਹੈ। ਉਹ ਪਟਿਆਲਾ ਡਵੀਜ਼ਨ ਅਧੀਨ ਆਉਂਦੇ ਅੱਠ ਜ਼ਿਲ੍ਹਿਆਂ ਵਿੱਚ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਦੇ ਕੰਮਕਾਜ ਦੀ ਨਿਗਰਾਨੀ ਕਰਨਗੇ। ਇਸ ਦੇ ਨਾਲ ਹੀ ਪੇਂਡੂ ਵਿਕਾਸ ਨਾਲ ਸਬੰਧਤ ਯੋਜਨਾਵਾਂ, ਪੰਚਾਇਤੀ ਪ੍ਰਬੰਧਾਂ ਅਤੇ ਵਿਭਾਗੀ ਪ੍ਰਸ਼ਾਸਨਿਕ ਕੰਮਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਦੀ ਜ਼ਿੰਮੇਵਾਰੀ ਵੀ ਉਨ੍ਹਾਂ ਦੇ ਅਹੁਦੇ ਨਾਲ ਜੁੜੀ ਹੋਵੇਗੀ।

ਸਪੈਸ਼ਲ ਲੋਕ ਅਦਾਲਤ ਦਾ ਆਯੋਜਨ 21 ਨੂੰ

ਫਾਜ਼ਿਲਕਾ (ਨਿਸ਼ਾ ਸ਼ਰਮਾ)-ਮਾਣਯੋਗ ਜਸਟਿਸ ਦੀਪਕ ਸਿੱਬਲ ਜੱਜ ਪੰਜਾਬ ਅਤੇ ਹਰਿਆਣਾ ਹਾਈ ਕੋਰਟ-ਕਮ-ਕਾਰਜਕਾਰੀ ਚੇਅਰਮੈਨ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐਸ.ਏ.ਐਸ. ਨਗਰ (ਮੋਹਾਲੀ) ਅਤੇ ਮਾਣਯੋਗ ਜਸਟਿਸ ਨਿਧੀ ਗੁਪਤਾ ਜੱਜ ਪੰਜਾਬ ਅਤੇ ਹਰਿਆਣਾ ਹਾਈ ਕੋਰਟ-ਕਮ-ਐਡਮਿਨਿਸਟ੍ਰੇਟਿਵ ਜੱਜ ਫਾਜ਼ਿਲਕਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਬਲਜਿੰਦਰ ਸਿੰਘ ਮਾਣਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਾਜ਼ਿਲਕਾ ਦੀ ਰਹਿਨੁਮਾਈ ਹੇਠ 21 ਨਵੰਬਰ ਨੂੰ ਫਾਜ਼ਿਲਕਾ, ਅਬੋਹਰ ਅਤੇ ਜਲਾਲਾਬਾਦ ਸਥਿਤ ਅਦਾਲਤਾਂ ਵਿੱਚ ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ ਨਾਲ ਸਬੰਧਤ ਮਾਮਲਿਆਂ ਦੇ ਨਿਪਟਾਰੇ ਲਈ ਸਪੈਸ਼ਲ ਲੋਕ ਅਦਾਲਤ ਦਾ ਆਯੋਜਨ ਕੀਤਾ ਜਾ ਰਿਹਾ ਹੈ।ਇਸ ਸਪੈਸ਼ਲ ਲੋਕ ਅਦਾਲਤ ਦਾ ਮੁੱਖ ਉਦੇਸ਼ ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ ਨਾਲ ਸਬੰਧਤ ਲੰਬਿਤ ਕੇਸਾਂ ਦਾ ਆਪਸੀ ਸਹਿਮਤੀ ਅਤੇ ਸਮਝੌਤੇ ਰਾਹੀਂ ਤੁਰੰਤ, ਸਸਤਾ ਅਤੇ ਪ੍ਰਭਾਵਸ਼ਾਲੀ ਨਿਪਟਾਰਾ ਕਰਨਾ ਹੈ, ਜਿਸ ਨਾਲ ਪੱਖਕਾਰਾਂ (ਦੋਵਾਂ ਧਿਰਾਂ) ਨੂੰ ਲੰਬੀ ਕਾਨੂੰਨੀ ਪ੍ਰਕਿਰਿਆ ਅਤੇ ਮਾਨਸਿਕ ਤਣਾਅ ਤੋਂ ਰਾਹਤ ਮਿਲ ਸਕੇ।ਇਸ ਸਬੰਧੀ ਜਾਣਕਾਰੀ ਦਿੰਦਿਆਂ ਬਲਜਿੰਦਰ ਸਿੰਘ ਮਾਣਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਾਜ਼ਿਲਕਾ ਨੇ ਦੱਸਿਆ ਕਿ ਇਸ ਲੋਕ ਅਦਾਲਤ ਵਿੱਚ ਕੇਸਾਂ ਦੀ ਸੁਣਵਾਈ ਲਈ ਫਾਜ਼ਿਲਕਾ, ਅਬੋਹਰ ਅਤੇ ਜਲਾਲਾਬਾਦ ਵਿਖੇ ਵਿਸ਼ੇਸ਼ ਬੈਂਚਾਂ ਦਾ ਗਠਨ ਕੀਤਾ ਜਾਵੇਗਾ। ਇਨ੍ਹਾਂ ਬੈਂਚਾਂ ਵਿੱਚ ਮਾਣਯੋਗ ਜੱਜ ਸਾਹਿਬਾਨਾਂ ਅਤੇ ਨਿਯੁਕਤ ਮੈਂਬਰਾਂ ਵੱਲੋਂ ਦੋਵਾਂ ਧਿਰਾਂ ਦੀ ਆਪਸੀ ਰਾਜ਼ੀਨਾਮੇ ਨਾਲ ਸੁਖਾਵੇਂ ਮਾਹੌਲ ਵਿੱਚ ਮਾਮਲਿਆਂ ਦਾ ਨਿਪਟਾਰਾ ਕਰਵਾਇਆ ਜਾਵੇਗਾ।ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਆਮ ਜਨਤਾ ਅਤੇ ਧਿਰਾਂ ਨੂੰ ਅਪੀਲ ਕੀਤੀ ਗਈ ਹੈ ਕਿ ਜਿਨ੍ਹਾਂ ਦੇ ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ ਨਾਲ ਸਬੰਧਤ ਕੇਸ ਅਦਾਲਤਾਂ ਵਿੱਚ ਲੰਬਿਤ ਹਨ, ਉਹ ਆਪਣੇ ਕੇਸਾਂ ਦਾ ਇਸ ਸਪੈਸ਼ਲ ਲੋਕ ਅਦਾਲਤ ਵਿੱਚ ਨਿਪਟਾਰਾ ਕਰਵਾਉਣ ਲਈ ਸਬੰਧਤ ਅਦਾਲਤ ਵਿੱਚ ਤੁਰੰਤ ਪਹੁੰਚ ਕਰਨ।ਹੋਰ ਕਿਸੇ ਵੀ ਤਰ੍ਹਾਂ ਦੀ ਕਾਨੂੰਨੀ ਜਾਣਕਾਰੀ ਜਾਂ ਮੁਫ਼ਤ ਕਾਨੂੰਨੀ ਸਹਾਇਤਾ ਲਈ ਟੋਲ-ਫ੍ਰੀ ਨੰਬਰ 15100 ਜਾਂ ਡੀ.ਐਲ.ਐਸ.ਏ. ਫਾਜ਼ਿਲਕਾ ਦੇ ਦਫ਼ਤਰੀ ਨੰਬਰ 01638-261500 'ਤੇ ਸੰਪਰਕ ਕੀਤਾ ਜਾ ਸਕਦਾ ਹੈ।

ਪ੍ਰਧਾਨ ਮੰਤਰੀ ਅਵਾਸ ਯੋਜਨਾ 'ਚ ਖਾਮੀਆਂ ਸੰਬੰਧੀ ਕਰਵਾਇਆ ਜਾਣੂ



ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ) - ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਵੱਲੋਂ ਪ੍ਰਧਾਨ ਮੰਤਰੀ ਅਵਾਸ ਯੋਜਨਾ ਤਹਿਤ ਪਿੰਡਾਂ ਦੀਆਂ ਸੂਚੀਆਂ ਪ੍ਰਾਪਤ ਕਰਨ ਲਈ ਪਿਛਲੇ ਸਮੇਂ ਤੋਂ ਕੀਤੀ ਜਾ ਰਹੀ ਜਦੋਜਹਿਦ ਨੂੰ ਤੇਜ਼ ਕਰਦਿਆਂ ਹੋਇਆਂ ਪਿੰਡਾਂ ਦੀਆਂ ਸੂਚੀਆਂ ਪ੍ਰਾਪਤ ਕਰਨ ਅਤੇ ਮਜ਼ਦੂਰਾਂ ਦੇ ਵੱਖ ਵੱਖ ਮਸਲਿਆਂ ਨੂੰ ਲੈ ਕੇ ਬਲਾਕ ਵਿਕਾਸ ਤੇ ਪੰਚਾਇਤ ਵਿਭਾਗ ਦੇ ਬੀ ਡੀ ਪੀ ਓ ਅਜੇ ਸ਼ਰਮਾ ਨੂੰ ਮਜ਼ਦੂਰ ਯੂਨੀਅਨ ਦੀ ਇਲਾਕਾ ਜਥੇਬੰਦਕ ਕਮੇਟੀ ਗੁਰੂ ਹਰਸਹਾਏ ਦੇ ਆਗੂ ਇੰਦਰਜੀਤ ਸਿੰਘ ਕ੍ਰਾਂਤੀ ਛਾਂਗਾ ਰਾਏ ਦੀ ਅਗਵਾਈ ਹੇਠ ਮਿਲਿਆ ਗਿਆ। ਇਸ ਮੌਕੇ ਸੂਬਾ ਕਮੇਟੀ ਮੈਂਬਰ ਕੁਲਦੀਪ ਸਿੰਘ ਮੋਠਾਂਵਾਲਾ ਵੀ ਪਹੁੰਚੇ ਹੋਏ ਸਨ । ਇਕ ਬਿਆਨ ਵਿਚ ਇੰਦਰਜੀਤ ਸਿੰਘ ਕ੍ਰਾਂਤੀ ਛਾਂਗਾ ਰਾਏ ਤੇ ਸੰਨੀ ਮੋਹਨ ਕੇ ਉਤਾੜ ਨੇ ਕਿਹਾ ਕਿ ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਵੱਲੋਂ ਪਿਛਲੇ ਸਮੇਂ ਤੋਂ ਹੀ ਪ੍ਰਧਾਨ ਮੰਤਰੀ ਅਵਾਸ ਯੋਜਨਾ ਦਾ ਮਜ਼ਦੂਰ ਪਰਿਵਾਰਾਂ ਨੂੰ ਸਹੀ ਲਾਭ ਦਿਵਾਉਣ ਲਈ ਲਗਾਤਾਰ ਜਦੋਜਹਿਦ ਕੀਤੀ ਜਾ ਰਹੀ ਹੈ ਅਤੇ ਪਹਿਲਾਂ ਵੀ ਪੰਜ ਪਿੰਡਾਂ ਦੀਆਂ ਸੂਚੀਆਂ ਮਜ਼ਦੂਰ ਯੂਨੀਅਨ ਨੇ ਮਹਿਕਮੇ ਦੇ ਅਧਿਕਾਰੀਆਂ ਤੋਂ ਪ੍ਰਾਪਤ ਕੀਤੀਆਂ ਸਨ ਪਰ ਅੱਜ ਦੁਬਾਰਾ ਬੀ ਡੀ ਪੀ ਓ ਗੁਰੂ ਹਰਸਹਾਏ ਨੂੰ ਮਿਲ ਕੇ ਸਬੰਧਤ ਅਧਿਕਾਰੀਆਂ ਨਾਲ ਵਿਚਾਰ ਚਰਚਾ ਕਰਨ ਤੋਂ ਬਾਅਦ ਪ੍ਰਧਾਨ ਮੰਤਰੀ ਅਵਾਸ ਯੋਜਨਾ ਤਹਿਤ ਪਿੰਡ ਚੱਕ ਮਹੰਤਾਂ ਵਾਲਾ ਬੂੰਗੀ, ਵੱਡਾ ਜੰਡ ਵਾਲਾ, ਸਰੀਂਹ ਵਾਲਾ ਬਰਾੜ, ਬਾਘੂ ਵਾਲਾ, ਕੋਹਰ ਸਿੰਘ ਵਾਲਾ, ਬਹਾਦਰ ਕੇ, ਮੇਘਾ ਰਾਏ ਹਿਠਾੜ, ਝੰਡੂ ਵਾਲਾ ਆਦਿ ਪਿੰਡਾਂ ਦੀ ਸੂਚੀਆਂ ਪ੍ਰਾਪਤ ਕਰ ਲਈਆਂ ਹਨ। ਮਜ਼ਦੂਰ ਆਗੂਆਂ ਨੇ ਕਿਹਾ ਕਿ 7 ਨਵੰਬਰ ਨੂੰ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ(ਬੁੱਟਰ) ਤੇ ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਵੱਲੋਂ ਥਾਣਾ ਗੁਰੂ ਹਰਸਹਾਏ ਮੂਹਰੇ ਦਿੱਤੇ ਜਾ ਰਹੇ ਰੋਸ ਧਰਨੇ ਵਿੱਚ ਵੀ ਸ਼ਮੂਲੀਅਤ ਕੀਤੀ ਜਾਵੇਗੀ। ਇਸ ਦੌਰਾਨ ਰਤਨ ਸਿੰਘ, ਅੰਗਰੇਜ਼ ਸਿੰਘ, ਲਵਪ੍ਰੀਤ ਸਿੰਘ, ਮੰਦਰ ਸਿੰਘ, ਧਰਮਿੰਦਰ ਸਿੰਘ ,ਮਾਤਾ ਨਿਕੋ, ਸਵਰਨਾਂ ਰਾਣੀ ਆਦਿ ਸ਼ਾਮਲ ਸਨ।

ਭਾਸ਼ਾ ਵਿਭਾਗ ਪੰਜਾਬ ਵੱਲੋਂ ਜਸਪਾਲ ਮਾਨਖੇੜਾ ਨੂੰ ਪੁਰਸਕਾਰ

ਬਠਿੰਡਾ (ਬਖਤੌਰ ਢਿੱਲੋਂ) -ਪ੍ਰਸਿੱਧ ਸਾਹਿਤਕਾਰ ਅਤੇ ਸਾਹਿਤਕ ਕਾਰਜ ਕਰਤਾ ਜਸਪਾਲ ਮਾਨਖੇੜਾ ਦੇ ਨਾਵਲ 'ਹਵੇਲੀਆਲਾ' ਨੂੰ ਭਾਸ਼ਾ ਵਿਭਾਗ ਪੰਜਾਬ ਵੱਲੋਂ ਸਾਲ 2025 ਦੇ ਸਰਵੋਤਮ ਨਾਵਲ ਵਜੋਂ ਚੁਣ ਕੇ ਨਾਨਕ ਸਿੰਘ ਪੁਰਸਕਾਰ ਪ੍ਰਦਾਨ ਕੀਤਾ ਗਿਆ ਹੈ। ਪਟਿਆਲਾ ਵਿਖੇ ਹੋਏ ਸਮਾਗਮ 'ਚ ਭਾਸ਼ਾ ਵਿਭਾਗ ਵੱਲੋਂ ਸਾਰੀਆਂ ਵੰਨਗੀਆਂ ਦੇ ਲੇਖਕਾਂ ਨੂੰ ਸਨਮਾਨ ਚਿਨ੍ਹ, ਸ਼ਾਲ ਤੇ ਨਕਦ ਰਾਸ਼ੀ ਦੇ ਕੇ ਸਨਮਾਨ ਕੀਤਾ ਗਿਆ। ਇਸ ਮੌਕੇ ਸਮਾਗਮ ਵਿੱਚ ਪੰਜਾਬੀ ਸਾਹਿਤ ਸਭਾ ਰਜਿ: ਬਠਿੰਡਾ ਵੱਲੋਂ ਰਣਬੀਰ ਰਾਣਾ, ਰਣਜੀਤ ਗੌਰਵ, ਬਲਵਿੰਦਰ ਸਿੰਘ ਭੁੱਲਰ, ਰਵਿੰਦਰ ਸੰਧੂ ਪਹੁੰਚੇ, ਜਦੋਂ ਕਿ ਰਿਟਾਇਰਡ ਮਿਉਂਸਪਲ ਇੰਪਲਾਈਜ ਯੂਨੀਅਨ ਬਠਿੰਡਾ ਦੇ ਆਗੂ ਰਣਜੀਤ ਸਿੰਘ ਅਲੀਕਾ, ਭੋਲਾ ਸਿੰਘ ਢਿੱਲੋਂ, ਸੁਰਜਨ ਰਾਮ, ਗੁਰਿੰਦਰ ਸਿੰਘ ਕੈਰੋਂ ਸਮੇਤ ਸਾਹਿਤ ਜਾਗ੍ਰਤੀ ਸਭਾ ਬਠਿੰਡਾ ਦੇ ਅਮਰਜੀਤ ਸਿੰਘ ਜੀਤ, ਕੁਲਦੀਪ ਸਿੰਘ ਬੰਗੀ, ਅਵਤਾਰ ਸਿੰਘ ਬਾਹੀਆ, ਇਕਬਾਲ ਪੀਟੀ ਅਤੇ ਪ੍ਰੋ: ਲਵਪ੍ਰੀਤ ਨੇ ਸ਼ਿਰਕਤ ਕੀਤੀ। ਸੂਫ਼ੀ ਗੀਤਾਂ ਨਾਲ ਗਾਇਕ ਯਾਕੂਬ ਨੇ ਖ਼ੂਬ ਰੰਗ ਬੰਨ੍ਹਿਆਂ। ਡਾ: ਜਗਦੀਪ ਸਿੰਘ ਸੰਧੂ ਵਾਈਸ ਚਾਂਸਲਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀ ਪ੍ਰਧਾਨਗੀ ਹੇਠ ਹੋਏ ਸਮਾਰੋਹ ਦੇ ਮੁੱਖ ਮਹਿਮਾਨ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍ਰ: ਕੁਲਤਾਰ ਸਿੰਘ ਸੰਧਵਾਂ ਸਨ। ਮੁੱਖ ਵਕਤਾ ਪੰਜਾਬ ਸਾਹਿਤ ਅਕੈਡਮੀ ਚੰਡੀਗੜ੍ਹ ਦੇ ਪ੍ਰਧਾਨ ਡਾ: ਆਤਮ ਰੰਧਾਵਾ ਨੇ ਭਾਸ਼ਾ ਵਿਭਾਗ ਦੇ ਅਤੀਤ ਅਤੇ ਅੱਜ ਬਾਰੇ ਵਿਸਥਾਰ ਵਿੱਚ ਗੱਲ ਕੀਤੀ। ਭਾਸ਼ਾ ਵਿਭਾਗ ਦੇ ਡਾਇਰੈਕਟਰ ਸ੍ਰੀ



ਜਸਵੰਤ ਸਿੰਘ ਜ਼ਫ਼ਰ ਨੇ ਜੀ ਆਇਆਂ ਕਹਿੰਦਿਆਂ ਪੰਜਾਬੀ ਜਨ ਸਮੂਹ ਅੱਗੇ ਖੜੀਆਂ ਆਫ਼ਤਾਂ ਦਾ ਜ਼ਿਕਰ ਕੀਤਾ। ਇਸ ਉਪਰੰਤ ਸ੍ਰ: ਸੰਧਵਾਂ ਨੇ ਪੁਰਸਕਾਰ ਜੇਤੂ ਸਾਹਿਤਕਾਰਾਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਮੌਜੂਦਾ ਪੰਜਾਬ ਸਰਕਾਰ ਨੇ ਪੰਜਾਬੀ ਦੇ ਵਿਕਾਸ ਲਈ ਬਹੁਤ ਯਤਨ ਕੀਤੇ ਹਨ । ਸ੍ਰੀ ਮਾਨਖੇੜਾ ਨੇ ਸੰਬੋਧਨ ਕਰਦਿਆਂ ਕਿਹਾ, "ਹਵੇਲੀਆਲਾ ਨਾਵਲ ਇੱਕ ਸੱਚੀ ਘਟਨਾ 'ਤੇ ਆਧਾਰਿਤ ਹੈ ਅਤੇ ਲੋਕਾਂ ਦੀਆਂ ਜਥੇਬੰਦੀਆਂ ਵੱਲੋਂ ਲੜੇ ਜੇਤੂ ਸੰਘਰਸ਼ ਦੀ ਗਲਪੀ ਗਾਥਾ ਹੈ।

ਤਾਜ ਕਲੋਨੀ ਵਾਸੀਆਂ ਨੇ ਅਮਨ ਅਰੋੜਾ ਦਾ ਕੀਤਾ ਧੰਨਵਾਦ

ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ) - ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਅਤੇ ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਵੱਲੋਂ ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਲਗਾਤਾਰ ਅੱਗੇ ਵਧਾਇਆ ਜਾ ਰਿਹਾ ਹੈ। ਇਸੇ ਲੜੀ ਤਹਿਤ ਸਥਾਨਕ ਤਾਜ ਕਲੋਨੀ ਵਿਖੇ ਸੜਕਾਂ ਦੇ ਨਿਰਮਾਣ ਦਾ ਕੰਮ ਕਰਵਾਉਣ ਲਈ ਕਲੋਨੀ ਵਾਸੀਆਂ ਵੱਲੋਂ ਇੱਕ ਧੰਨਵਾਦੀ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਮੌਕੇ ਤਾਜ ਕਲੋਨੀ ਦੇ ਪ੍ਰਧਾਨ ਪ੍ਰਗਟ ਸਿੰਘ ਬੰਟੀ, ਡਾ. ਨਿਰਮਲ ਸਿੰਘ, ਉਪਿੰਦਰ ਬਬਲਾ, ਨਵੀਨ ਕੁਮਾਰ ਲੱਕੀ, ਅਸ਼ੋਕ ਸਿੰਗਲਾ, ਸੁਰਿੰਦਰ ਸਿੰਗਲਾ, ਕਮਲ ਜੈਨ ਅਤੇ ਅਮਿਤ ਸ਼ਰਮਾ ਸਮੇਤ ਹੋਰ ਕਲੋਨੀ ਵਾਸੀਆਂ ਨੇ ਸ੍ਰੀ ਅਮਨ ਅਰੋੜਾ ਦਾ ਹਾਰ ਪਾ ਕੇ ਸਵਾਗਤ ਕੀਤਾ ਅਤੇ ਸੜਕਾਂ ਦੇ ਨਿਰਮਾਣ ਲਈ ਧੰਨਵਾਦ ਪ੍ਰਗਟਾਇਆ।ਸਮਾਗਮ ਨੂੰ ਸੰਬੋਧਨ ਕਰਦਿਆਂ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਸ਼ਹਿਰ ਵਾਸੀਆਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਉਨ੍ਹਾਂ ਦੇ ਫਰਜ਼ਾਂ ਵਿੱਚ ਸ਼ਾਮਲ ਹੈ। ਉਹ ਹਮੇਸ਼ਾ ਲੋਕਾਂ ਦੀ ਸੇਵਾ ਲਈ ਸਮਰਪਿਤ ਰਹੇ ਹਨ ਅਤੇ ਭਵਿੱਖ ਵਿੱਚ ਵੀ ਇਸੇ ਭਾਵਨਾ ਨਾਲ ਕੰਮ ਕਰਦੇ ਰਹਿਣਗੇ। ਨਵੀਨ ਕੁਮਾਰ ਲੱਕੀ ਨੇ ਕਿਹਾ ਕਿ ਸ੍ਰੀ ਅਮਨ ਅਰੋੜਾ ਦੀ ਅਗਵਾਈ ਹੇਠ ਸੁਨਾਮ ਸ਼ਹਿਰ ਵਿੱਚ ਵੱਡੀ ਗਿਣਤੀ ਵਿੱਚ ਵਿਕਾਸ ਕਾਰਜ ਹੋਏ ਹਨ, ਜਿਨ੍ਹਾਂ ਦਾ ਲਾਭ ਸ਼ਹਿਰ ਵਾਸੀਆਂ ਨੂੰ ਮਿਲ ਰਿਹਾ ਹੈ।ਇਸ ਮੌਕੇ ਮਾਰਕੀਟ ਕਮੇਟੀ ਦੇ ਪ੍ਰਧਾਨ ਮੁਕੇਸ਼ ਝਨੇਜਾ, ਨਗਰ ਕੌਂਸਲ ਦੇ ਸੀਨੀਅਰ ਮੀਤ ਪ੍ਰਧਾਨ ਯਾਦਵਿੰਦਰ ਨਿਰਮਾਣ,



ਵਾਰਡ ਦੇ ਕੌਂਸਲਰ ਕੁਲਬੀਰ ਭੰਗੂ ਅਤੇ ਕੈਬਨਿਟ ਮੰਤਰੀ ਦੇ ਮੀਡੀਆ ਕੋਆਰਡੀਨੇਟਰ ਯਸ਼ਪਾਲ ਮੰਗਲਾ ਵੀ ਹਾਜ਼ਰ ਸਨ। ਇਸ ਤੋਂ ਇਲਾਵਾ ਤਾਜ ਕਲੋਨੀ ਦੇ ਵਿਨੈ ਖੋਸਲਾ, ਸੰਜੀਵ ਗੋਇਲ, ਵਿਪਨ ਗੋਇਲ, ਗੁਰਮੇਲ ਸਿੰਘ, ਜਤਿੰਦਰ ਮਾਦਾ, ਚਿਮਨ ਲਾਲ, ਮੁਕੇਸ਼ ਨਾਗਪਾਲ, ਪਰਮਜੀਤ ਅਨੰਦ, ਮਨਪ੍ਰੀਤ ਸਿੰਘ, ਅਮਨ, ਹਰਮੀਤ ਫੌਜੀ, ਰਤਨ ਕੁਮਾਰ, ਡਾ. ਅੰਸ਼ੂਮਨ ਫੁਲ ਸਮੇਤ ਵੱਡੀ ਗਿਣਤੀ ਵਿੱਚ ਕਲੋਨੀ ਵਾਸੀ ਮੌਜੂਦ ਸਨ।

ਵਿਦਿਆਰਥੀਆਂ ਦੀ ਕਲਾ ਤੇ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ

ਪਟਿਆਲਾ (ਰਾਜਿੰਦਰ ਸਿੰਘ ਥਿੰਦ) -ਸਨੌਰ ਵਿਖੇ ਜੇਮਜ਼ ਪਬਲਿਕ ਸਕੂਲ ਵੱਲੋਂ ਸਾਲਾਨਾ ਸਮਾਗਮ ਕਰਵਾਇਆ ਗਿਆ। ਇਸ ਮੌਕੇ ਪੰਜਾਬ ਐਗਰੋ ਫੂਡਗ੍ਰੇਨ ਕਾਰਪੋਰੇਸ਼ਨ ਦੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਅਤੇ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਕੇ ਸਮਾਗਮ ਦੀ ਸ਼ੋਭਾ ਵਧਾਈ। ਇਸ ਮੌਕੇ ਵਿਚਾਰ ਸਾਂਝੇ ਕਰਦਿਆਂ ਬਲਜਿੰਦਰ ਸਿੰਘ ਢਿੱਲੋਂ ਨੇ ਕਿਹਾ ਕਿ ਬੱਚੇ ਦੇਸ਼ ਦਾ ਭਵਿੱਖ ਹਨ ਅਤੇ ਉਨ੍ਹਾਂ ਦਾ ਸਰਵਪੱਖੀ ਵਿਕਾਸ ਹੀ ਇੱਕ ਮਜ਼ਬੂਤ ਸਮਾਜ ਦੀ ਨੀਂਹ ਹੈ। ਸਿੱਖਿਆ ਦੇ ਨਾਲ-ਨਾਲ ਖੇਡਾਂ ਅਤੇ ਸੱਭਿਆਚਾਰਕ ਗਤੀਵਿਧੀਆਂ ਬੱਚਿਆਂ ਦੇ ਆਤਮ-ਵਿਸ਼ਵਾਸ ਅਤੇ ਸ਼ਖ਼ਸੀਅਤ ਨੂੰ ਨਿਖਾਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਅਜਿਹੇ ਸਮਾਗਮ ਬੱਚਿਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਲਈ ਵਧੀਆ ਮੰਚ ਪ੍ਰਦਾਨ ਕਰਦੇ ਹਨ।ਉਨ੍ਹਾਂ ਸਕੂਲ ਪ੍ਰਬੰਧਕਾਂ ਅਤੇ ਅਧਿਆਪਕਾਂ ਵੱਲੋਂ ਬੱਚਿਆਂ ਦੇ ਸੁਨਹਿਰੀ ਭਵਿੱਖ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਸਮੂਹ ਪ੍ਰਬੰਧਕਾਂ, ਅਧਿਆਪਕਾਂ, ਵਿਦਿਆਰਥੀਆਂ ਅਤੇ ਮਾਪਿਆਂ ਨੂੰ ਇਸ ਸ਼ਾਨਦਾਰ ਸਮਾਗਮ ਲਈ ਦਿਲੋਂ ਵਧਾਈ ਦਿੱਤੀ।ਇਸ ਸਮਾਗਮ ਵਿੱਚ ਲਖਵਿੰਦਰ ਸਿੰਘ ਢਿੱਲੋਂ ਲੋਕ ਸਭਾ ਆਫਿਸ ਇੰਚਾਰਜ, ਜ਼ਿਲ੍ਹਾ ਮੀਡੀਆ ਇੰਚਾਰਜ ਗੱਜਣ, ਗੁਲਜਾਰ ਪਟਿਆਲਾ ਜ਼ਿਲ੍ਹਾ ਜਾਇੰਟ ਸਕੱਤਰ ਸਿਖਿਆ ਵਿਭਾਗ, ਹਰਜੀਤ ਸਿੰਘ, ਨਰਿੰਦਰ ਸੈਣੀ ਅਤੇ ਰਾਜ ਕੁਮਾਰ ਮਿਠਾਰੀਆ ਅਤੇ ਸਕੂਲ ਦੇ ਸਟਾਫ਼ ਮੈਂਬਰ ਆਦਿ ਮੌਜੂਦ ਸੀ।



ਵਿਧਾਇਕ ਰਾਏ ਵੱਲੋਂ ਪ੍ਰੀਮਿਕਸ ਪਾਉਣ ਦੇ ਕੰਮ ਦਾ ਉਦਘਾਟਨ

ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਵੱਲੋਂ ਸਰਹਿੰਦ ਵਿਖੇ ਆਮ ਖਾਸ ਬਾਗ ਰੋਡ ਉੱਤੇ ਪ੍ਰੀਮਿਕਸ ਪਾਉਣ ਦਾ ਕੰਮ ਸ਼ੁਰੂ ਕਰਵਾਇਆ ਗਿਆ। ਇਸ ਸੜਕ ਦੇ ਨਵੀਨੀਕਰਨ ਉੱਤੇ ਕੁੱਲ 39.89 ਲੱਖ ਰੁਪਏ ਦੀ ਲਾਗਤ ਆਵੇਗੀ। ਇਸ ਤੋਂ ਇਲਾਵਾ ਸੜਕ ਦੀ ਰੱਖ-ਰਖਾਅ ਉੱਤੇ 4.58 ਲੱਖ ਰੁਪਏ ਖਰਚ ਕੀਤੇ ਜਾਣਗੇ। ਇਸ ਸੜਕ ਦੀ ਕੁੱਲ ਲੰਬਾਈ 1.14 ਕਿਲੋਮੀਟਰ ਹੈ।ਇਸ ਮੌਕੇ ਵਿਧਾਇਕ ਰਾਏ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਸੜਕੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ। ਸੜਕਾਂ ਦੀ ਉਸਾਰੀ, ਨਵੀਨੀਕਰਨ ਅਤੇ ਰੱਖ-ਰਖਾਅ ਲਈ ਸਰਕਾਰੀ ਖਜ਼ਾਨੇ ਵਿੱਚੋਂ ਕਰੋੜਾਂ ਰੁਪਏ ਖਰਚ ਕੀਤੇ ਜਾ ਰਹੇ ਹਨ, ਤਾਂ ਜੋ ਲੋਕਾਂ ਨੂੰ ਆਵਾਜਾਈ ਦੀਆਂ ਬਿਹਤਰ ਸਹੂਲਤਾਂ ਮਿਲ ਸਕਣ। ਉਹਨਾਂ ਕਿਹਾ ਕਿ ਫਤਿਹਗੜ੍ਹ ਸਾਹਿਬ ਦੀਆਂ ਲਗਭਗ ਸਾਰੀਆਂ ਸੜਕਾਂ ਦਾ ਨਵੀਨੀਕਰਨ ਹੋ ਚੁੱਕਿਆ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਵਾਰਡ ਇੰਚਾਰਜ ਹਰਜੋਤ ਸਿੰਘ, ਕੌਂਸਲਰ ਦਵਿੰਦਰ ਕੌਰ, ਪ੍ਰਿਤਪਾਲ ਸਿੰਘ ਜੱਸੀ, ਬਲਦੇਵ ਜਲਾਲ, ਸਨੀ ਚੋਪੜਾ, ਦਵਿੰਦਰ ਸਿੰਘ, ਕੁਲਵਿੰਦਰ ਡੇਰਾ, ਮਨਦੀਪ ਪੋਲਾ, ਸਤਿੰਦਰ ਮਲਕਪੁਰ, ਰਾਮਪਾਲ ਸਿੰਘ, ਸਤਵੀਰ ਜੱਲਾ ਮਾਸਟਰ ਸੰਤੋਖ ਸਿੰਘ ਆਦਿ ਵੀ ਹਾਜ਼ਰ ਸਨ।



ਵਿਦਿਆਰਥੀਆਂ ਨੂੰ ਤਰਕਸ਼ੀਲ ਬਣਾਉਣ ਉੱਪਰ ਜ਼ੋਰ

ਲੁਧਿਆਣਾ (ਸਤੀਸ਼ ਸਚਦੇਵਾ)- ਤਰਕਸ਼ੀਲ ਸੁਸਾਇਟੀ ਪੰਜਾਬ (ਜ਼ੋਨ ਲੁਧਿਆਣਾ) ਦੀ ਮੀਟਿੰਗ ਬੱਸ ਅੱਡੇ ਲਾਗੇ ਜ਼ੋਨ ਦਫ਼ਤਰ ਵਿਖੇ ਜਸਵੰਤ ਜ਼ੀਰਖ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਲੋਕਾਂ ਦਾ ਸੋਚਣ ਢੰਗ ਤਰਕਸ਼ੀਲ ਬਣਾਉਣ ਦੇ ਉਪਰਾਲੇ ਤੇਜ ਕਰਨ ਲਈ ਚਰਚਾ ਕੀਤੀ । ਮੌਜੂਦਾ ਸਮੇਂ ਵਿੱਚ ਧਰਮ ਦੇ ਪਰਦੇ ਹੇਠ ਅੰਧਵਿਸ਼ਵਾਸ ਫੈਲਾ ਕੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਉਨ੍ਹਾਂ ਨੂੰ ਤਰ੍ਹਾਂ ਤਰ੍ਹਾਂ ਦੀਆਂ ਮੰਨਤਾਂ ਦੇ ਚੱਕਰਾਂ ਵਿੱਚ ਪਾ ਕੇ ਕੀਤੀ ਜਾਂਦੀ ਲੁੱਟ ਬਾਰੇ ਲੋਕਾਂ ਨੂੰ ਸੁਚੇਤ ਕਰਦਿਆਂ ਸਹੀ ਵਿਚਾਰ ਦੇਣ ਦੇ ਯਤਨਾਂ ਨੂੰ ਹੋਰ ਤੇਜ਼ ਕਰਨ 'ਤੇ ਜ਼ੋਰ ਦਿੱਤਾ ਗਿਆ । ਫੈਸਲਾ ਕੀਤਾ ਗਿਆ ਕਿ ਵਿਸ਼ੇਸ਼ ਤੌਰ 'ਤੇ ਨੌਜਵਾਨਾਂ ਅਤੇ ਵਿਦਿਆਰਥੀਆਂ ਵਿੱਚ ਤਰਕਸ਼ੀਲ ਵਿਚਾਰਾਂ ਦੀ ਜ਼ਿੰਦਗੀ ਵਿੱਚ ਮਹੱਤਤਾ ਦੱਸਣ ਲਈ ਸਕੂਲਾਂ, ਕਾਲਜਾਂ ਵਿੱਚ ਵੱਧ ਜ਼ੋਰ ਦੇ ਕੇ ਉਹਨਾਂ ਨੂੰ ਤਰਕਸ਼ੀਲ ਚੇਤਨਾ ਪਰਖ ਪ੍ਰੀਖਿਆ ਵਿੱਚ ਸ਼ਾਮਲ ਹੋਣ ਲਈ ਪ੍ਰੇਰਿਤ ਕੀਤਾ ਜਾਵੇ। ਇਸ ਮੌਕੇ ਤਰਕਸ਼ੀਲ ਮੈਗਜ਼ੀਨ ਦੇ ਨਵੇਂ ਅੰਕ (ਨਵੰਬਰ-ਦਸੰਬਰ) ਦੀ ਇਕਾਈਆਂ ਵਿੱਚ ਵੰਡ ਕੀਤੀ ਗਈ। ਮੀਟਿੰਗ ਵਿੱਚ ਜ਼ੋਨ ਵਿੱਤ ਮੁਖੀ ਧਰਮਪਾਲ ਸਿੰਘ, ਸਭਿਆਚਾਰਕ ਮੁਖੀ ਸਮਸ਼ੇਰ ਨੂਰਪੁਰੀ, ਇਕਾਈ ਸਧਾਰ ਦੇ ਮੁਖੀ ਧਰਮ ਸਿੰਘ ਸੂਜਾਪੁਰ, ਜਗਰਾਓਂ ਦੇ ਮੁਖੀ ਕਰਤਾਰ ਸਿੰਘ ਵੀਰਾਨ, ਕੋਹੜਾ ਇਕਾਈ ਦੇ ਮਾ ਰਜਿੰਦਰ ਜੰਡਿਆਲੀ, ਮਲੇਰਕੋਟਲਾ ਦੇ ਮਾ ਮੇਜਰ ਸਿੰਘ , ਲੁਧਿਆਣਾ ਇਕਾਈ ਦੇ ਮੁਖੀ ਬਲਵਿੰਦਰ ਸਿੰਘ ਅਤੇ ਅਜਮੇਰ ਦਾਖਾ ਸ਼ਾਮਲ ਸਨ।




ਕੈਂਬਰਿਜ ਸਕੂਲ ਦੇ ਵਿਦਿਆਰਥੀਆਂ ਵੱਲੋਂ ਸਾਇੰਸ ਸਿਟੀ ਦਾ ਦੌਰਾ

ਕੋਟ ਈਸੇ ਖਾਂ (ਅਰੋੜਾ)- ਕੈਂਬਰਿਜ ਕਾਨਵੈਂਟ ਸਕੂਲ, ਕੋਟ-ਈਸੇ-ਖਾਂ ਦੇ ਵਿਦਿਆਰਥੀਆਂ ਵੱਲੋਂ ਸਾਇੰਸ ਸਿਟੀ, ਕਪੂਰਥਲਾ ਦਾ ਇੱਕ ਰੋਜ਼ਾ ਵਿੱਦਿਅਕ ਟੂਰ ਲਗਾਇਆ ਗਿਆ। ਇਸ ਟੂਰ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਵਿਗਿਆਨ ਦੇ ਖੇਤਰ ਵਿੱਚ ਹੋ ਰਹੀਆਂ ਨਵੀਆਂ ਖੋਜਾਂ, ਉਪਲੱਬਧੀਆਂ, ਤਕਨੀਕੀ ਤਰੱਕੀਆਂ ਅਤੇ ਨਵੀਨਤਮ ਕਾਢਾਂ ਬਾਰੇ ਵਿਹਾਰਕ ਜਾਣਕਾਰੀ ਪ੍ਰਦਾਨ ਕਰਨਾ ਸੀ।ਇਸ ਦੌਰੇ ਦੌਰਾਨ ਵਿਦਿਆਰਥੀਆਂ ਨੇ ਸਾਇੰਸ ਸਿਟੀ ਵਿਖੇ ਮੌਜੂਦ ਵੱਖ-ਵੱਖ ਵਿਗਿਆਨਕ ਗਤੀਵਿਧੀਆਂ ਅਤੇ ਪ੍ਰਦਰਸ਼ਨੀਆਂ ਦਾ ਬੜੀ ਦਿਲਚਸਪੀ ਨਾਲ ਆਨੰਦ ਮਾਣਿਆ। ਬੱਚਿਆਂ ਨੂੰ ਡੋਮ ਥੀਏਟਰ ਰਾਹੀਂ ਬ੍ਰਹਿਮੰਡ, ਗ੍ਰਹਿਆਂ ਅਤੇ ਪੁਲਾੜ ਦੀ ਅਦਭੁਤ ਦੁਨੀਆ ਬਾਰੇ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਸਿਮੂਲੇਟਰ ਰਾਹੀਂ ਵਿਗਿਆਨਕ ਤਕਨੀਕਾਂ ਦਾ ਰੋਮਾਂਚਕ ਅਨੁਭਵ ਕਰਵਾਇਆ ਗਿਆ। ਵਿਗਿਆਨ ਪ੍ਰਦਰਸ਼ਨੀ ਵਿੱਚ ਵੱਖ-ਵੱਖ ਵਿਗਿਆਨਕ ਮਾਡਲਾਂ, ਨਵੀਆਂ ਕਾਢਾਂ ਅਤੇ ਤਕਨੀਕੀ ਵਿਕਾਸ ਬਾਰੇ ਜਾਣੂ ਕਰਵਾਇਆ ਗਿਆ। ਇਸ ਦੇ ਨਾਲ ਹੀ ਡਾਇਨਾਸੋਰ ਪਾਰਕ ਵਿੱਚ ਵਿਦਿਆਰਥੀਆਂ ਨੇ ਪ੍ਰਾਚੀਨ ਜੀਵ-ਜੰਤੂਆਂ ਦੀ ਦੁਨੀਆ ਬਾਰੇ ਜਾਣਕਾਰੀ ਹਾਸਲ ਕੀਤੀ। ਸਕੂਲ ਦੇ ਪ੍ਰਿੰਸੀਪਲ ਨੇ ਕਿਹਾ ਕਿ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਅਜਿਹੇ ਵਿੱਦਿਅਕ ਟੂਰ ਬਹੁਤ ਜ਼ਰੂਰੀ ਹਨ।



ਰਹਿਬਰ ਹਸਪਤਾਲ ਦੇ ਮੁਫ਼ਤ ਸਿਹਤ ਜਾਂਚ ਕੈਂਪ ਨੂੰ ਮਿਲ ਰਿਹੈ ਭਰਵਾਂ ਹੁੰਗਾਰਾ

ਭਵਾਨੀਗੜ੍ਹ (ਰਾਜ ਖੁਰਮੀ)-ਰਹਿਬਰ ਚੈਰੀਟੇਬਲ ਹਸਪਤਾਲ ਭਵਾਨੀਗੜ੍ਹ ਵੱਲੋਂ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਅਤੇ ਸਿਹਤ ਪ੍ਰਤੀ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ਲਗਾਏ ਗਏ ਮੁਫ਼ਤ ਸਿਹਤ ਜਾਂਚ ਕੈਂਪ ਨੂੰ ਇਲਾਕਾ ਨਿਵਾਸੀਆਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਕੈਂਪ ਦੇ ਚੌਥੇ ਦਿਨ ਵੀ ਮਰੀਜ਼ਾਂ ਦੀ ਵੱਡੀ ਆਮਦ ਦੇਖਣ ਨੂੰ ਮਿਲੀ, ਜਿਸ ਦੌਰਾਨ 171 ਮਰੀਜ਼ਾਂ ਨੇ ਵੱਖ-ਵੱਖ ਬਿਮਾਰੀਆਂ ਸਬੰਧੀ ਆਪਣੀ ਸਿਹਤ ਦੀ ਮੁਫ਼ਤ ਜਾਂਚ ਕਰਵਾਈ।ਕੈਂਪ ਦੌਰਾਨ ਹਸਪਤਾਲ ਦੇ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਮਰੀਜ਼ਾਂ ਦੀ ਜਾਂਚ ਕਰਕੇ ਉਨ੍ਹਾਂ ਨੂੰ ਬਿਮਾਰੀਆਂ ਤੋਂ ਬਚਾਅ, ਸਮੇਂ ਸਿਰ ਇਲਾਜ ਅਤੇ ਸਿਹਤਮੰਦ ਜੀਵਨਸ਼ੈਲੀ ਅਪਣਾਉਣ ਸਬੰਧੀ ਜ਼ਰੂਰੀ ਸਲਾਹ ਦਿੱਤੀ ਗਈ। ਇਸ ਮੌਕੇ ਮਰੀਜ਼ਾਂ ਨੂੰ ਸਿਰਫ਼ ਮੁੱਢਲੀ ਜਾਂਚ ਹੀ ਨਹੀਂ, ਸਗੋਂ ਲੋੜ ਅਨੁਸਾਰ ਅਗਲੇਰੀ ਜਾਂਚ ਅਤੇ ਇਲਾਜ ਸਬੰਧੀ ਸਹੂਲਤਾਂ ਵੀ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।ਹਸਪਤਾਲ ਵੱਲੋਂ ਇਸ ਕੈਂਪ ਦੌਰਾਨ ਮੁਫ਼ਤ ਓ.ਪੀ.ਡੀ., ਅਲਟਰਾਸਾਊਂਡ, ਲੈਬਾਰਟਰੀ ਟੈਸਟ, ਐਕਸ-ਰੇ ਅਤੇ ਹਸਪਤਾਲ ਵਿੱਚ ਦਾਖ਼ਲੇ ਵਰਗੀਆਂ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਇਸ ਤੋਂ ਇਲਾਵਾ ਮੈਡੀਸਨ, ਬੱਚਿਆਂ ਦੇ ਰੋਗਾਂ, ਹੱਡੀਆਂ ਅਤੇ ਜੋੜਾਂ, ਮਹਿਲਾ ਰੋਗਾਂ ਅਤੇ ਫਿਜ਼ੀਓਥੈਰੇਪੀ ਦੇ ਮਾਹਿਰਾਂ ਵੱਲੋਂ ਵੀ ਮਰੀਜ਼ਾਂ ਨੂੰ ਸਿਹਤ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ।ਹਸਪਤਾਲ ਪ੍ਰਬੰਧਕਾਂ ਨੇ ਦੱਸਿਆ ਕਿ ਕੈਂਪ ਨੂੰ ਮਿਲ ਰਿਹਾ ਲੋਕਾਂ ਦਾ ਭਰਵਾਂ ਸਹਿਯੋਗ ਇਸ ਗੱਲ ਦਾ ਪ੍ਰਗਟਾਵਾ ਹੈ ਕਿ ਆਮ ਲੋਕਾਂ ਨੂੰ ਅਜਿਹੀਆਂ ਸਿਹਤ ਸਹੂਲਤਾਂ ਦੀ ਲੋੜ ਹੈ।ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ 7 ਨਵੰਬਰ ਤੱਕ ਜਾਰੀ ਰਹਿਣ ਵਾਲੇ ਇਸ ਮੁਫ਼ਤ ਸਿਹਤ ਜਾਂਚ ਕੈਂਪ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਕਿਸੇ ਵੀ ਬਿਮਾਰੀ ਦੇ ਲੱਛਣ ਸਾਹਮਣੇ ਆਉਣ 'ਤੇ ਅਣਗਹਿਲੀ ਕਰਨ ਦੀ ਬਜਾਏ ਸਮੇਂ ਸਿਰ ਮਾਹਿਰ ਡਾਕਟਰਾਂ ਦੀ ਸਲਾਹ ਲੈਣ।



ਬਿਨਾਂ ਤਨਖਾਹ ਤੇ ਬਿਨਾਂ ਦਫ਼ਤਰ ਚੇਅਰਮੈਨ ਨਿਯੁਕਤ

ਜੈਤੋ (ਸਤੀਸ਼ ਕੁਮਾਰ ਭੀਰੀ) - ਪੰਜਾਬ ਸਰਕਾਰ ਨੇ ਪੰਜਾਬ ਦੇ ਵੱਖ ਵੱਖ ਵਿਧਾਨ ਸਭਾ ਹਲਕਿਆਂ ਵਿੱਚ ਤੇ ਜਿਲਾ ਪੱਧਰ 'ਤੇ ਵੱਖ ਵੱਖ ਸ਼੍ਰੇਣੀਆਂ ਮੁਤਾਬਕ ਹਜਾਰਾਂ ਚੇਅਰਮੈਨ ਨਿਯੁਕਤ ਕਰ ਦਿੱਤੇ ਹਨ। ਭਰੋਸੇਯੋਗ ਸੂਤਰਾਂ ਅਨੁਸਾਰ ਇਨਾਂ ਚੇਅਰਮੈਨਾਂ ਨੂੰ ਨਾ ਕੋਈ ਤਨਖਾਹ , ਨਾ ਭੱਤੇ , ਨਾ ਹੀ ਕੋਈ ਦਫ਼ਤਰ ਤੇ ਦਫਤਰੀ ਸਟਾਫ ਮੁਹੱਈਆ ਕਰਵਾਇਆ ਗਿਆ ਹੈ । ਆਮ ਆਦਮੀ ਪਾਰਟੀ ਦੇ ਆਗੂਆਂ ਵੱਲੋਂ ਆਪੇ ਸਿਰਜੀਆਂ ਮੀਡੀਆ ਰਿਪੋਰਟਾਂ ਮੁਤਾਬਕ ਕਰੋੜਾਂ ਰੁਪਏ ਦੇ ਵਿਕਾਸ ਕਾਰਜ ਨੇਪਰੇ ਚਾੜ੍ਹਨ ਦੇ ਝੂਠੇ ਤੇ ਫਰਜੀ ਦਮਗਜੇ ਮਾਰੇ ਜਾ ਰਹੇ ਹਨ। ਅਸਲ ਸਚਾਈ ਬਿਆਨ ਕੁਝ ਹੋਰ ਕਰ ਰਹੀ ਹੈ ਜਿਵੇਂ ਕਿ ਚੰਦਭਾਨ ਰੋਡ, ਸੀਵਰੇਜ ਟ੍ਰੀਟਮੈਂਟ ਪਲਾਂਟ, ਹਸਪਤਾਲ ਬਣਾਉਣ, ਪ੍ਰੈਸ ਕਲੱਬ ਬਣਾਉਣ ਦੇ ਕੇਵਲ ਝਾਂਸੇ ਦਿੱਤੇ ਗਏ ਹਨ।

ਜਲ ਸਪਲਾਈ ਕੱਚੇ ਕਾਮਿਆਂ ਵੱਲੋਂ ਧੂਰੀ 'ਚ ਮੁਜ਼ਾਹਰਾ ਭਲਕੇ

ਬਠਿੰਡਾ (ਪਰਵਿੰਦਰ ਜੀਤ ਸਿੰਘ)- ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰ ਯੂਨੀਅਨ ਰਜਿਸਟਰ ਨੰਬਰ 26 ਵੱਲੋਂ ਸਥਾਨਕ ਚਿਲਡਰਨ ਪਾਰਕ ਵਿੱਚ ਇੱਕ ਅਹਿਮ ਮੀਟਿੰਗ ਅੰਮ੍ਰਿਤਪਾਲ ਸਿੰਘ ਕਲਿਆਣ ਜ਼ਿਲਾ ਪ੍ਰਧਾਨ, ਅੰਗਰੇਜ਼ ਸਿੰਘ ਜਨਰਲ ਸਕੱਤਰ ਅਤੇ ਕੁਲਵੰਤ ਸਿੰਘ ਕਾਲਝਰਾਣੀ ਪ੍ਰੈਸ ਸਕੱਤਰ ਦੀ ਅਗਵਾਈ ਵਿੱਚ ਕੀਤੀ ਗਈ। ਆਗੂਆਂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪਿੱਛਲੇ 15-20 ਸਾਲਾਂ ਤੋਂ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਵਿੱਚ ਇੰਨਲਿਸਮੈਂਟ ਆਊਟਸੋਰਸ ਵਰਕਰ ਨਿਗੂਣੀਆਂ ਤਨਖਾਹਾਂ 'ਤੇ ਪੱਕੇ ਮੁਲਾਜ਼ਮਾਂ ਦੇ ਬਰਾਬਰ ਕੰਮ ਕਰ ਰਹੇ ਹਨ ,ਪਰ ਹਰ ਵਾਰ ਸਮੇਂ ਸਮੇਂ ਦੀਆਂ ਸਰਕਾਰਾਂ ਨੇ ਵਰਕਰਾਂ ਨੂੰ ਵਿਭਾਗ ਵਿੱਚ ਮਰਜ ਕਰਨ ਲਈ ਟਾਲ ਮਟੋਲ ਕੀਤਾ ਅਤੇ ਬਦਨੀਤੀ ਅਪਣਾਈ ਹੈ। ਜਿਸ ਦੇ ਰੋਸ ਵਜੋਂ 6 ਨਵੰਬਰ ਨੂੰ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਸਾਰੇ ਕੱਚੇ ਕਾਮਿਆਂ ਵੱਲੋਂ ਪਰਿਵਾਰਾਂ ਅਤੇ ਬੱਚਿਆਂ ਸਮੇਤ ਮੁੱਖ ਮੰਤਰੀ ਦੇ ਹਲਕੇ ਧੂਰੀ ਵਿੱਚ ਜਬਰਦਸਤ ਰੋਸ ਮੁਜ਼ਾਹਰਾ ਕੀਤਾ ਜਾਵੇਗਾ। ਮੀਟਿੰਗ ਵਿੱਚ ਕੁਲਵਿੰਦਰ ਸਿੰਘ ਮੀਤ ਪ੍ਰਧਾਨ, ਸੰਦੀਪ ਸਿੰਘ ਖਜਾਨਚੀ, ਜਗਜੀਤ ਸਿੰਘ ਸੀਨੀਅਰ ਮੀਤ ਪ੍ਰਧਾਨ, ਸੁਖਵਿੰਦਰ ਸਿੰਘ ਪ੍ਰਚਾਰ ਸਕੱਤਰ, ਦਵਿੰਦਰ ਸਿੰਘ ਸਲਾਹਕਾਰ, ਕੇਵਲ ਸਿੰਘ ਜੋਇੰਟ ਪ੍ਰਚਾਰ ਸਕੱਤਰ, ਅਵਤਾਰ ਸਿੰਘ ਐਕਟਿਵ ਮੈਂਬਰ ਨੇ ਵੀ ਆਪਣੇ ਵਿਚਾਰ ਰੱਖੇ।




ਭਾਜਪਾ 'ਚ ਜਾਣ ਵਾਲੇ ਆਗੂ ਪਹਿਲਾਂ ਵੱਡੇ ਸ਼ਾਮਲ ਹੋਏ ਆਗੂਆਂ ਦੇ ਹਸ਼ਰ ਚੇਤੇ ਰੱਖਣ : ਮਾਨ

ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)- ਭਾਜਪਾ ਅਤੇ ਕਾਂਗਰਸ ਉਹ ਜਮਾਤਾਂ ਹਨ ਜਿਨ੍ਹਾਂ ਦਾ ਪੰਜਾਬ ਸੂਬੇ, ਪੰਜਾਬੀਆਂ ਤੇ ਸਿੱਖ ਕੌਮ ਨਾਲ ਕੋਈ ਸਰੋਕਾਰ ਨਹੀ । ਬਲਕਿ ਇਨ੍ਹਾਂ ਦੋਵਾਂ ਜਮਾਤਾਂ ਦੇ ਆਗੂਆਂ ਦੇ ਹੱਥ ਸਿੱਖਾਂ ਦੇ ਖੂਨ ਤੇ ਕਤਲੇਆਮ ਨਾਲ ਰੰਗੇ ਹੋਏ ਅਤੇ ਬੇਇਨਸਾਫ਼ੀਆਂ ਦੇ ਮੁੱਖ ਦੋਸ਼ੀ ਹਨ । ਇਨ੍ਹਾਂ ਨੂੰ ਸੂਬੇ ਤੇ ਇਸ ਦੇ ਨਿਵਾਸੀਆਂ ਨਾਲ ਕੋਈ ਹਮਦਰਦੀ ਨਹੀ ਬਲਕਿ ਇਹ ਅਕਸਰ ਹੀ ਪੰਜਾਬੀਆਂ ਤੇ ਸਿੱਖਾਂ ਨੂੰ ਬਦਨਾਮ ਕਰਕੇ ਹੀ ਆਪਣੀ ਕੌਮੀ ਸਿਆਸਤ ਨੂੰ ਅੱਗੇ ਵਧਾਉਣ ਦੀਆਂ ਸਾਜਿਸ਼ਾਂ ਵਿਚ ਮਸਰੂਫ ਹਨ । ਨਸ਼ੀਲੀਆਂ ਵਸਤਾਂ ਦੇ ਕਾਰੋਬਾਰੀਆਂ ਦੀ ਸਰਪ੍ਰਸਤੀ ਕਰਨ, ਸਿੱਖ ਨੌਜਵਾਨੀ ਨੂੰ ਮੌਤ ਦੇ ਮੂੰਹ ਵਿਚ ਧਕੇਲਣ, ਸਾਡੇ ਕੀਮਤੀ ਪਾਣੀਆਂ, ਬਿਜਲੀ, ਪੰਜਾਬੀ ਬੋਲਦੇ ਇਲਾਕਿਆਂ ਨੂੰ ਗੈਰ ਕਾਨੂੰਨੀ ਢੰਗ ਨਾਲ ਲੁੱਟਣ ਅਤੇ ਇਥੋ ਦੀ ਬੇਰੁਜ਼ਗਾਰੀ ਵਿਚ ਵਾਧਾ ਕਰਨ ਲਈ ਇਨ੍ਹਾਂ ਦੀਆਂ ਦਿਸ਼ਾਹੀਣ ਨੀਤੀਆਂ ਹੀ ਜ਼ਿੰਮੇਵਾਰ ਹਨ । ਜੇਕਰ ਅੱਜ ਪੰਜਾਬ ਸੂਬਾ ਤੇ ਪੰਜਾਬੀ ਦੀ ਅਤਿ ਮੰਦੀ ਮਾਲੀ ਹਾਲਤ ਹੈ ਅਤੇ ਲੱਖਾਂ ਦੀ ਗਿਣਤੀ ਵਿਚ ਬੇਰੁਜ਼ਗਾਰੀ ਹੈ ਤਾਂ ਇਨ੍ਹਾਂ ਜਮਾਤਾਂ ਵੱਲੋਂ ਸੈਂਟਰ ਵਿਚ ਹਕੂਮਤ ਕਰ ਰਹੇ ਹਰ ਖੇਤਰ ਵਿਚ ਜ਼ੁਲਮ-ਜਬਰ, ਬੇਇਨਸਾਫ਼ੀਆਂ ਅਤੇ ਵਿਤਕਰੇ ਖੁਦ ਹੀ ਇਨ੍ਹਾਂ ਦੇ ਪੰਜਾਬ ਵਿਰੋਧੀ ਖਿਆਲਾਤਾਂ ਨੂੰ ਜ਼ਾਹਰ ਕਰਦੇ ਹਨ । ਅਜਿਹੀ ਪੰਜਾਬ ਵਿਰੋਧੀ ਧਿਰ ਵਿਚ ਪਹਿਲੇ ਕੈਪ. ਅਮਰਿੰਦਰ ਸਿੰਘ, ਸੁਨੀਲ ਜਾਖੜ, ਜਗਮੀਤ ਸਿੰਘ ਬਰਾੜ ਅਤੇ ਹੋਰ ਕਈ ਪੰਜਾਬੀ ਤੇ ਸਿੱਖ ਆਗੂ ਸ਼ਾਮਲ ਹੋਏ ਹਨ । ਜਿਨ੍ਹਾਂ ਦਾ ਇਸ ਪਾਰਟੀ ਵਿਚ ਕਿਤੇ ਵੀ ਕੋਈ ਨਾਮੋ ਨਿਸ਼ਾਨ ਸਤਿਕਾਰ-ਮਾਣ ਨਜ਼ਰ ਨਹੀ ਆ ਰਿਹਾ । ਇਸ ਲਈ ਹੁਣ ਵੱਖ-ਵੱਖ ਪਾਰਟੀਆਂ ਵਿਚੋਂ ਨਿਰਾਸ਼ ਹੋ ਕੇ ਸਿੱਖਾਂ ਤੇ ਪੰਜਾਬੀਆਂ ਦੀ ਕਾਤਲ ਜਮਾਤ ਵਿਚ ਸ਼ਾਮਲ ਹੋਣ ਵਾਲੇ ਪੰਜਾਬੀ ਤੇ ਸਿੱਖ ਆਗੂਆਂ ਨੂੰ ਪਹਿਲੋਂ ਹੀ ਸ਼ਾਮਲ ਹੋਏ ਵੱਡੇ ਆਗੂਆ ਦੇ ਹਸ਼ਰ ਨੂੰ ਯਾਦ ਰੱਖਣਾ ਚਾਹੀਦਾ ਹੈ । ਇਹ ਵਿਚਾਰ ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਭਾਜਪਾ, ਕਾਂਗਰਸ, ਆਰ.ਐਸ.ਐਸ. ਵਰਗੀਆ ਮੁਤੱਸਵੀ ਜਮਾਤਾਂ ਪੰਜਾਬੀਆਂ ਤੇ ਸਿੱਖ ਕੌਮ ਦੀਆਂ ਦੁਸ਼ਮਣ ਜਮਾਤਾਂ ਹਨ । ਅਜਿਹੀਆ ਜਮਾਤਾਂ ਵਿਚ ਉਹ ਸ਼ਮੂਲੀਅਤ ਕਰਕੇ ਨਾ ਤਾਂ ਆਪਣੇ ਲਈ ਕੁਝ ਪ੍ਰਾਪਤ ਕਰ ਸਕਣਗੇ ਅਤੇ ਨਾ ਹੀ ਸੂਬੇ ਅਤੇ ਸੂਬੇ ਦੇ ਨਿਵਾਸੀਆਂ ਦੀ ਕੋਈ ਕਿਸੇ ਤਰ੍ਹਾਂ ਦੀ ਬਿਹਤਰੀ ਕਰਨ ਜਾਂ ਉੱਚਾ-ਸੁੱਚਾ ਇਖਲਾਕ ਪੈਦਾ ਕਰਨ ਵਿਚ ਯੋਗਦਾਨ ਪਾ ਸਕਣਗੇ ।

ਪਠਾਨਮਾਜਰਾ ਨੇ ਪੰਜਾਬ ਸਰਕਾਰ ਦੀ ਕੀਤੀ ਅਲੋਚਨਾ

ਸਨੌਰ /ਪਟਿਆਲਾ (ਸਾਹਿਬ ਸਿੰਘ)-ਸਨੌਰ ਦੇ ਵਿਧਾਇਕ ਹਰਮੀਤ ਸਿੰਘ ਪਠਾਨਮਾਜਰਾ ਜੋ ਆਮ ਆਦਮੀ ਪਾਰਟੀ ਨੂੰ ਛੱਡ ਕੇ ਭਾਰਤੀ ਜਨਤਾ ਪਾਰਟੀ ਵਿਚ ਸ਼ਾਮਲ ਹੋ ਗਏ ਸਨ, ਨੇ ਪੰਜਾਬ ਸਰਕਾਰ 'ਤੇ ਸਵਾਲ ਉਠਾਉਂਦਿਆਂ ਕਿਹਾ ਕਿ ਸੂਬੇ ਦੇ ਵਿਕਾਸ ਲਈ ਕੇਂਦਰ ਅਤੇ ਸੂਬੇ ਵਿਚ ਇਕੋ ਪਾਰਟੀ ਦੀਆਂ ਸਰਕਾਰਾਂ ਹੋਣੀਆਂ ਲਾਹੇਵੰਦ ਸਾਬਤ ਹੋ ਸਕਦੀਆਂ ਹਨ।ਪਠਾਨਮਾਜਰਾ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਮੰਤਰੀ ਕੇਂਦਰੀ ਦੇ ਮੰਤਰੀਆਂ ਕੋਲ ਜਾ ਕੇ ਸੂਬੇ ਦੇ ਹੱਕਾਂ ਅਤੇ ਵਿਕਾਸ ਲਈ ਗੱਲਬਾਤ ਕਰਨ ਤੋਂ ਵੀ ਡਰਦੇ ਰਹੇ ਹਨ। ਉਨ੍ਹਾਂ ਦਾਅਵਾ ਕੀਤਾ ਕਿ ਪਿਛਲੇ ਪੌਣੇ ਪੰਜ ਸਾਲਾਂ ਦੌਰਾਨ ਸੂਬੇ ਦੀ ਆਮਦਨ, ਉਦਯੋਗਿਕ ਨਿਵੇਸ਼ ਅਤੇ ਵਿਕਾਸ ਦੇ ਖੇਤਰ ਵਿਚ ਉਮੀਦ ਮੁਤਾਬਕ ਤਰੱਕੀ ਨਹੀਂ ਹੋਈ। ਉਨ੍ਹਾਂ ਆਮ ਆਦਮੀ ਕਲੀਨਿਕਾਂ ਅਤੇ 10 ਲੱਖ ਰੁਪਏ ਤੱਕ ਦੇ ਸਿਹਤ ਬੀਮਾ ਕਾਰਡਾਂ ਦੀ ਕਾਰਗੁਜ਼ਾਰੀ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਕਈ ਹਸਪਤਾਲਾਂ 'ਚ ਇਨ੍ਹਾਂ ਕਾਰਡਾਂ ਤਹਿਤ ਇਲਾਜ ਨੂੰ ਲੈ ਕੇ ਮੁਸ਼ਕਲਾਂ ਆ ਰਹੀਆਂ ਹਨ।



ਪਾਥਵੇਜ਼ ਗਲੋਬਲ ਸਕੂਲ ਦੇ ਵਿਦਿਆਰਥੀਆਂ ਨੇ ਦੀਵੇ ਵੰਡੇ

ਕੋਟ ਈਸੇ ਖਾਂ (ਅਰੋੜਾ) -ਪਾਥਵੇਜ ਗਲੋਬਲ ਸਕੂਲ ਕੋਟ ਈਸੇ ਖਾਂ ਜੋ ਇਲਾਕੇ ਦਾ ਨਾਮਵਰ ਆਈ ਸੀ ਐਸ ਈ ਦਿੱਲੀ ਬੋਰਡ ਤੋਂ ਮਾਨਤਾ ਪ੍ਰਾਪਤ ਸਕੂਲ ਹੈ ਅਤੇ ਆਪਣੇ ਬੱਚਿਆਂ ਨੂੰ ਵਰਲਡ ਕਲਾਸ ਦੀ ਐਜੂਕੇਸ਼ਨ ਦੇ ਰਿਹਾ ਹੈ ਵਿਖੇ , ਪਾਥਵੇਜ਼ ਗਲੋਬਲ ਸਕੂਲ, ਕੋਟ ਈਸੇ ਖਾਂ ਦੇ ਵਿਦਿਆਰਥੀਆਂ ਵੱਲੋਂ ਦਿਵਾਲੀ ਦੇ ਤਿਉਹਾਰ ਨਾਲ ਸੰਬੰਧਤ ਇਕ ਵਿਸ਼ੇਸ਼ ਕਮਿਊਨਿਟੀ ਰੀਚ ਐਕਟੀਵਿਟੀ ਤਹਿਤ ਦੀਵੇ ਵੰਡ ਪ੍ਰੋਗਰਾਮ ਦਾ ਆਯੋਜਨ ਕਿੱਤਾ ਗਿਆ।ਸਕੂਲ ਦੇ ਵਿਦਿਆਰਥੀਆਂ ਨੇ ਕੋਟ ਈਸੇ ਖਾਂ ਦੇ ਆਸ-ਪਾਸ ਦੇ ਪਿੰਡਾਂ ਜਿਵੇਂ ਮਸੀਤਾਂ , ਦਾਤੇਵਾਲਾ, ਰੰਡਿਆਲਾ, ਖੋਸਾ ਪਾਂਡੋ, ਖੋਸਾ ਰਣਧੀਰ, ਖੋਸਾ ਕੋਟਲਾ, ਧਰਮਕੋਟ, ਕੋਟ ਈਸੇ ਖਾਂ, ਗਗੜਾ, ਗਲੋਟੀ, ਕੜਿਆਲ, ਨੂਰਪੁਰ ਹਕੀਮਾ, ਕੋਟ ਸਦਰ ਖਾਂ ਤੇ ਤਲਵੰਡੀ ਜੱਲੇ ਖਾਂ ਵਿੱਚ ਦੀਵੇ ਵੰਡ ਕਿ ਦੀਵਾਲੀ ਦੀਆਂ ਵਧਾਈਆਂ ਦਿੱਤੀਆਂ ਜਿਸ ਦਾ ਮੁੱਖ ਮਕਸਦ ਦੀਵਾਲੀ ਦੇ ਅਸਲ ਸੰਦੇਸ਼ ਹਨੇਰੇ ਤੋਂ ਚਾਨਣ ਵੱਲ ਨੂੰ ਫੈਲਾਉਣਾ ਹੈ ।ਪ੍ਰਿੰਸੀਪਲ ਸ੍ਰੀ ਆਸ਼ੀਸ਼ ਦੇਗਵੇਕਰ ਅਤੇ ਵਾਈਸ ਪ੍ਰਿੰਸੀਪਲ ਸ਼੍ਰੀਮਤੀ ਮਾਲਵਿਕਾ ਡੇਗਵੇਕਰ ਨੇ ਕਿਹਾ ਕਿ ਪਾਥਵੇਜ਼ ਗਲੋਬਲ ਸਕੂਲ ਹਮੇਸ਼ਾ ਹੀ ਬੱਚਿਆਂ ਨੂੰ ਕਿਤਾਬੀ ਗਿਆਨ ਦੇ ਨਾਲ-ਨਾਲ ਸੇਵਾ, ਸੰਸਕ੍ਰਿਤੀ ਤੇ ਸਮਾਜਿਕ ਜਿੰਮੇਦਾਰੀ ਦਾ ਪਾਠ ਵੀ ਸਿਖਾਉਂਦਾ ਹੈ।ਇਸ ਮੌਕੇ ਸਕੂਲ ਦੇ ਕਮੇਟੀ ਮੈਂਬਰ ਮਾਨਯੋਗ ਚੇਅਰਮੈਨ ਸੁਰਜੀਤ ਸਿੰਘ ਸਿੱਧੂ ,ਪ੍ਰਧਾਨ ਡਾ ਅਨਿਲਜੀਤ ਕੰਬੋਜ ਵਾਈਸ ਚੇਅਰਮੈਨ ਅਵਤਾਰ ਸਿੰਘ ਸੌਂਦ, ਚਾਹਤ ਕੰਬੋਜ, ਸਤਨਾਮ ਸਿੰਘ ਸੌਂਦ, ਗੁਰਪ੍ਰੀਤ ਸਿੰਘ ਸਿੱਧੂ ਕੌਂਸਲਰ , ਜੋਗਿੰਦਰ ਸਿੰਘ ਸਰਪੰਚ, ਜਸਵਿੰਦਰ ਸਿੰਘ ਸਿੱਧੂ, ਸਿਮਰਨਜੀਤ ਸਿੰਘ ਸਿੱਧੂ ਅਤੇ ਮਾਨਯੋਗ ਪ੍ਰਿੰਸੀਪਲ ਆਸ਼ੀਸ਼ ਡੇਗਵੇਕਰ, ਵਾਈਸ ਪ੍ਰਿੰਸੀਪਲ ਮਾਲਵਿਕਾ ਡੇਗਵੇਕਰ ਨੇ ਸਾਰਿਆਂ ਨੂੰ ਦਿਵਾਲੀ ਦੀਆਂ ਮੁਬਾਰਕਾਂ ਦਿੱਤੀਆਂ



ਐਮ ਡੀ ਪਬਲਿਕ ਸਕੂਲ ਦੇ ਬੱਚਿਆਂ ਨੇ ਦਿੱਤਾ ਹਰੀ ਦੀਵਾਲੀ ਮਨਾਉਣ ਦਾ ਸੁਨੇਹਾ

ਸੁਨਾਮ ਊਧਮ ਸਿੰਘ ਵਾਲਾ (ਹਾਕਮ ਭੱਟੀ, ਅਸ਼ੋਕ ਬਾਂਸਲ)-ਦੀਵਾਲੀ ਦਾ ਤਿਉਹਾਰ ਜਿੱਥੇ ਖੁਸ਼ੀਆਂ ਅਤੇ ਰੌਸ਼ਨੀਆਂ ਦਾ ਪ੍ਰਤੀਕ ਹੈ, ਉੱਥੇ ਹੀ ਇਸ ਤਿਉਹਾਰ ਨੂੰ ਵਾਤਾਵਰਣ ਦੀ ਸੰਭਾਲ ਅਤੇ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਮਨਾਉਣਾ ਵੀ ਸਮੇਂ ਦੀ ਮੁੱਖ ਲੋੜ ਹੈ। ਇਸੇ ਉਦੇਸ਼ ਨੂੰ ਲੈ ਕੇ ਸੁਨਾਮ ਦੇ ਐਮ.ਡੀ. ਪਬਲਿਕ ਸਕੂਲ ਦੇ ਵਿਦਿਆਰਥੀਆਂ ਅਤੇ ਸਮੂਹ ਸਟਾਫ ਵੱਲੋਂ ਹਰੀ ਦੀਵਾਲੀ ਮਨਾਉਣ ਦਾ ਸੁਨੇਹਾ ਦੇਣ ਲਈ ਵਿਸ਼ੇਸ਼ ਜਾਗਰੂਕਤਾ ਮੁਹਿੰਮ ਚਲਾਈ ਗਈ।ਇਸ ਮੁਹਿੰਮ ਦੌਰਾਨ ਸਕੂਲ ਦੇ ਬੱਚਿਆਂ ਨੇ ਸ਼ਹਿਰ ਦੀਆਂ ਵੱਖ-ਵੱਖ ਸੰਸਥਾਵਾਂ ਅਤੇ ਹਸਪਤਾਲਾਂ ਵਿੱਚ ਪਹੁੰਚ ਕੇ ਲੋਕਾਂ ਨੂੰ ਪਟਾਕਿਆਂ ਤੋਂ ਦੂਰ ਰਹਿਣ ਅਤੇ ਵਾਤਾਵਰਣ ਨੂੰ ਪ੍ਰਦੂਸ਼ਣ ਮੁਕਤ ਰੱਖਣ ਲਈ ਪ੍ਰੇਰਿਤ ਕੀਤਾ। ਇਸ ਮੁਹਿੰਮ ਦੀ ਸ਼ੁਰੂਆਤ ਸੁਨਾਮ ਦੇ ਪ੍ਰਸਿੱਧ ਡੈਂਟਲ ਕਾਲਜ ਇੰਸਟੀਚਿਊਟ ਤੋਂ ਕੀਤੀ ਗਈ। ਇਸ ਤੋਂ ਬਾਅਦ ਵਿਦਿਆਰਥੀ ਚਮੜੀ ਰੋਗਾਂ ਦੇ ਮਾਹਿਰ ਡਾ. ਦਿਨੇਸ਼ ਗੁਪਤਾ ਦੇ ਹਸਪਤਾਲ ਪਹੁੰਚੇ ਅਤੇ ਉੱਥੇ ਵੀ ਹਰੀ ਦੀਵਾਲੀ ਦਾ ਸੁਨੇਹਾ ਦਿੱਤਾ। ਇਸ ਤੋਂ ਇਲਾਵਾ ਵਿਦਿਆਰਥੀਆਂ ਨੇ ਵਿਸ਼ਵਾਸ ਹਸਪਤਾਲ ਅਤੇ ਫਿਜ਼ੀਓਥੈਰੇਪੀ ਹਸਪਤਾਲ ਵਿਖੇ ਵੀ ਪਹੁੰਚ ਕੇ ਲੋਕਾਂ ਨੂੰ ਜਾਗਰੂਕ ਕੀਤਾ।ਇਸ ਮੌਕੇ ਬੱਚਿਆਂ ਨੇ ਸੁਨੇਹਾ ਦਿੱਤਾ ਕਿ ਪਟਾਕੇ ਚਲਾਉਣ ਨਾਲ ਵਾਤਾਵਰਣ ਵਿੱਚ ਧੂੰਏਂ ਅਤੇ ਜ਼ਹਿਰੀਲੀਆਂ ਗੈਸਾਂ ਦੀ ਮਾਤਰਾ ਵਧ ਜਾਂਦੀ ਹੈ, ਜਿਸ ਨਾਲ ਹਵਾ ਪ੍ਰਦੂਸ਼ਿਤ ਹੁੰਦੀ ਹੈ ਅਤੇ ਲੋਕਾਂ ਦੀ ਸਿਹਤ 'ਤੇ ਮਾੜਾ ਅਸਰ ਪੈਂਦਾ ਹੈ। ਇਸ ਤੋਂ ਇਲਾਵਾ ਪਟਾਕੇ ਚਲਾਉਣ ਸਮੇਂ ਕਈ ਵਾਰ ਬੱਚਿਆਂ ਅਤੇ ਨੌਜਵਾਨਾਂ ਦੇ ਹੱਥਾਂ ਅਤੇ ਸਰੀਰ ਦੇ ਹੋਰ ਅੰਗਾਂ 'ਤੇ ਸੱਟਾਂ ਅਤੇ ਸੜਨ ਦੀਆਂ ਘਟਨਾਵਾਂ ਵੀ ਵਾਪਰ ਜਾਂਦੀਆਂ ਹਨ।ਵਿਦਿਆਰਥੀਆਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਦੀਵਾਲੀ ਦੇ ਪਵਿੱਤਰ ਤਿਉਹਾਰ ਨੂੰ ਦੀਵੇ ਜਗਾ ਕੇ, ਮਠਿਆਈਆਂ ਵੰਡ ਕੇ ਅਤੇ ਆਪਸੀ ਪਿਆਰ ਤੇ ਭਾਈਚਾਰਕ ਸਾਂਝ ਨਾਲ ਮਨਾਇਆ ਜਾਵੇ। ਪਟਾਕਿਆਂ ਤੋਂ ਗੁਰੇਜ਼ ਕਰਕੇ ਨਾ ਸਿਰਫ਼ ਵਾਤਾਵਰਣ ਨੂੰ ਸਾਫ਼ ਰੱਖਿਆ ਜਾ ਸਕਦਾ ਹੈ, ਸਗੋਂ ਬੱਚਿਆਂ, ਬਜ਼ੁਰਗਾਂ ਅਤੇ ਬਿਮਾਰ ਵਿਅਕਤੀਆਂ ਦੀ ਸਿਹਤ ਦੀ ਰੱਖਿਆ ਵੀ ਕੀਤੀ ਜਾ ਸਕਦੀ ਹੈ।ਇਸ ਮੌਕੇ ਬੱਚਿਆਂ ਦੇ ਹੋਣਹਾਰ ਅਧਿਆਪਕਾਂ, ਸਮੂਹ ਸਟਾਫ ਅਤੇ ਸਕੂਲ ਦੇ ਪ੍ਰਿੰਸੀਪਲ ਸਾਹਿਬ ਨੂੰ ਵੀ ਇਸ ਸਮਾਜ ਸੇਵੀ ਅਤੇ ਵਾਤਾਵਰਣ ਪੱਖੀ ਮੁਹਿੰਮ ਲਈ ਵਧਾਈ ਦਿੱਤੀ ਗਈ।



ਮਨਿੰਦਰ ਪਾਲ ਸਿੰਘ ਮੌਂਗਾ 'ਮਲੋਟ ਰਤਨ ਐਵਾਰਡ' ਨਾਲ ਸਨਮਾਨਤ

ਮਲੋਟ (ਰਜਿੰਦਰ ਜੁਨੇਜਾ)-ਸਮਾਜ ਸੇਵੀ ਤੇ ਸੱਭਿਆਚਾਰਕ ਸੰਸਥਾ 'ਵਿਰਾਸਤ-ਏ-ਪੰਜਾਬ ਟੀਮ ਮਲੋਟ' ਵੱਲੋਂ ਪੱਤਰਕਾਰਤਾ ਦੇ ਖੇਤਰ ਵਿੱਚ ਵਡਮੁੱਲੀਆਂ ਸੇਵਾਵਾਂ ਨਿਭਾਉਣ ਬਦਲੇ ਅੰਮ੍ਰਿਤਸਰ ਦੇ ਉੱਘੇ ਪੱਤਰਕਾਰ ਮਨਿੰਦਰ ਪਾਲ ਸਿੰਘ ਮੌਂਗਾ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਸੰਸਥਾ ਵੱਲੋਂ ਉਨ੍ਹਾਂ ਨੂੰ ਵੱਕਾਰੀ 'ਪ੍ਰਿੰਸੀਪਲ ਜਰਨੈਲ ਸਿੰਘ ਸੰਧੂ ਯਾਦਗਾਰੀ ਮਲੋਟ ਰਤਨ ਐਵਾਰਡ' ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਰਕੇ ਉਨ੍ਹਾਂ ਦਾ ਮਾਣ ਵਧਾਇਆ ।ਇਸ ਮੌਕੇ ਸੰਸਥਾ ਦੇ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਮਨਿੰਦਰ ਪਾਲ ਸਿੰਘ ਮੌਂਗਾ ਵੱਲੋਂ ਨਿਰਪੱਖ ਅਤੇ ਸਮਰਪਤ ਪੱਤਰਕਾਰਤਾ ਰਾਹੀਂ ਸਮਾਜ ਦੇ ਮੁੱਦਿਆਂ ਨੂੰ ਬਾਖ਼ੂਬੀ ਉਭਾਰਿਆ ਜਾ ਰਿਹਾ ਹੈ, ਜਿਸ ਦੇ ਮੱਦੇਨਜ਼ਰ ਉਨ੍ਹਾਂ ਨੂੰ ਇਸ ਵੱਕਾਰੀ ਐਵਾਰਡ ਨਾਲ ਨਿਵਾਜਿਆ ਗਿਆ ਹੈ।ਸਨਮਾਨ ਹਾਸਲ ਕਰਨ ਉਪਰੰਤ ਪੱਤਰਕਾਰ ਮਨਿੰਦਰ ਪਾਲ ਸਿੰਘ ਮੌਂਗਾ ਨੇ 'ਵਿਰਾਸਤ-ਏ-ਪੰਜਾਬ ਟੀਮ ਮਲੋਟ' ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ, ਇਹ ਸਿਰਫ਼ ਇੱਕ ਐਵਾਰਡ ਨਹੀਂ, ਸਗੋਂ ਮੇਰੀਆਂ ਪੱਤਰਕਾਰਤਾ ਸੇਵਾਵਾਂ ਅਤੇ ਸਮਾਜ ਪ੍ਰਤੀ ਨਿਭਾਈ ਜਾ ਰਹੀ ਜ਼ਿੰਮੇਵਾਰੀ ਦੀ ਇੱਕ ਵੱਡੀ ਹੌਸਲਾ ਅਫ਼ਜ਼ਾਈ ਹੈ।ਇਸ ਦੌਰਾਨ ਹਾਜ਼ਰ ਆਈ ਏ ਐਸ ਵਿਮਲ ਕੁਮਾਰ ਸੇਤੀਆ, ਕਲਾਕਾਰ ਹੋਬੀ ਧਾਲੀਵਾਲ ਅਤੇ ਆਯੋਜਿਤ ਟੀਟੂ ਸੰਧੂ ਸਮੇਤ ਸ਼ਖ਼ਸੀਅਤਾਂ ਨੇ ਮਨਿੰਦਰ ਪਾਲ ਸਿੰਘ ਮੌਂਗਾ ਨੂੰ ਇਸ ਪ੍ਰਾਪਤੀ ਲਈ ਮੁਬਾਰਕਬਾਦ ਦਿੱਤੀ ਅਤੇ ਉਨ੍ਹਾਂ ਦੇ ਸੁਨਹਿਰੀ ਭਵਿੱਖ ਲਈ ਸ਼ੁੱਭਕਾਮਨਾਵਾਂ ਭੇਟ ਕੀਤੀਆਂ।



ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਵਾਲੇ 5 ਕਿਸਾਨਾਂ ਦੇ ਕੱਟੇ ਪਰਚੇ

ਫਾਜ਼ਿਲਕਾ (ਨਿਸ਼ਾ ਸ਼ਰਮਾ)-ਝੋਨੇ ਦੀ ਫਸਲ ਪੱਕ ਕੇ ਤਿਆਰ ਹੋ ਚੁੱਕੀ ਹੈ ਅਤੇ ਵਾਢੀ ਦਾ ਕੰਮ ਪੂਰੇ ਜੋਰ ਤੇ ਚੱਲ ਰਿਹਾ ਹੈ। ਝੋਨੇ ਦੀ ਵਾਢੀ ਦੇ ਨਾਲ ਹੀ ਪਰਾਲੀ ਨੂੰ ਅੱਗ ਲਾਉਂਦਾ ਸਿਲਸਿਲਾ ਸ਼ੁਰੂ ਹੋ ਜਾਂਦਾ ਹੈ ਅਤੇ ਇਸ ਦੇ ਨਾਲ ਹੀ ਪ੍ਰਸ਼ਾਸਨ ਅਤੇ ਸਾਰਾ ਖੇਤੀਬਾੜੀ ਮਹਿਕਮਾ ਸਰਗਰਮ ਹੋ ਜਾਂਦਾ ਹੈ ।ਜ਼ਿਲ੍ਹੇ ਵਿੱਚ ਹੁਣ ਤੱਕ ਤਕਰੀਬਨ 52% ਝੋਨੇ ਦੀ ਵਾਢੀ ਹੋ ਚੁੱਕੀ ਹੈ। ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਤੋਂ ਰੋਕਣ ਲਈ ਨੈਸ਼ਨਲ ਗਰੀਨ ਟ੍ਰਿਬਿਊਨਲ ਅਤੇ ਸੁਪਰੀਮ ਕੋਰਟ ਵੱਲੋਂ ਬੜੀਆਂ ਸਖਤ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਖੇਤੀਬਾੜੀ ਮਹਿਕਮੇ ਵੱਲੋਂ ਪਰਾਲੀ ਨੂੰ ਅੱਗ ਲਗਾਉਣ ਦੇ ਮਾੜੇ ਪ੍ਰਭਾਵਾਂ ਬਾਰੇ ਕਿਸਾਨਾਂ ਨੂੰ ਜਾਗਰੂਕ ਕਰਨ ਸਬੰਧੀ ਲਗਾਤਾਰ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਹਨ। ਸਾਲ 2026-27 ਦੌਰਾਨ ਸੀਆਰ ਐਮ ਸਕੀਮ ਅਧੀਨ ਕਿਸਾਨਾਂ ਨੂੰ 1229 ਮਸ਼ੀਨਾਂ ਸਬਸਿਡੀ ਤੇ ਦਿੱਤੀਆਂ ਗਈਆਂ ਹਨ। ਪ੍ਰਸ਼ਾਸਨ ਵੱਲੋਂ ਅਤੇ ਪੁਲਿਸ ਮਹਿਕਮੇ ਵੱਲੋਂ ਅੱਗ ਲਗਾਉਣ ਵਾਲੇ ਕਿਸਾਨਾਂ ਤੇ ਕਰੜੀ ਨਜ਼ਰ ਰੱਖੀ ਜਾ ਰਹੀ ਹੈ। ਹੁਣ ਤੱਕ ਪਰਾਲੀ ਨੂੰ ਅੱਗ ਲਗਾਉਣ ਵਾਲੇ ਪੰਜ ਕਿਸਾਨਾਂ ਤੇ ਐਫ ਆਈ ਆਰ ਦਰਜ ਕੀਤੀ ਗਈ ਹੈ। ਮੁੱਖ ਖੇਤੀਬਾੜੀ ਅਫਸਰ ਫਾਜਿਲਕਾ ਵੱਲੋਂ ਕਿਸਾਨਾਂ ਨੂੰ ਅਪੀਲ ਕੀਤੀ ਗਈ ਹੈ ਕਿ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਈ ਜਾਵੇ, ਇਸ ਨਾਲ ਜਮੀਨ ਦੀ ਉਪਜਾਊ ਸ਼ਕਤੀ ਘਟਦੀ ਹੈ ਅਤੇ ਹਵਾ ਦੀ ਗੁਣਵੱਤਾ ਤੇ ਮਾੜਾ ਅਸਰ ਪੈਂਦਾ ਹੈ।ਸੋ ਇਸ ਨੂੰ ਜਮੀਨ ਵਿੱਚ ਹੀ ਵਾਹਿਆ ਜਾਵੇ ਜਾਂ ਫਿਰ ਇਸ ਦੀਆਂ ਗੱਠਾਂ ਹੈ ਬਣਵਾਈਆਂ ਜਾਣ।


ਨਸ਼ਿਆਂ ਵਿਰੁੱਧ ਸੁਚੇਤ ਕਰਨ ਲਈ ਪੇਂਟਿੰਗ ਮੁਕਾਬਲੇ ਕਰਵਾਏ

ਮਾਨਸਾ (ਆਤਮਾ ਸਿੰਘ ਪਮਾਰ)-ਡਿਪਟੀ ਕਮਿਸ਼ਨਰ ਸ੍ਰੀਮਤੀ ਨਵਜੋਤ ਕੌਰ, ਆਈ.ਏ.ਐੱਸ. ਦੇ ਦਿਸ਼ਾ ਨਿਰਦੇਸ਼ਾਂ ਹੇਠ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ. ਸਿੱ) ਨੀਲਮ ਰਾਣੀ ਦੀ ਅਗਵਾਈ ਹੇਠ ਜ਼ਿਲ੍ਹੇ ਦੇ ਵੱਖ-ਵੱਖ ਸਰਕਾਰੀ ਸਕੂਲਾਂ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ਪੇਂਟਿੰਗ ਮੁਕਾਬਲੇ ਕਰਵਾਏ ਗਏ ਜਿਸ ਵਿਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ ਆਪਣੀਆਂ ਕਲਾਤਮਕ ਰਚਨਾਵਾਂ ਰਾਹੀਂ ਨਸ਼ਿਆਂ ਦੇ ਮਾੜੇ ਪ੍ਰਭਾਵਾਂ, ਨਸ਼ਾ ਮੁਕਤ ਸਮਾਜ ਦੀ ਸਿਰਜਣਾ ਅਤੇ ਸਿਹਤਮੰਦ ਜੀਵਨ ਜਿਊਣ ਦਾ ਸੁਨੇਹਾ ਦਿੱਤਾ।ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ(ਸੈ ਸਿੱ) ਸ਼੍ਰੀ ਮਤੀ ਨੀਲਮ ਰਾਣੀ, ਜ਼ਿਲਾ ਸਿੱਖਿਆ ਅਫਸਰ (ਐ ਸਿੱ) ਸ਼੍ਰੀਮਤੀ ਮੰਜੂ ਬਾਲਾ ਅਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਸ੍ਰੀ ਪਰਮਜੀਤ ਸਿੰਘ ਭੋਗਲ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।




ਨਕਲੀ ਦੇਸੀ ਘਿਓ ਤਿਆਰ ਕਰ ਰਹੇ ਦੋ ਵਿਅਕਤੀ ਕਾਬੂ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਖਮਾਣੋਂ ਵਿਖੇ ਇੱਕ ਕਿਰਾਏ ਦੇ ਮਕਾਨ ਵਿੱਚ ਨਕਲੀ ਦੇਸੀ ਘਿਓ ਤਿਆਰ ਕਰ ਰਹੇ ਦੋ ਵਿਅਕਤੀਆਂ ਨੂੰ ਸਿਹਤ ਵਿਭਾਗ ਅਤੇ ਪੁਲਿਸ ਦੀ ਟੀਮ ਵੱਲੋਂ ਕਾਬੂ ਕੀਤੇ ਜਾਣ ਦੀ ਸੂਚਨਾ ਹੈ।ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਮਿਲੀ ਮੁਖਬਰੀ ਦੇ ਆਧਾਰ 'ਤੇ ਸਿਹਤ ਵਿਭਾਗ ਅਤੇ ਖਮਾਣੋਂ ਪੁਲਿਸ ਦੀ ਟੀਮ ਵੱਲੋਂ ਖਮਾਣੋਂ ਦੀ ਬਿਲਾਸਪੁਰ ਰੋਡ 'ਤੇ ਇੱਕ ਮਕਾਨ ਵਿੱਚ ਛਾਪੇਮਾਰੀ ਕੀਤੀ ਗਈ।ਜਿੱਥੋਂ ਨਕਲੀ ਦੇਸੀ ਘਿਓ ਤਿਆਰ ਕਰ ਰਹੇ ਅਤੁਲ ਕੁਮਾਰ ਅਤੇ ਸਾਜਨ ਨਾਮਕ ਵਿਅਕਤੀਆਂ ਨੂੰ ਕਾਬੂ ਕੀਤਾ ਗਿਆ।ਇਸ ਸਬੰਧੀ ਥਾਣਾ ਖਮਾਣੋਂ ਵਿਖੇ ਬੀ.ਐਨ.ਐਸ. ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।



ਪੁਲਸ ਵੱਲੋਂ ਭਗੌੜਾ ਮੁਲਜ਼ਮ ਕਾਬੂ

ਮਲੋਟ (ਰਜਿੰਦਰ ਜੁਨੇਜਾ)-ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਮਜ਼ਬੂਤ ਬਣਾਈ ਰੱਖਣ ਅਤੇ ਵੱਖ-ਵੱਖ ਮਾਮਲਿਆਂ ਵਿੱਚ ਅਦਾਲਤਾਂ ਵੱਲੋਂ ਭਗੌੜੇ ਐਲਾਨੇ ਗਏ ਮੁਲਜ਼ਮਾਂ ਨੂੰ ਕਾਬੂ ਕਰਨ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਇਸੇ ਮੁਹਿੰਮ ਤਹਿਤ ਥਾਣਾ ਕਬਰਵਾਲਾ ਦੀ ਪੁਲਸ ਨੇ ਅਦਾਲਤ ਵੱਲੋਂ ਭਗੌੜੇ ਐਲਾਨੇ ਇੱਕ ਮੁਲਜ਼ਮ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਹੈ। ਕਾਬੂ ਕੀਤੇ ਗਏ ਮੁਲਜ਼ਮ ਦੀ ਪਛਾਣ ਰਾਜੇਸ਼ ਕੁਮਾਰ ਪੁੱਤਰ ਭੋਰੇ ਲਾਲ, ਵਾਸੀ ਨਿਪਨੀਆ ਹਾਡਾ, ਜ਼ਿਲ੍ਹਾ ਝਾਲਾਵਾੜ (ਰਾਜਸਥਾਨ) ਵਜੋਂ ਹੋਈ ਹੈ।ਮੁਲਜ਼ਮ ਖ਼ਿਲਾਫ਼ ਥਾਣਾ ਕਬਰਵਾਲਾ ਵਿਖੇ ਮੁਕੱਦਮਾ ਨੰਬਰ 118 (ਸਾਲ 2023), ਐੱਨ. ਡੀ. ਪੀ. ਐੱਸ. ਐਕਟ ਦੀਆਂ ਧਾਰਾਵਾਂ 18-ਸੀ/61/85 ਤਹਿਤ ਦਰਜ ਸੀ ਅਤੇ ਉਹ ਇਸ ਮਾਮਲੇ ਵਿੱਚ ਲੋੜੀਂਦਾ ਸੀ।



ਧੂਰੀ ਦੇ ਲੋਕ ਮੁੱਖ ਮੰਤਰੀ ਮਾਨ ਨਾਲ ਹਿੱਕ ਤਾਣ ਕੇ ਖੜ੍ਹੇ : ਨੂਰ ਔਲਖ

ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-ਆਮ ਆਦਮੀ ਪਾਰਟੀ ਦੇ ਯੂਥ ਵਿੰਗ ਦੇ ਸੂਬਾਈ ਆਗੂ ਪਰਮਿੰਦਰ ਸਿੰਘ ਨੂਰ ਔਲਖ ਨੇ ਪਾਰਟੀ ਹਾਈਕਮਾਂਡ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਧੂਰੀ ਹਲਕੇ ਤੋਂ ਮੁੜ ਉਮੀਦਵਾਰ ਐਲਾਨੇ ਜਾਣ 'ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਹੈ। ਔਲਖ ਨੇ ਦਾਅਵਾ ਕੀਤਾ ਕਿ ਹਲਕਾ ਧੂਰੀ ਦੇ ਸੂਝਵਾਨ ਤੇ ਸਿਰੜੀ ਲੋਕ ਇਸ ਵਾਰ ਮੁੱਖ ਮੰਤਰੀ ਮਾਨ ਨੂੰ ਪਹਿਲਾਂ ਨਾਲੋਂ ਵੀ ਦੁੱਗਣੀ ਲੀਡ ਨਾਲ ਜਿਤਾਉਣਗੇ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਨੂਰ ਔਲਖ ਨੇ ਆਖਿਆ ਕਿ ਭਗਵੰਤ ਮਾਨ ਨੇ ਮੁੱਖ ਮੰਤਰੀ ਬਣਨ ਤੋਂ ਬਾਅਦ ਹਲਕਾ ਧੂਰੀ ਦੇ ਪਿੰਡ-ਪਿੰਡ ਅਤੇ ਗਲੀ-ਮੁਹੱਲੇ ਦਾ ਮੁਹਾਂਦਰਾ ਬਦਲਣ ਵਿੱਚ ਕੋਈ ਕਸਰ ਨਹੀਂ ਛੱਡੀ। ਪਿੰਡਾਂ ਵਿੱਚ ਨਹਿਰੀ ਪਾਣੀ ਦੀ ਪਹੁੰਚ, ਚੰਗੇ ਹਸਪਤਾਲ, ਸ਼ਾਨਦਾਰ ਸਕੂਲ ਅਤੇ ਨੌਜਵਾਨਾਂ ਲਈ ਖੇਡ ਸਟੇਡੀਅਮ ਬਣਾ ਕੇ ਇਲਾਕੇ ਦੀ ਨੁਹਾਰ ਬਦਲ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਧੂਰੀ ਦੇ ਲੋਕ ਆਪਣੇ ਲਾਡਲੇ ਨੇਤਾ ਦੇ ਨਾਲ ਹਿੱਕ ਤਾਣ ਕੇ ਖੜ੍ਹੇ ਹਨ।ਔਲਖ ਨੇ ਵਿਰੋਧੀ ਧਿਰਾਂ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਵਿਰੋਧੀਆਂ ਕੋਲ ਹੁਣ ਕੋਈ ਮੁੱਦਾ ਨਹੀਂ ਰਿਹਾ ਅਤੇ ਉਹ ਬੌਖਲਾਹਟ ਵਿੱਚ ਆ ਕੇ ਫੋਕੇ ਦਾਅਵੇ ਕਰ ਰਹੇ ਹਨ। ਜਿਵੇਂ ਪੰਜਾਬ ਸਰਕਾਰ ਨੇ ਨੌਜਵਾਨਾਂ ਨੂੰ ਬਿਨਾਂ ਰਿਸ਼ਵਤ ਅਤੇ ਸਿਫ਼ਾਰਸ਼ ਤੋਂ ਸਰਕਾਰੀ ਨੌਕਰੀਆਂ ਦਿੱਤੀਆਂ ਹਨ, ਉਸ ਨਾਲ ਹਰੇਕ ਘਰ ਵਿੱਚ ਖੁਸ਼ਹਾਲੀ ਆਈ ਹੈ। ਹਲਕੇ ਦੇ ਹਰ ਪਿੰਡ ਦੀ ਸੱਥ ਵਿੱਚ ਭਗਵੰਤ ਮਾਨ ਦੇ ਵਿਕਾਸ ਕਾਰਜਾਂ ਦੀਆਂ ਹੀ ਗੱਲਾਂ ਹੋ ਰਹੀਆਂ ਹਨ।ਉਨ੍ਹਾਂ ਅੱਗੇ ਕਿਹਾ ਕਿ ਯੂਥ ਵਿੰਗ ਦਾ ਹਰੇਕ ਗੱਭਰੂ ਅਤੇ ਵਰਕਰ ਦਿਨ-ਰਾਤ ਇੱਕ ਕਰਕੇ ਘਰ-ਘਰ ਜਾ ਕੇ ਪ੍ਰਚਾਰ ਕਰੇਗਾ। ਧੂਰੀ ਦੀ ਸੰਗਤ ਆਪਣੇ ਲੋਕਪ੍ਰਿਆ ਆਗੂ ਨੂੰ ਵੱਡੀ ਵੋਟਾਂ ਦੀ ਛਾਲ ਨਾਲ ਜਿਤਾ ਕੇ ਇੱਕ ਨਵਾਂ ਇਤਿਹਾਸ ਸਿਰਜੇਗੀ ਅਤੇ ਵਿਰੋਧੀਆਂ ਦੀਆਂ ਜ਼ਮਾਨਤਾਂ ਜ਼ਬਤ ਕਰਵਾਏਗੀ।

ਕਾਰ ਤੇ ਟਰੱਕ ਦੀ ਟੱਕਰ, ਜਾਨੀ ਨੁਕਸਾਨ ਤੋਂ ਬਚਾਅ



ਜਲਾਲਾਬਾਦ (ਜੀਤ ਕੁਮਾਰ)- ਸਵੇਰੇ ਕਰੀਬ 8: 00 ਵਜੇ ਮੁਕਤਸਰ ਰੋਡ ਫਲਾਈਓਵਰ 'ਤੇ ਇੱਕ ਟਰੱਕ ਅਤੇ ਕਾਰ ਵਿਚਕਾਰ ਭਿਆਨਕ ਹਾਦਸਾ ਵਾਪਰ ਗਿਆ। ਇਸ ਹਾਦਸੇ ਵਿੱਚ ਕਾਰ ਬੁਰੀ ਤਰ੍ਹਾਂ ਨੁਕਸਾਨੀ ਗਈ। ਪ੍ਰਾਪਤ ਜਾਣਕਾਰੀ ਅਨੁਸਾਰ, ਇੱਕ ਟਰੱਕ ਜਲਾਲਾਬਾਦ ਵੱਲ ਜਾ ਰਿਹਾ ਸੀ, ਜਦੋਂ ਕਿ ਇੱਕ ਕਾਰ ਉਲਟੀ ਦਿਸ਼ਾ ਤੋਂ ਆ ਰਹੀ ਸੀ। ਫਲਾਈਓਵਰ 'ਤੇ ਕਾਰ ਵੱਲੋਂ ਅੱਗੇ ਨਿਕਲਣ (ਓਵਰਟੇਕ ਕਰਨ) ਦੀ ਕੋਸ਼ਿਸ਼ ਦੌਰਾਨ ਇਹ ਟਰੱਕ ਦੇ ਪਾਸੇ—ਪਹੀਆਂ ਦੇ ਨੇੜੇ ਨਾਲ ਟਕਰਾ ਗਈ, ਜਿਸ ਕਾਰਨ ਇੱਕ ਵੱਡਾ ਹਾਦਸਾ ਵਾਪਰ ਗਿਆ। ਹਾਲਾਂਕਿ ਕਾਰ ਨੂੰ ਭਾਰੀ ਨੁਕਸਾਨ ਪਹੁੰਚਿਆ, ਪਰ ਇਸ ਘਟਨਾ ਵਿੱਚ ਜਾਨੀ ਨੁਕਸਾਨ ਤੋਂ ਬਚਾ ਰਿਹਾ।

ਬਲਜਿੰਦਰ ਧਾਲੀਵਾਲ ਸੂਬਾ ਪ੍ਰਧਾਨ ਅਤੇ ਗੁਰਮੀਤ ਭੁੱਲਰ ਸੂਬਾ ਜਨਰਲ ਸਕੱਤਰ ਚੁਣੇ

• ਜੀਤੇਂਦਰ ਕੁਮਾਰ ਹੰਸ ਨੂੰ ਸੂਬਾ ਮੀਤ ਪ੍ਰਧਾਨ ਅਤੇ ਰਜਿੰਦਰ ਕੁਮਾਰ ਨੂੰ ਜਥੇਬੰਦਕ ਸਕੱਤਰ ਪੰਜਾਬ ਦੀ ਮਿਲੀ ਜ਼ਿੰਮੇਵਾਰੀ

ਫਰੀਦਕੋਟ/ ਮੋਗਾ (ਐਲਿਗਜ਼ੈਂਡਰ ਡਿਸੂਜ਼ਾ) : ਮਾਸਟਰ ਕੇਡਰ ਯੂਨੀਅਨ ਪੰਜਾਬ ਦਾ ਇੱਕ ਵਿਸ਼ਾਲ ਸੂਬਾ ਪੱਧਰੀ ਇਜਲਾਸ ਸੂਬਾ ਸਰਪਰਸਤ ਗੁਰਪ੍ਰੀਤ ਸਿੰਘ ਰਿਆੜ, ਮੁੱਖ ਸਲਾਹਕਾਰਾਂ ਮਨਜਿੰਦਰ ਸਿੰਘ ਢਿੱਲੋਂ, ਹਰਮਿੰਦਰ ਸਿੰਘ ਉੱਪਲ ਅਤੇ ਮਨਜਿੰਦਰ ਸਿੰਘ ਝੰਡੇਰ ਦੀ ਅਗਵਾਈ ਹੇਠ ਮੋਗਾ ਵਿਖੇ ਸਫ਼ਲਤਾਪੂਰਵਕ ਸੰਪੰਨ ਹੋਇਆ। ਇਸ ਇਜਲਾਸ ਵਿੱਚ ਪੰਜਾਬ ਦੇ 14 ਜ਼ਿਲ੍ਹਿਆਂ ਦੇ ਨੁਮਾਇੰਦਿਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਇਜਲਾਸ ਦਾ ਮੁੱਖ ਮੰਤਵ ਜਥੇਬੰਦਕ ਢਾਂਚੇ ਦਾ ਵਿਸਤਾਰ ਕਰਨਾ ਅਤੇ ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਨੂੰ ਅੱਖੋਂ-ਪਰੋਖੇ ਕਰਕੇ ਕੀਤੇ ਜਾ ਰਹੇ ਮਤਰੇਈ ਮਾਂ ਵਾਲੇ ਸਲੂਕ ਦੇ ਖ਼ਿਲਾਫ਼ ਸੰਘਰਸ਼ ਦੀ ਰੂਪ-ਰੇਖਾ ਉਲੀਕਣਾ ਸੀ।ਇਜਲਾਸ ਦੌਰਾਨ ਹਾਊਸ ਦੀ ਪ੍ਰਵਾਨਗੀ ਲੈ ਕੇ ਸਰਵਸੰਮਤੀ ਨਾਲ ਬਲਜਿੰਦਰ ਸਿੰਘ ਧਾਲੀਵਾਲ ਨੂੰ ਦੂਜੀ ਵਾਰ ਮਾਸਟਰ ਕੇਡਰ ਯੂਨੀਅਨ ਪੰਜਾਬ ਦਾ ਸੂਬਾ ਪ੍ਰਧਾਨ ਅਤੇ ਗੁਰਮੀਤ ਸਿੰਘ ਭੁੱਲਰ ਨੂੰ ਸੂਬਾ ਜਨਰਲ ਸਕੱਤਰ ਚੁਣਿਆ ਗਿਆ। ਸੂਬਾ ਸੀਨੀਅਰ ਮੀਤ ਪ੍ਰਧਾਨ ਅਮਰਬੀਰ ਸਿੰਘ ਰੰਧਾਵਾ, ਸੂਬਾ ਮੀਤ ਪ੍ਰਧਾਨ ਸ੍ਰੀ ਜੀਤੇਂਦਰ ਕੁਮਾਰ ਹੰਸ (ਫਰੀਦਕੋਟ) ਅਤੇ ਦਿਲਰਾਜਜੀਤ ਸਿੰਘ (ਕਪੂਰਥਲਾ) ਸੂਬਾ ਜੁਆਇੰਟ ਸਕੱਤਰ, ਦਲਜੀਤ ਸਿੰਘ ਸਭਰਵਾਲ ਸੂਬਾ ਜਥੇਬੰਦਕ ਸਕੱਤਰ: ਹਰਸੇਵਕ ਸਿੰਘ ਸਾਧੂਵਾਲ ਅਤੇ ਸ੍ਰੀ ਰਜਿੰਦਰ ਕੁਮਾਰ (ਫਰੀਦਕੋਟ) ਸੂਬਾ ਪ੍ਰੈੱਸ ਸਕੱਤਰ, ਰਾਜਪਾਲ ਸਿੰਘ (ਤਰਨ ਤਾਰਨ) ਸੂਬਾ ਵਿੱਤ ਸਕੱਤਰ: ਚੰਦਰਸ਼ੇਖਰ ਵਰਮਾ,ਸੂਬਾ ਮੀਡੀਆ ਕੋਆਰਡੀਨੇਟਰ: ਅਮਨਦੀਪ ਸਿੰਘ, ਸਟੇਟ ਕਮੇਟੀ ਮੈਂਬਰ (ਅੰਮ੍ਰਿਤਸਰ) ਅਸ਼ਵਨੀ ਕੁਮਾਰ ਅਤੇ ਹਰਪ੍ਰੀਤ ਸਿੰਘ ਚੁਣੇ ਗਏ। ਫਰੀਦਕੋਟ ਜ਼ਿਲ੍ਹਾ ਪ੍ਰਧਾਨ ਧਰਮਿੰਦਰ ਸਿੰਘ ਅਤੇ ਨਵ-ਨਿਯੁਕਤ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰ ਅਧਿਆਪਕਾਂ ਦੀਆਂ ਜਾਇਜ਼ ਮੰਗਾਂ ਵੱਲ ਧਿਆਨ ਨਹੀਂ ਦੇ ਰਹੀ, ਜਿਸ ਕਾਰਨ ਅਧਿਆਪਕ ਵਰਗ ਵਿੱਚ ਭਾਰੀ ਰੋਸ ਹੈ। ਨਵੀਂ ਚੁਣੀ ਗਈ ਟੀਮ ਨੇ ਭਰੋਸਾ ਦਵਾਇਆ ਕਿ ਉਹ ਦ੍ਰਿੜ੍ਹਤਾ ਅਤੇ ਇਮਾਨਦਾਰੀ ਨਾਲ ਅਧਿਆਪਕ ਮਸਲਿਆਂ ਦੇ ਹੱਲ ਲਈ ਮੋਢੇ ਨਾਲ ਮੋਢਾ ਜੋੜ ਕੇ ਲੜਨਗੇ।ਨਵ-ਨਿਯੁਕਤ ਸੂਬਾ ਮੀਤ ਪ੍ਰਧਾਨ ਸ੍ਰੀ ਜੀਤੇਂਦਰ ਕੁਮਾਰ ਹੰਸ ਅਤੇ ਜਥੇਬੰਦਕ ਸਕੱਤਰ ਸ੍ਰੀ ਰਜਿੰਦਰ ਕੁਮਾਰ ਨੇ ਸਾਂਝੇ ਬਿਆਨ ਵਿੱਚ ਸਮੂਹ ਆਗੂਆਂ ਤੇ ਸਾਥੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਅਹੁਦੇ ਸਾਡੇ ਲਈ ਸਿਰਫ਼ ਸਨਮਾਨ ਨਹੀਂ, ਸਗੋਂ ਮੁਲਾਜ਼ਮ ਵਰਗ ਦੀ ਸੇਵਾ ਅਤੇ ਜਥੇਬੰਦੀ ਪ੍ਰਤੀ ਜਵਾਬਦੇਹੀ ਦਾ ਫ਼ਰਜ਼ ਹਨ।



ਮੁੱਖ ਮੰਤਰੀ, ਵਿੱਤ ਮੰਤਰੀ ਤੇ ਮੁੱਖ ਸਕੱਤਰ ਦੇ ਪੁਤਲੇ ਫੂਕ ਕੇ ਕੀਤਾ ਰੋਸ ਪ੍ਰਦਰਸ਼ਨ



ਮੋਗਾ (ਇਕਬਾਲ ਸਿੰਘ ਖਹਿਰਾ)- ਪੰਜਾਬ ਸਟੇਟ ਮਨਿਸਟਰੀਅਲ ਸਰਵਿਸਿਜ਼ ਯੂਨੀਅਨ ਪੰਜਾਬ ਦੇ ਦਿੱਤੇ ਗਏ ਸੱਦੇ 'ਤੇ ਜ਼ਿਲ੍ਹਾ ਕਮੇਟੀ ਮੋਗਾ ਵੱਲੋਂ ਡੀ.ਏ.ਸੀ. ਕੰਪਲੈਕਸ ਮੋਗਾ ਦੇ ਸਾਹਮਣੇ ਮੁੱਖ ਮੰਤਰੀ, ਵਿੱਤ ਮੰਤਰੀ ਅਤੇ ਮੁੱਖ ਸਕੱਤਰ ਦੇ ਪੁਤਲੇ ਫੂਕ ਕੇ ਰੋਸ ਰੈਲੀ ਕੀਤੀ ਗਈ। ਇਸ ਰੋਸ ਰੈਲੀ ਵਿੱਚ ਦਫ਼ਤਰੀ ਕਾਮਿਆਂ ਤੋਂ ਇਲਾਵਾ ਸਾਂਝੇ ਮੰਚ ਦੇ ਸਾਥੀਆਂ ਵੱਲੋਂ ਵੀ ਰੋਸ ਰੈਲੀ ਵਿੱਚ ਸ਼ਮੂਲੀਅਤ ਕੀਤੀ ਗਈ। ਰੋਸ ਰੈਲੀ ਸੰਬੋਧਨ ਕਰਦੇ ਹੋਏ ਜ਼ਿਲ੍ਹਾ ਪ੍ਰਧਾਨ ਕੁਲਦੀਪ ਸਿੰਘ ਵੱਲੋਂ ਦੱਸਿਆ ਗਿਆ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਨੂੰ ਤਕਰੀਬਨ 5 ਸਾਲ ਦਾ ਸਮਾਂ ਹੋਣ ਵਾਲਾ ਹੈ, ਪ੍ਰੰਤੂ ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਮੰਗਾਂ ਮੰਨਣ ਵੱਲ ਕੋਈ ਧਿਆਨ ਨਹੀਂ ਹੈ। ਸਰਕਾਰ ਦੇ ਨੁਮਾਇੰਦੇ ਮੁਲਾਜ਼ਮਾਂ ਦੀ ਗੱਲ ਸੁਣਨ ਨੂੰ ਤਿਆਰ ਨਹੀਂ। ਆਗੂਆਂ ਨੇ ਦੱਸਿਆ ਕਿ ਸਰਕਾਰ ਦੇ ਇਸ ਅੜੀਅਲ ਵਤੀਰੇ ਦੇ ਵਿਰੁੱਧ ਦਫਤਰੀ ਕਾਮਿਆਂ ਵੱਲੋਂ 5–6 ਨਵੰਬਰ ਨੂੰ ਦਫ਼ਤਰੀ ਕੰਮ ਬੰਦ ਕਰਕੇ ਦੋ ਦਿਨ ਦੀ ਪੈਨ ਡਾਊਨ/ਕੰਪਿਊਟਰ ਬੰਦ ਹੜਤਾਲ ਰੱਖੀ ਗਈ ਹੈ। ਜਿਸ ਨੂੰ ਮੁਲਾਜ਼ਮ ਸਰਕਾਰ ਦੇ ਵਿਰੁੱਧ ਲਾਗੂ ਕਰਕੇ ਵੱਡੀ ਪੱਧਰ 'ਤੇ ਸਰਕਾਰ ਦਾ ਕੰਮਕਾਜ ਠੱਪ ਕੀਤਾ ਜਾਵੇਗਾ।ਇਸ ਤੋਂ ਇਲਾਵਾ ਇਸ ਰੋਸ ਰੈਲੀ ਨੂੰ ਸੰਦੀਪ ਕੁਮਾਰ ਜ਼ਿਲ੍ਹਾ ਜਨਰਲ ਸਕੱਤਰ, ਦਲਬੀਰ ਸਿੰਘ ਜ਼ਿਲ੍ਹਾ ਪ੍ਰਧਾਨ ਡੀ.ਸੀ. ਦਫ਼ਤਰ ਯੂਨੀਅਨ, ਰਾਜਿੰਦਰ ਸਿੰਘ ਰਿਆੜ, ਗੁਰਜੀਤ ਸਿੰਘ ਔਲਖ ਜ਼ਿਲ੍ਹਾ ਜਨਰਲ ਸਕੱਤਰ ਡੀ.ਸੀ. ਦਫਤਰ ਯੂਨੀਅਨ ਵੱਲੋਂ ਵੀ ਸੰਬੋਧਨ ਕੀਤਾ ਗਿਆ। ਇਸ ਰੈਲੀ ਨੂੰ ਸੰਬੋਧਨ ਕਰਦੇ ਹੋਏ ਰਾਜਦੀਪ ਜੈਦਕਾ ਸੀਨੀਅਰ ਮੀਤ ਪ੍ਰਧਾਨ, ਹਰਪ੍ਰੀਤ ਸਿੰਘ ਵਾਟਰ ਸਪਲਾਈ, ਪ੍ਰੇਮ ਕੁਮਾਰ, ਸੁਖਦੇਵ ਸਿੰਘ ਪੈਨਸ਼ਨਰ ਆਗੂ, ਸਤਿਅਮ ਪ੍ਰਕਾਸ਼, ਰਾਜੂ ਸਿੰਘ, ਗੁਰਨੈਬ ਸਿੰਘ ਪੰਜਾਬ ਸੁਬਾਡੀਨੇਟ ਫੈਡਰੇਸ਼ਨ 1406, ਜਸਵਿੰਦਰ ਸਿੰਘ, ਰਣਜੀਤ ਸਿੰਘ, ਮਨੀਸ਼ ਕੁਮਾਰ ਖਜ਼ਾਨਾ ਦਫ਼ਤਰ, ਰਾਜਿੰਦਰਪਾਲ, ਰੂਪ ਸਿੰਘ, ਅਮਨਦੀਪ ਸਿੰਘ, ਕਮਲਦੀਪ ਸਿੰਘ ਪੀ.ਡਬਲਯੂ.ਡੀ., ਕੁਲਦੀਪ ਸਿੰਘ ਘਾਲੀ, ਸੰਦੀਪ ਕੌਰ, ਗੁਰਪ੍ਰੀਤ ਕੌਰ, ਜਸਪ੍ਰੀਤ ਕੌਰ ਡੀ.ਸੀ. ਦਫ਼ਤਰ ਤੋਂ ਇਲਾਵਾ ਹੋਰ ਵਿਭਾਗਾਂ ਦੇ ਸਾਥੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਸੰਗਰੂਰ ਦੀ ਇਨਸਾਫ਼ ਰੈਲੀ 'ਆਪ' ਸਰਕਾਰ ਲਈ ਲੋਕਾਂ ਦੇ ਗੁੱਸੇ ਦਾ ਖੁੱਲ੍ਹਾ ਐਲਾਨ: ਸੱਚਰ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)- ਸੰਗਰੂਰ ਦੀ ਧਰਤੀ 'ਤੇ ਸ੍ਰੀ ਰਾਹੁਲ ਗਾਂਧੀ ਦੀ ਅਗਵਾਈ ਹੇਠ ਹੋਈ ਵਿਸ਼ਾਲ 'ਇਨਸਾਫ਼ ਰੈਲੀ' ਨੂੰ ਸੰਬੋਧਨ ਕਰਦਿਆਂ ਸੀਨੀਅਰ ਕਾਂਗਰਸੀ ਆਗੂ ਅਤੇ ਹਲਕਾ ਇੰਚਾਰਜ ਮਜੀਠਾ ਸ੍ਰ. ਭਗਵੰਤ ਪਾਲ ਸਿੰਘ ਸੱਚਰ ਨੇ ਕਿਹਾ ਕਿ ਇਸ ਰੈਲੀ ਨੇ ਪੰਜਾਬ ਦੀ ਸਿਆਸਤ ਵਿੱਚ ਨਵਾਂ ਅਧਿਆਏ ਜੋੜ ਦਿੱਤਾ ਹੈ। ਪੰਜਾਬ ਭਰ ਤੋਂ ਵੱਡੀ ਗਿਣਤੀ ਵਿੱਚ ਪਹੁੰਚੇ ਲੋਕਾਂ ਦਾ ਜੋਸ਼, ਉਤਸ਼ਾਹ ਅਤੇ ਇਕਜੁੱਟਤਾ ਇਸ ਗੱਲ ਦਾ ਸੰਕੇਤ ਹੈ ਕਿ ਲੋਕ ਆਮ ਆਦਮੀ ਪਾਰਟੀ ਦੇ ਵਾਅਦਿਆਂ ਅਤੇ ਬਦਲਾਅ ਦੇ ਦਾਅਵਿਆਂ ਤੋਂ ਨਿਰਾਸ਼ ਹੋ ਚੁੱਕੇ ਹਨ।ਸ੍ਰ. ਸੱਚਰ ਨੇ ਕਿਹਾ ਕਿ ਸੰਗਰੂਰ ਵਿੱਚ ਹੋਇਆ ਇਹ ਵਿਸ਼ਾਲ ਇਕੱਠ ਸਿਰਫ਼ ਇੱਕ ਰਾਜਨੀਤਕ ਰੈਲੀ ਨਹੀਂ, ਸਗੋਂ ਮੌਜੂਦਾ ਸਰਕਾਰ ਦੀ ਕਾਰਗੁਜ਼ਾਰੀ ਪ੍ਰਤੀ ਲੋਕਾਂ ਦੇ ਵਧ ਰਹੇ ਰੋਸ ਅਤੇ ਜਵਾਬਦੇਹੀ ਦੀ ਮੰਗ ਦਾ ਪ੍ਰਗਟਾਵਾ ਹੈ।ਪੰਜਾਬ ਦੇ ਲੋਕਾਂ ਨੇ ਬਦਲਾਅ ਦੀ ਆਸ ਨਾਲ ਆਮ ਆਦਮੀ ਪਾਰਟੀ ਨੂੰ ਸੱਤਾ ਸੌਂਪੀ ਸੀ, ਪਰ ਅੱਜ ਲੋਕ ਚੋਣਾਂ ਸਮੇਂ ਕੀਤੇ ਵਾਅਦਿਆਂ ਅਤੇ ਜ਼ਮੀਨੀ ਹਕੀਕਤ ਵਿਚਲੇ ਫ਼ਰਕ ਬਾਰੇ ਸਵਾਲ ਪੁੱਛ ਰਹੇ ਹਨ। ਲੋਕ ਆਪਣੇ ਹੱਕਾਂ ਦੀ ਰਾਖੀ, ਸਮੱਸਿਆਵਾਂ ਦਾ ਹੱਲ ਅਤੇ ਸਰਕਾਰ ਤੋਂ ਜਵਾਬਦੇਹੀ ਚਾਹੁੰਦੇ ਹਨ। ਲੋਕਤੰਤਰ ਵਿੱਚ ਜਨਤਾ ਹੀ ਸਭ ਤੋਂ ਵੱਡੀ ਤਾਕਤ ਹੈ ਅਤੇ ਉਸ ਦੀ ਆਵਾਜ਼ ਨੂੰ ਲੰਮੇ ਸਮੇਂ ਤੱਕ ਅਣਸੁਣਿਆ ਨਹੀਂ ਕੀਤਾ ਜਾ ਸਕਦਾ।ਸ੍ਰ. ਸੱਚਰ ਨੇ ਕਿਹਾ ਕਿ ਰਾਹੁਲ ਗਾਂਧੀ ਦੀ ਅਗਵਾਈ ਹੇਠ ਹੋਈ ਇਸ ਰੈਲੀ ਨੇ ਪੰਜਾਬ ਦੇ ਲੋਕਾਂ ਦੇ ਮੁੱਦਿਆਂ ਨੂੰ ਕੌਮੀ ਪੱਧਰ 'ਤੇ ਉਭਾਰਨ ਦਾ ਮੌਕਾ ਦਿੱਤਾ ਹੈ। ਕਾਂਗਰਸ ਪਾਰਟੀ ਪੰਜਾਬ ਦੇ ਹੱਕਾਂ, ਲੋਕਾਂ ਦੀਆਂ ਸਮੱਸਿਆਵਾਂ ਅਤੇ ਇਨਸਾਫ਼ ਦੀ ਲੜਾਈ ਨੂੰ ਪੂਰੀ ਮਜ਼ਬੂਤੀ ਨਾਲ ਜਾਰੀ ਰੱਖੇਗੀ।

ਕਾਇਆਕਲਪ ਟੀਮ ਨੇ ਕਮਿਊਨਿਟੀ ਹੈੱਲਥ ਸੈਂਟਰ ਸਰਹਾਲੀ ਦੀ ਕੀਤੀ ਚੈਕਿੰਗ



ਚੋਹਲਾ ਸਾਹਿਬ (ਰਮਨ ਚੱਢਾ)-ਸਿਵਲ ਸਰਜਨ ਤਰਨ ਤਾਰਨ ਡਾਕਟਰ ਸੰਦੀਪ ਧਵਨ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਬੀਤੇ ਦਿਨੀਂ ਕਾਇਆਕਲਪ ਟੀਮ ਡਾਕਟਰ ਦੀਪਿਕਾ ਸ਼ਰਮਾ ਅਤੇ ਡਾਕਟਰ ਰਾਜੀਵ ਭਗਤ ਵੱਲੋਂ ਕਮਿਊਨਿਟੀ ਹੈਲਥ ਸੈਂਟਰ ਸਰਹਾਲੀ ਕਲਾਂ ਵਿਖੇ ਚੈਕਿੰਗ ਕੀਤੀ ਗਈ। ਇਸ ਸਮੇਂ ਜਾਣਕਾਰੀ ਦਿੰਦੇ ਹੋਏ ਸੀਨੀਅਰ ਮੈਡੀਕਲ ਅਫਸਰ ਡਾਕਟਰ ਜਤਿੰਦਰ ਸਿੰਘ ਗਿੱਲ ਇੰਚਾਰਜ ਸੀ. ਐੱਚ. ਸੀ. ਸਰਹਾਲੀ ਨੇ ਦੱਸਿਆ ਕਿ ਕਾਇਆਕਲਪ ਟੀਮ ਡਾਕਟਰ ਦੀਪਿਕਾ ਸ਼ਰਮਾ ਅਤੇ ਡਾਕਟਰ ਰਾਜੀਵ ਭਗਤ ਵੱਲੋਂ ਕਮਿਊਨਿਟੀ ਹੈਲਥ ਸੈਂਟਰ ਸਰਹਾਲੀ ਕਲਾਂ ਵਿਖੇ ਮਰੀਜ਼ਾਂ ਨੂੰ ਦਿੱਤੀਆਂ ਜਾਂਦੀਆਂ ਮਿਆਰੀ ਸਿਹਤ ਸਹੂਲਤਾਂ ਦੇ ਨਾਲ ਨਾਲ ਹਸਪਤਾਲ ਦੀ ਸਾਫ ਸਫਾਈ ਦਾ ਨਿਰੀਖਣ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਕਿ ਟੀਮ ਵੱਲੋਂ ਹਸਪਤਾਲ ਵਿਖੇ ਐਮਰਜੈਂਸੀ ਅਤੇ ਓ ਪੀ ਡੀ ਵਿੱਚ ਦਿੱਤੀਆਂ ਜਾਂਦੀਆਂ ਸਿਹਤ ਸਹੂਲਤਾਂ ਦੀ ਜਾਂਚ ਕੀਤੀ ਗਈ ਅਤੇ ਐੱਮ ਸੀ ਐੱਚ ਵਿਖੇ ਗਰਭਵਤੀ ਔਰਤਾਂ ਅਤੇ ਬੱਚਿਆਂ ਦੇ ਕੀਤੇ ਜਾਂਦੇ ਟੀਕਾਕਰਨ ਅਤੇ ਲੈਬ ਦਾ ਨਿਰੀਖਣ ਵੀ ਕੀਤਾ ਗਿਆ। ਇਸ ਸਮੇਂ ਟੀਮ ਵੱਲੋਂ ਰਿਕਾਰਡ ਦੀ ਵੀ ਚੈਕਿੰਗ ਕੀਤੀ ਗਈ। ਇਸ ਸਮੇਂ ਡਾਕਟਰ ਸੰਦੀਪ ਕੌਰ ਮੈਡੀਕਲ ਅਫਸਰ, ਡਾਕਟਰ ਕਵਰਪੁਨੀਤ ਸਿੰਘ ਮੈਡੀਕਲ ਅਫਸਰ,ਨਰਸਿੰਗ ਸਿਸਟਰ ਤਰਜੀਤ ਕੌਰ,ਮਨਦੀਪ ਕੌਰ ਰੇਡੀਓਗ੍ਰਾਫਰ, ਸ਼ਬਨਮ ਸਟਾਫ ਨਰਸ, ਸੰਦੀਪ ਕੌਰ ਚੰਬਾ ਸਟਾਫ ਨਰਸ, ਸੰਦੀਪ ਕੌਰ ਪੰਨੂ ਸਟਾਫ ਨਰਸ, ਗੁਰਵਿੰਦਰ ਕੌਰ ਸਟਾਫ ਨਰਸ, ਅਪਥਾਲਮਿਕ ਅਫਸਰ ਪ੍ਰਮਜੀਤ ਕੌਰ, ਜਸਵਿੰਦਰ ਕੌਰ ਕੰਪਿਊਟਰ ਆਪ੍ਰੇਟਰ, ਸਰਬਜੀਤ ਕੌਰ ਫਾਰਮੇਸੀ ਅਫਸਰ, ਅਭੀਜੀਤ ਸਿੰਘ ਰੇਡੀਓਗ੍ਰਾਫਰ, ਜ਼ਸਕੀਰਤ ਸਿੰਘ ਫਾਰਮੇਸੀ ਅਫਸਰ, ਗੁਰਜੀਤ ਸਿੰਘ, ਤੇਜਿੰਦਰ ਸਿੰਘ ਆਦਿ ਹਾਜ਼ਰ ਸਨ ਐੱਚ. ਡੀ. ਐੱਫ. ਸੀ. ਬੈਂਕ ਨੂੰ ਕੈਪੀਟਲ ਗੇਨ ਅਕਾਊਂਟ ਸਕੀਮ ਤਹਿਤ ਜਮ੍ਹਾ ਰਾਸ਼ੀ ਸਵੀਕਾਰ ਕਰਨ ਦੀ ਮਿਲੀ ਮਨਜ਼ੂਰੀਅੰਮ੍ਰਿਤਸਰ : ਐੱਚ.ਡੀ.ਐੱਫ.ਸੀ. ਬੈਂਕ ਨੂੰ ਕੈਪੀਟਲ ਗੇਨ ਅਕਾਊਂਟ ਸਕੀਮ (ਸੀ.ਜੀ.ਏ.ਐੱਸ.), 1988 ਤਹਿਤ ਜਮ੍ਹਾ ਰਾਸ਼ੀ ਸਵੀਕਾਰ ਕਰਨ ਲਈ ਸਰਕਾਰੀ ਮਨਜ਼ੂਰੀ ਮਿਲ ਗਈ ਹੈ।

ਇਸ ਸਕੀਮ ਰਾਹੀਂ ਟੈਕਸਦਾਤਾ ਆਪਣੇ ਅਣਵਰਤੇ ਪੂੰਜੀ ਲਾਭ ਨੂੰ ਵੱਧ ਤੋਂ ਵੱਧ ਤਿੰਨ ਸਾਲਾਂ ਲਈ ਬੈਂਕ ਵਿੱਚ ਜਮ੍ਹਾ ਕਰਵਾ ਸਕਦੇ ਹਨ ਅਤੇ ਵਿਆਜ ਦੇ ਨਾਲ ਟੈਕਸ ਛੋਟ ਦਾ ਲਾਭ ਲੈ ਸਕਦੇ ਹਨ।ਗਾਹਕ ਬੈਂਕ ਦੀਆਂ ਸ਼ਹਿਰੀ ਅਤੇ ਅਰਧ-ਸ਼ਹਿਰੀ ਸ਼ਾਖਾਵਾਂ ਵਿੱਚ ਬਚਤ ਖਾਤਾ (ਏ) ਜਾਂ ਫਿਕਸਡ ਡਿਪਾਜ਼ਿਟ (ਬੀ) ਖੋਲ੍ਹ ਸਕਦੇ ਹਨ।ਬੈਂਕ ਦੀ ਅਧਿਕਾਰੀ ਸੁਨਾਲੀ ਰੋਹੜਾ ਨੇ ਕਿਹਾ ਕਿ ਇਸ ਸਹੂਲਤ ਨਾਲ ਗਾਹਕਾਂ ਨੂੰ ਆਪਣੇ ਪੂੰਜੀ ਲਾਭ ਦੀ ਰਕਮ ਸੁਰੱਖਿਅਤ ਰੱਖਣ ਅਤੇ ਟੈਕਸ ਲਾਭ ਪ੍ਰਾਪਤ ਕਰਨ ਵਿੱਚ ਮਦਦ ਮਿਲੇਗੀ।

ਕਲਾਸੀਫਾਈਡ ਇਸ਼ਤਿਹਾਰ

Change of Name

I, Ajay Kumar S/o Gurmit Ram, R/o Village Dholanwal, PO Bassi Daulat Khan, Distt. Hoshiarpur Punjab declare that my name is Ajay Kumar. My surname is Kumar and my given name is Ajay. Concerned note.

I, Balpreet Singh S/o Sh. Daljit Singh R/o VPO. Bhungarni Distt. Hoshiarpur, Punjab India. Have Changed My Name From Balpreet Singh To Singh Balpreet. My Surname is Singh And My Given Name is Balpreet. All Concerned Note.

I, Vikramjeet S/o Harwinder Kumar R/o H. No. 598/2 Adampur Doaba Distt. Jalandhar Punjab 144102 have changed my name to Vikramjeet Vikramjeet. Concerned note.

I,Gurpreet Singh S/O Satnam Singh R/O VPO Mehta Distt.Amritsar,Punjab have changed my name from Gurpreet Singh to Gurpreet as my Given name and Singh as my Surname.

I, Shivali Syal W/O Manish Syal R/O H.No.61,Gali No.5,Near Gill Dairy,Ranjit Vihar,Loharka Road, Amritsar,Punjab have changed my name from Shivali Syal to Shivali Khanna.Concerned note.

I,Yogesh Gupta, S/o Sh. Surender Kumar Gupta, R/o C-12, Silver Residency, Near T.V. Tower, Khurla Kingra, Jalandhar, declare that my father's name is recorded as Surender Gupta in my Passport, whereas his actual and correct name is Surender Kumar Gupta. That both the names "Surender Gupta" and "Surender Kumar Gupta" refer to one and the same person.

I, Kulwinder Singh S/O Jagtar Singh R/O Village Bhoepur, P.O. Sandhanwal, Tehsil Shahkot, District Jalandhar, Punjab-144703, India have changed my name to Singh Kulwinder. Singh considers as Surname and Kulwinder Considers as given name. Note Please

I, Monica Rai Wife of Abdul Masih R/O V.P.O. Killi, Tehsil Shahkot, Distt. Jalandhar, Punjab-144702, India have changed my name Monica Rai to Monica Rani . Note Please.

I, Lalima sharma D/o Harish Chander R/o 105 Kathera Mohalla Basti Danishmandan jalandhar have changed my name from cherry to Lalima sharma.

I Raj Rani W/O Gulzar Masih R/O Hno-95, Sher Shah Suri Road Hargobind Avenue, Chheharta, Amritsar Have Chnaged My Name To Raj Rani Masih

I Vandana Oberoi W/O Anmol Oberoi R/O 1892/1 Gali Kakejian Katra Baghian Amritsar Pin:143001,Punjab India have changed my name from Vandna to Vandana Oberoi.All concerned please note.

I, Manjeet Kumar S/o Darshan Lal, Resident of H.No. 54 Roshan Vihar Colony Batala Gurdaspur Punjab India, have changed my name from Manjeet Kumar to Kumar Manjeet (Surname as Kumar). All please note.

I, Ranjit Kaur W/o Davinder Singh R/o VPO. Ucha, Jalandhar Pin: 144102 Punjab, India have changed my name from Ranjit Kaur to RANJIT as given name and KAUR as surname. All concerned please note.

I Solanki Girishkumar Narottambhai S/o Narottambhai R/o C/27 Avichal Park Zundal Distt Gandhinagar Gujarat 382421. have changed my minor daughter Name from Pihu to Pihu Girishkumar Solanki . Vide Affidavit date 04-11-2026 before Jalandhar Court.

I Solanki Girishkumar Narottambhai S/o Narottambhai R/o C/27 Avichal Park Zundal Distt Gandhinagar Gujarat 382421. have changed my minor daughter Name from Preetha to Solanki Preetha Girish kumar . Vide Affidavit date 04-11-2026 before Jalandhar Court.

I Solanki Jagrutiben Spouse of Solanki Girishkumar Narottambhai resident of C/27 Avichal Park Zundal Distt Gandhinagar Gujarat 382421. have changed my Name from Solanki Jagrutiben to Jagrutiben Girishkumar Solanki. Vide Affidavit date 04-11-2026 before Jalandhar Court.

I Rakesh Kumar S/o Gurcharan Singh, R/o H.No. 70, opp. Sai Baba Mandir, Parkash Enclave , VTC Khurla, PO Khurla , Jalandhar, Punjab-144003 declare that Rakesh Kumar and Rakesh Chhibber is one and same person. All concerned may note.

I, Rajwant Kaur W/O Sharanjit Singh R/O 4987, Amarkot, near Khalsa College, Amritsar hereby declare that Kaur is my Surname and Rajwant is my given name.All Concerned please note.

I, Amit S/o Surinder Kumar Jaggi R/o # 3, Globe Colony, Industrial Area, Jalandhar have added my surname as Amit Jaggi (Surname as Jaggi) All Please Note.

Change of Name

I, Reeta Rani D/o Kaila Ram R/o Street No. 06, Mohalla Dharamkot, Hoshiarpur road, Phagwara, Kapurthala have changed my Given name as Reeta & Surname as Rani. All Please Note.

I, Shivani w/o Amit Jaggi R/o # 3, Globe Colony, Industrial Area, Jalandhar have added my surname as Shivani Jaggi (Surname as Jaggi) All Please Note.

I, Maitri D/o Amit Jaggi R/o # 3, Globe Colony, Industrial Area, Jalandhar have added my surname as Maitri Jaggi (Surname as Jaggi) All Please Note.

I, Baljit Kaur w/o Haripal Singh R/o 12, Hardiyal Nagar, Near SGL Hospital, Garha Road, Jalandhar-144022, Punjab have changed my name as Baljit Kaur Nagra. All Please Note.

I, Sunita Alias Neetu D/o Karamjit Singh R/o Mast Colony, Kot Sadeeq, Kala Singha Road, Jalandhar, Punjab-144002 have changed my name from Sunita Alias Neetu to Neetu. All Please Note.

I, Amarjit Singh S/o Manjit Singh R/o Vill. Jahangirpur, Po. Khiranwali, Distt. Kapurthala, Punjab have changed my name from Amarjit Singh to Singh Amarjit (Surname as Singh) All Please Note.

I, Rakesh Kumar S/o Tulsi Dass R/o H.No. 1060, Kabir Nagar, Grain Market, Distt. Jalandhar. I declare that Rakesh as my given name and Kumar as my surname. All Please Note.

I, Hitherto Known As Pardeep Kumar S/o Prempal R/o Vill. Odhpur, PO. Tanda Urmar, Teh. Dasuya, Hoshiarpur, Punjab - 144204, have changed my name and shall hereafter be known as Kumar Pardeep.

I, Parmjit Kaur W/o Kulwinder Singh R/o VPO. Rani Pind, Teh. Dasuya, Distt. Hoshiarpur, Punjab - 144203 have changed the name of my minor son Gursharnpreet Singh and shall hereafter be Known as Singh Gursharnpreet.

I, Ram Ji Dass S/o Gurmej Singh R/o Village Bashesherpur, Jalandhar-144026, Punjab have changed my name from Ram Ji Dass to Ramji Dass. All concerned please note.

I, Sangeeta Munjal W/o Prince Kumar Kataria R/o 1021-A, New Model House. Jalandhar, Punjab have changed my name from Sangeeta Munjal to Sangeeta Kataria after marriage. All concerned please note.

I, Sabi Lal S/o Piyara Lal R/o Village Fattowal, Distt. Hoshiarpur, Punjab-146113 have changed my name from Sabi Lal to Given Name Sabi & Surname as Lal. Concerned Note.

I, Paramjit Kaur D/o Baldev Singh R/o Village Choladha, PO. Paramjitpur, Tehsil Sultanpur Lodhi, Distt. Kapurthala, Punjab-144626 have changed my name from Paramjit Kaur to Given Name Paramjit & Surname as Kaur. All concerned please note.

I, Hans Raj, resident of Patti Dhunni Ki, Village Jandiala, Tehsil Phillaur, District Jalandhar, Punjab, hereby declare that my Minor daughter's name, previously Name Is VAISHNAVI I Have changed Name to VAISHNAVI KAUL.

PUBLIC NOTICE

I, Shiv Bahadur S/o Bharchi Dass ,R/o Village Sakruli,Tehsil Garshankar, District Hoshiarpur Punjab India do hereby declare that in my son's 10th Class School certificate my name is mentioned as S Bahapur Singh but in my Adhar card,Pan card and in other documents it is mentioned as Shiv Bahadur and I further declare that S Bahapur Singh and Shiv Bahadur is one and the same person .

I, Anshul S/o Shiv Bahadur,R/o Village Sakruli,Tehsil Garshankar, District Hoshiarpur Punjab India do hereby declare that in my 10th Class School certificate my father's name is mentioned as S Bahapur Singh but in my father's Adhar card,Pan card and in other documents it is mentioned as Shiv Bahadur and I further declare that S Bahapur Singh and Shiv Bahadur is one and the same person as my father.

I Daljit Kaur Thind wife of Sarbjodh Singh Thind Resident 0f Village Muketram Wala, Teh. Sultanpur Lodhi, Distt. Kapurthala that my daughter Divreet Kaur Thind studies at Christ Jyoti Convent School Gazipur Road, Sultanpur Lodhi that my daughter's Birth certificate her Mother recorded as Daljit Kaur Thind, but in the school records her Mother name written as Daljit Kaur. That i wish to get my daughter's Mother name corrected in her school records to Daljit Kaur Thind, concerned please note.

ਬੇਦਖਲੀ ਨੋਟਿਸ

ਮੈਂ, ਸੁਦੇਸ਼ ਕੁਮਾਰ ਪੁੱਤਰ ਜੈ ਪਾਲ, ਵਾਸੀ ਸੰਗਤਪੁਰਾ ਮੁਹੱਲਾ, ਧੂਰੀ (ਸੰਗਰੂਰ) ਆਪਣੇ ਲੜਕੇ ਪੁਨੀਤ ਕੁਮਾਰ ਉਰਫ ਪੁੰਨੂ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ-ਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖੁੱਦ ਜਿੰਮੇਵਾਰ ਹੋਣਗੇ।

ਮੈਂ, ਮੁਹੰਮਦ ਮੁਸਤਫਾ ਪੁੱਤਰ ਸ੍ਰੀ ਇਬਰੇ ਖਾਂ, ਵਾਸੀ ਪਿੰਡ ਮਹਿਦੂਦਪੁਰ ਉਰਫ ਦੁਗਨੀ, ਤਹਿਸੀਲ ਧੂਰੀ, ਜ਼ਿਲ੍ਹਾ ਸੰਗਰੂਰ ਆਪਣੇ ਲੜਕੇ ਸਗੀਰ ਖਾਨ, ਨੂੰਹ ਸ਼ਕੀਲਾ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਉਨ੍ਹਾਂ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਨਾਲ ਲੈਣਦੇਣ ਕਰਨ ਵਾਲੇ ਖੁੱਦ ਜਿੰਮੇਵਾਰ ਹੋਣਗੇ।

ਮੈਂ ਵਿਜੇ ਕੁਮਾਰ ਪੁੱਤਰ ਮੁੱਲਖ ਰਾਜ ਵਾਸੀ 116- ਏ, ਗਲੀ ਨੰਬਰ 3, ਸ਼ਹੀਦ ਊਧਮ ਸਿੰਘ ਕਾਲੋਨੀ, ਸ਼ਬਾਲ ਰੋਡ, ਅੰਮ੍ਰਿਤਸਰ ਅਤੇ ਹਾਲ ਵਾਸੀ ਕੋਠੀ ਨੰਬਰ-17, ਅਨੰਦ ਐਵੀਨਿਊ ਕਲੋਨੀ, ਨੇੜੇ ਰੇਲਵੇ ਫਾਟਕ, ਸ਼ਬਾਲ ਰੋਡ, ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਰੋਹਿਤ ਧੂੰਨਾ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਮੈਂ ਅਤੇ ਮੇਰਾ ਪਰਿਵਾਰ ਇਸ ਦੇ ਕਿਸੇ ਲੈਣ ਦੇਣ ਦਾ ਜਿੰਮੇਵਾਰ ਨਹੀਂ ਹੋਵੇਗਾ।

ਮੈਂ, ਦਲਜੀਤ ਕੌਰ ਪਤਨੀ ਲੇਟ ਜਗਜੀਤ ਸਿੰਘ ਵਾਸੀ ਮਕਾਨ ਨੰਬਰ ਈ. ਓ. 267, ਪੀਰ ਬੋਦਲਾਂ ਬਾਜ਼ਾਰ, ਜਲੰਧਰ-1, ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਰਾਜਪ੍ਰੀਤ ਸਿੰਘ ਅਤੇ ਮੇਰੀ ਨੂੰਹ ਰੂਬੀ ਤੇ ਉਨ੍ਹਾਂ ਦੀ ਪੁੱਤਰੀ ਅਬਨੂਰ ਕੌਰ (3 ਸਾਲ), ਮੇਰੇ ਨਾਲ ਲੜਾਈ-ਝਗੜਾ ਅਤੇ ਤੰਗ-ਪ੍ਰੇਸ਼ਾਨ ਕਰਦੇ ਹਨ ਮੇਰੀ ਕੋਈ ਗੱਲ ਨਹੀਂ ਮੰਨਦੇ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਿਵਾਰ ਦਾ ਇਨ੍ਹਾਂ ਨਾਲ ਕੋਈ ਸੰਬੰਧ/ਤਲਕ-ਵਾਸਤਾ ਨਹੀਂ ਹੈ।

ਅਸੀਂ ਵਿਜੇ ਕੁਮਾਰ ਪੁੱਤਰ ਅਮਰ ਨਾਥ ਅਤੇ ਆਸ਼ਾ ਰਾਣੀ ਪਤਨੀ ਵਿਜੇ ਕੁਮਾਰ , ਵਾਸੀਆਨ ਮਕਾਨ ਨੰਬਰ ਈ. ਐਮ. 191, ਕੋਟ ਪਕਸ਼ੀਆਂ, ਜਲੰਧਰ ਇਹ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਪੰਕਜ ਉਸਦੀ ਪਤਨੀ ਰਜਨੀ ਸਿੱਧੂ ਅਤੇ ਇਹਨਾ ਦਾ ਬੱਚਾ ਅਨਹਦ ਗਰੇਵਾਲ ਸਾਡੇ ਕਹਿਣੇ ਤੋਂ ਬਾਹਰ ਹਨ । ਇਸ ਲਈ ਅਸੀਂ ਇਹਨਾ ਨੂੰ ਆਪਣੀ ਚੱਲ - ਅੱਚਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਹਨਾ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ । ਸਬੰਧਿਤ ਨੋਟ ਕਰਨ।

ਮੈਂ, ਜਸਵੀਰ ਕੌਰ ਪਤਨੀ ਸਵ: ਗੁਰਲਾਲ ਸਿੰਘ ਪੁੱਤਰ ਨੱਥੂ ਸਿੰਘ ਵਾਸੀ ਗੋਰਖ ਨਾਥ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਵਿਜੇ ਕੁਮਾਰ ਪੁੱਤਰ ਗੁਰਲਾਲ ਸਿੰਘ ਅਤੇ ਉਸ ਦੀ ਪਤਨੀ ਰਮਨਦੀਪ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ, ਮੈਨੂੰ ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਇਨ੍ਹਾਂ ਨਾਲ ਕੋਈ ਸੰਬੰਧ/ਤਲਕ-ਵਾਸਤਾ ਨਹੀਂ ਹੈ।

ਮੈਂ, ਜਨਕ ਰਾਜ ਪੁੱਤਰ ਗੁਰਦਾਸ ਮੱਲ ਵਾਸੀ ਪਿੰਡ ਮੇਘੀਆਂ, ਤਹਿਸੀਲ ਅਤੇ ਜ਼ਿਲ੍ਹਾ ਗੁਰਦਾਸਪੁਰ। ਮੇਰਾ ਲੜਕਾ ਰਾਹੁਲ ਜੋ ਮੇਰੇ ਅਤੇ ਮੇਰੇ ਪਰਿਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਇਸ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰੀ ਹੋਵੇਗਾ।

ਮੈਂ, ਸੁਲੱਖਣ ਸਿੰਘ ਪੁੱਤਰ ਇੰਦਰ ਸਿੰਘ ਵਾਸੀ ਪੱਤੀ ਚੜ੍ਹਦੀ, ਪਿੰਡ ਜਗਦੇਵ ਕਲਾਂ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਪ੍ਰੀਤ ਸਿੰਘ ਉਰਫ ਗੋਰਾ, ਜੋ ਮੇਰੇ ਕਹਿਣੇ ਤੋਂ ਬਾਹਰ ਹੈ, ਮੈਨੂੰ ਅਤੇ ਮੇਰੇ ਪਰਵਾਰ ਨੂੰ ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਅਸੀਂ, ਭਾਰਤ ਭੂਸ਼ਨ ਪੁੱਤਰ ਰਾਮ ਲਾਲ ਅਤੇ ਕੰਚਨ ਕੁਮਾਰੀ ਪਤਨੀ ਭਾਰਤ ਭੂਸ਼ਨ ਵਾਸੀਆਨ ਮਕਾਨ ਨੰ: 315, ਗਲੀ ਠੇਕੇ ਵਾਲੀ, ਨਵੀਂ ਅਬਾਦੀ, ਜੰਤਪੁਰਾ, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਧਰੁਵ ਜੋ ਕਿ ਕੁਆਰਾ ਹੈ ਅਤੇ ਸਾਡੇ ਕਹਿਣੇ ਤੋਂ ਬਾਹਰ ਹੈ। ਜਿਸ ਨੂੰ ਅਸੀਂ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਨ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ ਅਤੇ ਇਹ ਆਪਣੇ ਕੀਤੇ ਚੰਗੇ-ਮਾੜੇ ਕੰਮਾਂ ਦਾ ਵੀ ਖੁਦ ਜ਼ਿੰਮੇਵਾਰ ਹੋਵੇਗਾ। ਇਸ ਵਿਚ ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਜੋਗਿੰਦਰ ਸਿੰਘ ਪੁੱਤਰ ਸੁਰਿੰਦਰ ਸਿੰਘ ਵਾਸੀ ਮਕਾਨ ਨੰ: 408, ਗਲੀ ਨੰ: 10, ਵਾਰਡ ਨੰ: 62, ਕੋਟ ਖਾਲਸਾ, ਇੰਦਰਾ ਕਾਲੋਨੀ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੌਰਵ, ਜੋ ਮੇਰੇ ਕਹਿਣੇ ਤੋਂ ਬਾਹਰ ਹੈ, ਮੈਨੂੰ ਅਤੇ ਮੇਰੇ ਪਰਵਾਰ ਨੂੰ ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਸੰਬੰਧ ਨਹੀਂ।

ਮੈਂ, ਕੇਵਲ ਸਿੰਘ ਪੁੱਤਰ ਦਲੀਪ ਸਿੰਘ ਵਾਸੀ ਪਿੰਡ ਚੱਕ ਕਮਾਲ ਖਾਂ, ਤਹਿਸੀਲ ਲੋਪੋਕੇ ਤੇ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਹਰਜਿੰਦਰ ਸਿੰਘ ਅਤੇ ਉਸ ਦੀ ਪਤਨੀ ਸੰਦੀਪ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਸਾਨੂੰ ਤੰਗ-ਪ੍ਰੇਸ਼ਾਨ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ।

ਅਸੀਂ, ਸਤਨਾਮ ਸਿੰਘ ਪੁੱਤਰ ਅਮਰ ਸਿੰਘ ਵਾ ਪਰਮਜੀਤ ਕੌਰ ਪਤਨੀ ਸਤਨਾਮ ਸਿੰਘ ਵਾਸੀਆਨ ਮਕਾਨ ਨੰ: 38, ਗਲੀ ਨੰ: 02, ਇੰਦਰਾ ਕਾਲੋਨੀ ਕੋਟ ਖਾਲਸਾ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਰਣਜੀਤ ਸਿੰਘ ਅਤੇ ਉਸ ਦੀ ਪਤਨੀ ਰਮਨ ਕੁਮਾਰੀ, ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹਨ ਤੇ ਸਾਡੇ ਨਾਲ ਲੜਾਈ-ਝਗੜਾ ਅਤੇ ਮਰਨ ਮਾਰਨ ਦੀਆਂ ਧਮਕੀਆਂ ਦਿੰਦੇ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਅਤੇ ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਾਡਾ ਤੇ ਸਾਡੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ ਵਾਸਤਾ ਨਹੀਂ।

ਮੈਂ, ਸਤਪਾਲ ਸਿੰਘ ਪੁੱਤਰ ਨਸੀਬ ਸਿੰਘ ਵਾਸੀ ਪਿੰਡ ਤੇ ਡਾਕ. ਕੰਧਾਲਾ ਜੱਟਾਂ, ਤਹਿ. ਟਾਂਡਾ (ਹੁਸ਼ਿਆਰਪੁਰ) ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਕਾਸ਼ਦੀਪ ਸਿੰਘ ਅਤੇ ਇਸ ਦੀ ਪਤਨੀ ਮੰਜੂ, ਜੋ ਸਾਡੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ, ਸੰਬੰਧ ਰੱਖਣ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰਕ ਮੈਂਬਰਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਬੇਦਖਲੀ ਨੋਟਿਸ

ਅਸੀਂ ਬਲਵਿੰਦਰ ਪੁੱਤਰ ਸ੍ਰੀ ਲਾਲ ਚੰਦ ਵਾ ਸੁਰਿੰਦਰ ਕੌਰ ਪਤਨੀ ਸ੍ਰੀ ਬਲਵਿੰਦਰ ਵਾਸੀਆਨ ਇੰਨਸਾਇਡ ਉਹਰੀ ਗੇਟ, ਘੁਮਿਆਰਾ ਗਲੀ, ਬਟਾਲਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਸੋਨੂੰ ਅਤੇ ਉਸਦੀ ਪਤਨੀ ਮੁਸਕਾਨ ਸਾਡੇ ਕਹਿਣੇ ਤੋਂ ਬਾਹਰ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਅਸੀਂ ਹਰਜੀਤ ਸਿੰਘ ਪੁੱਤਰ ਸ੍ਰੀ ਕਰਨੈਲ ਸਿੰਘ ਅਤੇ ਪਲਵਿੰਦਰ ਕੌਰ ਪਤਨੀ ਸ੍ਰੀ ਹਰਜੀਤ ਸਿੰਘ ਵਾਸੀਆਨ ਬੱਲੋ ਕੀ ਪੱਤੀ, ਧਾਲੀਵਾਲ ਬੇਟ, ਸਬ ਤਹਿਸੀਲ ਢਿਲਵਾਂ, ਜ਼ਿਲ੍ਹਾ ਕਪੂਰਥਲਾ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਗੁਰਵਿੰਦਰ ਸਿੰਘ ਉਰਫ ਰਿੱਕੀ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਅਸੀਂ ਇਸ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਵਾ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਮੈਂ, ਰਣਜੀਤ ਸਿੰਘ ਪੁੱਤਰ ਕਰਤਾਰ ਸਿੰਘ ਵਾਸੀ ਹਰਦੋ ਝੰਡੇ, ਤਹਿ. ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਮਨਦੀਪ ਸਿੰਘ (37 ਸਾਲ), ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹੈ, ਆਪਣੀਆਂ ਮਨਮਰਜ਼ੀਆਂ ਅਤੇ ਲੜਾਈ-ਝਗੜਾ ਕਰਦਾ ਹੈ। ਮੈਂ ਉਸ ਨੂੰ ਆਪਣੀ ਤਮਾਮ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਦੇ ਕਿਸੇ ਵੀ ਤਰ੍ਹਾਂ ਦੇ ਲੈਣ-ਦੇਣ ਅਤੇ ਚੰਗੇ-ਮਾੜੇ ਕੰਮਾਂ ਦੇ ਮੈਂ ਤੇ ਮੇਰਾ ਪਰਿਵਾਰ ਜ਼ਿੰਮੇਵਾਰ ਨਹੀਂ ਹੋਵਾਂਗੇ, ਉਹ ਖੁਦ ਜ਼ਿੰਮੇਵਾਰ ਹੋਣਗੇ। ਮੇਰਾ ਤੇ ਮੇਰੇ ਪਰਵਾਰ ਦਾ ਉਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ।

ਆਮ ਸੂਚਨਾ

ਮੈਂ, ਅਜੋਤਪਾਲ ਸਿੰਘ ਪੁੱਤਰ ਸ: ਆਗਿਆਪਾਲ ਸਿੰਘ ਵਾਸੀ ਮਕਾਨ ਨੰਬਰ 236 ਗਲੀ ਨੰਬਰ 2 ਘਣੂਪੁਰ ਕਾਲਾ ਬਸੰਤ ਵਿਹਾਰ ਛੇਹਰਟਾ ਅੰਮ੍ਰਿਤਸਰ ਜਮਾਂਬੰਦੀ ਮਾਲ ਮਹਿਕਮੇ ਵਿਚ ਮੇਰਾ ਨਾਂ ਤੇਜਪਾਲ ਸਿੰਘ ਕਟ ਕੇ ਮੇਰਾ ਨਾਮ ਦਰੁਸਤ ਕਰਕੇ ਅਜੋਤਪਾਲ ਸਿੰਘ ਪੁੱਤਰ ਆਗਿਆਪਾਲ ਸਿੰਘ ਪੁੱਤਰ ਅਮਰਜੀਤ ਕੌਰ ਕੀਤਾ ਜਾਵੇ।

ਮੈਂ, ਹਰਜਿੰਦਰ ਕੌਰ ਪਤਨੀ ਲੇਟ ਸ੍ਰੀ ਸਤਨਾਮ ਸਿੰਘ ਵਾਸੀ ਪਿੰਡ ਦਿਅੰਤਪੁਰ, ਜ਼ਿਲ੍ਹਾ ਜਲੰਧਰ ਨੇ ਆਪਣੇ ਲੜਕੇ ਮਨਦੀਪ ਸਿੰਘ ਅਤੇ ਨੂੰਹ ਰਾਜਵਿੰਦਰ ਕੌਰ ਪਤਨੀ ਮਨਦੀਪ ਸਿੰਘ ਨੂੰ 2012 ਵਿੱਚ ਕਹਿਣੇ ਤੋਂ ਬਾਹਰ ਹੋਣ ਕਰਕੇ, ਕੁਝ ਗਲਤਫਹਿਮੀਆਂ ਅਤੇ ਪਰਿਵਾਰਕ ਝਗੜਿਆਂ ਕਾਰਨ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖ਼ਲ ਕਰ ਦਿੱਤਾ ਸੀ ਅਤੇ ਉਨ੍ਹਾਂ ਨਾਲੋਂ ਸਾਰੇ ਸੰਬੰਧ ਤੋੜ ਲਏ ਸਨ।ਹੁਣ ਗਲਤਫਹਿਮੀਆਂ ਅਤੇ ਝਗੜੇ ਹੁਣ ਆਪਸੀ ਸਹਿਮਤੀ ਨਾਲ ਠੀਕ ਹੋ ਗਏ ਹਨ ਅਤੇ ਪਰਿਵਾਰਕ ਸਬੰਧ ਮੁੜ ਠੀਕ ਹੋ ਗਏ ਹਨ।ਹੁਣ ਮੈਂ ਆਪਣੇ ਪੁੱਤਰ ਮਨਦੀਪ ਸਿੰਘ ਅਤੇ ਨੂੰਹ ਰਾਜਵਿੰਦਰ ਕੌਰ ਦੀ ਬੇਦਖ਼ਲੀ ਦੀ ਜਨਤਕ ਸੂਚਨਾ ਨੂੰ ਵਾਪਸ ਲੈਂਦੀ ਹਾਂ, ਰੱਦ ਕਰਦੀ ਹਾਂ।ਹੁਣ ਤੋਂ ਮਨਦੀਪ ਸਿੰਘ ਅਤੇ ਰਾਜਵਿੰਦਰ ਕੌਰ ਨੂੰ ਹਰ ਪੱਖੋਂ ਮੇਰਾ ਕਾਨੂੰਨੀ ਪੁੱਤਰ ਅਤੇ ਨੂੰਹ ਮੰਨਿਆ ਜਾਵੇਗਾ ਅਤੇ ਉਹ ਕਾਨੂੰਨ ਅਨੁਸਾਰ ਬਰਾਬਰ ਦੇ ਹੱਕਦਾਰ ਹੋਣਗੇ।

ਮੈਂ ਪੂਨਮ ਪਤਨੀ ਸਵਰਗੀ ਸ੍ਰੀ ਵਰਿੰਦਰ ਕੁਮਾਰ ਵਾਸੀ ਮਕਾਨ ਨੰਬਰ 300 ਸੋਢਲ ਨਗਰ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਬੇਟਾ ਰੋਹਿਤ ਕੁਮਾਰ , ਇਸ ਦੀ ਪਤਨੀ ਸੁਮੀਤੀ ਅਤੇ ਇਹਨਾ ਦੀ ਬੇਟੀ ਨੂੰ ਪਿਛਲੇ ਦਿਨੀਂ ਆਪਣੀ ਚੱਲ - ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਸੀ, ਜੋ ਕਿ ਹੁਣ ਇਹ ਮੇਰੇ ਕਹਿਣੇ ਵਿਚ ਹਨ। ਮੈਂ ਆਪਣੀ ਬੇਦਖ਼ਲੀ ਵਾਪਸ ਲੈਂਦੀ ਹਾਂ ਅਤੇ ਇਸ ਕਰਕੇ ਇਹ ਮੇਰੀ ਚੱਲ - ਅਚੱਲ ਜਾਇਦਾਦ ਦੇ ਪੂਰੇ ਹੱਕਦਾਰ ਹੋਣਗੇ।

ਮੈਂ, ਸ਼ਮਸ਼ੇਰ ਸਿੰਘ ਪੁੱਤਰ ਸ੍ਰੀ ਮਹਿੰਦਰ ਸਿੰਘ ਵਾਸੀ ਪਿੰਡ ਮੁਬਾਰਕਪੁਰ, ਤਹਿਸੀਲ ਭੁਲੱਥ, ਜਿਲ੍ਹਾ ਕਪੂਰਥਲਾ ਬਿਆਨ ਕਰਦਾ ਹਾਂ ਕਿ ਮੇਰਾ ਸਹੀ ਨਾਮ ਸ਼ਮਸ਼ੇਰ ਸਿੰਘ ਅਤੇ ਮੇਰੇ ਪਿਤਾ ਦਾ ਸਹੀ ਨਾਮ ਮਹਿੰਦਰ ਸਿੰਘ ਹੈ। ਜਮਾਂਬੰਦੀ ਸਾਲ 2023-2024 ਪਿੰਡ ਮੁਬਾਰਕਪੁਰ, ਹੱਦਬਸਤ ਨੰਬਰ 17 ਤਹਿਸੀਲ ਭੁਲੱਥ, ਜ਼ਿਲ੍ਹਾ ਕਪੂਰਥਲਾ ਵਿੱਚ ਖੇਵਟ ਨੰਬਰ 186/180 ਖਤੌਨੀ ਨੰਬਰ 249 ਖਸਰਾ ਨੰਬਰ 17//19 8-0, 17//20 7-12 ਕਿੱਤੇ 2 15 ਕਨਾਲ 12 ਮਰਲੇ ਵਿੱਚ ਮੇਰਾ ਨਾਮ ਸ਼ੇਰ ਸਿੰਘ ਅਤੇ ਮੇਰੇ ਪਿਤਾ ਦਾ ਨਾਮ ਲਾਭ ਸਿੰਘ 1/5 ਹਿੱਸਾ ਦਰਜ ਕੀਤਾ ਗਿਆ ਹੈ ਜੋ ਕਿ ਗਲਤ ਹੈ। ਜਮਾਂਬੰਦੀ ਵਿੱਚ ਮੇਰਾ ਨਾਮ ਸ਼ੇਰ ਸਿੰਘ ਪੁੱਤਰ ਲਾਭ ਸਿੰਘ ਦੀ ਜਗ੍ਹਾ ਤੇ ਸ਼ਮਸ਼ੇਰ ਸਿੰਘ ਪੁੱਤਰ ਮਹਿੰਦਰ ਸਿੰਘ ਪੁੱਤਰ ਲਾਭ ਸਿੰਘ ਦਰਜ ਕੀਤਾ ਜਾਵੇ ਜੋ ਕਿ ਵਾਜਿਬ ਹੈ।

ਮੈਂ, ਜਤਿੰਦਰ ਪਾਲ ਸਿੰਘ ਪੁੱਤਰ ਕੁਲਵਿੰਦਰ ਸਿੰਘ ਵਾਸੀ ਡਰੋਲੀ ਕਲ੍ਹਾ, ਤਹਿਸੀਲ ਆਦਮਪੁਰ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੈਂ ਆਪਣੀ ਭੈਣ ਚਰਨਜੀਤ ਕੌਰ ਪੁੱਤਰੀ ਕੁਲਵਿੰਦਰ ਸਿੰਘ ਦਾ ਮੁਖਤਿਆਰ ਖਾਸ ਹਾਂ। ਮੇਰੀ ਭੈਣ ਚਰਨਜੀਤ ਕੌਰ ਪੁੱਤਰੀ ਕੁਲਵਿੰਦਰ ਸਿੰਘ (ਪਤਨੀ ਸੰਦੀਪ ਸਿੰਘ) ਦਾ ਜਮਾਬੰਦੀ ਰਕਬਾ ਪਿੰਡ ਡਰੋਲੀ ਕਲਾਂ-2 ਵਿੱਚ ਨਾਮ ਸ਼ਰਨਜੀਤ ਕੌਰ ਪੁੱਤਰੀ ਕੁਲਵਿੰਦਰ ਦਰਜ ਹੈ। ਜਦਕਿ ਉਹਨਾਂ ਦੇ ਬਾਕੀ ਕਾਗਜ਼ਾਤ ਪਾਸਪੋਰਟ, ਅਧਾਰ ਕਾਰਡ, ਪੈਨ ਕਾਰਡ ਆਦਿ ਵਿੱਚ ਚਰਨਜੀਤ ਕੌਰ ਦਰਜ ਹੈ। ਦੋਵੇਂ ਨਾਮ ਉਹਨਾਂ ਦੇ ਹੀ ਹਨ। ਸੰਬੰਧਿਤ ਨੋਟ ਕਰਨ।

ਮੈਂ, ਮਮਤਾ ਰਾਣੀ ਪਤਨੀ ਸ੍ਰੀ ਅਨਿਲ ਕੁਮਾਰ ਵਾਸੀ ਮਕਾਨ ਨੰਬਰ 164-ਬੀ, ਕਾਲਾ ਸਿੰਘ ਰੋਡ, ਨਿਊ ਗੀਤਾ ਕਲੋਨੀ, ਬਸਤੀ ਸ਼ੇਖ, ਬਸਤੀ ਗੁਜਾਂ, ਜਲੰਧਰ, ਪੰਜਾਬ-144002 ਬਿਆਨ ਕਰਦੀ ਹਾਂ ਕਿ ਅੱਜ ਤੋਂ ਮੇਰਾ ਮੇਰੀ ਦੇਵਰਾਣੀ (ਸ਼ੀਤਲ) ਜਾਂ ਉਹਨਾਂ ਦੀ ਬੇਟੀ (ਅਰਸ਼ੀਆ) ਨਾਲ ਕਿਸੇ ਵੀ ਤਰ੍ਹਾਂ ਦਾ ਕੋਈ ਤਲਕ ਵਾਸਤਾ ਨਹੀਂ ਹੈ। ਜੋ ਕੋਈ ਵੀ ਇਨ੍ਹਾਂ ਨਾਲ ਕਿਸੇ ਵੀ ਤਰ੍ਹਾਂ ਦਾ ਲੈਣ ਦੇਣ ਕਰੇਗਾਂ ਉਹ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਨਾਂਅ ਦੀ ਬਦਲੀ

ਮੈ ਗੁਰਬਿੰਦਰ ਸਿੰਘ ਲੋਟੇ ਪੁੱਤਰ ਬਲਦੇਵ ਸਿੰਘ ਵਾਸੀ ਪਿੰਡ ਥਲੇਸ, ਤਹਿ ਅਤੇ ਜ਼ਿਲ੍ਹਾ ਸੰਗਰੂਰ ਨੇ ਆਪਣਾ ਨਾਮ ਬਦਲ ਕੇ ਗੁਰਬਿੰਦਰ ਸਿੰਘ ਰੱਖ ਲਿਆ ਹੈ।

ਮੈਂ, ਰਾਜ ਨਰਾਇਣ ਮਾਤੋ ਪੁੱਤਰ ਰਾਮ ਆਸਰੇ ਮੁਹੱਲਾ ਗਲੀ ਨਿਆਈ, ਨਕੋਦਰ, ਜ਼ਿਲ੍ਹਾ ਜਲੰਧਰ ਨੇ ਆਪਣਾ ਨਾਂਅ ਰਾਜਨ ਨਰਾਇਣ ਤੋਂ ਬਦਲ ਕੇ ਰਾਜ ਨਰਾਇਣ ਮਾਤੋ ਰੱਖ ਲਿਆ ਹੈ।

ਮੈਂ ਖਿਆਲੀ ਰਾਮ ਜੋਸ਼ੀ ਪੁੱਤਰ ਚੰਦਰ ਦੱਤ ਜੋਸ਼ੀ ਵਾਸੀ ਗੁਰਦੁਆਰਾ ਵਾਲੀ ਗਲੀ , ਵਾਰਡ ਨੰਬਰ. 9 ਮਾਨਸਾ ਜ਼ਿਲ੍ਹਾ ਮਾਨਸਾ ਨੇ ਆਪਣਾ ਨਾਮ ਖਿਆਲੀ ਰਾਮ ਤੋਂ ਬਦਲ ਕੇ ਖਿਆਲੀ ਰਾਮ ਜੋਸ਼ੀ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

ਮੈਂ, ਹੇਮੰਤ ਪੁੱਤਰ ਜਵਾਹਰ ਲਾਲ ਵਾਸੀ 7/176, ਬੇਅੰਤ ਨਗਰ, ਡਾਕ: ਪੀ ਏ ਪੀ ਲਾਈਨਜ, ਜਲੰਧਰ-144006, ਪੰਜਾਬ ਨੇ ਆਪਣਾ ਨਾਮ ਬਦਲ ਕੇ ਹੇਮੰਤ ਕੁਮਾਰ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

ਦਸਤਾਵੇਜ਼ ਗੁੰਮ

ਸ੍ਰੀ ਮਨੋਜ ਕੁਮਾਰ ਵੱਲੋਂ HDFC Limited ਤੋਂ ਕਰਜ਼ਾ ਲਿਆ ਜਾ ਰਿਹਾ ਹੈ। ਅਸਲ ਸੇਲ ਡੀਡ/ਵਸੀਕਾ ਨੰਬਰ 3805 ਮਿਤੀ 15.11.2011 ਗੁੰਮ/ਮਿਸਪਲੇਸ ਹੋ ਗਿਆ ਹੈ ਅਤੇ ਕਾਫੀ ਭਾਲ ਕਰਨ ਦੇ ਬਾਵਜੂਦ ਨਹੀਂ ਮਿਲ ਰਿਹਾ। ਉਕਤ ਦਸਤਾਵੇਜ਼/ ਜਾਇਦਾਦ ਸਬੰਧੀ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਜਾਂ ਦਾਅਵਾ ਹੋਵੇ ਤਾਂ ਉਹ ਗਗਨ ਗੋਕਲਾਨੀ, ਐਡਵੋਕੇਟ, ਮੋਬ. 94632-77077 ਨਾਲ ਇਸ ਨੋਟਿਸ ਦੇ ਪ੍ਰਕਾਸ਼ਨ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ ਸੰਪਰਕ ਕਰੇ।

ਮੈਂ ਤਰਸੇਮ ਲਾਲ ਪੁੱਤਰ ਮਿਲਖੀ ਰਾਮ ਵਾਸੀ ਮਕਾਨ ਨੰਬਰ 199 ਵਾਰਡ ਨੰਬਰ 5 ਕਸਬਾ ਮੁਹੱਲਾ ਦਸੂਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੈਂ ਏਯੂ ਸਮਾਲ ਫਾਈਨਾਂਸ ਬੈਂਕ ਬਰਾਂਚ ਗੁਰਦਾਸਪੁਰ ਤੋਂ ਲੋਨ ਲੈ ਰਿਹਾ ਹਾਂ ਅਤੇ ਇੱਕ ਰਜਿਸਟਰੀ ਸੁਰਜਨ ਸਿੰਘ ਪੁੱਤਰ ਉਮਰ ਪਾਲ ਨੇ ਹਰਭਜਨ ਕੌਰ ਪਤਨੀ ਹਰਬੰਸ ਸਿੰਘ ਦਸਤਾਵੇਜ਼ ਨੰਬਰ 1074 ਮਿਤੀ 25.06.1969 ਦੇ ਹੱਕ ਵਿੱਚ ਕੀਤੀ ਸੀ ਅਤੇ ਇੱਕ ਮੁਖਤਿਆਰਨਾਮਾ ਹਰਭਜਨ ਕੌਰ ਪਤਨੀ ਹਰਬੰਸ ਸਿੰਘ ਨੇ ਗਗਨਦੀਪ ਕੌਰ ਪੁੱਤਰੀ ਹਰਬੰਸ ਸਿੰਘ GPA ਨੰਬਰ 135EM ਮਿਤੀ 25-03-2026 ਦੇ ਹੱਕ ਵਿੱਚ ਕੀਤਾ ਸੀ ਅਤੇ ਇਹ ਦੋਵੇਂ ਮੇਰੇ ਤੋਂ ਗੁੰਮ ਹੋ ਗਈਆਂ ਹਨ। ਜੇਕਰ ਕਿਸੇ ਨੂੰ ਵੀ ਮਿਲੇ ਤਾਂ ਉਕਤ ਪਤੇ 'ਤੇ ਸੂਚਿਤ ਕਰੇ। ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ 7 ਦਿਨਾਂ ਦੇ ਅੰਦਰ-ਅੰਦਰ ਐਡਵੋਕੇਟ ਲਲਿਤ ਕੱਕੜ ਚੈਂਬਰ ਨੰਬਰ 24 ਕੋਰਟ ਜਲੰਧਰ, ਮੋ:- 98761-07449 ਨਾਲ ਸੰਪਰਕ ਕਰਨ, 7 ਦਿਨਾਂ ਤੋਂ ਬਾਅਦ ਕਿਸੇ ਦੀ ਵੀ ਅਪੀਲ ਨਹੀਂ ਮੰਨੀ ਜਾਵੇਗੀ।

COURT NOTICE

In the Court of Sh. Sparsh Puri
Rent Controller, Amritsar
CNR NO. PBAS02-0047262026
CASE No. RP/1861/2026
NEXT DATE: 16-11-2026

Dr. Rohit Kapoor, aged 61 Years, Son of Shri Roshan Lal Kapoor, Resident of House No 2, Rani Ka Bagh, Near Mandir Mata Lal Devi, Tehsil and District Amritsar. ....petitioner

Versus

Sunil Aggarwal ...respondent

Notice To Respondent:-

Sunil Aggarwal Son of Not Known, Tenant In Possession In One Shop Forming Part of Property House No. 2 Rani Ka Bagh, Near Mandir Mata Lal Devi, Tehsil and District Amritsar.

Ejectment Petition Under Section 13 Of the East Punjab Urban Rent Restriction Act No. 111 Of 1949

In The Above Titled Case, The Respondent Could Not be Served Through Ordinary Process. it is Ordered That Respondent Should appear in Person or through Counsel on 16-11-2026.

For details logon to https://highcourtchd.gov.in/?trs= district_notice&district=amritsar.

Given under my hand and the seal of the Court, this 03-11-2026.

Sparsh Puri
Rent Controller Amritsar

ਬਾ-ਅਦਾਲਤ ਸ੍ਰੀ ਮੁਨੀਸ਼ ਕੁਮਾਰ ਤਹਿਸੀਲਦਾਰ-ਕਮ- ਸਬ ਰਜਿਸਟਰਾਰ ਗੁਰਦਾਸਪੁਰ।

ਪਬਲਿਕ ਨੋਟਿਸ

ਹਰ ਆਮ ਤੇ ਖਾਸ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸ੍ਰੀਮਤੀ ਗੋਪੀ ਰੰਜਨ ਪਤਨੀ ਹਿਤੇਂਦਰ ਸ਼ਰਮਾ ਵਾਸੀ ਮਕਾਨ ਨੰਬਰ 500/1, ਰੁਲੀਆ ਰਾਮ ਕਾਲੋਨੀ ਗੁਰਦਾਸਪੁਰ ਵੱਲੋਂ ਇਕ ਗੈਰ ਤਸਦੀਕਸ਼ੁਦਾ ਵਸੀਅਤ ਮਿਤੀ 22-06-2024 ਜ਼ੇਰ ਧਾਰਾ 40(1) ਭਾਰਤੀ ਰਜਿਸਟਰੇਸ਼ਨ ਐਕਟ 1908 ਅਧੀਨ ਰਜਿਸਟਰਡ ਕਰਨ ਲਈ ਮੇਰੇ ਪੇਸ਼ ਕੀਤੀ ਗਈ ਹੈ। ਇਹ ਵਸੀਅਤ ਸ੍ਰੀ ਹਿਤੇਂਦਰ ਸ਼ਰਮਾ ਪੁੱਤਰ ਸੁਖਦਿਆਲ ਸ਼ਰਮਾ ਪੁੱਤਰ ਸ੍ਰੀ ਚਮਨ ਲਾਲ ਵਾਸੀ ਮਕਾਨ ਨੰਬਰ 500/1, ਰੁਲੀਆ ਰਾਮ ਕਾਲੋਨੀ ਗੁਰਦਾਸਪੁਰ ਨੇ ਆਪਣੀ ਪਤਨੀ ਸ੍ਰੀਮਤੀ ਗੋਪੀ ਰੰਜਨ ਪਤਨੀ ਹਿਤੇਂਦਰ ਸ਼ਰਮਾ ਵਾਸੀ ਮਕਾਨ ਨੰਬਰ 500/1, ਰੁਲੀਆ ਰਾਮ ਕਾਲੋਨੀ ਗੁਰਦਾਸਪੁਰ ਦੇ ਹੱਕ ਵਿਚ ਕੀਤੀ ਗਈ ਹੈ । ਸ੍ਰੀ ਹਿਤੇਂਦਰ ਸ਼ਰਮਾ ਦੀ ਮੌਤ ਮਿਤੀ 24-07-2024 ਨੂੰ ਹੋ ਗਈ ਸੀ। ਇਹ ਵਸੀਅਤ ਰਜਿਸਟਰਡ ਕਰਨ ਵਿੱਚ ਜੇਕਰ ਕਿਸੇ ਵਿਅਕਤੀ ਨੂੰ ਕੋਈ ਇਤਰਾਜ਼ ਹੋਵੇ, ਤਾਂ ਉਹ ਆਪਣਾ ਇਤਰਾਜ਼ ਲਿਖਤੀ ਰੂਪ ਵਿਚ ਅਸਾਲਤਨ ਜਾਂ ਵਕਾਲਤਨ ਇਸ ਇਸ਼ਤਿਹਾਰ ਛਪਣ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ-ਅੰਦਰ ਨਿਮਨ-ਹਸਤਾਖਰੀ ਦੇ ਪੇਸ਼ ਕਰ ਸਕਦੇ ਹਨ।ਇਸ ਤੋਂ ਬਾਅਦ ਕੋਈ ਵੀ ਉਜ਼ਰ ਨਹੀਂ ਸੁਣਿਆ ਜਾਵੇਗਾ ਅਤੇ ਸ੍ਰੀ ਹਿਤੇਂਦਰ ਸ਼ਰਮਾ ਵੱਲੋਂ ਕੀਤੀ ਵਸੀਅਤ ਮਿਤੀ 22-06-2024 ਜ਼ੇਰ ਧਾਰਾ 40(1) ਭਾਰਤੀ ਰਜਿਸਟਰੇਸ਼ਨ ਐਕਟ 1908 ਅਧੀਨ ਰਜਿਸਟਰਡ ਕਰ ਦਿੱਤੀ ਜਾਵੇਗੀ।ਅੱਜ ਮਿਤੀ 03-11-2026 ਨੂੰ ਮੇਰੇ ਦਸਤਖਤ ਤੇ ਮੋਹਰ ਅਦਾਲਤ ਨਾਲ ਜਾਰੀ ਕੀਤਾ ਗਿਆ ।

ਸਹੀ/- ਸਬ ਰਜਿਸਟਰਾਰ, ਗੁਰਦਾਸਪੁਰ
ਮਿਤੀ 03-11-2026

ਦਫ਼ਤਰ ਉਪ ਮੰਡਲ ਮੈਜਿਸਟਰੇਟ, ਅੰਮ੍ਰਿਤਸਰ-2

ਵਿਸ਼ਾ:- ਵਰਾਸਤ ਇੰਤਕਾਲ ਨੰਬਰ 56160 ਵਾਕਿਆ ਰਕਬਾ ਗੁਮਟਾਲਾ ਸਬ ਅਰਬਨ ਤਹਿਸੀਲ ਵਾ ਜ਼ਿਲ੍ਹਾ ਅੰਮ੍ਰਿਤਸਰ।

ਵੱਲ-ਸੰਪਾਦਕ ਪੰਜਾਬੀ ਅਖ਼ਬਾਰ ਨਵਾਂ ਜ਼ਮਾਨਾ, ਦ ਟ੍ਰੀਬਿਊਨ

ਨੋਟਿਸ ਬਨਾਮ ਜਨਰਲ ਪਬਲਿਕ

ਉਪਰੋਕਤ ਵਿਸ਼ੇ ਸਬੰਧੀ ਇੱਕ ਇੰਤਕਾਲ ਵੱਲੋਂ ਮਿਰਤਕ ਪ੍ਰੀਤਮ ਸਿੰਘ ਪੁੱਤਰ ਮਿਲਖਾ ਸਿੰਘ ਬਾਹੱਕ ਸਰਬਜੀਤ ਸਿੰਘ ਪੁੱਤਰ ਬਚਨ ਸਿੰਘ ਵਾਕਿਆ ਰਕਬਾ ਗੁਮਟਾਲਾ ਸਬ ਅਰਬਨ ਨਿਮਨਹਸਤਾਖਰ ਦੇ ਦਫ਼ਤਰ ਵਿੱਚ ਮਨਜ਼ੂਰੀ ਲਈ ਪੇਸ਼ ਹੋਇਆ ਹੈ ਇਸ ਲਈ ਨੋਟਿਸ ਰਾਹੀ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਅਗਰ ਇਹ ਇੰਤਕਾਲ ਮਨਜ਼ੂਰ ਹੋਣ ਵਿੱਚ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਮਿਤੀ 10.11.2026 ਤੱਕ ਆਪਣਾ ਇਤਰਾਜ਼ ਅਸਾਲਤਨ ਜਾ ਵਕਾਲਤਨ ਨਿਮਨਹਸਤਾਖਰ ਦੇ ਦਫ਼ਤਰ ਵਿੱਚ ਪੇਸ਼ ਹੋ ਕੇ ਦੇ ਸਕਦਾ ਹੈ। ਗੁਜ਼ਰਨੇ ਮਿਆਦ ਬਾਅਦ ਵਿੱਚ ਪੇਸ਼ ਹੋਏ ਇਤਰਾਜ਼ ਪਰ ਕੋਈ ਗੌਰ ਨਹੀਂ ਕੀਤਾ ਜਾਵੇਗਾ ਅਤੇ ਇੰਤਕਾਲ ਮਨਜ਼ੂਰ ਕਰ ਦਿੱਤਾ ਜਾਵੇਗਾ। ਇਹ ਨੋਟਿਸ ਮੇਰੇ ਹਸਤਾਖਰਾਂ ਅਤੇ ਦਫ਼ਤਰੀ ਮੋਹਰ ਨਾਲ ਜਾਰੀ ਹੋਇਆ ਹੈ।

ਨੰਬਰ 08   ਉਪ ਮੰਡਲ ਮੈਜਿਸਟਰੇਟ,
ਮਿਤੀ 23.10.2026   ਅੰਮ੍ਰਿਤਸਰ-2

COURT NOTICE

(U/o 5 Rule 20 CPC)
In The Court of Ms. Indu Bala
Additional Civil Judge (Senior Division)Tarn Taran

Next Date, Purpose of Case, Orders and Judgments as well as other case, information is available on http://districts.ecourts.gov.in

CNR No. PBTT02-000957-2026
Next Date : 18.11.2026
Sharanjit Kaur
Vs
General Public

Publication Issued To:
General Public
: Tarn Taran

In above titled case, the defendant(s)/ respondent (s) could not be served. It is ordered that defendant(s)/ respondant (s) should appear in person or through counsel on 18.11.2026 at 10:00 a.m.

For details logon to https://highcourtchd.gov.in/?trs=district_notice&district=Tarn Taran

Additional Civil Judge (Senior Division)Tarn Taran
Dated this day of 04-11-2026

COURT NOTICE

(U/o 5 Rule 20 CPC)
In the Court of Shivani
Civil Judge (Junior Division), Amritsar
CASE NO. RP-1769-2026
CNR No. PBAS02-003090-2026
Next Date: 11-11-2026

Shri Nitesh Singhal Aged About 45 Years S/O Late Subhash Singhal S/O Shri Nand Kishore R/O 18-A. Kairon Market Hall Bazar, Amritsar

Vs.

Karan Kumar & others

Application U/S 13 of East Punjab Urban Rent Restriction Act 1949

Publication Issued To:

1. Karan Kumar S/o Late Surinder Kumar S/o Late Amin Chand, 2. Parveen Kumar S/o Late Amin Chand, 3. Vipan Kumar S/o Late Amin Chand, Tenants in Shop Pvt. No.3, Building No.18-A, Kairon Market, Hall Bazar, Amritsar

2nd Address of Respondents No. 1 To 3

House No. 302 (New) and Old No. 1780, Gali No.4 Sharifpura, Gol Masit, Near Shivala Phatak, Amritsar.

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 11-11-2026 at 10:00 a.m.

For details logon to https://highcourtchd.gov.in/?trs=district_notice&district=Amritsar

Civil Judge (Junior Division) Amritsar
Dated, this day of 03-11-2026

ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ/ਦੂਜਾ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ
ਗੁਰਮੀਤ ਸਿੰਘ ਪੁੱਤਰ ਗੁਲਵੰਤ ਸਿੰਘ ਬਨਾਮ ਅਮਰ ਸਿੰਘ ਵਗੈਰਾ

ਖੇਵਟ ਨੰਬਰ 46, 510, 7, 121, 147, 500, 514, 992, 802, 784, 849, 674, 621, 551, 789, ਜਮ੍ਹਾਂਬੰਦੀ ਸਾਲ 2019-2020, ਵਾਕਿਆ ਕੁੱਸਾ, ਤਹਿ. ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ।

ਉਪਰੋਕਤ ਅਨੁਵਾਨ ਕੇਸ ਦੀ ਤਾਰੀਖ ਪੇਸ਼ੀ ਮਿਤੀ 11-11-2026 ਮੁਕੱਰਰ ਹੈ। ਉਪਰੋਕਤ ਕੇਸ ਵਿੱਚ ਹੇਠ ਲਿਖੇ ਵਿਅਕਤੀਆਂ ਦੀ ਸਧਾਰਨ ਤਾਰੀਕੇ ਨਾਲ ਤਲਬੀ ਨਹੀਂ ਕੀਤੀ ਜਾ ਸਕੀ ਹੈ।ਇਸ ਲਈ ਉਨ੍ਹਾਂ ਦੇ ਖਿਲਾਫ ਆਰਡਰ 5 ਰੂਲ 20 ਸੀ.ਪੀ.ਸੀ. ਦੀ ਕਾਰਵਾਈ ਆਰੰਭੀ ਜਾ ਰਹੀ ਹੈ ਅਤੇ ਹੇਠ ਲਿਖੇ ਵਿਅਕਤੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਅਸਾਲਤਨ ਜਾਂ ਵਕਾਲਤਨ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਪੇਸ਼ ਹੋਣ ਅਤੇ ਆਪਣਾ ਪੱਖ ਪੇਸ਼ ਕਰਨ।ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਇੱਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਬਾਅਦ ਵਿੱਚ ਕੋਈ ਇਤਰਾਜ਼ ਮੰਨਣਯੋਗ ਨਹੀਂ ਹੋਵੇਗਾ।

1) ਅਮਰ ਸਿੰਘ (2) ਨਾਜਰ ਸਿੰਘ ਪੁੱਤਰਾਨ (3) ਮੁਖਤਿਆਰ ਕੌਰ ਵਿਧਵਾ ਭੁੱਮਣ ਸਿੰਘ ਪੁੱਤਰ ਸਾਉਣ ਸਿੰਘ (4) ਬਲਵੀਰ ਸਿੰਘ ਪੁੱਤਰ ਗੁਰਨਾਮ ਸਿੰਘ ਪੁੱਤਰ ਹਰਚੰਦ ਸਿੰਘ (5) ਜਗਜੀਤ ਸਿੰਘ ਪੁੱਤਰ ਗੁਲਵੰਤ ਸਿੰਘ ਪੁੱਤਰ ਈਸ਼ਰ ਸਿੰਘ (6) ਭਜਨ ਸਿੰਘ ਪੁੱਤਰ ਹਰਚੰਦ ਸਿੰਘ ਪੁੱਤਰ ਨਰੈਣ ਸਿੰਘ (7) ਮਲਕੀਤ ਸਿੰਘ ਪੁੱਤਰ ਜਿਉਣ ਸਿੰਘ ਪੁੱਤਰ ਪ੍ਰੇਮ ਸਿੰਘ (8) ਕਰਮਜੀਤ ਕੌਰ ਵਿਧਵਾ (9) ਗੁਰਸੇਵਕ ਸਿੰਘ ਪੁੱਤਰ ਪਰਮਜੀਤ ਸਿੰਘ ਪੁੱਤਰ ਜਿਉਣ ਸਿੰਘ (10) ਦਰਸ਼ਨ ਸਿੰਘ ਪੁੱਤਰ ਜਿਉਣ ਸਿੰਘ ਪੁੱਤਰ ਪ੍ਰੇਮ ਸਿੰਘ (11) ਅਮਰਜੀਤ ਸਿੰਘ ਪੁੱਤਰ ਜਿਉਣ ਸਿੰਘ ਪੁੱਤਰ ਪ੍ਰੇਮ ਸਿੰਘ (12) ਕੇਵਲ ਸਿੰਘ (13) ਬਲਵਿੰਦਰ ਸਿੰਘ ਪੁੱਤਰਾਨ ਨਾਹਰ ਸਿੰਘ ਪੁੱਤਰ ਭੁੱਮਣ ਸਿੰਘ (14) ਰਣਜੀਤ ਕੌਰ ਵਿਧਵਾ (15) ਬਲਵਿੰਦਰ ਸਿੰਘ (16) ਜਗਰੂਪ ਸਿੰਘ (17) ਸਰਬਜੀਤ ਸਿੰਘ ਜਰਨੈਲ ਸਿੰਘ ਪੁੱਤਰ ਸ਼ੇਰ ਸਿੰਘ (18) ਕਰਨੈਲ ਸਿੰਘ ਪੁੱਤਰ ਸ਼ੇਰ ਸਿੰਘ ਪੁੱਤਰ ਬੰਮਣ ਸਿੰਘ (19) ਜਸਵਿੰਦਰ ਸਿੰਘ ਪੁੱਤਰ ਰਣਜੀਤ ਸਿੰਘ ਪੁੱਤਰ ਅਰਜਨ ਸਿੰਘ (20) ਰਣਜੀਤ ਸਿੰਘ ਪੁੱਤਰ ਜਸਵਿੰਦਰ ਸਿੰਘ ਪੁੱਤਰ ਰਣਜੀਤ ਸਿੰਘ (21) ਨੰਦ ਕੌਰ ਵਿਧਵਾ ਭੁੱਮਣ ਸਿੰਘ ਪੁੱਤਰ ਸਾਉਣ ਸਿੰਘ (22) ਸੁਰਜੀਤ ਸਿੰਘ ਪੁੱਤਰ ਅਜਾਇਬ ਸਿੰਘ ਪੁੱਤਰ ਹਰਦਿਤ ਸਿੰਘ (23) ਰੂਪ ਸਿੰਘ ਪੁੱਤਰ ਬਾਬੂ ਸਿੰਘ ਪੁੱਤਰ ਮੰਗਲ ਸਿੰਘ (24) ਜਗਸੀਰ ਸਿੰਘ (25) ਕਿਰਸ਼ਨ ਸਿੰਘ ਪੁੱਤਰਾਨ ਚਰਨ ਸਿੰਘ ਪੁੱਤਰ ਸੰਤਰਾਮ (26)ਸਰਬਜੀਤ ਸਿੰਘ (27) ਚਮਕੌਰ ਸਿੰਘ ਪੁੱਤਰਾਨ ਬਾਬੂ ਸਿੰਘ ਪੁੱਤਰ ਹਰਦਿੱਤ ਸਿੰਘ (28) ਨਿਰਮਲ ਕੌਰ ਉਰਫ ਨਿਮਲਜੀਤ ਕੌਰ ਪਤਨੀ ਚਰਨਜੀਤ ਸਿੰਘ ਪੁੱਤਰ ਚੰਦ ਸਿੰਘ (29) ਨਿਰਮਲ ਸਿੰਘ ਪੁੱਤਰ ਹਰਨੇਕ ਸਿੰਘ ਪੁੱਤਰ ਸ਼ੇਰ ਸਿੰਘ (30) ਹਰਪਾਲ ਸਿੰਘ (31) ਸੁਖਪਾਲ ਸਿੰਘ ਪੁੱਤਰਾਨ ਪਾਖਰ ਸਿੰਘ ਪੁੱਤਰ ਮਿੱਤ ਸਿੰਘ (32) ਬਸੰਤ ਸਿੰਘ ਪੁੱਤਰ ਇਸਰ ਸਿੰਘ (33) ਸੁਖਦੇਵ ਸਿੰਘ ਪੁੱਤਰ ਕਰਨੈਲ ਸਿੰਘ ਪੁੱਤਰ ਸੁੰਦਰ ਸਿੰਘ (34) ਗੁਰਜੀਤ ਕੌਰ ਵਿਧਵਾ ਅਮਰਪਾਲ ਸਿੰਘ ਪੁੱਤਰ ਪ੍ਰੀਤ ਸਿੰਘ (35) ਭਰਪੂਰ ਸਿੰਘ ਪੁੱਤਰ ਸੁਰਜੀਤ ਸਿੰਘ ਪੁੱਤਰ ਸ਼ੇਰ ਸਿੰਘ (36) ਜੋਗਿੰਦਰ ਕੌਰ ਵਿਧਵਾ ਸਰਬਜੀਤ ਸਿੰਘ ਪੁੱਤਰ ਬਖਤੌਰ ਸਿੰਘ (37) ਸੰਦੀਪ ਕੌਰ ਪੁੱਤਰੀ ਸਰਬਜੀਤ ਸਿੰਘ ਪੁੱਤਰ ਬਖਤੌਰ ਸਿੰਘ (38) ਗੁਰਨਾਮ ਸਿੰਘ ਪੁੱਤਰ (39) ਕਰ ਪੁੱਤਰੀ ਅਮਰ ਸਿੰਘ ਪੁੱਤਰ ਚੇਤ ਸਿੰਘ, ਸਾਰੇ ਵਾਸੀਆਨ ਪਿੰਡ ਕੁੱਸਾ, ਤਹਿ. ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ।

ਸਹੀ/-ਸਹਾਇਕ ਕੁਲੈਕਟਰ ਦਰਜਾ ਪਹਿਲਾ ਨਿਹਾਲ ਸਿੰਘ ਵਾਲਾ (ਮੋਗਾ)

ਚੋਣ ਨੋਟਿਸ

ਦੀ ਮੀਰਕਚਾਨਾ ਬਹੁਮੰਤਵੀ ਸਹਿਕਾਰੀ ਸਭਾ ਲਿਮ: ਜ਼ਿਲ੍ਹਾ ਗੁਰਦਾਸਪੁਰ ਦੇ ਹਰ ਮੈਂਬਰ ਨੂੰ ਇਸ ਇਸ਼ਤਿਹਾਰ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਸਭਾ ਦੀ ਪ੍ਰਬੰਧਕ ਕਮੇਟੀ ਦੀ ਚੋਣ ਮਿਤੀ 20-21/11/2026 ਨੂੰ ਸਵੇਰੇ 09.00 ਵਜੇ ਕੀਤੀ ਜਾਵੇਗੀ। ਚੋਣ ਸੰਬੰਧੀ ਜਾਂ ਵੋਟਰ ਸੂਚੀ ਸੰਬੰਧੀ ਜੇਕਰ ਕਿਸੇ ਵੀ ਮੈਂਬਰ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਸਭਾ ਦੇ ਦਫ਼ਤਰ ਵਿਚ ਸਵੇਰੇ 09.00 ਵਜੇ ਤੋਂ ਸ਼ਾਮ 05.00 ਵਜੇ ਤੱਕ ਵਿਜ਼ਟ ਕਰ ਸਕਦਾ ਹੈ।

ਸਹੀ/-ਸਕੱਤਰ ਸਭਾ।

ਚੋਣ ਨੋਟਿਸ

ਦੀ ਬਰੀਲਾ ਖੁਰਦ ਬਹੁਮੰਤਵੀ ਸਹਿਕਾਰੀ ਸਭਾ ਲਿਮ: ਜ਼ਿਲ੍ਹਾ ਗੁਰਦਾਸਪੁਰ ਦੇ ਹਰ ਮੈਂਬਰ ਨੂੰ ਇਸ ਇਸ਼ਤਿਹਾਰ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਸਭਾ ਦੀ ਪ੍ਰਬੰਧਕ ਕਮੇਟੀ ਦੀ ਚੋਣ ਮਿਤੀ 23-24/11/2026 ਨੂੰ ਸਵੇਰੇ 09.00 ਵਜੇ ਕੀਤੀ ਜਾਵੇਗੀ। ਚੋਣ ਸੰਬੰਧੀ ਜਾਂ ਵੋਟਰ ਸੂਚੀ ਸੰਬੰਧੀ ਜੇਕਰ ਕਿਸੇ ਵੀ ਮੈਂਬਰ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਸਭਾ ਦੇ ਦਫ਼ਤਰ ਵਿਚ ਸਵੇਰੇ 09.00 ਵਜੇ ਤੋਂ ਸ਼ਾਮ 05.00 ਵਜੇ ਤੱਕ ਵਿਜ਼ਟ ਕਰ ਸਕਦਾ ਹੈ।

ਸਹੀ/-ਸਕੱਤਰ ਸਭਾ।

ਨੋਟਿਸ ਅਜਲਾਸ ਆਮ


ਇਸ ਨੋਟਿਸ ਰਾਹੀਂ ਦੀ ਕਪੂਰਥਲਾ ਕੋ-ਆਪ੍ਰੇਟਿਵ ਮਾਰਕੀਟਿੰਗ ਕਮ ਪ੍ਰੋਸੈਸਿੰਗ ਸੋਸਾਇਟੀ ਲਿਮ. ਕਪੂਰਥਲਾ, ਜ਼ਿਲ੍ਹਾ ਕਪੂਰਥਲਾ ਦੇ ਮੈਂਬਰ ਵਿਅਕਤੀਗਤ ਅਤੇ ਮੈਂਬਰ ਸਭਾਵਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸਭਾ ਦਾ ਅਜਲਾਸ ਆਮ ਮਿਤੀ 20-11-2026 ਨੂੰ ਸਵੇਰੇ 11-00 ਵਜੇ ਸਭਾ ਦੇ ਦਫਤਰ, ਨਵੀਂ ਦਾਣਾ ਮੰਡੀ, ਕਪੂਰਥਲਾ ਵਿੱਚ ਹੋਵੇਗਾ।ਇਸ ਲਈ ਸਮੂਹ ਮੈਂਬਰਾਨ ਸਭਾ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਨਿਸ਼ਚਿਤ ਮਿਤੀ ਨੂੰ ਨਿਸ਼ਚਿਤ ਸਮੇਂ 'ਤੇ ਹਾਜ਼ਰ ਹੋਣ ਦੀ ਕ੍ਰਿਪਾਲਤਾ ਕੀਤੀ ਜਾਵੇ। ਏਜੰਡਾ ਹੇਠ ਲਿਖੇ ਅਨੁਸਾਰ ਹੈ।

1. ਪਿਛਲੇ ਅਜਲਾਸ ਆਮ ਦੀ ਪੁਸ਼ਟੀ ਬਾਰੇ, 2. ਸਭਾ ਦੇ ਆਡਿਟ ਨੋਟ ਪ੍ਰਵਾਨ ਕਰਨ ਬਾਰੇ, 3. ਸਭਾ ਦਾ ਮਿਤੀ 31-03-2026 ਤੱਕ ਦਾ ਲਾਭ ਮੈਂਬਰਾਂ ਨੂੰ ਵੰਡਣ ਬਾਰੇ, 4. ਸਭਾ ਦੇ ਮਿਤੀ 31-10-2026 ਤੱਕ ਦੇ ਖਰਚੇ ਪਾਸ ਕਰਨ ਬਾਰੇ, 5. ਸਭਾ ਮੁਲਾਜ਼ਮ ਸ੍ਰੀ ਗੁਰਵਿੰਦਰ ਸਿੰਘ ਕਲਰਕ ਕਮ ਸੇਲਜ਼ਮੈਨ ਦੇ ਕੰਮ-ਕਾਜ 'ਤੇ ਵਿਚਾਰ, 6. ਸਭਾ ਦੇ ਮੁਲਾਜ਼ਮਾਂ ਦਾ ਛੇਵਾਂ ਪੇ ਕਮਿਸ਼ਨ ਲਾਗੂ ਕੀਤਾ ਗਿਆ ਹੈ, ਪ੍ਰਵਾਨ ਕਰਨ ਬਾਰੇ, 7. ਸਭਾ ਦੀ ਬੈਲੇਂਸ ਸ਼ੀਟ ਵਿੱਚ ਲੰਬੇ ਸਮੇ ਤੋਂ ਖੜ੍ਹੀਆਂ ਲੈਣ ਯੋਗ ਅਤੇ ਦੇਣ ਯੋਗ ਰਕਮਾਂ ਦਾ ਨਿਪਟਾਰਾ ਕਰਨ ਬਾਰੇ।

ਮੈਂਬਰ ਸਭਾਵਾਂ ਵੱਲੋਂ ਨਾਮਜ਼ਦ ਪ੍ਰਤੀਨਿਧੀ ਹੀ ਅਜਲਾਸ ਆਮ ਵਿੱਚ ਹਿੱਸਾ ਲੈ ਸਕਦਾ ਹੈ।ਮੈਂਬਰ ਸਭਾਵਾਂ ਵੱਲੋਂ ਨਾਮਜ਼ਦ ਪ੍ਰਤੀਨਿਧੀ ਆਪਣੀ ਸਭਾ ਦਾ ਨਕਲ ਮਤਾ ਅਜਲਾਸ ਆਮ ਵਿੱਚ ਹਾਜ਼ਰ ਹੋਣ ਸਮੇਂ ਨਾਲ ਲੈ ਕੇ ਆਉਣ।

ਸਹੀ/- ਮੈਨੇਜਰ, ਦੀ ਕਪੂਰਥਲਾ ਕੋ-ਆਪ੍ਰੇਟਿਵ, ਮਾਰਕਿਟਿੰਗ ਕਮ ਪ੍ਰੋਸੈਸਿੰਗ ਸੋਸਾਇਟੀ ਲਿਮ. ਕਪੂਰਥਲਾ
ਨੰਬਰ : 51 ਮਿਤੀ : 22.10.2026

ਕੋਰਟ ਨੋਟਿਸ, ਜ਼ਿਲ੍ਹਾ ਮੈਰਿਜ ਅਫ਼ਸਰ, ਜਲੰਧਰ V/S ਆਮ ਜਨਤਾ



ਵਿਸ਼ਾ : ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

ਬਿਨੈਕਾਰ ਦਾ ਨਾਮ : ਸੁਰਮੁੱਖ ਸਿੰਘ   ਪਿਤਾ/ਪਤੀ ਦਾ ਨਾਮ : ਸੁੱਖਾ ਸਿੰਘ

ਪਤਾ: H NO 31-A/118 GURU ARJAN NAGAR BASTI MITHU JALANDHAR , Tehsil - Jalandhar-2 / District - Jalandhar, Punjab

ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਆਪਣੇ ਪੁੱਤਰ ਦੇ ਲਈ ਬਿਨੈ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ:-

ਨਾਮ: ਦਲੇਰ ਸਿੰਘ   ਪੱਕਾ ਪਤਾ: H NO 31-A/118 GURU ARJAN NAGAR BASTI MITHU JALANDHAR ,Jalandhar-2, Jalandhar, Punjab ਵਿਦੇਸ਼ੀ ਪਤਾ : 60 RUSSFAX DRIVE NORTH YORK M2R3B1 CANADA / 60 ਰਸਫੈਕਸ ਡਰਾਈਵ, ਨੌਰਥ ਯੌਰਕ, ਐਮ2ਆਰ3 ਬੀ1, ਕੈਨੇਡਾ

ਉਮਰ/ਜਨਮ ਮਿਤੀ: 37- (07/10/1989)

ਬਿਨੈਕਾਰ ਨੇ ਕਿਹਾ ਹੈ ਕਿ ਉਸਦਾ ਭਾਰਤ ਵਿੱਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ।

ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ਼ (ਸ਼ਿਕਾਇਤ) ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।

ਇਹ ਇਸ਼ਤਿਹਾਰ ਮੇਰੇ ਦਸਤਖ਼ਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 28-10-2026 ਨੂੰ ਜਾਰੀ ਹੋਇਆ।

ਨੰਬਰ 79 /MC-2/MA   ਮਿਤੀ 28.10.2026   ਜ਼ਿਲ੍ਹਾ ਮੈਰਿਜ ਅਫ਼ਸਰ,ਜਲੰਧਰ,ਪੰਜਾਬ,ਭਾਰਤ

ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਨਾਇਬ ਤਹਿਸੀਲਦਾਰ ਕਮ ਸਹਾਇਕ ਕੁਲੈਕਟਰ ਦਰਜਾ ਪਹਿਲਾ ਹਰੀਕੇ

ਜਗਜੀਤ ਸਿੰਘ ਉਮਰ 66 ਸਾਲ ਪੁੱਤਰ ਹਰਦਿਆਲ ਸਿੰਘ ਪੁੱਤਰ ਬਲੀ ਸਿੰਘ ਵਾਸੀ ਪਿੰਡ ਮਰਹਾਣਾ, ਤਹਿਸੀਲ ਪੱਟੀ, ਜ਼ਿਲ੍ਹਾ ਤਰਨ ਤਾਰਨ, ਅਧਾਰ ਕਾਰਡ ਨੰਬਰ 771302447054, ਮੋਬਾਇਲ ਫੋਨ ਨੰ: 98722-68965. .....ਮਦੱਈ ਦਰਖਾਸਤ ਕਰਤਾ

ਬਨਾਮ

1) ਜੋਗਿੰਦਰ ਸਿੰਘ ਪੁੱਤਰ ਦਿਆਲ ਸਿੰਘ ਪੁੱਤਰ ਫੱਗਾ ਸਿੰਘ 2) ਸਵਰਨ ਕੌਰ ਪੁੱਤਰੀ ਪਾਲ ਸਿੰਘ 3) ਗੁਰਚਰਨ ਸਿੰਘ ਪੁੱਤਰ ਅਮਰ ਸਿੰਘ ਪੁੱਤਰ ਈਸ਼ਰ ਸਿੰਘ 4) ਸੁਖਵਿੰਦਰ ਕੌਰ 5) ਹਰਦਵਿੰਦਰ ਕੌਰ ਪੁੱਤਰੀਆਂ ਸਵਰਨ ਸਿੰਘ ਪੁੱਤਰ ਅਮਰ ਸਿੰਘ 6) ਜੁਗਰਾਜ ਸਿੰਘ ਪੁੱਤਰ ਦਰਸ਼ਨ ਸਿੰਘ ਪੁੱਤਰ ਚੰਨਣ ਸਿੰਘ (ਮਰ ਚੁੱਕਾ ਹੈ ਅਤੇ ਉਸ ਦੇ ਵਾਰਸ ਹੇਠ ਲਿਖੇ ਹਨ :- ੳ) ਕੁਲਵਿੰਦਰ ਕੌਰ ਵਿਧਵਾ ਜੁਗਰਾਜ ਸਿੰਘ ਅ) ਲਵਪ੍ਰੀਤ ਸਿੰਘ ੲ) ਹਰਪ੍ਰੀਤ ਸਿੰਘ ਪੁੱਤਰਾਨ ਜੁਗਰਾਜ ਸਿੰਘ ਪੁੱਤਰ ਦਰਸ਼ਨ ਸਿੰਘ 7) ਗੁਰਬਿੰਦਰ ਸਿੰਘ 8) ਅਮਰਿੰਦਰ ਸਿੰਘ ਪੁੱਤਰਾਨ ਜੋਗਿੰਦਰ ਕੌਰ ਪੁੱਤਰੀ ਸਵਰਨ ਸਿੰਘ 9) ਸੁਖਬੀਰ ਕੌਰ ਵਿਧਵਾ ਕਾਬਲ ਸਿੰਘ ਪੁੱਤਰ ਚੰਨਣ ਸਿੰਘ 10) ਮਨਜਿੰਦਰ ਸਿੰਘ ਪੁੱਤਰ ਕਾਬਲ ਸਿੰਘ ਚੰਨਣ ਸਿੰਘ 11) ਸਨਦੀਪ ਕੌਰ 12) ਮਨਦੀਪ ਕੌਰ 13) ਮਨਜਿੰਦਰ ਕੌਰ ਪੁੱਤਰੀਆਂ ਕਾਬਲ ਸਿੰਘ ਪੁੱਤਰ ਚੰਨਣ ਸਿੰਘ 14) ਰੇਸ਼ਮ ਸਿੰਘ ਪੁੱਤਰ ਸੁਰਜੀਤ ਸਿੰਘ ਪੁੱਤਰ ਚੰਨਣ ਸਿੰਘ 15) ਅਵਤਾਰ ਸਿੰਘ 16) ਜਗਤਾਰ ਸਿੰਘ ਪੁੱਤਰਾਨ ਸੁਰਜੀਤ ਸਿੰਘ ਪੁੱਤਰ ਚੰਨਣ ਸਿੰਘ 17) ਮਲਕੀਅਤ ਕੌਰ ਵਿਧਵਾ ਬਲਕਾਰ ਸਿੰਘ ਪੁੱਤਰ ਚੰਨਣ ਸਿੰਘ 18) ਇੰਦਰਜੀਤ ਸਿੰਘ ਪੁੱਤਰ ਬਲਕਾਰ ਸਿੰਘ ਪੁੱਤਰ ਚੰਨਣ ਸਿੰਘ 19) ਮਨਜੀਤ ਕੌਰ 20) ਸੁਖਵਿੰਦਰ ਕੌਰ 21) ਦਵਿੰਦਰ ਕੌਰ ਪੁੱਤਰੀਆਂ ਸਵਰਨ ਸਿੰਘ 22) ਗੁਰਮੀਤ ਕੌਰ ਵਿਧਵਾ ਸੰਗਾਰਾ ਸਿੰਘ ਪੁੱਤਰ ਸਵਰਨ ਸਿੰਘ 23) ਗੁਰਪ੍ਰੀਤ ਕੌਰ ਪੁੱਤਰੀ ਸੰਗਾਰਾ ਸਿੰਘ ਪੁੱਤਰ ਸਵਰਨ ਸਿੰਘ 24) ਜਸਬੀਰ ਕੌਰ ਪਤਨੀ ਤਾਰਾ ਸਿੰਘ ਪੁੱਤਰ ਜਗੀਰ ਸਿੰਘ 25) ਸਰਬਜੀਤ ਕੌਰ ਪਤਨੀ ਕੁਲਬੀਰ ਸਿੰਘ ਪੁੱਤਰ ਹੀਰਾ ਸਿੰਘ ਵਾਸੀਆਨ ਪਿੰਡ ਮਰਹਾਣਾ, ਤਹਿਸੀਲ ਪੱਟੀ ਜ਼ਿਲ੍ਹਾ ਤਰਨ ਤਾਰਨ। 26) ਪੰਜਾਬ ਨੈਸ਼ਨਲ ਬੈਂਕ ਬਰਾਂਚ ਸਰਹਾਲੀ ਕਲਾਂ ਜ਼ਿਲ੍ਹਾ ਤਰਨ ਤਾਰਨ ਰਾਹੀਂ ਬਰਾਂਚ ਮੈਨੇਜਰ। ......ਉੱਤਰਵਾਦੀਆਨ

ਦਰਖਾਸਤ ਤਕਸੀਮ ਜ਼ੇਰ ਧਾਰਾ 111 ਆਫ ਦਾ ਪੰਜਾਬ ਲੈਂਡ ਰੈਵੇਨਿਊ ਐਕਟ 1887

1) ਖੇਵਟ / ਖਾਤਾ ਨੰਬਰ: 178/172-179/173-180/174-184-182 ਖਤੌਨੀ ਨੰਬਰ : - 436-437, ਖਸਰਾ ਨੰਬਰ:-152//1(0-3), 20/15/1(0-4), 15/2 (7-7) 16(8-0), 17/1(1-16), 17/2(6-4), 18(8-0), 19(8-0), 24/2(3-4), 25(7-11), 21//11/1(3-0), 11/2(5-0), 19/2(4-13), 20/1(4-0), 20/2/1(3-12), 20/2/2(0-8), 21/1(2-5), 21/2(5-6), 72//13/2(3-12), 14/1 (0-8), 14/2/1(4-12), 14/2/2(3-0), 15(8-0), 16(7-11), 17(8- 0), 19(8-0), 22(8-0), 23/1) (5-0), 23/2(3-0), 24(8-0), 25/1(2-10), 73//11/1 (6-14), 12/1(0-8), ਕੁਲ ਕਿੱਤੇ 34 ਰਕਬਾ 163 ਕਨਾਲ 8 ਮਰਲੇ ਹਿੱਸਾ 69/3268 ਬਕਦਰ 3 ਕਨਾਲ 9 ਮਰਲੇ ਮੁਤਾਬਕ ਇੰਤਕਾਲ ਨੰਬਰ 3606 ਵਸੀਕਾ ਨੰਬਰ 28 ਵਸੀਕਾ ਮਿਤੀ 04-08-2022 ਨੂੰ ਉਕਤ ਜ਼ਮੀਨ ਜੁਗਰਾਜ ਸਿੰਘ ਦੇ ਖਾਤੇ ਦੀ ਜ਼ਮੀਨ ਤਬਦੀਲ ਮਲਕੀਅਤ ਹੋਈ ਪਿੰਡ ਮਰਹਾਣਾ ਹੱਦਬਸਤ ਨੰਬਰ 301 2) ਖੇਵਟ ਨੰਬਰ: 319/307 ਮਿਨ 308 ਮਿਨ, ਖਤੌਨੀ ਨੰਬਰ: 947, ਖਸਰਾ ਨੰਬਰ:- 24//23/5 (0-8), 36//23(7-16), 36//24(7-8), 36//25/1 (7-12), 44//9(7-16), 44//10 (7-12), 44//12/1 (3-18), 45//3 ਮਿਨ (8-0), 45//4(7-12), 45//5/1 (5-0), 45//6/2 (5-2), 45//7 ਮਿਨ (7-12), 45//8 (8-0), 45//13/2 (0-12), 45//14(7-12), 45//15/1(4-18), 140//1/2(0-3), 359 (2-0), ਕਿੱਤੇ 18, 3) ਖੇਵਟ / ਖਾਤਾ ਨੰਬਰ: 184-178, ਖਤੌਨੀ ਨੰਬਰ: 443-444, ਖਸਰਾ ਨੰਬਰ:- 20//15/2 (7-7), 20//16 (8-0), 20//17/1(1-16), 20//24/2(3-4), 20//25(7-11), 21//11/1 (3-0), 21//11/2 ਮਿਨ (3-10), 21//20/1(4-0), 21//20/2/2(0-8), 21//21/1(2-5), 21//21/2(5-6), 21//11/2(1-10), 21//19/2(4-13), 21//20/2/1 (3-12) ਕੁਲ ਕਿੱਤੇ 14 ਰਕਬਾ 56 ਕਨਾਲ 2 ਮਰਲੇ ਪਰ ਦਰਖਾਸਤ ਕਰਤਾ ਨੂੰ 20 ਕਨਾਲ 3 ਮਰਲੇ ਦਾ 51/403 ਹਿੱਸਾ ਖਤੌਨੀ ਨੰਬਰ 443 ਮਿਨ, ਖਸਰਾ ਨੰਬਰ 20//15/2 (7-7), 16(8-0), 17/1(1-16) ਅਤੇ 21//11/1(3-0), ਕਿੱਤੇ 4 ਵਿੱਚੋਂ ਹਿੱਸਾ ਬਕਦਰ 2 ਕਨਾਲ 11 ਮਰਲੇ ਦਾ ਮਾਲਕ ਹੈ, ਮੁਤਾਬਕ ਖਾਤਾ ਨੰਬਰ 184 ਮਿਨ ਸਾਇਲ ਦੇ ਨਾਂਅ ਪਰ ਜਮ੍ਹਾਂਬੰਦੀ ਸਾਲ 2021-2022

4) ਖੇਵਟ / ਖਾਤਾ ਨੰਬਰ: 184-178, ਖਤੌਨੀ ਨੰਬਰ :- 443-444 ਮਿਨ,

ਖਸਰਾ ਨੰਬਰ:-20//15/2 (7-7), 20//16 (8-0),20//17/1(1-16), 20//24/2(3-4), 20//25(7-11), 21//11/1 (3-0), 21//11/2 ਮਿਨ (3-10), 21//20/1(4-0), 21//20/2/2(0- 8), 21//21/1(2-5), 21//21/2(5-6), 21//11/2(1-10), 21//19/2(4-13), 21//20/2/1 (3-12) ਕੁਲ ਕਿੱਤੇ 14 ਰਕਬਾ 56 ਕਨਾਲ 2 ਮਰਲੇ ਪਰ ਦਰਖਾਸਤ ਕਰਤਾ ਨੂੰ 10 ਕਨਾਲ 1 ਮਰਲੇ ਦਾ 34/201 ਹਿੱਸਾ ਖਤੌਨੀ ਨੰਬਰ 443 ਮਿਨ, ਖਸਰਾ ਨੰਬਰ 21//11/2(5-0), 19/2(4-13), 20//2/2(0-8), ਕਿੱਤੇ 3 ਵਿੱਚੋਂ ਹਿੱਸਾ ਬਕਦਰ 1 ਕਨਾਲ 14 ਮਰਲੇ ਦਾ ਮਾਲਕ ਹੈ, ਮੁਤਾਬਕ ਖਾਤਾ ਨੰਬਰ 184 ਮਿਨ ਸਾਇਲ ਦੇ ਨਾਂਅ ਪਰ ਜਮ੍ਹਾਂਬੰਦੀ ਸਾਲ 2021-2022

5) ਖੇਵਟ / ਖਾਤਾ ਨੰਬਰ: 184-178, ਖਤੌਨੀ ਨੰਬਰ: 443 ਮਿਨ, ਖਸਰਾ ਨੰਬਰ:-20//15/2 (7-7), 20//16 (8-0), 20//17/1(1-16), 20//24/2(3-4), 20//25 (7-11), 21//11/1 (3-0), 21//11/2 ਮਿਨ (3-10), 21//20/1(4-0), 21//20/2/2(0- 8), 21//21/1(2-5), 21//21/2(5-6), 21//11/2(1-10), 21//19/2(4-13), 21//20/2/1 (3-12) ਕੁਲ ਕਿੱਤੇ 14 ਰਕਬਾ 56 ਕਨਾਲ 2 ਮਰਲੇ ਪਰ ਦਰਖਾਸਤ ਕਰਤਾ ਨੂੰ 13 ਕਨਾਲ 0 ਮਰਲੇ ਦਾ 44/260 ਹਿੱਸਾ ਖਤੌਨੀ ਨੰਬਰ 443 ਮਿਨ, ਖਸਰਾ ਨੰਬਰ 20//24/2 (3-4), 25(7-11), 21//21/1(2-5), ਕਿੱਤੇ 3 ਵਿੱਚੋਂ ਹਿੱਸਾ ਬਕਦਰ 2 ਕਨਾਲ 4 ਮਰਲੇ ਦਾ ਮਾਲਕ ਹੈ।

ਉਕਤ ਮੁਕੱਦਮੇ ਵਿਚ ਇਸ ਅਦਾਲਤ ਨੂੰ ਪੂਰਾ ਯਕੀਨ ਹੈ ਕਿ ਮਾਮੂਲੀ ਤਰੀਕੇ ਨਾਲ ਸੰਮਨ 'ਤੇ ਤਾਮੀਲ ਹੋਣੀ ਮੁਸ਼ਕਿਲ ਹੈ। ਇਸ ਲਈ ਨੋਟਿਸ ਰਾਹੀਂ ਉੱਤਰਵਾਦੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਕਿਸੇ ਵੀ ਵਿਅਕਤੀ ਨੂੰ ਉਕਤ ਤਕਸੀਮ ਦਾ ਫੈਸਲਾ ਹੋਣ ਵਿਚ ਕੋਈ ਇਤਰਾਜ਼ ਹੋਵੇ ਤਾਂ ਉਹ ਆਪਣਾ ਇਤਰਾਜ਼ ਅਸਾਲਤਨ ਜਾਂ ਵਕਾਲਤਨ ਨਿਮਨਹਸਤਾਖਰ ਦੀ ਅਦਾਲਤ ਵਿਚ ਇਸ ਇਸ਼ਤਿਹਾਰ ਦੇ ਛਪਣ ਤੋਂ ਪੰਦਰਾਂ ਦਿਨ ਦੇ ਅੰਦਰ-ਅੰਦਰ ਕਿਸੇ ਕੰਮ ਵਾਲੇ ਦਿਨ ਕਰ ਸਕਦਾ ਹੈ। ਹਾਜ਼ਰ ਨਾ ਆਉਣ ਦੀ ਸੂਰਤ ਵਿਚ ਨਿਯਮਾਂ ਅਨੁਸਾਰ ਇਕਤਰਫਾ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

ਅੱਜ ਮਿਤੀ 03. 11. 2026 ਨੂੰ ਮੇਰੇ ਹਸਤਾਖਰਾਂ ਅਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਨੰਬਰ : 295 ਮਿਤੀ : 03.11.2026   ਸਹੀ/-ਨਾਇਬ ਤਹਿਸੀਲਦਾਰ ਕਮ ਸਹਾਇਕ ਕੁਲੈਕਟਰ ਦਰਜਾ ਅੱਵਲ ਹਰੀਕੇ

ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

ਉੱਤਰ ਰੇਲਵੇ

ਈ-ਨਿਵਿਦਾ ਸੂਚਨਾ

ਉਪ ਮੁੱਖ ਇੰਜੀਨੀਅਰ/ਪੁਲ/ਕਾਰਜਸ਼ਾਲਾ, ਉੱਤਰ ਰੇਲਵੇ, ਜਲੰਧਰ ਛਾਉਣੀ ਦੇ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਓਪਨ ਈ-ਟੈਂਡਰ ਨੂੰ ਏਕਲ ਪੈਕੇਟ ਸਿਸਟਮ ਦੇ ਤਹਿਤ ਮੰਗ ਕੀਤੀ ਗਈ ਹੈ।

ਲ. ਨੰ.	ਨਿਵਿਦਾ ਨੰ.	ਕੰਮ ਦਾ ਵੇਰਵਾ	ਅੰਦਾਜਨ ਲਾਗਤ (ਰੁਪਏ)	ਬਿਆਨਾ ਰਾਸ਼ੀ (ਰੁਪਏ)	ਖੁਲਣ ਦੀ ਮਿਤੀ	IREPS 'ਤੇ ਬੋਲੀ ਲਗਾਉਣ ਦੀ ਮਿਤੀ	ਟੈਂਡਰ ਫਾਰਮ ਦੀ ਲਾਗਤ (ਰੁਪਏ)	ਕੰਮ ਸਮਾਪਤੀ ਦਾ ਸਮਾਂ
1.	OT-23-JRC-2026	SSE/BR/M/UMB ਦੇ ਤਹਿਤ JHL-HSR ਸੈਕਸ਼ਨ ਤੇ ਪੁਲ ਨੰਬਰ 3 (12x12.2 ਮੀਟਰ), MRND-DULPR ਸੈਕਸ਼ਨ ਤੇ ਪੁਲ ਨੰਬਰ 238 (1x23.4 ਮੀ + 1x18.3 ਮੀਟਰ) ਅਤੇ RPJ-DUI ਸੈਕਸ਼ਨ ਉਤੇ ਪੁਲ ਨੰਬਰ 129 UP (14x12.2 ਮੀਟਰ) ਦੇ ਉਪਰ ਸਾਈਡ ਪਾਥਵੇ ਦਾ ਕੰਮ ਕਰਨਾ।	1,52,03,828.02/-	3,04,100.00	19.11.2026	05.11.2026 ਤੋਂ 19.11.2026	0	10 ਮਹੀਨੇ

ਨਿਵਿਦਾ ਪੇਸ਼ ਕਰਨ ਅਤੇ ਟੈਂਡਰ ਖੁਲਣ ਦੇ ਲਈ ਮਿਤੀ ਅਤੇ ਸਮਾਂ	ਹਰੇਕ ਦੇ ਖਿਲਾਫ ਦਿਖਾਈਆਂ ਗਈਆਂ ਮਿਤੀਆਂ ਤੇ 15:00 ਵਜੇ ਤਕ ਅਤੇ ਉਸੇ ਸਮੇਂ 15:00 ਵਜੇ ਦੇ ਬਾਅਦ।
ਵੈਬਸਾਈਟ ਵੇਰਵਾ ਜਿਥੋਂ ਟੈਂਡਰ ਦਾ ਪੂਰਾ ਵੇਰਵਾ ਦੇਖਿਆ ਜਾ ਸਕਦਾ ਹੈ ਅਤੇ ਡਾਊਨਲੋਡ ਕੀਤਾ ਜਾ ਸਕਦਾ ਹੈ।	ਵਿਸਤ੍ਰਿਤ ਈ-ਨਿਵਿਦਾ ਸੂਚਨਾ ਉਤਰੀ ਰੇਲਵੇ ਵੈਬ ਸਾਈਟ www.nr.indianrailways.gov.in ਤੇ ਉਪਲਬਧ ਹੈ ਅਤੇ ਨਿਵਿਦਾ ਦਸਤਾਵੇਜ਼ www.ireps.gov.in ਤੇ ਉਪਲਬਧ ਹੈ।

No. 80-W/30/Bridges/ Invitation Dated: 27.10.2026   3861/26

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ਸਰਕਾਰੀ ਯੋਜਨਾਵਾਂ ਨੂੰ ਘਰ-ਘਰ ਪਹੁੰਚਾਉਣ 'ਚ ਸਖੀਆਂ ਦੀ ਭੂਮਿਕਾ ਸ਼ਲਾਘਾਯੋਗ : ਜਿੰਪਾ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਹੁਸ਼ਿਆਰਪੁਰ ਵਿਧਾਨ ਸਭਾ ਹਲਕੇ ਦੀਆਂ ਸਖੀਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ। ਇਸ ਦੌਰਾਨ ਉਨ੍ਹਾਂ ਨੇ ਪੰਜਾਬ ਸਰਕਾਰ ਦੀ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਨੂੰ ਘਰ-ਘਰ ਤੱਕ ਪਹੁੰਚਾਉਣ ਵਿੱਚ ਸਖੀਆਂ ਵੱਲੋਂ ਨਿਭਾਈ ਗਈ ਅਹਿਮ ਭੂਮਿਕਾ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਦਾ ਧੰਨਵਾਦ ਕੀਤਾ।ਬ੍ਰਹਮ ਸ਼ੰਕਰ ਜਿੰਪਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਔਰਤਾਂ ਦੇ ਆਰਥਿਕ ਸਸ਼ਕਤੀਕਰਨ ਅਤੇ ਸਨਮਾਨ ਨੂੰ ਧਿਆਨ ਵਿੱਚ ਰੱਖਦਿਆਂ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਸ਼ੁਰੂ ਕੀਤੀ ਗਈ ਹੈ। ਇਸ ਯੋਜਨਾ ਦੀ ਜਾਣਕਾਰੀ ਯੋਗ ਮਹਿਲਾਵਾਂ ਤੱਕ ਪਹੁੰਚਾਉਣ ਅਤੇ ਉਨ੍ਹਾਂ ਨੂੰ ਇਸ ਦਾ ਲਾਭ ਦਿਵਾਉਣ ਵਿੱਚ ਸਖੀਆਂ ਨੇ ਅਹਿਮ ਯੋਗਦਾਨ ਪਾਇਆ ਹੈ।



ਉਨ੍ਹਾਂ ਕਿਹਾ ਕਿ ਸਖੀਆਂ ਦੀ ਮਿਹਨਤ ਅਤੇ ਸਮਰਪਣ ਸਦਕਾ ਵੱਡੀ ਗਿਣਤੀ ਵਿੱਚ ਔਰਤਾਂ ਤੱਕ ਇਸ ਯੋਜਨਾ ਦੀ ਜਾਣਕਾਰੀ ਪਹੁੰਚੀ ਹੈ ਅਤੇ ਉਹ ਇਸ ਦਾ ਲਾਭ ਲੈਣ ਲਈ ਅੱਗੇ ਆ ਰਹੀਆਂ ਹਨ।ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਦਾ ਅਸਲ ਲਾਭ ਉਦੋਂ ਹੀ ਲੋਕਾਂ ਤੱਕ ਪਹੁੰਚ ਸਕਦਾ ਹੈ, ਜਦੋਂ ਉਨ੍ਹਾਂ ਨੂੰ ਇਨ੍ਹਾਂ ਯੋਜਨਾਵਾਂ ਬਾਰੇ ਪੂਰੀ ਜਾਣਕਾਰੀ ਹੋਵੇ।ਇਸ ਮੌਕੇ ਹਲਕਾ ਸੰਗਠਨ ਇੰਚਾਰਜ ਅਮਰਜੀਤ ਸਿੰਘ ਸੈਣੀ, ਹਲਕਾ ਕੋਆਰਡੀਨੇਟਰ ਵੂਮੈਨ ਵਿੰਗ ਸਰਬਜੀਤ ਕੌਰ, ਪਿੰਡ ਨੰਗਲ ਸ਼ਹੀਦਾਂ ਦੇ ਸਰਪੰਚ, ਜ਼ਿਲ੍ਹਾ ਪ੍ਰਧਾਨ ਮਹਿਲਾ ਵਿੰਗ ਮਨਜੋਤ ਕੌਰ, ਕੌਂਸਲਰ ਬਲਜੀਤ ਕੌਰ, ਰਜਨੀ ਕੌਰ, ਸੁਮਨ ਬਹਿਲ, ਪ੍ਰਮੋਦ ਸ਼ਰਮਾ, ਭੁਪਿੰਦਰ, ਕੌਂਸਲਰ ਅੰਜਨਾ ਬਰਮੀ, ਰਾਜੂ, ਗੀਤਾ, ਬਲਜੀਤ ਕੌਰ, ਮਨਦੀਪ ਕੌਰ, ਕੌਂਸਲਰ ਪਰਮਜੀਤ ਕੌਰ, ਗੁਰਬਖਸ਼ ਕੌਰ, ਬਲਜਿੰਦਰ ਕੌਰ, ਸ਼ੈਰੀ, ਸੰਜੇ ਸ਼ਰਮਾ, ਬਿੰਦੂ ਸ਼ਰਮਾ, ਗੁਰਮੇਲ, ਕਮਲਜੀਤ ਸੋਨੂੰ ਤੋਂ ਇਲਾਵਾ ਹੋਰ ਪਤਵੰਤੇ ਵੀ ਮੌਜੂਦ ਸਨ।

ਵਿਧਾਨ ਸਭਾ ਚੋਣਾਂ ਸੰਬੰਧੀ ਕਰੀਮਪੁਰੀ ਨੇ ਫਗਵਾੜਾ ਦੇ ਆਗੂਆਂ ਨਾਲ ਕੀਤੀ ਵਿਸ਼ੇਸ਼ ਮੀਟਿੰਗ

ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)- ਪੰਜਾਬ ਵਿੱਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਬਹੁਜਨ ਸਮਾਜ ਪਾਰਟੀ (ਬਸਪਾ) ਨੇ ਆਪਣੀਆਂ ਸਿਆਸੀ ਸਰਗਰਮੀਆਂ ਤੇਜ਼ ਕਰ ਦਿੱਤੀਆਂ ਹਨ। ਇਸੇ ਲੜੀ ਤਹਿਤ ਪਾਰਟੀ ਦੀ ਸੂਬਾਈ ਲੀਡਰਸ਼ਿਪ ਵੱਲੋਂ ਫਗਵਾੜਾ ਦੇ



ਸਥਾਨਕ ਆਗੂਆਂ ਨਾਲ ਵਿਸ਼ੇਸ਼ ਮੀਟਿੰਗ ਕਰਕੇ ਚੋਣ ਤਿਆਰੀਆਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਜਿੱਥੇ ਜਥੇਬੰਦਕ ਸਰਗਰਮੀਆਂ ਦਾ ਜਾਇਜ਼ਾ ਲਿਆ ਗਿਆ, ਉੱਥੇ ਹੀ ਆਗਾਮੀ ਚੋਣਾਂ ਲਈ ਆਗੂਆਂ ਦੀਆਂ ਵਿਸ਼ੇਸ਼ ਡਿਊਟੀਆਂ ਲਗਾਉਣ ਦੇ ਨਾਲ ਲੋੜੀਂਦੀਆਂ ਹਦਾਇਤਾਂ ਵੀ ਜਾਰੀ ਕੀਤੀਆਂ ਗਈਆਂ। ਇਸ ਮੌਕੇ ਪਾਰਟੀ ਦੇ ਕੇਂਦਰੀ ਇੰਚਾਰਜ ਅਤੇ ਰਾਜ ਸਭਾ ਮੈਂਬਰ ਇੰਜ. ਰਾਮ ਜੀ ਗੌਤਮ, ਜੋ 10 ਸੂਬਿਆਂ ਦੇ ਇੰਚਾਰਜ ਵੀ ਹਨ, ਦੇ ਨਾਲ ਕੇਂਦਰੀ ਲੀਡਰਸ਼ਿਪ ਵੱਲੋਂ ਪੰਜਾਬ ਦੇ ਇੰਚਾਰਜ ਨਿਯੁਕਤ ਕੀਤੇ ਗਏ ਵਿਪੁਲ ਕੁਮਾਰ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।

ਇਸ ਤੋਂ ਇਲਾਵਾ ਪੰਜਾਬ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ, ਨਵਾਂਸ਼ਹਿਰ ਦੇ ਵਿਧਾਇਕ ਡਾ. ਨਛੱਤਰ ਪਾਲ, ਸੂਬਾ ਦਫ਼ਤਰ ਸਕੱਤਰ ਇੰਜ. ਜਸਵੰਤ ਰਾਏ, ਵਰਲਡ ਵਾਈਡ ਬੀ ਐਸ ਪੀ ਸਪੋਰਟ ਟੀਮ ਦੇ ਐਨ ਆਰ ਆਈ ਆਗੂ ਹਰਜਿੰਦਰ ਕੁਮਾਰ ਅਤੇ ਫਗਵਾੜਾ ਤੋਂ ਸੂਬਾ ਜਨਰਲ ਸਕੱਤਰ ਹਰਭਜਨ ਸਿੰਘ ਬਲਾਲੋਂ ਤੇ ਫਗਵਾੜਾ ਇੰਚਾਰਜ ਲੇਖ ਰਾਜ ਜਮਾਲਪੁਰੀ ਸਮੇਤ ਹੋਰ ਆਗੂ ਹਾਜ਼ਰ ਸਨ। ਮੀਟਿੰਗ ਦੌਰਾਨ ਪੰਜਾਬ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਪਾਰਟੀ ਦੀ ਵਿਚਾਰਧਾਰਾ ਅਤੇ ਪੰਜਾਬ ਦੀ ਸਿਆਸੀ ਸਥਿਤੀ ਬਾਰੇ ਆਪਣੇ ਵਿਚਾਰ ਰੱਖਦਿਆਂ ਕਿਹਾ ਕਿ ਬਹੁਜਨ ਸਮਾਜ ਪਾਰਟੀ ਜਿੱਥੇ ਬਹੁਜਨ ਸਮਾਜ ਦੇ ਹਿੱਤਾਂ ਦੀ ਪਹਿਰੇਦਾਰ ਹੈ, ਉੱਥੇ ਹੀ ਪੰਥਕ ਸੋਚ ਅਤੇ ਪੰਜਾਬ ਦੇ ਧਾਰਮਿਕ ਤੇ ਸਮਾਜਿਕ ਸਰੋਕਾਰਾਂ ਨੂੰ ਅੱਗੇ ਰੱਖਣ ਲਈ ਵੀ ਵਚਨਬੱਧ ਹੈ। ਇਸ ਮੌਕੇ ਸੁਖਵਿੰਦਰ ਸਿੰਘ ਸ਼ੇਰਗਿੱਲ, ਪਰਮਿੰਦਰ ਬੋਧ, ਚਿਰੰਜੀ ਲਾਲ ਕਾਲਾ, ਰਾਮ ਮੂਰਤ ਖੇੜਾ, ਹਰਭਜਨ ਖਲਵਾੜਾ ਸਮੇਤ ਹੋਰ ਪਾਰਟੀ ਆਗੂ ਵੀ ਹਾਜ਼ਰ ਸਨ।

ਚੰਡੀਗੜ੍ਹ ਪੰਜਾਬ ਹਵਾਲੇ ਕਰਨ, ਪੰਜਾਬੀ ਬੋਲਦੇ ਇਲਾਕੇ ਦੇ ਮੁੱਦੇ ਬਸਪਾ ਚੁੱਕੇਗੀ : ਕਰੀਮਪੁਰੀ

ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)- ਬਹੁਜਨ ਸਮਾਜ ਪਾਰਟੀ ਪੰਜਾਬ ਦੇ ਸੂਬਾ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਨੇ 'ਪੰਜਾਬ ਦਿਵਸ' ਮੌਕੇ ਸੂਬੇ ਭਰ ਵਿੱਚ 'ਪੰਜਾਬ ਸੰਭਾਲੋ ਮੁਹਿੰਮ' ਨੂੰ ਹੋਰ ਤੇਜ਼ ਕਰਦਿਆਂ ਭਾਰਤ ਦੇ ਰਾਸ਼ਟਰਪਤੀ ਦੇ ਨਾਂਅ 15 ਨੁਕਾਤੀ ਮੰਗ ਪੱਤਰ ਭੇਜਣ ਦਾ ਐਲਾਨ ਕੀਤਾ। ?ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾ. ਕਰੀਮਪੁਰੀ ਨੇ ਕਿਹਾ ਕਿ ਆਜ਼ਾਦੀ ਵੇਲੇ ਕਰੀਬ 1.76 ਲੱਖ ਵਰਗ ਕਿਲੋਮੀਟਰ ਵਾਲਾ ਪੁਨਰਗਠਿਤ ਪੰਜਾਬ ਅੱਜ ਘਟ ਕੇ ਮਹਿਜ਼ ਕਰੀਬ 50,362 ਵਰਗ ਕਿਲੋਮੀਟਰ (ਮਹਿਜ਼ 28.5%) ਰਹਿ ਗਿਆ ਹੈ। ਪੰਜਾਬ ਦੀ ਇਸ ਭੂਗੋਲਿਕ, ਆਰਥਿਕ ਅਤੇ ਸਮਾਜਿਕ ਤਬਾਹੀ ਲਈ ਹੁਣ ਤੱਕ ਰਾਜ ਕਰਨ ਵਾਲੀਆਂ ਕਾਂਗਰਸ, ਅਕਾਲੀ-ਭਾਜਪਾ ਅਤੇ ਮੌਜੂਦਾ ਸਰਕਾਰਾਂ ਬਰਾਬਰ ਦੀਆਂ ਦੋਸ਼ੀ ਹਨ। ?ਇਨ੍ਹਾਂ ਸਰਕਾਰਾਂ ਨੇ ਪੰਜਾਬ ਸਿਰ ਕਰੀਬ 5 ਲੱਖ ਕਰੋੜ ਦਾ ਕਰਜ਼ਾ ਚਾੜ੍ਹਿਆ, ਲੋਕਾਂ ਨੂੰ ਬੇਰੁਜ਼ਗਾਰੀ ਤੇ ਨਸ਼ਿਆਂ ਦੇ ਖੂਹ ਵਿੱਚ ਸੁੱਟਿਆ। ਪੰਜਾਬ ਨੂੰ ਬਰਬਾਦ ਕਰਨ ਵਾਲੀਆਂ ਇਨ੍ਹਾਂ ਪਾਰਟੀਆਂ ਦਾ ਚਿਹਰਾ ਜਨਤਾ ਦੇ ਸਾਹਮਣੇ ਨੰਗਾ ਹੋ ਚੁੱਕਾ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਸਰਕਾਰਾਂ ਨੇ ਪੰਜਾਬ ਦੇ ਟੋਟੇ-ਟੋਟੇ ਕੀਤੇ, ਚੰਡੀਗੜ੍ਹ ਤੇ ਪਾਣੀਆਂ ਦੇ ਹੱਕਾਂ 'ਤੇ ਡਾਕਾ ਮਾਰਿਆ ਅਤੇ ਧਾਰਮਿਕ-ਸਮਾਜਿਕ ਹਮਲੇ ਕੀਤੇ। ਇਸੇ ਤਰ੍ਹਾਂ ਅਕਾਲੀ-ਭਾਜਪਾ ਸਰਕਾਰ ਨੇ ਪੰਜਾਬ ਵਿੱਚ ਨਸ਼ਿਆਂ ਦੀਆਂ ਜੜ੍ਹਾਂ ਲਾਈਆਂ, ਕਿਸਾਨੀ ਅਤੇ ਜਵਾਨੀ ਨੂੰ ਰੋਲਿਆ ਅਤੇ ਕੇਂਦਰੀ ਅਧਿਕਾਰਾਂ ਦੀ ਦੁਰਵਰਤੋਂ ਕਰਕੇ ਪੰਜਾਬ ਦੇ ਹੱਕਾਂ ਦਾ ਦਮਨ ਕੀਤਾ। ?ਡਾ. ਕਰੀਮਪੁਰੀ ਨੇ ਦੱਸਿਆ ਕਿ 'ਪੰਜਾਬ ਸੰਭਾਲੋ ਮੁਹਿੰਮ' ਤਹਿਤ ਰਾਸ਼ਟਰਪਤੀ ਨੂੰ ਭੇਜੇ ਜਾਣ ਵਾਲੇ ਮੈਮੋਰੰਡਮ ਵਿੱਚ ?ਨਸ਼ੇ ਨਾਲ ਹੋ ਰਹੀਆਂ ਮੌਤਾਂ, ਸਮਗਲਰਾਂ-ਸਿਆਸਤਦਾਨਾਂ ਦੇ ਗੱਠਜੋੜ ਦੀ ਹਾਈ ਕੋਰਟ ਦੇ ਜੱਜ ਤੋਂ ਜਾਂਚ ਤੇ ਪੀੜਤ ਪਰਿਵਾਰਾਂ ਨੂੰ ਮੁਆਵਜ਼ੇ, ?ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਬੁੱਤਾਂ ਦੀ ਵੱਖ ਵੱਖ ਥਾਵਾਂ ਤੇ 14 ਵਾਰ ਬੇਅਦਬੀ ਦੀਆਂ ਘਟਨਾਵਾਂ,



ਸ੍ਰੀ ਗੁਰੂ ਰਵਿਦਾਸ ਧਾਮਾਂ/ਗੁਰੂਘਰਾਂ 'ਤੇ ਹਮਲਿਆਂ ਤੇ ਬੇਅਦਬੀਆਂ ਦੀ ਨਿਰਪੱਖ ਉੱਚ-ਪੱਧਰੀ ਜਾਂਚ ਦੇ ਮਾਮਲਿਆਂ ਨੂੰ ਚੁੱਕਿਆ ਗਿਆ ਹੈ। ਇਸ ਤੋਂ ਇਲਾਵਾ ਅੰਦੋਲਨਕਾਰੀ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ ਤੇ ਵਿਰੋਧੀ ਧਿਰਾਂ 'ਤੇ ਦਰਜ ਝੂਠੇ ਪਰਚੇ ਰੱਦ ਕਰਨ, ਪੁਲਿਸ ਹਿਰਾਸਤ ਵਿੱਚ ਹੋ ਰਹੀਆਂ ਮੌਤਾਂ 'ਤੇ ਰੋਕ ਅਤੇ ਦੋਸ਼ੀ ਅਧਿਕਾਰੀਆਂ 'ਤੇ ਕਾਰਵਾਈ ਦੀ ਗੱਲ ਰੱਖੀ ਗਈ ਹੈ।ਡਾ. ਕਰੀਮਪੁਰੀ ਨੇ ਕਿਹਾ ਕਿ ?ਚੰਡੀਗੜ੍ਹ 'ਤੇ ਪੰਜਾਬ ਦਾ ਹੱਕ ਹੈ। ਚੰਡੀਗੜ੍ਹ ਨੂੰ ਬਿਨਾਂ ਸ਼ਰਤ ਤੁਰੰਤ ਪੰਜਾਬ ਦੇ ਹਵਾਲੇ ਕੀਤਾ ਜਾਵੇ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਵਾਲਿਆਂ ਲਈ ਉਮਰ ਕੈਦ ਦਾ ਪ੍ਰਬੰਧ ਹੋਵੇ ਤੇ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਤੁਰੰਤ ਰਿਹਾਈ ਹੋਵੇ। ਫ਼ਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ ਦਾ ਕਾਨੂੰਨ ਬਣਾਇਆ ਜਾਵੇ। ?ਰੁਕੇ ਹੋਏ ਕੇਂਦਰੀ ਫੰਡ ਤੁਰੰਤ ਜਾਰੀ ਹੋਣ। ?ਉਨ੍ਹਾਂ ਪੰਜਾਬ ਦੇ 117 ਹਲਕਿਆਂ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸੂਬੇ ਨੂੰ ਬਚਾਉਣ ਲਈ ਬਸਪਾ ਦੇ ਝੰਡੇ ਹੇਠ ਇੱਕਜੁੱਟ ਹੋਣ ਅਤੇ ਪੰਜਾਬ ਦੀ ਆਨ, ਬਾਨ ਤੇ ਸ਼ਾਨ ਲਈ ਇਸ ਅੰਦੋਲਨ ਦਾ ਹਿੱਸਾ ਬਣਨ।

ਦਸੂਹਾ ਵਿਧਾਨ ਸਭਾ ਹਲਕੇ ਵਿੱਚ ਕਾਂਗਰਸੀ ਟਿਕਟ ਲਈ ਸਿਆਸੀ ਸਰਗਰਮੀਆਂ ਤੇਜ਼

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਦਸੂਹਾ ਵਿਧਾਨ ਸਭਾ ਹਲਕੇ ਵਿੱਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸਿਆਸੀ ਸਰਗਰਮੀਆਂ ਤੇਜ਼ ਹੋਣ ਲੱਗੀਆਂ ਹਨ। ਖਾਸ ਕਰਕੇ ਕਾਂਗਰਸ ਪਾਰਟੀ ਦੀ ਟਿਕਟ ਹਾਸਲ ਕਰਨ ਲਈ ਕਈ ਆਗੂ ਆਪਣੀ-ਆਪਣੀ ਦਾਅਵੇਦਾਰੀ ਮਜ਼ਬੂਤ ਕਰਨ ਵਿੱਚ ਜੁਟੇ ਹੋਏ ਹਨ। ਮੌਜੂਦਾ ਸਿਆਸੀ ਸਮੀਕਰਨਾਂ 'ਤੇ ਨਜ਼ਰ ਮਾਰੀ ਜਾਵੇ ਤਾਂ ਸਾਬਕਾ ਵਿਧਾਇਕ ਤੇ ਸਾਬਕਾ ਜ਼ਿਲ੍ਹਾ ਕਾਂਗਰਸ ਪ੍ਰਧਾਨ ਅਰੁਣ ਕੁਮਾਰ ਮਿੱਕੀ ਡੋਗਰਾ ਅਤੇ ਸਾਬਕਾ ਜ਼ਿਲ੍ਹਾ ਪਰਿਸ਼ਦ ਮੈਂਬਰ ਰਾਜ ਗੁਰਸ਼ਰਨ ਸਿੰਘ ਬਲੱਗਣ ਵਿਚਕਾਰ ਟਿਕਟ ਦੀ ਦੌੜ ਖਾਸ ਚਰਚਾ ਦਾ ਵਿਸ਼ਾ ਬਣੀ ਹੋਈ ਹੈ। ਇਸ ਤੋਂ ਇਲਾਵਾ ਹੋਰ ਆਗੂ ਵੀ ਆਪਣੀ ਦਾਅਵੇਦਾਰੀ ਪੇਸ਼ ਕਰ ਰਹੇ ਹਨ।ਦਸੂਹਾ ਵਿਧਾਨ ਸਭਾ ਹਲਕੇ ਤੋਂ ਸਾਬਕਾ ਵਿਧਾਇਕ ਅਤੇ ਸਾਬਕਾ ਜ਼ਿਲ੍ਹਾ ਕਾਂਗਰਸ ਪ੍ਰਧਾਨ ਸ੍ਰੀ ਅਰੁਣ ਕੁਮਾਰ ਮਿੱਕੀ ਡੋਗਰਾ ਵੀ ਟਿਕਟ ਦੀ ਦੌੜ ਵਿੱਚ ਇੱਕ ਅਹਿਮ ਦਾਅਵੇਦਾਰ ਹਨ।ਉਨ੍ਹਾਂ ਦੇ ਪਿਤਾ ਸ੍ਰੀ ਰਮੇਸ਼ ਚੰਦਰ ਡੋਗਰਾ ਲੰਬੇ ਸਮੇਂ ਤੱਕ ਕਾਂਗਰਸ ਪਾਰਟੀ ਨਾਲ ਜੁੜੇ ਰਹੇ ਅਤੇ ਬਤੌਰ ਕੈਬਨਿਟ ਮੰਤਰੀ ਵੀ ਆਪਣੀਆਂ ਸੇਵਾਵਾਂ ਨਿਭਾ ਚੁੱਕੇ ਹਨ। ਪਿਤਾ ਦੀ ਸਿਆਸੀ ਵਿਰਾਸਤ ਅਤੇ ਪਾਰਟੀ ਵਿੱਚ ਲੰਬੇ ਸਮੇਂ ਦੀ ਪਛਾਣ ਦਾ ਲਾਭ ਮਿੱਕੀ ਡੋਗਰਾ ਨੂੰ ਵੀ ਮਿਲਿਆ। ਕਾਂਗਰਸ ਪਾਰਟੀ ਵੱਲੋਂ ਉਨ੍ਹਾਂ ਨੂੰ ਤਿੰਨ ਵਾਰ ਵਿਧਾਨ ਸਭਾ ਚੋਣਾਂ ਲਈ ਟਿਕਟ ਦਿੱਤੀ ਗਈ, ਜਿਨ੍ਹਾਂ ਵਿੱਚੋਂ ਇੱਕ ਵਾਰ ਉਹ ਜਿੱਤ ਹਾਸਲ ਕਰਕੇ ਵਿਧਾਇਕ ਬਣੇ। ਇਸ ਤੋਂ ਇਲਾਵਾ ਉਨ੍ਹਾਂ ਨੇ ਜ਼ਿਲ੍ਹਾ ਕਾਂਗਰਸ ਪ੍ਰਧਾਨ ਵਜੋਂ ਵੀ ਆਪਣੀ ਭੂਮਿਕਾ ਨਿਭਾਈ। ਸਾਲ 2017 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਵੀ ਰਾਜ ਗੁਰਸ਼ਰਨ ਸਿੰਘ ਬਲੱਗਣ ਅਤੇ ਮਿੱਕੀ ਡੋਗਰਾ ਦੋਵੇਂ ਟਿਕਟ ਦੇ ਦਾਅਵੇਦਾਰ ਸਨ, ਪਰ ਆਖ਼ਰਕਾਰ ਪਾਰਟੀ ਨੇ ਮਿੱਕੀ ਡੋਗਰਾ ਨੂੰ ਆਪਣਾ ਉਮੀਦਵਾਰ ਬਣਾਇਆ। ਹੁਣ ਮੁੜ ਦੋਵਾਂ ਆਗੂਆਂ ਦੀ ਦਾਅਵੇਦਾਰੀ ਕਾਰਨ ਕਾਂਗਰਸ ਦੀ ਸਿਆਸਤ ਵਿੱਚ ਚਰਚਾ ਤੇਜ਼ ਹੋ ਰਹੀ ਹੈ। ਸਾਬਕਾ ਜ਼ਿਲ੍ਹਾ ਪਰਿਸ਼ਦ ਮੈਂਬਰ ਰਾਜ ਗੁਰਸ਼ਰਨ ਸਿੰਘ ਬਲੱਗਣ ਦਸੂਹਾ ਹਲਕੇ ਵਿੱਚ ਇੱਕ ਸਰਗਰਮ ਸਿਆਸੀ ਚਿਹਰੇ ਵਜੋਂ ਜਾਣੇ ਜਾਂਦੇ ਹਨ। ਸਾਲ 2013 ਵਿੱਚ ਉਨ੍ਹਾਂ ਨੇ ਅਕਾਲੀ-ਭਾਜਪਾ ਗੱਠਜੋੜ ਸਰਕਾਰ ਦੇ ਸਮੇਂ ਸੰਸਾਰਪੁਰ ਜ਼ੋਨ ਤੋਂ ਜ਼ਿਲ੍ਹਾ ਪਰਿਸ਼ਦ ਦੀ ਚੋਣ ਲੜੀ ਅਤੇ ਪੂਰਨ ਬਹੁਮਤ ਨਾਲ ਜਿੱਤ ਹਾਸਲ ਕੀਤੀ। ਉਸ ਸਮੇਂ ਇਸ ਜ਼ੋਨ ਅਧੀਨ ਲਗਭਗ 70 ਪਿੰਡ ਆਉਂਦੇ ਸਨ। ਬਲੱਗਣ ਦਾ ਪਰਿਵਾਰ ਲੰਬੇ ਸਮੇਂ ਤੋਂ ਕਾਂਗਰਸ ਪਾਰਟੀ ਨਾਲ ਜੁੜਿਆ ਹੋਇਆ ਹੈ।ਕਾਂਗਰਸ ਦੀ ਟਿਕਟ ਲਈ ਗੁਰਜੀਤ ਸਿੰਘ ਮਿੱਠੀ ਗਿੱਲ ਵੀ ਆਪਣੀ ਦਾਅਵੇਦਾਰੀ ਪੇਸ਼ ਕਰ ਰਹੇ ਹਨ। ਉਹ ਵੀ ਇਸ ਸਿਆਸੀ ਦੌੜ ਵਿੱਚ ਪਿੱਛੇ ਨਹੀਂ ਹਨ ਅਤੇ ਆਪਣੀ ਸਿਆਸੀ ਸਰਗਰਮੀ ਰਾਹੀਂ ਪਾਰਟੀ ਹਾਈਕਮਾਂਡ ਤੱਕ ਆਪਣਾ ਪੱਖ ਪਹੁੰਚਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਇਸੇ ਹੀ ਤਰ੍ਹਾਂ ਜਗਦੀਸ਼ ਸਿੰਘ ਸੋਈ ਦਸੂਹਾ ਗੈਸ ਏਜੰਸੀ ਦੇ ਮਾਲਕ ਦਾ ਨਾਮ ਵੀ ਇਸ ਦੌੜ ਵਿੱਚ ਸਾਹਮਣੇ ਆ ਰਿਹਾ ਹੈ। ਉਪਰੋਕਤ ਤੋਂ ਇਲਾਵਾ ਸੰਨੀ ਮਹਿਤਾ, ਮੁਨੀਸ਼ ਚੱਢਾ ਅਤੇ ਤਰਲੋਕ ਸਿੰਘ ਸਾਹੀ ਦੀ ਦਾਅਵੇਦਾਰੀ ਨੂੰ ਲੈ ਕੇ ਵੀ ਸਿਆਸੀ ਹਲਕਿਆਂ ਵਿੱਚ ਚਰਚਾ ਬਣੀ ਹੋਈ ਹੈ। ਦਸੂਹਾ ਵਿਧਾਨ ਸਭਾ ਹਲਕੇ ਵਿੱਚ ਕਾਂਗਰਸ ਪਾਰਟੀ ਦੀ ਟਿਕਟ ਦਾ ਫੈਸਲਾ ਕਈ ਅਹਿਮ ਪਹਿਲੂਆਂ ਨੂੰ ਧਿਆਨ ਵਿੱਚ ਰੱਖ ਕੇ ਹੋ ਸਕਦਾ ਹੈ। ਇਨ੍ਹਾਂ ਵਿੱਚ ਆਗੂਆਂ ਦਾ ਸਿਆਸੀ ਤਜਰਬਾ, ਪਾਰਟੀ ਪ੍ਰਤੀ ਵਫ਼ਾਦਾਰੀ, ਪਿੰਡ ਪੱਧਰ 'ਤੇ ਲੋਕ ਸੰਪਰਕ, ਜਨਤਕ ਸਰਗਰਮੀਆਂ, ਸਮਾਜਿਕ ਅਤੇ ਧਾਰਮਿਕ ਜਥੇਬੰਦੀਆਂ ਨਾਲ ਸਬੰਧ ਅਤੇ ਚੋਣ ਜਿੱਤਣ ਦੀ ਸੰਭਾਵਨਾ ਅਹਿਮ ਰਹੇਗੀ।ਫਿਲਹਾਲ ਦਸੂਹਾ ਹਲਕੇ ਵਿੱਚ ਕਾਂਗਰਸ ਦੀ ਟਿਕਟ ਲਈ ਮੁਕਾਬਲਾ ਦਿਲਚਸਪ ਬਣਿਆ ਹੋਇਆ ਹੈ। ਰਾਜ ਗੁਰਸ਼ਰਨ ਸਿੰਘ ਬਲੱਗਣ ਅਤੇ ਮਿੱਕੀ ਡੋਗਰਾ ਵਿਚਕਾਰ ਮੁੱਖ ਦਾਅਵੇਦਾਰੀ ਦੀ ਚਰਚਾ ਹੈ, ਜਦਕਿ ਗੁਰਜੀਤ ਸਿੰਘ ਮਿੱਠੀ ਗਿੱਲ ਅਤੇ ਜਗਦੀਸ਼ ਸਿੰਘ ਸੋਈ ਦੇ ਨਾਂਅ ਵੀ ਸਿਆਸੀ ਸਮੀਕਰਨਾਂ ਵਿੱਚ ਸ਼ਾਮਲ ਹਨ। ਹੁਣ ਦੇਖਣਾ ਇਹ ਹੋਵੇਗਾ ਕਿ ਪਾਰਟੀ ਹਾਈਕਮਾਂਡ ਕਿਸ ਆਗੂ ਦੇ ਹੱਕ ਵਿੱਚ ਫੈਸਲਾ ਲੈਂਦੀ ਹੈ ਅਤੇ ਦਸੂਹਾ ਦੀ ਸਿਆਸੀ ਤਸਵੀਰ ਆਉਣ ਵਾਲੇ ਸਮੇਂ ਵਿੱਚ ਕਿਹੜਾ ਮੋੜ ਲੈਂਦੀ ਹੈ।



ਮੈਗਸੀਪਾ ਵਿਖੇ ਵਿਖਾਇਆ 'ਪੀੜ (ਦਰਦ-ਏ-ਦਿਲ)' ਫਿਲਮ ਦਾ ਸ਼ੋਅ

ਚੰਡੀਗੜ੍ਹ (ਸੁਰਜੀਤ ਸੁਮਨ)- ਗਲੋਅ ਬੱਲ ਆਰਟ ਕਰੀਏਸ਼ਨਜ਼ ਦੇ ਬੈਨਰ ਹੇਠ ਬਣੀ ਫਿਲਮ 'ਪੀੜ (ਦਰਦ-ਏ-ਦਿਲ)' ਦੀ ਸਕ੍ਰੀਨਿੰਗ, ਇੱਥੇ ਮੈਗਸੀਪਾ ਵਿਖੇ ਕੀਤੀ ਗਈ। ਇਸ ਫਿਲਮ ਨੂੰ 200 ਤੋਂ ਵੱਧ ਦਰਸ਼ਕਾਂ ਨੇ ਦੇਖਿਆ, ਜਿਨ੍ਹਾਂ ਵਿੱਚ ਵਿਸ਼ੇਸ਼ ਸ਼ਖ਼ਸੀਅਤਾਂ ਕਰਨਲ ਦਲਜੀਤ ਸਿੰਘ ਚੀਮਾ, ਕਰਨਲ ਬੀ ਕੇ ਸ਼ਰਮਾ, ਪੀ ਐਸ ਨਰੂਲਾ, ਅਵਤਾਰ ਸਿੰਘ ਪਤੰਗ, ਬਲਕਾਰ ਸਿੰਘ ਸਿੱਧੂ, ਨੀਰਜ ਰਾਏਜ਼ਾਦਾ, ਆਰੀਆ ਸਮਾਜੀ ਰਮੇਸ਼ਵਰ ਗੁਪਤਾ, ਇੰਡੀਅਨ ਰੇਲਵੇ ਤੋਂ ਡਾ. ਆਰ ਬੀ ਸਿੰਘ, ਪਰਵਾਣੂੰ ਤੋਂ ਜਯਾ ਗੋਇਲ, ਡਾ ਰੇਖਾ ਮਿੱਤਲ, ਹਰਪਾਲ ਸਿੰਘ ਬੱਲ, ਬਲਵਿੰਦਰ ਸਿੰਘ ਢਿੱਲੋਂ, ਬਲਜੀਤ ਢਿੱਲੋਂ, ਚਰਨਜੀਤ ਬਾਠ, ਰਤਨ ਬਾਬਕਵਾਲਾ, ਪੀ ਐੱਨ ਬੀ ਤੋਂ ਅਰਵਿੰਦ ਗਰਗ ਤੇ ਸੁਨੀਤਾ ਗਰਗ, ਕੁਲਵੰਤ ਕੌਰ ਬੱਲ, ਐਡਵੋਕੇਟ ਪੀ ਸੀ ਚੋਪੜਾ ਤੇ ਸ੍ਰੀਮਤੀ ਚੋਪੜਾ (ਪਠਾਨਕੋਟ), ਮੈਡਮ ਦਰਸ਼ਨਾਂ ਪਾਹਵਾ, ਸ਼ੈਲੇਸ਼ ਵਰਮਾ (ਫ਼ਾਜ਼ਿਲਕਾ), ਜਗਜੀਤ ਸਰੀਨ, ਓ ਪੀ ਵਰਮਾ, ਸੋਨੀਆ ਪੰਚਾਲ, ਪਾਲ ਸਿੰਘ, ਪ੍ਰੀਤਮ ਸਿੰਘ।ਰਾਜਿੰਦਰਾ ਹਸਪਤਾਲ ਪਟਿਆਲਾ ਦੇ ਸੇਵਾਮੁਕਤ ਹੈੱਡ ਆਫ ਡਿਪਾਰਟਮੈਂਟ ਡਾ. ਮਨਜੀਤ ਐਸ. ਬੱਲ ਨੇ ਇਸ ਦੀ ਕਹਾਣੀ ਅਤੇ ਸੰਵਾਦ ਲਿਖੇ ਹਨ ਅਤੇ ਇੰਦਰਜੀਤ ਕੌਰ ਬੱਲ ਇਸ ਦੇ ਪ੍ਰੋਡਿਊਸਰ ਹਨ।ਫਿਲਮ ਸਿਸਟਮ ਦੀ ਬੇਰੁਖੀ ਦੀ ਇੱਕ ਦਿਲ ਦਹਿਲਾ ਦੇਣ ਵਾਲੀ ਕਹਾਣੀ ਹੈ, ਇੱਕ ਅਜਿਹਾ ਸਨਸਨੀਖੇਜ਼ ਬਿਰਤਾਂਤ ਜੋ ਮੈਡੀਕਲ, ਪ੍ਰਸ਼ਾਸਨਿਕ ਅਤੇ ਸਮਾਜਿਕ ਸੰਕਟਾਂ ਨੂੰ ਬਹੁਤ ਹੀ ਮਾਹਿਰਾਨਾ ਢੰਗ ਨਾਲ ਆਪਸ ਵਿੱਚ ਜੋੜਦਾ ਹੈ। ਨਾਲ ਹੀ ਇਹ ਇੱਕ ਪ੍ਰਭਾਵਸ਼ਾਲੀ ਤੇ ਸਮਾਜਿਕ ਤੌਰ 'ਤੇ ਢੁਕਵਾਂ ਡਰਾਮਾ ਹੋਣ ਦਾ ਵਾਅਦਾ ਵੀ ਕਰਦੀ ਹੈ, ਜੋ ਸਿਸਟਮ ਦੀਆਂ ਖਾਮੀਆਂ, ਸੰਸਥਾਗਤ ਲਾਪਰਵਾਹੀ ਅਤੇ ਆਮ ਨਾਗਰਿਕਾਂ ਦੁਆਰਾ ਚੁਕਾਈ ਜਾਣ ਵਾਲੀ ਭਾਰੀ ਕੀਮਤ 'ਤੇ ਤਿੱਖਾ ਚਾਨਣਾ ਪਾਉਂਦੀ ਹੈ।ਸੋਮ ਸਹੋਤਾ ਦੁਆਰਾ ਨਿਰਦੇਸ਼ਿਤ ਇਸ ਫਿਲਮ ਦੀ ਕਹਾਣੀ ਇੱਕ ਸਮਰਪਿਤ ਪੁਲਿਸ ਕਾਂਸਟੇਬਲ ਦੀ ਦੁੱਖਦਾਈ ਕਿਸਮਤ ਦੁਆਲੇ ਘੁੰਮਦੀ ਹੈ, ਜਿਸ ਵਿਚ ਦਿਲ ਦੀ ਬੀਮਾਰੀ ਦੇ ਸਪੱਸ਼ਟ ਲੱਛਣ ਦਿਖਾਈ ਦਿੰਦੇ ਹਨ ਪਰ ਉਸ ਨੂੰ ਡਿਊਟੀ 'ਤੇ ਰਹਿਣ ਲਈ ਮਜਬੂਰ ਕੀਤਾ ਜਾਂਦਾ ਹੈ ਅਤੇ ਆਖ਼ਰਕਾਰ ਉਸ ਦੀ ਮੌਤ ਹੋ ਜਾਂਦੀ ਹੈ।



ਸਾਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਮੀਨਾ ਪਰਮਾਰ ਫੌਂਡੇਸ਼ਨ ਯੂ ਕੇ ਦੀ ਸਰਪ੍ਰਸਤੀ ਹੇਠ ਸਾਲਾਨਾ ਇਨਾਮ ਵੰਡ ਪ੍ਰੋਗਰਾਮ ਰਾਜਪੂਤ ਭਵਨ ਲੱਧੇਵਾਲੀ ਵਿਖੇ ਕਰਵਾਏ ਗਏ ਜਿਸ ਵਿੱਚ ਪਤਵੰਤੇ ਸੱਜਣਾਂ ਨੇ ਹਾਜ਼ਰੀ ਭਰੀ। ਦੋ ਮਹਾਨ ਵਿਅਕਤੀਆਂ ਨੂੰ ਲਾਈਫ ਟਾਈਮ ਅਚੀਵਮੈਂਟ ਅਵਾਰਡ ਨਾਲ ਸਨਮਾਨਤ ਕੀਤਾ ਗਿਆ। ਭੁਪਿੰਦਰ ਸਿੰਘ ਮਿਨਹਾਸ ਸਾਬਕਾ ਚੇਅਰਮੈਨ ਮਹਾਂਰਾਸ਼ਟਰ ਗੁਰਦੁਆਰਾ ਬੋਰਡ ਜਿਨ੍ਹਾਂ ਨੇ ਆਪਣੇ ਜੀਵਨ ਕਾਲ ਵਿੱਚ ਸਿੱਖੀ ਪ੍ਰਚਾਰ, ਸਮਾਜ ਭਲਾਈ ਕੰਮ ਅਤੇ ਸੇਵਾ ਕਾਰਜਾਂ ਵਿੱਚ ਹਮੇਸ਼ਾ ਵਧ ਚੜ੍ਹ ਕੇ ਹਿੱਸਾ ਪਾਇਆ।ਪਰਮਜੀਤ ਸਿੰਘ ਸਰੋਆ ਜੋ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿੱਚ ਸਿੱਖ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਦੇ ਅਹੁਦੇ ਤੋਂ ਰਿਟਾਇਰ ਹੋਏ। ਜਿੱਥੇ ਉਨ੍ਹਾਂ ਨੇ ਸਾਰੀ ਉਮਰ ਸਿੱਖੀ ਦੇ ਪ੍ਰਚਾਰ ਤੇ ਲਾ ਦਿੱਤੀ ਉੱਥੇ ਉਨ੍ਹਾਂ ਨੇ ਸਿੱਖ ਇਤਿਹਾਸ ਨਾਲ ਸੰਬੰਧਿਤ ਕਈ ਕਿਤਾਬਾਂ ਵੀ ਲਿਖੀਆਂ। ਇਸ ਤੋਂ ਇਲਾਵਾ ਪੰਜ ਹੋਣਹਾਰ ਬੱਚਿਆਂ ਨੂੰ ਵੀ ਸਨਮਾਨਤ ਕੀਤਾ ਗਿਆ ਜਿਸ ਵਿੱਚ ਇੱਕ ਯਾਦਗਾਰੀ ਸ਼ੀਲਡ ਅਤੇ ਉਨ੍ਹਾਂ ਦੀ ਹੌਂਸਲਾ ਵਧਾਈ ਲਈ 10-10 ਹਜ਼ਾਰ ਰੁਪਏ ਦੇ ਨਕਦ ਇਨਾਮ ਵੀ ਦਿੱਤੇ ਗਏ। ਬੱਚਿਆਂ ਵਿੱਚ ਬਬੀਤਾ ਜਸਵਾਲ ਪਿੰਡ ਭਾਮ ਜ਼ਿਲ੍ਹਾ ਹੁਸ਼ਿਆਰਪੁਰ ਜਿਸ ਨੇ ਪੜ੍ਹਾਈ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ।ਮਨਜੋਤ ਮਿਨਹਾਸ ਜਿਸ ਨੇ ਪੜ੍ਹਾਈ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ। ਮਹਿਕ ਠਾਕੁਰ ਨੇ ਵੀ ਪੜ੍ਹਾਈ ਵਿੱਚੋਂ ਪੰਜਾਬ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ। ਜਸਕਰਨ ਜੋਤ ਸਿੰਘ ਰਾਠੌਰ ਪਿੰਡ ਖਰਾਜਪੁਰ ਨੂੰ ਏਸ਼ੀਅਨ ਚੈਂਪੀਅਨ ਹੋਣ ਲਈ ਸਨਮਾਨਤ ਕੀਤਾ ਗਿਆ ਜਿਸ ਨੇ ਕਿੱਕ ਬਾਕਸਗ ਵਿੱਚ ਏਸ਼ੀਅਨ ਖੇਡਾਂ ਵਿਚੋਂ ਸੋਨ ਤਮਗਾ ਜਿੱਤਿਆ। ਚਰਨਪ੍ਰੀਤ ਸਿੰਘ ਰਾਠੌਰ ਪਿੰਡ ਖਰਾਜਪੁਰ ਜਿਸ ਨੇ ਨੈਸ਼ਨਲ ਖੇਡਾਂ ਵਿੱਚ ਦੋ ਕਾਂਸੀ ਤਮਗੇ ਜਿੱਤੇ।ਦਲਵਿੰਦਰ ਸਿੰਘ ਪਰਮਾਰ ਯੂਕੇ ਦੀ ਅਗਵਾਈ ਵਿੱਚ ਕਰਵਾਏ ਪ੍ਰੋਗਰਾਮ ਵਿੱਚ ਸਤਿੰਦਰ ਸਿੰਘ ਪ੍ਰਹਾਰ ਇਟਲੀ, ਪੁਨੀਤ ਸਿੰਘ ਮਿਨਹਾਸ, ਇੰਦਰਜੀਤ ਕੌਰ ਮੁੰਬਈ,ਪਰਮਜੀਤ ਸਿੰਘ ਸਰੋਆ, ਜਗਜੀਤ ਸਿੰਘ ਮਿਨਹਾਸ, ਐਡਵੋਕੇਟ ਹਰਜੀਤ ਸਿੰਘ ਮਿਨਹਾਸ, ਰਵਿੰਦਰ ਸਿੰਘ ਭੱਟੀ, ਨਛੱਤਰ ਸਿੰਘ ਭੱਟੀ ਇਲਾਕੇ ਦੇ ਪੰਚ ਸਰਪੰਚ ਸ਼ਾਮਲ ਹੋਏ।

ਪੁਲੀ ਦਾ ਕੰਮ ਇੱਕ ਸਾਲ ਤੋਂ ਅਧੂਰਾ, ਰਾਹਗੀਰ ਹੋ ਰਹੇ ਖੱਜਲ-ਖੁਆਰ

ਪੋਜੇਵਾਲ (ਰਾਮ ਲਾਲ)- ਬਲਾਕ ਸੜੋਆ ਦੇ ਪਿੰਡ ਆਲੋਵਾਲ ਤੋਂ ਬਕਾਪੁਰ ਨੂੰ ਜਾਣ ਵਾਲੇ ਰਸਤੇ 'ਤੇ ਬਣ ਰਹੀ ਪੁਲੀ ਦਾ ਕੰਮ ਪਿਛਲੇ ਕਰੀਬ ਇੱਕ ਸਾਲ ਤੋਂ ਅਧੂਰਾ ਪਿਆ ਹੋਣ ਕਾਰਨ ਇਲਾਕਾ ਨਿਵਾਸੀਆਂ ਅਤੇ ਰੋਜ਼ਾਨਾ ਇਸ ਰਸਤੇ ਤੋਂ ਲੰਘਣ ਵਾਲੇ ਰਾਹਗੀਰਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪੁਲੀ ਦਾ ਕੰਮ ਲੰਬੇ ਸਮੇਂ ਤੋਂ ਅਧੂਰਾ ਪਿਆ ਹੋਣ ਕਾਰਨ ਲੋਕਾਂ ਵਿੱਚ ਨਾਰਾਜ਼ਗੀ ਪਾਈ ਜਾ ਰਹੀ ਹੈ। ਲੋਕਾਂ ਦਾ ਸਵਾਲ ਹੈ ਕਿ ਜਦੋਂ ਵਿਕਾਸ ਕਾਰਜ ਸ਼ੁਰੂ ਕੀਤੇ ਜਾਂਦੇ ਹਨ ਤਾਂ ਉਨ੍ਹਾਂ ਨੂੰ ਨਿਰਧਾਰਤ ਸਮੇਂ ਅੰਦਰ ਪੂਰਾ ਕਿਉਂ ਨਹੀਂ ਕੀਤਾ ਜਾਂਦਾ? ਪ੍ਰਾਪਤ ਜਾਣਕਾਰੀ ਅਤੇ ਮੌਕੇ ਦੀ ਤਸਵੀਰ ਅਨੁਸਾਰ ਪੁਲੀ ਦਾ ਨਿਰਮਾਣ ਕਾਰਜ ਅਜੇ ਤੱਕ ਪੂਰੀ ਤਰ੍ਹਾਂ ਮੁਕੰਮਲ ਨਹੀਂ ਹੋ ਸਕਿਆ। ਪੁਲੀ ਉੱਪਰ ਮਿੱਟੀ ਅਤੇ ਬੱਜਰੀ ਪਾਈ ਹੋਈ ਹੈ, ਪਰ ਸੜਕ ਨੂੰ ਅਜੇ ਤੱਕ ਪੱਕਾ ਅਤੇ ਆਵਾਜਾਈ ਦੇ ਯੋਗ ਬਣਾਉਣ ਦਾ ਕੰਮ ਪੂਰਾ ਨਹੀਂ ਹੋਇਆ। ਇਸ ਕਾਰਨ ਦੋਪਹੀਆ ਵਾਹਨ ਚਾਲਕਾਂ, ਕਾਰਾਂ ਅਤੇ ਹੋਰ ਵਾਹਨਾਂ ਰਾਹੀਂ ਸਫ਼ਰ ਕਰਨ ਵਾਲੇ ਲੋਕਾਂ ਨੂੰ ਲੰਘਣ ਸਮੇਂ ਮੁਸ਼ਕਲਾਂ ਆਉਂਦੀਆਂ ਹਨ। ਖ਼ਾਸ ਕਰਕੇ ਰਾਤ ਸਮੇਂ ਅਤੇ ਮੀਂਹ ਪੈਣ ਦੀ ਸੂਰਤ ਵਿੱਚ ਇਹ ਰਸਤਾ ਹੋਰ ਵੀ ਮੁਸ਼ਕਲ ਅਤੇ ਖ਼ਤਰਨਾਕ ਬਣ ਸਕਦਾ ਹੈ।ਇਹ ਰਸਤਾ ਆਲੋਵਾਲ ਅਤੇ ਬਕਾਪੁਰ ਸਮੇਤ ਆਸ-ਪਾਸ ਦੇ ਇਲਾਕੇ ਦੇ ਲੋਕਾਂ ਲਈ ਆਵਾਜਾਈ ਦਾ ਮਹੱਤਵਪੂਰਨ ਸਾਧਨ ਹੈ। ਇਸ ਸਬੰਧੀ ਬਲਾਕ ਸੰਮਤੀ ਮੈਂਬਰ ਸ਼ਾਮ ਲਾਲ ਅਤੇ ਆਲੋਵਾਲ ਦੇ ਸਾਬਕਾ ਸਰਪੰਚ ਤਿਲਕ ਰਾਜ ਸੂਦ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਆਲੋਵਾਲ ਤੋਂ ਬਕਾਪੁਰ ਨੂੰ ਜਾਣ ਵਾਲੀ ਪੁਲੀ ਦਾ ਅਧੂਰਾ ਪਿਆ ਨਿਰਮਾਣ ਕਾਰਜ ਬਿਨਾਂ ਹੋਰ ਦੇਰੀ ਕੀਤੇ ਮੁਕੰਮਲ ਕਰਵਾਇਆ ਜਾਵੇ।



ਅੱਖਾਂ ਦੇ ਜਾਂਚ ਕੈਂਪ ਦੌਰਾਨ 24 ਮਰੀਜ਼ਾਂ ਦੇ ਆਪ੍ਰੇਸ਼ਨ ਕਰਵਾਏ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਸਿਹਤ ਵਿਭਾਗ ਵੱਲੋਂ ਲੋਕਾਂ ਨੂੰ ਮਿਆਰੀ ਅਤੇ ਬਿਹਤਰ ਸਿਹਤ ਸੇਵਾਵਾਂ ਉਨ੍ਹਾਂ ਦੇ ਨੇੜੇ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਦੀ ਅਗਵਾਈ ਹੇਠ ਬੀਨੇਵਾਲ ਵਿਖੇ ਅੱਖਾਂ ਦੀ ਜਾਂਚ ਲਈ ਵਿਸ਼ੇਸ਼ ਕੈਂਪ ਲਗਾਇਆ ਗਿਆ ਸੀ। ਇਸ ਕੈਂਪ ਦੌਰਾਨ ਜਾਂਚ ਉਪਰੰਤ 24 ਮਰੀਜ਼ ਮੋਤੀਆਬਿੰਦ ਤੋਂ ਪੀੜਤ ਪਾਏ ਗਏ, ਜਿਨ੍ਹਾਂ ਦੇ ਸਫਲ ਆਪ੍ਰੇਸ਼ਨ ਸਿਵਲ ਹਸਪਤਾਲ ਹੁਸ਼ਿਆਰਪੁਰ ਵਿਖੇ ਕਰਵਾਏ ਗਏ।

ਮਰੀਜ਼ਾਂ ਦੀ ਗਿਣਤੀ ਅਤੇ ਉਨ੍ਹਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦਿਆਂ ਆਪ੍ਰੇਸ਼ਨਾਂ ਦਾ ਪ੍ਰਬੰਧ ਤਿੰਨ ਵੱਖ-ਵੱਖ ਦਿਨਾਂ ਵਿੱਚ ਕੀਤਾ ਗਿਆ। ਇਹ ਆਪ੍ਰੇਸ਼ਨ 24 ਅਕਤੂਬਰ (ਸ਼ਨੀਵਾਰ), 28 ਅਕਤੂਬਰ (ਬੁੱਧਵਾਰ) ਅਤੇ 31 ਅਕਤੂਬਰ (ਸ਼ਨੀਵਾਰ) ਨੂੰ ਕੀਤੇ ਗਏ। ਇਸ ਦੌਰਾਨ ਸਿਹਤ ਵਿਭਾਗ ਵੱਲੋਂ ਸਿਰਫ਼ ਮਰੀਜ਼ਾਂ ਦੇ ਆਪ੍ਰੇਸ਼ਨ ਕਰਵਾਉਣ ਤੱਕ ਹੀ ਸੀਮਿਤ ਨਾ ਰਹਿੰਦਿਆਂ ਉਨ੍ਹਾਂ ਦੀ ਆਵਾਜਾਈ, ਹਸਪਤਾਲ ਵਿੱਚ ਇਲਾਜ ਅਤੇ ਆਪ੍ਰੇਸ਼ਨ ਤੋਂ ਬਾਅਦ ਦੀ ਦੇਖਭਾਲ ਦਾ ਵੀ ਵਿਸ਼ੇਸ਼ ਪ੍ਰਬੰਧ ਕੀਤਾ ਗਿਆ। ਹਰੇਕ ਮਰੀਜ਼ ਦਾ ਆਪ੍ਰੇਸ਼ਨ ਤੋਂ ਅਗਲੇ ਦਿਨ ਫਾਲੋਅੱਪ ਕਰਕੇ ਅੱਖਾਂ ਦੀ ਸਥਿਤੀ ਅਤੇ ਸਿਹਤਯਾਬੀ ਦਾ ਜਾਇਜ਼ਾ ਵੀ ਲਿਆ ਗਿਆ।

ਇਸ ਸਮੁੱਚੀ ਮੁਹਿੰਮ ਦੇ ਪ੍ਰਬੰਧਾਂ ਅਤੇ ਵੱਖ-ਵੱਖ ਪੱਧਰਾਂ 'ਤੇ ਤਾਲਮੇਲ ਸਥਾਪਤ ਕਰਨ ਵਿੱਚ ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਸੀਮਾ ਗਰਗ ਵੱਲੋਂ ਅਹਿਮ ਭੂਮਿਕਾ ਨਿਭਾਈ ਗਈ।



ਵਿਦਿਆਰਥੀ ਤੇ ਅਧਿਆਪਕ ਪੁਸਤਕ ਮੇਲੇ ਦਾ ਭਰਪੂਰ ਲਾਹਾ ਲੈਣ : ਪ੍ਰਿੰਸੀਪਲ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਪੰਜਾਬੀ ਵਿਕਾਸ ਮੰਚ ਹਰਿਆਣਾ ਵੱਲੋਂ ਸਿੱਖਿਆ ਵਿਭਾਗ ਹੁਸ਼ਿਆਰਪੁਰ ਜ਼ਿਲਾ ਸਿੱਖਿਆ ਅਤੇ ਸਿਖਲਾਈ ਸੰਸਥਾ ਹੁਸ਼ਿਆਰਪੁਰ, ਭਾਸ਼ਾ ਵਿਭਾਗ ਦਫਤਰ ਹੁਸ਼ਿਆਰਪੁਰ ਅਤੇ ਇਲਾਕੇ ਦੀਆਂ ਵੱਖ ਵੱਖ ਸੰਸਥਾਵਾਂ ਦੇ ਸਹਿਯੋਗ ਨਾਲ 5 ਤੇ 6 ਨਵੰਬਰ ਨੂੰ ਕਰਵਾਇਆ ਜਾ ਰਿਹਾ ਵਿਸ਼ਾਲ ਪੁਸਤਕ ਮੇਲਾ ਅਤੇ ਵਿਰਾਸਤੀ ਉਤਸਵ ਜ਼ਿਲ੍ਹੇ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਵਾਸਤੇ ਸਾਹਿਤਿਕ ਤੋਹਫਾ ਹੋ ਨਿਬੜੇਗਾ।



ਇਸ ਸਬੰਧੀ ਗੱਲਬਾਤ ਕਰਦਿਆਂ ਪ੍ਰਿੰਸੀਪਲ ਅਮਨਦੀਪ ਸ਼ਰਮਾ ਅਤੇ ਜਿਲਾ ਸਿੱਖਿਆ ਅਤੇ ਸਿਖਲਾਈ ਸੰਸਥਾ ਹੁਸ਼ਿਆਰਪੁਰ ਮੈਂਟਰ ਅੰਕਰ ਸੂਦ ਨੇ ਦੱਸਿਆ ਕਿ ਇਸ ਪੁਸਤਕ ਮੇਲੇ ਦੌਰਾਨ ਸਾਹਿਤ ਅਤੇ ਕਲਾ ਪ੍ਰੇਮੀਆਂ ਨੂੰ ਪੰਜਾਬ ਦੇ ਸਿਰਕੱਢ ਪੁਸਤਕ ਪ੍ਰਕਾਸ਼ਕਾਂ ਵੱਲੋਂ ਸਸਤੇ ਰੇਟਾਂ ਉੱਤੇ ਸਿੱਖਿਆ, ਸਾਹਿਤ, ਇਤਿਹਾਸ, ਸੱਭਿਆਚਾਰ ਸਮਾਜ ਵਿਗਿਆਨ, ਮਨੋਵਿਗਿਆਨ ਅਤੇ ਵੱਖ-ਵੱਖ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਵਾਸਤੇ ਸਸਤੇ ਰੇਟਾਂ ਉੱਤੇ ਪੁਸਤਕਾਂ ਉਪਲਬਧ ਕਰਵਾਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਇਸ ਵਿਦਿਅਕ ਉਤਸਵ ਦੌਰਾਨ ਪੰਜਾਬੀ ਭਾਸ਼ਾ ਸੱਭਿਆਚਾਰ ਅਤੇ ਪੰਜਾਬ ਨਾਲ ਜੁੜੇ ਸਰੋਕਾਰਾਂ ਉੱਤੇ ਵੱਖ ਵੱਖ ਕਾਲਜਾਂ ਅਤੇ ਯੂਨੀਵਰਸਿਟੀਆਂ ਦੇ ਮਾਹਰ ਵਿਦਵਾਨ ਆਪਣੇ ਵਿਚਾਰ ਸਾਂਝੇ ਕਰਨਗੇ।

ਇਸ ਵਿਦਿਅਕ ਅਤੇ ਸਾਹਿਤਿਕ ਉਤਸਵ ਨੂੰ ਰੌਚਕ ਬਣਾਉਣ ਵਾਸਤੇ ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀ ਸੱਭਿਆਚਾਰ ਅਤੇ ਪੰਜਾਬੀ ਵਿਰਾਸਤ ਨਾਲ ਜੁੜੀਆਂ ਵੱਖ ਵੱਖ ਵਨਗੀਆਂ ਦਾ ਮੁਜਾਹਰਾ ਵੀ ਕਰਨਗੇ।

ਪ੍ਰਿੰਸੀਪਲ ਅਮਨਦੀਪ ਸ਼ਰਮਾ ਅਤੇ ਮੈਨੀਟਰ ਅੰਕਰ ਸੂਦ ਨੇ ਜ਼ਿਲ੍ਹੇ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਇਸ ਵਿਦਿਅਕ ਅਤੇ ਸਾਹਿਤਿਕ ਉਤਸਵ ਵਿਚ ਹੁਮ ਹੁਮਾ ਕੇ ਕੇ ਪਹੁੰਚਣ ਦੀ ਅਪੀਲ ਕੀਤੀ ਹੈ। ਉਕਤ ਬੁਲਾਰਿਆਂ ਨੇ ਦੱਸਿਆ ਕਿ ਪੰਜਾਬੀ ਵਿਕਾਸ ਮੰਚ ਵੱਲੋਂ ਕਰਵਾਏ ਜਾ ਰਹੇ ਦਸਵੇਂ ਪੁਸਤਕ ਮੇਲੇ ਦੇ ਸਮੁੱਚੇ ਪ੍ਰਬੰਧ ਦੀ ਜਿੰਮੇਵਾਰੀ ਗੁਰੂ ਨਾਨਕ ਐਜੂਕੇਸ਼ਨਲ ਟਰਸਟ ਦੇ ਚੇਅਰਮੈਨ ਇੰਜੀਨੀਅਰ ਪ੍ਰਭਜੀਤ ਸਿੰਘ ਤੇ ਬੀ ਐੱਡ ਕਾਲਜ ਦੇ ਪ੍ਰਿੰਸੀਪਲ ਡਾਕਟਰ ਧੀਰਜ ਕੁਮਾਰ ਅਤੇ ਗੁਰੂ ਨਾਨਕ ਐਜੂਕੇਸ਼ਨਲ ਟਰਸਟ ਅਧੀਨ ਪੈਂਦੇ ਕਾਲਜਾਂ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਵੱਲੋਂ ਨਿਭਾਈ ਜਾ ਰਹੀ ਹੈ।

ਪੁਲਸ ਨੂੰ ਰੇਲਵੇ ਟਰੈਕ ਨੇੜੇ ਮਿਲੀ ਲਾਸ਼

ਮੋਰਿੰਡਾ (ਨਿਹਾਲ ਸਿੰਘ ਕਲਸੀ)- ਰੇਲਵੇ ਪੁਲਿਸ ਨੂੰ ਨੌਗਾਵਾਂ ਨਿਊ-ਮੋਰਿੰਡਾ ਰੇਲਵੇ ਸਟੇਸ਼ਨ ਦੇ ਦਰਮਿਆਨ ਰੇਲਵੇ ਦੇ ਕਿਲੋਮੀਟਰ 17 ਦੇ 4-5 ਵਿਖੇ ਰੇਲਵੇ ਟਰੈਕ ਦੇ ਨੇੜੇ ਇੱਕ 50-52 ਸਾਲਾ ਅਣਪਛਾਤੇ ਵਿਅਕਤੀ ਦੀ ਲਾਸ਼ ਮਿਲੀ ਹੈ ਜੋ ਰੇਲਵੇ ਅਧਿਕਾਰੀਆਂ ਅਨੁਸਾਰ ਚਾਰ ਤੋਂ ਪੰਜ ਦਿਨ ਪੁਰਾਣੀ ਹੈ ਅਤੇ ਇਸ ਲਾਸ਼ ਵਿੱਚ ਕੀੜੇ ਚਲਦੇ ਸਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਏ ਐਸ ਆਈ ਰਘਵਿੰਦਰ ਸਿੰਘ ਨੇ ਦੱਸਿਆ ਕਿ ਰੇਲਵੇ ਚੌਕੀ ਇੰਚਾਰਜ ਏ ਐਸ ਆਈ ਗੁਰਵਿੰਦਰ ਸਿੰਘ ਵੱਲੋਂ ਕਾਰਵਾਈ ਕਰਦੇ ਹੋਏ ਲਾਸ਼ ਨੂੰ ਸ਼ਨਾਖਤ ਲਈ 72 ਘੰਟੇ ਲਈ ਸਰਕਾਰੀ ਹਸਪਤਾਲ ਰੂਪਨਗਰ ਵਿਖੇ ਰੱਖਿਆ ਗਿਆ ਹੈ ਤੇ 174 ਬੀ ਐਨ ਐਸ ਤਹਿਤ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਜਾਪਦਾ ਹੈ ਕਿ ਇਹ ਵਿਅਕਤੀ ਨਾ ਮਾਲੂਮ ਟ੍ਰੇਨ ਤੋਂ ਡਿੱਗਣ ਕਾਰਨ ਇਸ ਦੀ ਮੌਤ ਹੋਈ ਹੈ। ਚੌਕੀ ਇੰਚਾਰਜ ਏ ਐਸ ਆਈ ਗੁਰਵਿੰਦਰ ਸਿੰਘ ਨੇ ਦੱਸਿਆ ਕਿ ਇਸ ਸਬੰਧੀ ਗਹਿਰਾਈ ਨਾਲ ਜਾਂਚ ਕੀਤੀ ਜਾਵੇਗੀ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਇਸ ਸਬੰਧ ਵਿੱਚ ਜਿਸ ਜੇਕਰ ਕਿਸੇ ਨੂੰ ਕੋਈ ਜਾਣਕਾਰੀ ਮਿਲਦੀ ਹੈ ਤਾਂ ਮੋਰਿੰਡਾ ਰੇਲਵੇ ਪੁਲਸ ਨਾਲ ਸੰਪਰਕ ਕਰਕੇ ਰੇਲਵੇ ਪੁਲਸ ਦੇ ਧਿਆਨ ਵਿੱਚ ਲਿਆਂਦਾ ਜਾਵੇ।

ਭਾਈ ਦੂਜ 'ਤੇ ਭਰਾ ਆਪਣੀਆਂ ਭੈਣਾਂ ਨੂੰ ਦੇਣ ਐੱਚ ਪੀ ਵੀ ਵੈਕਸੀਨ ਦਾ ਸੁਰੱਖਿਆ ਕਵਚ : ਡਿਪਟੀ ਕਮਿਸ਼ਨਰ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਭਾਈ ਦੂਜ ਦਾ ਤਿਉਹਾਰ ਭੈਣ-ਭਰਾ ਦੇ ਅਟੁੱਟ ਪਿਆਰ, ਵਿਸ਼ਵਾਸ ਅਤੇ ਇੱਕ-ਦੂਜੇ ਦੀ ਸੁਰੱਖਿਆ ਦੇ ਸੰਕਲਪ ਦਾ ਪ੍ਰਤੀਕ ਹੈ। ਇਸ ਪਵਿੱਤਰ ਮੌਕੇ 'ਤੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜ਼ਿਲ੍ਹੇ ਦੇ ਸਮੂਹ ਭਰਾਵਾਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਭੈਣਾਂ ਨੂੰ ਤੋਹਫ਼ੇ ਦੇਣ ਦੇ ਨਾਲ-ਨਾਲ ਉਨ੍ਹਾਂ ਨੂੰ ਬਿਹਤਰ ਸਿਹਤ ਅਤੇ ਸੁਰੱਖਿਅਤ ਭਵਿੱਖ ਦਾ ਤੋਹਫ਼ਾ ਵੀ ਦੇਣ। ਉਨ੍ਹਾਂ ਕਿਹਾ ਕਿ 14 ਤੋਂ 15 ਸਾਲ ਦੀ ਉਮਰ ਦੀਆਂ ਆਪਣੀਆਂ ਭੈਣਾਂ ਨੂੰ ਸਰਵਾਈਕਲ ਕੈਂਸਰ ਵਰਗੀ ਗੰਭੀਰ ਬਿਮਾਰੀ ਤੋਂ ਬਚਾਉਣ ਲਈ ਐੱਚ ਪੀ ਵੀ (ਹਿਊਮਨ ਪੈਪੀਲੋਮਾ ਵਾਇਰਸ) ਵੈਕਸੀਨ ਦਾ ਮੁਫ਼ਤ ਟੀਕਾਕਰਨ ਕਰਵਾਉਣ ਵਿੱਚ ਸਹਿਯੋਗ ਕਰਨ।ਐੱਚ ਪੀ ਵੀ ਵੈਕਸੀਨ ਸਰਵਾਈਕਲ ਕੈਂਸਰ ਤੋਂ ਬਚਾਅ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੈ ਅਤੇ ਕਿਸ਼ੋਰ ਅਵਸਥਾ ਵਿੱਚ ਇਸ ਦਾ ਟੀਕਾਕਰਨ ਭਵਿੱਖ ਵਿੱਚ ਗੰਭੀਰ ਸਿਹਤ ਸਮੱਸਿਆਵਾਂ ਤੋਂ ਬਚਾਅ ਕਰਨ ਵਿੱਚ ਸਹਾਇਕ ਹੋ ਸਕਦਾ ਹੈ।ਉਨ੍ਹਾਂ ਦੱਸਿਆ ਕਿ ਹੁਸ਼ਿਆਰਪੁਰ ਜ਼ਿਲ੍ਹੇ ਵਿੱਚ 14 ਤੋਂ 15 ਸਾਲ ਦੀ ਉਮਰ ਵਰਗ ਦੀਆਂ ਕਿਸ਼ੋਰੀਆਂ ਲਈ ਐੱਚ.ਪੀ.ਵੀ. ਟੀਕਾਕਰਨ ਦਾ ਕੁੱਲ ਟੀਚਾ 17,131 ਹੈ। ਇਨ੍ਹਾਂ ਵਿੱਚੋਂ ਹੁਣ ਤੱਕ 5,259 ਡੋਜ਼ ਲਗਾਈਆਂ ਜਾ ਚੁੱਕੀਆਂ ਹਨ, ਜਦਕਿ 11,872 ਡੋਜ਼ ਲਗਾਈਆਂ ਜਾਣੀਆਂ ਬਾਕੀ ਹਨ। ਇਹ ਟੀਕਾਕਰਨ ਪੂਰੀ ਤਰ੍ਹਾਂ ਮੁਫ਼ਤ ਉਪਲਬੱਧ ਹੈ ਅਤੇ ਜ਼ਿਲ੍ਹੇ ਦੇ ਨੇੜਲੇ ਸਿਹਤ ਕੇਂਦਰਾਂ ਵਿੱਚ ਕਰਵਾਇਆ ਜਾ ਸਕਦਾ ਹੈ।

ਮਠਿਆਈਆਂ 'ਚ ਮਨਮਰਜ਼ੀ ਦੇ ਰੰਗ ਪਾਉਣ ਵਾਲੇ ਹੋ ਜਾਣ ਸਾਵਧਾਨ : ਸਹਾਇਕ ਕਮਿਸ਼ਨਰ (ਫੂਡ)

ਪੋਜੇਵਾਲ (ਰਾਮ ਲਾਲ)- ਤਿਉਹਾਰਾਂ ਦੇ ਸੀਜ਼ਨ ਦੌਰਾਨ ਲੋਕਾਂ ਨੂੰ ਸੁਰੱਖਿਅਤ ਅਤੇ ਮਿਆਰੀ ਖਾਣ-ਪੀਣ ਵਾਲੀਆਂ ਵਸਤਾਂ ਮੁਹੱਈਆ ਕਰਵਾਉਣ ਲਈ ਸਿਹਤ ਵਿਭਾਗ ਵੱਲੋਂ ਮਿਲਾਵਟਖੋਰੀ ਅਤੇ ਗੈਰ-ਮਿਆਰੀ ਖੁਰਾਕੀ ਵਸਤਾਂ ਦੀ ਵਿਕਰੀ ਵਿਰੁੱਧ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ।ਕਮਿਸ਼ਨਰ (ਫੂਡ) ਕੰਵਲਪ੍ਰੀਤ ਬਰਾੜ ਦੀਆਂ ਹਦਾਇਤਾਂ ਅਤੇ ਸਿਵਲ ਸਰਜਨ ਡਾ. ਗੀਤਾਂਜਲੀ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਫੂਡ ਸੇਫ਼ਟੀ ਟੀਮ, ਸ਼ਹੀਦ ਭਗਤ ਸਿੰਘ ਨਗਰ ਵੱਲੋਂ 2 ਅਤੇ 3 ਨਵੰਬਰ ਨੂੰ ਬਲਾਚੌਰ ਅਤੇ ਇਸ ਦੇ ਨਾਲ ਲੱਗਦੇ ਇਲਾਕਿਆਂ ਵਿੱਚ ਵਿਸ਼ੇਸ਼ ਚੈਕਿੰਗ ਕੀਤੀ ਗਈ।ਇਸ ਦੌਰਾਨ ਖੋਆ, ਪਨੀਰ, ਰੰਗਦਾਰ ਮਠਿਆਈਆਂ ਅਤੇ ਚਾਂਦੀ ਦਾ ਵਰਕ ਲੱਗੀਆਂ ਮਠਿਆਈਆਂ ਦੇ ਸੈਂਪਲ ਜਾਂਚ ਲਈ ਭਰੇ ਗਏ। ਜਾਂਚ ਦੌਰਾਨ 20 ਕਿਲੋ ਬਾਸੀ ਅਤੇ ਰੰਗਦਾਰ ਲੱਡੂ ਮੌਕੇ 'ਤੇ ਹੀ ਨਸ਼ਟ ਕਰਵਾਏ ਗਏ, ਤਾਂ ਜੋ ਅਜਿਹੀਆਂ ਗੈਰ-ਮਿਆਰੀ ਖੁਰਾਕੀ ਵਸਤਾਂ ਦੀ ਵਿਕਰੀ ਰੋਕੀ ਜਾ ਸਕੇ।ਸਹਾਇਕ ਕਮਿਸ਼ਨਰ (ਫੂਡ) ਸ੍ਰੀਮਤੀ ਹਰਪ੍ਰੀਤ ਕੌਰ ਨੇ ਕਿਹਾ ਕਿ ਤਿਉਹਾਰਾਂ ਦੌਰਾਨ ਮਠਿਆਈਆਂ ਦੀ ਮੰਗ ਵਧਣ ਕਾਰਨ ਕੁਝ ਵਿਕਰੇਤਾਵਾਂ ਵੱਲੋਂ ਗੁਣਵੱਤਾ ਨਾਲ ਸਮਝੌਤਾ ਕਰਨ ਦੀ ਸੰਭਾਵਨਾ ਬਣੀ ਰਹਿੰਦੀ ਹੈ। ਇਸ ਲਈ ਸਾਰੇ ਹਲਵਾਈਆਂ ਅਤੇ ਮਠਿਆਈ ਵਿਕਰੇਤਾਵਾਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਖੁਰਾਕ ਸੁਰੱਖਿਆ ਦੇ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕਰਨ। ਮਠਿਆਈਆਂ ਵਿੱਚ ਸਿਰਫ਼ ਫੂਡ ਸੇਫ਼ਟੀ ਅਤੇ ਮਿਆਰ ਅਥਾਰਟੀ (ਐੱਫ.ਐੱਸ.ਐੱਸ.ਏ.ਆਈ.) ਵੱਲੋਂ ਮਨਜ਼ੂਰਸ਼ੁਦਾ ਰੰਗਾਂ ਦੀ ਵਰਤੋਂ ਕੀਤੀ ਜਾਵੇ ਅਤੇ ਚਾਂਦੀ ਦਾ ਵਰਕ ਵੀ ਸ਼ੁੱਧ ਤੇ ਮਿਆਰੀ ਹੋਣਾ ਚਾਹੀਦਾ ਹੈ। ਇਸ ਚੈਕਿੰਗ ਮੁਹਿੰਮ ਦੌਰਾਨ ਫੂਡ ਸੇਫ਼ਟੀ ਟੀਮ ਵਿੱਚ ਸਹਾਇਕ ਕਮਿਸ਼ਨਰ (ਫੂਡ) ਸ੍ਰੀਮਤੀ ਹਰਪ੍ਰੀਤ ਕੌਰ, ਫੂਡ ਸੇਫ਼ਟੀ ਅਫ਼ਸਰ ਬਿਕਰਮਜੀਤ ਸਿੰਘ ਤੇ ਦਿਨੇਸ਼ਜੋਤ ਸਿੰਘ ਵਾਲੀਆ ਸ਼ਾਮਲ ਸਨ।



ਓਸਵਾਲ ਗ੍ਰੀਨਟੈਕ ਲਿਮਟਿਡ

ABHEY OSWAL GROUP

ਸੀ ਆਈ ਐਨ : ਐੱਲ 24112 ਪੀ ਬੀ 1981 ਪੀ ਐੱਲ ਸੀ 031099
ਰਜਿਸਟਰਡ ਦਫਤਰ : ਨੇੜੇ ਜੈਨ ਕਾਲੋਨੀ, ਵਿਜੇ ਇੰਦਰ ਨਗਰ, ਡਾਬਾ ਰੋਡ, ਲੁਧਿਆਣਾ-141003 (ਪੰਜਾਬ), ਭਾਰਤ
ਕਾਰਪੋਰੇਸ਼ਨ ਦਫਤਰ : 7ਵੀਂ ਮੰਜ਼ਿਲ, ਅੰਤਰਿਕਸ਼ ਭਵਨ, 22, ਕਸਤੂਰਬਾ ਗਾਂਧੀ ਮਾਰਗ, ਨਵੀਂ ਦਿੱਲੀ-110001
ਟੈਲੀ : +91-161-2544238, ਈਮੇਲ : cs@oswalgreens.com
ਵੈੱਬਸਾਈਟ : www.oswalgreens.com

30 ਸਤੰਬਰ 2026 ਨੂੰ ਖਤਮ ਹੋਈ ਤਿਮਾਹੀ ਅਤੇ ਖਤਮ ਹੋਏ ਅੱਧੇ ਸਾਲ ਦੇ ਅਣਪੜਤਾਲੇ ਵਿੱਤੀ ਨਤੀਜਿਆਂ ਦਾ ਸਾਰ

(ਰੁਪਏ ਲੱਖਾਂ 'ਚ)

ਲੜੀ ਨੰ.	ਵੇਰਵੇ	ਤਿਮਾਹੀ ਖਤਮ			ਅੱਧਾ ਸਾਲ ਖਤਮ		ਸਾਲ ਖਤਮ
		30.09.2026	30.06.2026	30.09.2025	30.09.2026	30.09.2025	31.03.2026
		ਅਣਪੜਤਾਲੇ	ਅਣਪੜਤਾਲੇ	ਅਣਪੜਤਾਲੇ	ਅਣਪੜਤਾਲੇ	ਅਣਪੜਤਾਲੇ	ਪੜਤਾਲੇ
1	ਕਾਰੋਬਾਰ ਤੋਂ ਕੁੱਲ ਆਮਦਨ	1387.52	470.63	1723.49	1858.15	3742.92	3680.69
2	ਸਮਾਂ/ਸਾਲ ਲਈ ਸ਼ੁੱਧ ਲਾਭ/(ਹਾਨੀ) ਅਸਾਧਾਰਨ ਆਈਟਮਾਂ ਅਤੇ ਟੈਕਸ ਤੋਂ ਪਹਿਲਾਂ	1144.62	934.19	751.34	2078.81	1503.23	4200.72
3	ਸਮਾਂ/ਸਾਲ ਲਈ ਸ਼ੁੱਧ ਲਾਭ/(ਹਾਨੀ) ਅਸਾਧਾਰਨ ਆਈਟਮਾਂ ਮਗਰੋਂ (ਟੈਕਸ ਤੋਂ ਪਹਿਲਾਂ)	1144.62	934.19	751.34	2078.81	1503.23	(5921.47)
4	ਟੈਕਸ ਤੋਂ ਬਾਅਦ ਸ਼ੁੱਧ ਲਾਭ/(ਹਾਨੀ) ਸਮੇਂ/ਸਾਲ ਲਈ	855.70	841.91	549.55	1697.61	1215.80	(6241.86)
5	ਸਮੇਂ/ਸਾਲ ਲਈ ਕੁੱਲ ਵਿਆਪਕ ਆਮਦਨ [ਸ਼ਾਮਲ ਲਾਭ/(ਹਾਨੀ) ਸਮੇਂ/ਸਾਲ ਲਈ (ਟੈਕਸ ਤੋਂ ਬਾਅਦ) ਅਤੇ ਹੋਰ ਵਿਆਪਕ ਆਮਦਨ (ਟੈਕਸ ਤੋਂ ਬਾਅਦ)]	(201.66)	1914.99	(648.85)	1713.33	1261.48	(11538.34)
6	ਅਦਾ ਕੀਤੇ ਇਕੁਇਟੀ ਸ਼ੇਅਰ ਕੈਪੀਟਲ (ਫੇਸ ਵੈਲਯੂ 10 ਰੁਪਏ ਹਰੇਕ)	25680.92	25680.92	25680.92	25680.92	25680.92	25680.92
7	ਹੋਰ ਇਕੁਇਟੀ (ਰੈਵੇਲਿਊਏਸ਼ਨ ਰਿਜ਼ਰਵ ਤੋਂ ਬਗੈਰ) ਜਿਵੇਂ ਪੜਤਾਲੀ ਬੈਲੇਂਸ ਸ਼ੀਟ 'ਚ ਦਿਖਾਇਆ ਗਿਆ ਹੈ।	-	-	-	-	-	212780.21
8	ਬੇਸਿਕ ਅਤੇ ਡਿਲਿਊਟਿਡ ਕਮਾਈ ਪ੍ਰਤੀ ਸ਼ੇਅਰ (ਫੇਸ ਵੈਲਯੂ 10 ਰੁਪਏ ਹਰੇਕ)	0.33	0.33	0.21	0.66	0.47	(2.43)

ਨੋਟਿਸ :
1. ਉਪਰੋਕਤ 30 ਸਤੰਬਰ 2026 ਨੂੰ ਖਤਮ ਹੋਈ ਤਿਮਾਹੀ ਦੇ ਅਣਪੜਤਾਲੇ ਵਿੱਤੀ ਨਤੀਜਿਆਂ ਦਾ ਸਾਰ ਹੈ, ਜੋ ਕਿ ਸੇਬੀ (ਲਿਸਟਿੰਗ ਆਬਲੀਗੇਸ਼ਨਜ਼ ਐਂਡ ਡਿਸਕਲੋਜ਼ਰ ਰਿਕਵਾਇਰਮੈਂਟਸ) ਰੈਗੂਲੇਸ਼ਨ 2015 ਦੇ ਰੈਗੂਲੇਸ਼ਨ 33 ਅਧੀਨ ਸਟਾਕ ਐਕਸਚੇਂਜਜ਼ ਕੋਲ ਦਰਜ ਕੀਤਾ ਗਿਆ ਹੈ। ਉਕਤ ਅਣਪੜਤਾਲੇ ਵਿੱਤੀ ਨਤੀਜਿਆਂ ਦਾ ਪੂਰਾ ਫਾਰਮੇਟ ਸਟਾਕ ਐਕਸਚੇਂਜ ਦੀਆਂ ਵੈੱਬਸਾਈਟਾਂ (www.bseindia.com/www.nseindia.com) ਅਤੇ ਕੰਪਨੀ ਦੀ ਵੈੱਬਸਾਈਟ www.oswalgreens.com 'ਤੇ ਉਪਲੱਬਧ ਹੈ।
2. ਉਪਰੋਕਤ ਅਣਪੜਤਾਲੇ ਵਿੱਤੀ ਨਤੀਜੇ ਆਡਿਟ ਕਮੇਟੀ ਵੱਲੋਂ ਨਜ਼ਰਸਾਨੀ ਕੀਤੇ ਗਏ ਹਨ ਅਤੇ ਮਿਤੀ 4 ਨਵੰਬਰ, 2026 ਨੂੰ ਬੋਰਡ ਦੇ ਡਾਇਰੈਕਟਰਾਂ ਦੀ ਹੋਈ ਮੀਟਿੰਗ 'ਚ ਮਨਜ਼ੂਰ ਕੀਤੇ ਗਏ ਹਨ।

ਵਾਸਤੇ ਓਸਵਾਲ ਗ੍ਰੀਨਟੈਕ ਲਿਮਟਿਡ
ਸਹੀ/-
ਅਰੁਨਾ ਓਸਵਾਲ
ਚੇਅਰਪਰਸਨ ਅਤੇ ਕੁੱਲ-ਵਕਤੀ ਡਾਇਰੈਕਟਰ
ਡੀ ਆਈ ਐੱਨ : 00988524

ਮਿਤੀ : 4 ਨਵੰਬਰ 2026
ਸਥਾਨ : ਨਵੀਂ ਦਿੱਲੀ

ਓਸਵਾਲ ਐਗਰੋ ਮਿੱਲਜ਼ ਲਿਮਟਿਡ

ABHEY OSWAL GROUP

ਸੀ ਆਈ ਐਨ : ਐੱਲ 15319 ਪੀ ਬੀ 1979 ਪੀ ਐੱਲ ਸੀ 012267
ਰਜਿਸਟਰਡ ਦਫਤਰ : ਨੇੜੇ ਜੈਨ ਕਾਲੋਨੀ, ਵਿਜੇ ਇੰਦਰ ਨਗਰ, ਡਾਬਾ ਰੋਡ, ਲੁਧਿਆਣਾ-141003 (ਪੰਜਾਬ), ਭਾਰਤ
ਕਾਰਪੋਰੇਸ਼ਨ ਦਫਤਰ : 7ਵੀਂ ਮੰਜ਼ਿਲ, ਅੰਤਰਿਕਸ਼ ਭਵਨ, 22, ਕਸਤੂਰਬਾ ਗਾਂਧੀ ਮਾਰਗ, ਨਵੀਂ ਦਿੱਲੀ-110001
ਟੈਲੀ : +91-161-2544313, ਈਮੇਲ : cs@oswalagromills.com ਵੈੱਬਸਾਈਟ www.oswalagromills.com

30 ਸਤੰਬਰ 2026 ਨੂੰ ਖਤਮ ਹੋਈ ਤਿਮਾਹੀ ਅਤੇ ਖਤਮ ਹੋਏ ਅੱਧੇ ਸਾਲ ਦੇ ਸਟੈਂਡਅਲੋਨ ਅਤੇ ਸੰਚਿਤ ਵਿੱਤੀ ਨਤੀਜਿਆਂ ਦਾ ਸਾਰ

(ਰੁਪਏ ਲੱਖਾਂ 'ਚ)

ਲੜੀ ਨੰ.	ਵੇਰਵੇ	ਸਟੈਂਡਅਲੋਨ						ਸੰਚਿਤ					
		ਤਿਮਾਹੀ ਖਤਮ			ਅੱਧਾ ਸਾਲ ਖਤਮ		ਸਾਲ ਖਤਮ	ਤਿਮਾਹੀ ਖਤਮ			ਅੱਧਾ ਸਾਲ ਖਤਮ		ਸਾਲ ਖਤਮ
		30.09.2026	30.06.2026	30.09.2025	30.09.2026	30.09.2025	31.03.2026	30.09.2026	30.06.2026	30.09.2025	30.09.2026	30.09.2025	31.03.2026
		ਅਣਪੜਤਾਲੇ	ਅਣਪੜਤਾਲੇ	ਅਣਪੜਤਾਲੇ	ਅਣਪੜਤਾਲੇ	ਅਣਪੜਤਾਲੇ	ਪੜਤਾਲੇ	ਅਣਪੜਤਾਲੇ	ਅਣਪੜਤਾਲੇ	ਅਣਪੜਤਾਲੇ	ਅਣਪੜਤਾਲੇ	ਅਣਪੜਤਾਲੇ	ਪੜਤਾਲੇ
1	ਕਾਰੋਬਾਰਾਂ ਤੋਂ ਕੁੱਲ ਆਮਦਨ	781.87	-	-	781.87	1922.69	1925.75	781.87	-	-	781.87	1922.69	1925.75
2	ਸਮਾਂ/ਸਾਲ ਲਈ ਸ਼ੁੱਧ ਲਾਭ/(ਹਾਨੀ) ਅਸਾਧਾਰਨ ਆਈਟਮਾਂ ਅਤੇ ਟੈਕਸ ਤੋਂ ਪਹਿਲਾਂ	900.59	153.79	(75.53)	1054.38	1821.71	1862.93	900.59	153.79	(75.53)	1054.38	1821.71	1862.93
3	ਸਮਾਂ/ਸਾਲ ਲਈ ਸ਼ੁੱਧ ਲਾਭ/(ਹਾਨੀ) ਅਸਾਧਾਰਨ ਆਈਟਮਾਂ ਮਗਰੋਂ (ਟੈਕਸ ਤੋਂ ਪਹਿਲਾਂ)	900.59	153.79	(75.53)	1054.38	1821.71	1291.14	900.59	153.79	(75.53)	1054.38	1821.71	1291.14
4	ਟੈਕਸ ਤੋਂ ਬਾਅਦ ਸਮੇਂ/ਸਾਲ ਲਈ ਲਾਭ/(ਹਾਨੀ) ਪਰ ਇਕੁਇਟੀ ਤਰੀਕੇ ਦੀ ਵਰਤੋਂ ਲਈ ਇਨਵੈਸਟਮੈਂਟਸ ਅਕਾਊਂਟਿਡ ਦੇ ਸ਼ੁੱਧ ਲਾਭ ਦੇ ਹਿੱਸੇ ਤੋਂ ਪਹਿਲਾਂ	661.36	99.26	(93.27)	760.62	1325.47	861.98	661.36	99.26	(93.27)	760.62	1325.47	861.98
5	ਸਮੇਂ/ਸਾਲ ਲਈ ਸ਼ੁੱਧ ਲਾਭ/(ਹਾਨੀ) ਟੈਕਸ ਮਗਰੋਂ	661.36	99.26	(93.27)	760.62	1325.47	861.98	1081.55	512.69	176.59	1594.24	1922.50	(2203.15)
6	ਸਮੇਂ/ਸਾਲ ਲਈ ਕੁੱਲ ਵਿਆਪਕ ਆਮਦਨ [ਸ਼ਾਮਲ ਲਾਭ/(ਹਾਨੀ) ਸਮੇਂ/ਸਾਲ ਲਈ (ਟੈਕਸ ਤੋਂ ਬਾਅਦ) ਅਤੇ ਹੋਰ ਵਿਆਪਕ ਆਮਦਨ (ਟੈਕਸ ਤੋਂ ਬਾਅਦ)]	662.41	100.31	(684.17)	762.72	724.77	285.07	563.37	1040.69	(1002.80)	1604.06	1344.23	(5380.95)
7	ਅਦਾ ਕੀਤੇ ਇਕੁਇਟੀ ਸ਼ੇਅਰ ਕੈਪੀਟਲ (ਫੇਸ ਵੈਲਯੂ 10 ਰੁਪਏ ਹਰੇਕ)	13423.48	13423.48	13423.48	13423.48	13423.48	13423.48	13423.48	13423.48	13423.48	13423.48	13423.48	13423.48
8	ਹੋਰ ਇਕੁਇਟੀ (ਰੈਵੇਲਿਊਏਸ਼ਨ ਰਿਜ਼ਰਵ ਤੋਂ ਬਗੈਰ) ਜਿਵੇਂ ਪੜਤਾਲੀ ਬੈਲੇਂਸ ਸ਼ੀਟ 'ਚ ਦਿਖਾਇਆ ਗਿਆ ਹੈ						58345.54						76277.44
9	ਬੇਸਿਕ ਅਤੇ ਡਿਲਿਊਟਿਡ ਕਮਾਈ ਪ੍ਰਤੀ ਸ਼ੇਅਰ (ਫੇਸ ਵੈਲਯੂ 10 ਰੁਪਏ ਹਰੇਕ)	0.49	0.07	(0.07)	0.57	0.99	0.64	0.81	0.38	0.13	1.19	1.43	(1.64)

ਨੋਟਸ :
1. ਉਪਰੋਕਤ 30 ਸਤੰਬਰ 2026 ਨੂੰ ਖਤਮ ਹੋਈ ਤਿਮਾਹੀ ਦੇ ਅਣਪੜਤਾਲੇ ਵਿੱਤੀ ਨਤੀਜਿਆਂ (ਸਟੈਂਡਅਲੋਨ ਅਤੇ ਸੰਚਿਤ) ਦਾ ਸਾਰ ਹੈ, ਜੋ ਕਿ ਸੇਬੀ (ਲਿਸਟਿੰਗ ਆਬਲੀਗੇਸ਼ਨਜ਼ ਐਂਡ ਡਿਸਕਲੋਜ਼ਰ ਰਿਕਵਾਇਰਮੈਂਟਸ) ਰੈਗੂਲੇਸ਼ਨ 2015 ਦੇ ਰੈਗੂਲੇਸ਼ਨ 33 ਅਧੀਨ ਸਟਾਕ ਐਕਸਚੇਂਜ ਕੋਲ ਦਰਜ ਕੀਤਾ ਗਿਆ ਹੈ। ਉਕਤ ਅਣਪੜਤਾਲੇ ਵਿੱਤੀ ਨਤੀਜਿਆਂ ਦਾ ਪੂਰਾ ਫਾਰਮੇਟ ਸਟਾਕ ਐਕਸਚੇਂਜ ਦੀਆਂ ਵੈੱਬਸਾਈਟਾਂ (www.bseindia.com/www.nseindia.com) ਅਤੇ ਕੰਪਨੀ ਦੀ ਵੈੱਬਸਾਈਟ www.oswalagromills.com 'ਤੇ ਉਪਲੱਬਧ ਹੈ।
2. ਉਪਰੋਕਤ ਅਣਪੜਤਾਲੇ ਵਿੱਤੀ ਨਤੀਜੇ ਆਡਿਟ ਕਮੇਟੀ ਵੱਲੋਂ ਨਜ਼ਰਸਾਨੀ ਕੀਤੇ ਗਏ ਹਨ ਅਤੇ ਮਿਤੀ 4 ਨਵੰਬਰ 2026 ਨੂੰ ਬੋਰਡ ਦੇ ਡਾਇਰੈਕਟਰਾਂ ਦੀ ਹੋਈ ਮੀਟਿੰਗ 'ਚ ਮਨਜ਼ੂਰ ਕੀਤੇ ਗਏ ਹਨ।

ਵਾਸਤੇ ਓਸਵਾਲ ਐਗਰੋ ਮਿਲਜ਼ ਲਿਮਟਿਡ
ਸਹੀ/-
ਅਰੁਨਾ ਓਸਵਾਲ
ਚੇਅਰਪਰਸਨ ਅਤੇ ਡਾਇਰੈਕਟਰ
ਡੀ ਆਈ ਐੱਨ : 00988524

ਮਿਤੀ : 04.11.2026
ਸਥਾਨ : ਨਵੀਂ ਦਿੱਲੀ

ਮਾਮਲਾ ਸੁਖਪਾਲ ਸਿੰਘ ਖੀਪਲ ਤੇ ਉਸ ਦੇ ਪਰਵਾਰ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦੇ ਕੇ 5 ਕਰੋੜ ਦੀ ਫਿਰੌਤੀ ਮੰਗਣ ਦਾ

ਖਰੜ (ਮੋਹਾਲੀ) (ਗੁਰਜੀਤ ਬਿੱਲਾ)- ਖਰੜ ਦੇ ਵਸਨੀਕ ਸੁਖਪਾਲ ਸਿੰਘ ਖੀਪਲ ਵੱਲੋਂ ਆਪਣੇ ਅਤੇ ਆਪਣੇ ਪਰਵਾਰ ਦੀ ਜਾਨ-ਮਾਲ ਦੀ ਸੁਰੱਖਿਆ ਸਬੰਧੀ ਦਿੱਤੀ ਗਈ ਸ਼ਿਕਾਇਤ ਉਪਰੰਤ ਪੁਲਸ ਵੱਲੋਂ ਗੰਭੀਰਤਾ ਨਾਲ ਜਾਂਚ ਕਰਦਿਆਂ ਮਨਦੀਪ ਕੌਰ ਉਰਫ਼ ਮੈਂਡੀ ਅਤੇ ਸਤਵੀਰ ਸਿੰਘ ਉਰਫ਼ ਸੱਤੂ ਵਿਰੁੱਧ ਥਾਣਾ ਸਿਟੀ ਖਰੜ ਵਿਖੇ ਮੁਕੱਦਮਾ ਨੰਬਰ 307/2026 ਧਾਰਾਵਾਂ 308(2) ਅਤੇ 308(5) ਬੀ.ਐਨ.ਐਸ. ਤਹਿਤ ਦਰਜ ਕੀਤਾ ਗਿਆ ਹੈ।

● ਮਨਦੀਪ ਕੌਰ ਉਰਫ਼ ਮੈਂਡੀ ਅਤੇ ਸਤਵੀਰ ਸਿੰਘ ਉਰਫ਼ ਸੱਤੂ ਵਿਰੁੱਧ ਥਾਣਾ ਸਿਟੀ ਖਰੜ ਵਿਖੇ ਮੁਕੱਦਮਾ ਦਰਜ

ਸ਼ਿਕਾਇਤਕਰਤਾ ਸੁਖਪਾਲ ਸਿੰਘ ਖੀਪਲ ਦੇ ਦੋਸ਼ਾਂ ਅਨੁਸਾਰ ਉਸ ਨੂੰ ਇੱਕ ਫੋਨ ਕਾਲ ਰਾਹੀਂ ਅਤੇ ਹੋਰ ਵੱਖ-ਵੱਖ ਤਰੀਕਿਆਂ ਨਾਲ ਧਮਕੀਆਂ ਦੇ ਕੇ 5 ਕਰੋੜ ਰੁਪਏ ਦੀ ਫਿਰੌਤੀ ਦੀ ਮੰਗ ਕੀਤੀ ਗਈ। ਧਮਕੀ ਦੇਣ ਵਾਲਿਆਂ ਵੱਲੋਂ ਨਾ ਸਿਰਫ਼ ਉਸ ਨੂੰ ਬਲਕਿ ਉਸ ਦੇ ਪਰਵਾਰ ਅਤੇ ਬੱਚਿਆਂ ਨੂੰ ਵੀ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ ਗਈਆਂ। ਫੋਨ ਕਾਲ ਦੌਰਾਨ ਬੱਚਿਆਂ ਦੇ ਸਕੂਲ ਦਾ ਨਾਂਅ, ਸਕੂਲ ਆਉਣ-ਜਾਣ ਦਾ ਸਮਾਂ ਅਤੇ ਮੱਥੇ ਵਿੱਚ ਗੋਲੀ ਮਾਰਨ ਵਰਗੀਆਂ ਧਮਕੀਆਂ ਦੇਣ ਕਾਰਨ ਪੂਰੇ ਪਰਵਾਰ ਵਿੱਚ ਡਰ ਅਤੇ ਸਹਿਮ ਦਾ ਮਾਹੌਲ ਬਣ ਗਿਆ ਸੀ। ਇਸ ਘਟਨਾ ਕਾਰਨ ਬੱਚਿਆਂ ਦੀ ਸੁਰੱਖਿਆ ਅਤੇ ਉਨ੍ਹਾਂ ਦੀ ਪੜ੍ਹਾਈ ਪ੍ਰਭਾਵਿਤ ਹੋਣ ਦਾ ਵੀ ਖਦਸ਼ਾ ਪੈਦਾ ਹੋ ਗਿਆ ਸੀ। ਸ਼ਿਕਾਇਤਕਰਤਾ ਅਨੁਸਾਰ ਮਨਦੀਪ ਕੌਰ ਉਰਫ਼ ਮੈਂਡੀ ਅਤੇ ਸਤਵੀਰ ਸਿੰਘ ਉਰਫ਼ ਸੱਤੂ ਵੱਲੋਂ ਪਹਿਲਾਂ ਵੀ ਵੱਖ-ਵੱਖ ਤਰੀਕਿਆਂ ਨਾਲ ਉਸ ਨੂੰ ਡਰਾ-ਧਮਕਾ ਕੇ ਪੈਸਿਆਂ ਦੀ ਮੰਗ ਕੀਤੀ ਜਾਂਦੀ ਰਹੀ ਹੈ। ਜਦੋਂ ਉਸ ਵੱਲੋਂ ਪੈਸੇ ਦੇਣ ਤੋਂ ਇਨਕਾਰ ਕੀਤਾ ਗਿਆ ਤਾਂ ਕਥਿਤ ਤੌਰ 'ਤੇ ਉਸ ਵਿਰੁੱਧ ਝੂਠੀਆਂ ਦਰਖਾਸਤਾਂ ਦੇਣ ਅਤੇ ਝੂਠੇ ਮੁਕੱਦਮਿਆਂ ਵਿੱਚ ਫਸਾਉਣ ਦੀਆਂ ਧਮਕੀਆਂ ਦੇ ਕੇ ਬਲੈਕਮੇਲ ਕਰਨ ਦੀ ਕੋਸ਼ਿਸ਼ ਕੀਤੀ ਗਈ। ਸ਼ਿਕਾਇਤ ਵਿੱਚ ਇਹ ਵੀ ਦੋਸ਼ ਲਗਾਇਆ



ਗਿਆ ਹੈ ਕਿ ਸਤਵੀਰ ਸਿੰਘ ਉਰਫ਼ ਸੱਤੂ ਵੱਲੋਂ ਹੋਰ ਵਿਅਕਤੀਆਂ ਰਾਹੀਂ ਵੀ ਪੈਸਿਆਂ ਦੀ ਮੰਗ ਕੀਤੀ ਜਾਂਦੀ ਸੀ ਅਤੇ ਪੈਸੇ ਨਾ ਦੇਣ ਦੀ ਸੂਰਤ ਵਿੱਚ ਝੂਠੀਆਂ ਪੁਲਸ ਸ਼ਿਕਾਇਤਾਂ ਦੇਣ ਦੀਆਂ ਧਮਕੀਆਂ ਦਿੱਤੀਆਂ ਜਾਂਦੀਆਂ ਸਨ। ਸ਼ਿਕਾਇਤਕਰਤਾ ਸੁਖਪਾਲ ਸਿੰਘ ਖੀਪਲ ਅਨੁਸਾਰ ਉਸ ਵੱਲੋਂ ਮਨਦੀਪ ਕੌਰ ਉਰਫ਼ ਮੈਂਡੀ ਦੇ ਬੈਂਕ ਖਾਤੇ ਵਿੱਚ ਕਰੀਬ 46 ਲੱਖ ਰੁਪਏ ਆਨਲਾਈਨ ਟਰਾਂਸਫਰ ਕੀਤੇ ਗਏ ਸਨ ਤੇ ਇਸ ਤੋਂ ਇਲਾਵਾ ਵੱਖ-ਵੱਖ ਸਮਿਆਂ 'ਤੇ ਨਕਦੀ ਰਕਮ ਵੀ ਦਿੱਤੀ ਗਈ ਸੀ। ਉਸ ਦੇ ਦੋਸ਼ਾਂ ਅਨੁਸਾਰ ਇਸੇ ਤਰ੍ਹਾਂ ਸਤਵੀਰ ਸਿੰਘ ਉਰਫ਼ ਸੱਤੂ ਵੱਲੋਂ ਵੀ ਵੱਖ-ਵੱਖ ਤਰੀਕਿਆਂ ਨਾਲ ਪੈਸਿਆਂ ਦੀ ਮੰਗ ਕੀਤੀ ਜਾਂਦੀ ਰਹੀ। ਇਸ ਸਬੰਧੀ ਬੈਂਕ ਲੈਣ-ਦੇਣ ਅਤੇ ਹੋਰ ਸਬੂਤਾਂ ਦੀ ਜਾਂਚ ਕੀਤੀ ਜਾਣੀ ਜ਼ਰੂਰੀ ਹੈ। ਸੁਖਪਾਲ ਸਿੰਘ ਖੀਪਲ ਅਨੁਸਾਰ ਮਨਦੀਪ ਕੌਰ ਉਰਫ਼ ਮੈਂਡੀ ਵੱਲੋਂ ਉਸ ਵਿਰੁੱਧ ਵੱਖ-ਵੱਖ ਉੱਚ ਪੁਲਸ ਅਧਿਕਾਰੀਆਂ ਕੋਲ ਗੰਭੀਰ ਦੋਸ਼ ਲਗਾਉਂਦੀਆਂ ਦਰਖਾਸਤਾਂ ਦਿੱਤੀਆਂ ਜਾਂਦੀਆਂ ਰਹੀਆਂ ਹਨ। ਸ਼ਿਕਾਇਤਕਰਤਾ ਦਾ ਕਹਿਣਾ ਹੈ ਕਿ ਇਨ੍ਹਾਂ ਦਰਖਾਸਤਾਂ ਵਿੱਚ ਕੋਈ ਤੱਥ ਨਾ ਹੋਣ ਕਾਰਨ ਕਈ ਸ਼ਿਕਾਇਤਾਂ ਦਫ਼ਤਰਾਂ ਵੱਲੋਂ ਦਾਖਲ ਦਫ਼ਤਰ ਕੀਤੀਆਂ ਜਾ ਚੁੱਕੀਆਂ ਹਨ। ਉਸ ਅਨੁਸਾਰ ਇਨ੍ਹਾਂ ਸ਼ਿਕਾਇਤਾਂ ਰਾਹੀਂ ਉਸ ਉੱਤੇ ਪੈਸੇ ਦੇਣ ਲਈ ਦਬਾਅ ਬਣਾਇਆ ਜਾਂਦਾ ਰਿਹਾ ਹੈ। ਇਸ ਸਮੁੱਚੇ ਮਾਮਲੇ ਸਬੰਧੀ ਸੁਖਪਾਲ ਸਿੰਘ ਖੀਪਲ ਵੱਲੋਂ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ, ਚੰਡੀਗੜ੍ਹ ਵਿਖੇ ਆਪਣੀ ਅਤੇ ਆਪਣੇ ਪਰਿਵਾਰ ਦੀ ਸੁਰੱਖਿਆ ਲਈ ਪਟੀਸ਼ਨ ਦਾਇਰ ਕੀਤੀ ਗਈ ਸੀ। ਪਟੀਸ਼ਨ ਵਿੱਚ ਧਮਕੀ ਭਰੀਆਂ ਚਿੱਠੀਆਂ, ਫੋਨ ਰਿਕਾਰਡਿੰਗਾਂ ਅਤੇ 5 ਕਰੋੜ ਰੁਪਏ ਦੀ ਫਿਰੌਤੀ ਮੰਗਣ ਸਬੰਧੀ ਤੱਥ ਅਤੇ ਸਬੂਤ ਪੇਸ਼ ਕੀਤੇ ਗਏ ਸਨ। ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਮਿਤੀ 21 ਅਕਤੂਬਰ 2026 ਨੂੰ ਹੁਕਮ ਪਾਸ ਕੀਤਾ ਗਿਆ। ਇਸ ਉਪਰੰਤ ਐਸ.ਐਸ.ਪੀ. ਮੋਹਾਲੀ ਵੱਲੋਂ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਜਾਂਚ ਕਰਵਾਈ ਗਈ ਅਤੇ ਉਪਲਬਧ ਤੱਥਾਂ ਦੇ ਆਧਾਰ 'ਤੇ ਮਨਦੀਪ ਕੌਰ ਉਰਫ਼ ਮੈਂਡੀ ਅਤੇ ਸਤਵੀਰ ਸਿੰਘ ਉਰਫ਼ ਸੱਤੂ ਨੂੰ ਮੁਕੱਦਮੇ ਵਿੱਚ ਨਾਮਜ਼ਦ ਕਰਕੇ ਉਨ੍ਹਾਂ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਗਈ। ਸ਼ਿਕਾਇਤਕਰਤਾ ਵੱਲੋਂ ਇਹ ਵੀ ਮੰਗ ਕੀਤੀ ਗਈ ਹੈ ਕਿ ਮੁਲਜ਼ਮਾਂ ਦੇ ਲਾਰੈਂਸ ਬਿਸ਼ਨੋਈ ਗੈਂਗ ਨਾਲ ਕਥਿਤ ਸਬੰਧਾਂ ਅਤੇ ਇਸ ਗਿਰੋਹ ਦੀ ਸੰਭਾਵਿਤ ਭੂਮਿਕਾ ਦੀ ਵੀ ਡੂੰਘਾਈ ਨਾਲ ਜਾਂਚ ਕੀਤੀ ਜਾਵੇ, ਤਾਂ ਜੋ ਪੂਰੇ ਨੈੱਟਵਰਕ ਅਤੇ ਇਸ ਵਿੱਚ ਸ਼ਾਮਲ ਹੋਰ ਵਿਅਕਤੀਆਂ ਦੀ ਭੂਮਿਕਾ ਸਾਹਮਣੇ ਆ ਸਕੇ।

ਚੱਬੇਵਾਲ ਵੱਲੋਂ ਅਨਾਜ ਮੰਡੀ ਵਿਖੇ ਝੋਨੇ ਦੀ ਖਰੀਦ ਪ੍ਰਕਿਰਿਆ ਦਾ ਜਾਇਜ਼ਾ



ਫਗਵਾੜਾ, (ਜਸਵਿੰਦਰ ਢੱਡਾ)- ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਪਿੰਡ ਪੰਚਟ ਦੀ ਅਨਾਜ ਮੰਡੀ ਦਾ ਦੌਰਾ ਕਰਕੇ ਝੋਨੇ ਦੀ ਚੱਲ ਰਹੀ ਖਰੀਦ ਪ੍ਰਕਿਰਿਆ ਦਾ ਜਾਇਜ਼ਾ ਲਿਆ ਅਤੇ ਕਿਸਾਨਾਂ ਤੇ ਅਧਿਕਾਰੀਆਂ ਤੋਂ ਫੀਡਬੈਕ ਪ੍ਰਾਪਤ ਕੀਤਾ। ਇਸ ਮੌਕੇ ਡਾ. ਚੱਬੇਵਾਲ ਨੇ ਕਿਸਾਨਾਂ ਅਤੇ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨਾਲ ਗੱਲਬਾਤ ਕਰਦਿਆਂ ਝੋਨੇ ਦੀ ਖਰੀਦ, ਖਰੀਦੀ ਗਈ ਫ਼ਸਲ ਦੀ ਲਿਫਟਿੰਗ ਅਤੇ ਕਿਸਾਨਾਂ ਨੂੰ ਕੀਤੀਆਂ ਜਾ ਰਹੀਆਂ ਅਦਾਇਗੀਆਂ ਸਬੰਧੀ ਜਾਣਕਾਰੀ ਹਾਸਲ ਕੀਤੀ। ਖਰੀਦ ਦੇ ਤਾਜ਼ਾ ਅੰਕੜੇ ਸਾਂਝੇ ਕਰਦਿਆਂ ਡਾ. ਚੱਬੇਵਾਲ ਨੇ ਦੱਸਿਆ ਕਿ ਕਪੂਰਥਲਾ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਹੁਣ ਤੱਕ ਕੁੱਲ 8,33,796.42 ਮੀਟ੍ਰਿਕ ਟਨ ਝੋਨੇ ਦੀ ਆਮਦ ਹੋ ਚੁੱਕੀ ਹੈ, ਜਿਸ ਵਿੱਚੋਂ ਸਰਕਾਰੀ ਏਜੰਸੀਆਂ ਵੱਲੋਂ 8,31,493.28 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਉਨ੍ਹਾਂ ਦੀ ਖਰੀਦੀ ਗਈ ਫ਼ਸਲ ਦੇ ਬਦਲੇ 2,004.13 ਕਰੋੜ ਰੁਪਏ ਦੀ ਅਦਾਇਗੀ ਵੀ ਕੀਤੀ ਜਾ ਚੁੱਕੀ ਹੈ।

ਤਿੰਨ ਰੋਜ਼ਾ ਖੇਡ ਮੇਲਾ ਸੰਪੰਨ

ਨਕੋਦਰ (ਬਲਵਿੰਦਰ ਸਿੰਘ ਧਾਲੀਵਾਲ)- ਗੁਰੂ ਨਾਨਕ ਨੈਸ਼ਨਲ ਪਬਲਿਕ ਸਕੂਲ ਨਕੋਦਰ ਵਿਖੇ ਕਰਵਾਇਆ ਗਿਆ ਤਿੰਨ ਰੋਜ਼ਾ ਖੇਡ ਸਮਾਰੋਹ ਐਥਲੈਟਿਕ ਮੀਟ ਅਤੇ ਫੁੱਟਬਾਲ ਟੂਰਨਾਮੈਂਟ ਉਤਸ਼ਾਹ ਨਾਲ ਸੰਪੰਨ ਹੋਇਆ। ਇਸ ਦੌਰਾਨ ਕੇ ਜੀ ਤੋਂ ਲੈ ਕੇ ਹਾਇਰ ਵਿੰਗ ਤੱਕ ਦੇ ਵਿਦਿਆਰਥੀਆਂ ਨੇ ਵੱਖ-ਵੱਖ ਖੇਡ ਮੁਕਾਬਲਿਆਂ ਵਿੱਚ ਭਾਗ ਲਿਆ। ਪਹਿਲੇ ਦਿਨ ਨੰਨ੍ਹੇ ਬੱਚਿਆਂ ਦੀਆਂ ਮਨੋਰੰਜਕ ਖੇਡਾਂ ਕਰਵਾਈਆਂ ਗਈਆਂ, ਜਦਕਿ ਦੂਜੇ ਦਿਨ ਲੈਮਨ ਰੇਸ, ਬਨਾਨਾ ਰੇਸ, ਫਰੌਗ ਰੇਸ, ਬਕਟ ਰੇਸ ਅਤੇ 100 ਮੀਟਰ ਦੌੜ ਦੇ ਨਾਲ ਫੁੱਟਬਾਲ ਮੁਕਾਬਲੇ ਹੋਏ। ਆਖਰੀ



ਦਿਨ ਫੁੱਟਬਾਲ ਦੇ ਫਾਈਨਲ ਮੈਚ ਕਰਵਾਏ ਗਏ। ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਕਾਲਜੀਏਟ ਸਕੂਲ ਦੀ ਪ੍ਰਿੰਸੀਪਲ ਹਰਵਿੰਦਰ ਕੌਰ ਅਤੇ ਕੰਪਿਊਟਰ ਆਪ੍ਰੇਟਰ ਰੁਪਿੰਦਰ ਕੌਰ ਸ਼ਾਮਲ ਹੋਏ। ਸਕੂਲ ਪ੍ਰਬੰਧਕ ਕਮੇਟੀ ਦੇ ਸਕੱਤਰ ਅਮਰਜੀਤ ਸਿੰਘ ਸੋਹਲ ਅਤੇ ਮੈਂਬਰ ਹਰਦੇਵ ਸਿੰਘ ਔਜਲਾ ਨੇ ਵੀ ਸ਼ਿਰਕਤ ਕੀਤੀ। ਉਨ੍ਹਾਂ ਨੇ ਜੇਤੂ ਟੀਮਾਂ ਨੂੰ ਟਰਾਫੀਆਂ ਅਤੇ ਇਨਾਮ ਦੇ ਕੇ ਸਨਮਾਨਤ ਕੀਤਾ। ਸਕੂਲ ਵੱਲੋਂ ਵਿਦਿਆਰਥੀਆਂ ਅਤੇ ਦਰਸ਼ਕਾਂ ਲਈ ਰਿਫਰੈਸ਼ਮੈਂਟ ਦਾ ਪ੍ਰਬੰਧ ਵੀ ਕੀਤਾ ਗਿਆ।

ਸੁਖਵਿੰਦਰ ਕੌਰ ਨੇ ਅਥਲੈਟਿਕਸ ਚੈਂਪੀਅਨਸ਼ਿਪ 'ਚ 2 ਗੋਲਡ ਮੈਡਲ ਜਿੱਤੇ



ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)- ਪੰਜਾਬ ਪੱਧਰੀ 47ਵੀਂ ਚੰਡੀਗੜ੍ਹ ਮਾਸਟਰਜ਼ ਅਥਲੈਟਿਕਸ ਚੈਂਪੀਅਨਸ਼ਿਪ 2026-27 1-ਨਵੰਬਰ ਨੂੰ ਸਰਕਾਰੀ ਕਾਲਜ ਫਾਰ ਮੈਨ ਸਪੋਰਟਸ ਗਰਾਉਂਡ ਚੰਡੀਗੜ੍ਹ ਵਿਖੇ ਹੋਈ, ਜਿਸ ਵਿਚ ਸੁਖਵਿੰਦਰ ਕੌਰ ਨਕੋਦਰ ਨੇ 200 ਮੀਟਰ ਰੇਸ, ਤੇ ਲੌਂਗ ਜੰਪ ਵਿਚੋ ਪਹਿਲਾਂ ਸਥਾਨ ਹਾਸਿਲ ਕਰਕੇ 2 ਗੋਲਡ ਮੈਡਲ ਜਿੱਤੇ। ਪਹਿਲਾਂ ਵੀ ਸਟੇਟ, ਨੈਸ਼ਨਲ ਤੇ ਇੰਟਰਨੈਸ਼ਨਲ ਪੱਧਰ ਤੇ ਖੇਡਾਂ ਵਿਚੋਂ ਕਈ ਮੈਡਲ ਹਾਸਿਲ ਕਰ ਚੁੱਕੇ ਹਨ, ਇਨ੍ਹਾਂ ਨੇ ਆਪਣੇ ਇਲਾਕੇ, ਜਲੰਧਰ ਤੇ ਪੰਜਾਬ ਦਾ ਨਾਂਅ ਰੋਸ਼ਨ ਕੀਤਾ ।

ਖੋ-ਖੋ ਖੇਡ ਮੁਕਾਬਲੇ ਜਿੱਤਣ 'ਤੇ ਵਿਦਿਆਰਥੀ ਸਨਮਾਨਤ

ਅੱਡਾ ਸਰਾਂ (ਜਸਵੀਰ ਕਾਜਲ)- ਸਿੱਖਿਆ ਬਲਾਕ ਪ੍ਰਾਇਮਰੀ ਮੁਕੇਰੀਆਂ-2 ਦੇ ਅਧੀਨ ਪੈਂਦੇ ਸਰਕਾਰੀ ਐਲੀਮੈਂਟਰੀ ਸਕੂਲ ਖੁਸ਼ਨਗਰ ਦੇ ਲੜਕੇ ਅਤੇ ਲੜਕੀਆਂ ਦੁਆਰਾ ਕ੍ਰਮਵਾਰ ਪਹਿਲਾ ਤੇ ਦੂਜਾ ਸਥਾਨ ਪ੍ਰਾਪਤ ਕਰਨ ਤੇ ਸਰਕਾਰੀ ਐਲੀਮੈਂਟਰੀ ਸਕੂਲ ਖੁਸ਼ਨਗਰ ਵਿਖੇ ਪਿੰਡ ਦੀ ਪੰਚਾਇਤ, ਐਸ ਐਮ ਸੀ ਮੈਂਬਰਾਂ ਅਤੇ ਸਕੂਲ ਸਟਾਫ ਦੁਆਰਾ ਬੱਚਿਆਂ ਨੂੰ ਸਨਮਾਨਤ ਕੀਤਾ ਗਿਆ। ਇਸ ਦੌਰਾਨ ਐਸ ਐਮ ਸੀ ਕਮੇਟੀ ਦੇ ਚੇਅਰਮੈਨ ਦੀਪ ਰਾਜ ਨੇ ਸਕੂਲ ਦੇ ਵਿਦਿਆਰਥੀਆਂ ਦੀ ਇਸ ਪ੍ਰਾਪਤੀ ਤੇ ਸਮੂਹ ਸਕੂਲ ਸਟਾਫ, ਬੱਚਿਆਂ ਦੇ ਮਾਪਿਆਂ ਅਤੇ ਪਿੰਡ ਵਾਸੀਆਂ ਨੂੰ ਮੁਬਾਰਕਬਾਦ ਦਿੱਤੀ। ਸਕੂਲ ਮੁਖੀ ਬਿਕਰਮਜੀਤ ਸਿੰਘ



ਨੇ ਦੱਸਿਆ ਕਿ ਸਕੂਲ ਦੇ ਵਿਦਿਆਰਥੀ ਖੇਡਾਂ ਦੇ ਨਾਲ ਨਾਲ ਪੜ੍ਹਾਈ ਵਿੱਚ ਵੀ ਵਧੀਆ ਕਾਰਗੁਜ਼ਾਰੀ ਦਿਖਾ ਰਹੇ ਹਨ। ਇਸ ਸਮੇਂ ਮਾਸਟਰ ਰਾਕੇਸ਼ ਕੁਮਾਰ, ਸੁਦੇਸ਼ ਕੁਮਾਰੀ, ਸਰਬਜੀਤ ਕੌਰ, ਗੀਨਾ ਰਾਣੀ, ਦੀਪ ਰਾਜ, ਠਾਕੁਰ ਬੁੜ੍ਹ ਰਾਮ , ਸਿਕੰਦਰ ਸਿੰਘ ਸਰਪੰਚ , ਅਰਚਨਾ ਦੇਵੀ ਸਰਪੰਚ, ਰਾਏ ਸਿੰਘ, ਮਾਸਟਰ ਗੁਰਦੀਪ ਸਿੰਘ, ਮਾਸਟਰ ਅਜੈ ਕੁਮਾਰ ਠਾਕੁਰ ਬੁੱਢਾਬੜ੍ਹ, ਮਾਸਟਰ ਰਵਿੰਦਰ ਸਿੰਘ, ਬੇਬੀ ਰਾਣੀ, ਸੁਮਨ ਅਤੇ ਨਤਾਸ਼ਾ ਆਦਿ ਹਾਜ਼ਰ ਸਨ।

ਸੰਤੋਸ਼ ਕਟਾਰੀਆ ਨੂੰ ਮੁੜ ਉਮੀਦਵਾਰ ਬਣਾਉਣ 'ਤੇ ਅਨਿਲ ਨਾਹਰ ਨੇ ਦਿੱਤੀ ਵਧਾਈ

ਪੋਜੇਵਾਲ (ਰਾਮ ਲਾਲ)- ਆਮ ਆਦਮੀ ਪਾਰਟੀ ਵੱਲੋਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਲਈ ਹਲਕਾ ਬਲਾਚੌਰ ਦੀ ਮੌਜੂਦਾ ਵਿਧਾਇਕ ਬੀਬੀ ਸੰਤੋਸ਼ ਕਟਾਰੀਆ ਨੂੰ ਮੁੜ ਪਾਰਟੀ ਉਮੀਦਵਾਰ ਬਣਾਏ ਜਾਣ 'ਤੇ ਆਮ ਆਦਮੀ ਪਾਰਟੀ ਦੇ ਹਲਕਾ ਕੋਆਰਡੀਨੇਟਰ ਬਲਾਚੌਰ ਅਨਿਲ ਨਾਹਰ ਨੇ ਉਨ੍ਹਾਂ ਨੂੰ ਵਧਾਈ ਦਿੱਤੀ ਅਤੇ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਮੇਤ ਸਮੁੱਚੀ ਪਾਰਟੀ ਹਾਈ ਕਮਾਂਡ ਦਾ ਧੰਨਵਾਦ ਕੀਤਾ। ਇਸ ਮੌਕੇ ਅਨਿਲ ਨਾਹਰ ਨੇ ਕਿਹਾ ਕਿ ਪਾਰਟੀ ਹਾਈ ਕਮਾਂਡ ਵੱਲੋਂ ਬੀਬੀ ਸੰਤੋਸ਼ ਕਟਾਰੀਆ ਨੂੰ ਮੁੜ ਉਮੀਦਵਾਰ ਬਣਾਉਣਾ ਉਨ੍ਹਾਂ ਦੀ ਲੋਕਪ੍ਰਿਯਤਾ, ਮਿਹਨਤ ਅਤੇ ਹਲਕਾ ਬਲਾਚੌਰ ਵਿੱਚ ਕਰਵਾਏ ਜਾ ਰਹੇ ਵਿਕਾਸ ਕਾਰਜਾਂ 'ਤੇ ਭਰੋਸੇ ਦੀ ਮੋਹਰ ਹੈ। ਉਨ੍ਹਾਂ ਕਿਹਾ ਕਿ ਵਿਧਾਇਕ ਸੰਤੋਸ਼ ਕਟਾਰੀਆ ਵੱਲੋਂ ਹਲਕੇ ਦੇ ਪਿੰਡਾਂ ਅਤੇ ਸ਼ਹਿਰਾਂ ਦੇ ਸਰਬਪੱਖੀ ਵਿਕਾਸ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਅਨਿਲ ਨਾਹਰ ਨੇ ਅੱਗੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਸਮੂਹ ਅਹੁਦੇਦਾਰ ਅਤੇ ਵਰਕਰ ਪੂਰੀ ਇਕਜੁੱਟਤਾ ਨਾਲ ਚੋਣ ਮੈਦਾਨ ਵਿੱਚ ਉਤਰਨਗੇ ਅਤੇ ਪੰਜਾਬ ਸਰਕਾਰ ਦੀਆਂ ਲੋਕ ਭਲਾਈ ਨੀਤੀਆਂ ਅਤੇ ਵਿਕਾਸ ਕਾਰਜਾਂ ਨੂੰ ਘਰ-ਘਰ ਤੱਕ ਪਹੁੰਚਾਉਣਗੇ।



ਬੈਕਫਿੰਕੋ ਦੇ ਚੇਅਰਮੈਨ ਵੱਲੋਂ ਵਧੀਆ ਕਾਰਜਗੁਜ਼ਾਰੀ ਵਾਲੇ ਅਧਿਕਾਰੀ ਸਨਮਾਨਤ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹਰ ਵਰਗ ਦੀ ਭਲਾਈ ਲਈ ਤੇਜੀ ਨਾਲ ਕੰਮ ਕਰ ਰਹੀ ਹੈ। ਇਸੇ ਮੰਤਵ ਦੀ ਪੂਰਤੀ ਲਈ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਜੀ ਦੀ ਰਹਿਨੁਮਾਈ ਹੇਠ ਪੰਜਾਬ ਪਛੜੀਆਂ ਸ਼੍ਰੇਣੀਆਂ ਭੌਂ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ (ਬੈਕਫਿੰਕੋ) ਵੱਲੋਂ ਪੱਛੜੀਆਂ ਸ਼੍ਰੇਣੀਆਂ, ਆਰਥਿਕ ਤੌਰ ਤੇ ਕੰਮਜੋਰ ਵਰਗ, ਅਤੇ ਘੱਟ ਗਿਣਤੀ ਵਰਗ ਦੇ ਵਿਅਕਤੀਆਂ ਦਾ ਆਰਥਿਕ ਮਿਆਰ ਉੱਚਾ ਚੁੱਕਣ ਦੇ ਮਨੋਰਥ ਨਾਲ ਸਵੈ-ਰੁਜਗਾਰ ਸਕੀਮਾਂ ਲਈ ਘੱਟ ਵਿਆਜ ਦੀ ਦਰ ਤੇ ਕਰਜੇ ਮੁਹੱਈਆ ਕਰਵਾਏ ਜਾ ਰਹੇ ਹਨ। ਚੇਅਰਮੈਨ ਸੰਦੀਪ ਸੈਣੀ ਵੱਲੋਂ ਬੈਕਫਿੰਕੋ ਦੇ ਸਮੂਹ ਸਟਾਫ ਨਾਲ ਮੀਟਿੰਗ ਕਰਕੇ ਉਨ੍ਹਾਂ ਦੀ ਕਾਰਜਗੁਜਾਰੀ ਦੀ ਸਮੀਖਿਆ ਕੀਤੀ ਗਈ। ਚੇਅਰਮੈਨ ਸੈਣੀ ਵੱਲੋਂ ਸਮੂਹ ਸਟਾਫ ਨੂੰ ਤਨਦੇਹੀ ਨਾਲ ਕੰਮ ਕਰਨ ਲਈ ਉਤਸ਼ਾਹਿਤ ਕੀਤਾ ਗਿਆ ਅਤੇ ਬੈਕਫਿੰਕੋ ਵੱਲੋ ਚਲਾਈਆਂ ਜਾ ਰਹੀਆਂ ਸਕੀਮਾਂ ਨੂੰ ਆਮ ਜਨਤਾ ਤੱਕ ਵੱਧ ਤੋਂ ਵੱਧ ਪਹੁੰਚਾਉਣ ਲਈ ਨਵੇਂ ਉਪਰਾਲੇ ਕਰਨ ਲਈ ਦਿਸ਼ਾ ਨਿਰਦੇਸ਼ ਦਿੱਤੇ। ਇਸ ਮੌਕੇ ਉਨ੍ਹਾਂ ਵੱਲੋਂ ਵਧੀਆਂ ਕਾਰਜਗੁਜਾਰੀ ਵਾਲੇ ਅਧਿਕਾਰੀਆਂ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਦੌਰਾਨ ਚੇਅਰਮੈਨ ਸੈਣੀ ਵੱਲੋਂ ਦੱਸਿਆ ਗਿਆ ਕਿ ਬੈਕਫਿੰਕੋ ਵੱਲੋਂ ਉਨ੍ਹਾਂ ਦੇ ਮਿਤੀ 11-3-2024 ਨੂੰ ਚਾਰਜ ਸੰਭਾਲਣ ਤੋਂ ਲੈ ਕੇ ਹੁਣ ਤੱਕ 25.22 ਕਰੋੜ ਰੁਪਏ ਦੇ ਕਰਜੇ 788 ਲਾਭਪਾਤਰੀਆਂ ਨੂੰ



ਰੋਜਗਾਰ ਸਥਾਪਿਤ ਕਰਨ ਲਈ ਵੱਖ-ਵੱਖ ਕਰਜਾ ਸਕੀਮਾਂ ਅਧੀਨ ਵੰਡੇ ਜਾ ਚੁੱਕੇ ਹਨ। ਮੀਟਿੰਗ ਵਿੱਚ ਬੈਕਫਿੰਕੋ ਦੇ ਵਾਈਸ ਚੇਅਰਮੈਨ ਹਰਜਿੰਦਰ ਸਿੰਘ ਸੀਚੇਵਾਲ, ਕਾਰਜਕਾਰੀ ਡਾਇਰੈਕਟਰ ਜੀ ਐਸ ਸਹੋਤਾ, ਆਈ ਏ ਐਸ, ਸਹਾਇਕ ਜਨਰਲ ਮੈਨੇਜਰ(ਵਿੱਤ) ਰਵਿੰਦਰ ਸਿੰਘ ਅਤੇ ਸਹਾਇਕ ਜਨਰਲ ਮੈਨੇਜਰ (ਅਮਲਾ) ਸੁਖਵਿੰਦਰ ਸਿੰਘ ਵੀ ਮੌਜੂਦ ਸਨ।

ਵਿਧਾਇਕ ਨੇ ਚੋਣਾਂ ਤੋਂ ਪਹਿਲਾਂ ਅਖੰਡ ਪਾਠ ਸਾਹਿਬ ਕਰਵਾਇਆ

ਫਿਲੌਰ (ਨਿਰਮਲ)- ਵਿਧਾਨ ਸਭਾ ਹਲਕਾ ਫਿਲੌਰ ਤੋਂ ਵਿਧਾਇਕ ਚੁਣੇ ਜਾਣ 'ਤੇ ਵਾਹਿਗੁਰੂ ਦਾ ਸ਼ੁਕਰਾਨਾ ਕਰਨ ਅਤੇ ਆਉਣ ਵਾਲੀਆਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਤੋਂ ਪਹਿਲਾਂ ਗੁਰੂ ਸਾਹਿਬ ਦਾ ਓਟ-ਆਸਰਾ ਲੈਣ ਲਈ ਵਿਧਾਇਕ ਵਿਕਰਮਜੀਤ ਸਿੰਘ ਚੌਧਰੀ ਅਤੇ ਉਨ੍ਹਾਂ ਦੇ ਪਰਵਾਰ ਵੱਲੋਂ ਫਿਲੌਰ ਸਥਿਤ ਆਪਣੀ ਰਿਹਾਇਸ਼ ਵਿਖੇ ਅਖੰਡ ਪਾਠ ਸਾਹਿਬ ਕਰਵਾਇਆ ਗਿਆ। ਇਸ ਮੌਕੇ ਵਿਕਰਮਜੀਤ ਸਿੰਘ ਚੌਧਰੀ ਨੇ ਵਾਹਿਗੁਰੂ ਦਾ ਕੋਟਿ-ਕੋਟਿ ਸ਼ੁਕਰਾਨਾ ਕਰਦਿਆਂ ਹਲਕੇ ਦੇ ਵੋਟਰਾਂ, ਪਾਰਟੀ ਵਰਕਰਾਂ, ਸਮਰਥਕਾਂ ਅਤੇ ਸ਼ੁਭਚਿੰਤਕਾਂ ਦਾ ਉਨ੍ਹਾਂ ਵੱਲੋਂ ਦਿੱਤੇ ਗਏ ਪਿਆਰ, ਭਰੋਸੇ ਅਤੇ ਸਹਿਯੋਗ ਲਈ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਭਰੋਸਾ ਦਿਵਾਇਆ ਕਿ ਉਹ ਭਵਿੱਖ ਵਿੱਚ ਵੀ ਪੂਰੀ ਲਗਨ, ਵਚਨਬੱਧਤਾ ਅਤੇ ਇਮਾਨਦਾਰੀ ਨਾਲ ਲੋਕਾਂ ਦੀ ਸੇਵਾ ਕਰਦੇ ਰਹਿਣਗੇ ਅਤੇ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣਗੇ। ਇਸ ਮੌਕੇ ਇਕੱਤਰ ਸੰਗਤ ਅਤੇ ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਹੁਣ ਤੋਂ ਹੀ ਤਿਆਰੀਆਂ ਵਿੱਚ ਜੁੱਟਣ ਦਾ ਸੱਦਾ ਦਿੱਤਾ। ਇਸ ਮੌਕੇ ਪ੍ਰਮੁੱਖ ਤੌਰ 'ਤੇ ਬਾਬਾ ਸੁਖਵਿੰਦਰ ਸਿੰਘ ਹਾਜ਼ਰ ਸਨ, ਜਿਨ੍ਹਾਂ ਨੇ ਗੁਰੂ ਚਰਨਾਂ ਵਿੱਚ ਅਰਦਾਸ ਕੀਤੀ। ਉਨ੍ਹਾਂ ਨੇ ਸਰਬੱਤ ਦੇ ਭਲੇ, ਸੁੱਖ-ਸ਼ਾਂਤੀ ਅਤੇ ਪੰਜਾਬ ਦੀ ਚੜ੍ਹਦੀ ਕਲਾ ਲਈ ਅਰਦਾਸ ਬੇਨਤੀ ਕੀਤੀ। ਇਸ ਤੋਂ ਇਲਾਵਾ ਮੌਜੂਦਾ ਅਤੇ ਸਾਬਕਾ ਨਗਰ ਕੌਂਸਲਰ, ਸਰਪੰਚ, ਸਾਬਕਾ ਸਰਪੰਚ, ਪਾਰਟੀ ਦੇ ਸੀਨੀਅਰ ਅਹੁਦੇਦਾਰ ਅਤੇ ਵੱਖ-ਵੱਖ ਪੋਲਿੰਗ ਬੂਥਾਂ ਦੇ ਬੀ.ਐਲ.ਏਜ਼ ਵੀ ਹਾਜ਼ਰ ਸਨ। ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸਰਬੱਤ ਦੇ ਭਲੇ, ਪੰਜਾਬ ਦੀ ਚੜ੍ਹਦੀ ਕਲਾ ਅਤੇ ਸਮੁੱਚੀ ਲੋਕਾਈ ਦੀ ਸੁੱਖ-ਸ਼ਾਂਤੀ ਤੇ ਖੁਸ਼ਹਾਲੀ ਲਈ ਅਰਦਾਸ ਕੀਤੀ ਗਈ।




ਡੇਰਾ ਬਾਬਾ ਜਸਦੇਵ ਬੰਗੜ ਜਠੇਰਿਆਂ ਦਾ ਸਾਲਾਨਾ ਜੋੜ ਮੇਲਾ ਅੱਜ

ਫਗਵਾੜਾ (ਜਸਵਿੰਦਰ ਢੱਡਾ)- ਡੇਰਾ ਬਾਬਾ ਜਸਦੇਵ ਬੰਗੜ ਜਠੇਰਿਆ ਦਾ ਸਲਾਨਾ ਜੋੜ ਮੇਲਾ 5 ਨਵੰਬਰ ਨੂੰ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਪਿੰਡ ਪਾਸਲਾ ਵਿਖੇ ਮਨਾਇਆ ਜਾ ਰਿਹਾ ਹੈ। ਇਸ ਮੌਕੇ ਕਲਾਕਾਰ ਮਨਜੀਤ ਸਹੋਤਾ ਤੋਂ ਇਲਾਵਾ ਧੀਰਾ ਸਿੱਧੂ ਤੇ ਚਾਂਦਨੀ ਸਿਤਾਰਾ ਜਠੇਰੇ ਘਰ ਹਾਜ਼ਰੀਆਂ ਲਗਾਉਣਗੇ। ਪ੍ਰੈੱਸ ਨੂੰ ਉਕਤ ਜਾਣਕਾਰੀ ਡੇਰੇ ਦੇ ਮੁੱਖ ਸੇਵਾਦਾਰ , ਨਿਰਮਲ ਕੁਮਾਰ, ਬੰਗੜ ਪ੍ਰਬੰਧਕ ਕਮੇਟੀ ਪ੍ਰਧਾਨ ਲੇਖਰਾਜ ਜਮਾਲਪੁਰ, ਹਰਬੰਸ ਲਾਲ, ਮੇਹਰ ਚੰਦ ਬੰਗੜ, ਅਮਰਜੀਤ, ਸਤਨਾਮ ਸਿੰਘ,ਦੇਸ ਰਾਜ, ਹੁਸਨ ਲਾਲ, ਗਿਰਧਾਰੀ ਲਾਲ, ਹਰਭਜਨ ਸਿੰਘ, ਚੈਨ ਰਾਮ, ਕਸ਼ਮੀਰ ਲਾਲ, ਯਾਦਵਿੰਦਰ ਸਿੰਘ ਜੱਗਾ ਸੇਲਕੀਆਣਾ, ਲੈਂਬਰ ਸਿੰਘ ਭੈਣੀ, ਨਰਿੰਦਰ ਕੁਮਾਰ ਨੰਗਲ ਕਰਾਰ ਖਾਂ, ਬਲਵਿੰਦਰ ਬਕਾਪੁਰ ਆਦਿ ਨੇ ਦਿੱਤੀ।

ਜ਼ੋਨਲ ਯੁਵਕ ਤੇ ਵਿਰਾਸਤੀ ਮੇਲਾ ਸ਼ੁਰੂ

ਮਾਹਿਲਪੁਰ (ਸਫਰੀ)- ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਅਧੀਨ ਹੁਸ਼ਿਆਰਪੁਰ (ਜ਼ੋਨ -5) ਤਹਿਤ ਆਉਂਦੇ 30 ਕਾਲਜਾਂ ਦੇ ਵਿਦਿਆਰਥੀਆਂ ਦੀਆਂ ਵੱਖ ਵੱਖ ਸਿਰਜਣਾਤਮਿਕ, ਕਲਾਤਮਿਕ ਅਤੇ ਵਿਰਾਸਤੀ ਗਤੀਵਿਧੀਆਂ ਨਾਲ ਸਬੰਧਤ ਚਾਰ ਦਿਨ੍ਹਾਂ ਜ਼ੋਨਲ ਯੁਵਕ ਤੇ ਵਿਰਾਸਤੀ ਮੇਲਾ ਸਿੱਖ ਐਜੂਕੇਸ਼ਨਲ ਕੌਂਸਲ ਦੇ ਪ੍ਰਬੰਧਾਂ ਅਧੀਨ ਚੱਲਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਵਿੱਚ ਸ਼ਾਨੋ ਸ਼ੌਕਤ ਨਾਲ ਸ਼ੁਰੂ ਹੋ ਗਿਆ। ਇਸ ਯੁਵਕ ਮੇਲੇ ਦੇ ਪਹਿਲੇ ਦਿਨ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਜਦਕਿ ਪ੍ਰਧਾਨਗੀ ਮੰਡਲ ਵਿੱਚ ਸਿੱਖ ਐਜੂਕੇਸ਼ਨਲ ਕੌਂਸਲ ਦੇ ਪ੍ਰਧਾਨ ਸੰਤ ਸਾਧੂ ਸਿੰਘ ਕਹਾਰਪੁਰ, ਮੈਨੇਜਰ ਇੰਦਰਜੀਤ ਸਿੰਘ ਭਾਰਟਾ, ਜਨਰਲ ਸਕੱਤਰ ਪ੍ਰੋ. ਅਪਿੰਦਰ ਸਿੰਘ, ਖਜ਼ਾਨਚੀ ਵੀਰਇੰਦਰ ਸ਼ਰਮਾ ਸਮੇਤ ਹੋਰ ਅਹੁਦੇਦਾਰਾਂ ਨੇ ਸ਼ਿਰਕਤ ਕੀਤੀ। ਕਾਲਜ ਦੇ ਸੰਗੀਤ ਵਿਭਾਗ ਦੇ ਵਿਦਿਆਰਥੀਆਂ ਵੱਲੋਂ 'ਦੇਹ ਸ਼ਿਵਾ ਵਰ ਮੋਹਿ ਏਹੈ' ਦੇ ਸ਼ਬਦ ਗਾਇਣ ਨਾਲ ਯੁਵਕ ਮੇਲੇ ਦਾ ਆਗਾਜ਼ ਹੋਇਆ। ਕਾਲਜ ਦੇ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਨੇ ਹਾਜ਼ਰ ਮਹਿਮਾਨਾਂ ਸਮੇਤ ਵੱਖ ਵੱਖ ਕਾਲਜਾਂ ਤੋਂ ਪੁੱਜੇ ਵਿਦਿਆਰਥੀਆਂ ਸਵਾਗਤੀ ਸ਼ਬਦ ਸਾਂਝੇ ਕੀਤੇ। ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਯੁਵਕ ਭਲਾਈ ਵਿਭਾਗ ਦੇ ਡਾਇਰੈਕਟਰ ਡਾ. ਸੁਖਜਿੰਦਰ ਰਿਸ਼ੀ ਨੇ ਕਾਲਜ ਦੇ ਪ੍ਰਬੰਧਕਾਂ ਨੂੰ ਜ਼ੋਨਲ ਅਤੇ ਇੰਟਰ ਜ਼ੋਨਲ ਯੁਵਕ ਮੇਲੇ ਦਾ ਆਯੋਜਨ ਕਰਵਾਉਣ 'ਤੇ ਮੁਬਾਰਕਬਾਦ ਦਿੱਤੀ ਅਤੇ ਹਰ ਸਹਿਯੋਗ ਦਾ ਭਰੋਸਾ ਦਿੱਤਾ। ਯੁਵਕ ਮੇਲੇ ਦੇ ਉਦਘਾਟਨੀ ਸਮਾਰੋਹ ਮੌਕੇ ਪੁੱਜੇ ਮੁੱਖ ਮਹਿਮਾਨ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਪੰਜਾਬ ਯੂਨੀਵਰਸਿਟੀ ਦੀ ਅਗਵਾਈ ਹੇਠ ਕਰਵਾਏ ਜਾ ਰਹੇ ਇਸ ਯੁਵਕ ਮੇਲੇ ਲਈ ਕਾਲਜ ਦੀ ਪ੍ਰਬੰਧਕੀ ਕਮੇਟੀ ਅਤੇ ਸਟਾਫ ਨੂੰ ਮੁਬਾਰਕਬਾਦ ਦਿੱਤੀ। ਉਨ੍ਹਾਂ ਆਪਣੇ ਅਖਤਿਆਰੀ ਫੰਡ ਵਿੱਚੋਂ ਕਾਲਜ ਨੂੰ 10 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦੇਣ ਦਾ ਐਲਾਨ ਕੀਤਾ। ਸਮਾਰੋਹ ਦੇ ਦੂਜੇ ਸੈਸ਼ਨ ਵਿੱਚ ਮੁੱਖ ਮਹਿਮਾਨ ਵੱਜੋਂ ਡੀ ਏ ਵੀ ਕਾਲਜ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਡਾ ਅਨੂਪ ਕੁਮਾਰ ਨੇ ਸ਼ਿਰਕਤ ਕੀਤੀ ਅਤੇ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ।





ਬੈਂਕਰਜ਼ ਕਮੇਟੀ ਦੀਆਂ ਮੀਟਿੰਗਾਂ ਮੁਕੰਮਲ

ਜਲੰਧਰ (ਇਕਬਾਲ ਸਿੰਘ ਉਭੀ)- ਵਿੱਤੀ ਵਰ੍ਹੇ 2026-27 ਦੀ ਦੂਜੀ ਤਿਮਾਹੀ ਦੀ ਸਮੀਖਿਆ ਲਈ ਬਲਾਕ ਪੱਧਰੀ ਬੈਂਕਰਜ਼ ਕਮੇਟੀ ਦੀਆਂ ਮੀਟਿੰਗਾਂ ਦਾ ਸਿਲਸਿਲਾ ਸਫ਼ਲਤਾਪੂਰਵਕ ਮੁਕੰਮਲ ਹੋ ਗਿਆ। ਐਲ ਡੀ ਐਮ ਜਲੰਧਰ ਐੱਮ. ਐੱਸ. ਮੋਤੀ ਨੇ ਦੱਸਿਆ ਜ਼ਿਲ੍ਹੇ ਦੇ ਵੱਖ-ਵੱਖ 11 ਬਲਾਕਾਂ ਵਿੱਚ ਮੀਟਿੰਗਾਂ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਦਫ਼ਤਰ ਤੋਂ ਆਜੀਵਕਾ ਮਿਸ਼ਨ ਦੇ ਨੁਮਾਇੰਦੇ, ਨਾਬਾਰਡ ਦੇ ਅਧਿਕਾਰੀ, ਰੂਡਸੈਟ ਸੰਸਥਾ ਦੇ ਨੁਮਾਇੰਦੇ , ਕਰਿਸਲ ਤੇ ਅਰੋਹ ਫਾਊਂਡੇਸ਼ਨਾਂ ਅਤੇ ਬੈਂਕ ਦੇ ਨੁਮਾਇੰਦਿਆਂ ਨੇ ਹਿੱਸਾ ਲਿਆ। ਮੀਟਿੰਗਾਂ ਵਿੱਚ ਦੂਜੀ ਤਿਮਾਹੀ ਦੌਰਾਨ (01.07.2026 ਤੋਂ 30. 09.2026 ਤੱਕ) ਬੈਂਕਾਂ ਦੀ ਕਾਰਗੁਜ਼ਾਰੀ ਦੀ ਸਮੀਖਿਆ ਦੇ ਨਾਲ-ਨਾਲ ਚਾਲੂ ਵਿੱਤੀ ਵਰ੍ਹੇ ਲਈ ਮਿੱਥੇ ਗਏ ਟੀਚਿਆਂ ਅਤੇ ਨਤੀਜਿਆਂ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਡੀ.ਐਫ.ਐਸ. ਦੀਆਂ ਹਦਾਇਤਾਂ ਮੁਤਾਬਕ ਜ਼ਿਲ੍ਹੇ ਵਿੱਚ ਗ੍ਰਾਮ ਪੰਚਾਇਤ ਪੱਧਰ 'ਤੇ ਚੱਲ ਰਹੀ 'ਫਾਈਨਾਂਸ਼ੀਅਲ ਇੰਕਲੂਜ਼ਨ ਸੈਚੁਰੇਸ਼ਨ' ਮੁਹਿੰਮ ਬਾਰੇ ਵੀ ਬੈਂਕਾਂ ਨੂੰ ਜਾਣੂ ਕਰਵਾਇਆ ਗਿਆ, ਜੋ ਕਿ 21 ਅਕਤੂਬਰ ਤੋਂ ਸ਼ੁਰੂ ਹੋਈ ਹੈ ਅਤੇ 31 ਦਸੰਬਰ 2026 ਤੱਕ ਜਾਰੀ ਰਹੇਗੀ। ਮੀਟਿੰਗਾਂ ਵਿੱਚ ਬੈਂਕ ਅਧਿਕਾਰੀਆਂ ਵੱਲੋਂ 30 ਸਤੰਬਰ 2026 ਨੂੰ ਸਮਾਪਤ ਹੋਈ ਤਿਮਾਹੀ ਦੌਰਾਨ ਆਪਣੇ-ਆਪਣੇ ਬੈਂਕ ਦੀ ਕਾਰਗੁਜ਼ਾਰੀ ਬਾਰੇ ਜਾਣਕਾਰੀ ਦਿੱਤੀ ਗਈ। ਐਲ.ਡੀ.ਐਮ. ਨੇ ਜਨ ਸੁਰੱਖਿਆ ਸਕੀਮਾਂ ਅਤੇ ਪੀ.ਐਮ. ਸਵੈਨਿਧੀ ਸਕੀਮ ਤਹਿਤ ਲਾਭਪਾਤਰੀਆਂ ਨੂੰ ਜਾਗਰੂਕ ਕਰਨ ਦੇ ਨਾਲ-ਨਾਲ ਕਰਜ਼ੇ ਲਈ ਪ੍ਰਾਪਤ ਹੋਈਆਂ ਅਰਜ਼ੀਆਂ ਦੇ ਜਲਦ ਨਿਪਟਾਰੇ ਲਈ ਹਦਾਇਤਾਂ ਕੀਤੀਆਂ। ਬੈਂਕਾਂ ਨੂੰ ਸੀ ਡੀ. ਰੇਸ਼ੋ ਵਿੱਚ ਸੁਧਾਰ ਕਰਨ ਲਈ ਵੱਧ ਤੋਂ ਵੱਧ ਕਰਜ਼ੇ ਮਨਜ਼ੂਰ ਕਰਨ ਲਈ ਕਿਹਾ ਗਿਆ।



ਪਰਾਲੀ ਨਾਲ ਭਰਿਆ ਟਰੱਕ ਪਲਟਣ ਨਾਲ ਲੱਗਾ ਜਾਮ

ਫਿਲੌਰ (ਨਿਰਮਲ)- ਫਿਲੌਰ ਲੁਧਿਆਣਾ ਰਾਸ਼ਟਰੀ ਰਾਜਮਾਰਗ ਤੇ ਪਰਾਲੀ ਲੈ ਕੇ ਜਾ ਰਿਹਾ ਇੱਕ ਟ੍ਰੈਕਟਰ-ਟਰਾਲੀ ਦੇ ਪਲਟ ਜਾਣ ਕਾਰਨ ਆਵਾਜਾਈ ਵਿੱਚ ਵਿਘਨ ਪਿਆ। ਹਾਦਸੇ ਤੋਂ ਬਾਅਦ ਹਾਈਵੇ 'ਤੇ ਵਾਹਨਾਂ ਦੀਆਂ ਲੰਮੀਆਂ ਕਤਾਰਾਂ ਲੱਗ ਗਈਆਂ ਜਿਸ ਕਾਰਨ ਵਾਹਨ ਚਾਲਕਾਂ ਅਤੇ ਰਾਹਗੀਰਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਸਥਿਤੀ ਅਜਿਹੀ ਸੀ ਕਿ ਲੋਕਾਂ ਨੂੰ ਯਾਤਰਾ ਕਰਨ ਵਿੱਚ ਕਈ ਘੰਟੇ ਲੱਗ ਗਏ।




ਜਾਣਕਾਰੀ ਅਨੁਸਾਰ ਪਰਾਲੀ ਨਾਲ ਭਰਿਆ ਟਰੱਕ ਫਿਲੌਰ ਤੋਂ ਲੁਧਿਆਣਾ ਜਾ ਰਿਹਾ ਸੀ। ਇਸ ਦੌਰਾਨ ਪਿੱਛੇ ਤੋਂ ਆ ਰਹੀ ਇੱਕ ਬੱਸ ਨੇ ਹਾਈਵੇਅ 'ਤੇ ਟਰੱਕ ਨੂੰ ਟੱਕਰ ਮਾਰ ਦਿੱਤੀ।ਹਾਦਸੇ ਕਾਰਨ ਹਾਈਵੇਅ 'ਤੇ ਆਵਾਜਾਈ ਠੱਪ ਹੋ ਗਈ ।

ਸੜਕ ਦੇ ਦੋਵੇਂ ਪਾਸੇ ਵਾਹਨਾਂ ਦੀਆਂ ਲੰਮੀਆਂ ਕਤਾਰਾਂ ਲੱਗ ਗਈਆਂ ਜਿਸ ਕਾਰਨ ਕਈ ਕਿਲੋਮੀਟਰ ਤੱਕ ਆਵਾਜਾਈ ਪ੍ਰਭਾਵਿਤ ਹੋਈ।ਹਾਈਵੇਅ 'ਤੇ ਜਾਮ ਕਾਰਨ ਕਾਰਾਂ, ਬੱਸਾਂ, ਟਰੱਕਾਂ ਅਤੇ ਹੋਰ ਛੋਟੇ-ਵੱਡੇ ਵਾਹਨਾਂ ਵਿੱਚ ਯਾਤਰਾ ਕਰਨ ਵਾਲੇ ਲੋਕ ਘੰਟਿਆਂ ਤੱਕ ਫਸ ਗਏ।


ਸਪੋਰਟਸ ਸੈਮੀਨਾਰ ਕਰਵਾਇਆ

ਕਪੂਰਥਲਾ (ਮਨਜੀਤ ਮਾਨ)- ਪੰਜਾਬ ਸਰਕਾਰ ਦੇ ਖੇਡ ਵਿਭਾਗ ਵੱਲੋਂ ਲੋਕਾਂ ਅਤੇ ਬੱਚਿਆਂ ਨੂੰ ਖੇਡਾਂ ਨਾਲ ਜੋੜਨ ਦੇ ਉਦੇਸ਼ ਤਹਿਤ ਸੁਨੀਤਾ ਦੇਵੀ ਬਾਸਕਟਬਾਲ ਕੋਚ ਅਤੇ ਸੁਨੀਲ ਕੁਮਾਰ ਬਾਸਕਟਬਾਲ ਕੋਚ ਵੱਲੋਂ ਖੇਡ ਸਬੰਧੀ ਸਪੋਰਟਸ ਸੈਮੀਨਾਰ ਕਰਵਾਇਆ ਗਿਆ।ਇਸ ਸੈਮੀਨਾਰ ਦੌਰਾਨ ਵਿਭਾਗ ਦੇ ਕੋਚਾਂ ਵੱਲੋਂ ਇਲਾਕਾ ਨਿਵਾਸੀਆਂ ਅਤੇ ਬੱਚਿਆਂ ਨੂੰ ਖੇਡਾਂ ਦੀ ਮਹੱਤਤਾ ਬਾਰੇ ਜਾਣੂ ਕਰਵਾਉਂਦਿਆਂ ਉਨ੍ਹਾਂ ਨੂੰ ਖੇਡ ਗਤੀਵਿਧੀਆਂ ਨਾਲ ਜੁੜਨ ਲਈ ਪ੍ਰੇਰਿਤ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਖੇਡਾਂ ਰਾਹੀਂ ਅਸੀਂ ਆਪਣੇ ਵਿਹਲੇ ਸਮੇਂ ਦੀ ਸੁਚੱਜੀ ਵਰਤੋਂ ਕਰਕੇ ਨਾ ਸਿਰਫ਼ ਆਪਣੇ ਆਪ ਨੂੰ ਸਰੀਰਕ ਅਤੇ ਮਾਨਸਿਕ ਤੌਰ 'ਤੇ ਤੰਦਰੁਸਤ ਰੱਖ ਸਕਦੇ ਹਾਂ, ਸਗੋਂ ਸਮਾਜ ਅਤੇ ਆਲੇ-ਦੁਆਲੇ ਦੇ ਲੋਕਾਂ ਨੂੰ ਵੀ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰ ਸਕਦੇ ਹਾਂ।



ਈ ਵੀ ਐਮ ਮਸ਼ੀਨਾਂ ਦੀ ਫਸਟ ਲੈਵਲ ਚੈਕਿੰਗ 12 ਤੋਂ ਹੋਵੇਗੀ ਸ਼ੁਰੂ : ਡਿਪਟੀ ਕਮਿਸ਼ਨਰ

ਨਵਾਂਸ਼ਹਿਰ (ਮਨੋਜ ਲਾਡੀ)- ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਗੁਲਪ੍ਰੀਤ ਸਿੰਘ ਔਲਖ ਨੇ ਆਪਣੇ ਦਫ਼ਤਰ ਵਿਖੇ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਆਗਾਮੀ ਵਿਧਾਨ ਸਭਾ ਚੋਣਾਂ-2027 ਦੀਆਂ ਤਿਆਰੀਆਂ ਤਹਿਤ ਈ ਵੀ ਐਮ ਮਸ਼ੀਨਾਂ ਦੀ ਫਸਟ ਲੈਵਲ ਚੈਕਿੰਗ (ਐਫ.ਐਲ.ਸੀ) ਸਬੰਧੀ ਮੀਟਿੰਗ ਕੀਤੀ।ਇਸ ਮੌਕੇ ਉਨ੍ਹਾਂ ਦੇ ਨਾਲ ਵਧੀਕ ਜਿਲ੍ਹਾ ਚੋਣ ਅਫ਼ਸਰ, ਅਵਨੀਤ ਕੌਰ, ਸਹਾਇਕ ਕਮਿਸ਼ਨਰ (ਜ) ਰਮਨਜੀਤ ਅਤੇ ਚੋਣ ਤਹਿਸੀਲਦਾਰ ਅਮਨਦੀਪ ਸਿੰਘ ਵੀ ਮੌਜੂਦ ਸਨ।ਜ਼ਿਲ੍ਹਾ ਚੋਣ ਅਫ਼ਸਰ ਗੁਲਪ੍ਰੀਤ ਸਿੰਘ ਔਲਖ ਦੱਸਿਆ ਕਿ ਮੁੱਖ ਚੋਣ ਅਫ਼ਸਰ, ਪੰਜਾਬ, ਚੰਡੀਗੜ੍ਹ ਦੀਆਂ ਹਦਾਇਤਾਂ ਅਤੇ ਈ.ਵੀ.ਐਮ. ਮੈਨੂਅਲ (ਐਡੀਸ਼ਨ 9 ਅਗਸਤ, 2026) ਅਨੁਸਾਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਈ ਵੀ ਐਮ ਵੇਅਰਹਾਊਸ ਵਿੱਚ ਸਟੋਰ ਕੀਤੀਆਂ ਵੋਟਿੰਗ ਮਸ਼ੀਨਾਂ ਦੀ ਫਸਟ ਲੈਵਲ ਚੈਕਿੰਗ 12 ਨਵੰਬਰ ਤੋਂ ਸ਼ੁਰੂ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਇਸ ਚੈਕਿੰਗ ਦੌਰਾਨ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਦੀ ਮੌਜੂਦਗੀ ਲਾਜ਼ਮੀ ਹੈ। ਉਨ੍ਹਾਂ ਸਾਰੀਆਂ ਪਾਰਟੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਨੁਮਾਇੰਦੇ ਨਿਰਧਾਰਤ ਸਮੇਂ ਦੌਰਾਨ ਚੈਕਿੰਗ ਪ੍ਰਕਿਰਿਆ ਵਿੱਚ ਹਾਜ਼ਰ ਰਹਿਣ ਲਈ ਭੇਜਣ, ਤਾਂ ਜੋ ਪੂਰੀ ਪ੍ਰਕਿਰਿਆ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹੀ ਜਾ ਸਕੇ।




ਖੂਨਦਾਨ ਕੈਂਪ ਲਗਾਇਆ

ਆਦਮਪੁਰ (ਪਰਮਜੀਤ ਸਿੰਘ)- ਬੀਤੇ ਦਿਨੀਂ ਪਿੰਡ ਕਾਲਰਾ ਦੀ ਸ਼ਾਨ ਜੱਦੀ ਜਠੇਰੇ ਗੋਤ ਭਟੋਆ ਦਰਬਾਰ ਬਾਬਾ ਭਟੋਆ ਪਿੰਡ ਕਾਲਰਾ ਵਿੱਖੇ ਸਾਲਾਨਾ ਧਾਰਮਿਕ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਹਰ ਸਾਲ ਦੀ ਤਰ੍ਹਾਂ ਪ੍ਰਧਾਨ ਸਾਬ ਬੂਟਾ ਸਿੰਘ ਦੀ ਯੋਗ ਅਗਵਾਈ ਵਿੱਚ ਦੁਆਬੇ ਇਲਾਕੇ ਦੀ ਸਿਰਮੌਰ ਸੰਸਥਾ ਦਸਵੰਧ ਗਰੀਬਾਂ ਲਈ ਵੈਲਫੇਅਰ ਸੁਸਾਇਟੀ ਰਜਿ ਪੰਜਾਬ ਅਤੇ ਪਸਰੀਚਾ ਬਲੱਡ ਬੈਂਕ ਦੇ ਸਹਿਯੋਗ ਨਾਲ 102 ਵਾ ਸਵੈਂ ਇੱਛੁਕ ਖੂਨਦਾਨ ਕੈਂਪ ਲਗਾਇਆ ਗਿਆ ਜਿਸ ਵਿੱਚ 36 ਪ੍ਰਾਣੀਆਂ ਨੇ ਖੂਨਦਾਨ ਕੀਤਾ। ਇਸ ਦੌਰਾਨ ਮੁੱਖ ਸੇਵਾਦਾਰ ਭਾਈ ਸੁਖਜੀਤ ਸਿੰਘ ਡਰੋਲੀ ਵੱਲੋਂ ਪ੍ਰਧਾਨ ਬੂਟਾ ਸਿੰਘ ਦਾ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਤਿਕਾਰ ਕੀਤਾ ਗਿਆ।



ਡੀ ਸੀ ਐੱਮ ਫੈਕਟਰੀ ਬੰਦ ਹੋਣ ਕਾਰਨ ਸੈਂਕੜੇ ਪਰਵਾਰਾਂ ਦੇ ਰੁਜ਼ਗਾਰ 'ਤੇ ਪਿਆ ਅਸਰ

ਬਲਾਚੌਰ (ਜਸਵਿੰਦਰ ਬੈਂਸ)- ਡੀ ਸੀ ਐੱਮ ਕਰਮਚਾਰੀ ਯੂਨੀਅਨ ਦੇ ਆਗੂ ਰਵਿੰਦਰ ਸਿੰਘ ਰਾਣਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਲਾਚੌਰ ਸਬ-ਡਿਵੀਜ਼ਨ ਵਿੱਚ ਬੰਦ ਹੋ ਚੁੱਕੀਆਂ ਫੈਕਟਰੀਆਂ ਦਾ ਮੁੱਦਾ ਉਠਾਇਆ। ਉਨ੍ਹਾਂ ਕਿਹਾ ਕਿ ਕਿਸੇ ਸਮੇਂ ਬਲਾਚੌਰ ਇਲਾਕੇ ਵਿੱਚ ਕਈ ਉਦਯੋਗਿਕ ਇਕਾਈਆਂ ਚੱਲ ਰਹੀਆਂ ਸਨ, ਜਿਨ੍ਹਾਂ ਨਾਲ ਹਜ਼ਾਰਾਂ ਲੋਕਾਂ ਦੇ ਘਰਾਂ ਦੀ ਰੋਜ਼ੀ-ਰੋਟੀ ਜੁੜੀ ਹੋਈ ਸੀ, ਪਰ ਸਮੇਂ ਦੇ ਨਾਲ ਇਨ੍ਹਾਂ ਫੈਕਟਰੀਆਂ ਦੇ ਬੰਦ ਹੋਣ ਕਾਰਨ ਇਲਾਕੇ ਦੀ ਆਰਥਿਕਤਾ ਨੂੰ ਵੱਡਾ ਨੁਕਸਾਨ ਪਹੁੰਚਿਆ ਹੈ। ਰਵਿੰਦਰ ਸਿੰਘ ਰਾਣਾ ਨੇ ਕਿਹਾ ਕਿ ਡੀ.ਸੀ.ਐੱਮ. ਫੈਕਟਰੀ ਵਿੱਚ ਲਗਭਗ 705 ਪਰਵਾਰਾਂ ਦੇ ਮੈਂਬਰ ਕੰਮ ਕਰਦੇ ਸਨ ਅਤੇ ਇਸ ਫੈਕਟਰੀ ਨਾਲ ਸਿੱਧੇ ਅਤੇ ਅਸਿੱਧੇ ਤੌਰ 'ਤੇ ਕਰੀਬ ਪੰਜ ਹਜ਼ਾਰ ਲੋਕਾਂ ਦੀ ਰੋਜ਼ੀ-ਰੋਟੀ ਜੁੜੀ ਹੋਈ ਸੀ। ਉਨ੍ਹਾਂ ਕਿਹਾ ਕਿ ਕੋਵਿਡ-19 ਤੋਂ ਬਾਅਦ ਫੈਕਟਰੀ ਬੰਦ ਹੋਣ ਨਾਲ ਇਨ੍ਹਾਂ ਪਰਵਾਰਾਂ ਦੇ ਸਾਹਮਣੇ ਰੁਜ਼ਗਾਰ ਦਾ ਵੱਡਾ ਸੰਕਟ ਖੜ੍ਹਾ ਹੋ ਗਿਆ। ਉਨ੍ਹਾਂ ਅੱਗੇ ਕਿਹਾ ਕਿ ਸਿਰਫ਼ ਡੀ ਸੀ ਐੱਮ ਫੈਕਟਰੀ ਹੀ ਨਹੀਂ, ਸਗੋਂ ਇਲਾਕੇ ਵਿੱਚ ਖਾਦ ਫੈਕਟਰੀ, ਧਾਗਾ ਫੈਕਟਰੀ ਅਤੇ ਹੋਰ ਕਈ ਉਦਯੋਗਿਕ ਇਕਾਈਆਂ ਵੀ ਬੰਦ ਹੋ ਚੁੱਕੀਆਂ ਹਨ। ਇਨ੍ਹਾਂ ਫੈਕਟਰੀਆਂ ਵਿੱਚ ਬਲਾਚੌਰ ਸਬ-ਡਿਵੀਜ਼ਨ ਅਤੇ ਆਸ-ਪਾਸ ਦੇ ਪਿੰਡਾਂ ਦੇ ਵੱਡੀ ਗਿਣਤੀ ਵਿੱਚ ਲੋਕ ਰੁਜ਼ਗਾਰ ਪ੍ਰਾਪਤ ਕਰਦੇ ਸਨ। ਫੈਕਟਰੀਆਂ ਬੰਦ ਹੋਣ ਨਾਲ ਮਜ਼ਦੂਰਾਂ, ਕਰਮਚਾਰੀਆਂ ਅਤੇ ਉਨ੍ਹਾਂ ਦੇ ਪਰਵਾਰਾਂ ਨੂੰ ਆਰਥਿਕ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਰਵਿੰਦਰ ਸਿੰਘ ਰਾਣਾ ਨੇ ਮੰਗ ਕੀਤੀ ਕਿ ਸਰਕਾਰ ਅਤੇ ਸਬੰਧਤ ਵਿਭਾਗ ਇਸ ਗੰਭੀਰ ਮਸਲੇ ਵੱਲ ਧਿਆਨ ਦੇਣ ਅਤੇ ਬਲਾਚੌਰ ਸਬ-ਡਿਵੀਜ਼ਨ ਵਿੱਚ ਉਦਯੋਗਾਂ ਨੂੰ ਮੁੜ ਸੁਰਜੀਤ ਕਰਨ ਲਈ ਠੋਸ ਉਪਰਾਲੇ ਕਰਨ।



ਗੁਰੂ ਨਾਨਕ ਮਿਸ਼ਨ ਪਬਲਿਕ ਸਕੂਲ ਨੇ ਇੰਟਰ ਸਕੂਲ ਮੁਕਾਬਲੇ 'ਚ ਓਵਰਆਲ ਟਰਾਫੀ ਜਿੱਤੀ

ਬੰਗਾ (ਅਵਤਾਰ ਕਲੇਰ)- ਗੁਰੂ ਨਾਨਕ ਮਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਢਾਹਾਂ-ਕਲੇਰਾਂ ਦੇ ਵਿਦਿਆਰਥੀਆਂ ਨੇ ਭਾਈ ਸੰਗਤ ਸਿੰਘ ਖਾਲਸਾ ਕਾਲਜ ਬੰਗਾ ਵਿਖੇ ਕਰਵਾਏ ਗਏ ਇੰਟਰ ਸਕੂਲ ਸੱਭਿਆਚਾਰਕ, ਅਕਾਦਮਿਕ ਅਤੇ ਵਿਰਾਸਤੀ ਮੁਕਾਬਲਿਆਂ ਵਿੱਚ ਓਵਰ ਆਲ ਵਿਜੇਤਾ ਦੀ ਸਭ ਤੋਂ ਵੱਡੀ ਟਰਾਫੀ ਜਿੱਤ ਕੇ ਇਤਿਹਾਸ ਰਚਿਆ ਹੈ। ਇਸ ਮੁਕਾਬਲੇ ਵਿੱਚ ਸਕੂਲ ਦੇ 40 ਹੋਣਹਾਰ ਵਿਦਿਆਰਥੀਆਂ ਨੇ ਵੱਖ-ਵੱਖ ਸੋਲੋ ਅਤੇ ਗਰੁੱਪ ਮੁਕਾਬਿਲਆਂ ਵਿਚ ਭਾਗ ਲਿਆ ਅਤੇ ਲਗਭਗ ਹਰ ਮੁਕਾਬਲੇ ਵਿੱਚ ਹੀ ਇਨਾਮ ਜਿੱਤੇ। ਇਹ ਜਾਣਕਾਰੀ ਪ੍ਰਿੰਸੀਪਲ ਵਨੀਤਾ ਚੋਟ ਨੇ ਦਿੰਦੇ ਕਿ ਇਸ ਇੰਟਰ ਸਕੂਲ ਮੁਕਬਾਲੇ ਵਿਚ ਵਿਦਿਆਰਥੀਆਂ ਨੇ 17 ਮੁਕਾਬਲਿਆਂ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਜਿਹਨਾਂ ਵਿਚ ਰੰਗੋਲੀ, ਸ਼ੁੱਧ ਗੁਰਬਾਣੀ ਉਚਾਰਨ, ਬਿਜ਼ਨਸ ਮਾਡਲ, ਆਨ-ਦ-ਸਪਾਟ ਪੇਂਟਿੰਗ, ਕਲੇ ਮਾਡਲਿੰਗ, ਮਿੱਟੀ ਦੇ ਖਿਡੌਣੇ ਬਣਾਉਣਾ, ਮੱਕੀ ਦੀ ਰੋਟੀ ਬਣਾਉਣਾ, ਸ਼ਬਦ ਗਾਇਨ, ਕੰਪਿਊਟਰ ਟਾਈਪਿੰਗ, ਦਮਾਲਾ ਸਜਾਉਣਾ, ਭਾਸ਼ਣ, ਮਹਿੰਦੀ ਡਿਜ਼ਾਈਨ, ਫੁਲਕਾਰੀ, ਕਵਿਤਾ ਉਚਾਰਨ, ਕੋਲਾਜ ਮੇਕਿੰਗ, ਪੰਜਾਬੀ ਮਾਡਲ ਅਤੇ ਸੋਲੋ ਭੰਗੜਾ ਦੇ ਮੁਕਾਬਲੇ ਸ਼ਾਮਿਲ ਹਨ। ਕੁਇਜ਼, ਸਾਜ਼ ਵਜਾਉਣ, ਸਲਾਦ ਸਜਾਵਟ, ਗੀਤ-ਗ਼ਜ਼ਲ ਅਤੇ ਲੋਕ ਗੀਤ ਦੇ ਮੁਕਾਬਲੇ ਵਿਚ ਦੂਸਰਾ ਸਥਾਨ ਪ੍ਰਾਪਤ ਕੀਤਾ। ਕਵੀਸ਼ਰੀ, ਕਾਰਟੂਨਿੰਗ, ਰਵਾਇਤੀ ਭਾਂਡਿਆਂ ਦੀ ਪ੍ਰਦਰਸ਼ਨੀ, ਆਟੇ ਦੀ ਚਿੜੀ ਬਣਾਉਣੀ, ਦਸਤਾਰ ਸਜਾਉਣੀ ਅਤੇ ਪੋਸਟਰ ਮੇਕਿੰਗ ਵਿਚ ਤੀਸਰਾ ਸਥਾਨ ਪ੍ਰਾਪਤ ਕੀਤਾ ਹੈ।

ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ-ਕਲੇਰਾਂ ਨੇ ਟਰਾਫੀ ਜਿੱਤਣ ਵਾਲੇ ਸਕੂਲ ਦੇ ਜੇਤੂ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈਆਂ ਦਿੱਤੀਆਂ।ਇਸ ਮੌਕੇ ਰਮਨ ਕੁਮਾਰ ਵਾਈਸ ਪ੍ਰਿੰਸੀਪਲ, ਭਾਈ ਜੋਗਾ ਸਿੰਘ, ਬਲਜੀਤ ਕੌਰ ਭੋਗਲ, ਸੰਦੀਪ ਕੌਰ, ਗੁਰਪ੍ਰੀਤ ਕੌਰ, ਪ੍ਰਭਪ੍ਰੀਤ ਕੌਰ , ਜਸਵੀਰ ਕੌਰ, ਕੋਮਲ, ਕੁਲਜੀਤ ਸਿੰਘ ਵੀ ਹਾਜ਼ਰ ਸਨ ।



ਸ਼ਾਮ ਲਾਲ ਨੇ ਕਿਤਾਬ 'ਜਾਤ ਪਾਤ ਦੇ ਬੀਜ ਨਾਸ' ਦਿਹਾਤੀ ਮਜ਼ਦੂਰ ਸਭਾ ਨੂੰ ਕੀਤੀ ਭੇਟ



ਜਲੰਧਰ (ਲਖਵਿੰਦਰ ਸਿੰਘ ਆਧੀ)- ਦੇਸ਼ ਅੰਦਰ ਵੱਧ ਰਹੇ ਜਾਤੀ ਭੇਦ ਭਾਵ ਤੇ ਧਾਰਮਿਕ ਤੰਗ ਨਜ਼ਰੀ ਦੇ ਦੌਰ ਵਿੱਚ ਅੰਬੇਡਕਰ ਦੀ ਸੋਚ ਨੂੰ ਪਰਨਾਏ ਆਗੂਆਂ ਅਤੇ ਖੱਬੀਆਂ ਧਿਰਾਂ ਦੇ ਏਕੇ ਦੀ ਲੋੜ ਵਿੱਚੋਂ ਕਈ ਤਰ੍ਹਾਂ ਦੀਆਂ ਸੰਭਾਵਨਾਵਾਂ ਦਿਖਾਈ ਦਿੰਦੀਆਂ ਹਨ। ਪਿਛਲੇ ਦਿਨਾਂ ਅੰਦਰ ਦਿਹਾਤੀ ਮਜ਼ਦੂਰ ਸਭਾ ਦੇ ਜਨਰਲ ਸਕੱਤਰ ਕਾਮਰੇਡ ਗੁਰਨਾਮ ਸਿੰਘ ਦਾਊਦ ਦੀ ਦੁਖਦਾਈ ਮੌਤ ਤੋਂ ਬਾਅਦ ਇਸ ਗੱਲ ਦੀ ਲੋੜ ਹੋਰ ਵੀ ਸ਼ਿੱਦਤ ਨਾਲ ਮਹਿਸੂਸ ਹੋਣ ਲੱਗ ਪਈ। ਜਦੋਂ ਉਹਨਾਂ ਦੀ ਮੌਤ ਤੇ ਲਿਖੇ ਇਕ ਸ਼ੋਕ ਸੁਨੇਹੇ ਵਿੱਚ ਡਾ. ਤੇਜਿੰਦਰ ਵਿਰਲੀ ਨੇ ਕਿਹਾ ਕਿ ਕਾਮਰੇਡ ਗੁਰਨਾਮ ਸਿੰਘ ਦਾਊਦ ਚਾਹੁੰਦੇ ਸਨ ਕਿ ਜਮਾਤੀ ਉਚ ਨੀਚ ਵਾਲਾ ਸਮਾਜ ਬਦਲਿਆ ਜਾਵੇ ਤੇ ਇਸ ਦੇ ਨਾਲ ਹੀ ਜਾਤੀ ਪਾਤੀ ਵਾਲੇ ਕੋਹੜ ਨੂੰ ਵੀ ਦੂਰ ਕੀਤਾ ਜਾਵੇ। ਇਸ ਲਈ ਕਾਮਰੇਡ ਦਾਊਦ 'ਜਾਤ ਪਾਤ ਦੇ ਬੀਜ ਨਾਸ' ਕਰਨ ਤੋਂ ਲੈ ਕੇ 'ਭਾਰਤੀ ਲੋਕ ਨੀਚ ਕਿਵੇਂ ਬਣੇ' ਵਰਗੀਆਂ ਪੁਸਤਕਾਂ ਦਾ ਅਧਿਅਨ ਕਰਨਾ ਚਾਹੁੰਦੇ ਸਨ। ਦਿਹਾਤੀ ਮਜ਼ਦੂਰ ਸਭਾ ਦੇ ਪ੍ਰਧਾਨ ਦਰਸ਼ਨ ਨਾਹਰ ਤੇ ਜੁਇੰਟ ਸਕੱਤਰ ਕਾਮਰੇਡ ਬਲਦੇਵ ਸਿੰਘ ਨੂਰਪੁਰੀ ਨੇ ਇਸ ਕਿਤਾਬ ਦੀ ਅਹਿਮੀਅਤ ਨੂੰ ਸਮਝਦਿਆਂ ਸ਼ਾਮ ਲਾਲ ਨੇ ਇਹ ਕਿਤਾਬ ਖਰੀਦ ਕੇ ਦਿਹਾਤੀ ਮਜ਼ਦੂਰ ਸਭਾ ਨੂੰ ਭੇਟ ਕੀਤੀ ਤੇ ਦਿਹਾਤੀ ਮਜ਼ਦੂਰ ਸਭਾ ਨੇ ਆਪਣਾ ਵਿਚਾਰਧਾਰਕ ਮੈਗਜ਼ੀਨ ਸੰਗਰਾਮੀ ਲਹਿਰ ਉਹਨਾਂ ਨੂੰ ਭੇਟ ਕੀਤਾ। ਇਸ ਮੌਕੇ ਤੇ ਸਾਬਕਾ ਜੇਲ੍ਹ ਸੁਪਰਡੈਂਟ ਸਤਪਾਲ ਸਿੰਘ, ਪ੍ਰੋਫੈਸਰ ਬਲਵਿੰਦਰ ਸਿੰਘ, ਡਾ. ਤਜਿੰਦਰ ਵਿਰਲੀ, ਸ਼ਾਮ ਲਾਲ, ਕਾਮਰੇਡ ਬਲਦੇਵ ਨੂਰਪੁਰੀ ਤੇ ਪੱਤਰਕਾਰ ਲਖਵਿੰਦਰ ਸਿੰਘ ਆਧੀ ਨੇ ਸ਼ਮੂਲੀਅਤ ਕੀਤੀ।

ਆਉਣ ਵਾਲੀਆਂ ਚੋਣਾਂ 'ਚ ਐੱਨ ਡੀ ਏ ਦੀ ਸਰਕਾਰ ਬਣੇਗੀ : ਰਣਦੀਪ ਰਾਣਾ ਕੌਸ਼ਲ

ਬਲਾਚੌਰ (ਜਸਵਿੰਦਰ ਬੈਂਸ)- ਸਾਬਕਾ ਪ੍ਰਧਾਨ ਨਗਰ ਕੌਂਸਲ ਰਣਦੀਪ ਰਾਣਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪੰਜਾਬ ਦੀ ਮੌਜੂਦਾ ਸਿਆਸੀ ਸਥਿਤੀ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਦੇ ਲੋਕ ਐੱਨ ਡੀ ਏ ਦੀ ਸਰਕਾਰ ਬਣਾਉਣ ਦਾ ਮੌਕਾ ਦੇਣਗੇ। ਰਣਦੀਪ ਰਾਣਾ ਨੇ ਸਾਬਕਾ ਮੁੱਖ ਮੰਤਰੀ ਸ. ਪ੍ਰਕਾਸ਼ ਸਿੰਘ ਬਾਦਲ ਦੇ ਕਾਰਜਕਾਲ ਦਾ ਜ਼ਿਕਰ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਸਮੇਂ ਲੋਕ ਭਲਾਈ ਲਈ ਕਈ ਯੋਜਨਾਵਾਂ ਸ਼ੁਰੂ ਕੀਤੀਆਂ ਗਈਆਂ ਅਤੇ ਵੱਖ-ਵੱਖ ਵਰਗਾਂ ਨੂੰ ਸਹੂਲਤਾਂ ਦੇਣ ਦੇ ਨਾਲ-ਨਾਲ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਲਈ ਵੀ ਕਦਮ ਚੁੱਕੇ ਗਏ। ਉਨ੍ਹਾਂ ਕਿਹਾ ਕਿ ਲੋਕ ਅੱਜ ਵੀ ਉਸ ਸਮੇਂ ਦੌਰਾਨ ਸ਼ੁਰੂ ਕੀਤੀਆਂ ਗਈਆਂ ਕਈ ਲੋਕ ਭਲਾਈ ਯੋਜਨਾਵਾਂ ਨੂੰ ਯਾਦ ਕਰਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਅਜਿਹੀ ਸਰਕਾਰ ਦੀ ਲੋੜ ਹੈ ਜੋ ਸੂਬੇ ਦੇ ਵਿਕਾਸ, ਕਿਸਾਨਾਂ, ਵਪਾਰੀਆਂ, ਨੌਜਵਾਨਾਂ, ਮਜ਼ਦੂਰਾਂ ਅਤੇ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰੇ। ਉਨ੍ਹਾਂ ਦਾ ਮੰਨਣਾ ਹੈ ਕਿ ਭਾਰਤੀ ਜਨਤਾ ਪਾਰਟੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਇਕੱਠੇ ਆਉਣ ਨਾਲ ਪੰਜਾਬ ਵਿੱਚ ਐਨ.ਡੀ.ਏ. ਦੀ ਸਰਕਾਰ ਬਣਾਉਣ ਲਈ ਨਵਾਂ ਸਿਆਸੀ ਰਾਹ ਖੁੱਲ੍ਹ ਸਕਦਾ ਹੈ।



ਕਰਾਟੇ ਟਰੇਨਿੰਗ ਕੈਂਪ ਲਗਾਇਆ

ਬੰਗਾ (ਅਵਤਾਰ ਕਲੇਰ) ਬੀਤੇ ਦਿਨੀ ਮਾਰਸ਼ਲ ਅਕੈਡਮੀ, ਵੀਰ ਫਾਈਟਰ ਕਰਾਟੇ ਕਲੱਬ ਬੰਗਾ ਵੱਲੋਂ 5ਵਾ ਜੱਜ ਰੈਫਰੀ ਸੈਮੀਨਾਰ, ਬੈਲਟ ਗ੍ਰੇਡਿੰਗ ਅਤੇ ਕਰਾਟੇ ਟਰੇਨਿੰਗ ਕੈਂਪ - 2026 ਲਗਾਇਆ ਗਿਆ ਜਿਸ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲਿਆਂ ਵਿੱਚੋਂ ਕੋਚਾ ਅਤੇ ਖਿਡਾਰੀਆਂ ਨੇ ਭਾਗ ਲਿਆ।




ਇਸ ਕੈਂਪ ਦੇ ਮੁੱਖ ਪ੍ਰਬੰਧਕ ਮਾਰਸ਼ਲ ਆਰਟ ਕੋਚ ਰਾਜਵੀਰ ਸਿੰਘ ਕੈਂਥ ਨੇ ਦੱਸਿਆ ਕਿ ਇਸ ਕੈਂਪ ਦੌਰਾਨ ਰੈਫਰੀਆਂ ਨੂੰ ਨਵੇਂ ਰੂਲਾਂ ਦੀ ਜਾਣਕਾਰੀ ਦਿੱਤੀ ਗਈ ਅਤੇ ਕਰਾਟੇ ਖਿਡਾਰੀਆਂ ਦੇ ਬੈਲਟ ਟੈਸਟ ਲਏ ਗਏ ਅਤੇ ਸਰਟੀਫਿਕੇਟ ਅਤੇ ਬੈਲਟਾਂ ਦਿੱਤੀਆਂ ਗਈਆਂ ਨਾਲ ਹੀ ਖਿਡਾਰੀਆਂ ਨੂੰ ਤਕਨੀਕੀ ਜਾਣਕਾਰੀ ਦਿੱਤੀ ਗਈ। ਮੁੱਖ ਮਹਿਮਾਨ ਵਜੋਂ ਪਹੁੰਚੇ ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਅਤੇ ਐਜੂਕੇਸ਼ਨ ਟਰੱਸਟ ਢਾਹਾਂ ਕਲੇਰਾਂ ਵਿਸ਼ੇਸ਼ ਤੌਰ ਤੇ ਪਹੁੰਚੇ।

ਖਿਡਾਰੀਆਂ ਅਤੇ ਕੋਚਾਂ ਨੂੰ ਸਨਮਾਨਤ ਕੀਤਾ ਗਿਆ। ਕੁਲਵਿੰਦਰ ਸਿੰਘ ਢਾਹਾਂ ਨੇ ਕਿਹਾ ਕੀ ਮਾਰਸ਼ਲ ਆਰਟ ਅਕੈਡਮੀ ਦੇ ਮੁੱਖ ਸੰਚਾਲਕ ਰਾਜਵੀਰ ਸਿੰਘ ਕੈਂਥ ਸਮੇਂ ਸਮੇਂ ਤੇ ਕੈਂਪ ਲਗਾਉਂਦੇ ਹਨ ਅਤੇ ਟੂਰਨਾਮੈਂਟ ਕਰਵਾਉਂਦੇ ਰਹਿੰਦੇ ਹਨ ਜਿਸ ਤੋਂ ਬੱਚੇ ਅਤੇ ਨੌਜਵਾਨ ਇਸ ਦਾ ਲਾਭ ਉਠਾਉਂਦੇ ਹਨ। ਇਹਨਾਂ ਦਾ ਇਹ ਉਪਰਾਲਾ ਬਹੁਤ ਸ਼ਲਾਘਾਯੋਗ ਹੈ।ਸਤਨਾਮ ਸਿੰਘ ਲਾਦੀਆਂ ਨੇ ਕਿਹਾ ਖਾਸ ਤੌਰ ਤੇ ਲੜਕੀਆਂ ਨੂੰ ਆਤਮ ਰੱਖਿਆ ਦੀ ਟਰੇਨਿੰਗ ਜਰੂਰ ਲੈਣੀ ਚਾਹੀਦੀ ਹੈ।

ਇਸ ਮੌਕੇ ਸਤਨਾਮ ਸਿੰਘ ਲਾਦੀਆਂ, ਡਾ ਹਰੀ ਕ੍ਰਿਸ਼ਨ, ਕਰਾਟੇ ਕੋਚ ਪ੍ਰਭਵੀਰ ਸਿੰਘ ਕੈਂਥ, ਅਜੇ ਸਿੱਧੂ, ਗੋਬਿੰਦ ਰਾਮ, ਭੁਪਿੰਦਰ ਸਿੰਘ, ਰਵਿੰਦਰ ਸਿੰਘ, ਰੇਸ਼ਮ ਬਹਾਦੁਰ,ਨਿਖਿਲ ਕੁਮਾਰ ਅਤੇ ਹੋਰ ਹਾਜ਼ਰ ਸਨ।


ਲੋਕ ਕਾਰਪੋਰੇਟ ਦੇ ਵਿਕਾਸ ਮਾਡਲ ਦੀਆਂ ਨੀਤੀਆਂ ਦਾ ਡਟ ਕੇ ਵਿਰੋਧ ਕਰ ਰਹੇ : ਕਰਨ ਸਿੰਘ ਰਾਣਾ

ਬਲਾਚੌਰ (ਜਸਵਿੰਦਰ ਬੈਂਸ)- ਅਮਰੀਕਾ ਤੇ ਇਜਰਾਈਲ ਦੀ ਅਗਵਾਈ ਹੇਠ ਸਾਮਰਾਜ ਦੀ ਮੁਨਾਫੇ ਲਈ ਅੰਨੀ ਹਵਸ ਅਤੇ ਕੁਦਰਤੀ ਸਰੋਤਾਂ ਤੇ ਕਬਜ਼ਾ ਕਰਨ ਲਈ ਦੁਨੀਆ ਨੂੰ ਤੀਜੀ ਵੱਡੀ ਜੰਗ ਵੱਲ ਧੱਕਣਾ ਸਾਰੀ ਦੁਨੀਆ ਦੇ ਕਿਰਤੀ ਲੋਕਾਂ ਲਈ ਚਿੰਤਾ ਦਾ ਵਿਸ਼ਾ ਹੈ ਅਤੇ ਸਾਰੀ ਦੁਨੀਆ ਅੰਦਰ ਲੋਕਾਂ ਵੱਲੋਂ ਇਸ ਦਾ ਤੇਜ ਵਿਰੋਧ ਜਾਰੀ ਹੈ। ਇਨ2ਾਂ ਵਿਚਾਰਾਂ ਦਾ ਪ੍ਰਗਟਾਵਾ ਸਾਥੀ ਕਰਨ ਸਿੰਘ ਰਾਣਾ ਜਨਰਲ ਸਕੱਤਰ ਸਾਂਝਾ ਕਿਸਾਨ ਮਜ਼ਦੂਰ ਮੋਰਚਾ ਸਬੰਧਤ ਭਾਈ ਲਾਲੋ ਲੋਕ ਮੰਚ ਪੰਜਾਬ ਨੇ ਅੱਜ ਪਿੰਡ ਠਠਿਆਲਾ ਵਿਖੇ ਪ੍ਰੈੱਸ ਨਾਲ ਗੱਲਬਾਤ ਕਰਦੇ ਹੋਏ ਸਾਂਝਾ ਕੀਤਾ। ਸਾਥੀ ਰਾਣਾ ਅੱਜ ਇੱਥੇ ਉੱਘੇ ਪੱਤਰਕਾਰ ਅਤੇ ਕਾਲਮ ਨਵੀਸ ਸਾਥੀ ਬਲਦੇਵ ਬੱਲੀ ਦੀ ਸਿਹਤ ਬਾਰੇ ਜਾਣਕਾਰੀ ਲੈਣ ਆਏ ਸਨ। ਉਨਾਂ ਕਿਹਾ ਕਿ ਇਸੇ ਕੜੀ ਤਹਿਤ ਭਾਰਤ ਅੰਦਰ ਲੋਕ ਚੋਣਾ ਅਤੇ ਵੋਟਰ ਲਿਸਟਾਂ ਵਿੱਚ ਕੀਤੀ ਜਾ ਰਹੀ ਘਪਲੇਬਾਜੀ ਵਿਰੁੱਧ, ਮਹਿੰਗਾਈ, ਬੇਰੁਜਗਾਰੀ, ਭਰਿਸ਼ਟਾਚਾਰ ਤੇ ਖੁਸ਼ਹਾਲ ਜੀਵਨ ਲਈ ਜੋਰਦਾਰ ਜਨ ਅੰਦੋਲਨ ਚਲਾ ਰਹੇ ਹਨ। ਇਨਾਂ ਅਲਾਮਤਾਂ ਲਈ ਸਾਮਰਾਜਵਾਦ ਦਾ ਕਾਰਪੋਰੇਟ ਵਿਕਾਸ ਦਾ ਮਾਡਲ ਪੂਰੀ ਤਰਾਂ ਜਿੰਮੇਵਾਰ ਹੈ। ਸਾਥੀ ਰਾਣਾ ਨੇ ਅੱਗੇ ਕਿਹਾ ਕਿ ਪੰਜਾਬ ਵਿੱਚ ਰਾਜ ਕਰਦੀਆਂ ਪਾਰਟੀਆਂ ਕਾਰਪੋਰੇਟ ਦੇ ਵਿਕਾਸ ਮਾਡਲ ਦੀ ਪੈਰਵਈ ਕਰ ਰਹੀਆਂ ਹਨ ਜਿਸ ਕਾਰਨ ਮਾਰੂ ਨਸ਼ਿਆਂ, ਗੈਰ ਕਾਨੂੰਨੀ ਮਾਈਨਿੰਗ, ਸਿਹਤ ਅਤੇ ਵਿਦਿਅਕ ਸੇਵਾਵਾਂ ਦਾ ਨਿੱਜੀਕਰਨ, ਬੇਰੁਜਗਾਰੀ, ਮਹਿੰਗਾਈ, ਭਰਿਸ਼ਟਾਚਾਰ, ਹਵਾ ਪਾਣੀ ਦਾ ਪ੍ਰਦੂਸ਼ਣ ਅਤੇ ਗੈਂਗਵਾਦ ਵਿੱਚ ਤੇਜੀ ਨਾਲ ਵਾਧਾ ਹੋ ਰਿਹਾ ਹੈ। ਰਾਜ ਕਰਦੀਆਂ ਪਾਰਟੀਆਂ ਕੋਲ ਉਪਰੋਕਤ ਮੁੱਦਿਆਂ ਨੂੰ ਹੱਲ ਕਰਨ ਦਾ ਨਾ ਤਾਂ ਕੋਈ ਰੋਡ ਮੈਪ ਹੈ ਅਤੇ ਨਾ ਹੀ ਇੱਛਾ ਸ਼ਕਤੀ ਜਿਸ ਬਾਰੇ ਪੰਜਾਬ ਦੇ ਸੂਝਵਾਨ ਲੋਕ ਚੰਗੀ ਤਰ੍ਹਾਂ ਜਾਣੂ ਹਨ। ਆਉਣ ਵਾਲੇ ਕੁਝ ਹਫਤਿਆਂ ਵਿੱਚ ਆਇਆ ਰਾਮ ਤੇ ਗਿਆ ਰਾਮ ਦਾ ਚਲਨ ਬੇਹੱਦ ਤੇਜ ਹੋ ਜਾਵੇਗਾ ਅਤੇ ਇਹ ਇਤਿਹਾਸ ਬਣੇਗਾ।ਸਾਥੀ ਰਾਣਾ ਨੇ ਇਸ ਗੱਲ ਤੇ ਖੁਸ਼ੀ ਪ੍ਰਗਟ ਕੀਤੀ ਕਿ ਪੰਜਾਬ ਦੇ ਲੋਕ ਕਾਰਪੋਰੇਟ ਦੇ ਵਿਕਾਸ ਮਾਡਲ ਦੀਆਂ ਨੀਤੀਆਂ ਦਾ ਡੱਟ ਕੇ ਵਿਰੋਧ ਕਰ ਰਹੇ ਹਨ।




ਸਹਾਇਕ ਸਿਵਲ ਸਰਜਨ ਵੱਲੋਂ ਸਿਹਤ ਸਹੂਲਤਾਂ ਤੇ ਪ੍ਰਬੰਧਾਂ ਦਾ ਨਿਰੀਖਣ

ਬਲਾਚੌਰ (ਜਸਵਿੰਦਰ ਬੈਂਸ)- ਸਿਵਲ ਸਰਜਨ ਡਾ. ਗੀਤਾਂਜਲੀ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਹਾਇਕ ਸਿਵਲ ਸਰਜਨ ਡਾ. ਬਲਜੀਤ ਕਮਲ ਵੱਲੋਂ ਲੈਫ. ਜਨਰਲ ਬਿਕਰਮ ਸਿੰਘ ਸਬ ਡਵੀਜ਼ਨਲ ਹਸਪਤਾਲ ਬਲਾਚੌਰ ਦਾ ਵਿਸਤ੍ਰਿਤ ਨਿਰੀਖਣ ਕਰਕੇ ਉੱਥੇ ਮੁਹੱਈਆ ਕਰਵਾਈਆਂ ਜਾ ਰਹੀਆਂ ਸਿਹਤ ਸਹੂਲਤਾਂ ਅਤੇ ਪ੍ਰਬੰਧਕੀ ਇੰਤਜ਼ਾਮਾਂ ਦਾ ਜਾਇਜ਼ਾ ਲਿਆ ਗਿਆ। ਇਸ ਦੌਰਾਨ ਸਿਹਤ ਵਿਭਾਗ ਪੰਜਾਬ ਵੱਲੋਂ ਨਿਰਧਾਰਿਤ 38 ਅਹਿਮ ਬਿੰਦੂਆਂ ਦੇ ਆਧਾਰ 'ਤੇ ਹਸਪਤਾਲ ਦੀ ਕਾਰਜਪ੍ਰਣਾਲੀ ਦੀ ਬਾਰੀਕੀ ਨਾਲ ਸਮੀਖਿਆ ਕੀਤੀ ਗਈ। ਇਸ ਮੌਕੇ ਸੀਨੀਅਰ ਮੈਡੀਕਲ ਅਫ਼ਸਰ ਡਾ. ਪਰਮਜੀਤ ਲਾਲ ਵੀ ਮੌਜੂਦ ਸਨ।ਨਿਰੀਖਣ ਦੌਰਾਨ ਡਾ. ਬਲਜੀਤ ਕਮਲ ਨੇ ਹਸਪਤਾਲ ਦੇ ਵੱਖ-ਵੱਖ ਵਾਰਡਾਂ ਅਤੇ ਸ਼ਾਖਾਵਾਂ ਦਾ ਦੌਰਾ ਕਰਦਿਆਂ ਸਾਫ਼-ਸਫ਼ਾਈ, ਆਕਸੀਜਨ ਸਪਲਾਈ, ਆਟੋ-ਸਟਾਰਟ ਜਨਰੇਟਰ, ਯੂ ਪੀ ਐੱਸ ਅਤੇ ਮੈਡੀਕਲ ਉਪਕਰਣਾਂ ਦੀ ਕਾਰਜਸ਼ੀਲਤਾ ਦੀ ਜਾਂਚ ਕੀਤੀ। ਇਸ ਤੋਂ ਇਲਾਵਾ ਹਸਪਤਾਲ ਵਿੱਚ ਜ਼ਰੂਰੀ ਦਵਾਈਆਂ ਦੀ ਉਪਲੱਬਧਤਾ, ਨਸ਼ਾ ਮੁਕਤੀ ਕੇਂਦਰ ਵਿਖੇ ਦਵਾਈਆਂ ਦੇ ਸਟਾਕ ਅਤੇ ਸਬੰਧਤ ਰਿਕਾਰਡ ਦੀ ਵੀ ਸਮੀਖਿਆ ਕੀਤੀ ਗਈ। ਉਨ੍ਹਾਂ ਵੱਲੋਂ ਫਾਇਰ ਸੇਫਟੀ, ਰੇਡੀਏਸ਼ਨ ਸੇਫਟੀ ਅਤੇ 108 ਐਂਬੂਲੈਂਸ ਸੇਵਾਵਾਂ ਦੇ ਪ੍ਰਬੰਧਾਂ ਦਾ ਵੀ ਵਿਸ਼ੇਸ਼ ਤੌਰ 'ਤੇ ਨਿਰੀਖਣ ਕੀਤਾ ਗਿਆ। ਹਸਪਤਾਲ ਵਿੱਚ ਮਰੀਜ਼ਾਂ ਲਈ ਬੈਠਣ ਦੇ ਪ੍ਰਬੰਧਾਂ, ਸਾਫ਼-ਸੁਥਰੇ ਵਾਤਾਵਰਨ ਅਤੇ ਲੋੜੀਂਦੀਆਂ ਸਿਹਤ ਸਹੂਲਤਾਂ ਦੀ ਉਪਲੱਬਧਤਾ ਦਾ ਵੀ ਜਾਇਜ਼ਾ ਲਿਆ ਗਿਆ।



ਪੰਜਾਬ ਨੈਸ਼ਨਲ ਬੈਂਕ ਨੇ ਸਿਖਲਾਈ ਪ੍ਰਾਪਤ ਕਰ ਚੁੱਕੀਆਂ ਔਰਤਾਂ ਨਾਲ ਸਮਾਗਮ ਕਰਵਾਇਆ

ਕਪੂਰਥਲਾ (ਮਨਜੀਤ ਮਾਨ)- ਪੰਜਾਬ ਨੈਸ਼ਨਲ ਬੈਂਕ ਰੂਰਲ ਸੈਲਫ਼ ਇੰਪਲਾਇਮੈਂਟ ਟ੍ਰੇਨਿੰਗ ਇੰਸਟੀਚਿਊਟ (ਆਰ ਸੇਟੀ), ਕਪੂਰਥਲਾ ਵੱਲੋਂ ਸਿਖਲਾਈ ਪ੍ਰਾਪਤ ਕਰ ਚੁੱਕੀਆਂ ਔਰਤਾਂ ਨਾਲ ਮਿਲਣੀ ਲਈ ਇੱਕ ਪ੍ਰਭਾਵਸ਼ਾਲੀ ਸਮਾਗਮ ਆਯੋਜਿਤ ਕੀਤਾ ਗਿਆ। ਇਹ ਸਮਾਗਮ ਆਰ ਸੇਟੀ ਦੀ ਡਾਇਰੈਕਟਰ ਮਿਸਿਜ਼ ਸੋਨੀਆ ਮੱਕੜ ਦੀ ਅਗਵਾਈ ਹੇਠ ਕਰਵਾਇਆ ਗਿਆ। ਇਸ ਸਮਾਗਮ ਵਿੱਚ ਡਿਪਟੀ ਸਰਕਲ ਹੈੱਡ ਸ੍ਰੀ ਅਨਿਲ ਛਾਰੀ ,ਜ਼ੋਨਲ ਦਫ਼ਤਰ ਤੋਂ ਵਿਜੀਲੈਂਸ ਅਫ਼ਸਰ ਯੁਵਰਾਜ ਅਨੰਦ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।



ਇਸ ਤੋਂ ਇਲਾਵਾ ਸਰਕਲ ਦਫ਼ਤਰ ਤੋਂ ਨੋਡਲ ਅਫ਼ਸਰ ਵਿਕੇਸ਼ ਕੁਮਾਰ ਵੀ ਸਮਾਗਮ ਵਿੱਚ ਸ਼ਾਮਲ ਹੋਏ। ਇਸ ਮੌਕੇ ਆਰ ਸੇਟੀ ਦੀ ਡਾਇਰੈਕਟਰ ਮਿਸਿਜ਼ ਸੋਨੀਆ ਮੱਕੜ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ।

ਸਮਾਗਮ ਦੌਰਾਨ ਸਿਖਲਾਈ ਪ੍ਰਾਪਤ ਕਰ ਚੁੱਕੀਆਂ ਔਰਤਾਂ ਨੇ ਆਪਣੇ ਤਜਰਬੇ ਸਾਂਝੇ ਕੀਤੇ ਅਤੇ ਦੱਸਿਆ ਕਿ ਆਰ ਸੇਟੀ ਵੱਲੋਂ ਦਿੱਤੀ ਗਈ ਮੁਫ਼ਤ ਸਿਖਲਾਈ ਨਾਲ ਉਨ੍ਹਾਂ ਨੂੰ ਆਪਣੇ ਪੈਰਾਂ 'ਤੇ ਖੜ੍ਹੇ ਹੋਣ ਅਤੇ ਸਵੈ-ਰੋਜ਼ਗਾਰ ਸ਼ੁਰੂ ਕਰਨ ਲਈ ਪ੍ਰੇਰਨਾ ਮਿਲੀ ਹੈ।

ਬੇਅੰਤ ਸਿੰਘ ਮਲੂਕਾ ਨੇ ਨਵੀਂ ਪੁਸਤਕ 'ਨਰੋਈ ਜ਼ਿੰਦਗੀ' ਕੀਤੀ ਭੇਟ

ਬਠਿੰਡਾ (ਰਾਜੀਵ ਗੋਇਲ)-ਜ਼ਿੰਦਗੀ ਨੂੰ ਸਿਹਤਮੰਦ, ਖੁਸ਼ਹਾਲ ਅਤੇ ਅਰਥਪੂਰਨ ਬਣਾਉਣ ਲਈ ਚੰਗੀ ਸੋਚ, ਸਦਾਚਾਰ, ਮਨੁੱਖੀ ਕਦਰਾਂ-ਕੀਮਤਾਂ ਅਤੇ ਆਪਸੀ ਸਾਂਝ ਦਾ ਬਹੁਤ ਮਹੱਤਵ



ਹੈ। ਇਹਨਾਂ ਗੱਲਾਂ 'ਤੇ ਅਧਾਰਿਤ ਜਿਲ੍ਹੇ ਦੇ ਪਿੰਡ ਮਲੂਕਾ ਵਿਖੇ ਬੱਚਿਆਂ ਨੂੰ ਬੜੇ ਹੀ ਆਧੁਨਿਕ ਤਰੀਕੇ ਨਾਲ ਵਿੱਦਿਆ ਪ੍ਰਦਾਨ ਕਰਨ ਵਾਲੇ ਸਟੇਟ ਪੱਧਰ 'ਤੇ ਅਵਾਰਡ ਹਾਸਿਲ ਕਰਨ ਵਾਲੇ ਅਧਿਆਪਕ ਅਤੇ ਲੇਖਕ ਬੇਅੰਤ ਸਿੰਘ ਮਲੂਕਾ ਵੱਲੋਂ ਆਪਣੀ ਇੱਕ ਪੁਸਤਕ 'ਨਰੋਈ ਜ਼ਿੰਦਗੀ' (ਬਾਲ-ਸਾਹਿਤ) ਪਾਠਕਾਂ ਤੱਕ ਪਹੁੰਚਾਉਣ ਦਾ ਉਪਰਾਲਾ ਕੀਤਾ ਗਿਆ ਹੈ। ਇਸ ਮੌਕੇ ਰਿਲੀਜ਼ ਕੀਤੀ ਗਈ ਇਸ ਪੁਸਤਕ ਨੂੰ ਬੇਅੰਤ ਸਿੰਘ ਵੱਲੋਂ ਬਠਿੰਡਾ ਇਲਾਕੇ ਦੇ ਮਸ਼ਹੂਰ (ਈ ਐਨ ਟੀ ਸਪੈਸ਼ਲਿਸਟ) ਡਾਕਟਰ ਦਲਜੀਤ ਸਿੰਘ ਢਿੱਲੋਂ ਨੂੰ ਭੇਟ ਕੀਤਾ ਗਿਆ। ਡਾ. ਦਲਜੀਤ ਸਿੰਘ ਢਿੱਲੋਂ ਵੱਲੋਂ ਪੁਸਤਕ ਸੰਬੰਧੀ ਮਲੂਕਾ ਨਾਲ ਕਾਫੀ ਚਰਚਾਵਾਂ ਕੀਤੀਆਂ ਗਈਆਂ। ਪੁਸਤਕ ਦਾ ਮੁੱਖ ਉਦੇਸ਼ ਬੱਚਿਆਂ ਅਤੇ ਨੌਜਵਾਨਾਂ ਨੂੰ ਅਜਿਹੀ ਜੀਵਨ-ਜਾਚ ਨਾਲ ਜੋੜਨਾ ਹੈ, ਜਿਸ ਵਿੱਚ ਚੰਗੀ ਸੋਚ, ਸਿਹਤਮੰਦ ਆਦਤਾਂ, ਨਿਮਰਤਾ, ਹਮਦਰਦੀ, ਸਹਿਯੋਗ ਅਤੇ ਮਨੁੱਖਤਾ ਨੂੰ ਵਿਸ਼ੇਸ਼ ਸਥਾਨ ਮਿਲੇ।


ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਪੀ ਐੱਚ ਡੀ ਓਰੀਐਂਟੇਸ਼ਨ ਪ੍ਰੋਗਰਾਮ



ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)-ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਖੋਜ ਅਤੇ ਉੱਚ ਸਿੱਖਿਆ ਨੂੰ ਉਤਸ਼ਾਹਿਤ ਕਰਨ ਦੀ ਦਿਸ਼ਾ ਵਿੱਚ ਇੱਕ ਹੋਰ ਮਹੱਤਵਪੂਰਨ ਪਹਿਲ ਕਰਦਿਆਂ ਜੁਲਾਈ 2026 ਬੈਚ ਦੇ ਪੀ ਐੱਚ.ਡੀ. ਖੋਜਾਰਥੀਆਂ ਲਈ ਓਰੀਐਂਟੇਸ਼ਨ ਪ੍ਰੋਗਰਾਮ ਕਰਵਾਇਆ ਗਿਆ। ਇਸ ਪ੍ਰੋਗਰਾਮ ਰਾਹੀਂ ਨਵੇਂ ਦਾਖ਼ਲ ਹੋਏ ਖੋਜਾਰਥੀਆਂ ਨੂੰ ਡਾਕਟਰੇਟ ਅਧਿਐਨ ਦੀਆਂ ਪ੍ਰਕਿਰਿਆਵਾਂ, ਅਕਾਦਮਿਕ ਨਿਯਮਾਂ, ਖੋਜ ਸਬੰਧੀ ਲੋੜਾਂ ਅਤੇ ਯੂਨੀਵਰਸਿਟੀ ਦੀ ਕਾਰਜਪ੍ਰਣਾਲੀ ਬਾਰੇ ਵਿਸਥਾਰਪੂਰਵਕ ਜਾਣਕਾਰੀ ਪ੍ਰਦਾਨ ਕੀਤੀ ਗਈ।ਇਸ ਮੌਕੇ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਅਤੇ ਵਾਈਸ ਚਾਂਸਲਰ ਪ੍ਰੋ. (ਡਾ.) ਹਰਸ਼ ਸਦਾਵਰਤੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਇਸ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਡਾਇਰੈਕਟਰਾਂ, ਵਿਭਾਗ ਮੁਖੀਆਂ ਅਤੇ ਪ੍ਰਿੰਸੀਪਲਾਂ ਨੇ ਵੀ ਸ਼ਿਰਕਤ ਕੀਤੀ।ਪ੍ਰੋਗਰਾਮ ਦੀ ਸ਼ੁਰੂਆਤ ਡਾ. ਗੁਰਦੀਪ ਸਿੰਘ ਬੱਤਰਾ, ਪ੍ਰੋ-ਵਾਈਸ ਚਾਂਸਲਰ, ਵੱਲੋਂ ਸਵਾਗਤੀ ਭਾਸ਼ਣ ਨਾਲ ਹੋਈ। ਇਸ ਉਪਰੰਤ ਪ੍ਰੋ. (ਡਾ.) ਹਰਸ਼ ਸਦਾਵਰਤੀ, ਵਾਈਸ ਚਾਂਸਲਰ ਨੇ ਉਦਘਾਟਨੀ ਭਾਸ਼ਣ ਦਿੰਦਿਆਂ ਡਾਕਟਰੇਟ ਅਧਿਐਨ ਵਿੱਚ ਖੋਜ, ਅਕਾਦਮਿਕ ਅਨੁਸ਼ਾਸਨ ਅਤੇ ਸਮਰਪਣ ਦੀ ਮਹੱਤਤਾ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।ਇਸ ਮੌਕੇ ਡਾ. ਅਜੈ ਬੱਤਾ, ਡੀਨ ਨੇ ਪੀਐੱਚ.ਡੀ. ਦੀ ਸਮੁੱਚੀ ਖੋਜ ਪ੍ਰਕਿਰਿਆ ਬਾਰੇ ਜਾਣਕਾਰੀ ਦਿੱਤੀ ਅਤੇ ਖੋਜ ਦੇ ਵੱਖ-ਵੱਖ ਪੜਾਵਾਂ ਤੇ ਅਕਾਦਮਿਕ ਉਪਲਬਧੀਆਂ ਬਾਰੇ ਚਾਨਣਾ ਪਾਇਆ। ਇਸ ਤੋਂ ਬਾਅਦ ਪ੍ਰਿੰਸ, ਕੋਆਰਡੀਨੇਟਰ ਵੱਲੋਂ ਯੂਨੀਵਰਸਿਟੀ ਦੇ ਡਿਜੀਟਲ ਅਕਾਦਮਿਕ ਅਤੇ ਪ੍ਰਸ਼ਾਸਕੀ ਸਿਸਟਮ ਬਾਰੇ ਖੋਜਾਰਥੀਆਂ ਨੂੰ ਜਾਣੂ ਕਰਵਾਇਆ ਗਿਆ।ਇਸ ਦੌਰਾਨ ਖੋਜਾਰਥੀਆਂ ਨੂੰ ਪੀ ਐੱਚ.ਡੀ. ਨਿਯਮਾਂ, ਡਾਕਟਰੇਟ ਪ੍ਰਕਿਰਿਆ ਦੇ ਵੱਖ-ਵੱਖ ਪੜਾਵਾਂ, ਖੋਜ ਸਬੰਧੀ ਲੋੜਾਂ, ਪ੍ਰੀਖਿਆ ਅਤੇ ਮੁਲਾਂਕਣ ਪ੍ਰਣਾਲੀ ਦੇ ਨਾਲ-ਨਾਲ ਜ਼ਰੂਰੀ ਪ੍ਰਸ਼ਾਸਕੀ ਪ੍ਰਕਿਰਿਆਵਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ।

ਤੀਰਅੰਦਾਜ਼ਾਂ ਦਾ ਪੰਜਾਬੀ ਯੂਨੀਵਰਸਿਟੀ ਪਹੁੰਚਣ 'ਤੇ ਨਿੱਘਾ ਸਵਾਗਤ

ਰਾਜਪੁਰਾ (ਰਮੇਸ਼ ਕਟਾਰੀਆ)-ਪੰਜਵੀਆਂ ਏਸ਼ੀਅਨ ਖੇਡਾਂ ਜਪਾਨ-2026 ਵਿੱਚ ਤੀਰਅੰਦਾਜ਼ੀ ਦੇ ਮੁਕਾਬਲਿਆਂ ਵਿੱਚ ਤਗਮੇ ਜਿੱਤ ਕੇ ਦੇਸ਼ ਦਾ ਮਾਣ ਵਧਾਉਣ ਵਾਲੇ



ਖਿਡਾਰੀਆਂ ਦਾ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਵਿਧਾਇਕ ਗੁਰਲਾਲ ਘਨੌਰ ਅਤੇ ਪੰਜਾਬੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਵੱਲੋਂ ਖਿਡਾਰੀਆਂ ਦਾ ਸਨਮਾਨ ਕੀਤਾ ਗਿਆ ਅਤੇ ਉਨ੍ਹਾਂ ਦੀਆਂ ਪ੍ਰਾਪਤੀਆਂ ਦੀ ਸ਼ਲਾਘਾ ਕੀਤੀ ਗਈ।ਖਿਡਾਰੀਆਂ ਦੀ ਇਸ ਸ਼ਾਨਦਾਰ ਪ੍ਰਾਪਤੀ ਨੂੰ ਦੇਸ਼ ਅਤੇ ਪੰਜਾਬ ਲਈ ਮਾਣ ਵਾਲੀ ਗੱਲ ਦੱਸਦਿਆਂ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਅਜਿਹੀਆਂ ਪ੍ਰਾਪਤੀਆਂ ਲਈ ਸ਼ੁੱਭਕਾਮਨਾਵਾਂ ਦਿੱਤੀਆਂ ਗਈਆਂ।

ਨਿਹਾਲ ਸਿੰਘ ਵਾਲਾ ਦੇ ਬਾਜ਼ਾਰਾਂ 'ਚ ਟ੍ਰੈਫਿਕ ਦੀ ਸਮੱਸਿਆ ਬਰਕਰਾਰ, ਲੋਕ ਪ੍ਰੇਸ਼ਾਨ

ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)-ਨਿਹਾਲ ਸਿੰਘ ਵਾਲਾ ਦੇ ਬਾਜ਼ਾਰਾਂ ਵਿੱਚ ਤਿਉਹਾਰਾਂ ਦੇ ਦਿਨਾਂ ਦੌਰਾਨ ਟ੍ਰੈਫਿਕ ਦੀ ਸਮੱਸਿਆ ਗੰਭੀਰ ਰੂਪ ਧਾਰਨ ਕਰ ਲੈਂਦੀ ਹੈ, ਜਿਸ ਕਾਰਨ ਆਮ ਲੋਕਾਂ ਅਤੇ ਰਾਹਗੀਰਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇੱਕ ਪਾਸੇ ਪ੍ਰਸ਼ਾਸਨ ਵੱਲੋਂ ਟ੍ਰੈਫਿਕ ਸਮੱਸਿਆ ਦੇ ਹੱਲ ਲਈ ਵੱਡੇ-ਵੱਡੇ ਦਾਅਵੇ ਕੀਤੇ ਜਾਂਦੇ ਹਨ, ਉੱਥੇ ਹੀ ਦੂਜੇ ਪਾਸੇ ਕੁਝ ਦੁਕਾਨਦਾਰਾਂ ਵੱਲੋਂ ਕਰਾਸ ਲਾਈਨ ਤੋਂ ਅੱਗੇ ਆਪਣਾ ਸਮਾਨ ਰੱਖ ਕੇ ਸਰਕਾਰ ਅਤੇ ਪ੍ਰਸ਼ਾਸਨ ਦੇ ਹੁਕਮਾਂ ਦੀ ਉਲੰਘਣਾ ਕੀਤੀ ਜਾ ਰਹੀ ਹੈ।ਬਾਜ਼ਾਰਾਂ ਵਿੱਚ ਦੁਕਾਨਾਂ ਦੇ ਬਾਹਰ ਰੱਖੇ ਸਮਾਨ ਕਾਰਨ ਸੜਕਾਂ ਦੀ ਜਗ੍ਹਾ ਘਟ ਜਾਂਦੀ ਹੈ, ਜਿਸ ਨਾਲ ਵਾਹਨਾਂ ਦੀ ਆਵਾਜਾਈ ਪ੍ਰਭਾਵਿਤ ਹੁੰਦੀ ਹੈ ਅਤੇ ਅਕਸਰ ਜਾਮ ਵਰਗੀ ਸਥਿਤੀ ਬਣ ਜਾਂਦੀ ਹੈ। ਖਾਸ ਕਰਕੇ ਤਿਉਹਾਰਾਂ ਦੇ ਦਿਨਾਂ ਵਿੱਚ ਖਰੀਦਦਾਰੀ ਕਰਨ ਆਉਣ ਵਾਲੇ ਲੋਕਾਂ ਨੂੰ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਇਸ ਸਬੰਧੀ ਜਦੋਂ ਨਿਹਾਲ ਸਿੰਘ ਵਾਲਾ ਦੇ ਈ.ਓ. ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਕਿਹਾ ਕਿ ਜਿਨ੍ਹਾਂ ਦੁਕਾਨਦਾਰਾਂ ਵੱਲੋਂ ਕਰਾਸ ਲਾਈਨ ਤੋਂ ਅੱਗੇ ਸਮਾਨ ਰੱਖਿਆ ਗਿਆ ਹੈ, ਉਨ੍ਹਾਂ ਨੂੰ ਆਪਣਾ ਸਮਾਨ ਜਲਦੀ ਚੁੱਕਣ ਲਈ ਕਿਹਾ ਜਾਵੇਗਾ।ਹੁਣ ਦੇਖਣਾ ਇਹ ਹੋਵੇਗਾ ਕਿ ਪ੍ਰਸ਼ਾਸਨ ਵੱਲੋਂ ਇਸ ਮਾਮਲੇ ਵਿੱਚ ਕਦੋਂ ਕਾਰਵਾਈ ਕੀਤੀ ਜਾਂਦੀ ਹੈ ਅਤੇ ਨਿਹਾਲ ਸਿੰਘ ਵਾਲਾ ਦੇ ਬਾਜ਼ਾਰਾਂ ਨੂੰ ਟ੍ਰੈਫਿਕ ਦੀ ਸਮੱਸਿਆ ਤੋਂ ਕਦੋਂ ਨਿਜਾਤ ਮਿਲਦੀ ਹੈ।


ਕੈਬਨਿਟ ਮੰਤਰੀ ਸੌਂਦ ਨੇ ਖੇਡ ਮੈਦਾਨ ਸਮੇਤ ਕਈ ਪ੍ਰੋਜੈਕਟ ਲੋਕਾਂ ਨੂੰ ਕੀਤੇ ਸਮਰਪਤ, ਕਈਆਂ ਦੇ ਰੱਖੇ ਨੀਂਹ ਪੱਥਰ

ਅਬੋਹਰ (ਨਿਸ਼ਾ ਸ਼ਰਮਾ)-ਪੰਜਾਬ ਸਰਕਾਰ ਦੇ ਖੇਡਾਂ ਤੇ ਯੁਵਕ ਸੇਵਾਵਾਂ ਵਿਭਾਗ ਅਤੇ ਪੇਂਡੂ ਵਿਕਾਸ ਤੇ ਪੰਚਾਇਤਾਂ ਵਿਭਾਗ ਪੰਜਾਬ ਵੱਲੋਂ ਮਾਣਯੋਗ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਸੂਬੇ ਵਿੱਚ ਉਸਾਰੇ ਜਾ ਰਹੇ 3100 ਪੇਂਡੂ ਖੇਡ ਮੈਦਾਨਾਂ ਦੇ ਤੀਸਰੇ ਚਰਨ



ਅਧੀਨ ਪਿੰਡ ਕਿੱਲਿਆਂ ਵਾਲੀ, ਬਲਾਕ ਖੁਈਆਂ ਸਰਵਰ ਵਿਖੇ ਬਣੇ ਖੇਡ ਮੈਦਾਨ ਦਾ ਕੈਬਨਿਟ ਮੰਤਰੀ ਪੇਂਡੂ ਵਿਕਾਸ ਤੇ ਪੰਚਾਇਤਾਂ ਵਿਭਾਗ ਸ. ਤਰੁਨਪ੍ਰੀਤ ਸਿੰਘ ਸੌਂਦ ਵੱਲੋਂ ਉਦਘਾਟਨ ਕੀਤਾ ਗਿਆ।ਇਸ ਮੌਕੇ ਉਨ੍ਹਾਂ ਵੱਲੋਂ ਪਿੰਡ ਵਿੱਚ ਵਿਕਾਸ ਕਾਰਜਾਂ ਨੂੰ ਹੋਰ ਗਤੀ ਦਿੰਦਿਆਂ ਗਊਸ਼ਾਲਾ ਦੇ ਸ਼ੈੱਡ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਦੇ ਨਾਲ ਹੀ ਬਲਾਕ ਖੁਈਆਂ ਸਰਵਰ ਵਿਖੇ ਨਵੇਂ ਬਣੇ ਪੰਚਾਇਤ ਘਰ, ਸਰਕਾਰੀ ਪ੍ਰਾਇਮਰੀ ਸਕੂਲ ਦੇ ਕਮਰਿਆਂ, ਚਾਰਦੀਵਾਰੀ ਅਤੇ ਕਿਚਨ ਸ਼ੈੱਡ ਅਤੇ ਕਮਿਊਨਿਟੀ ਸੈਂਟਰ ਕਮ ਮੈਰਿਜ ਪੈਲੇਸ ਦਾ ਉਦਘਾਟਨ ਕੀਤਾ ਗਿਆ। ਉਨ੍ਹਾਂ ਵੱਲੋਂ ਅਪਗ੍ਰੇਡ ਕੀਤੇ ਸਰਕਾਰੀ ਹਾਈ ਸਕੂਲ ਦੀ ਸ਼ੁਰੂਆਤ ਵੀ ਕੀਤੀ ਗਈ। ਇਸ ਤੋਂ ਇਲਾਵਾ ਪਿੰਡ ਵਿੱਚ ਗੰਦੇ ਪਾਣੀ ਦੀ ਨਿਕਾਸੀ ਲਈ ਪਾਈਪ ਲਾਈਨ ਅਤੇ ਇੰਟਰਲਾਕ ਗਲੀਆਂ-ਨਾਲੀਆਂ ਦੇ ਨਿਰਮਾਣ ਕਾਰਜਾਂ ਦੇ ਨੀਂਹ ਪੱਥਰ ਵੀ ਰੱਖੇ ਗਏ। ।ਇਸ ਉਦਘਾਟਨ ਸਮਾਰੋਹ ਵਿੱਚ ਹਲਕਾ ਇੰਚਾਰਜ ਅਬੋਹਰ ਡਾ. ਸੁਹਾਨੀ ਡੋਡਾ ਅਤੇ ਚੇਅਰਮੈਨ ਜ਼ਿਲ੍ਹਾ ਪਲਾਨਿੰਗ ਬੋਰਡ ਸ. ਉਪਕਾਰ ਸਿੰਘ ਜਾਖੜ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।ਇਸ ਮੌਕੇ ਡਾ. ਸੁਹਾਨੀ ਡੋਡਾ ਨੇ ਕਿਹਾ ਕਿ ਪਿੰਡ ਵਿੱਚ ਖੇਡ ਮੈਦਾਨ ਦੀ ਉਸਾਰੀ ਨਾਲ ਖੇਡ ਗਤੀਵਿਧੀਆਂ ਨੂੰ ਵੱਡਾ ਹੁਲਾਰਾ ਮਿਲੇਗਾ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਸਿਹਤਮੰਦ ਜੀਵਨ ਜਿਊਣ ਲਈ ਪ੍ਰੇਰਨਾ ਮਿਲੇਗੀ। ਇਸ ਨਾਲ ਜਿੱਥੇ ਨੌਜਵਾਨ ਪੀੜ੍ਹੀ ਨਸ਼ਿਆਂ ਤੋਂ ਦੂਰ ਰਹੇਗੀ, ਉੱਥੇ ਹੀ ਇਲਾਕਾ ਵਾਸੀਆਂ ਨੂੰ ਸਵੇਰੇ ਅਤੇ ਸ਼ਾਮ ਦੀ ਸੈਰ ਲਈ ਵੀ ਇੱਕ ਢੁੱਕਵੀਂ ਥਾਂ ਉਪਲਬਧ ਹੋਵੇਗੀ।ਇਸ ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਪਿੰਡ ਵਾਸੀ, ਇਲਾਕੇ ਦੇ ਪਤਵੰਤੇ ਸੱਜਣ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਮੌਜੂਦ ਸਨ।

ਇੰਦਰਜੀਤ ਸਿੰਘ ਸੰਧੂ ਦੀ ਲੋਕ ਸੰਪਰਕ ਮੁਹਿੰਮ ਨੂੰ ਮਿਲਿਆ ਭਰਵਾਂ ਹੁੰਗਾਰਾ



ਪਟਿਆਲਾ (ਰਜਿੰਦਰ ਸਿੰਘ ਥਿੰਦ)-ਮਿਸ਼ਨ 2027 ਦੇ ਤਹਿਤ ਹਲਕਾ ਸਨੌਰ ਦੇ ਆਪ ਆਗੂ ਇੰਦਰਜੀਤ ਸਿੰਘ ਸੰਧੂ ਵੱਲੋਂ ਪਿੰਡਾਂ ਅਤੇ ਕਸਬਿਆਂ ਅੰਦਰ ਮੀਟਿੰਗਾਂ ਦਾ ਸਿਲਸਿਲਾ ਜਾਰੀ ਹੈ ਅਤੇ ਸੰਧੂ ਵੱਲੋਂ ਚਲਾਈ ਜਾ ਰਹੀ ਲੋਕ ਸੰਪਰਕ ਮੁਹਿੰਮ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਹਲਕਾ ਸਨੌਰ ਦੇ ਪਿੰਡ ਡਡੋਆ 'ਚ ਪੁੱਜਣ 'ਤੇ ਲੋਕਾਂ ਨੇ ਭਾਰੀ ਇਕੱਠ ਦੇ ਰੂਪ ਚ ਸੰਧੂ ਦਾ ਸਵਾਗਤ ਕੀਤਾ । ਡਡੋਆ ਦੇ ਰਾਮਪਾਲ ਸਿੰਘ ਅਤੇ ਹਰਦੀਪ ਸਿੰਘ ਦੀ ਅਗਵਾਈ 'ਚ ਇਕੱਤਰ ਲੋਕਾਂ ਨੇ ਇੱਕਮੱਤ ਹੋ ਕੇ ਵਿਸ਼ਵਾਸ ਦਿਵਾਇਆ ਕਿ ਅਗਰ ਆਮ ਆਦਮੀ ਪਾਰਟੀ ਵੱਲੋਂ 2027 ਦੀਆਂਵਿਧਾਨ ਸਭਾ ਚੋਣਾਂ ਲਈ ਮੌਕਾ ਮਿਲਦਾ ਹੈ ਤਾਂ ਉਹ ਭਾਰੀ ਮੱਤ ਨਾਲ ਜਿਤਾਉਣਗੇ । ਇਸ ਮੌਕੇ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਪੰਜਾਬ ਸਟੇਟ ਕੰਟੇਨਰ ਤੇ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਉੱਪ ਚੇਅਰਮੈਨ ਇੰਦਰਜੀਤ ਸਿੰਘ ਸੰਧੂ ਨੇ ਆਖਿਆ ਕਿ ਉਹਨਾਂ ਦਾ ਸੁਪਨਾ ਹਲਕਾ ਸਨੌਰ ਨੂੰ ਵਿਕਾਸ ਪੱਖੋਂ ਨੰਬਰ ਇੱਕ ਹਲਕਾ ਬਣਾਉਣਾ ਹੈ। ਉਹਨਾਂ ਆਖਿਆ ਕਿ ਬਲਬੇੜਾ ਤੋਂ ਦੇਵੀਗੜ੍ਹ ਤੱਕ ਕੋਈ ਆਪਸੀ ਸੜਕੀ ਸੰਪਰਕ ਨਹੀਂ ਹੈ ਅਤੇ ਨਾ ਹੀ ਕੋਈ ਕਾਲਜ ਹੈ । ਉਹਨਾ ਆਖਿਆ ਕਿ ਅਗਰ ਉਹਨਾਂ ਨੂੰ ਭਵਿੱਖ ਵਿੱਚ ਹਲਕੇ ਦੀ ਨੁਮਾਇੰਦਗੀ ਕਰਨ ਦਾ ਮੌਕਾ ਮਿਲਿਆ ਤਾਂ ਇਹ ਦੋਵੇਂ ਕਾਰਜ ਪਹਿਲ ਦੇ ਆਧਾਰ ਤੇ ਕਰਨਗੇ । ਇਸ ਮੌਕੇ ਬਖਸ਼ੀਸ਼ ਸਿੰਘ ਸਲੇਮਪੁਰ, ਹਰਬੰਸ ਸਿੰਘ ਫੌਜੀ, ਬਾਜ ਸਿੰਘ, ਮਨਜੀਤ ਸਿੰਘ ਸੰਧੂ, ਗੁਰਮੀਤ ਸਿੰਘ ਨਾਨਕਸਰ, ਤੇਜਿੰਦਰਪਾਲ ਸਿੰਘ ਕੁੱਕੂ, ਸੋਨੂੰ ਸਲੇਮਪੁਰ, ਗੁਰਚਰਨ ਸਿੰਘ, ਕਰਮਜੀਤ ਸਿੰਘ, ਸੈਂਟੀ ਸਿੰਘ, ਤਰਸੇਮ ਸਿੰਘ ਪੰਚ , ਲਖਵੀਰ ਸਿੰਘ ਪੰਚ, ਜਸ਼ਨਜੋਤ ਸਿੰਘ, ਕਰਨਵੀਰ ਸਿੰਘ, ਜਸ਼ਨਪ੍ਰੀਤ ਸਿੰਘ, ਸਿਮਰਨਜੋਤ ਸਿੰਘ, ਮਨਪ੍ਰੀਤ ਸਿੰਘ, ਦਿਲਜੋਤ ਸਿੰਘ, ਮਨਵੀਰ ਸਿੰਘ, ਹਰਜਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਪਿੰਡ ਵਾਸੀ ਹਾਜ਼ਰ ਸਨ ।

ਪੀ ਐੱਮ ਸ੍ਰੀ ਸਰਕਾਰੀ ਕੰਨਿਆ ਸੈਕੰਡਰੀ ਸਕੂਲ ਵਿਖੇ ਮਾਡਲ, ਪ੍ਰੋਜੈਕਟ ਤੇ ਗਤੀਵਿਧੀ ਮੇਲਾ-2026 ਕਰਵਾਇਆ

ਬੋਹਾ (ਨਿਰੰਜਣ ਬੋਹਾ)-ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਮਾਨਸਾ ਨੀਲਮ ਰਾਣੀ ਦੀ ਅਗਵਾਈ ਹੇਠ ਪੀ.ਐੱਮ. ਸ੍ਰੀ ਸਰਕਾਰੀ ਕੰਨਿਆ ਸੈਕੰਡਰੀ ਸਕੂਲ ਬੋਹਾ ਵਿਖੇ ਮਾਡਲ, ਪ੍ਰੋਜੈਕਟ ਅਤੇ ਗਤੀਵਿਧੀ ਮੇਲਾ-2026 ਬੜੇ ਉਤਸ਼ਾਹ ਅਤੇ ਉਤਸ਼ਾਹਪੂਰਨ ਮਾਹੌਲ ਵਿੱਚ ਕਰਵਾਇਆ ਗਿਆ। ਇਸ ਮੇਲੇ ਵਿੱਚ ਵੱਖ-ਵੱਖ 14 ਸਕੂਲਾਂ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਭਾਗ ਲਿਆ। ਮੇਲੇ ਦੌਰਾਨ ਵਿਦਿਆਰਥੀਆਂ ਵੱਲੋਂ ਤਿਆਰ ਕੀਤੇ ਮਾਡਲਾਂ, ਪ੍ਰੋਜੈਕਟਾਂ ਅਤੇ ਵੱਖ-ਵੱਖ ਗਤੀਵਿਧੀਆਂ ਰਾਹੀਂ ਆਪਣੀ ਸਿਰਜਣਾਤਮਕਤਾ, ਵਿਗਿਆਨਕ ਸੋਚ ਅਤੇ ਵਿਹਾਰਕ ਯੋਗਤਾਵਾਂ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ ਗਿਆ।ਇਸ ਮੇਲੇ ਵਿੱਚ ਡਾ. ਬੂਟਾ ਸਿੰਘ ਸੇਖੋਂ, ਪ੍ਰਿੰਸੀਪਲ ਡਾਇਟ ਅਤੇ ਸਹਾਇਕ ਡਾਇਰੈਕਟਰ ਐੱਸ.ਸੀ.ਈ.ਆਰ.ਟੀ. ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਦੇ ਨਾਲ ਜ਼ਿਲ੍ਹਾ ਸਰੋਤ ਕੋਆਰਡੀਨੇਟਰ ਨਵਨੀਤ ਕੱਕੜ, ਨੋਡਲ ਪੀ.ਐੱਮ. ਸ੍ਰੀ ਸਕੂਲ ਹਰਜਿੰਦਰ ਸਿੰਘ, ਗੁਰਜੰਟ ਸਿੰਘ ਮੁੱਖ ਅਧਿਆਪਕ ਸਰਕਾਰੀ ਹਾਈ ਸਕੂਲ ਮਘਾਣੀਆਂ, ਮਨਦੀਪ ਸਿੰਘ ਮੁੱਖ



ਅਧਿਆਪਕ ਸਰਕਾਰੀ ਹਾਈ ਸਕੂਲ ਕੁਲਾਣਾ ਅਤੇ ਹਰਫੂਲ ਸਿੰਘ ਕੇਂਦਰ ਮੁੱਖ ਟੀਚਰ ਸਰਕਾਰੀ ਪ੍ਰਾਇਮਰੀ ਸਕੂਲ ਬੋਹਾ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਛੇਵੀਂ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਵੱਲੋ ਮੁਕਾਬਲੇ ਵਿਚ ਭਾਗ ਲੈਂਦਿਆ ਅਸਲ ਜੀਵਨ ਵਿੱਚ ਵਰਤੋਂ ਵਿਸ਼ੇ ਵਿਚ ਸਰਕਾਰੀ ਸੈਕੰਡਰੀ ਸਕੂਲ ਰਿਉਂਦ ਕਲਾਂ ਨੇ ਪਹਿਲਾ, ਸਰਕਾਰੀ ਹਾਈ ਸਕੂਲ ਕੁਲਾਣਾ ਨੇ ਦੂਜਾ ਅਤੇ ਪੀ.ਐੱਮ. ਸ੍ਰੀ ਸਰਕਾਰੀ ਕੰਨਿਆ ਸੈਕੰਡਰੀ ਸਕੂਲ ਬੋਹਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਕਲਾ ਰਾਹੀਂ ਏਕੀਕ੍ਰਿਤ ਸਿੱਖਿਆ ਮੁਕਾਬਲੇ ਵਿੱਚ ਸਰਕਾਰੀ ਮਿਡਲ ਸਕੂਲ ਰਾਮਨਗਰ ਭੱਠਲ ਨੇ ਪਹਿਲਾ, ਸਰਕਾਰੀ ਸੈਕੰਡਰੀ ਸਕੂਲ ਰਿਉਂਦ ਕਲਾਂ ਨੇ ਦੂਜਾ ਅਤੇ ਸਰਕਾਰੀ ਹਾਈ ਸਕੂਲ ਕੁਲਾਣਾ ਨੇ ਤੀਜਾ ਸਥਾਨ ਹਾਸਲ ਕੀਤਾ। ਭਾਰਤੀ ਜੀਵਨ-ਮੁੱਲ ਅਤੇ ਵਿਰਾਸਤ ਵਿਸ਼ੇ ਵਿੱਚ ਸਰਕਾਰੀ ਸੈਕੰਡਰੀ ਸਕੂਲ ਗੰਢੂ ਕਲਾਂ ਨੇ ਪਹਿਲਾ, ਪੀ.ਐੱਮ. ਸ੍ਰੀ ਸਰਕਾਰੀ ਕੰਨਿਆ ਸੈਕੰਡਰੀ ਸਕੂਲ ਬੋਹਾ ਨੇ ਦੂਜਾ ਅਤੇ ਸਰਕਾਰੀ ਮਿਡਲ ਸਕੂਲ ਉੱਡਤ ਸੈਦੇਵਾਲਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਨੌਵੀ ਤੋਂ ਬਾਰ੍ਹਵੀਂ ਜਮਾਤ ਦੇ ਮੁਕਾਬਲਿਆਂ ਵਿਚ ਪਹਿਲੇ ਮੁਕਬਲੇ ਵਿਚ ਵਿੱਚ ਪੀ.ਐੱਮ. ਸ੍ਰੀ ਸਰਕਾਰੀ ਕੰਨਿਆ ਸੈਕੰਡਰੀ ਸਕੂਲ ਬੋਹਾ ਨੇ ਪਹਿਲਾ, ਸਰਕਾਰੀ ਹਾਈ ਸਕੂਲ ਕੁਲਾਣਾ ਨੇ ਦੂਜਾ ਅਤੇ ਸਰਕਾਰੀ ਸੈਕੰਡਰੀ ਸਕੂਲ ਸੈਦੇਵਾਲਾ ਨੇ ਤੀਜਾ ਸਥਾਨ ਹਾਸਲ ਕੀਤਾ।ਕਲਾ ਰਾਹੀਂ ਏਕੀਕ੍ਰਿਤ ਸਿੱਖਿਆ ਵਿਸ਼ੇ ਦੇ ਮੁਕਾਬਲੇ ਵਿੱਚ ਸਰਕਾਰੀ ਸੈਕੰਡਰੀ ਸਕੂਲ ਗੰਢੂ ਕਲਾਂ ਨੇ ਪਹਿਲਾ, ਸਕੂਲ ਆਫ਼ ਐਮੀਨੈਂਸ ਬੋਹਾ ਨੇ ਦੂਜਾ ਅਤੇ ਸਰਕਾਰੀ ਹਾਈ ਸਕੂਲ ਕੁਲਾਣਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਭਾਰਤੀ ਜੀਵਨ-ਮੁੱਲ ਅਤੇ ਵਿਰਾਸਤ ਵਿਸ਼ੇ ਵਿੱਚ ਪੀ.ਐੱਮ. ਸ੍ਰੀ ਸਰਕਾਰੀ ਕੰਨਿਆ ਸੈਕੰਡਰੀ ਸਕੂਲ ਬੋਹਾ ਨੇ ਪਹਿਲਾ, ਸਰਕਾਰੀ ਸੈਕੰਡਰੀ ਸਕੂਲ ਰਿਉਂਦ ਕਲਾਂ ਨੇ ਦੂਜਾ ਅਤੇ ਸਰਕਾਰੀ ਹਾਈ ਸਕੂਲ ਕੁਲਾਣਾ ਨੇ ਤੀਜਾ ਸਥਾਨ ਹਾਸਲ ਕੀਤਾ।ਮੰਚ ਸੰਚਾਲਨ ਦੀ ਜ਼ਿੰਮੇਵਾਰੀ ਕੁਲਦੀਪ ਸਿੰਘ ਹਿੰਦੀ ਅਧਿਆਪਕ ਨੇ ਬਾਖੂਬੀ ਨਿਭਾਈ।

ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਵੱਲੋਂ ਜ਼ਿਲ੍ਹਾ ਪੱਧਰੀ ਰੋਸ ਪ੍ਰਦਰਸ਼ਨ, ਸਰਕਾਰ ਦੀ ਫੂਕੀ ਅਰਥੀ

ਮਾਨਸਾ (ਆਤਮਾ ਸਿੰਘ ਪਮਾਰ)-ਪੰਜਾਬ ਸਟੇਟ ਮਿਨਿਸਟੀਰੀਅਲ ਸਰਵਿਸ ਯੂਨੀਅਨ ਦੇ ਸੂਬਾਈ ਸੱਦੇ 'ਤੇ ਜ਼ਿਲ੍ਹਾ ਮਾਨਸਾ ਵਿਖੇ ਮੁਲਾਜ਼ਮਾਂ ਵੱਲੋਂ ਪੰਜਾਬ ਸਰਕਾਰ ਦੀਆਂ ਵਾਅਦਾ ਖ਼ਿਲਾਫ਼ੀਆਂ ਅਤੇ ਲਮਕਦੀਆਂ ਮੰਗਾਂ ਦੇ ਵਿਰੋਧ 'ਚ ਜ਼ਿਲ੍ਹਾ ਪੱਧਰੀ ਰੋਸ ਪ੍ਰਦਰਸ਼ਨ ਕਰਕੇ ਅਰਥੀ ਵੀ ਫੂਕੀ। ਇਸ ਦੌਰਾਨ ਵੱਡੀ ਗਿਣਤੀ ਵਿੱਚ ਇੱਕਠੇ ਹੋਏ ਦਫ਼ਤਰੀ ਮੁਲਾਜ਼ਮਾਂ



ਨੇ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ ਤੇ ਸਰਕਾਰ ਦਾ ਪਿਟ ਸਿਆਪਾ ਕੀਤਾ। ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਪ੍ਰਤਾਪ ਸਿੰਘ ਖੁਡਾਲ, ਡਿਪਟੀ ਕਮਿਸ਼ਨਰ ਦਫ਼ਤਰ ਮਾਨਸਾ ਦੇ ਪ੍ਰਧਾਨ ਅਤੇ ਸਟੇਟ ਕਾਨੂੰਨੀ ਸਲਾਹਕਾਰ ਹਰਪ੍ਰੀਤ ਸਿੰਘ ਅਤੇ ਸਿਹਤ ਵਿਭਾਗ ਦੇ ਪ੍ਰਧਾਨ ਸੰਦੀਪ ਸਿੰਘ ਵਾਲੀਆ ਨੇ ਸੰਬੋਧਨ ਕਰਦਿਆਂ ਸਾਂਝੇ ਤੌਰ 'ਤੇ ਕਿਹਾ ਕਿ ਪੰਜਾਬ ਦਾ ਮੁਲਾਜ਼ਮ ਤੇ ਪੈਨਸ਼ਨਰ ਵਰਗ ਇਸ ਸਰਕਾਰ ਤੋਂ ਪੂਰੀ ਤਰ੍ਹਾ ਖ਼ਫ਼ਾ ਹੈ, ਕਿਉਂਕਿ ਸਰਕਾਰ ਨੇ ਮੁਲਾਜ਼ਮਾਂ ਨੂੰ ਸੱਤਾ 'ਚ ਆਉਣ ਤੋਂ ਪਹਿਲਾਂ ਜੋ ਗਰੰਟੀਆਂ ਦਿੱਤੀਆਂ ਸਨ ਉਹਨਾਂ ਤੋਂ ਹੁਣ ਮੁੱਕਰ ਗਈ ਹੈ । ਪੈਨਸ਼ਨ ਯੂਨੀਅਨ ਦੇ ਆਗੂਆਂ ਸਿਕੰਦਰ ਸਿੰਘ ਘਰਾਣਾ, ਆਤਮਾ ਸਿੰਘ ਪਮਾਰ, ਕੁਲਵਿੰਦਰ ਸਿੰਘ ਇੰਡਸਟਰੀ ਡਿਪਾਰਟਮੈਂਟ ਗੁਰਦਰਸ਼ਨ ਸਿੰਘ ਅਤੇ ਦਰਸ਼ਨ ਸਿੰਘ ਨੰਗਲਕਲਾਂ ਨੇ ਸੰਬੋਧਨ ਦੌਰਾਨ ਕਿਹਾ ਕਿ ਨਵੀਂ ਪੈਨਸ਼ਨ ਸਕੀਮ ਨੂੰ ਰੱਦ ਕਰਕੇ ਸਮੂਹ ਕਰਮਚਾਰੀਆਂ ਲਈ ਪੁਰਾਣੀ ਪੈਨਸ਼ਨ ਮੁੜ ਬਹਾਲ ਕੀਤੀ ਜਾਵੇ। ਡੀ.ਏ. ਦੀਆਂ ਰਹਿੰਦੀਆਂ ਕਿਸ਼ਤਾਂ ਅਤੇ ਏਰੀਅਰ ਦਾ ਭੁਗਤਾਨ ਬਿਨਾਂ ਦੇਰੀ ਕੀਤਾ ਜਾਵੇ। ਵੱਖ-ਵੱਖ ਵਿਭਾਗਾਂ 'ਚ ਕੰਮ ਕਰ ਰਹੇ ਕੱਚੇ, ਠੇਕਾ ਆਧਾਰਿਤ ਅਤੇ ਕੰਟਰੈਕਟ ਕਰਮਚਾਰੀਆਂ ਨੂੰ ਤੁਰੰਤ ਪੱਕਾ ਕੀਤਾ ਜਾਵੇ। ਛੇਵੇਂ ਪੇ-ਕਮਿਸ਼ਨ ਦੀਆਂ ਰਿਪੋਰਟਾਂ 'ਚ ਰਹਿ ਗਈਆਂ ਖਾਮੀਆਂ ਨੂੰ ਦੂਰ ਕਰਕੇ ਮੁਲਾਜ਼ਮ ਪੱਖੀ ਬਣਾਇਆ ਜਾਵੇ।ਸਰਕਾਰੀ ਵਿਭਾਗਾਂ 'ਚ ਖਾਲੀ ਪਈਆਂ ਕਲੈਰੀਕਲ ਆਸਾਮੀਆਂ ਨੂੰ ਜਲਦ ਤੋਂ ਜਲਦ ਪੱਕੇ ਤੌਰ 'ਤੇ ਭਰਿਆ ਜਾਵੇ। ਆਗੂਆਂ ਨੇ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਸਰਕਾਰ ਨੇ ਉਨ੍ਹਾਂ ਦੀਆਂ ਮੰਗਾਂ ਵੱਲ ਤੁਰੰਤ ਧਿਆਨ ਨਾ ਦਿੱਤਾ, ਤਾਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੌਰਾਨ ਪੰਜਾਬ ਦੇ ਸਮੁੱਚੇ ਮੁਲਾਜ਼ਮਾਂ ਵੱਲੋਂ ਸਰਕਾਰ ਨੂੰ ਪੂਰੀ ਤਰ੍ਹਾਂ ਅਣਡਿੱਠ ਕੀਤਾ ਜਾਵੇਗਾ। ਰੋਸ ਮੁਜ਼ਾਹਰੇ ਦੌਰਾਨ ਔਰਤ ਮੁਲਾਜ਼ਮਾਂ ਸਮੇਤ ਵੱਡੀ ਗਿਣਤੀ 'ਚ ਕਰਮਚਾਰੀ ਹਾਜ਼ਰ ਸਨ । ਇਹਨਾਂ 'ਚ ਹਰਬੰਸ ਕੌਰ, ਰਮਨਦੀਪ ਕੌਰ, ਅਮਨਦੀਪ ਕੌਰ ਸਟੈਨੋ, ਹਰਪ੍ਰੀਤ ਕੌਰ ਸਟੈਨੋ, ਰੋਜੀ, ਸੁਖਪ੍ਰੀਤ ਕੌਰ, ਸੰਦੀਪ ਕੌਰ, ਗੁਰਪ੍ਰੀਤ ਕੌਰ, ਰੇਨੂਬਾਲਾ, ਸ਼ੈਲੀ, ਗੀਤਾ ਰਾਣੀ, ਜਸਪ੍ਰੀਤ ਕੌਰ, ਅਵਤਾਰ ਸਿੰਘ, ਸਕੁੰਤਲ ਰਾਣੀ, ਗੁਰਮੀਤ ਸਿੰਘ ਗਾਗੋਵਾਲ, , ਜੱਗਾ ਸਿੰਘ ਅਲੀਸ਼ੇਰ, ਹਿੰਮਤ ਸਿੰਘ, ਬਿਕਰ ਸਿੰਘ ਮਾਖਾ, ਬਿਕਰ ਸਿੰਘ ਮੁੰਘਾਣੀਆਂ, ਕੇਵਲ ਸਿੰਘ,, ਬਲਜੀਤ ਸਿੰਘ, ਕਰਨਪਾਲ, ਮਨੀਸ਼ ਕੁਮਾਰ, ਜਸਵੰਤ ਸਿੰਘ, ਕੁਲਿਹਰੀ, ਮਨੋਜ ਕੁਮਾਰ, ਭੁਪਿੰਦਰ ਸਿੰਘ ਅਤੇ ਰਾਜਪਾਲ ਸਿੰਘ ਆਦਿ ਵੀ ਹਾਜ਼ਰ ਸਨ।


ਕਈ ਆਗੂਆਂ ਨੇ ਛੱਡਿਆ ਕਾਂਗਰਸ ਦਾ ਸਾਥ, ਆਂਵਲਾ ਦੀ ਅਗਵਾਈ ਹੇਠ ਅਕਾਲੀ ਦਲ 'ਚ ਹੋਏ ਸ਼ਾਮਲ



ਜਲਾਲਾਬਾਦ (ਬਲਵਿੰਦਰ ਸਿੰਘ)-ਹਲਕਾ ਜਲਾਲਾਬਾਦ ਦੀ ਸਿਆਸਤ ਵਿੱਚ ਉਸ ਸਮੇਂ ਵੱਡਾ ਸਿਆਸੀ ਘਟਨਾਕ੍ਰਮ ਦੇਖਣ ਨੂੰ ਮਿਲਿਆ, ਜਦੋਂ ਯੂਥ ਕਾਂਗਰਸ ਹਲਕਾ ਜਲਾਲਾਬਾਦ ਨਾਲ ਸਬੰਧਤ ਕਈ ਆਗੂਆਂ ਨੇ ਕਾਂਗਰਸ ਪਾਰਟੀ ਨੂੰ ਅਲਵਿਦਾ ਆਖਦਿਆਂ ਸਾਬਕਾ ਵਿਧਾਇਕ ਰਮਿੰਦਰ ਸਿੰਘ ਆਂਵਲਾ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਦਾ ਪੱਲਾ ਫੜ ਲਿਆ। ਇਨ੍ਹਾਂ ਆਗੂਆਂ ਦੀ ਅਕਾਲੀ ਦਲ ਵਿੱਚ ਸ਼ਮੂਲੀਅਤ ਨੂੰ ਕਾਂਗਰਸ ਲਈ ਵੱਡੇ ਸਿਆਸੀ ਝਟਕੇ ਵਜੋਂ ਦੇਖਿਆ ਜਾ ਰਿਹਾ ਹੈ।ਇਸ ਮੌਕੇ ਸਾਬਕਾ ਵਿਧਾਇਕ ਆਂਵਲਾ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਸਾਰੇ ਆਗੂਆਂ ਨੂੰ ਸਿਰੋਪੇ ਪਾ ਕੇ ਨਿੱਘਾ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਪਾਰਟੀ ਵਿੱਚ ਬਣਦਾ ਮਾਣ-ਸਤਿਕਾਰ ਦੇਣ ਦਾ ਭਰੋਸਾ ਦਿਵਾਇਆ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਬਲਦੇਵ ਸਿੰਘ, ਅਸੈਂਬਲੀ ਪ੍ਰਧਾਨ ਹਰਭਜਨ ਸਿੰਘ, ਜ਼ਿਲ੍ਹਾ ਜਨਰਲ ਸਕੱਤਰ ਹਰਵਿੰਦਰ ਸਿੰਘ ਲਾਡੀ, ਬਲਾਕ ਪ੍ਰਧਾਨ ਅਰਨੀਵਾਲਾ ਹਰਅੰਮ੍ਰਿਤ ਸਿੰਘ, ਅਸੈਂਬਲੀ ਵਾਈਸ ਪ੍ਰਧਾਨ ਅਜੇ ਲੱਧੂ ਵਾਲਾ, ਬਲਾਕ ਵਾਈਸ ਪ੍ਰਧਾਨ ਸਾਜਨ ਘੋਗਾ, ਅਸੈਂਬਲੀ ਜਨਰਲ ਸਕੱਤਰ ਪਰਮਿੰਦਰ ਸਿੰਘ, ਜਸਦੀਪ ਮੁਰਾਦ ਵਾਲਾ, ਰਾਜਵਿੰਦਰ ਬੁਰਜ ਹਨੂੰਮਾਨਗੜ੍ਹ, ਆਸ਼ੂ ਸਰਪੰਚ ਅਲਿਆਣਾ, ਜਗਵਿੰਦਰ ਲੱਧੂ ਵਾਲਾ, ਰਾਜਵਿੰਦਰ ਲੱਧੂ ਵਾਲਾ, ਨਰਿੰਦਰ ਲੱਧੂ ਵਾਲਾ ਅਤੇ ਜਸਵਿੰਦਰ ਸਰਪੰਚ ਸਮੇਤ ਹੋਰ ਆਗੂ ਹਾਜ਼ਰ ਸਨ।

ਈ ਡੀ ਦੀ ਮੋਗਾ 'ਚ ਵੱਡੀ ਕਾਰਵਾਈ, ਆਪ ਵਿਧਾਇਕਾ ਅਮਨਦੀਪ ਅਰੋੜਾ ਦੇ ਘਰਾਂ 'ਤੇ ਮਾਰੇ ਛਾਪੇ

ਮੋਗਾ (ਇਕਬਾਲ ਸਿੰਘ ਖਹਿਰਾ)-ਇਨਫੋਰਸਮੈਂਟ ਡਾਇਰੈਕਟੋਰੇਟ ਈ ਡੀ ਦੀ ਟੀਮ ਵੱਲੋਂ ਮੋਗਾ ਵਿੱਚ ਆਮ ਆਦਮੀ ਪਾਰਟੀ ਦੀ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਦੇ ਘਰ ਅਤੇ ਫਲੈਟਾਂ 'ਤੇ ਜ਼ਬਰਦਸਤ ਢੰਗ ਨਾਲ ਛਾਪੇਮਾਰੀ ਕੀਤੀ ਗਈ। ਡਾ. ਅਰੋੜਾ ਪੰਜਾਬ ਵਿਧਾਨ ਸਭਾ ਦੀ ਮੈਂਬਰ ਦੇ ਨਾਲ ਆਪ ਪੰਜਾਬ ਦੀ ਮਹਿਲਾ ਵਿੰਗ ਦੇ ਪ੍ਰਧਾਨ ਵੀ ਹਨ। ਇਹ ਛਾਪੇਮਾਰੀ ਸਵੇਰੇ ਕਰੀਬ 6 ਵਜੇ ਸ਼ੁਰੂ ਹੋਈ ਅਤੇ ਦੇਰ ਸ਼ਾਮ ਤੱਕ ਜਾਰੀ ਰਹੀ।ਈ.ਡੀ ਦੀਆਂ ਟੀਮਾਂ ਬੁੱਧਵਾਰ ਨੂੰ ਤੜਕਸਾਰ ਸੀ ਆਰ ਪੀ ਐਫ਼ ਅਤੇ ਪੰਜਾਬ ਪੁਲਸ ਦੇ ਭਾਰੀ ਬਲਾਂ ਨੂੰ ਨਾਲ ਲੈ ਕੇ ਵਿਧਾਇਕਾ ਦੇ ਤਿੰਨ ਥਾਵਾਂ ਉੱਤੇ ਬਣਾਏ ਕੁਆਟਰਾਂ ਅਤੇ ਕੋਠੀ ਵਿੱਚ ਪਹੁੰਚੀਆਂ। ਈ ਡੀ ਟੀਮਾਂ ਨੇ ਡਾ. ਅਮਨਦੀਪ ਅਰੋੜਾ ਦੇ ਮੋਗਾ-ਲੁਧਿਆਣਾ ਰੋਡ 'ਤੇ ਸਥਿਤ ਆਈਕਨ ਫਲੈਟਸ ਅਤੇ ਸ਼ਹਿਰ ਦੀ ਦੁਸਾਂਝ ਰੋਡ ਵਾਲੀ ਕੋਠੀ ਵਿੱਚ ਵਿੱਚ ਛਾਪੇਮਾਰੀ ਕਰਕੇ ਤਲਾਸ਼ੀ ਲਈ ਤੇ ਘਰਾਂ ਵਿੱਚੋਂ ਮਿਲੇ ਦਸਤਾਵੇਜ਼ਾਂ ਦੀ ਜਾਂਚ ਕੀਤੀ। ਈ ਡੀ ਦੇ ਛਾਪੇ ਸਮੇਂ ਵਿਧਾਇਕਾ ਘਰ ਵਿੱਚ ਹੀ



ਮੌਜੂਦ ਸਨ ਅਤੇ ਅਧਿਕਾਰੀਆਂ ਵੱਲੋਂ ਉਨ੍ਹਾਂ ਕੋਲੋਂ ਪੁੱਛਗਿੱਛ ਕੀਤੀ ਜਾ ਰਹੀ ਸੀ ਅਤੇ ਦਸਤਾਵੇਜ਼ਾਂ ਦੀ ਜਾਂਚ ਕੀਤੀ ਜਾ ਰਹੀ ਸੀ।ਆਮ ਆਦਮੀ ਪਾਰਟੀ ਨੇ ਹਾਲ ਹੀ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਆਪਣੇ 40 ਉਮੀਦਵਾਰਾਂ ਦੀ ਜਿਹੜੀ ਪਹਿਲੀ ਸੂਚੀ ਜਾਰੀ ਕੀਤੀ ਸੀ, ਉਸ ਵਿੱਚ ਵਿੱਚ ਡਾ. ਅਮਨਦੀਪ ਕੌਰ ਅਰੋੜਾ ਨੂੰ ਵਿਧਾਨ ਸਭਾ ਹਲਕਾ ਮੋਗਾ ਤੋਂ ਦੂਜੀ ਵਾਰ ਉਮੀਦਵਾਰ ਐਲਾਨਿਆ ਗਿਆ ਹੈ। ਛਾਪਿਆਂ ਸਬੰਧੀ ਅਜੇ ਤੱਕ ਕੋਈ ਅਧਿਕਾਰਤ ਪੁਸ਼ਟੀ ਸਾਹਮਣੇ ਨਹੀਂ ਆਈ ਹੈ। ਈ.ਡੀ ਟੀਮ ਦੇ ਪਹੁੰਚਣ ਦੇ ਕਾਰਨਾਂ ਸਬੰਧੀ ਵੀ ਫਿਲਹਾਲ ਸਥਿਤੀ ਸਪੱਸ਼ਟ ਨਹੀਂ ਹੈ। ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਦੇ ਘਰ ਈ ਡੀ ਦੀ ਰੇਡ ਤੋਂ ਬਾਅਦ ਵੱਡੀ ਗਿਣਤੀ 'ਚ ਆਪ ਵਰਕਰਾਂ ਨੇ ਕੇਂਦਰ ਸਰਕਾਰ ਖ਼ਿਲਾਫ਼ ਕੀਤੀ ਨਾਅਰੇਬਾਜ਼ੀ ਕੀਤੀ। ਰੇਡ ਦੌਰਾਨ ਆਮ ਆਦਮੀ ਪਾਰਟੀ ਦੇ ਵੱਡੀ ਗਿਣਤੀ ਵਿੱਚ ਵਰਕਰ ਮੌਕੇ 'ਤੇ ਪਹੁੰਚੇ ਅਤੇ ਕੇਂਦਰ ਸਰਕਾਰ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ। ਆਗੂਆਂ ਨੇ ਦੋਸ਼ ਲਗਾਇਆ ਕਿ ਪਿਛਲੇ ਕਾਫ਼ੀ ਦਿਨਾਂ ਤੋਂ ਵਿਧਾਇਕਾ ਡਾ. ਅਰੋੜਾ 'ਤੇ ਭਾਜਪਾ ਵਿੱਚ ਸ਼ਾਮਲ ਹੋਣ ਲਈ ਦਬਾਅ ਬਣਾਇਆ ਜਾ ਰਿਹਾ ਸੀ, ਪਰ ਉਨ੍ਹਾਂ ਵੱਲੋਂ ਭਾਜਪਾ ਵਿੱਚ ਸ਼ਾਮਲ ਹੋਣ ਤੋਂ ਇਨਕਾਰ ਕਰਨ ਕਾਰਨ ਇਹ ਈ ਡੀ ਦੀ ਰੇਡ ਕੀਤੀ ਗਈ । ਉੱਥੇ ਹੀ ਪਾਰਟੀ ਵਰਕਰਾਂ ਨੇ ਪੁਸ਼ਟੀ ਕੀਤੀ ਕਿ ਵਿਧਾਇਕ ਡਾਕਟਰ ਅਰੋੜਾ ਇਸ ਸਮੇਂ ਆਪਣੀ ਕੋਠੀ ਵਿੱਚ ਹੀ ਮੌਜੂਦ ਸਨ। ਪਤਾ ਲੱਗਾ ਹੈ ਕੇ ਈਡੀ ਦੀਆਂ ਵੱਖ-ਵੱਖ ਟੀਮਾਂ ਨੇ ਵਿਧਾਇਕਾ ਦੇ ਨਾਨਕੇ ਘਰ ਪਿੰਡ ਲਿਬੜਾ, ਚੰਦੂਮਾਜਰਾ ਅਤੇ ਮੋਗਾ ਸ਼ਹਿਰ ਦੇ ਵੇਦਾਂਤ ਨਗਰ ਵਿੱਚ ਵਿਧਾਇਕਾ ਦੇ ਕਰੀਬੀਆਂ ਦੇ ਘਰਾਂ ਵਿੱਚ ਛਾਪੇ ਮਾਰ ਕੇ ਤਲਾਸ਼ੀ ਕੀਤੀ। ਖ਼ਬਰ ਲਿਖੇ ਜਾਣ ਤੱਕ ਈ ਡੀ ਦੀ ਰੇਡ ਜਾਰੀ ਸੀ। ਉਧਰ ਆਮ ਆਦਮੀ ਪਾਰਟੀ ਦੇ ਸਮਰਥਕਾਂ ਵੱਲੋਂ ਈ ਡੀ ਦੇ ਵਿਰੋਧ ਵਿੱਚ ਅਮਨ ਅਰੋੜਾ ਦੇ ਘਰ ਅੱਗੇ ਰੋਸ ਪ੍ਰਦਰਸ਼ਨ ਕੀਤਾ ਗਿਆ ਅਤੇ ਕੇਂਦਰ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ।

ਸਫਾ 1 ਦੇ ਬਾਕੀ...

ਮਾਨ ਸਰਕਾਰ ਨੇ ਡੀ ਏ ਹੋਰ 3 ਫੀਸਦੀ ਵਧਾਇਆ

ਗਿਆ, ਬਲਕਿ ਕੈਪਟਨ ਅਮਰਿੰਦਰ ਸਿੰਘ ਖੁਦ ਕਹਿ ਰਹੇ ਹਨ ਕਿ ਉਨ੍ਹਾ ਤੋਂ ਪਟਿਆਲਾ ਬਾਰੇ ਵੀ ਕੋਈ ਸਲਾਹ ਨਹੀਂ ਲਈ ਜਾਂਦੀ। ਮੁੱਖ ਮੰਤਰੀ ਨੇ ਈ ਡੀ ਦੀ ਛਾਪੇਮਾਰੀ 'ਤੇ ਕਿਹਾ ਕਿ ਈ ਡੀ ਅਤੇ ਸੀ ਬੀ ਆਈ ਦੇ ਛਾਪਿਆਂ ਤੋਂ ਸਪੱਸ਼ਟ ਹੁੰਦਾ ਹੈ ਕਿ ਪੰਜਾਬ ਵਿੱਚ ਚੋਣਾਂ ਕਰੀਬ ਆ ਗਈਆਂ ਹਨ, ਕਿਉਂਕਿ ਭਾਜਪਾ ਵੱਲੋਂ ਚੋਣਾਂ ਕਰੀਬ ਆਉਣ 'ਤੇ ਈ ਡੀ ਅਤੇ ਸੀ ਬੀ ਆਈ ਦੀ ਛਾਪੇਮਾਰੀ ਵਧਾ ਦਿੱਤੀ ਜਾਂਦੀ ਹੈ।

ਗੁਜਰਾਤ ਤੋਂ ਆਉਣ ਵਾਲੇ ਨਸ਼ੇ ਨੇ ਪੰਜਾਬ ਬਰਬਾਦ...

ਉਨ੍ਹਾ ਕਿਹਾ, "ਕਿਸੇ ਵੀ ਥਾਂ ਆਓ, ਮੇਰੇ ਨਾਲ ਬੈਠੋ ਅਤੇ ਇਸ ਮੁੱਦੇ 'ਤੇ ਬਹਿਸ ਕਰੋ।" ਰਾਹੁਲ ਗਾਂਧੀ ਨੇ ਜਿਵੇਂ ਹੀ ਆਪਣੇ ਭਾਸ਼ਣ ਦੀ ਸ਼ੁਰੂਆਤ 'ਚ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦਾ ਜ਼ਿਕਰ ਕੀਤਾ, ਤਾਂ ਰੈਲੀ 'ਚ ਪੁੱਜੇ ਇਕੱਠ ਨੇ ਤਾੜੀਆਂ ਦੀ ਗੂੰਜ ਨਾਲ ਉਨ੍ਹਾ ਦਾ ਸਵਾਗਤ ਕੀਤਾ। ਰੈਲੀ ਦੌਰਾਨ ਰਾਹੁਲ ਗਾਂਧੀ ਮਰਹੂਮ ਗਾਇਕ ਸਿੱਧੂ ਮੂਸੇਵਾਲਾ ਦੇ ਪਿਤਾ ਨੂੰ ਵੀ ਮੰਚ 'ਤੇ ਲੈ ਕੇ ਆਏ। ਉਨ੍ਹਾ ਦੋਸ਼ ਲਾਇਆ ਕਿ ਪੰਜਾਬ ਸਰਕਾਰ ਦਿੱਲੀ ਤੋਂ ਚਲਾਈ ਜਾ ਰਹੀ ਹੈ। ਸੂਬੇ ਨੂੰ ਅਜਿਹੀ ਸਰਕਾਰ ਦੀ ਲੋੜ ਹੈ ਜੋ ਸਿਰਫ ਪੰਜਾਬ ਅਤੇ ਪੰਜਾਬੀਆਂ ਦੇ ਹਿੱਤਾਂ ਲਈ ਕੰਮ ਕਰੇ। ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਆਮ ਆਦਮੀ ਪਾਰਟੀ ਨੂੰ ਭਾਜਪਾ ਦੀ 'ਬੀ ਟੀਮ' ਗਰਦਾਨਦਿਆਂ ਦੋਸ਼ ਲਾਇਆ ਕਿ ਜਿੱਥੇ ਵੀ ਕਾਂਗਰਸ ਮਜ਼ਬੂਤ ਹੁੰਦੀ ਦਿਖਾਈ ਦਿੰਦੀ ਹੈ, 'ਆਪ' ਉੱਥੇ ਹੀ ਸੰਨ੍ਹ ਲਗਾਉਂਦੀ ਹੈ। 'ਆਪ' ਕਾਂਗਰਸ ਦੇ ਵੋਟ ਬੈਂਕ ਵਿੱਚ ਸੰਨ੍ਹ ਲਗਾ ਕੇ ਭਾਜਪਾ ਦੀ ਜਿੱਤ ਦਾ ਰਸਤਾ ਸਾਫ ਕਰਦੀ ਹੈ। ਚਰਨਜੀਤ ਸਿੰਘ ਚੰਨੀ ਦਾ ਭਾਸ਼ਣ ਸ਼ੁਰੂ ਹੋਣ ਤੋਂ ਪਹਿਲਾਂ ਇਕੱਠ ਨੇ ਉਨ੍ਹਾ ਦਾ 15 ਸੈਕੰਡ ਤੋਂ ਵੀ ਵੱਧ ਸਮਾਂ ਤਾੜੀਆਂ ਵਜਾ ਕੇ ਸਵਾਗਤ ਕੀਤਾ, ਜਿਸ ਨਾਲ ਉਨ੍ਹਾ ਦੇ ਚਿਹਰੇ 'ਤੇ ਮੁਸਕਰਾਹਟ ਆ ਗਈ। ਚੰਨੀ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਨਿੱਤ ਦਾ ਸ਼ਰਾਬੀ ਗਰਦਾਨਿਆ। ਉਨਾ ਕਿਹਾ ਕਿ ਕੋਈ ਵੀ ਵਿਅਕਤੀ ਆਪਣਾ ਬੱਚਾ ਉਸ ਨੂੰ ਨਹੀਂ ਸੌਂਪੇਗਾ, ਪਰ ਲੋਕਾਂ ਨੇ ਤਾਂ ਪੰਜਾਬ ਹੀ ਉਸ ਦੇ ਹਵਾਲੇ ਕਰ ਦਿੱਤਾ। ਅਸੈਂਬਲੀ ਵਿੱਚ ਕਾਂਗਰਸ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਦੋਸ਼ ਲਾਇਆ ਕਿ ਪੰਜਾਬ ਦੇ ਲੋਕਾਂ ਨੇ ਵੱਡਾ ਭਰੋਸਾ ਪ੍ਰਗਟ ਕਰਕੇ ਆਮ ਆਦਮੀ ਪਾਰਟੀ ਨੂੰ ਸੱਤਾ ਦੀ ਵਾਗਡੋਰ ਸੌਂਪੀ ਸੀ, ਪਰ ਪਾਰਟੀ ਨੇ ਲੋਕਾਂ ਦੇ ਇਸ ਭਰੋਸੇ ਨੂੰ ਬੁਰੀ ਤਰ੍ਹਾਂ ਤੋੜਿਆ ਹੈ। ਪੰਜਾਬ ਕਾਂਗਰਸ ਦੇ ਪ੍ਰਧਾਨ ਪਰਗਟ ਸਿੰਘ ਨੇ ਕਿਹਾ ਕਿ ਪੰਜਾਬ ਪੁਲਸ ਨੇ ਸੂਬੇ ਨੂੰ ਪੁਲਸ ਸਟੇਟ ਬਣਾ ਦਿਤਾ ਹੈ ਅਤੇ 'ਆਪ' ਨੇ ਪੰਜਾਬ ਵਿੱਚ ਜੰਗਲ ਰਾਜ ਬਣਾਇਆ ਹੈ। ਪੰਜਾਬ ਕਾਂਗਰਸ ਦੇ ਇੰਚਾਰਜ ਸਚਿਨ ਪਾਇਲਟ ਨੇ ਕਿਹਾ ਕਿ ਪੰਜਾਬ ਦੇ ਲੋਕ ਵੋਟ ਚੋਰਾਂ ਦੀ ਸਰਕਾਰ ਨਹੀਂ ਚਾਹੁੰਦੇ। ਮੰਚ ਸੰਚਾਲਨ ਸਾਬਕਾ ਮੰਤਰੀ ਵਿਜੇਇੰਦਰ ਸਿੰਗਲਾ ਨੇ ਕੀਤਾ।

ਗਿਆਨੇਸ਼ ਕੁਮਾਰ ਵਿਰੁੱਧ ਦੋ ਕਰੋੜ ਰਿਸ਼ਵਤ ਮੰਗਣ...

ਹੋਰ ਪ੍ਰੋਜੈਕਟ ਤੋਂ ਫੰਡ ਲਿਆ ਕੇ ਮਜ਼ਦੂਰਾਂ ਅਤੇ ਠੇਕੇਦਾਰਾਂ ਦਾ ਕੁਝ ਬਕਾਇਆ ਚੁਕਾਇਆ, ਪਰ ਪੈਸੇ ਰੁਕੇ ਰਹਿਣ ਕਾਰਨ ਪੈਦਾ ਹੋਏ ਭਾਰੀ ਤਣਾਅ ਦੇ ਚੱਲਦਿਆਂ ਉਸ ਨੇ ਸਾਲ 2006 ਵਿੱਚ ਕਥਿਤ ਤੌਰ 'ਤੇ ਖੁਦਕੁਸ਼ੀ ਕਰ ਲਈ ਸੀ। ਸ਼ਿਕਾਇਤਕਰਤਾ ਦਾ ਦਾਅਵਾ ਹੈ ਕਿ ਲੀ ਨੇ ਆਪਣੇ ਖੁਦਕੁਸ਼ੀ ਨੋਟ ਵਿੱਚ ਗਿਆਨੇਸ਼ ਕੁਮਾਰ ਦੀ ਭੂਮਿਕਾ ਦਾ ਜ਼ਿਕਰ ਕੀਤਾ ਸੀ, ਜਿਸ ਬਾਰੇ ਮਲੇਸ਼ੀਆ ਵਿੱਚ ਰਹਿੰਦੇ ਉਸ ਦੇ ਪਰਵਾਰ ਨੇ ਕਰਮਚਾਰੀਆਂ ਨੂੰ ਜਾਣੂ ਕਰਵਾਇਆ ਸੀ।

ਸ਼ਿਕਾਇਤਕਰਤਾ ਨੇ ਪੁਰਾਣੀ ਜਾਂਚ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਸਾਲ 2006 ਵਿੱਚ ਮੌਤ ਤੋਂ ਬਾਅਦ ਸ਼ੁਰੂ ਹੋਈ ਵਿਜੀਲੈਂਸ ਜਾਂਚ ਦੌਰਾਨ ਅਹਿਮ ਗਵਾਹਾਂ ਤੋਂ ਪੁੱਛਗਿੱਛ ਨਹੀਂ ਕੀਤੀ ਗਈ ਸੀ ਅਤੇ ਬਾਅਦ ਵਿੱਚ ਬਿਨਾਂ ਕਿਸੇ ਕਾਰਵਾਈ ਦੇ ਕੇਸ ਬੰਦ ਕਰ ਦਿੱਤਾ ਗਿਆ ਸੀ। ਉਸ ਨੇ ਲੀ ਦੇ ਪਰਵਾਰ ਅਤੇ ਕੰਪਨੀ ਦੇ ਸਾਬਕਾ ਮੁਲਾਜ਼ਮਾਂ ਨੂੰ ਸਬੂਤ ਵਜੋਂ ਪੇਸ਼ ਕਰਨ ਦੀ ਪੇਸ਼ਕਸ਼ ਕੀਤੀ ਹੈ। ਕਾਨੂੰਨੀ ਰਾਇ ਮਿਲਣ ਉਪਰੰਤ ਗ੍ਰਹਿ ਮੰਤਰੀ ਚੇਨੀਥਲਾ ਨੇ ਮੁੱਢਲੀ ਪੜਤਾਲ ਦੇ ਹੁਕਮ ਦਿੱਤੇ ਹਨ। ਇਸ ਤੋਂ ਪਹਿਲਾਂ 4 ਅਕਤੂਬਰ ਨੂੰ ਕਾਂਗਰਸ ਆਗੂ ਵੇਣੂਗੋਪਾਲ ਦੀ ਸ਼ਿਕਾਇਤ 'ਤੇ ਵੀ ਇਸੇ ਪ੍ਰੋਜੈਕਟ ਵਿੱਚ ਭ੍ਰਿਸ਼ਟਾਚਾਰ ਦੀ ਜਾਂਚ ਦੇ ਆਦੇਸ਼ ਦਿੱਤੇ ਗਏ ਸਨ। ਫਿਲਹਾਲ ਗਿਆਨੇਸ਼ ਕੁਮਾਰ ਵਿਰੁੱਧ ਇਹ ਦੋਸ਼ ਸਾਬਤ ਨਹੀਂ ਹੋਏ ਹਨ ਅਤੇ ਮੁੱਖ ਚੋਣ ਕਮਿਸ਼ਨਰ ਵੱਲੋਂ ਇਸ ਮਾਮਲੇ 'ਤੇ ਅਜੇ ਕੋਈ ਪ੍ਰਤੀਕਰਮ ਨਹੀਂ ਆਇਆ ਹੈ।

ਟਰੰਪ ਕਰ'ਤਾ ਡੰਪ

ਰਿਹਾਇਸ਼ੀ ਕੀਮਤਾਂ, ਪੈਟਰੋਲ ਦੀਆਂ ਕੀਮਤਾਂ ਅਤੇ ਰੋਜ਼ਾਨਾ ਦੀਆਂ ਚੀਜ਼ਾਂ ਦੀਆਂ ਵਧਦੀਆਂ ਕੀਮਤਾਂ ਵਰਗੇ ਮੁੱਦਿਆਂ 'ਤੇ ਮੁਹਿੰਮ ਚਲਾਈ ਸੀ। ਫੋਰਡ ਨੇ ਮਜ਼ਦੂਰ ਯੂਨੀਅਨਾਂ ਨੂੰ ਮਜ਼ਬੂਤ ਕਰਨ ਦਾ ਵੀ ਵਾਅਦਾ ਕੀਤਾ ਸੀ। ਰਿਪਬਲਿਕਨ ਪਾਰਟੀ ਦੀ ਹਾਰ ਤੋਂ ਬਾਅਦ, ਈਰਾਨ ਯੁੱਧ ਬਾਰੇ ਟਰੰਪ ਦੇ ਅਗਲੇ ਫੈਸਲੇ ਬਾਰੇ ਬਾਜ਼ਾਰ ਵਿੱਚ ਅਨਿਸ਼ਚਿਤਤਾ ਵਧ ਗਈ ਹੈ। ਇਹ ਚਿੰਤਾ ਕੱਚੇ ਤੇਲ ਦੀਆਂ ਕੀਮਤਾਂ ਨੂੰ ਪ੍ਰਭਾਵਤ ਕਰ ਰਹੀ ਹੈ। ਨਤੀਜਿਆਂ ਤੋਂ ਬਾਅਦ ਦੁਨੀਆ ਦੇ ਸਭ ਤੋਂ ਅਮੀਰ ਬੰਦੇ ਐਲੋਨ ਮਸਕ ਨੇ ਕਿਹਾ, "ਲੱਗਦਾ ਹੈ ਕਿ ਮੇਰੀਆਂ ਸ਼ਕਤੀਆਂ ਕੰਮ ਨਹੀਂ ਕਰ ਰਹੀਆਂ। ਇਸ ਵਾਰ ਚੋਣਾਂ ਵਿੱਚ ਦਖਲ ਦੇਣ ਲਈ ਮੇਰੇ ਸਪੇਸ ਲੇਜ਼ਰ ਬੀਮ ਕੰਮ ਨਹੀਂ ਆਏ।" ਮਸਕ ਨੇ ਰਿਪਬਲਿਕਨ ਉਮੀਦਵਾਰਾਂ ਨੂੰ ਜਿੱਤਣ ਵਿੱਚ ਮਦਦ ਕਰਨ ਲਈ ਭਾਰੀ ਖਰਚ ਕੀਤਾ। ਉਸਨੇ ਰਿਪਬਲਿਕਨ ਉਮੀਦਵਾਰਾਂ ਅਤੇ ਉਨ੍ਹਾਂ ਨਾਲ ਜੁੜੇ ਸੰਗਠਨਾਂ 'ਤੇ ਘੱਟੋ-ਘੱਟ 33.8 ਅਰਬ ਡਾਲਰ ਖਰਚ ਕੀਤੇ। ਮਸਕ ਦਾ ਸਭ ਤੋਂ ਵੱਡਾ ਨਿਵੇਸ਼ ਟੈਕਸਾਸ ਸੈਨੇਟ ਚੋਣਾਂ ਵਿੱਚ ਸੀ, ਜਿੱਥੇ ਉਸਨੇ ਰਿਪਬਲਿਕਨ ਉਮੀਦਵਾਰ ਕੇਨ ਪੈਕਸਟਨ ਦੇ ਸਮਰਥਨ ਵਿੱਚ 15 ਅਰਬ ਡਾਲਰ ਤੋਂ ਵੱਧ ਖਰਚ ਕੀਤੇ। ਹਾਲਾਂਕਿ, ਪੈਕਸਟਨ ਨੂੰ ਡੈਮੋਕ੍ਰੇਟਿਕ ਉਮੀਦਵਾਰ ਜੇਮਸ ਟੈਲਾਰਿਕੋ ਨੇ ਹਰਾ ਦਿੱਤਾ। ਅਮਰੀਕਾ ਦੀਆਂ ਮੱਧਕਾਲੀ ਚੋਣਾਂ ਵਿੱਚ ਚਾਰ ਸਿਆਸਤਦਾਨਾਂ ਨੇ ਇਤਿਹਾਸ ਰਚਿਆ ਹੈ। ਇਹ ਪਹਿਲੀ ਵਾਰ ਹੈ ਜਦੋਂ ਅਜਿਹੇ ਉਮੀਦਵਾਰਾਂ ਨੇ ਵੱਖ-ਵੱਖ ਰਾਜਾਂ ਵਿੱਚ ਚੋਣਾਂ ਜਿੱਤੀਆਂ ਹਨ। ਅਬਦੁਲ ਅਲ ਸਈਦ ਮਿਸ਼ੀਗਨ ਤੋਂ ਸੈਨੇਟ ਚੋਣ ਜਿੱਤਣ ਤੋਂ ਬਾਅਦ ਅਮਰੀਕਾ ਦੇ ਪਹਿਲੇ ਮੁਸਲਿਮ ਸੈਨੇਟਰ ਬਣਨਗੇ। ਕੀਸ਼ਾ ਲਾਂਸ ਬੌਟਮਜ਼ ਜਾਰਜੀਆ ਚੋਣ ਜਿੱਤਣ ਨਾਲ ਅਮਰੀਕਾ ਦੀ ਗਵਰਨਰ ਚੁਣੀ ਜਾਣ ਵਾਲੀ ਪਹਿਲੀ ਕਾਲੀ ਔਰਤ ਬਣ ਜਾਵੇਗੀ। ਕ੍ਰਿਸ ਪਾਪਾਸ ਨਿਊ ਹੈਂਪਸ਼ਾਇਰ ਵਿੱਚ ਜਿੱਤਣ ਤੋਂ ਬਾਅਦ ਅਮਰੀਕੀ ਸੈਨੇਟ ਵਿੱਚ ਸੇਵਾ ਕਰਨ ਵਾਲਾ ਪਹਿਲਾ ਖੁੱਲ੍ਹੇਆਮ ਸਮਲਿੰਗੀ ਆਦਮੀ ਹੋਵੇਗਾ। ਡੇਬ ਹਾਲੈਂਡ ਨਿਊ ਮੈਕਸੀਕੋ ਵਿੱਚ ਗਵਰਨਰ ਦੀ ਚੋਣ ਜਿੱਤ ਕੇ, ਅਮਰੀਕਾ ਵਿੱਚ ਪਹਿਲੀ ਮੂਲ ਅਮਰੀਕੀ ਮਹਿਲਾ ਗਵਰਨਰ ਬਣ ਗਈ।

ਦੇਸ਼ ਵਿੱਚ ਆਉਣ ਵਾਲੀ ਤਬਦੀਲੀ 'ਚ ਹਿੱਸਾ ਪਾਉਣ...

ਉੱਜੜ ਜਾਵੇਗੀ। ਮੋਦੀ ਦੀ ਸਵੱਲੀ ਨਜ਼ਰ ਨਾਲ ਅਡਾਨੀ ਸ਼ਹਿਨਸ਼ਾਹ ਬਣਿਆ ਹੋਇਆ ਹੈ। ਉਸ ਕੋਲ ਅਥਾਹ ਦੌਲਤ ਹੈ। ਅਸਲ ਵਿੱਚ ਇਹ ਦੌਲਤ ਲੋਕਾਂ ਦੀ ਹੀ, ਜੋ ਖੋਹ ਕੇ ਅੰਬਾਨੀਆਂ-ਅਡਾਨੀਆਂ ਦੀ ਦੌਲਤ ਦੇ ਅੰਬਾਰ ਹੋਰ ਉੱਚੇ ਕੀਤੇ ਗਏ ਹਨ। ਸਿੱਖਿਆ ਬੇਹੱਦ ਮਹਿੰਗੀ ਕਰ ਦਿੱਤੀ ਗਈ ਹੈ। ਇਹ ਆਮ ਲੋਕਾਂ ਦੀ ਪਹੁੰਚ ਤੋਂ ਦੂਰ ਹੈ। ਦੇਸ਼ ਵਿੱਚ 18 ਤੋਂ 35 ਸਾਲ ਦੀ ਜਵਾਨੀ ਦੀ ਗਿਣਤੀ ਕਰੋੜਾਂ ਵਿੱਚ ਹੈ। ਉਹ ਬੇਰੁਜ਼ਗਾਰੀ ਨਾਲ ਜੂਝ ਰਹੀ ਹੈ। ਰਾਮ ਮੰਦਰ ਦੇ ਨਾਂਅ 'ਤੇ ਹਿੰਦੂ ਭਾਈਚਾਰੇ ਨੂੰ ਭਾਵੁਕ ਪੱਧਰ 'ਤੇ ਗੁੰਮਰਾਹ ਕੀਤਾ ਗਿਆ ਸੀ। ਮੋਦੀ ਵੱਲੋਂ ਪ੍ਰਬੰਧਾਂ ਲਈ ਲਾਏ ਗਏ ਵਿਅਕਤੀਆਂ ਵੱਲੋਂ ਜੋ ਕੁਝ ਕੀਤਾ ਗਿਆ ਹੈ, ਉਸ ਨਾਲ ਹਿੰਦੂ ਆਸਥਾ ਨੂੰ ਧੱਕਾ ਲੱਗਾ ਹੈ। ਸਾਬਕਾ ਵਿਧਾਇਕ, ਕੇਂਦਰੀ ਕੰਟਰੋਲ ਕਮਿਸ਼ਨ ਦੇ ਮੈਂਬਰ ਅਤੇ ਸਿੱਖਿਆ ਵਿਭਾਗ ਦੇ ਇੰਚਾਰਜ ਕਾਮਰੇਡ ਹਰਦੇਵ ਸਿੰਘ ਅਰਸ਼ੀ ਨੇ ਵੀ ਸੰਬੋਧਨ ਕੀਤਾ। ਉਨ੍ਹਾਂ ਕਿਹਾ ਕਿ ਗਿਆਨ ਪ੍ਰਾਪਤ ਕਰਨ ਨਾਲ ਜਿੱਥੇ ਮਨੁੱਖ ਦਾ ਅੰਦਰਲਾ ਆਪਾ ਰੌਸ਼ਨ ਹੁੰਦਾ ਹੈ, ਉੱਥੇ ਸਮਾਜ ਨੂੰ ਬਿਹਤਰ ਬਣਾਉਣ ਲਈ ਉਤਸ਼ਾਹਜਨਕ ਪ੍ਰੇਰਨਾ ਵੀ ਮਿਲਦੀ ਹੈ। ਇਸ ਨਾਲ ਇੱਕ ਵੱਖਰੀ ਤਰ੍ਹਾਂ ਦੀ ਤਾਕਤ ਮਿਲ ਜਾਣ ਦਾ ਅਹਿਸਾਸ ਵੀ ਹੁੰਦਾ ਹੈ। ਸਕੂਲਿੰਗ ਵਿੱਚ ਗ੍ਰਹਿਣ ਕੀਤਾ ਮਾਰਕਸਵਾਦੀ ਫ਼ਲਸਫ਼ਾ ਸਾਡੇ ਰਾਹਾਂ ਨੂੰ ਰੌਸ਼ਨ ਕਰਦਾ ਹੈ। ਕਾਮਰੇਡ ਅਰਸ਼ੀ ਨੇ ਸਕੂਲ ਲਾਉਣ ਲਈ ਕੇਂਦਰੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਪੜ੍ਹਾਉਣ ਵਾਲੇ ਅਧਿਆਪਕਾਂ ਦਾ ਵੀ ਸ਼ੁਕਰੀਆ ਅਦਾ ਕੀਤਾ। ਉਨ੍ਹਾ ਨੇ ਸਕੂਲਿੰਗ ਤੋਂ ਸਿੱਖਿਆ ਪ੍ਰਾਪਤ ਕਰਨ ਵਾਲੇ ਸਿਖਿਆਰਥੀਆਂ ਨੂੰ ਪ੍ਰੇਰਤ ਕੀਤਾ ਕਿ ਇਸ ਗਿਆਨ ਨੂੰ ਅੱਗੇ ਵੰਡਿਆ ਜਾਵੇ। ਸੀ ਪੀ ਆਈ ਵਿਭਾਗ ਪੰਜਾਬ ਦੇ ਇੰਚਾਰਜ ਹੋਣ ਦੇ ਨਾਤੇ ਕਾਮਰੇਡ ਅਰਸ਼ੀ ਨੇ ਕਿਹਾ ਕਿ ਕਿਸੇ ਦੀ ਖਿਦਮਤ ਵਿੱਚ ਕੋਈ ਕਮੀ ਰਹਿ ਗਈ ਹੋਵੇ ਤਾਂ ਉਹ ਖਿਮਾ ਦੇ ਜਾਚਕ ਹਨ। ਸਕੂਲ ਦੀ ਸਮੀਖਿਆ ਕਰਦਿਆਂ ਕਾਮਰੇਡ ਅਨਿਲ ਰਾਜਿਮਵਾਲੇ, ਪ੍ਰੋ. ਜੁਗਲ ਰਾਇਲੂ ਅਤੇ ਐਡਵੋਕੇਟ ਬਖਸ਼ੀ ਨੇ ਬਹੁਤ ਸਾਰੇ ਸਿਖਿਆਰਥੀਆਂ ਦੇ ਵਿਚਾਰ ਜਾਣਦਿਆਂ ਉਨ੍ਹਾਂ ਦੇ ਸੁਝਾਅ ਵੀ ਲਏ। ਸਕੂਲ ਦੇ ਮਨੀਟਰ ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ ਨੇ ਕਲਾਸਾਂ ਦੌਰਾਨ ਸਿਖਿਆਰਥੀਆਂ ਤੇ ਪਾਰਟੀ ਦਫ਼ਤਰ ਦੇ ਸਟਾਫ਼ ਵੱਲੋਂ ਸਹਿਯੋਗ ਦੇਣ ਲਈ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਕਾਮਰੇਡ ਮਹਿੰਦਰ ਪਾਲ ਸਿੰਘ ਦਾ ਸਕੂਲ ਵਿੱਚ ਵੱਡਾ ਯੋਗਦਾਨ ਰਿਹਾ। ਪ੍ਰਬੰਧਕਾਂ ਵੱਲੋਂ ਤਿੰਨੋਂ ਅਧਿਆਪਕਾਂ ਦਾ ਸਨਮਾਨ ਕੀਤਾ ਗਿਆ। ਅੰਤ ਵਿੱਚ ਸਫ਼ਲ ਸਕੂਲ ਲਈ ਸਭ ਦਾ ਧੰਨਵਾਦ ਕੀਤਾ ਗਿਆ।

ਪੱਤਰਕਾਰ ਰਾਜਿੰਦਰ ਸਿੰਘ ਮੌਜੀ ਨੂੰ ਸਦਮਾ, ਪਤਨੀ ਦਾ ਦੇਹਾਂਤ

ਸਨੌਰ, /ਦੇਵੀਗੜ੍ਹ (ਰਾਜਿੰਦਰ ਸਿੰਘ ਥਿੰਦ)-ਹਲਕਾ ਸਨੌਰ ਦੇ ਦੇਵੀਗੜ੍ਹ ਸਟੇਸ਼ਨ ਤੋਂ ਸੀਨੀਅਰ ਪੱਤਰਕਾਰ ਰਾਜਿੰਦਰ ਸਿੰਘ ਮੌਜੀ ਨੂੰ ਉਸ ਵੇਲੇ ਵੱਡਾ ਪਰਵਾਰਕ ਸਦਮਾ ਲੱਗਾ, ਜਦੋਂ ਉਨ੍ਹਾਂ ਦੀ ਜੀਵਨ ਸਾਥਣ ਸ੍ਰੀਮਤੀ ਪਰਮਿੰਦਰ ਕੌਰ ਅਕਾਲ ਚਲਾਣਾ ਕਰ ਗਏ। ਉਹ ਆਪਣੇ ਪਿੱਛੇ ਭਰਿਆ-ਪੂਰਾ ਪਰਵਾਰ ਕੁਰਲਾਉਂਦਾ ਛੱਡ ਗਏ ਹਨ। ਸ੍ਰੀਮਤੀ ਪਰਮਿੰਦਰ ਕੌਰ



ਦੇ ਅਚਾਨਕ ਅਕਾਲ ਚਲਾਣੇ 'ਤੇ ਉਪ ਦਫ਼ਤਰ ਪਟਿਆਲਾ ਦੇ ਜ਼ਿਲ੍ਹਾ ਮੁਖੀ ਧਰਮਿੰਦਰ ਸਿੰਘ ਸਿੱਧੂ ਤੇ ਜ਼ਿਲ੍ਹੇ ਦੀ ਟੀਮ ਵੱਲੋਂ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਵੈੱਬ ਟੀ.ਵੀ. ਪੱਤਰਕਾਰ ਅਮਨਦੀਪ ਸਿੰਘ ਵੀ ਹਾਜ਼ਰ ਰਹੇ। ਇਸੇ ਤਰ੍ਹਾਂ ਹਲਕਾ ਸਨੌਰ ਦੇ ਸਾਬਕਾ ਵਿਧਾਇਕ ਹਰਿੰਦਰਪਾਲ ਸਿੰਘ ਚੰਦੂਮਾਜਰਾ ਨੇ ਵੀ ਫ਼ੋਨ ਰਾਹੀਂ ਮੌਜੀ ਪਰਵਾਰ ਨਾਲ ਗਹਿਰੇ ਅਫ਼ਸੋਸ ਦਾ ਪ੍ਰਗਟਾਵਾ ਕੀਤਾ। ਅੰਤਿਮ ਸੰਸਕਾਰ ਉਨ੍ਹਾਂ ਦੇ ਜੱਦੀ ਪਿੰਡ ਕਛਵਾ ਵਿਖੇ ਨਮ ਅੱਖਾਂ ਨਾਲ ਕੀਤਾ ਗਿਆ। ਇਸ ਮੌਕੇ ਵੱਖ-ਵੱਖ ਰਾਜਨੀਤਿਕ, ਧਾਰਮਿਕ, ਸਮਾਜਿਕ ਜਥੇਬੰਦੀਆਂ ਦੇ ਆਗੂ, ਵੱਡੀ ਗਿਣਤੀ ਪੱਤਰਕਾਰ ਭਾਈਚਾਰੇ ਅਤੇ ਇਲਾਕਾ ਨਿਵਾਸੀਆਂ ਨੇ ਸ਼ਮੂਲੀਅਤ ਕਰਕੇ ਵਿੱਛੜੀ ਰੂਹ ਨੂੰ ਸ਼ਰਧਾਂਜਲੀ ਭੇਟ ਕੀਤੀ। ਪਰਵਾਰਕ ਮੈਂਬਰਾਂ ਅਨੁਸਾਰ ਮ੍ਰਿਤਕਾ ਦੇ ਫੁੱਲ ਚੁਗਣ ਦੀ ਰਸਮ 5 ਨਵੰਬਰ ਨੂੰ ਅਦਾ ਕੀਤੀ ਜਾਵੇਗੀ। ਇਸ ਦੁੱਖ ਦੀ ਘੜੀ ਵਿਚ ਸਸਕਾਰ ਮੌਕੇ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਭੁਪੇਸ਼ ਚੱਠਾ, ਆਲ ਇੰਡੀਆ ਪਿੰਗਲਾ ਆਸ਼ਰਮ ਦੇ ਮੁਖੀ ਸੰਤ ਬਾਬਾ ਬਲਬੀਰ ਸਿੰਘ, ਜਥੇਦਾਰ ਕ੍ਰਿਸ਼ਨ ਸਿੰਘ ਸਨੌਰ, ਰਾਜਿੰਦਰ ਸਿੰਘ ਵਿਰਕ, ਲੋਕ ਸਭਾ ਪਟਿਆਲਾ ਦੇ ਹਲਕਾ ਇੰਚਾਰਜ ਬਲਜਿੰਦਰ ਸਿੰਘ ਢਿੱਲੋਂ ਇੰਦਰਜੀਤ ਸਿੰਘ ਸੰਧੂ, ਭੁਪਿੰਦਰ ਸਿੰਘ ਮਸੀਂਗਣ, ਸਰਬਜੀਤ ਸਿੰਘ ਘੜਾਮ, ਹਰਦੇਵ ਸਿੰਘ ਘੜਾਮ, ਹਰਜੀਤ ਸਿੰਘ ਬਿੱਟੂ, ਹਰੀ ਚੰਦ ਭੋਲਾ, ਹਰਵਿੰਦਰ ਬੱਬੂ, ਨੰਬਰਦਾਰ ਕਰਮਜੀਤ ਸਿੰਘ, ਤਰਲੋਚਨ ਸਿੰਘ ਭੋਲਾ ਅਤੇ ਡਾ. ਹਰਿੰਦਰ ਸਿੰਘ ਸਮੇਤ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ।

ਮਾਨਸਿਕ ਸਿਹਤ ਤੋਂ ਸਾਈਬਰ ਸੁਰੱਖਿਆ ਤੱਕ, ਹੈਰੀਟੇਜ ਸਕੂਲ ਨੇ ਜਾਗਰੂਕਤਾ ਦੀ ਨਵੀਂ ਪਿਰਤ ਪਾਈ

ਭਵਾਨੀਗੜ੍ਹ (ਰਾਜ ਖੁਰਮੀ)-ਅਜੋਕੇ ਸਮੇਂ ਵਿੱਚ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਵਿੱਦਿਅਕ ਸਿੱਖਿਆ ਦੇ ਨਾਲ-ਨਾਲ ਮਾਨਸਿਕ ਸਿਹਤ ਅਤੇ ਡਿਜੀਟਲ ਸੁਰੱਖਿਆ ਪ੍ਰਤੀ ਜਾਗਰੂਕਤਾ ਦੀ ਅਹਿਮੀਅਤ ਨੂੰ ਸਮਝਦਿਆਂ ਹੈਰੀਟੇਜ ਪਬਲਿਕ ਸਕੂਲ, ਭਵਾਨੀਗੜ੍ਹ ਵਿਖੇ



ਮਾਪਿਆਂ ਅਤੇ ਵਿਦਿਆਰਥੀਆਂ ਲਈ ਦੋ ਵਿਸ਼ੇਸ਼ ਜਾਗਰੂਕਤਾ ਸੈਮੀਨਾਰ ਕਰਵਾਏ ਗਏ। ਇਨ੍ਹਾਂ ਸੈਮੀਨਾਰਾਂ ਰਾਹੀਂ ਜਿੱਥੇ ਮਾਪਿਆਂ ਨੂੰ ਬੱਚਿਆਂ ਦੀ ਮਾਨਸਿਕ ਅਤੇ ਭਾਵਨਾਤਮਕ ਸਿਹਤ ਪ੍ਰਤੀ ਸੁਚੇਤ ਕੀਤਾ ਗਿਆ, ਉੱਥੇ ਹੀ ਵਿਦਿਆਰਥੀਆਂ ਨੂੰ ਸਾਈਬਰ ਅਪਰਾਧਾਂ ਤੋਂ ਬਚਣ ਅਤੇ ਇੰਟਰਨੈੱਟ ਦੀ ਸੁਰੱਖਿਅਤ ਵਰਤੋਂ ਕਰਨ ਦੇ ਗੁਰ ਵੀ ਦੱਸੇ ਗਏ।ਸੈਮੀਨਾਰ ਦੌਰਾਨ ਵਿਸ਼ੇਸ਼ ਮਹਿਮਾਨ ਰੁਚੀ ਛਿੱਬਰ ਨੇ ਬੱਚਿਆਂ ਦੀ ਮਾਨਸਿਕ ਅਤੇ ਭਾਵਨਾਤਮਕ ਸਿਹਤ, ਸਕਾਰਾਤਮਕ ਪਾਲਣ-ਪੋਸ਼ਣ ਅਤੇ ਮਾਪਿਆਂ ਤੇ ਬੱਚਿਆਂ ਵਿਚਕਾਰ ਮਜ਼ਬੂਤ ਰਿਸ਼ਤੇ ਸਥਾਪਤ ਕਰਨ ਸਬੰਧੀ ਅਹਿਮ ਨੁਕਤੇ ਸਾਂਝੇ ਕੀਤੇ।ਇਸੇ ਲੜੀ ਤਹਿਤ ਵਿਦਿਆਰਥੀਆਂ ਲਈ ਸਾਈਬਰ ਸੁਰੱਖਿਆ ਅਤੇ ਜਾਗਰੂਕਤਾ ਸੈਮੀਨਾਰ ਵੀ ਕਰਵਾਇਆ ਗਿਆ। ਇਸ ਮੌਕੇ ਸਕੂਲ ਪ੍ਰਬੰਧਕ ਅਨਿਲ ਮਿੱਤਲ ਅਤੇ ਆਸ਼ਿਮਾ ਮਿੱਤਲ ਨੇ ਕਿਹਾ ਕਿ ਸਕੂਲ ਦਾ ਮਕਸਦ ਵਿਦਿਆਰਥੀਆਂ ਨੂੰ ਸਿਰਫ਼ ਪੜ੍ਹਾਈ ਵਿੱਚ ਹੀ ਅੱਗੇ ਵਧਾਉਣਾ ਨਹੀਂ, ਸਗੋਂ ਉਨ੍ਹਾਂ ਨੂੰ ਮਾਨਸਿਕ, ਸਮਾਜਿਕ ਅਤੇ ਨੈਤਿਕ ਤੌਰ 'ਤੇ ਵੀ ਮਜ਼ਬੂਤ ਬਣਾਉਣਾ ਹੈ। ਪ੍ਰਿੰਸੀਪਲ ਗੁਰਪ੍ਰੀਤ ਕੌਰ ਨੇ ਦੋਵੇਂ ਵਿਸ਼ੇਸ਼ ਮਹਿਮਾਨਾਂ ਦਾ ਧੰਨਵਾਦ ਕੀਤਾ।

ਸੇਂਟ ਜ਼ੇਵੀਅਰਜ਼ ਇੰਟਰਨੈਸ਼ਨਲ ਸਕੂਲ ਵਿਖੇ ਖੇਡ ਦਿਵਸ ਮਨਾਇਆ


ਸਮਾਣਾ (ਇਕਬਾਲ ਸਿੰਘ ਬੱਲ)-ਸੇਂਟ ਜ਼ੇਵੀਅਰਜ਼ ਇੰਟਰਨੈਸ਼ਨਲ ਸਕੂਲ, ਅਟਾਲਾਂ ਵਿਖੇ ਸਾਡੀਆਂ ਪਰੰਪਰਾਗਤ ਖੇਡਾਂ ਨੂੰ ਮੁੜ ਸੁਰਜੀਤ ਕਰਨਾ ਦੇ ਵਿਸ਼ੇ ਹੇਠ ਖੇਡ ਦਿਵਸ ਬੜੇ ਉਤਸ਼ਾਹ, ਜੋਸ਼ ਅਤੇ ਧੂਮਧਾਮ ਨਾਲ ਮਨਾਇਆ ਗਿਆ। ਇਸ ਸਮਾਗਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਭਾਰਤ ਦੀ ਅਮੀਰ ਸੱਭਿਆਚਾਰਕ ਵਿਰਾਸਤ ਨਾਲ ਜੋੜਨਾ ਅਤੇ ਪੁਰਾਤਨ ਖੇਡਾਂ ਦੀ ਮਹੱਤਤਾ ਤੋਂ ਜਾਣੂ ਕਰਵਾਉਣਾ ਸੀ। ਸਮਾਗਮ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਖੇਡ ਸਹੁੰ ਚੁੱਕ ਕੇ ਕੀਤੀ ਗਈ। ਇਸ ਦੌਰਾਨ ਉਨ੍ਹਾਂ ਨੇ ਏਕਤਾ,



ਅਨੁਸ਼ਾਸਨ, ਟੀਮ ਵਰਕ ਅਤੇ ਖੇਡ ਭਾਵਨਾ ਨੂੰ ਕਾਇਮ ਰੱਖਣ ਦਾ ਪ੍ਰਣ ਲਿਆ।ਇਸ ਉਪਰੰਤ ਸਕੂਲ ਦੇ ਪ੍ਰਿੰਸੀਪਲ ਨੇ ਸੰਬੋਧਨ ਦੌਰਾਨ ਕਿਹਾ ਕਿ ਪਰੰਪਰਾਗਤ ਖੇਡਾਂ ਸਾਡੀ ਸੱਭਿਆਚਾਰਕ ਵਿਰਾਸਤ ਦਾ ਅਹਿਮ ਹਿੱਸਾ ਹਨ। ਇਨ੍ਹਾਂ ਖੇਡਾਂ ਰਾਹੀਂ ਜਿੱਥੇ ਬੱਚਿਆਂ ਵਿੱਚ ਸਰੀਰਕ ਤੰਦਰੁਸਤੀ ਅਤੇ ਮਾਨਸਿਕ ਮਜ਼ਬੂਤੀ ਪੈਦਾ ਹੁੰਦੀ ਹੈ, ਉੱਥੇ ਹੀ ਆਪਸੀ ਸਹਿਯੋਗ, ਅਨੁਸ਼ਾਸਨ ਅਤੇ ਮਿਲਵਰਤਣ ਦੀ ਭਾਵਨਾ ਵੀ ਵਿਕਸਿਤ ਹੁੰਦੀ ਹੈ।ਖੇਡ ਦਿਵਸ ਦੌਰਾਨ ਵਿਦਿਆਰਥੀਆਂ ਨੇ ਕਬੱਡੀ, ਖੋ-ਖੋ, ਗੁੱਲੀ-ਡੰਡਾ, ਪਿੱਠੂ (ਸੱਤ ਪੱਥਰ), ਕੰਚੇ, ਕੁਸ਼ਤੀ, ਰੱਸਾਕਸ਼ੀ, ਅਟਿਆ-ਪਟਿਆ ਅਤੇ ਪਤੰਗਬਾਜ਼ੀ ਸਮੇਤ ਵੱਖ-ਵੱਖ ਰਵਾਇਤੀ ਖੇਡਾਂ ਵਿੱਚ ਉਤਸ਼ਾਹ ਨਾਲ ਭਾਗ ਲਿਆ। ਸਮਾਗਮ ਦੇ ਅੰਤ ਵਿੱਚ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ, ਜਿਸ ਦੌਰਾਨ ਵੱਖ-ਵੱਖ ਖੇਡ ਮੁਕਾਬਲਿਆਂ ਵਿੱਚ ਜੇਤੂ ਰਹੇ ਵਿਦਿਆਰਥੀਆਂ ਨੂੰ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਅਰਨਬ ਸਰਕਾਰ ਨੇ ਸਮਾਗਮ ਦੀ ਸਫ਼ਲਤਾ ਲਈ ਪ੍ਰਿੰਸੀਪਲ, ਅਧਿਆਪਕਾਂ, ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕੀਤੀ।

ਜਿਹੋ ਜਿਹੇ ਮਨ ਦੇ ਵਿਚਾਰ ਓਹੋ ਜਿਹੇ ਬੰਦੇ ਦੇ ਕੰਮ ਹੁੰਦੇ : ਅਸ਼ਵਨੀ ਗਰਗ

ਜੈਤੋ (ਸਤੀਸ਼ ਕੁਮਾਰ ਭੀਰੀ)-ਸਿੱਖਿਆ ਦੇ ਖੇਤਰ ਵਿੱਚ ਨਾਮਵਰ ਸੰਸਥਾਨ ਜਿਵੇਂ ਸਵਾਮੀ ਵਿਵੇਕਾਨੰਦ




ਇੰਸਟੀਚਿਊਟ ਆਫ ਇੰਜੀਨੀਅਰਿੰਗ ਕਾਲਜ, ਅਲਾਇੰਸ ਇੰਟਰਨੈਸ਼ਨਲ ਸਕੂਲ ਅਤੇ ਸਿਵਾਲਿਕ ਕਿਡਜ਼ ਸਕੂਲ ਦੇ ਚੇਅਰਮੈਨ ਤੇ ਉੱਘੇ ਉਦਯੋਗਪਤੀ ਅਸ਼ਵਨੀ ਗਰਗ ਨੇ ਸਕੂਲ ਮੈਨੇਜਮੈਂਟ ਅਤੇ ਬੱਚਿਆਂ ਨੂੰ ਦਿੱਤੇ ਗਏ ਸੰਦੇਸ਼ ਵਿੱਚ ਕਿਹਾ ਕਿ ਗਲਤ ਵਿਅਕਤੀਆਂ ਦੀ ਚੋਣ ਸਾਡੇ ਜੀਵਨ ਨੂੰ ਪ੍ਰਭਾਵਿਤ ਕਰੇ ਚਾਹੇ ਨਾ ਕਰੇ ਪ੍ਰੰਤੂ ਇੱਕ ਸਹੀ ਵਿਅਕਤੀ ਨੂੰ ਅਣਦੇਖਿਆ ਕਰਨ ਨਾਲ ਜੀਵਨ ਭਰ ਪਛਤਾਵਾ ਹੋ ਸਕਦਾ ਹੈ। ਗਰਗ ਨੇ ਅਪਣੇ ਵਿਚਾਰ ਪ੍ਰਗਟ ਕਰਦੇ ਹੋਏ ਅੱਗੇ ਆਖਿਆ ਕਿ ਪੈਨ ਵਿੱਚ ਜਿਸ ਰੰਗ ਦੀ ਸਿਆਹੀ ਹੋਵੇਗੀ ਲਿਖਾਵਟ ਵੀ ਉਸੇ ਰੰਗ ਦੀ ਹੋਵੇਗੀ, ਠੀਕ ਉਸੇ ਤਰਾਂ ਇਨਸਾਨ ਦੇ ਮਨ ਵਿੱਚ ਜਿਹੋ ਜਿਹੇ ਵਿਚਾਰ ਹੋਣਗੇ ਉਸ ਦੇ ਕੰਮ ਵੀ ਉਹੋ ਜਿਹੇ ਹੀ ਹੋਣਗੇ ।

ਪੰਜਾਬ ਤੇ ਪੰਥ ਦੇ ਹਿੱਤਾਂ ਲਈ ਸਾਂਝੀ ਲੜਾਈ ਸਮੇਂ ਦੀ ਮੁੱਖ ਲੋੜ : ਪ੍ਰੋ. ਚੰਦੂਮਾਜਰਾ

ਪਟਿਆਲਾ (ਰਜਿੰਦਰ ਸਿੰਘ ਥਿੰਦ)-ਸਾਬਕਾ ਮੈਂਬਰ ਪਾਰਲੀਮੈਂਟ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਥ ਅਤੇ ਪੰਜਾਬ ਦੀ ਨੁਮਾਇੰਦਾ ਜਮਾਤ ਹੈ ਅਤੇ ਉਨ੍ਹਾਂ ਨੂੰ ਮਾਣ ਹੈ ਕਿ ਆਪਣੇ ਜਨਤਕ ਤੇ ਰਾਜਨੀਤਕ ਜੀਵਨ ਦੌਰਾਨ ਉਨ੍ਹਾਂ ਨੇ ਹਮੇਸ਼ਾ ਪੰਥ ਅਤੇ ਪੰਜਾਬ ਦੇ ਹੱਕਾਂ ਲਈ ਲੜੇ ਹਰ ਸੰਘਰਸ਼ ਵਿੱਚ ਅੱਗੇ ਹੋ ਕੇ ਭੂਮਿਕਾ ਨਿਭਾਈ ਹੈ। ਪਰ ਮੌਜੂਦਾ ਹਾਲਾਤ ਵਿੱਚ ਪੰਜਾਬ ਦੇ ਹੱਕਾਂ ਅਤੇ ਹਿੱਤਾਂ ਲਈ ਕੋਈ ਸਾਰਥਕ ਭੂਮਿਕਾ ਨਾ ਨਿਭਾ ਸਕਣ ਦੀ ਉਨ੍ਹਾਂ ਦੇ ਮਨ ਵਿੱਚ ਵੱਡੀ ਪੀੜ ਹੈ। ਪ੍ਰੋ. ਚੰਦੂਮਾਜਰਾ ਨੇ ਕਿਹਾ ਕਿ ਸਰਕਾਰ ਦੇ ਲੋਕ ਵਿਰੋਧੀ ਅਤੇ ਪੰਜਾਬ ਵਿਰੋਧੀ ਫ਼ੈਸਲਿਆਂ ਦੇ ਬਾਵਜੂਦ ਸਿਆਸੀ ਸਰਗਰਮੀਆਂ ਦੀ ਘਾਟ ਕਾਰਨ ਸਾਡੀ ਭੂਮਿਕਾ ਸਿਰਫ਼ ਅਖ਼ਬਾਰਾਂ ਦੇ ਬਿਆਨਾਂ ਤੱਕ ਸੀਮਤ ਹੋ ਕੇ ਰਹਿ ਗਈ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਵੱਖ-ਵੱਖ ਧੜਿਆਂ ਵਿੱਚ ਵੰਡੇ ਹੋਣ ਦਾ ਪੰਥ ਵਿਰੋਧੀ ਤਾਕਤਾਂ ਫਾਇਦਾ ਉਠਾ ਰਹੀਆਂ ਹਨ, ਇਸ ਲਈ ਸਮੂਹ ਅਕਾਲੀ ਅਤੇ ਪੰਥਕ ਧਿਰਾਂ ਦਾ ਇੱਕ ਮੰਚ 'ਤੇ ਇਕੱਠੇ ਹੋਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ।ਪ੍ਰੋ. ਚੰਦੂਮਾਜਰਾ ਨੇ ਕਿਹਾ ਕਿ ਮੇਰੇ ਵੱਲੋਂ ਪਿਛਲੇ ਦਿਨੀਂ ਪੰਥਕ ਏਕਤਾ ਲਈ ਇੱਕ ਮੰਚ 'ਤੇ ਇਕੱਠੇ ਹੋਣ ਦੀ ਕੀਤੀ ਅਪੀਲ 'ਤੇ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਜਨਤਕ ਤੌਰ 'ਤੇ ਦਿੱਤੇ ਪ੍ਰਤੀਕਰਮ ਤੋਂ ਮਹਿਸੂਸ ਹੋਇਆ ਹੈ ਕਿ ਉਨ੍ਹਾਂ ਨਾਲ ਸਾਡੀ ਸੋਚ, ਵਿਚਾਰ ਅਤੇ ਕਾਰਜਸ਼ੈਲੀ ਆਪਸੀ ਤੌਰ 'ਤੇ ਮੇਲ ਨਹੀਂ ਖਾਂਦੀ। ਇਸ ਲਈ ਮੇਰੇ ਵੱਲੋਂ ਆਪਣੇ ਅਤੇ ਗਿਆਨੀ ਹਰਪ੍ਰੀਤ ਸਿੰਘ ਦੇ ਮਨਾਂ ਤੋਂ ਬੇਲੋੜਾ ਭਾਰ ਉਤਾਰਦਿਆਂ ਪੁਨਰ ਸੁਰਜੀਤ ਅਕਾਲੀ ਦਲ ਜਥੇਬੰਦੀ ਤੋਂ ਵੱਖ ਹੋਣ ਦਾ ਫ਼ੈਸਲਾ ਕੀਤਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਪੰਥ, ਪੰਜਾਬ, ਪੰਜਾਬੀਅਤ ਅਤੇ ਪੰਜਾਬ ਦੇ ਹੱਕਾਂ ਦੀ ਰਾਖੀ ਲਈ ਉਨ੍ਹਾਂ ਦੀ ਵਚਨਬੱਧਤਾ ਪਹਿਲਾਂ ਵਾਂਗ ਹੀ ਕਾਇਮ ਰਹੇਗੀ।

ਰੂਪਪ੍ਰੀਤ ਕੌਰ ਨੇ ਜਿੱਤਿਆ ਚਾਂਦੀ ਦਾ ਤਮਗਾ


ਭੀਖੀ (ਗੁਰਿੰਦਰ ਸਿੰਘ ਔਲਖ)-ਸਥਾਨਕ ਸਰਵਹਿੱਤਕਾਰੀ ਵਿੱਦਿਆ



ਮੰਦਰ ਦੀ ਹੋਣਹਾਰ ਵਿਦਿਆਰਥਣ ਰੂਪਪ੍ਰੀਤ ਕੌਰ ਨੇ ਸਰਕਾਰੀ ਸਕੂਲ ਸਟੇਟ ਖੇਡਾਂ ਤੀਰਅੰਦਾਜ਼ੀ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਚਾਂਦੀ ਦਾ ਤਗਮਾ (ਸਿਲਵਰ ਮੈਡਲ) ਹਾਸਲ ਕੀਤਾ ਹੈ। ਇਹ ਖੇਡ ਮੁਕਾਬਲੇ ਕੇ. ਸੀ. ਟੀ. ਕਾਲਜ ਫਤਹਿਗੜ੍ਹ (ਸੰਗਰੂਰ) ਵਿਖੇ ਆਯੋਜਿਤ ਕੀਤੇ ਗਏ ਸਨ।ਅੰਡਰ-14 ਵਰਗ ਵਿੱਚ ਖੇਡਦਿਆਂ ਰੂਪਪ੍ਰੀਤ ਕੌਰ ਨੇ ਆਪਣੀ ਬਿਹਤਰੀਨ ਖੇਡ ਸਦਕਾ ਨਾ ਸਿਰਫ਼ ਮੈਡਲ ਜਿੱਤਿਆ, ਬਲਕਿ ਸਕੂਲ ਗੇਮਜ਼ ਫੈਡਰੇਸ਼ਨ ਆਫ਼ ਇੰਡੀਆ ਦੇ ਰਾਸ਼ਟਰੀ ਮੁਕਾਬਲਿਆਂ ਲਈ ਵੀ ਕੁਆਲੀਫਾਈ ਕਰ ਲਿਆ ਹੈ।ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ, ਸਕੂਲ ਪ੍ਰਿੰਸੀਪਲ ਡਾ. ਗਗਨਦੀਪ ਪਰਾਸ਼ਰ ਅਤੇ ਸਮੂਹ ਅਧਿਆਪਕਾਂ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਰੂਪਪ੍ਰੀਤ ਕੌਰ ਦੀ ਇਸ ਮਿਹਨਤ ਅਤੇ ਪ੍ਰਾਪਤੀ 'ਤੇ ਪੂਰੇ ਸਕੂਲ ਅਤੇ ਇਲਾਕੇ ਨੂੰ ਮਾਣ ਹੈ। ਉਨ੍ਹਾਂ ਨੇ ਰੂਪਪ੍ਰੀਤ ਅਤੇ ਉਸ ਦੇ ਪਰਵਾਰ ਨੂੰ ਵਧਾਈ ਦਿੱਤੀ ਅਤੇ ਅਗਲੇ ਰਾਸ਼ਟਰੀ ਪੱਧਰ ਦੇ ਮੁਕਾਬਲਿਆਂ ਲਈ ਸ਼ੁੱਭਕਾਮਨਾਵਾਂ ਭੇਟ ਕੀਤੀਆਂ।

ਆਜ਼ਾਦ ਉਮੀਦਵਾਰ ਰਾਕੇਸ਼ ਬੱਗਾ ਨੂੰ ਮਿਲ ਰਿਹਾ ਭਰਵਾਂ ਹੁੰਗਾਰਾ

ਦੇਵੀਗੜ੍ਹ /ਸਨੌਰ (ਰਜਿੰਦਰ ਸਿੰਘ ਥਿੰਦ)- ਹਲਕਾ ਸਨੌਰ ਤੋਂ ਆਜ਼ਾਦ ਤੌਰ 'ਤੇ ਚੋਣ ਲੜ ਰਹੇ ਉਮੀਦਵਾਰ ਰਾਕੇਸ਼ ਬੱਗਾ ਨੂੰ ਲੋਕਾਂ ਦਾ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਹਲਕੇ ਅੰਦਰ ਲੋਕਾਂ ਦੇ ਮਿਲ ਰਹੇ ਹੁੰਗਾਰੇ ਕਾਰਨ ਚੋਣਾਂ ਲੜ ਰਹੇ ਸਾਰੀਆਂ ਪਾਰਟੀਆਂ ਦੇ ਉਮੀਦਵਾਰਾਂ ਦੀ ਨੀਂਦ ਉੱਡ ਗਈ। ਪਿੰਡ ਧਰੇੜੀ



ਜੱਟਾਂ ਵਿਖੇ ਹਲਕਾ ਸਨੌਰ ਤੋਂ ਆਜ਼ਾਦ ਉਮੀਦਵਾਰ ਰਾਕੇਸ਼ ਬੱਗਾ ਦੇ ਹੱਕ 'ਚ ਧਰਮਿੰਦਰ ਸਿੰਘ ਅਤੇ ਜਸਵੀਰ ਸਿੰਘ ਵੱਲੋਂ ਇਕ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਪਿੰਡ ਵਾਸੀਆਂ ਨੂੰ ਆ ਰਹੀਆਂ ਮੁਸ਼ਕਿਲਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਵੱਖ-ਵੱਖ ਸਿਆਸੀ ਪਾਰਟੀਆਂ ਨਾਲ ਸਬੰਧਤ ਆਗੂਆਂ ਅਤੇ ਵਰਕਰਾਂ ਨੇ ਆਪਣੀਆਂ ਪੁਰਾਣੀਆਂ ਪਾਰਟੀਆਂ ਨੂੰ ਅਲਵਿਦਾ ਕਹਿੰਦਿਆਂ ਰਾਕੇਸ਼ ਬੱਗਾ ਦੇ ਨਾਲ ਚੱਲਣ ਦਾ ਫੈਸਲਾ ਕੀਤਾ।ਮੀਟਿੰਗ ਦੌਰਾਨ ਰਾਕੇਸ਼ ਬੱਗਾ ਦਾ ਸਾਥ ਦੇਣ ਵਾਲੇ ਨਵੇਂ ਸਾਥੀਆਂ ਦਾ ਸਵਾਗਤ ਕੀਤਾ ਗਿਆ। ਇਸ ਮੌਕੇ ਬੋਲਦਿਆਂ ਰਾਕੇਸ਼ ਬੱਗਾ ਨੇ ਕਿਹਾ ਕਿ ਲੋਕਾਂ ਵੱਲੋਂ ਦਿੱਤਾ ਜਾ ਰਿਹਾ ਪਿਆਰ ਅਤੇ ਸਮਰਥਨ ਉਨ੍ਹਾਂ ਲਈ ਵੱਡੀ ਹੌਸਲਾ ਅਫ਼ਜ਼ਾਈ ਹੈ। ਉਹ ਹਮੇਸ਼ਾ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਅਤੇ ਇਲਾਕੇ ਦੇ ਲੋਕਾਂ ਦੀ ਆਵਾਜ਼ ਬਣਨ ਲਈ ਯਤਨਸ਼ੀਲ ਰਹਿਣਗੇ। ਮੀਟਿੰਗ 'ਚ ਹਾਜ਼ਰ ਲੋਕਾਂ ਨੇ ਵੀ ਰਾਕੇਸ਼ ਬੱਗਾ ਨੂੰ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ।ਧਰੇੜੀ ਜੱਟਾਂ ਵਿਖੇ ਹੋਈ ਮੀਟਿੰਗ ਤੋਂ ਬਾਅਦ ਰਾਕੇਸ਼ ਬੱਗਾ ਤੇ ਉਨ੍ਹਾਂ ਦੀ ਟੀਮ ਸਵਰਨ ਸਿੰਘ ਬਾਜਵਾ, ਹਰੀ ਸਿੰਘ ਦੌਣਕਲਾਂ, ਪਰਵਿੰਦਰ ਸਿੰਘ, ਹਰਜਿੰਦਰ ਸਿੰਘ ਤੇ ਗੁਰਦੀਪ ਸਿੰਘ, ਧਰਮਿੰਦਰ ਸਿੰਘ, ਲਵਪ੍ਰੀਤ ਸਿੰਘ, ਅਜੇ ਕੁਮਾਰ, ਜਸਵੀਰ ਸਿੰਘ, ਬਲਵੀਰ ਸਿੰਘ ਨੇ ਸਮਰਥਕਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਇਸੇ ਤਰ੍ਹਾਂ ਨਾਲ ਚੱਲਣ ਦੀ ਅਪੀਲ ਕੀਤੀ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Executive Editor : **Resham Singh** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਕਾਰਜਕਾਰੀ ਸੰਪਾਦਕ : **ਰੇਸ਼ਮ ਸਿੰਘ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਅੰਮ੍ਰਿਤਸਰ 'ਚ ਵਿਸ਼ੇਸ਼ ਮੈਰਾਥਨ ਭਲਕੇ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਖੇਡਾਂ ਤੇ ਸਿਹਤਮੰਦ ਜੀਵਨਸ਼ੈਲੀ ਨਾਲ ਜੋੜਨ ਦੇ ਉਦੇਸ਼ ਨਾਲ ਚਲਾਈ ਜਾ ਰਹੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਜ਼ਿਲ੍ਹਾ ਪ੍ਰਸ਼ਾਸਨ ਅੰਮ੍ਰਿਤਸਰ ਵੱਲੋਂ 6 ਨਵੰਬਰ ਨੂੰ ਵਿਸ਼ੇਸ਼ ਮੈਰਾਥਨ ਕਰਵਾਈ ਜਾ ਰਹੀ ਹੈ। ਇਹ ਮੈਰਾਥਨ ਸਵੇਰੇ 8 ਵਜੇ ਗੁਰੂ ਨਾਨਕ ਸਟੇਡੀਅਮ, ਅੰਮ੍ਰਿਤਸਰ ਤੋਂ ਸ਼ੁਰੂ ਹੋਵੇਗੀ, ਜਿਸ ਲਈ ਤਿੰਨ ਕਿਲੋਮੀਟਰ ਦਾ ਰੂਟ ਨਿਰਧਾਰਤ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਮੈਰਾਥਨ ਗੁਰੂ ਨਾਨਕ ਸਟੇਡੀਅਮ ਤੋਂ ਸ਼ੁਰੂ ਹੋ ਕੇ ਨਾਵਲਟੀ ਚੌਕ, ਨਰੂਲਾ ਪੈਲੇਸ ਲਾਈਟ ਤੋਂ ਟੇਲਰ ਰੋਡ ਅਤੇ ਅਲੈਗਜ਼ੈਂਡਰਾ ਸਕੂਲ ਤੋਂ ਹੁੰਦੀ ਹੋਈ ਮੁੜ ਗੁਰੂ ਨਾਨਕ ਸਟੇਡੀਅਮ ਦੇ ਐਥਲੈਟਿਕ ਟਰੈਕ ਵਿਖੇ ਪਹੁੰਚ ਕੇ ਸਮਾਪਤ ਹੋਵੇਗੀ। ਉਨ੍ਹਾਂ ਦੱਸਿਆ ਕਿ ਮੈਰਾਥਨ ਨੂੰ ਸੁਚੱਜੇ ਅਤੇ ਸਫਲ ਢੰਗ ਨਾਲ ਨੇਪਰੇ ਚਾੜ੍ਹਨ ਲਈ ਵੱਖ-ਵੱਖ ਵਿਭਾਗਾਂ ਦੀਆਂ ਕਮੇਟੀਆਂ ਦਾ ਗਠਨ ਕੀਤਾ ਗਿਆ ਹੈ, ਜੋ ਮੈਰਾਥਨ ਦੇ ਪ੍ਰਬੰਧਾਂ, ਰੂਟ ਪ੍ਰਬੰਧਨ, ਸੁਰੱਖਿਆ, ਸਿਹਤ ਸਹੂਲਤਾਂ ਅਤੇ ਹੋਰ ਲੋੜੀਂਦੇ ਪ੍ਰਬੰਧਾਂ ਨੂੰ ਯਕੀਨੀ ਬਣਾਉਣਗੀਆਂ। ਇਸ ਤੋਂ ਇਲਾਵਾ ਮੈਰਾਥਨ ਵਿੱਚ ਭਾਗ ਲੈਣ ਵਾਲੇ ਦੌੜਾਕਾਂ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਰਿਫਰੈਸ਼ਮੈਂਟ ਦਾ ਵਿਸ਼ੇਸ਼ ਪ੍ਰਬੰਧ ਵੀ ਕੀਤਾ ਜਾਵੇਗਾ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਸਰਕਾਰ ਜਾਂ ਪ੍ਰਸ਼ਾਸਨ ਦੀ ਨਹੀਂ, ਸਗੋਂ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਅਜਿਹੇ ਖੇਡ ਸਮਾਗਮ ਨੌਜਵਾਨਾਂ ਵਿੱਚ ਸਿਹਤ ਪ੍ਰਤੀ ਜਾਗਰੂਕਤਾ ਪੈਦਾ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਉਸਾਰੂ ਗਤੀਵਿਧੀਆਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

ਉਨ੍ਹਾਂ ਜ਼ਿਲ੍ਹੇ ਦੇ ਨੌਜਵਾਨਾਂ, ਖਿਡਾਰੀਆਂ, ਵਿਦਿਆਰਥੀਆਂ, ਸਮਾਜਿਕ ਸੰਸਥਾਵਾਂ ਅਤੇ ਹਰ ਵਰਗ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਮੈਰਾਥਨ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਅਤੇ ਨਸ਼ਾ ਮੁਕਤ ਪੰਜਾਬ ਦੀ ਸਿਰਜਣਾ ਲਈ ਆਪਣਾ ਯੋਗਦਾਨ ਪਾਉਣ।

ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਵੱਲੋਂ ਅੱਜ ਤੇ ਭਲਕੇ ਕਲਮਛੋੜ ਹੜਤਾਲ ਦਾ ਐਲਾਨ

*** ਸਰਕਾਰੀ ਦਫ਼ਤਰਾਂ ਵਿੱਚ ਕੰਮ ਰਹੇਗਾ ਮੁਕੰਮਲ ਬੰਦ**



ਗੁਰਦਾਸਪੁਰ, (ਦਿਨੇਸ਼ ਕੁਮਾਰ)-ਪੰਜਾਬ ਸਰਕਾਰ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਅਤੇ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਨੂੰ ਅਣਗੌਲਿਆ ਕਰਨ ਦੇ ਰੋਸ ਵਜੋਂ ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਵੱਲੋਂ ਸੂਬਾ ਪੱਧਰ 'ਤੇ ਦਿੱਤੇ ਗਏ ਸੰਘਰਸ਼ ਦੇ ਸੱਦੇ ਤਹਿਤ ਅੱਜ ਗੁਰਦਾਸਪੁਰ ਦੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵਿਸ਼ਾਲ ਗੇਟ ਰੈਲੀ ਕੀਤੀ ਗਈ। ਇਸ ਦੌਰਾਨ ਰੋਸ ਪ੍ਰਦਰਸ਼ਨ ਕਰਦਿਆਂ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ਗਿਆ ਅਤੇ ਸਰਕਾਰ ਖ਼ਿਲਾਫ਼ ਆਰ-ਪਾਰ ਦੇ ਸੰਘਰਸ਼ ਦਾ ਐਲਾਨ ਕੀਤਾ ਗਿਆ।ਇਸ ਮੌਕੇ ਯੂਨੀਅਨ ਦੇ ਸੂਬਾ ਚੇਅਰਮੈਨ ਰਘਬੀਰ ਸਿੰਘ ਬਡਵਾਲ, ਜ਼ਿਲ੍ਹਾ ਪ੍ਰਧਾਨ ਸਾਵਨ ਸਿੰਘ ਗਿੱਲ, ਗੁਰਜੀਤ ਸਿੰਘ ਰੰਧਾਵਾ, ਇਮੈਨੂਅਲ ਨਾਹਰ (ਜ਼ਿਲ੍ਹਾ ਜਨਰਲ ਸਕੱਤਰ), ਅਸ਼ਵਨੀ ਫੱਜੂਪੁਰ ਅਤੇ ਸਤਨਾਮ ਸਿੰਘ ਭੀਖੋਵਾਲ ਨੇ ਸਾਂਝੇ ਤੌਰ 'ਤੇ ਐਲਾਨ ਕੀਤਾ ਕਿ 5 ਅਤੇ 6 ਨਵੰਬਰ ਨੂੰ ਪੰਜਾਬ ਭਰ ਦੇ ਸਰਕਾਰੀ ਦਫ਼ਤਰਾਂ ਵਿੱਚ ਮੁਲਾਜ਼ਮਾਂ ਵੱਲੋਂ ਮੁਕੰਮਲ ਕਲਮਛੋੜ ਹੜਤਾਲ ਕੀਤੀ ਜਾਵੇਗੀ।ਇਸ ਦੌਰਾਨ ਦਫ਼ਤਰਾਂ ਵਿੱਚ ਕੰਪਿਊਟਰ ਬੰਦ ਰੱਖੇ ਜਾਣਗੇ ਅਤੇ ਸਮੁੱਚਾ ਸਰਕਾਰੀ ਕੰਮਕਾਜ ਠੱਪ ਰਹੇਗਾ।ਯੂਨੀਅਨ ਆਗੂਆਂ ਨੇ ਸਮੂਹ ਸੂਬਾਈ ਅਹੁਦੇਦਾਰਾਂ, ਜ਼ਿਲ੍ਹਾ ਪ੍ਰਧਾਨਾਂ, ਜਨਰਲ ਸਕੱਤਰਾਂ ਅਤੇ ਵੱਖ-ਵੱਖ ਵਿਭਾਗਾਂ ਦੀਆਂ ਕਮੇਟੀਆਂ ਦੇ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਉਹ ਮੁਲਾਜ਼ਮ ਏਕਤਾ ਦਾ ਸਬੂਤ ਦਿੰਦਿਆਂ ਇਸ ਸੰਘਰਸ਼ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ, ਤਾਂ ਜੋ ਸਰਕਾਰ ਨੂੰ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਮੰਨਣ ਲਈ ਮਜਬੂਰ ਕੀਤਾ ਜਾ ਸਕੇ।ਆਗੂਆਂ ਨੇ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਨੂੰ 3 ਫੀਸਦੀ ਡੀ.ਏ. ਦੇਣ ਸਬੰਧੀ ਜਾਰੀ ਕੀਤੇ ਗਏ ਪੱਤਰ ਦੀ ਸਖ਼ਤ ਨਿਖੇਧੀ ਕਰਦਿਆਂ ਕਿਹਾ ਕਿ ਮੁਲਾਜ਼ਮਾਂ ਨੂੰ ਉਨ੍ਹਾਂ ਦਾ ਬਣਦਾ ਪੂਰਾ ਮਹਿੰਗਾਈ ਭੱਤਾ ਅਤੇ ਬਕਾਇਆ ਰਾਸ਼ੀ ਦੇਣ ਦੀ ਬਜਾਏ ਸਰਕਾਰ ਵੱਲੋਂ ਸਿਰਫ਼ 3 ਫੀਸਦੀ ਡੀ.ਏ. ਦੇ ਕੇ ਮੁਲਾਜ਼ਮਾਂ ਨਾਲ ਕੋਝਾ ਮਜ਼ਾਕ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਮਾਨਯੋਗ ਅਦਾਲਤ ਵੱਲੋਂ ਵੀ ਪੂਰਾ ਡੀ.ਏ. ਅਤੇ ਉਸ ਦਾ ਬਕਾਇਆ ਦੇਣ ਸਬੰਧੀ ਹੁਕਮ ਦਿੱਤੇ ਗਏ ਹਨ, ਪਰ ਸਰਕਾਰ ਵੱਲੋਂ ਮੁਲਾਜ਼ਮਾਂ ਦੇ ਹੱਕਾਂ ਨੂੰ ਅਣਦੇਖਿਆ ਕੀਤਾ ਜਾ ਰਿਹਾ ਹੈ। ਇਸ ਕਾਰਨ ਸਮੁੱਚੇ ਮੁਲਾਜ਼ਮ ਵਰਗ ਵਿੱਚ ਭਾਰੀ ਨਿਰਾਸ਼ਾ ਅਤੇ ਰੋਸ ਪਾਇਆ ਜਾ ਰਿਹਾ ਹੈ।ਯੂਨੀਅਨ ਆਗੂਆਂ ਨੇ ਸਪੱਸ਼ਟ ਕੀਤਾ ਕਿ ਜਦੋਂ ਤੱਕ ਸਰਕਾਰ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਦਾ ਨਿਪਟਾਰਾ ਨਹੀਂ ਕਰਦੀ, ਉਦੋਂ ਤੱਕ ਸੰਘਰਸ਼ ਜਾਰੀ ਰਹੇਗਾ ਅਤੇ ਆਉਣ ਵਾਲੇ ਦਿਨਾਂ ਵਿੱਚ ਇਸ ਨੂੰ ਹੋਰ ਤਿੱਖਾ ਕੀਤਾ ਜਾਵੇਗਾ।ਇਸ ਮੌਕੇ ਵਿਜੇ ਕੁਮਾਰ, ਹਰਪ੍ਰੀਤ ਸਿੰਘ, ਪਰਗਟ ਸਿੰਘ, ਜਸਪ੍ਰੀਤ ਸਿੰਘ, ਗੁਰਦਿੱਤ ਸਿੰਘ, ਅਨੁਦੀਪ ਸ਼ਰਮਾ, ਦਲਬੀਰ ਸਿੰਘ ਭੋਗਲ, ਰਾਹੁਲ ਮਹਾਜਨ, ਪੰਡਿਤ ਨਨਿਤ ਰਿਖੀ, ਪ੍ਰਬਜੋਤ ਸਿੰਘ, ਨਵਜੋਧ ਸਿੰਘ, ਰਵੀ ਰਾਜਨ, ਰਾਜਬੀਰ ਸਿੰਘ, ਸ਼ਰਨਜੀਤ ਸਿੰਘ, ਵਿਕਰਮ, ਪ੍ਰਭਦੀਪ ਸਿੰਘ, ਜਗਸੀਰ ਸਿੰਘ, ਕਿਰਨਪਾਲ ਸਿੰਘ, ਅਸ਼ਵਨੀ ਸ਼ਰਮਾ, ਜਸਪਾਲ ਸਿੰਘ ਦਿਓਲ, ਚਾਚਾ ਪ੍ਰੇਮ ਸਿੰਘ, ਰਾਹੁਲ, ਹਰਜੰਤ ਸਿੰਘ, ਲਵਪ੍ਰੀਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਮੁਲਾਜ਼ਮ ਹਾਜ਼ਰ ਸਨ।

'ਮੇਰੀ ਦੁਕਾਨ ਮੇਰੇ ਨਾਮ' ਸਕੀਮ ਤਹਿਤ ਦੁਕਾਨਦਾਰਾਂ ਤੇ ਕਿਰਾਏਦਾਰਾਂ ਤੋਂ ਅਰਜ਼ੀਆਂ ਦੀ ਮੰਗ

ਪਠਾਨਕੋਟ, (ਦਵਿੰਦਰ ਸਿੰਘ) ਨਗਰ ਨਿਗਮ ਪਠਾਨਕੋਟ ਵੱਲੋਂ ਪੰਜਾਬ ਸਰਕਾਰ ਦੇ ਸਥਾਨਕ ਸਰਕਾਰ ਵਿਭਾਗ ਵੱਲੋਂ ਜਾਰੀ ਆਦੇਸ਼ਾਂ ਅਨੁਸਾਰ 'ਮੇਰੀ ਦੁਕਾਨ ਮੇਰੇ ਨਾਮ' ਸਕੀਮ ਤਹਿਤ ਨਗਰ ਨਿਗਮ ਦੀਆਂ ਦੁਕਾਨਾਂ ਦੇ ਯੋਗ ਕਿਰਾਏਦਾਰਾਂ ਨੂੰ ਮਾਲਕੀ ਹੱਕ ਦੇਣ ਦੀ ਪ੍ਰਕਿਰਿਆ ਸ਼ੁਰੂ ਕੀਤੀ ਜਾ ਰਹੀ ਹੈ।ਜਾਣਕਾਰੀ ਦਿੰਦਿਆਂ ਡਾ. ਪੱਲਵੀ ਡਿਪਟੀ ਕਮਿਸ਼ਨਰ ਪਠਾਨਕੋਟ -ਕਮ-ਨਗਰ ਨਿਗਮ ਕਮਿਸ਼ਨਰ ਨੇ ਦੱਸਿਆ ਕਿ ਯੋਗ ਕਿਰਾਏਦਾਰਾਂ ਲੋੜੀਂਦੇ ਦਸਤਾਵੇਜ਼ਾਂ ਸਮੇਤ ਆਪਣੀਆਂ ਅਰਜ਼ੀਆਂ ਜਮ੍ਹਾਂ ਕਰਵਾ ਸਕਦੇ ਹਨ। ਉਨ੍ਹਾਂ ਕਿਹਾ ਕਿ ਇਸ ਸਕੀਮ ਦਾ ਲਾਭ ਲੈਣ ਲਈ ਉਹ ਕਿਰਾਏਦਾਰ ਯੋਗ ਹੋਣਗੇ, ਜਿਨ੍ਹਾਂ ਦਾ ਸਬੰਧਤ ਜਾਇਦਾਦ ਉੱਤੇ 1 ਅਪ੍ਰੈਲ 2008 ਜਾਂ ਇਸ ਤੋਂ ਪਹਿਲਾਂ ਤੋਂ ਲਗਾਤਾਰ ਕਬਜ਼ਾ ਹੋਵੇ।ਬਿਨੈਕਾਰਾਂ ਨੂੰ ਆਪਣੀ ਅਰਜ਼ੀ ਵਿੱਚ ਨਾਮ, ਪਿਤਾ ਦਾ ਨਾਮ, ਉਮਰ, ਪਤਾ, ਮੋਬਾਈਲ ਨੰਬਰ ਅਤੇ ਈ-ਮੇਲ ਤੋਂ ਇਲਾਵਾ ਜਾਇਦਾਦ ਦਾ ਪਤਾ, ਮਿਊਂਸਪਲ ਪ੍ਰਾਪਰਟੀ ਆਈ.ਡੀ. ਨੰਬਰ, ਜਾਇਦਾਦ ਦਾ ਖੇਤਰਫਲ ਅਤੇ ਉਸ ਦੀ ਵਰਤੋਂ ਸਬੰਧੀ ਜਾਣਕਾਰੀ ਦੇਣੀ ਹੋਵੇਗੀ।ਅਰਜ਼ੀ ਦੇ ਨਾਲ ਬਿਨੈਕਾਰ ਦਾ ਪਛਾਣ ਅਤੇ ਪਤੇ ਦਾ ਸਬੂਤ, 1 ਅਪ੍ਰੈਲ 2008 ਜਾਂ ਇਸ ਤੋਂ ਪਹਿਲਾਂ ਤੋਂ ਲੈ ਕੇ 1 ਅਪ੍ਰੈਲ 2020 ਤੱਕ ਦੇ ਕਬਜ਼ੇ ਸਬੰਧੀ ਦਸਤਾਵੇਜ਼, ਅਲਾਟਮੈਂਟ ਜਾਂ ਲੀਜ਼ ਦੇ ਅਸਲ ਕਾਗਜ਼ਾਤ ਅਤੇ ਉਪਲਬਧ ਕਿਰਾਏ ਦੀਆਂ ਰਸੀਦਾਂ ਲਗਾਉਣੀਆਂ ਲਾਜ਼ਮੀ ਹੋਣਗੀਆਂ। ਇਸ ਤੋਂ ਇਲਾਵਾ ਆਮਦਨ ਕਰ ਰਿਟਰਨ ਜਾਂ ਐੱਸ.ਡੀ.ਐੱਮ. ਵੱਲੋਂ ਜਾਰੀ ਆਮਦਨ ਸਰਟੀਫਿਕੇਟ, ਕਿਰਾਇਆ, ਪ੍ਰਾਪਰਟੀ ਟੈਕਸ, ਪਾਣੀ ਅਤੇ ਸੀਵਰੇਜ ਚਾਰਜਿਜ਼ ਦੀਆਂ ਤਾਜ਼ਾ ਰਸੀਦਾਂ ਅਤੇ ਕਬਜ਼ੇ ਵਾਲੇ ਹਿੱਸੇ ਦਾ ਸਾਈਟ ਪਲਾਨ ਵੀ ਜਮ੍ਹਾ ਕਰਵਾਉਣਾ ਹੋਵੇਗਾ।ਉਨਾਂ ਕਿਹਾ ਕਿ ਜੇਕਰ ਬਿਨੈਕਾਰ ਅਸਲ ਕਿਰਾਏਦਾਰ ਦਾ ਕਾਨੂੰਨੀ ਵਾਰਸ ਹੈ ਤਾਂ ਉਸ ਨੂੰ ਮੌਤ ਦਾ ਸਰਟੀਫਿਕੇਟ, ਵਾਰਸ ਹੋਣ ਦਾ ਸਬੂਤ, ਜਿਵੇਂ ਕਿ ਰੈਵੇਨਿਊ ਰਿਕਾਰਡ, ਵਿਰਾਸਤ ਸਰਟੀਫਿਕੇਟ ਜਾਂ ਸਮਰੱਥ ਅਥਾਰਟੀ ਵੱਲੋਂ ਜਾਰੀ ਸਰਟੀਫਿਕੇਟ ਵੀ ਨੱਥੀ ਕਰਨਾ ਹੋਵੇਗਾ।ਇਸ ਦੇ ਨਾਲ ਹੋਰ ਲੋੜੀਂਦੇ ਦਸਤਾਵੇਜ਼ ਅਤੇ ਐਨੈਕਸਚਰ-ਏ ਵਿੱਚ ਦਿੱਤੇ ਐਲਾਨਾਂ ਸਬੰਧੀ ਹਲਫ਼ਨਾਮਾ ਵੀ ਦੇਣਾ ਪਵੇਗਾ।ਨਗਰ ਨਿਗਮ ਵੱਲੋਂ ਦੱਸਿਆ ਗਿਆ ਹੈ ਕਿ ਯੋਗ ਕਿਰਾਏਦਾਰ ਆਪਣੀਆਂ ਦਰਖਾਸਤਾਂ ਲੋੜੀਂਦੇ ਦਸਤਾਵੇਜ਼ਾਂ ਸਮੇਤ ਨਗਰ ਨਿਗਮ ਦੀ ਰੈਂਟ ਸ਼ਾਖਾ ਵਿੱਚ ਦਫ਼ਤਰੀ ਕੰਮਕਾਜ ਵਾਲੇ ਦਿਨ ਜਮ੍ਹਾਂ ਕਰਵਾ ਸਕਦੇ ਹਨ।

ਪੁਲਸ ਕਿੱਥੇ ਕਰਦੀ ਐ ਲੋਕਾਂ ਦੀ ਸੁਣਵਾਈ



ਵੇਰਕਾ (ਰਾਣਾ)-ਪੁਲਸ ਥਾਣਾ ਕੱਥੂਨੰਗਲ ਤੋਂ ਕੁਝ ਇਕ ਗਜ਼ਾਂ ਦੀ ਦੂਰੀ ਤੇ ਚਿੱਟੇ ਦਿਨੀਂ ਕਰਿਆਨੇ ਦੀ ਦੁਕਾਨ ਵਿੱਚੋਂ ਹੋਈ ਚੋਰੀ ਦੀ ਸ਼ਿਕਾਇਤ ਥਾਣੇ ਦਿੱਤੀ ਨੂੰ ਲਗਭਗ ਇਕ ਮਹੀਨੇ ਦਾ ਸਮਾਂ ਲੰਘ ਗਿਆ ਹੈ ਪ੍ਰੰਤੂ ਅੱਜ ਤੱਕ ਮੇਰੀ ਕੋਈ ਸੁਣਵਾਈ ਨਹੀਂ ਹੋਈ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪੀੜਤ ਕਰਿਆਨਾ ਦੁਕਾਨਦਾਰ ਰਾਜਵਿੰਦਰ ਸਿੰਘ ਰਾਜੂ ਪੁੱਤਰ ਸਿੰਗਾਰਾ ਸਿੰਘ ਵਾਸੀ ਕੱਥੂਨੰਗਲ ਨੇ ਪੱਤਰਕਾਰਾਂ ਨਾਲ ਦੁਖੀ ਹਿਰਦੇ ਨਾਲ ਕਰਦੇ ਹੋਏ ਮਾਨਯੋਗ ਮੁੱਖ ਮੰਤਰੀ ਸਾਹਿਬ ਪੰਜਾਬ ਸਰਕਾਰ, ਮਾਨਯੋਗ ਡੀ. ਜੀ. ਪੀ. ਪੰਜਾਬ ਪੁਲਿਸ ਵਿਭਾਗ ਪੰਜਾਬ, ਮਾਨਯੋਗ ਆਈ. ਜੀ ਪੰਜਾਬ ਪੁਲਸ ਬਾਰਡਰ ਰੇਂਜ ਅੰਮ੍ਰਿਤਸਰ, ਮਾਨਯੋਗ ਐੱਸ.ਐੱਸ.ਪੀ.ਸਾਹਿਬ ਪੁਲਿਸ ਜ਼ਿਲ੍ਹਾ ਅੰਮ੍ਰਿਤਸਰ (ਦਿਹਾਤੀ) ਅਤੇ ਮਾਨਯੋਗ ਡੀ. ਐੱਸ. ਪੀ. ਸਾਹਿਬ ਪੰਜਾਬ ਪੁਲਿਸ ਮਜੀਠਾ ਪਾਸੋਂ ਫੌਰੀ ਇਨਸਾਫ ਦਿਵਾਉਣ ਦੀ ਮੰਗ ਕੀਤੀ ਹੈ।

ਇਸ ਮੌਕੇ ਉਕਤ ਪੀੜਤ ਨੇ ਦੱਸਿਆ ਕਿ ਮੇਰੇ ਵਾਰ-ਵਾਰ ਥਾਣੇ ਗੇੜੇ ਮਾਰਨ ਦੇ ਬਾਵਜੂਦ ਕੋਈ ਕਾਨੂੰਨੀ ਕਾਰਵਾਈ ਕਰਨ ਦੀ ਗੱਲ ਤਾਂ ਦੂਰ ਪੁਲਸ ਨੇ ਸਥਾਨਕ ਦੁਕਾਨ ਵਿੱਚ ਹੋਈ ਚੋਰੀ ਦਾ ਮੌਕਾ ਤੱਕ ਨਹੀਂ ਵੇਖਿਆ ਹੈ।ਪੁਲਸ ਚੋਰਾਂ ਖਿਲਾਫ ਕਿੱਥੇ ਕਰਦੀ ਐ ਕਾਰਵਾਈ ਜਿਸ ਕਾਰਨ ਅਸੀਂ ਸਹਿਮ ਦੇ ਸਾਏ ਹੇਠ ਦਿਨ ਕੱਟਣ ਲਈ ਮਜਬੂਰ ਹੋਏ ਪਏ ਹਾਂ। ਉਨ੍ਹਾਂ ਖਦਸ਼ਾ ਜਾਹਿਰ ਕੀਤਾ ਹੈ ਕਿ ਪੁਲਿਸ ਵੱਲੋਂ ਵਰਤੀ ਗਈ ਢਿੱਲ-ਮੱਠ ਕਾਰਨ ਨਿਕਟ ਭਵਿੱਖ ਵਿੱਚ ਸਾਡਾ ਕੋਈ ਵੱਡਾ ਜਾਨੀ ਤੇ ਮਾਲੀ ਨੁਕਸਾਨ ਨਾ ਹੋ ਜਾਵੇ।ਇਸ ਸੰਬੰਧ ਵਿੱਚ ਪੀੜਤ ਰਾਜਵਿੰਦਰ ਸਿੰਘ ਰਾਜੂ ਨੇ ਫੌਰੀ ਇਨਸਾਫ ਦਿਵਾਉਣ ਲਈ ਗੁਹਾਰ ਲਗਾਈ ਹੈ।

ਮੈਂਬਰ ਪੰਚਾਇਤ ਹਰਦਿਆਲ ਸਿੰਘ ਤੇ ਠੇਕੇਦਾਰ ਹਰਪਾਲ ਸਿੰਘ ਸਾਥੀਆਂ ਸਮੇਤ ਕਾਂਗਰਸ 'ਚ ਸ਼ਾਮਲ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ) ਪਿੰਡ ਚੰਬਾ ਕਲਾਂ ਵਿਖੇ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਵੱਡਾ ਸਿਆਸੀ ਝਟਕਾ ਲੱਗਾ ਜਦੋਂ ਮੌਜੂਦਾ ਮੈਂਬਰ ਪੰਚਾਇਤ ਸ. ਹਰਦਿਆਲ ਸਿੰਘ ਅਤੇ ਉੱਘੇ ਠੇਕੇਦਾਰ ਸ. ਹਰਪਾਲ ਸਿੰਘ ਨੇ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਨਿਰਾਸ਼ ਹੋ ਕੇ ਕਾਂਗਰਸ ਪਾਰਟੀ ਦਾ ਪੱਲਾ ਫੜ ਲਿਆ।

ਇਸ ਮੌਕੇ ਸਾਬਕਾ ਹਲਕਾ ਵਿਧਾਇਕ ਖਡੂਰ ਸਾਹਿਬ ਰਮਨਜੀਤ ਸਿੰਘ ਸਿੱਕੀ ਨੇ ਕਾਂਗਰਸ ਪਰਿਵਾਰ ਵਿੱਚ ਸ਼ਾਮਲ ਹੋਣ ਵਾਲੇ ਦੋਵਾਂ ਆਗੂਆਂ ਅਤੇ ਉਨ੍ਹਾਂ ਦੇ ਸਾਥੀਆਂ ਦਾ ਨਿੱਘਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਪਾਰਟੀ ਵਿੱਚ ਬਣਦਾ ਮਾਣ-ਸਨਮਾਨ ਦੇਣ ਦਾ ਭਰੋਸਾ ਦਿੱਤਾ।ਇਸ ਮੌਕੇ ਸ. ਰਮਨਜੀਤ ਸਿੰਘ ਸਿੱਕੀ ਨੇ ਕਿਹਾ ਕਿ ਹਲਕਾ ਖਡੂਰ ਸਾਹਿਬ ਅੰਦਰ ਕਾਂਗਰਸ ਪਾਰਟੀ ਦਾ ਪਰਿਵਾਰ ਲਗਾਤਾਰ ਵੱਡਾ ਹੋ ਰਿਹਾ ਹੈ। ਵੱਖ-ਵੱਖ ਪਾਰਟੀਆਂ ਦੇ ਆਗੂਆਂ ਅਤੇ ਵਰਕਰਾਂ ਦਾ ਕਾਂਗਰਸ ਵਿੱਚ ਸ਼ਾਮਲ ਹੋਣਾ ਇਸ ਗੱਲ ਦਾ ਸੰਕੇਤ ਹੈ ਕਿ ਲੋਕ ਹੁਣ ਬਦਲਾਅ ਦੇ ਨਾਂਅ 'ਤੇ ਕੀਤੇ ਗਏ ਵਾਅਦਿਆਂ ਅਤੇ ਅਸਲ ਜ਼ਮੀਨੀ ਹਕੀਕਤ ਵਿਚਲੇ ਫ਼ਰਕ ਨੂੰ ਸਮਝ ਚੁੱਕੇ ਹਨ। ਲੋਕਾਂ ਨੂੰ ਸਿਰਫ਼ ਚੋਣਾਂ ਸਮੇਂ ਕੀਤੇ ਵਾਅਦੇ ਨਹੀਂ, ਸਗੋਂ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ, ਇਲਾਕੇ ਦਾ ਵਿਕਾਸ ਅਤੇ ਹਰ ਵਰਗ ਦਾ ਸਤਿਕਾਰ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਪੰਜਾਬ ਦੇ ਲੋਕਾਂ ਨਾਲ ਵੱਡੇ-ਵੱਡੇ ਵਾਅਦੇ ਕਰਕੇ ਸੱਤਾ ਹਾਸਲ ਕੀਤੀ ਸੀ, ਪਰ ਅੱਜ ਲੋਕ ਆਪਣੇ ਆਪ ਨੂੰ ਠੱਗਿਆ ਹੋਇਆ ਮਹਿਸੂਸ ਕਰ ਰਹੇ ਹਨ।ਪਿੰਡਾਂ ਦੇ ਲੋਕਾਂ ਦੀਆਂ ਮੁਸ਼ਕਲਾਂ, ਨੌਜਵਾਨਾਂ ਦੇ ਰੁਜ਼ਗਾਰ, ਕਿਸਾਨਾਂ ਦੀਆਂ ਸਮੱਸਿਆਵਾਂ ਅਤੇ ਆਮ ਪਰਿਵਾਰਾਂ ਦੀਆਂ ਉਮੀਦਾਂ ਨੂੰ ਗੰਭੀਰਤਾ ਨਾਲ ਸੁਣਨ ਅਤੇ ਹੱਲ ਕਰਨ ਦੀ ਲੋੜ ਹੈ।ਕਾਂਗਰਸ ਪਾਰਟੀ ਲੋਕਾਂ ਦੇ ਹੱਕਾਂ ਦੀ ਲੜਾਈ ਪਹਿਲਾਂ ਵੀ ਲੜਦੀ ਰਹੀ ਹੈ ਅਤੇ ਅੱਗੇ ਵੀ ਲੋਕਾਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਰਹੇਗੀ।ਸਿੱਕੀ ਨੇ ਅੱਗੇ ਕਿਹਾ ਕਿ ਕਾਂਗਰਸ ਪਾਰਟੀ ਵਿੱਚ ਹਰ ਪੁਰਾਣੇ ਅਤੇ ਨਵੇਂ ਵਰਕਰ ਨੂੰ ਬਰਾਬਰ ਸਤਿਕਾਰ ਦਿੱਤਾ ਜਾਂਦਾ ਹੈ।ਪਾਰਟੀ ਕਿਸੇ ਇੱਕ ਵਿਅਕਤੀ ਦੀ ਨਹੀਂ, ਸਗੋਂ ਸਮੁੱਚੇ ਵਰਕਰਾਂ ਦੀ ਸਾਂਝੀ ਤਾਕਤ ਹੈ।ਹਰਦਿਆਲ ਸਿੰਘ ਅਤੇ ਹਰਪਾਲ ਸਿੰਘ ਵਰਗੇ ਮਿਹਨਤੀ ਆਗੂਆਂ ਦੇ ਸ਼ਾਮਲ ਹੋਣ ਨਾਲ ਪਿੰਡ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਕਾਂਗਰਸ ਪਾਰਟੀ ਨੂੰ ਹੋਰ ਮਜ਼ਬੂਤੀ ਮਿਲੇਗੀ।ਉਨ੍ਹਾਂ ਕਿਹਾ ਕਿ ਮਿਸ਼ਨ 2027 ਨੂੰ ਮੁੱਖ ਰੱਖਦਿਆਂ ਹਲਕਾ ਖਡੂਰ ਸਾਹਿਬ ਦੇ ਹਰ ਪਿੰਡ ਵਿੱਚ ਲੋਕਾਂ ਨਾਲ ਸੰਪਰਕ ਹੋਰ ਮਜ਼ਬੂਤ ਕੀਤਾ ਜਾਵੇਗਾ।

ਕਾਂਗਰਸ ਪਾਰਟੀ ਦਾ ਹਰ ਵਰਕਰ ਲੋਕਾਂ ਦੀਆਂ ਸਮੱਸਿਆਵਾਂ ਨੂੰ ਆਪਣੀ ਸਮੱਸਿਆ ਸਮਝ ਕੇ ਉਨ੍ਹਾਂ ਦੇ ਹੱਲ ਲਈ ਯਤਨ ਕਰੇਗਾ। ਸਾਡਾ ਮਕਸਦ ਸਿਰਫ਼ ਸਿਆਸੀ ਤਾਕਤ ਹਾਸਲ ਕਰਨਾ ਨਹੀਂ, ਸਗੋਂ ਹਲਕੇ ਨੂੰ ਵਿਕਾਸ, ਖੁਸ਼ਹਾਲੀ ਅਤੇ ਲੋਕ-ਪੱਖੀ ਰਾਜਨੀਤੀ ਵੱਲ ਲੈ ਕੇ ਜਾਣਾ ਹੈ।ਅੰਤ ਵਿੱਚ ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਸਾਰੇ ਸਾਥੀਆਂ ਨੂੰ ਪੂਰਾ ਮਾਣ-ਸਨਮਾਨ ਦਿੱਤਾ ਜਾਵੇਗਾ ਅਤੇ ਉਨ੍ਹਾਂ ਦੇ ਸਹਿਯੋਗ ਨਾਲ ਹਲਕੇ ਅੰਦਰ ਪਾਰਟੀ ਦੀ ਮਜ਼ਬੂਤੀ ਲਈ ਹੋਰ ਵੱਡੇ ਪੱਧਰ ਤੇ ਕੰਮ ਕੀਤਾ ਜਾਵੇਗਾ।ਇਸ ਮੌਕੇ ਉਹਨਾਂ ਨਾਲ ਸਰਪੰਚ ਮਹਿੰਦਰ ਸਿੰਘ ਚੰਬਾ, ਸੁਖਬੀਰ ਸਿੰਘ ਚੰਬਾ, ਜੋਤੀ ਬਾਗੜੀਆਂ,ਪੀ.ਏ ਰਣਜੀਤ ਸਿੰਘ ਰਾਣਾ ਪਵਾਰ, ਹਰਪ੍ਰੀਤ ਸਿੰਘ ਚੰਬਾ ਆਦਿ ਹਾਜ਼ਰ ਸਨ।

ਡੀ ਟੀ ਐੱਫ਼ ਤਰਨ ਤਾਰਨ ਦਾ ਵਫ਼ਦ ਜ਼ਿਲ੍ਹਾ ਖ਼ਜ਼ਾਨਾ ਅਫ਼ਸਰ ਨੂੰ ਮਿਲਿਆ



ਤਰਨ ਤਾਰਨ/ਭਿੱਖੀਵਿੰਡ/ਖਾਲੜਾ (ਪ੍ਰਿਤਪਾਲ ਸਿੰਘ/ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਡੈਮੋਕ੍ਰੈਟਿਕ ਟੀਚਰਜ਼ ਫਰੰਟ (ਡੀਟੀਐੱਫ਼) ਜ਼ਿਲ੍ਹਾ ਤਰਨ ਤਾਰਨ ਦਾ ਵਫ਼ਦ ਜ਼ਿਲ੍ਹਾ ਖ਼ਜ਼ਾਨਾ ਅਫ਼ਸਰ ਮਨਦੀਪ ਸਿੰਘ ਚੌਹਾਨ ਨੂੰ ਮਿਲਿਆ। ਇਸ ਦੌਰਾਨ ਵਫ਼ਦ ਵੱਲੋਂ ਅਧਿਆਪਕਾਂ ਅਤੇ ਹੋਰ ਮੁਲਾਜ਼ਮਾਂ ਨੂੰ ਪੇਸ਼ ਆ ਰਹੀਆਂ ਵੱਖ-ਵੱਖ ਸਮੱਸਿਆਵਾਂ ਸਬੰਧੀ ਵਿਸਥਾਰਪੂਰਵਕ ਚਰਚਾ ਕੀਤੀ ਗਈ। ਵਫ਼ਦ ਨੇ ਵਿਸ਼ੇਸ਼ ਤੌਰ 'ਤੇ ਸੇਵਾਮੁਕਤ ਐੱਨਪੀਐੱਸ ਮੁਲਾਜ਼ਮਾਂ ਦੇ ਪੇਅ ਕਮਿਸ਼ਨ ਦੇ ਬਕਾਏ ਜਾਰੀ ਕਰਨ, ਮਿਡ-ਡੇ-ਮੀਲ ਦੇ ਬਿੱਲ ਰੱਦ ਹੋਣ ਦੀ ਸਮੱਸਿਆ,ਹੋਰ ਬਿੱਲਾਂ ਨਾਲ ਸਬੰਧਤ ਕਾਰਵਾਈ ਅਤੇ ਅਧਿਆਪਕਾਂ ਨੂੰ ਪੇਸ਼ ਆ ਰਹੀਆਂ ਹੋਰਨਾਂ ਵਿੱਤੀ ਤੇ ਪ੍ਰਸ਼ਾਸਨਿਕ ਸਮੱਸਿਆਵਾਂ ਦੇ ਮਾਮਲੇ ਉਠਾਏ।

ਜ਼ਿਲ੍ਹਾ ਖ਼ਜ਼ਾਨਾ ਅਫ਼ਸਰ ਮਨਦੀਪ ਸਿੰਘ ਚੌਹਾਨ ਨੇ ਵਫ਼ਦ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਵੱਲੋਂ ਉਠਾਏ ਗਏ ਮਸਲਿਆਂ ਦੇ ਹੱਲ ਲਈ ਲੋੜੀਂਦੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਨੇ ਮੌਕੇ ਤੇ ਹੀ ਸਮੱਸਿਆਵਾਂ ਦੇ ਨਿਪਟਾਰੇ ਦਾ ਭਰੋਸਾ ਵੀ ਦਿੱਤਾ।ਇਸ ਮੌਕੇ ਕੰਵਰਦੀਪ ਸਿੰਘ ਢਿੱਲੋਂ, ਅਮਰਦੀਪ, ਸਰਬਜੀਤ ਸਿੰਘ, ਸਵਿੰਦਰ ਸਿੰਘ ਸੰਧੂ ਅਤੇ ਬਰਿੰਦਰ ਸਿੰਘ ਹਾਜ਼ਰ ਸਨ।

ਰੀ-ਅਪੀਅਰ/ਕੰਪਾਰਟਮੈਂਟ ਪ੍ਰੀਖਿਆ ਫੀਸਾਂ ਪ੍ਰਾਪਤ ਕਰਨ ਦਾ ਸ਼ਡਿਊਲ ਜਾਰੀ

ਮੁਹਾਲੀ (ਗੁਰਜੀਤ ਬਿੱਲਾ)-ਦਸਵੀਂ ਅਤੇ ਬਾਰ੍ਹਵੀਂ ਸ਼੍ਰੇਣੀ ਫਰਵਰੀ/ਮਾਰਚ 2027 (ਕੇਵਲ ਓਪਨ ਸਕੂਲ ਕੈਟਾਗਿਰੀ) ਦੀਆਂ ਰੀ-ਅਪੀਅਰ/ਕੰਪਾਰਟਮੈਂਟ ਅਤੇ ਕਾਰਗੁਜਾਰੀ ਸੁਧਾਰ ਲਈ ਆਨਲਾਈਨ ਪਰੀਖਿਆ ਫਾਰਮ ਅਤੇ ਪ੍ਰੀਖਿਆ ਫੀਸਾਂ ਪ੍ਰਾਪਤ ਕਰਨ ਦਾ ਸ਼ਡਿਊਲ ਜਾਰੀ ਕਰ ਦਿੱਤਾ ਗਿਆ ਹੈ । ਇਸ ਸਬੰਧੀ ਹੋਰ ਵਧੇਰੇ ਜਾਣਕਾਰੀ ਲਈ ਪ੍ਰਾਸਪੈਕਟਸ ਬੋਰਡ ਦੀ ਵੈਬਸਾਈਟ www.pseb.ac.in 'ਤੇ ਉਪਲਬੱਧ ਹੈ।

ਐੱਚ ਡੀ ਐੱਫ ਸੀ ਬੈਂਕ ਨੂੰ ਕੈਪੀਟਲ ਗੇਨ ਅਕਾਊਂਟ ਸਕੀਮ ਤਹਿਤ ਜਮ੍ਹਾ ਰਾਸ਼ੀ ਸਵੀਕਾਰ ਕਰਨ ਦੀ ਮਿਲੀ ਮਨਜ਼ੂਰੀ

ਅੰਮ੍ਰਿਤਸਰ : ਐੱਚ.ਡੀ.ਐੱਫ.ਸੀ. ਬੈਂਕ ਨੂੰ ਕੈਪੀਟਲ ਗੇਨ ਅਕਾਊਂਟ ਸਕੀਮ (ਸੀ.ਜੀ.ਏ.ਐੱਸ.), 1988 ਤਹਿਤ ਜਮ੍ਹਾ ਰਾਸ਼ੀ ਸਵੀਕਾਰ ਕਰਨ ਲਈ ਸਰਕਾਰੀ ਮਨਜ਼ੂਰੀ ਮਿਲ ਗਈ ਹੈ।ਇਸ ਸਕੀਮ ਰਾਹੀਂ ਟੈਕਸਦਾਤਾ ਆਪਣੇ ਅਣਵਰਤੇ ਪੂੰਜੀ ਲਾਭ ਨੂੰ ਵੱਧ ਤੋਂ ਵੱਧ ਤਿੰਨ ਸਾਲਾਂ ਲਈ ਬੈਂਕ ਵਿੱਚ ਜਮ੍ਹਾ ਕਰਵਾ ਸਕਦੇ ਹਨ ਅਤੇ ਵਿਆਜ ਦੇ ਨਾਲ ਟੈਕਸ ਛੋਟ ਦਾ ਲਾਭ ਲੈ ਸਕਦੇ ਹਨ।ਗਾਹਕ ਬੈਂਕ ਦੀਆਂ ਸ਼ਹਿਰੀ ਅਤੇ ਅਰਧ-ਸ਼ਹਿਰੀ ਸ਼ਾਖਾਵਾਂ ਵਿੱਚ ਬਚਤ ਖਾਤਾ (ਏ) ਜਾਂ ਫਿਕਸਡ ਡਿਪਾਜ਼ਿਟ (ਬੀ) ਖੋਲ੍ਹ ਸਕਦੇ ਹਨ।ਬੈਂਕ ਦੀ ਅਧਿਕਾਰੀ ਸੁਨਾਲੀ ਰੋਹੜਾ ਨੇ ਕਿਹਾ ਕਿ ਇਸ ਸਹੂਲਤ ਨਾਲ ਗਾਹਕਾਂ ਨੂੰ ਆਪਣੇ ਪੂੰਜੀ ਲਾਭ ਦੀ ਰਕਮ ਸੁਰੱਖਿਅਤ ਰੱਖਣ ਅਤੇ ਟੈਕਸ ਲਾਭ ਪ੍ਰਾਪਤ ਕਰਨ ਵਿੱਚ ਮਦਦ ਮਿਲੇਗੀ।

ਦੀਵਾਲੀ ਤੇ ਪ੍ਰਕਾਸ਼ ਉਤਸਵ 'ਤੇ ਵਿਦਿਆਰਥੀਆਂ ਨੂੰ ਕੱਪੜੇ, ਮਠਿਆਈ ਤੇ ਖਾਣ-ਪੀਣ ਦੀ ਸਮੱਗਰੀ ਵੰਡੀ

ਅੰਮ੍ਰਿਤਸਰ (ਅਰੋੜਾ): ਗੁਰੂ ਦੀ ਨਗਰੀ ਵਿਖੇ ਦੇਸ਼ ਅਤੇ ਸਮਾਜ ਭਲਾਈ ਲਈ ਸ਼ਲਾਘਾਯੋਗ ਕਾਰਜ ਕਰ ਰਹੀ ਏ.ਆਈ.ਸੀ.ਈ. ਸੁਸਾਇਟੀ ਰਜਿ. ਵੱਲੋਂ ਟੀ.ਐੱਮ.ਏ. ਅਤੇ ਏ.ਡੀ.ਸੀ.ਸੀ.ਆਈ. ਅਤੇ ਰੋਟਰੀ ਨਾਰਥ ਦੇ ਸਹਿਯੋਗ ਨਾਲ ਵਿਸ਼ਵ ਭਰ ਵਿੱਚ ਮਨਾਏ ਜਾਣ ਵਾਲੇ ਇਤਿਹਾਸਕ ਪਵਿੱਤਰ ਤਿਉਹਾਰ ਦੀਵਾਲੀ ਅਤੇ ਗੁਰੂ ਪੂਰਬ, ਬੰਦੀ ਛੋੜ ਦਿਵਸ ਅਤੇ ਮਹਾਂਰਿਸ਼ੀ ਭਗਵਾਨ ਵਾਲਮੀਕਿ ਜੀ ਦੇ ਪ੍ਰਕਾਸ਼ ਉਤਸਵ ਦੇ ਮੌਕੇ ਤੇ ਸਮਾਗਮ ਦਾ ਆਯੋਜਨ ਅੰਮ੍ਰਿਤਵਾਣੀ ਸਤਿਸੰਗ ਹਾਲ ਖੰਡਵਾਲਾ ਚੌਕ ਵਿਖੇ ਕੀਤਾ ਗਿਆ।

ਸਮਾਗਮ ਵਿਖੇ ਸੋਸਾਇਟੀ ਦੇ ਸੈਂਟਰ ਵਿੱਚ ਸਿੱਖਿਆ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਵਿੱਚ ਲੜਕੀਆਂ ਨੂੰ ਲੇਡੀਜ਼ ਸੂਟ ਅਤੇ ਲੜਕਿਆਂ ਨੂੰ ਟੀ-ਸ਼ਰਟਾਂ, ਮਿਠਾਈ, ਆਈਸਕ੍ਰੀਮ, ਫਲ-ਫਰੂਟ ਅਤੇ ਹੋਰ ਖਾਣ-ਪੀਣ ਦੀ ਸਮੱਗਰੀ ਵੰਡੀ ਗਈ।ਸੋਸਾਇਟੀ ਦੇ ਪ੍ਰਧਾਨ ਐੱਸ.ਪੀ. ਅਰੋੜਾ, ਪੈਟਰਨ ਰਸਜੀਤ ਸਿੰਘ ਖੇੜਾ, ਚੇਅਰਮੈਨ ਐਡਵੋਕੇਟ ਆਰ.ਕੇ. ਉੱਪਲ, ਡਾਇਰੈਕਟਰ ਡਾ. ਕੁਲਦੀਪ ਸਿੰਘ ਅਰੋੜਾ, ਡਾਇਰੈਕਟਰ ਪ੍ਰਿੰਸੀਪਲ ਰਾਜੇਸ਼ ਪ੍ਰਭਾਕਰ, ਮੀਤ ਪ੍ਰਧਾਨ ਸੰਜੇ ਮਲਿਕ, ਸਕੱਤਰ ਤੇ ਐੱਮ.ਓ.ਸੀ. ਆਰ.ਐੱਸ ਚੱਠਾ, ਚੀਫ਼ ਐਡਵਾਈਜ਼ਰ ਵਿਜੇ ਭਸੀਨ ਦੀ ਦੇਖ-ਰੇਖ ਹੇਠ ਕਰਵਾਏ ਗਏ ਇਸ ਸਮਾਗਮ ਵਿੱਚ ਟੈਕਸਟਾਈਲ ਮੈਨੂਫੈਕਚਰ ਐਸੋਸੀਏਸ਼ਨ ਦੇ ਪ੍ਰਧਾਨ ਦੀਪਕ ਖੰਨਾ, ਸਕੱਤਰ ਰਾਜੀਵ ਖੰਨਾ, ਏ.ਡੀ.ਸੀ.ਸੀ.ਆਈ. ਦੇ ਜਨਰਲ ਸਕੱਤਰ ਵਿਕਾਸ ਸਰਪਾਲ, ਐਗਜ਼ੈਕਟਿਵ ਮੈਂਬਰ ਪੁਲਕਿਤ ਅਰੋੜਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਸਮਾਗਮ ਦੀ ਸ਼ੁਰੂਆਤ ਰਾਸ਼ਟਰੀ ਗੀਤ ਅਨੁਸਾਰ ਰਾਸ਼ਟਰੀ ਗਾਇਨ





ਨਾਲ ਕੀਤੀ ਗਈ ਉਸ ਤੋਂ ਬਾਅਦ ਪੈਟਰਨ ਰਸਜੀਤ ਸਿੰਘ ਖੇੜਾ ਨੇ ਦੀਵਾਲੀ, ਗੁਰੂ ਪੂਰਬ, ਬੰਦੀ ਛੋੜ ਦਿਵਸ ਅਤੇ ਭਗਵਾਨ ਵਾਲਮੀਕਿ ਜੀ ਦੇ ਪ੍ਰਕਾਸ਼ ਉਤਸਵ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ।ਸਕੱਤਰ ਆਰ.ਐੱਸ ਚੱਠਾ ਨੇ ਸੋਸਾਇਟੀ ਵੱਲੋਂ ਕੀਤੇ ਜਾ ਰਹੇ ਦੇਸ਼ ਅਤੇ ਸਮਾਜ ਭਲਾਈ ਦੇ ਕਾਰਜਾਂ ਬਾਰੇ ਵਿਸਥਾਰ ਨਾਲ ਦੱਸਿਆ।ਟੀ.ਐੱਮ.ਏ. ਪ੍ਰਧਾਨ ਦੀਪਕ ਖੰਨਾ ਅਤੇ ਵਿਕਾਸ ਸਰਪਾਲ ਨੇ ਆਪਣੀਆਂ ਸੰਸਥਾਵਾਂ ਬਾਰੇ ਅਤੇ ਉਨ੍ਹਾਂ ਵੱਲੋਂ ਕੀਤੇ ਜਾਣ ਵਾਲੇ ਕਾਰਜਾਂ ਦੀ ਜਾਣਕਾਰੀ ਦਿੱਤੀ।

ਸਮਾਗਮ ਵਿੱਚ ਅੰਮ੍ਰਿਤਵਾਣੀ ਸਤਿਸੰਗ ਦੇ ਪ੍ਰਮੁੱਖ ਸੇਵਕ ਬ੍ਰਜੇਸ਼ ਬੇਦੀ ਨੇ ਸਾਰਿਆਂ ਨੂੰ ਦੀਵਾਲੀ ਅਤੇ ਗੁਰੂ ਪੂਰਬ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ।

ਸਾਰੀਆਂ ਸੰਸਥਾਵਾਂ ਨੇ ਮਿਲ ਕੇ ਲੜਕੀਆਂ ਨੂੰ ਕੱਪੜੇ, ਮਿਠਾਈ ਅਤੇ ਹੋਰ ਖਾਣ-ਪੀਣ ਦੀ ਸਮੱਗਰੀ ਵੰਡੀ। ਸਮਾਗਮ ਦੇ ਅੰਤ ਵਿੱਚ ਏ.ਆਈ.ਸੀ.ਈ. ਸੋਸਾਇਟੀ ਵੱਲੋਂ ਪ੍ਰਧਾਨ ਦੀਪਕ ਖੰਨਾ, ਰਾਜੀਵ ਖੰਨਾ, ਵਿਕਾਸ ਸਰਪਾਲ ਅਤੇ ਬ੍ਰਜੇਸ਼ ਬੇਦੀ ਨੂੰ ਯਾਦਗਰੀ ਚਿੰਨ੍ਹ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਬਾਲ ਰੋਗ ਮਾਹਿਰ ਡਾ. ਨਰੇਸ਼ ਗਰੋਵਰ, ਸਮਾਜ ਸੇਵਕ ਅੰਦੇਸ਼ ਭੱਲਾ, ਕੇ. ਐੱਸ. ਚੱਠਾ, ਰਮੇਸ਼ ਮਹਾਜਨ, ਪਰਮੀਤ ਸਿੰਘ ਖੇੜਾ, ਪ੍ਰਿੰਸੀਪਲ ਇੰਦੂ ਗੁਲਾਟੀ, ਹਰਜਿੰਦਰ ਕੌਰ ਚੱਠਾ, ਇੰਜੀ. ਮਨਜੀਤ ਸਿੰਘ, ਸੰਦੀਪ ਗੁਲਾਟੀ, ਸੈਂਟਰ ਪ੍ਰਿੰਸੀਪਲ ਕਮਲਦੀਪ ਕੌਰ, ਮੈਡਮ ਪੁਨੀਤ, ਮੈਡਮ ਪ੍ਰੀਤੀ, ਨੇਹਾ, ਅਮਨਪ੍ਰੀਤ ਕੌਰ, ਸਿਮਰਨਜੀਤ ਕੌਰ, ਮਨਪ੍ਰੀਤ ਕੌਰ, ਆਸ਼ੂ ਪਹਿਲਵਾਨ ਸਮੇਤ ਭਾਰੀ ਗਿਣਤੀ ਵਿੱਚ ਖੇਤਰ ਦੇ ਪਤਵੰਤੇ ਸੱਜਣ ਮੌਜੂਦ ਸਨ।

ਨਸ਼ਾ ਛੁਡਾਊ ਕੇਂਦਰਾਂ 'ਚ ਪੀੜਤਾਂ ਨੂੰ ਸਕਿਲ ਸੰਬੰਧੀ ਕੀਤਾ ਜਾਗਰੂਕ



ਗੁਰਦਾਸਪੁਰ, (ਜਨਕ ਮਹਾਜਨ)- ਡਿਪਟੀ ਕਮਿਸ਼ਨਰ ਗੁਰਦਾਸਪੁਰ ਆਦਿਤਿਆ ਉੱਪਲ ਦੀ ਅਗਵਾਈ ਹੇਠ ਜਿਥੇ ਡਰੱਗ ਹਾਟਸਪਾਟ ਖੇਤਰ ਵਿਚ ਸਪੋਰਟਸ ਗਤੀਵਿਧੀਆਂ, ਸੀ. ਸੀ. ਟੀ. ਵੀ. ਕੈਮਰਿਆਂ ਸਮੇਤ ਵੱਖ-ਵੱਖ ਵਿਕਾਸ ਕੰਮ ਕਰਵਾਏ ਜਾ ਰਹੇ ਹਨ, ਉਸ ਦੇ ਨਾਲ ਨਸ਼ੇ ਦੇ ਜਾਲ ਵਿਚ ਫਸੇ ਵਿਅਕਤੀਆਂ ਦੇ ਮੁੜ ਵਸੇਬੇ ਲਈ ਵੀ ਯਤਨ ਜਾਰੀ ਹਨ। ਨਰੇਸ਼ ਕੁਮਾਰ ਜ਼ਿਲ੍ਹਾ ਰੁਜ਼ਗਾਰ ਅਫਸਰ ਗੁਰਦਾਸਪੁਰ ਨੇ ਦੱਸਿਆ ਕਿ ਉਨ੍ਹਾਂ ਦੇ ਵਿਭਾਗ ਵਲੋਂ ਨਸ਼ਾ ਛੁਡਾਊ ਕੇਂਦਰਾਂ ਵਿੱਚ ਜਾ ਕੇ ਪੀੜਤਾਂ ਨੂੰ ਮਿਲ ਕੇ ਉਨ੍ਹਾਂ ਨੂੰ ਸਕਿਲ ਪ੍ਰੋਗਰਾਮ ਬਾਰੇ ਵਿਸਥਾਰ ਵਿਚ ਜਾਣਕਾਰੀ ਦਿੱਤੀ ਜਾ ਰਹੀ ਹੈ ਤਾਂ ਜੋ ਉਹ ਮੁੜ ਆਪਣੇ ਨਵੇ ਜੀਵਨ ਦੀ ਸ਼ੁਰੂਆਤ ਕਰ ਸਕਣ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਰੋਜਗਾਰ ਬਿਊਰੋ ਕਾਰੋਬਾਰ ਦੀ ਟੀਮ ਵਲੋਂ 'ਉਮੀਦ ਡਰੱਗ ਡੀ-ਅਡਿਕਸ਼ਨ ਸੈਂਟਰ' ਅਤੇ 'ਸੇਵਾ ਡਰੱਗ ਡੀ-ਅਡਿਕਸ਼ਨ ਸੈਂਟਰ' ਗੁਰਦਾਸਪੁਰ ਦਾ ਦੌਰਾ ਕੀਤਾ ਗਿਆ ਅਤੇ ਬੀ.ਐਮ.ਐਮ ਸਕਿਲ ਡਿਵੈਲਪਮੈਂਟ ਤੋਂ ਮਨਪ੍ਰੀਤ ਸਿੰਘ, ਜ਼ਿਲ੍ਹਾ ਰੋਜ਼ਗਾਰ ਦਫਤਰ ਤੋਂ ਗਗਨ ਧਾਲੀਵਾਲ ਅਤੇ ਰਾਜਵਿੰਦਰ ਸਿੰਘ ਵੱਲੋਂ ਨਸ਼ਾ ਪੀੜਤਾਂ ਨੂੰ ਮਿਲ ਕੇ ਉਨ੍ਹਾਂ ਦੀ ਕਾਉਂਸਲਿੰਗ ਕੀਤੀ ਗਈ ਅਤੇ ਸਕਿਲ ਡਿਵੈਪਮੈਂਟ ਮਿਸ਼ਨ ਤਹਿਤ ਸਕਿਲ ਟਰੇਨਿੰਗ ਪ੍ਰੋਗਰਾਮ ਦੀ ਵਿਸਥਾਰ ਵਿਚ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਜਿਲ੍ਹਾ ਰੁਜ਼ਗਾਰ ਅਤੇ ਕਾਰੋਬਾਰ ਬਿਊਰੋ, ਕਮਰਾ ਨੰਬਰ 217,ਬੀ ਬਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ ਵਿਖੇ ਕਿਸੇ ਵੀ ਕੰਮ ਵਾਲੇ ਦਿਨ ਵਿਜ਼ਟ ਕਰਕੇ ਇਨ੍ਹਾਂ ਸਾਰੀਆਂ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਪ੍ਰਾਪਤ ਕਰ ਸਕਦੇ ਹਨ।

ਕਬਾੜ ਦੀ ਦੁਕਾਨ ਤੋਂ ਡੇਢ ਲੱਖ ਰੁਪਏ ਦਾ ਪਿੱਤਲ ਤੇ ਤਾਂਬਾ ਚੋਰੀ

ਧਾਰੀਵਾਲ, (ਮਨਦੀਪ ਵਿੱਕੀ)-ਪੁਲਸ ਥਾਣਾ ਧਾਰੀਵਾਲ ਦੇ ਪਿੰਡ ਸੋਹਲ ਵਿਖੇ ਬੀਤੀ ਰਾਤ ਅਣਪਛਾਤੇ ਚੋਰਾਂ ਵੱਲੋਂ ਇਕ ਕਬਾੜ ਦੀ ਦੁਕਾਨ ਨੂੰ ਨਿਸ਼ਾਨਾ ਬਣਾਉਂਦਿਆਂ ਕਰੀਬ ਡੇਢ ਲੱਖ ਰੁਪਏ ਦੀ ਕੀਮਤ ਦਾ ਪਿੱਤਲ ਅਤੇ ਤਾਂਬਾ ਚੋਰੀ ਕਰ ਲਏ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ।ਘਟਨਾ ਸਬੰਧੀ ਜਾਣਕਾਰੀ ਦਿੰਦਿਆਂ ਪੀੜਤ ਦੁਕਾਨਦਾਰ ਗੁਰਮੀਤ ਸਿੰਘ ਪੁੱਤਰ ਅਮਰੀਕ ਸਿੰਘ ਵਾਸੀ ਪਿੰਡ ਤਰੀਜਾ ਨਗਰ ਨੇ ਦੱਸਿਆ ਕਿ ਉਸਦੀ ਪਿੰਡ ਸੋਹਲ ਵਿਖੇ ਕਬਾੜ ਦੀ ਦੁਕਾਨ ਹੈ। ਉਨ੍ਹਾਂ ਨੂੰ ਸਵੇਰੇ ਕਿਸੇ ਵਿਅਕਤੀ ਦਾ ਫ਼ੋਨ ਆਇਆ ਕਿ ਤੁਹਾਡੀ ਦੁਕਾਨ ਦੇ ਤਾਲੇ ਟੁੱਟੇ ਹੋਏ ਹਨ। ਜਦੋਂ ਉਨ੍ਹਾਂ ਮੌਕੇ ਤੇ ਪਹੁੰਚ ਕੇ ਛਾਣਬੀਨ ਕੀਤੀ ਤਾਂ ਪਤਾ ਲੱਗਾ ਕਿ ਅਣਪਛਾਤੇ ਚੋਰ ਦੁਕਾਨ ਦੇ ਅੰਦਰੋਂ ਲਗਪਗ ਡੇਢ ਲੱਖ ਰੁਪਏ ਦੀ ਕੀਮਤ ਦਾ ਪਿੱਤਲ ਅਤੇ ਤਾਂਬੇ ਦਾ ਸਾਮਾਨ ਚੋਰੀ ਕਰਕੇ ਲੈ ਗਏ ਹਨ। ਦੁਕਾਨਦਾਰ ਅਨੁਸਾਰ ਚੋਰੀ ਦੀ ਇਹ ਪੂਰੀ ਵਾਰਦਾਤ ਸੀ.ਸੀ.ਟੀ.ਵੀ. ਕੈਮਰਿਆਂ ਵਿੱਚ ਕੈਦ ਹੋ ਗਈ ਹੈ, ਜਿਸ ਵਿੱਚ ਚੋਰਾਂ ਦੀ ਫੁਟੇਜ ਸਾਹਮਣੇ ਆਈ ਹੈ। ਇਸ ਘਟਨਾ ਸਬੰਧੀ ਥਾਣਾ ਧਾਰੀਵਾਲ ਦੀ ਪੁਲੀਸ ਨੂੰ ਸੂਚਨਾ ਦੇ ਦਿੱਤੀ ਗਈ ਹੈ।

ਸੜਕਾਂ 'ਤੇ ਪਸ਼ੂਆਂ ਦੇ ਘੁੰਮਣ-ਫਿਰਨ ਤੇ ਚਰਾਉਣ 'ਤੇ ਪਾਬੰਦੀ ਦੇ ਹੁਕਮ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) ਜ਼ਿਲ੍ਹਾ ਮੈਜਿਸਟਰੇਟ ਅੰਮ੍ਰਿਤਸਰ ਦਲਵਿੰਦਰਜੀਤ ਸਿੰਘ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹੇ ਦੀਆਂ ਸੜਕਾਂ 'ਤੇ ਪਸ਼ੂਆਂ ਦੇ ਘੁੰਮਣ-ਫਿਰਨ ਅਤੇ ਸੜਕਾਂ ਦੇ ਆਲੇ-ਦੁਆਲੇ ਚਰਾਉਣ 'ਤੇ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ। ਜਾਰੀ ਹੁਕਮਾਂ ਅਨੁਸਾਰ ਪਸ਼ੂਪਾਲਕਾਂ ਅਤੇ ਚਰਵਾਹਿਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਆਪਣੇ ਪਸ਼ੂਆਂ ਨੂੰ ਵਾੜਿਆਂ ਦੇ ਅੰਦਰ ਹੀ ਰੱਖਣ ਅਤੇ ਵਾੜਿਆਂ ਦੀ ਸਾਫ਼-ਸਫ਼ਾਈ ਦਾ ਵਿਸ਼ੇਸ਼ ਧਿਆਨ ਰੱਖਣ, ਤਾਂ ਜੋ ਸਫ਼ਾਈ ਅਤੇ ਜਨਤਕ ਸੁਰੱਖਿਆ ਨੂੰ ਯਕੀਨੀ ਬਣਾਇਆ ਜਾ ਸਕੇ। ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਵੱਖ-ਵੱਖ ਜਥੇਬੰਦੀਆਂ ਵੱਲੋਂ ਇਹ ਮਾਮਲਾ ਜ਼ਿਲ੍ਹਾ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਂਦਾ ਗਿਆ ਹੈ ਕਿ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਕਈ ਪਸ਼ੂਪਾਲਕਾਂ ਅਤੇ ਚਰਵਾਹਿਆਂ ਵੱਲੋਂ ਆਪਣੇ ਪਸ਼ੂਆਂ ਨੂੰ ਚਰਾਉਣ ਲਈ ਸੜਕਾਂ 'ਤੇ ਲਿਆਂਦਾ ਜਾਂਦਾ ਹੈ ਅਤੇ ਸੜਕਾਂ ਦੇ ਆਲੇ-ਦੁਆਲੇ ਖੁੱਲ੍ਹਾ ਛੱਡ ਦਿੱਤਾ ਜਾਂਦਾ ਹੈ। ਇਸ ਕਾਰਨ ਆਵਾਜਾਈ ਵਿੱਚ ਵਿਘਨ ਪੈਂਦਾ ਹੈ ਅਤੇ ਕਈ ਵਾਰ ਸੜਕ ਹਾਦਸੇ ਵਾਪਰਨ ਦਾ ਖ਼ਤਰਾ ਵੀ ਬਣਿਆ ਰਹਿੰਦਾ ਹੈ, ਜਿਸ ਨਾਲ ਵਾਹਨ ਚਾਲਕਾਂ ਅਤੇ ਪਸ਼ੂਆਂ ਦਾ ਜਾਨੀ-ਮਾਲੀ ਨੁਕਸਾਨ ਹੋ ਸਕਦਾ ਹੈ। ਹੁਕਮਾਂ ਅਨੁਸਾਰ ਸੜਕਾਂ ਦੇ ਕਿਨਾਰਿਆਂ 'ਤੇ ਛਾਂ ਅਤੇ ਹਰਿਆਲੀ ਲਈ ਲਗਾਏ ਗਏ ਪੌਦਿਆਂ ਨੂੰ ਵੀ ਇਹ ਪਸ਼ੂ ਨੁਕਸਾਨ ਪਹੁੰਚਾਉਂਦੇ ਹਨ। ਇਸ ਤੋਂ ਇਲਾਵਾ ਕਈ ਵਾਰ ਪਸ਼ੂਆਂ ਵੱਲੋਂ ਕਿਸਾਨਾਂ ਦੀਆਂ ਫ਼ਸਲਾਂ ਦਾ ਨੁਕਸਾਨ ਵੀ ਕੀਤਾ ਜਾਂਦਾ ਹੈ। ਇਸ ਕਾਰਨ ਕਿਸਾਨਾਂ ਅਤੇ ਪਸ਼ੂਪਾਲਕਾਂ/ਚਰਵਾਹਿਆਂ ਵਿਚਕਾਰ ਆਪਸੀ ਤਕਰਾਰ ਪੈਦਾ ਹੋਣ ਦੀ ਸੰਭਾਵਨਾ ਬਣੀ ਰਹਿੰਦੀ ਹੈ, ਜਿਸ ਨਾਲ ਅਮਨ-ਕਾਨੂੰਨ ਦੀ ਸਥਿਤੀ ਪ੍ਰਭਾਵਿਤ ਹੋ ਸਕਦੀ ਹੈ। ਜ਼ਿਲ੍ਹਾ ਮੈਜਿਸਟਰੇਟ ਨੇ ਕਿਹਾ ਕਿ ਇਨ੍ਹਾਂ ਸਮੱਸਿਆਵਾਂ ਨੂੰ ਰੋਕਣ, ਸੜਕ ਸੁਰੱਖਿਆ ਯਕੀਨੀ ਬਣਾਉਣ, ਸਰਕਾਰੀ ਅਤੇ ਨਿੱਜੀ ਜਾਇਦਾਦ ਦੀ ਰਾਖੀ ਕਰਨ ਅਤੇ ਅਮਨ-ਕਾਨੂੰਨ ਦੀ ਸਥਿਤੀ ਬਰਕਰਾਰ ਰੱਖਣ ਲਈ ਇਹ ਪਾਬੰਦੀ ਲਗਾਉਣੀ ਜ਼ਰੂਰੀ ਹੈ।ਇਹ ਹੁਕਮ 2 ਜਨਵਰੀ 2027 ਤੱਕ ਲਾਗੂ ਰਹਿਣਗੇ।



ਕਾਂਗਰਸ ਪਾਰਟੀ ਵੱਲੋਂ ਸੰਗਰੂਰ ਵਿਖੇ ਕੀਤੀ ਜਾ ਰਹੀ ਇਨਸਾਫ਼ ਰੈਲੀ ਵਿੱਚ ਖਡੂਰ ਸਾਹਿਬ ਤੋਂ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਅਤੇ ਪੰਜਾਬ ਮੀਤ ਪ੍ਰਧਾਨ ਰਾਜਬੀਰ ਸਿੰਘ ਪੱਖੋਕੇ ਦੀ ਅਗਵਾਈ ਸੈਂਕੜੇ ਸਾਥੀਆਂ ਸਮੇਤ ਰੈਲੀ ਵਿੱਚ ਸ਼ਾਮਿਲ ਹੋਣ ਲਈ ਰਵਾਨਾ ਹੁੰਦੇ ਹੋਏ। (ਫੋਟੋ ਤੇ ਵੇਰਵਾ: ਹਰਜਿੰਦਰ ਸਿੰਘ ਸੋਨੀ)

ਪੰਜਾਬ ਦੀਆਂ ਮੰਡੀਆਂ 'ਚੋਂ 137.10 ਲੱਖ ਮੀਟ੍ਰਿਕ ਟਨ ਝੋਨੇ ਦੀ ਹੋਈ ਖਰੀਦ : ਬਰਸਟ

ਮੁਹਾਲੀ (ਗੁਰਜੀਤ ਬਿੱਲਾ)-ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਸਾਉਣੀ ਖਰੀਦ ਸੀਜਨ 2026-27 ਤਹਿਤ ਝੋਨੇ ਦੇ ਖਰੀਦ ਕਾਰਜਾਂ ਤੇ ਸੰਤੁਸ਼ਟੀ ਜਤਾਉਂਦੀਆਂ ਦੱਸਿਆ ਕਿ ਪੰਜਾਬ ਰਾਜ ਦੀਆਂ ਮੰਡੀਆਂ ਵਿੱਚ ਕੀਤੇ ਗਏ ਪੁਖਤਾ ਪ੍ਰਬੰਧਾਂ ਸਦਕਾ ਹੁਣ ਤੱਕ 137.10 ਲੱਖ ਮੀਟ੍ਰਿਕ ਟਨ ਝੋਨੇ ਦੀ ਫਸਲ ਦੀ ਖਰੀਦ ਹੋ ਚੁੱਕੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਹੋਇਆ ਬਰਸਟ ਨੇ ਦੱਸਿਆ ਕਿ ਪੰਜਾਬ ਰਾਜ ਦੀਆਂ ਮੰਡੀਆਂ ਵਿੱਚ 3 ਨਵੰਬਰ ਤੱਕ 142.50 ਲੱਖ ਮੀਟ੍ਰਿਕ ਟਨ ਝੋਨੇ ਦੀ ਫਸਲ ਦੀ ਆਮਦ ਹੋਈ ਹੈ, ਜਿਸ ਵਿੱਚੋਂ 137.10 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਹੋ ਚੁੱਕੀ ਹੈ। ਸਰਕਾਰੀ ਏਜੰਸੀਆਂ ਵੱਲੋਂ 135.46 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਗਈ ਹੈ। ਮੰਡੀਆਂ ਵਿੱਚੋਂ 96.69 ਲੱਖ ਮੀਟ੍ਰਿਕ ਟਨ ਫਸਲ ਦੀ ਲਿਫਟਿੰਗ ਹੋ ਚੁੱਕੀ ਹੈ।

ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ ਖਰੀਦੇ ਝੋਨੇ ਬਾਰੇ ਜਾਣਕਾਰੀ ਦਿੰਦਿਆਂ ਚੇਅਰਮੈਨ ਨੇ ਦੱਸਿਆ ਕਿ ਪਨਗ੍ਰੇਨ ਵੱਲੋਂ ਸਭ ਤੋਂ ਵੱਧ 57,68,392 ਮੀਟ੍ਰਿਕ ਟਨ ਝੋਨੇ ਦੀ ਫਸਲ ਦੀ ਖਰੀਦ ਕੀਤੀ ਗਈ ਹੈ। ਇਸੇ ਤਰ੍ਹਾਂ ਮਾਰਕਫੈਡ ਵੱਲੋਂ 33,80,584 ਮੀਟ੍ਰਿਕ ਟਨ, ਪਨਸਪ ਵਲੋਂ 27,91,543 ਮੀਟ੍ਰਿਕ ਟਨ, ਵੇਅਰ ਹਾਊਸ ਵੱਲੋਂ 15,30,596 ਮੀਟ੍ਰਿਕ ਟਨ, ਐਫ ਸੀ ਆਈ ਵੱਲੋਂ 74,545 ਮੀਟ੍ਰਿਕ ਟਨ ਅਤੇ ਪ੍ਰਾਈਵੇਟ ਵਪਾਰੀਆਂ ਵੱਲੋਂ 1,64,497 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਗਈ ਹੈ। ਬੀਤੇ ਮੰਗਲਵਾਰ ਨੂੰ ਮੰਡੀਆਂ ਵਿੱਚ 6.18 ਲੱਖ ਮੀਟ੍ਰਿਕ ਟਨ ਝੋਨੇ ਦੀ ਫਸਲ ਦੀ ਆਮਦ ਹੋਈ ਹੈ, ਜਦਕਿ 5.96 ਲੱਖ ਮੀਟ੍ਰਿਕ ਟਨ ਦੀ ਖਰੀਦ ਹੋਈ ਹੈ ਅਤੇ 5.49 ਲੱਖ ਮੀਟ੍ਰਿਕ ਟਨ ਝੋਨੇ ਦੀ ਲਿਫਟਿੰਗ ਹੋਈ ਹੈ।

ਦੱਖਣੀ ਪ੍ਰਚਾਰ-ਪ੍ਰਸਾਰ ਲਹਿਰ ਯਾਤਰਾ ਦੀ ਸੰਪੂਰਨਤਾ 'ਤੇ ਸਮੂਹ ਸਿੱਖ ਜਥੇਬੰਦੀਆਂ ਤੇ ਸੰਗਤਾਂ ਦਾ ਧੰਨਵਾਦ

ਅੰਮ੍ਰਿਤਸਰ (ਜਸਵੀਰ ਸਿੰਘ ਪੱਟੀ)-ਨਿਹੰਗ ਸਿੰਘਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਵੱਲੋਂ ਮਹਾਰਾਸ਼ਟਰ ਅਤੇ ਦੱਖਣੀ ਭਾਰਤ ਵਿੱਚ ਸਿੱਖੀ ਦੇ ਪ੍ਰਚਾਰ-ਪ੍ਰਸਾਰ ਦੀ ਲਹਿਰ ਨੂੰ ਹੋਰ ਪ੍ਰਚੰਡ ਕਰਨ ਦੇ ਉਦੇਸ਼ ਨਾਲ ਪੰਜਾਬ ਤੋਂ ਆਰੰਭ ਕੀਤੀ ਗਈ ਧਾਰਮਿਕ ਯਾਤਰਾ ਦੇ ਸਫਲਤਾਪੂਰਵਕ ਸੰਪੂਰਨ ਹੋਣ 'ਤੇ ਸਮੂਹ ਸਿੱਖ ਜਥੇਬੰਦੀਆਂ, ਸੰਤ-ਮਹਾਂਪੁਰਖਾਂ, ਧਾਰਮਿਕ ਸਭਾਵਾਂ, ਸੇਵਾ ਸੁਸਾਇਟੀਆਂ ਅਤੇ ਦੇਸ਼-ਵਿਦੇਸ਼ ਦੀਆਂ ਸੰਗਤਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਹੈ।ਬੁੱਢਾ ਦਲ ਦੇ ਮੈਨੇਜਰ ਸ. ਪਰਮਜੀਤ ਸਿੰਘ ਬਾਜਵਾ ਵੱਲੋਂ ਜਾਰੀ ਪ੍ਰੈੱਸ ਬਿਆਨ ਵਿੱਚ ਬਾਬਾ ਬਲਬੀਰ ਸਿੰਘ 96 ਕਰੋੜੀ ਨੇ ਦੱਸਿਆ ਕਿ ਇਹ ਧਾਰਮਿਕ ਯਾਤਰਾ ਨਿਸ਼ਾਨ ਸਾਹਿਬਾਨ ਅਤੇ ਨਗਾਰਿਆਂ ਦੀ ਛਤਰ-ਛਾਇਆ ਹੇਠ ਪਾਲਕੀ ਸਾਹਿਬ ਅਤੇ ਦਲ ਪੰਥ ਸਮੇਤ ਨਗਰ ਕੀਰਤਨ ਦੇ ਰੂਪ ਵਿੱਚ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਤੋਂ ਆਰੰਭ ਹੋਈ।ਇਹ ਯਾਤਰਾ ਹੈਦਰਾਬਾਦ, ਬੀਦਰ, ਛਤਰਪਤੀ ਸੰਭਾਜੀਨਗਰ (ਔਰੰਗਾਬਾਦ) ਤੋਂ ਹੁੰਦੀ ਹੋਈ ਮੁੰਬਈ ਵਿਖੇ ਸੰਪੂਰਨ ਹੋਈ।ਇਸ ਦੌਰਾਨ ਵੱਖ-ਵੱਖ ਸਥਾਨਾਂ 'ਤੇ ਸੰਗਤਾਂ ਵੱਲੋਂ ਭਾਰੀ ਸ਼ਰਧਾ, ਉਤਸ਼ਾਹ ਅਤੇ ਸਤਿਕਾਰ ਨਾਲ ਨਗਰ ਕੀਰਤਨ ਦਾ ਸਵਾਗਤ ਕੀਤਾ ਗਿਆ।ਉਨ੍ਹਾਂ ਕਿਹਾ ਕਿ ਇਸ ਪਾਵਨ ਧਾਰਮਿਕ ਯਾਤਰਾ ਨੂੰ ਸਫਲ ਬਣਾਉਣ ਵਿੱਚ ਵੱਖ-ਵੱਖ ਸੰਤਾਂ-ਮਹਾਂਪੁਰਖਾਂ, ਸਿੱਖ ਜਥੇਬੰਦੀਆਂ, ਧਾਰਮਿਕ ਸੰਸਥਾਵਾਂ, ਸੇਵਾ ਸੁਸਾਇਟੀਆਂ ਅਤੇ ਸਥਾਨਕ ਸੰਗਤਾਂ ਦਾ ਵਿਸ਼ੇਸ਼ ਯੋਗਦਾਨ ਰਿਹਾ ਹੈ। ਸੰਗਤਾਂ ਵੱਲੋਂ ਲੰਗਰਾਂ, ਰਿਹਾਇਸ਼, ਆਵਾਜਾਈ ਅਤੇ ਹੋਰ ਲੋੜੀਂਦੀਆਂ ਸੇਵਾਵਾਂ ਦੇ ਪ੍ਰਬੰਧ ਕਰਕੇ ਗੁਰੂ ਘਰ ਪ੍ਰਤੀ ਆਪਣੀ ਅਥਾਹ ਸ਼ਰਧਾ ਅਤੇ ਸੇਵਾ ਭਾਵਨਾ ਦਾ ਪ੍ਰਗਟਾਵਾ ਕੀਤਾ ਗਿਆ।ਬਾਬਾ ਬਲਬੀਰ ਸਿੰਘ 96 ਕਰੋੜੀ ਨੇ ਇਨ੍ਹਾਂ ਸਾਰੀਆਂ ਸੇਵਾਵਾਂ ਨੂੰ ਗੁਰੂ ਸਾਹਿਬ ਦੀ ਬਖ਼ਸ਼ਿਸ਼ ਅਤੇ ਸੰਗਤਾਂ ਦੀ ਗੁਰੂ ਘਰ ਪ੍ਰਤੀ ਸਮਰਪਣ ਭਾਵਨਾ ਦਾ ਪ੍ਰਤੀਕ ਦੱਸਦਿਆਂ ਸਭ ਦਾ ਕੋਟਿ-ਕੋਟਿ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਸਿੱਖੀ ਦੇ ਪ੍ਰਚਾਰ-ਪ੍ਰਸਾਰ, ਗੁਰਮਤਿ ਵਿਚਾਰਧਾਰਾ ਦੇ ਪ੍ਰਸਾਰ ਅਤੇ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਨੂੰ ਦੇਸ਼ ਦੇ ਵੱਖ-ਵੱਖ ਖੇਤਰਾਂ ਤੱਕ ਪਹੁੰਚਾਉਣ ਲਈ ਅਜਿਹੇ ਧਾਰਮਿਕ ਉਪਰਾਲੇ ਸਮੇਂ ਦੀ ਅਹਿਮ ਲੋੜ ਹਨ। ਉਨ੍ਹਾਂ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਕਿ ਗੁਰੂ ਸਾਹਿਬਾਨ ਵੱਲੋਂ ਦਰਸਾਏ ਸੇਵਾ, ਸਿਮਰਨ, ਸਦਭਾਵਨਾ ਅਤੇ ਸਰਬੱਤ ਦੇ ਭਲੇ ਦੇ ਸਿਧਾਂਤਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਂਦਿਆਂ ਸਿੱਖੀ ਦੇ ਪ੍ਰਚਾਰ-ਪ੍ਰਸਾਰ ਲਈ ਨਿਰੰਤਰ ਯਤਨਸ਼ੀਲ ਰਹਿਣ।ਅੰਤ ਵਿੱਚ ਬਾਬਾ ਬਲਬੀਰ ਸਿੰਘ 96 ਕਰੋੜੀ ਨੇ ਸਤਿਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਚਰਨਾਂ ਵਿੱਚ ਅਰਦਾਸ ਕੀਤੀ ਕਿ ਇਸ ਪਾਵਨ ਯਾਤਰਾ ਦੌਰਾਨ ਸੇਵਾਵਾਂ ਨਿਭਾਉਣ ਵਾਲੀਆਂ ਸਮੂਹ ਸੰਗਤਾਂ ਦੀਆਂ ਭਾਵਨਾਵਾਂ ਅਤੇ ਮਨੋਕਾਮਨਾਵਾਂ ਪੂਰੀਆਂ ਹੋਣ, ਗੁਰੂ ਸਾਹਿਬ ਸਭਨਾਂ ਨੂੰ ਚੜ੍ਹਦੀ ਕਲਾ, ਤੰਦਰੁਸਤੀ ਅਤੇ ਸੇਵਾ-ਸਿਮਰਨ ਦੀ ਦਾਤ ਬਖ਼ਸ਼ਣ। ਉਨ੍ਹਾਂ ਕਿਹਾ ਕਿ ਸਤਿਗੁਰੂ ਦੀ ਅਪਾਰ ਰਹਿਮਤ ਅਤੇ ਸਮੂਹ ਸੰਗਤਾਂ ਦੇ ਸਹਿਯੋਗ ਸਦਕਾ ਯਾਤਰਾ ਨਾਲ ਸਬੰਧਤ ਸਾਰੇ ਧਾਰਮਿਕ ਸਮਾਗਮ ਸ਼ਾਂਤੀਪੂਰਵਕ ਅਤੇ ਸੁਚੱਜੇ ਢੰਗ ਨਾਲ ਸੰਪੰਨ ਹੋਏ ਹਨ।

ਡੀ ਸੀ ਤੇ ਐੱਸ ਐੱਸ ਪੀ ਵੱਲੋਂ ਪਿੰਡਾਂ ਦਾ ਦੌਰਾ; ਕਿਸਾਨਾਂ ਨੂੰ ਪਰਾਲੀ ਨਾ ਸਾੜਨ ਦੀ ਅਪੀਲ



ਬਟਾਲਾ (ਡਾ. ਮਲਵਿੰਦਰ ਸਿੰਘ)-ਡਿਪਟੀ ਕਮਿਸ਼ਨਰ ਗੁਰਦਾਸਪੁਰ ਆਦਿਤਿਆ ਉੱਪਲ ਵੱਲੋਂ ਲਗਾਤਾਰ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਜਾ ਕੇ ਪਰਾਲੀ ਨਾ ਸਾੜਨ ਲਈ ਕਿਸਾਨਾਂ ਨੂੰ ਮਿਲਕੇ ਪਰਾਲੀ ਨਾ ਸਾੜਨ ਲਈ ਅਪੀਲ ਕੀਤੀ ਜਾ ਰਹੀ ਹੈ।ਡਿਪਟੀ ਕਮਿਸ਼ਨਰ ਆਦਿਤਿਆ ਉੱਪਲ ਅਤੇ ਐੱਸ.ਐੱਸ.ਪੀ ਬਟਾਲਾ ਡਾ. ਮਹਿਤਾਬ ਸਿੰਘ ਵਲੋਂ ਬਟਾਲਾ, ਡੇਰਾ ਬਾਬਾ ਨਾਨਕ ਤੇ ਕਲਾਨੌਰ ਦੇ ਵੱਖ ਵੱਖ ਪਿੰਡਾਂ ਤਾਰਾਗੜ੍ਹ, ਰਾਏਚੱਕ, ਲੁਕਮਾਨੀਆ, ਦੋਲੇਵਾਲ, ਅਰਲੀਭੰਨ, ਨਿੱਜਰ, ਮੀਆਂਕੋਟ ਸਾਹਿਬ, ਰੁੜਿਆਣਾ ਅਤੇ ਕਲਾਨੌਰ ਨੇੜਲੇ ਪਿੰਡਾਂ ਦਾ ਦੌਰਾ ਕੀਤਾ ਤੇ ਰਸਤੇ ਵਿੱਚ ਲੱਗੀ ਅੱਗ ਨੂੰ ਫਾਇਰ ਬ੍ਰਿਗੇਡ ਦੀ ਮਦਦ ਨਾਲ ਬੁਝਾਇਆ ਗਿਆ। ਇਸ ਮੌਕੇ ਐੱਸ ਪੀ ਨਵਜੋਤ ਸਿੰਘ ਸੰਧੂ ਅਤੇ ਡਾ. ਸ਼ਹਿਬਾਜ ਸਿੰਘ ਚੀਮਾ ਮੁੱਖ ਖੇਤੀਬਾੜੀ ਅਫਸਰ ਵੀ ਮੌਜੂਦ ਸਨ।ਡਿਪਟੀ ਕਮਿਸ਼ਨਰ ਨੇ ਸਪੱਸ਼ਟ ਕੀਤਾ ਕਿ ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਪ੍ਰਸ਼ਾਸਨ ਵੱਲੋਂ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ ਅਤੇ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਬਣਦੀ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਆਧੁਨਿਕ ਖੇਤੀ ਮਸ਼ੀਨਰੀ ਅਪਣਾਈ ਜਾਵੇ ਅਤੇ ਜ਼ਿਲ੍ਹਾ ਗੁਰਦਾਸਪੁਰ ਨੂੰ ਪਰਾਲੀ ਸਾੜਨ ਦੀਆਂ ਘਟਨਾਵਾਂ ਤੋਂ ਮੁਕਤ ਬਣਾਉਣ ਵਿੱਚ ਸਹਿਯੋਗ ਦਿੱਤਾ ਜਾਵੇ।ਡਾ. ਸ਼ਹਿਬਾਜ ਸਿੰਘ ਚੀਮਾ ਮੁੱਖ ਖੇਤੀਬਾੜੀ ਅਫਸਰ ਨੇ ਅਪੀਲ ਕੀਤੀ ਕਿ ਉਹ ਪਰਾਲੀ ਪ੍ਰਬੰਧਨ ਲਈ ਸੁਪਰ ਸੀਡਰ ਅਤੇ ਹੈਪੀ ਸੀਡਰ ਵਰਗੀਆਂ ਆਧੁਨਿਕ ਖੇਤੀ ਮਸ਼ੀਨਾਂ ਨੂੰ ਤਰਜੀਹ ਦੇਣ।ਉਨ੍ਹਾਂ ਦੱਸਿਆ ਕਿ ਸੁਪਰ ਸੀਡਰ ਪਰਾਲੀ ਨੂੰ ਖੇਤ ਵਿੱਚ ਹੀ ਸੰਭਾਲ ਕੇ ਕਣਕ ਦੀ ਬਿਜਾਈ ਕਰਨ ਲਈ ਇਕ ਵਧੀਆ ਅਤੇ ਪ੍ਰਭਾਵਸ਼ਾਲੀ ਸੰਦ ਹੈ।ਇਸ ਨਾਲ ਪਰਾਲੀ ਨੂੰ ਅੱਗ ਲਗਾਉਣ ਦੀ ਲੋੜ ਨਹੀਂ ਰਹਿੰਦੀ ਅਤੇ ਵਾਤਾਵਰਣ ਦੇ ਨਾਲ-ਨਾਲ ਮਿੱਟੀ ਦੀ ਸਿਹਤ ਦੀ ਵੀ ਸੰਭਾਲ ਹੁੰਦੀ ਹੈ।

ਸੰਗਰੂਰ ਦੀ ਇਨਸਾਫ਼ ਰੈਲੀ 'ਚ ਮੋਹਾਲੀ ਤੋਂ ਵਿਸ਼ਾਲ ਕਾਫ਼ਲਾ ਲੈ ਕੇ ਪਹੁੰਚੇ ਬਲਬੀਰ ਸਿੰਘ ਸਿੱਧੂ

ਮੋਹਾਲੀ (ਗੁਰਜੀਤ ਬਿੱਲਾ)-ਸੀਨੀਅਰ ਕਾਂਗਰਸੀ ਆਗੂ ਤੇ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਦੀ ਅਗਵਾਈ ਹੇਠ ਹਲਕਾ ਮੋਹਾਲੀ ਤੋਂ 15 ਤੋਂ ਵੱਧ ਬੱਸਾਂ ਅਤੇ 200 ਤੋਂ ਵੱਧ ਗੱਡੀਆਂ ਅਤੇ ਸੈਂਕੜੇ ਲੋਕਾਂ ਦਾ ਵਿਸ਼ਾਲ ਕਾਫ਼ਲਾ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਦੀ ਅਗਵਾਈ ਹੇਠ ਸੰਗਰੂਰ ਵਿਖੇ ਹੋਈ ਵਿਸ਼ਾਲ ਇਨਸਾਫ਼ ਰੈਲੀ ਵਿੱਚ ਸ਼ਮੂਲੀਅਤ ਕਰਨ ਲਈ ਪਹੁੰਚਿਆ।ਇਸ ਕਾਫ਼ਲੇ ਵਿੱਚ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂਆਂ, ਵਰਕਰਾਂ ਅਤੇ ਸਮਰਥਕਾਂ ਨੇ ਸ਼ਿਰਕਤ ਕੀਤੀ। ਸਿੱਧੂ ਨੇ ਕਿਹਾ ਕਿ ਰੈਲੀ ਵਿੱਚ ਮੋਹਾਲੀ ਦੇ ਲੋਕਾਂ ਅਤੇ ਕਾਂਗਰਸੀ ਵਰਕਰਾਂ ਦੀ ਵੱਡੀ ਸ਼ਮੂਲੀਅਤ ਇਸ ਗੱਲ ਦਾ ਪ੍ਰਗਟਾਵਾ ਹੈ ਕਿ ਪੰਜਾਬ ਦੇ ਲੋਕ ਇਨਸਾਫ਼, ਲੋਕਤੰਤਰ ਅਤੇ ਆਪਣੇ ਹੱਕਾਂ ਦੀ ਰਾਖੀ ਲਈ ਕਾਂਗਰਸ ਪਾਰਟੀ ਨਾਲ ਖੜ੍ਹੇ ਹਨ।

ਇਸ ਮੌਕੇ ਬਲਬੀਰ ਸਿੰਘ ਸਿੱਧੂ ਨੇ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਤਿੱਖੇ ਨਿਸ਼ਾਨੇ ਸਾਧਦਿਆਂ ਕਿਹਾ ਕਿ 'ਆਪ' ਨੇ ਪੰਜਾਬ ਦੇ ਲੋਕਾਂ ਨੂੰ ਬਦਲਾਅ ਦੇ ਵੱਡੇ-ਵੱਡੇ ਸੁਪਨੇ ਦਿਖਾ ਕੇ ਸੱਤਾ ਹਾਸਲ ਕੀਤੀ ਸੀ, ਪਰ ਅੱਜ ਉਹੀ ਸਰਕਾਰ ਲੋਕਾਂ ਦੀਆਂ ਉਮੀਦਾਂ 'ਤੇ ਖਰੀ ਉਤਰਨ ਵਿੱਚ ਪੂਰੀ ਤਰ੍ਹਾਂ ਨਾਕਾਮ ਸਾਬਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਨਾ ਤਾਂ ਨਸ਼ਿਆਂ ਤੋਂ ਰਾਹਤ ਮਿਲੀ ਹੈ ਅਤੇ ਨਾ ਹੀ ਅਮਨ-ਕਾਨੂੰਨ ਦੀ ਸਥਿਤੀ ਵਿੱਚ ਕੋਈ ਸੁਧਾਰ ਹੋਇਆ ਹੈ। ਸਿੱਧੂ ਨੇ ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲੇ ਮੋਹਨਜੀਤ ਸਿੰਘ ਸ਼ੇਰੋਂ, ਗੁਲਜ਼ਾਰ ਸਿੰਘ ਅਤੇ ਪਰਵਿੰਦਰ ਸਿੰਘ ਝੋਟਾ ਦੀਆਂ ਘਟਨਾਵਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਹ ਮਾਮਲੇ ਪੰਜਾਬ ਵਿੱਚ ਨਸ਼ਿਆਂ ਅਤੇ ਕਾਨੂੰਨ ਵਿਵਸਥਾ ਦੀ ਗੰਭੀਰ ਸਥਿਤੀ ਨੂੰ ਉਜਾਗਰ ਕਰਦੇ ਹਨ। ਉਨ੍ਹਾਂ ਕਿਹਾ ਕਿ ਪਰਵਿੰਦਰ ਸਿੰਘ ਝੋਟਾ ਨੇ ਨਸ਼ਿਆਂ ਵਿਰੁੱਧ ਡਟ ਕੇ ਆਵਾਜ਼ ਉਠਾਈ ਸੀ, ਪਰ ਉਸ ਦਾ ਦਿਨ-ਦਿਹਾੜੇ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ। ਉਨ੍ਹਾਂ ਸਵਾਲ ਕੀਤਾ ਕਿ ਜੇਕਰ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਲੋਕ ਹੀ ਸੁਰੱਖਿਅਤ ਨਹੀਂ ਹਨ ਤਾਂ ਆਮ ਪੰਜਾਬੀ ਸਰਕਾਰ ਤੋਂ ਇਨਸਾਫ਼ ਦੀ ਉਮੀਦ ਕਿਵੇਂ ਰੱਖ ਸਕਦੇ ਹਨ? ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਲੜਨ ਵਾਲੇ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਉਣਾ ਸਰਕਾਰ ਦੀ ਜ਼ਿੰਮੇਵਾਰੀ ਹੈ।



ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦਾ ਖ਼ਾਤਮਾ ਕਰਨ ਲਈ ਸਿਰਫ਼ ਨਾਅਰੇ ਲਗਾਉਣ ਨਾਲ ਕੰਮ ਨਹੀਂ ਚੱਲਣਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਉਨ੍ਹਾਂ ਦੇ ਹੱਥਾਂ ਵਿੱਚ ਰੁਜ਼ਗਾਰ ਦੇ ਮੌਕੇ ਦੇਣੇ ਪੈਣਗੇ। ਕਾਂਗਰਸ ਪਾਰਟੀ ਹਮੇਸ਼ਾ ਪੰਜਾਬ ਦੇ ਲੋਕਾਂ ਦੇ ਹੱਕਾਂ, ਸੂਬੇ ਦੀ ਤਰੱਕੀ ਅਤੇ ਨੌਜਵਾਨਾਂ ਦੇ ਬਿਹਤਰ ਭਵਿੱਖ ਲਈ ਸੰਘਰਸ਼ ਕਰਦੀ ਰਹੀ ਹੈ ਅਤੇ ਅੱਗੇ ਵੀ ਕਰਦੀ ਰਹੇਗੀ।

ਅੰਤ ਵਿੱਚ ਸ. ਬਲਬੀਰ ਸਿੰਘ ਸਿੱਧੂ ਨੇ ਵਿਸ਼ਵਾਸ ਜ਼ਾਹਰ ਕੀਤਾ ਕਿ ਸਾਲ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਭਾਰੀ ਬਹੁਮਤ ਨਾਲ ਜਿੱਤ ਦਰਜ ਕਰਕੇ ਸਰਕਾਰ ਬਣਾਏਗੀ।ਇਸ ਦੌਰਾਨ ਮਾਰਕੀਟ ਕਮੇਟੀ ਖਰੜ ਦੇ ਸਾਬਕਾ ਚੈਅਰਮੈਨ ਅਤੇ ਸੀਨੀਅਰ ਕਾਂਗਰਸੀ ਆਗੂ ਹਰਕੇਸ਼ ਚੰਦ ਸ਼ਰਮਾ ਮੱਛਲੀ ਕਲਾਂ, ਨਗਰ ਨਿਗਮ ਦੇ ਸਾਬਕਾ ਸੀਨੀਅਰ ਡਿਪਟੀ ਮੇਅਰ ਅਮਰੀਕ ਸਿੰਘ ਸੋਮਲ, ਸੀਨੀਅਰ ਕਾਂਗਰਸੀ ਆਗੂ ਬੂਟਾ ਸਿੰਘ ਸੋਹਾਣਾ, ਮੁਲਾਜਮ ਆਗੂ ਲੱਖਾਂ ਸਿੰਘ , ਠੇਕੇਦਾਰ ਮੋਹਣ ਸਿੰਘ ਬਠਲਾਣਾ, ਗੁਰਵੰਤ ਸਿੰਘ ਛੀਨਾ,ਜਸਪ੍ਰੀਤ ਸਿੰਘ ਗਿੱਲ ਪ੍ਰਧਾਨ ਬਲਾਕ ਸ਼ਹਿਰੀ ਮੋਹਾਲੀ, ਮੁਲਾਜ਼ਮ ਆਗੂ ਸੁੱਚਾ ਸਿੰਘ ਕਲੋੜ ਨੇ ਸੰਬੋਧਨ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕੰਵਰਬੀਰ ਸਿੰਘ ਸਿੱਧੂ, ਮਨਜੀਤ ਕੌਰ, ਅਮਨ ਪਾਸਵਾਨ ਦੋਵੇਂ ਕੌਂਸਲਰ, ਪ੍ਰਦੀਪ ਸਿੰਘ ਤੰਗੋਰੀ ਪ੍ਰਧਾਨ ਬਲਾਕ ਦਿਹਾਤੀ ਮੋਹਾਲੀ, ਮਾਈਨੋਰਟੀ ਡਿਪਾਰਟਮੈਂਟ ਕਨਵੀਨਰ ਇਮਰਾਨ ਖਾਨ ਹੈਪੀ ਮਲਿਕ,ਅਸ਼ੋਕ ਕੌਂਡਲ, ਨਵਦੀਪ ਸਿੰਘ ਨਵੀ ਸੰਧੂ, ਲਖਵਿੰਦਰ ਸਿੰਘ ਕਾਲਾ ਸਾਰੇ ਮੰਡਲ ਪ੍ਰਧਾਨ, ਮੁਕੁਲ ਸ਼ਰਮਾਂ ਯੂਥ ਪ੍ਰਧਾਨ ਹਲਕਾ ਮੋਹਾਲੀ, ਜਗਦੀਸ਼ ਸਿੰਘ ਜੱਗਾ, ਰੁਪਿੰਦਰ ਕੌਰ ਰੀਨਾ, ਸੁਰਿੰਦਰ ਰਾਜਪੂਤ,ਜਸਬੀਰ ਸਿੰਘ ਮਣਕੂ, ਪ੍ਰਿੰਸੀਪਲ ਗੁਰਮੁਖ ਸਿੰਘ, ਮਾਸਟਰ ਚਰਨ ਸਿੰਘ, ਸਾਰੇ ਸਾਬਕਾ ਕੌਂਸਲਰ,ਮਨਜੀਤ ਸਿੰਘ ਤਗੋਰੀ ਸਾਬਕਾ ਮੀਤ ਚੇਅਰਮੈਨ ਬਲਾਕ ਸੰਮਤੀ ਖਰੜ, ਜਸਵਿੰਦਰ ਸ਼ਰਮਾਂ ਫੇਸ 10, ਬਲਬੀਰ ਸਿੰਘ ਘੁੱਗ੍ਹਾ, ਗੁਰਸੇਵ ਸਿੰਘ ਮੌਲੀ ਬੈਦਵਾਨ,ਆਈ ਟੀ ਸੇਲ ਇੰਚਾਰਜ ਪਰਮਜੀਤ ਸਿੰਘ ਚੌਹਾਨ, ਬਲਜਿੰਦਰ ਲੱਕੀ,ਜਸਵਿੰਦਰ ਸਿੰਘ ਪੱਪਾ ਸਾਬਕਾ ਸਰਪੰਚ ਗਿੱਦੜਪੁਰ,ਨਾਹਰ ਸਿੰਘ ਸਰਪੰਚ ਕੁਰੜੀ, ਗੁਰਦੀਪ ਸਿੰਘ ਮੌਲੀ ਬੈਦਵਾਨ, ਸਰਬਜੀਤ ਸਿੰਘ ਮੌਲੀ ਬੈਦਵਾਨ, ਪਰਮਿੰਦਰ ਸਿੰਘ ਰਹਿਲ, ਰਾਜੇਸ਼ ਲੱਖੋਤਰਾਂ, ਮਲਕੀਤ ਸਿੰਘ ਮਟੌਰ, ਮਟੌਰ ਤੋਂ ਰਿਸ਼ੀ ਪਾਲ ਸਨੇਟਾਂ, ਸਾਬਕਾ ਸਰਪੰਚ ਭਗਤ ਰਾਮ ਸਨੇਟਾਂ, ਪ੍ਰੀਤਕਮਲ ਸੈਣੀ, ਲਖਮੀਰ ਸਿੰਘ ਕਾਲਾ ਪੱਤੋਂ, ਮੁਕਤਿਆਰ ਸਿੰਘ, ਬਾਬਾ ਕਸ਼ਮੀਰ ਸਿੰਘ ਜੁਝਾਰ ਨਗਰ,ਰਾਮ ਨਾਥ ਪਾਸਵਾਨ ਚੈਅਰਮੈਨ ਐਸ. ਸੀ ਸੈੱਲ ਦਿਹਾਤੀ,ਟਹਿਲ ਸਿੰਘ ਮਾਣਕਪੁਰ ਕੱਲਰ, ਸੁੱਖਵਿੰਦਰ ਸਿੰਘ ਸਰਪੰਚ ਮਿੱਢੇ ਮਾਜਰਾ,ਜਗਦੀਸ਼ ਸਿੰਘ ਝਾਮਪੁਰ, ਗੁਰਪ੍ਰੀਤ ਸਿੰਘ ਝਾਮਪੁਰ, ਰਜਿੰਦਰ ਪ੍ਰਕਾਸ਼ ਸਿੰਘ ਝਾਮਪੁਰ,ਰਣਜੀਤ ਸਿੰਘ ਗਿੱਲ ਜਗਤਪੁਰਾ, ਸਤੀਸ਼ ਕੁਮਾਰ ਅੰਬ ਸਾਹਿਬ ਕਲੋਨੀ, ਸੁਰਿੰਦਰ ਬਹਿਲੋਲਪੁਰ,ਦਵਿੰਦਰ ਸਿੰਘ ਸਾਬਕਾ ਸਰਪੰਚ ਕੁਰੜਾ,ਗੁਲਜ਼ਾਰ ਸਿੰਘ ਕੁਰੜਾ, ਰਜਿੰਦਰ ਸਿੰਘ, ਮਮਤਾ ਸ਼ਰਮਾ, ਹਰਭਜਨ ਸਿੰਘ ਰਾਏਪੁਰ ਕਲਾਂ, ਲਖਬੀਰ ਲੱਕੀ ਬਹਿਲੋਲਪੁਰ, ਮਨਜੀਤ ਸਿੰਘ ਮੋਟੇ ਮਾਜਰਾ, ਸੰਜੀਵ ਕੁਮਾਰ ਬੰਟੀ ਗੋਬਿੰਦਗੜ੍ਹ, ਮਨਦੀਪ ਸਿੰਘ ਕੁੰਭੜਾਂ,ਦਿਲਬਾਗ ਸਿੰਘ ਢੇਲਪੁਰ,ਜਤਿੰਦਰ ਸਿੰਘ ਸੋਢੀ, ਕਰਮਜੀਤ ਸਿੰਘ ਸਿੱਧੂ, ਸੁਖਦੇਵ ਸਿੰਘ ਵੜੈਚ ਗ੍ਰੀਨ ਇੰਕਲੇਵ, ਅੰਮ੍ਰਿਤਪਾਲ ਸਿੰਘ ਟਿਵਾਣਾ, ਮਨਮੋਹਨ ਸਿੰਘ,ਕੁਲਵਿੰਦਰ ਸਿੰਘ ਰੋਮੀ ਤੋਂ ਇਲਾਵਾ ਵੱਡੀ ਗਿਣਤੀ ਵਿਚ ਕਾਂਗਰਸ ਪਾਰਟੀ ਦੇ ਅਹੁਦੇਦਾਰ ਅਤੇ ਵਰਕਰ ਪਿੰਡਾਂ ਦੇ ਪੰਚ, ਸਰਪੰਚ ਹਾਜ਼ਰ ਸਨ।

316 ਪਿੰਡਾਂ ਨੂੰ ਮਿਲੇਗਾ ਸ਼ੁੱਧ ਨਹਿਰੀ ਪਾਣੀ : ਚੇਅਰਮੈਨ ਢਿੱਲੋਂ





ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਵੱਲੋਂ ਪਿੰਡ ਮੰਡੌਲੀ ਵਿਖੇ 432.65 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਅਤਿ-ਆਧੁਨਿਕ ਵਾਟਰ ਟ੍ਰੀਟਮੈਂਟ ਪਲਾਂਟ ਦਾ ਉਦਘਾਟਨ ਕਰਕੇ ਲੋਕਾਂ ਨੂੰ ਸਮਰਪਤ ਕੀਤਾ ਗਿਆ।ਇਸ ਪ੍ਰੋਜੈਕਟ ਨਾਲ ਪਟਿਆਲਾ ਸਮੇਤ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਪੀਣ ਵਾਲੇ ਸਾਫ਼ ਪਾਣੀ ਦੀ ਸਪਲਾਈ ਨੂੰ ਨਵੀਂ ਮਜ਼ਬੂਤੀ ਮਿਲੇਗੀ।ਇਸ ਮੌਕੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਇਸ ਮਹੱਤਵਪੂਰਨ ਪ੍ਰੋਜੈਕਟ ਤਹਿਤ 316 ਪਿੰਡਾਂ ਵਿੱਚ 752 ਕਿਲੋਮੀਟਰ ਲੰਬਾ ਪਾਈਪਲਾਈਨ ਨੈੱਟਵਰਕ ਵਿਛਾਇਆ ਗਿਆ ਹੈ, ਜਿਸ ਰਾਹੀਂ ਕਰੀਬ 4.50 ਲੱਖ ਲੋਕਾਂ ਤੱਕ ਰੋਜ਼ਾਨਾ ਸ਼ੁੱਧ ਨਹਿਰੀ ਪਾਣੀ ਪਹੁੰਚਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਹਰ ਘਰ ਤੱਕ ਸਾਫ਼ ਪੀਣ ਵਾਲਾ ਪਾਣੀ ਪਹੁੰਚਾਉਣ ਤੇ ਲੋਕਾਂ ਦੇ ਜੀਵਨ ਪੱਧਰ ਨੂੰ ਬਿਹਤਰ ਬਣਾਉਣ ਵੱਲ ਪੰਜਾਬ ਸਰਕਾਰ ਦਾ ਇੱਕ ਇਤਿਹਾਸਕ ਕਦਮ ਹੈ।ਇਸ ਪ੍ਰੋਜੈਕਟ ਨਾਲ ਇਲਾਕੇ ਦੇ ਲੋਕਾਂ ਨੂੰ ਪੀਣ ਵਾਲੇ ਸਾਫ਼ ਪਾਣੀ ਦੀ ਬਿਹਤਰ ਸਹੂਲਤ ਮਿਲੇਗੀ ਤੇ ਲੋਕਾਂ ਦੇ ਜੀਵਨ ਪੱਧਰ ਵਿੱਚ ਸੁਧਾਰ ਆਵੇਗਾ। ਇਸ ਮੌਕੇ ਚੇਅਰਮੈਨ ਢਿੱਲੋਂ ਨੇ ਕਿਹਾ ਕਿ ਆਮ ਆਦਮੀ ਪਾਰਟੀ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਪੂਰੀ ਤਿਆਰੀ ਨਾਲ ਲੋਕਾਂ ਵਿੱਚ ਜਾਵੇਗੀ ਤੇ ਲੋਕਾਂ ਦੇ ਸਮਰਥਨ ਨਾਲ ਮੁੜ ਸਰਕਾਰ ਬਣਾਉਣ ਦਾ ਟੀਚਾ ਰੱਖਦੀ ਹੈ।ਉਨ੍ਹਾਂ ਕਿਹਾ ਕਿ ਪਾਰਟੀ ਦੇ ਆਗੂ ਤੇ ਵਰਕਰ ਲੋਕਾਂ ਦੀ ਸੇਵਾ ਤੇ ਪੰਜਾਬ ਦੇ ਵਿਕਾਸ ਲਈ ਪੂਰੀ ਤਨਦੇਹੀ ਨਾਲ ਕੰਮ ਕਰਦੇ ਰਹਿਣਗੇ।

ਓ ਐੱਸ ਡੀ ਨੇ ਵੱਖ-ਵੱਖ ਭਲਾਈ ਬੋਰਡਾਂ ਦੇ ਚੇਅਰਮੈਨਾਂ ਨੂੰ ਨਿਯੁਕਤੀ ਪੱਤਰ ਵੰਡੇ

ਸਮਾਜ ਦੇ ਹਰ ਵਰਗ ਨੂੰ ਬਣਦਾ ਮਾਣ-ਸਤਿਕਾਰ ਦੇਣ ਲਈ ਸਰਕਾਰ ਵਚਨਬੱਧ : ਸੁਖਵੀਰ ਸਿੰਘ

ਸੰਗਰੂਰ, (ਪ੍ਰਵੀਨ ਸਿੰਘ) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸਮਾਜ ਦੇ ਵੱਖ-ਵੱਖ ਵਰਗਾਂ ਦੀ ਭਲਾਈ ਤੇ ਉਨ੍ਹਾਂ ਦੀ ਨੁਮਾਇੰਦਗੀ ਨੂੰ ਯਕੀਨੀ ਬਣਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਅੱਜ ਮੁੱਖ ਮੰਤਰੀ ਦੇ ਓ.ਐੱਸ.ਡੀ. ਸੁਖਵੀਰ ਸਿੰਘ ਵੱਲੋਂ ਵੱਖ-ਵੱਖ ਭਲਾਈ ਬੋਰਡਾਂ ਦੇ ਚੇਅਰਮੈਨਾਂ ਨੂੰ ਨਿਯੁਕਤੀ ਪੱਤਰ ਵੰਡੇ ਗਏ।ਇਸ ਮੌਕੇ ਵੱਖ-ਵੱਖ ਵਿਧਾਨ ਸਭਾ ਹਲਕਿਆਂ ਨਾਲ ਸਬੰਧਤ ਅੱਗਰਵਾਲ ਭਲਾਈ ਬੋਰਡ, ਬੈਰਾਗੀ ਭਲਾਈ ਬੋਰਡ, ਬਾਜ਼ੀਗਰ ਤੇ ਟੱਪਰੀਵਾਸ ਭਲਾਈ ਬੋਰਡ, ਬ੍ਰਾਹਮਣ ਭਲਾਈ ਬੋਰਡ, ਦਲਿਤ ਵਿਕਾਸ ਬੋਰਡ, ਗੁੱਜਰ ਭਲਾਈ ਬੋਰਡ, ਕੰਬੋਜ ਭਲਾਈ ਬੋਰਡ, ਕਨੌਜੀਆ ਭਲਾਈ ਬੋਰਡ, ਮਸੀਹ ਭਲਾਈ ਬੋਰਡ, ਪੰਜਾਬ ਸਟੇਟ ਮੁਸਲਿਮ ਡਿਵੈਲਪਮੈਂਟ ਬੋਰਡ, ਪਰਜਾਪਤ ਸਮਾਜ ਭਲਾਈ ਬੋਰਡ, ਰਾਮਗੜ੍ਹੀਆ ਭਲਾਈ ਬੋਰਡ, ਸੈਣੀ ਭਲਾਈ ਬੋਰਡ ਤੇ ਸਵਰਨਕਾਰ ਭਲਾਈ ਬੋਰਡ ਦੇ ਚੇਅਰਮੈਨਾਂ ਨੂੰ ਨਿਯੁਕਤੀ ਪੱਤਰ ਸੌਂਪੇ ਗਏ।ਇਸ ਮੌਕੇ ਓ.ਐੱਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਮਾਜ ਦੇ ਹਰ ਵਰਗ ਨੂੰ ਬਣਦਾ ਮਾਣ-ਸਤਿਕਾਰ ਤੇ ਨੁਮਾਇੰਦਗੀ ਦੇਣ ਦੇ ਨਾਲ-ਨਾਲ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਤੇ ਭਲਾਈ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਭਲਾਈ ਬੋਰਡਾਂ ਦੇ ਚੇਅਰਮੈਨ ਆਪਣੇ-ਆਪਣੇ ਵਰਗਾਂ ਦੀਆਂ ਲੋੜਾਂ, ਮੁਸ਼ਕਲਾਂ ਤੇ ਸੁਝਾਵਾਂ ਨੂੰ ਸਰਕਾਰ ਤੱਕ ਪਹੁੰਚਾਉਣ ਲਈ ਅਹਿਮ ਭੂਮਿਕਾ ਨਿਭਾਉਣਗੇ।ਇਸ ਮੌਕੇ ਜ਼ਿਲ੍ਹਾ ਸਮਾਜਿਕ ਨਿਆਂ ਤੇ ਅਧਿਕਾਰਤਾ ਅਫਸਰ ਸੁਖਸਾਗਰ ਸਿੰਘ ਸਮੇਤ ਵੱਡੀ ਗਿਣਤੀ ਵੱਖ ਵੱਖ ਬੋਰਡਾਂ ਦੇ ਚੇਅਰਮੈਨ ਮੌਜੂਦ ਸਨ।



ਵਰਲਡ ਯੂਨੀਵਰਸਿਟੀ ਵਿਖੇ ਦੀਵਿਆਂ ਤੇ ਆਰਟ ਐਂਡ ਕਰਾਫਟ ਦੀ ਪ੍ਰਦਰਸ਼ਨੀ

ਉਪ-ਕੁਲਪਤੀ ਨੇ ਵਿਸ਼ੇਸ਼ ਬੱਚਿਆਂ ਦੀ ਪ੍ਰਤਿਭਾ ਦੀ ਕੀਤੀ ਸ਼ਲਾਘਾ



ਫਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)-ਕਨਫੈਡਰੇਸ਼ਨ ਫਾਰ ਚੈਲੇਂਜਡ ਵੱਲੋਂ ਸੰਚਾਲਿਤ ਸਿਰਜਨ ਵਿਕਾਸ ਡੇ ਕੇਅਰ ਸੈਂਟਰ ਤੇ ਸਪੈਸ਼ਲ ਸਕੂਲ ਫਤਿਹਪੁਰ ਅਰਾਈਆਂ ਦੇ ਵਿਸ਼ੇਸ਼ ਬੱਚਿਆਂ ਵੱਲੋਂ ਤਿਆਰ ਕੀਤੇ ਗਏ ਸੁੰਦਰ ਦੀਵਿਆਂ ਤੇ ਵੱਖ-ਵੱਖ ਕਿਸਮ ਦੀਆਂ ਆਰਟ ਐਂਡ ਕਰਾਫਟ ਦੀਆਂ ਵਸਤੂਆਂ ਦੀ ਪ੍ਰਦਰਸ਼ਨੀ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਹਿਗੜ੍ਹ ਸਾਹਿਬ ਵਿਖੇ ਲਗਾਈ ਗਈ।ਇਸ ਪ੍ਰਦਰਸ਼ਨੀ ਦਾ ਆਯੋਜਨ ਯੂਨੀਵਰਸਿਟੀ ਦੇ ਡੀਨ, ਫੈਕਲਟੀ ਆਫ਼ ਮੈਡੀਕਲ ਸਾਇੰਸ, ਪ੍ਰੋ. ਪੰਕਜ ਪ੍ਰੀਤ ਸਿੰਘ ਤੇ ਫਿਜ਼ੀਓਥੈਰੇਪੀ ਵਿਭਾਗ ਦੇ ਮੁਖੀ ਪ੍ਰੋ. ਸੁਪ੍ਰੀਤ ਬਿੰਦਰਾ ਦੇ ਸਹਿਯੋਗ ਨਾਲ ਕੀਤਾ ਗਿਆ।ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਹਿਗੜ੍ਹ ਸਾਹਿਬ ਦੇ ਉਪ-ਕੁਲਪਤੀ ਡਾ. ਪ੍ਰਿਤਪਾਲ ਸਿੰਘ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਉਨ੍ਹਾਂ ਵਿਸ਼ੇਸ਼ ਬੱਚਿਆਂ ਵੱਲੋਂ ਤਿਆਰ ਕੀਤੀਆਂ ਕਲਾਤਮਕ ਵਸਤੂਆਂ ਦਾ ਨਿਰੀਖਣ ਕੀਤਾ ਤੇ ਉਨ੍ਹਾਂ ਦੀ ਪ੍ਰਤਿਭਾ, ਸਿਰਜਣਾਤਮਕਤਾ ਤੇ ਮਿਹਨਤ ਦੀ ਭਰਪੂਰ ਸ਼ਲਾਘਾ ਕੀਤੀ।ਯੂਨੀਵਰਸਿਟੀ ਦੇ ਪ੍ਰੋਫੈਸਰਾਂ, ਅਧਿਆਪਕਾਂ ਤੇ ਵਿਦਿਆਰਥੀਆਂ ਨੇ ਬੱਚਿਆਂ ਵੱਲੋਂ ਤਿਆਰ ਕੀਤੇ ਗਏ ਦੀਵੇ ਤੇ ਹੋਰ ਹੱਥੀਂ ਬਣਾਈਆਂ ਵਸਤੂਆਂ ਖਰੀਦ ਕੇ ਉਨ੍ਹਾਂ ਦਾ ਉਤਸ਼ਾਹ ਵਧਾਇਆ। ਇਸ ਮੌਕੇ ਸੰਸਥਾ ਦੇ ਪ੍ਰਧਾਨ ਮਨਮੋਹਨ ਜਰਗਰ ਨੇ ਯੂਨੀਵਰਸਿਟੀ ਦੇ ਉਪ-ਕੁਲਪਤੀ ਡਾ. ਪ੍ਰਿਤਪਾਲ ਸਿੰਘ, ਪ੍ਰੋ. ਪੰਕਜ ਪ੍ਰੀਤ ਸਿੰਘ, ਪ੍ਰੋ. ਸੁਪ੍ਰੀਤ ਬਿੰਦਰਾ ਤੇ ਸਮੁੱਚੀ ਯੂਨੀਵਰਸਿਟੀ ਪ੍ਰਬੰਧਕੀ ਟੀਮ, ਅਧਿਆਪਕਾਂ ਤੇ ਵਿਦਿਆਰਥੀਆਂ ਦਾ ਵਿਸ਼ੇਸ਼ ਬੱਚਿਆਂ ਦੀ ਪ੍ਰਤਿਭਾ ਨੂੰ ਉਤਸ਼ਾਹਤ ਕਰਨ ਤੇ ਸਹਿਯੋਗ ਦੇਣ ਲਈ ਧੰਨਵਾਦ ਕੀਤਾ।ਇਸ ਪ੍ਰੋਗਰਾਮ ਵਿੱਚ ਸੰਸਥਾ ਵੱਲੋਂ ਪ੍ਰਧਾਨ ਮਨਮੋਹਨ ਜਰਗਰ, ਖ਼ਜ਼ਾਨਚੀ ਬਲਵਿੰਦਰ ਸਿੰਘ ਤੇ ਕਾਰਜਕਾਰਨੀ ਮੈਂਬਰ ਰਮੇਸ਼ ਕੁਮਾਰ ਹਾਜ਼ਰ ਰਹੇ।ਇਸ ਤੋਂ ਇਲਾਵਾ ਸ੍ਰਿਜਨ ਵਿਕਾਸ ਡੇਅ ਕੇਅਰ ਸੈਂਟਰ ਦੀ ਪ੍ਰਿੰਸੀਪਲ ਸ੍ਰੀਮਤੀ ਰਾਜਬੀਰ ਕੌਰ, ਸਪੈਸ਼ਲ ਐਜੂਕੇਟਰ ਸਤਨਾਮ ਸਿੰਘ, ਐਕਟੀਵਿਟੀ ਟੀਚਰ ਰਜਨੀ ਦੇਉਰਾ, ਫਿਜ਼ੀਓਥੈਰੇਪਿਸਟ ਪਵਨਜੋਤ ਕੌਰ, ਕਾਉਂਸਲਰ ਰਵਿੰਦਰ ਸਿੰਘ ਤੇ ਸਟਾਫ਼ ਮੈਂਬਰ ਹਾਜ਼ਰ ਸਨ।

ਡਿਪਟੀ ਕਮਿਸ਼ਨਰ ਨੇ ਵੈੱਲਫੇਅਰ ਬੋਰਡਾਂ ਦੇ ਨਵ-ਨਿਯੁਕਤ ਚੇਅਰਮੈਨਾਂ ਨੂੰ ਸੌਂਪੇ ਨਿਯੁਕਤੀ ਪੱਤਰ



ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)-ਜ਼ਿਲ੍ਹਾ ਫ਼ਰੀਦਕੋਟ ਦੇ ਵੱਖ-ਵੱਖ ਵੈਲਫੇਅਰ ਬੋਰਡਾਂ ਦੇ ਨਵ-ਨਿਯੁਕਤ ਜ਼ਿਲ੍ਹਾ ਚੇਅਰਮੈਨਾਂ ਨੂੰ ਮਿੰਨੀ ਸਕੱਤਰੇਤ ਦੇ ਮੀਟਿੰਗ ਹਾਲ ਵਿਖੇ ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਚਾਬਾ ਵੱਲੋਂ ਨਿਯੁਕਤੀ ਪੱਤਰ ਸੌਂਪੇ ਗਏ।ਇਸ ਮੌਕੇ ਡਿਪਟੀ ਕਮਿਸ਼ਨਰ ਨੇ ਸਮੂਹ ਨਵ-ਨਿਯੁਕਤ ਚੇਅਰਮੈਨਾਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਨੂੰ ਆਪੋ-ਆਪਣੇ ਬੋਰਡਾਂ ਰਾਹੀਂ ਸੰਬੰਧਤ ਵਰਗਾਂ ਦੀ ਭਲਾਈ ਤੇ ਵਿਕਾਸ ਲਈ ਪੂਰੀ ਤਨਦੇਹੀ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਸ਼੍ਰੀ ਕੇਸ਼ਵ ਗੋਇਲ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਮੌਕੇ ਨਿਯੁਕਤੀ ਪੱਤਰ ਪ੍ਰਾਪਤ ਕਰਨ ਵਾਲਿਆਂ ਵਿੱਚ ਨਰੇਸ਼ ਕੁਮਾਰ (ਅਗਰਵਾਲ ਵੈੱਲਫੇਅਰ ਬੋਰਡ), ਬਲਵੀਰ ਦਾਸ (ਬੈਰਾਗੀ ਵੈੱਲਫੇਅਰ ਬੋਰਡ), ਸੁਰਜੀਤ ਸਿੰਘ (ਬਾਜ਼ੀਗਰ ਤੇ ਟੱਪਰੀਵਾਸ ਵੈੱਲਫੇਅਰ ਬੋਰਡ), ਸ਼ੈਲੇਂਦਰ ਕੁਮਾਰ ਸ਼ਰਮਾ (ਬ੍ਰਾਹਮਣ ਵੈੱਲਫੇਅਰ ਬੋਰਡ), ਸਤੀਸ਼ ਕੁਮਾਰ (ਗੁੱਜਰ ਵੈੱਲਫੇਅਰ ਬੋਰਡ), ਕੁਲਦੀਪ ਸਿੰਘ (ਕੰਬੋਜ ਵੈੱਲਫੇਅਰ ਬੋਰਡ), ਮਨੀਸ਼ ਕੁਮਾਰ (ਕਨੌਜੀਆ ਵੈੱਲਫੇਅਰ ਬੋਰਡ), ਹਰੀਸ਼ ਸੇਤੀਆ (ਖੱਤਰੀ ਅਰੋੜਾ ਵੈੱਲਫੇਅਰ ਬੋਰਡ), ਗੁਰਾਂਦਿੱਤਾ (ਪੰਜਾਬ ਸਟੇਟ ਮੁਸਲਿਮ ਡਿਵੈੱਲਪਮੈਂਟ ਬੋਰਡ), ਮਲਕ ਸਿੰਘ ਕਰਨਾਵਾਲ (ਰਾਏ ਸਿੱਖ ਵੈੱਲਫੇਅਰ ਬੋਰਡ), ਆਸਾ ਸਿੰਘ (ਰਾਮਗੜ੍ਹੀਆ ਵੈੱਲਫੇਅਰ ਬੋਰਡ), ਬੂਟਾ ਸਿੰਘ (ਸੈਣ ਸਮਾਜ ਵੈੱਲਫੇਅਰ ਬੋਰਡ), ਬਲਵਿੰਦਰ ਸਿੰਘ ਬਿੰਦਾ (ਸੈਣੀ ਵੈੱਲਫੇਅਰ ਬੋਰਡ) ਤੇ ਬਲਵਿੰਦਰ ਸਿੰਘ (ਵਿਮੁਕਤ ਜਾਤੀ ਵੈੱਲਫੇਅਰ ਬੋਰਡ) ਸ਼ਾਮਲ ਸਨ।ਇਸ ਤੋਂ ਇਲਾਵਾ ਜ਼ਿਲ੍ਹਾ ਫ਼ਰੀਦਕੋਟ ਅਧੀਨ ਤਹਿਸੀਲ ਪੱਧਰ ਤੇ ਵੱਖ-ਵੱਖ ਵਿਧਾਨ ਸਭਾ ਹਲਕਿਆਂ ਵਿੱਚ ਵੀ ਵੈੱਲਫੇਅਰ ਬੋਰਡਾਂ ਦੇ ਚੇਅਰਮੈਨ ਨਿਯੁਕਤ ਕੀਤੇ ਗਏ।ਇਸ ਮੌਕੇ ਗੁਰਮੀਤ ਕੜਿਆਲਵੀ ਤਹਿਸੀਲ, ਸਮਾਜਿਕ ਨਿਆਂ ਅਧਿਕਾਰਤਾ ਤੇ ਭਲਾਈ ਅਫ਼ਸਰ, ਸੁਖਵਿੰਦਰ ਸਿੰਘ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਹਲਕੇ ਦੇ ਲੋਕਾਂ ਦਾ ਵਿਸ਼ਵਾਸ ਤੇ ਪਿਆਰ ਮੇਰੀ ਸਭ ਤੋਂ ਵੱਡੀ ਪੂੰਜੀ : ਡਾ. ਅਰੋੜਾ

ਮੋਗਾ, (ਇਕਬਾਲ ਸਿੰਘ ਖਹਿਰਾ) ਆਮ ਆਦਮੀ ਪਾਰਟੀ (ਆਪ) ਵੱਲੋਂ ਲਗਾਤਾਰ ਦੂਜੀ ਵਾਰ ਭਰੋਸਾ ਜਤਾਉਂਦਿਆਂ ਚੋਣ ਮੈਦਾਨ ਵਿੱਚ ਉਤਾਰੇ ਜਾਣ ਤੋਂ ਬਾਅਦ ਮੋਗਾ ਦੀ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦੀ ਅਗਵਾਈ ਹੇਠ ਗੁਰਦੁਆਰਾ ਸਾਹਿਬ ਨਾਮਦੇਵ ਭਵਨ ਤੋਂ ਵਿਸ਼ਾਲ 'ਸ਼ੁਕਰਾਨਾ ਯਾਤਰਾ' ਕੱਢੀ ਗਈ।ਯਾਤਰਾ ਦੀ ਸ਼ੁਰੂਆਤ ਸਥਾਨਕ ਇਤਿਹਾਸਕ ਗੁਰਦੁਆਰਾ ਸਾਹਿਬ ਨਾਮਦੇਵ ਭਵਨ ਵਿਖੇ ਨਤਮਸਤਕ ਹੋ ਕੇ ਅਤੇ ਗੁਰੂ ਸਾਹਿਬ ਦਾ ਓਟ-ਆਸਰਾ ਲੈ ਕੇ ਸ਼ਰਧਾਪੂਰਵਕ ਕੀਤੀ ਗਈ।ਯਾਤਰਾ ਦੌਰਾਨ ਲੋਕਾਂ ਦਾ ਉਤਸ਼ਾਹ ਦੇਖਣਯੋਗ ਸੀ।ਢੋਲ-ਢਮੱਕਿਆਂ ਤੇ ਨਾਅਰਿਆਂ ਨਾਲ ਵਿਧਾਇਕ ਦਾ ਨਿੱਘਾ ਸਵਾਗਤ ਕੀਤਾ ਗਿਆ। ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਉਹ ਪਾਰਟੀ ਸੁਪਰੀਮੋ ਤੇ ਸਮੁੱਚੀ ਹਾਈਕਮਾਂਡ ਦਾ ਦਿਲੋਂ ਧੰਨਵਾਦ ਕਰਦੇ ਹਨ, ਜਿਨ੍ਹਾਂ ਨੇ ਉਨ੍ਹਾਂ 'ਤੇ ਲਗਾਤਾਰ ਦੂਜੀ ਵਾਰ ਭਰੋਸਾ ਜਤਾਇਆ ਹੈ।ਉਨ੍ਹਾਂ ਕਿਹਾ ਕਿ ਇਸ ਤੋਂ ਵੀ ਵੱਡਾ ਧੰਨਵਾਦ ਉਹ ਆਪਣੇ ਮੋਗਾ ਹਲਕੇ ਦੇ ਪਰਿਵਾਰ, ਹਰ ਮਾਤਾ, ਬਜ਼ੁਰਗ, ਨੌਜਵਾਨ ਸਾਥੀ ਤੇ ਭੈਣ ਦਾ ਕਰਦੇ ਹਨ, ਜਿਨ੍ਹਾਂ ਦੇ ਅਥਾਹ ਪਿਆਰ ਤੇ ਸਹਿਯੋਗ ਸਦਕਾ ਉਹ ਅੱਜ ਇਸ ਮੁਕਾਮ 'ਤੇ ਪਹੁੰਚੇ ਹਨ।ਉਨ੍ਹਾਂ ਕਿਹਾ ਕਿ ਹਲਕਾ ਨਿਵਾਸੀਆਂ ਵੱਲੋਂ ਮਿਲਿਆ ਅਥਾਹ ਪਿਆਰ, ਸਤਿਕਾਰ ਤੇ ਅਟੁੱਟ ਵਿਸ਼ਵਾਸ ਹੀ ਉਨ੍ਹਾਂ ਦੀ ਅਸਲ ਤਾਕਤ ਤੇ ਸਭ ਤੋਂ ਵੱਡੀ ਪੂੰਜੀ ਹੈ।ਵਿਧਾਇਕ ਨੇ ਕਿਹਾ ਕਿ ਇਹ 'ਸ਼ੁਕਰਾਨਾ ਯਾਤਰਾ' ਲੋਕਾਂ ਵੱਲੋਂ ਦਿੱਤੇ ਸਾਥ, ਸਹਿਯੋਗ ਤੇ ਆਸ਼ੀਰਵਾਦ ਪ੍ਰਤੀ ਧੰਨਵਾਦ ਪ੍ਰਗਟਾਉਣ ਦਾ ਇੱਕ ਸਾਧਨ ਹੈ।ਯਾਤਰਾ ਦੌਰਾਨ ਵੱਖ-ਵੱਖ ਥਾਵਾਂ 'ਤੇ ਹਲਕਾ ਨਿਵਾਸੀਆਂ ਅਤੇ ਸਮਾਜਿਕ ਜਥੇਬੰਦੀਆਂ ਵੱਲੋਂ ਫੁੱਲਾਂ ਦੀ ਵਰਖਾ ਕਰਕੇ ਵਿਧਾਇਕ ਦਾ ਸਵਾਗਤ ਕੀਤਾ ਗਿਆ।



ਬਿਕਰਮ ਸਿੰਘ ਮਜੀਠੀਆ ਦੇ ਦੋਸ਼ ਬੇਬੁਨਿਆਦ : ਅਮਨ ਅਰੋੜਾ

ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ) - ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਬਿਕਰਮ ਸਿੰਘ ਮਜੀਠੀਆ ਵੱਲੋਂ ਲਾਏ ਜਾ ਰਹੇ ਦੋਸ਼ਾਂ ਨੂੰ ਬੇਬੁਨਿਆਦ ਅਤੇ ਮਨਘੜਤ ਕਰਾਰ ਦਿੰਦਿਆਂ ਕਿਹਾ ਕਿ ਉਹ ਸਿਧਾਂਤਕ ਅਤੇ ਸਾਫ਼-ਸੁਥਰੀ ਰਾਜਨੀਤੀ ਵਿੱਚ ਵਿਸ਼ਵਾਸ ਰੱਖਦੇ ਹਨ ਅਤੇ ਆਪਣੇ ਅਕਸ ਨੂੰ ਢਾਹ ਲਾਉਣ ਦੀ ਕਿਸੇ ਵੀ ਕੋਸ਼ਿਸ਼ ਦਾ ਡਟ ਕੇ ਜਵਾਬ ਦੇਣਗੇ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਅਮਨ ਅਰੋੜਾ ਨੇ ਕਿਹਾ ਕਿ ਉਨ੍ਹਾਂ ਦੇ ਸਹਿਜ ਸੁਭਾਅ ਨੂੰ ਕਮਜ਼ੋਰੀ ਸਮਝਣ ਦੀ ਭੁੱਲ ਨਹੀਂ ਕਰਨੀ ਚਾਹੀਦੀ। ਅਰੋੜਾ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਉਨ੍ਹਾਂ ਤੋਂ ਇਲਾਵਾ ਬਿਕਰਮ ਸਿੰਘ ਮਜੀਠੀਆ, ਪ੍ਰਤਾਪ ਸਿੰਘ ਬਾਜਵਾ, ਗੁਰਮੀਤ ਸਿੰਘ ਖੁੱਡੀਆਂ ਅਤੇ ਹੋਰ ਆਗੂ ਵੀ ਸੱਦੇ ਗਏ ਸਨ। ਉਨ੍ਹਾਂ ਕਿਹਾ ਕਿ ਜਗ੍ਹਾ ਸੀਮਤ ਹੋਣ ਕਾਰਨ ਉਹ ਮੱਥਾ ਟੇਕਣ ਤੋਂ ਬਾਅਦ ਉੱਥੇ ਹੀ ਨੇੜੇ ਬੈਠ ਗਏ ਸਨ। ਉਨ੍ਹਾਂ ਦੋਸ਼ ਲਾਇਆ ਕਿ ਅਗਲੇ ਦਿਨ ਮਜੀਠੀਆ ਨੇ ਮੀਡੀਆ ਵਿੱਚ ਇਹ ਗ਼ਲਤ ਦਾਅਵਾ ਕਰ ਦਿੱਤਾ ਕਿ ਉਹ ਆਪਣੇ ਮੁੱਖ ਮੰਤਰੀ ਖ਼ਿਲਾਫ਼ ਗੱਲਬਾਤ ਕਰ ਰਹੇ ਸਨ। ਇਸ ਦਾਅਵੇ ਨੂੰ ਸਿਰੇ ਤੋਂ ਨਕਾਰਦਿਆਂ ਅਮਨ ਅਰੋੜਾ ਨੇ ਕਿਹਾ ਕਿ ਗੁਰੂ ਸਾਹਿਬ ਦੀ ਹਜ਼ੂਰੀ ਨਾਲ ਜੁੜੇ ਕਿਸੇ ਸਮਾਗਮ ਬਾਰੇ ਅਜਿਹੀ ਬਿਆਨਬਾਜ਼ੀ ਕਰਨੀ ਬੇਹੱਦ ਮੰਦਭਾਗੀ ਗੱਲ ਹੈ। ਉਨ੍ਹਾਂ ਕਿਹਾ ਕਿ ਸਿਆਸੀ ਮਤਭੇਦ ਆਪਣੀ ਜਗ੍ਹਾ ਹਨ, ਪਰ ਕਿਸੇ ਦੇ ਨਾਂ ਨਾਲ ਮਨਘੜਤ ਗੱਲਾਂ ਜੋੜ ਕੇ ਲੋਕਾਂ ਨੂੰ ਗੁਮਰਾਹ ਕਰਨਾ ਠੀਕ ਨਹੀਂ ਹੈ। ਅਰੋੜਾ ਨੇ ਦਾਅਵਾ ਕੀਤਾ ਕਿ ਇਸ ਚੁਣੌਤੀ ਤੋਂ ਬਾਅਦ ਮਜੀਠੀਆ ਨੇ ਉਨ੍ਹਾਂ ਨੂੰ ਕੋਈ ਜਵਾਬ ਨਹੀਂ ਦਿੱਤਾ। ਉਨ੍ਹਾਂ ਕਿਹਾ ਕਿ ਉਹ ਅੱਜ ਵੀ ਆਪਣੀ ਗੱਲ 'ਤੇ ਕਾਇਮ ਹਨ। ਅਰੋੜਾ ਨੇ ਕਿਹਾ ਕਿ ਜਨਤਕ ਜੀਵਨ ਵਿੱਚ ਦੋਸ਼ ਲਾਉਣ ਵਾਲਿਆਂ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਆਪਣੀ ਗੱਲ ਤੱਥਾਂ ਦੇ ਆਧਾਰ 'ਤੇ ਰੱਖਣ। ਉਨ੍ਹਾਂ ਕਿਹਾ ਕਿ ਸਿਰਫ਼ ਸੁਰਖ਼ੀਆਂ ਵਿੱਚ ਰਹਿਣ ਲਈ ਕੀਤੀ ਜਾਣ ਵਾਲੀ ਬਿਆਨਬਾਜ਼ੀ ਅਤੇ ਬੇਬੁਨਿਆਦ ਦੋਸ਼ਾਂ ਨਾਲ ਲੋਕਾਂ ਦਾ ਭਰੋਸਾ ਨਹੀਂ ਜਿੱਤਿਆ ਜਾ ਸਕਦਾ। ਅਮਨ ਅਰੋੜਾ ਨੇ ਦੋਸ਼ ਲਾਇਆ ਕਿ ਅਕਾਲੀ ਅਤੇ ਕਾਂਗਰਸੀ ਆਗੂ ਆਮ ਆਦਮੀ ਪਾਰਟੀ ਦੀ ਲੋਕ-ਪੱਖੀ ਸੋਚ ਅਤੇ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਕਾਰਨ ਬੁਖਲਾਹਟ ਵਿੱਚ ਹਨ।



ਉਮੀਦ ਸੰਸਥਾ ਨੇ ਸਟਰੀਟ ਲਾਈਟਾਂ ਵੰਡੀਆਂ




ਭਵਾਨੀਗੜ੍ਹ (ਰਾਜ ਖੁਰਮੀ) : ਉਮੀਦ ਸੰਸਥਾ ਸੰਗਰੂਰ ਵੱਲੋਂ ਸਮਾਜ ਸੇਵਾ ਦੇ ਖੇਤਰ ਵਿੱਚ ਲਗਾਤਾਰ ਕੀਤੀਆਂ ਜਾ ਰਹੀਆਂ ਪਹਿਲਕਦਮੀਆਂ ਦੀ ਲੜੀ ਨੂੰ ਅੱਗੇ ਵਧਾਉਂਦਿਆਂ ਸੰਸਥਾ ਦੇ ਚੇਅਰਮੈਨ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਸੰਗਰੂਰ ਅਰਵਿੰਦ ਖੰਨਾ ਵੱਲੋਂ ਨਿਊ ਜੀਵਨ ਨਗਰ, ਭੱਠਲ ਕਲੋਨੀ ਅਤੇ ਗੁਰੂ ਤੇਗ ਬਹਾਦਰ ਨਗਰ ਦੇ ਵਸਨੀਕਾਂ ਨੂੰ ਸਟਰੀਟ ਲਾਈਟਾਂ ਵੰਡੀਆਂ ਗਈਆਂ। ਇਸ ਉਪਰਾਲੇ ਨਾਲ ਇਨ੍ਹਾਂ ਮੁਹੱਲਿਆਂ ਵਿੱਚ ਰਾਤ ਸਮੇਂ ਰੌਸ਼ਨੀ ਦੀ ਸਮੱਸਿਆ ਨੂੰ ਹੱਲ ਕਰਨ ਵਿੱਚ ਮਦਦ ਮਿਲੇਗੀ। ਇਸ ਮੌਕੇ ਮੁਹੱਲਿਆਂ ਦੇ ਨੁਮਾਇੰਦਿਆਂ ਸੁਖਵਿੰਦਰ ਕੌਰ ਅਤੇ ਸੇਵਕ ਮੌੜ ਸਮੇਤ ਹੋਰਨਾਂ ਨੇ ਅਰਵਿੰਦ ਖੰਨਾ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਇਨ੍ਹਾਂ ਮੁਹੱਲਿਆਂ ਵਿੱਚ ਸਟਰੀਟ ਲਾਈਟਾਂ ਦੀ ਲੰਮੇ ਸਮੇਂ ਤੋਂ ਲੋੜ ਮਹਿਸੂਸ ਕੀਤੀ ਜਾ ਰਹੀ ਸੀ। ਇਸ ਸਬੰਧੀ ਪ੍ਰਸ਼ਾਸਨ ਕੋਲ ਕਈ ਵਾਰ ਪਹੁੰਚ ਕਰਨ ਦੇ ਬਾਵਜੂਦ ਸਮੱਸਿਆ ਦਾ ਕੋਈ ਹੱਲ ਨਹੀਂ ਹੋ ਸਕਿਆ ਸੀ।

ਸਫ਼ਾਈ ਸੇਵਕ ਸਾਗਰ ਦੀ ਬਦਲੀ ਨਾ ਕਰਨ ਦੀ ਮੰਗ

ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ) - ਸ਼ਹਿਰ ਦੇ ਮੁਹੱਲਾ ਖੋਖਰਾਂ ਦੇ ਸਮੂਹ ਨਿਵਾਸੀਆਂ ਵੱਲੋਂ ਨਗਰ ਕੌਂਸਲ ਦੇ ਕਾਰਜ ਸਾਧਕ ਅਫ਼ਸਰ (ਈ.ਓ.) ਨੂੰ ਇੱਕ ਮੰਗ ਪੱਤਰ ਸੌਂਪ ਕੇ ਮੁਹੱਲੇ ਵਿੱਚ ਤਾਇਨਾਤ ਇਮਾਨਦਾਰ ਸਫ਼ਾਈ ਸੇਵਕ ਸਾਗਰ ਦੀ ਬਦਲੀ ਨਾ ਕਰਨ ਦੀ ਜ਼ੋਰਦਾਰ ਮੰਗ ਕੀਤੀ ਗਈ ਹੈ। ਮੰਗ ਪੱਤਰ ਵਿੱਚ ਮੁਹੱਲਾ ਨਿਵਾਸੀਆਂ ਨੇ ਦੱਸਿਆ ਕਿ ਪਹਿਲਾਂ ਮੁਹੱਲੇ ਵਿੱਚ ਸਫ਼ਾਈ ਦੀ ਵੱਡੀ ਸਮੱਸਿਆ ਬਣੀ ਰਹਿੰਦੀ ਸੀ। ਕਈ ਵਾਰ ਪ੍ਰਸ਼ਾਸਨ ਕੋਲ ਗੁਹਾਰ ਲਗਾਉਣ ਤੋਂ ਬਾਅਦ ਕਰੀਬ 3-4 ਸਾਲ ਪਹਿਲਾਂ ਸਾਗਰ ਨੂੰ ਇੱਥੇ ਤਾਇਨਾਤ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਸਫ਼ਾਈ ਸੇਵਕ ਸਾਗਰ ਵੱਲੋਂ ਪਿਛਲੇ ਕਈ ਸਾਲਾਂ ਤੋਂ ਆਪਣੀ ਡਿਊਟੀ ਪੂਰੀ ਤਨਦੇਹੀ, ਮਿਹਨਤ ਅਤੇ ਇਮਾਨਦਾਰੀ ਨਾਲ ਨਿਭਾਈ ਜਾ ਰਹੀ ਹੈ, ਜਿਸ ਤੋਂ ਪੂਰਾ ਮੁਹੱਲਾ ਪੂਰੀ ਤਰ੍ਹਾਂ ਸੰਤੁਸ਼ਟ ਅਤੇ ਖੁਸ਼ ਹੈ। ਨਿਵਾਸੀਆਂ ਅਨੁਸਾਰ ਉਨ੍ਹਾਂ ਨੂੰ ਇਸ ਕਰਮਚਾਰੀ ਤੋਂ ਕਿਸੇ ਕਿਸਮ ਦੀ ਕੋਈ ਸ਼ਿਕਾਇਤ ਨਹੀਂ ਹੈ।ਨਿਵਾਸੀਆਂ ਨੇ ਮੰਗ ਕੀਤੀ ਕਿ ਲੋਕਾਂ ਦਾ ਪੱਖ ਸੁਣੇ ਬਿਨਾਂ ਸਫ਼ਾਈ ਸੇਵਕ ਦੀ ਬਦਲੀ ਬਿਲਕੁਲ ਨਾ ਕੀਤੀ ਜਾਵੇ।ਇਸ ਸਬੰਧ ਵਿੱਚ ਮੁਹੱਲਾ ਨਿਵਾਸੀਆਂ ਨੇ ਮੰਗ ਪੱਤਰ ਦੀਆਂ ਕਾਪੀਆਂ ਮਾਣਯੋਗ ਡਿਪਟੀ ਕਮਿਸ਼ਨਰ ਫ਼ਰੀਦਕੋਟ, ਹਲਕਾ ਵਿਧਾਇਕ ਅਤੇ ਪ੍ਰਧਾਨ ਨਗਰ ਕੌਂਸਲ ਫ਼ਰੀਦਕੋਟ ਨੂੰ ਵੀ ਭੇਜ ਦਿੱਤੀਆਂ ਹਨ ਤਾਂ ਜੋ ਸਮੇਂ ਸਿਰ ਉਚਿਤ ਕਾਰਵਾਈ ਕੀਤੀ ਜਾ ਸਕੇ।



ਪਰਵਾਰ ਮਿਲਣ ਸਮਾਰੋਹ 22 ਨੂੰ



ਨਾਭਾ (ਅਮਨ ਗਰਗ)- ਆਲ ਇੰਡੀਆ ਮੀਆਂਵਾਲੀ ਜ਼ਿਲ੍ਹਾ ਐਸੋਸੀਏਸ਼ਨ (ਰਜਿ.) ਨਾਭਾ ਬਰਾਂਚ ਵੱਲੋਂ 27ਵਾਂ ਪਰਿਵਾਰ ਮਿਲਣ ਸਮਾਰੋਹ ਦਾ ਆਯੋਜਨ ਕੀਤਾ ਜਾ ਰਿਹਾ ਹੈ।ਸੰਸਥਾ ਦੇ ਪ੍ਰਧਾਨ ਜਸਪਾਲ ਜੁਨੇਜਾ ਨੇ ਦੱਸਿਆ ਕਿ ਇਹ ਸਮਾਰੋਹ ਦਿਨ ਐਤਵਾਰ, 22 ਨਵੰਬਰ 2026 ਨੂੰ ਲਾਇਨਜ਼ ਭਵਨ, ਸਿਨੇਮਾ ਰੋਡ, ਨਾਭਾ ਵਿਖੇ ਕਰਵਾਇਆ ਜਾਵੇਗਾ। ਉਹਨਾਂ ਕਿਹਾ ਕਿ ਵਿਜੇ ਅਧਲਖਾ ਪ੍ਰਧਾਨ ਏ ਆਈ ਐਮ ਡੀ ਏ, ਦਿੱਲੀ, ਐਸ.ਕੇ. ਗੁਲਾਟੀ (ਐਡਵੋਕੇਟ) ਚੇਅਰਮੈਨ, ਗਵਰਨਿੰਗ ਬਾਡੀ, ਏ ਆਈ ਐਮ ਡੀ ਏ, (ਦਿੱਲੀ), ਸਮਾਗਮ ਦੀ ਪ੍ਰਧਾਨਗੀ ਕਰਨਗੇ।

ਪੰਜਾਬੀ ਸਾਹਿਤ ਸਭਾ ਦਾ ਸਮਾਗਮ ਯਾਦਗਾਰੀ ਹੋ ਨਿੱਬੜਿਆ

ਧੂਰੀ (ਮਨੋਹਰ ਸਿੰਘ ਸੱਗੂ / ਮੋਹਿਤ ਗਰਗ) - ਪੰਜਾਬੀ ਸਾਹਿਤ ਸਭਾ ਧੂਰੀ ਵੱਲੋਂ ਪਿੰਡ ਇਮਾਮਗੜ੍ਹ ਵਿਖੇ ਮਹੰਤ ਹਰਪਾਲ ਦਾਸ ਦੀ ਸਰਪ੍ਰਸਤੀ ਹੇਠ ਮਹੀਨਾਵਾਰ ਸਾਹਿਤਕ ਸਮਾਗਮ ਕਰਵਾਇਆ ਗਿਆ। ਸਮਾਗਮ ਦੀ ਸ਼ੁਰੂਆਤ ਨਾਇਬ ਸਿੰਘ ਬੁੱਕਣਵਾਲ ਦੇ ਕਾਵਿ ਸੰਗ੍ਰਹਿ 'ਰੂਹ ਦੇ ਰੰਗ' ਦੇ ਲੋਕ ਅਰਪਣ ਨਾਲ ਹੋਈ। ਇਸ ਮੌਕੇ ਜੰਗ ਸਿੰਘ ਫੱਟੜ ਅਤੇ ਮੂਲ ਚੰਦ ਸ਼ਰਮਾ ਪ੍ਰਧਾਨਗੀ ਮੰਡਲ ਵਿੱਚ ਸ਼ਾਮਲ ਹੋਏ।ਪੰਜਾਬੀ ਦਿਵਸ ਅਤੇ ਸ੍ਰੀ ਗੁਰੂ ਨਾਨਕ ਦੇਵ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮ ਦੌਰਾਨ ਜਗਦੇਵ ਸ਼ਰਮਾ ਨੇ ਕਿਹਾ ਕਿ ਪੰਜਾਬ, ਪੰਜਾਬੀ ਤੇ ਪੰਜਾਬੀਅਤ ਦੇ ਨਿਘਾਰ ਲਈ ਸਰਕਾਰਾਂ ਅਤੇ ਪ੍ਰਸ਼ਾਸਨ ਦੇ ਨਾਲ ਅਸੀਂ ਖ਼ੁਦ ਵੀ ਜ਼ਿੰਮੇਵਾਰ ਹਾਂ। ਡਾ. ਕਮਲਜੀਤ ਸਿੰਘ ਟਿੱਬਾ ਨੇ ਕਿਹਾ ਕਿ ਪੰਜਾਬੀ ਨਾਬਰੀ ਦੀ ਭਾਸ਼ਾ ਹੈ, ਜਿਸ ਨੂੰ ਸੰਘਰਸ਼ ਨਾਲ ਹੀ ਸੰਭਾਲਿਆ ਜਾ ਸਕਦਾ ਹੈ।ਉਪਰੰਤ ਚਰਨਜੀਤ ਮੀਮਸਾ ਦੇ ਮੰਚ ਸੰਚਾਲਨ ਹੇਠ ਹੋਏ ਕਵੀ ਦਰਬਾਰ ਵਿੱਚ ਮਨਪ੍ਰੀਤ ਕੌਰ ਢੀਂਡਸਾ, ਮਨਜੀਤ ਕੌਰ ਸੰਧੂ, ਪਰਦੀਪ ਕੌਰ ਬਬਲੀ, ਦੇਵੀ ਸਰੂਪ ਮੀਮਸਾ, ਗੁਰਮੀਤ ਸਿੰਘ ਸੋਹੀ, ਲਖਵਿੰਦਰ ਖੁਰਾਣਾ, ਅਜਮੇਰ ਸਿੰਘ ਫਰੀਦਪੁਰ, ਕੁਲਵੰਤ ਸਿੰਘ ਬੁੰਗਾ, ਹਰਬੰਸ ਬੇਨੜਾ, ਅਜਾਇਬ ਸਿੰਘ ਢਢੋਗਲ, ਪੇਂਟਰ ਸੁਖਦੇਵ ਸਿੰਘ, ਆਸਿਫ਼ ਅਲੀ ਮਹਿੰਦਰੂ, ਗੁਰਦਿਆਲ ਨਿਰਮਾਣ ਧੂਰੀ, ਥਾਣੇਦਾਰ ਸੇਵਾ ਸਿੰਘ, ਹਰਭਜਨ ਦਾਸ, ਕਰਮਜੀਤ ਸਿੰਘ ਜੇ.ਈ., ਰਣਜੀਤ ਆਜ਼ਾਦ ਕਾਂਝਲਾ, ਹਰਮਨ ਸਿੰਘ, ਸੁਖਮਨਜੋਤ ਸਿੰਘ, ਗੁਰਜੰਟ ਮੀਮਸਾ, ਬਲਜੀਤ ਬਾਂਸਲ ਧੂਰੀ, ਕੁਲਵੰਤ ਸਿੰਘ ਖਨੌਰੀ, ਗੁਰਜੰਟ ਬੀਂਬੜ ਅਤੇ ਰਾਜੀਵ ਜਿੰਦਲ ਨੇ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ। ਅੰਤ ਵਿੱਚ ਮੂਲ ਚੰਦ ਸ਼ਰਮਾ ਨੇ ਸਭ ਦਾ ਧੰਨਵਾਦ ਕੀਤਾ।



ਪੰਜਾਬ ਲੋਕ ਨਿਰਮਾਣ (ਇਮਾਰਤਾਂ ਤੇ ਸੜਕਾਂ) ਵਿਭਾਗ ਦੇ ਕਰਮਚਾਰੀਆਂ ਦੀ ਵਿਸ਼ਾਲ ਇਕੱਤਰਤਾ

ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪੰਜਾਬ ਲੋਕ ਨਿਰਮਾਣ (ਇਮਾਰਤਾਂ ਤੇ ਸੜਕਾਂ) ਵਿਭਾਗ ਦੇ ਤੀਜਾ—ਚੌਥਾ ਦਰਜਾ ਟੈਕਨੀਕਲ, ਡਰਾਇਵਰ ਅਤੇ ਆਊਟਸੋਰਸ ਕਰਮਚਾਰੀਆਂ ਦੀ ਇੱਕ ਵਿਸ਼ਾਲ ਇਕੱਤਰਤਾ ਨਿਰਮਾਣ ਭਵਨ ਮਿੰਨੀ ਸਕੱਤਰੇਤ ਵਿਖੇ ਹੋਈ। ਇਸ ਵਿੱਚ ਪਟਿਆਲਾ ਜ਼ਿਲ੍ਹੇ ਦੇ ਜੋ ਆਗੂ ਸ਼ਾਮਲ ਹੋਏ ਉਨ੍ਹਾਂ ਵਿੱਚ ਦਰਸ਼ਨ ਸਿੰਘ ਲੁਬਾਣਾ, ਰਾਮ ਲਾਲ ਰਾਮਾ, ਸ਼ਿਵ ਚਰਨ, ਨਾਰੰਗ ਸਿੰਘ, ਸੁਨੀਲ ਦੱਤ, ਧਰਮਿੰਦਰ ਕੁਮਾਰ, ਲਖਵੀਰ ਸਿੰਘ, ਆਦਿ ਆਗੂ ਸ਼ਾਮਲ ਸਨ। ਇਕੱਤਰਤਾ ਨੇ ਪੰਜਾਬ ਲੋਕ ਨਿਰਮਾਣ (ਭਵਨ ਤੇ ਮਾਰਗ) ਸ਼ਾਖਾ ਦੀ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (1680) ਦੀ ਕੋਆਰਡੀਨੇਸ਼ਨ ਕਮੇਟੀ ਦੀ ਸਥਾਪਨਾ ਕੀਤੀ ਗਈ ਤਾਂ ਜੋ ਆਊਟਸੋਰਸ ਸੰਘਰਸ਼ਾਂ ਵਿੱਚ ਭਰਪੂਰ ਸ਼ਮੂਲੀਅਤ ਕੀਤੀ ਜਾਵੇ ਤੇ ਫੈਡਰੇਸ਼ਨ ਤੇ ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਪੰਜਾਬ (1680) ਵਿਚਲੇ ਸੰਗਠਨਾਂ ਨੂੰ ਵੀ ਮਜ਼ਬੂਤ ਕੀਤਾ ਜਾ ਸਕੇ। ਇਸ ਮੰਤਵ ਲਈ ਫੈਡਰੇਸ਼ਨ ਪਟਿਆਲਾ ਜਿਲੇ ਦੀ ਵਿਭਾਗੀ ਕਮੇਟੀ ਬਣਾਈ ਗਈ, ਜਿਸ ਵਿੱਚ ਵਿਭਾਗ ਦੇ ਮੁੱਖ ਦਫਤਰ ਸਮੇਤ ਸਰਕਲਾਂ, ਮੰਡਲਾਂ ਤੇ ਉਪ ਮੰਡਲਾਂ ਸਮੇਤ ਰਿਸਰਚਜ ਲਬਾਰਟਰੀ ਨੂੰ ਸ਼ਾਮਲ ਕੀਤਾ ਗਿਆ।ਫੈਡਰੇਸ਼ਨ ਦੇ ਚੇਅਰਮੈਨ ਦਰਸ਼ਨ ਸਿੰਘ ਲੁਬਾਣਾ ਨੇ ਕਮੇਟੀ ਵਿੱਚ ਸ਼ਾਮਲ ਕੁੱਲ 41 ਅਹੁਦੇਦਾਰਾਂ ਦੀ ਸੂਚੀ ਵੀ ਜਾਰੀ ਕੀਤੀ ਗਈ। ਜਿਹਨਾ ਨੂੰ ਅਹੁਦੇ ਦੀਆਂ ਜ਼ਿੰਮੇਵਾਰੀਆਂ ਦਿੱਤੀਆਂ ਗਈਆਂ। ਇਸ ਵਿੱਚ ਪ੍ਰਧਾਨ ਪ੍ਰਕਾਸ਼ ਸਿੰਘ ਲੁਬਾਣਾ, ਚੇਅਰਮੈਨ ਸਤਨਾਮ ਸਿੰਘ, ਸੀਨੀਅਰ ਮੀਤ ਪ੍ਰਧਾਨ ਮੋਦ ਨਾਥ ਸ਼ਰਮਾ, ਸ੍ਰੀਮਤੀ ਨਿਸ਼ਾ ਰਣੀ, ਸੁਭਾਸ਼, ਨਾਰੰਗ ਸਿੰਘ, ਵਿੱਤ ਸਕੱਤਰ ਹਰਬੰਸ ਵਰਮਾ, ਵਾਇਸ ਪ੍ਰਧਾਨ ਰਿਸ਼ਭ ਭਸੀਨ, ਸੋਮ ਨਾਥ ਡਰਾਇਵਰ, ਡਿਪਟੀ ਚੇਅਰਮੈਨ ਲਖਵੀਰ ਸਿੰਘ ਲੱਕੀ, ਗੁਰਿੰਦਰ ਸਿੰਘ, ਮੀਤ ਪ੍ਰਧਾਨ ਹਰਦੀਪ ਸਿੰਘ, ਹਰਬੰਸ ਸਿੰਘ ਘਨੌਰ, ਜਨਰਲ ਸਕੱਤਰ ਸਤਿਨਰਾਇਣ ਗੋਨੀ, ਮੁੱਖ ਸਲਾਹਕਾਰ ਕੁਲਦੀਪ ਕੌਰ (ਕੋਮਲ ਬਾਵਾ), ਵਾਈਸ ਪ੍ਰਧਾਨ ਸ਼ਮਿੰਦਰ ਸਿੰਘ, ਕਾਰਜਕਾਰੀ ਮੈਂਬਰ ਗੁਰਜੰਟ ਸਿੰਘ, ਰਜਿੰਦਰ ਸਿੰਘ, ਸੁਰਜੀਤ ਕੁਮਾਰ, ਅਨੂੰ ਮਹਿਰਾ, ਪਰਦੀਪ ਕੁਮਾਰ, ਰਮਨਦੀਪ, ਕਵਰ ਸਿੰਘ, ਸੁਮਨਦੀਪ ਸਿੰਘ, ਜਗਰੂਪ ਸਿੰਘ, ਸਰਦੂਲ ਸਿੰਘ, ਬਲਵੀਰ ਸਿੰਘ, ਹਰਨਾਮ ਸਿੰਘ, ਰਾਮ ਚੰਦਰ, ਰਾਜ ਕੁਮਾਰ, ਮੋਨੂੰ ਖਾਨ, ਹਰਿੰਦਰ ਸਿੰਘ, ਸੂਰਜ, ਸੁਨੀਲ ਕੁਮਾਰ, ਸੁਨੀਲ ਕੁਮਾਰ ਅਤੇ ਚੀਫ ਅਡਵਾਇਜ਼ਰ ਦਰਸ਼ਨ ਸਿੰਘ ਲੁਬਾਣਾ, ਜਸਪਾਲ ਸਿੰਘ ਮੋਹਰਾ, ਉਂਕਾਰ ਸਿੰਘ ਦਮਨ, ਜਸਵਿੰਦਰ ਸਿੰਘ ਅਤੇ ਕਰਮਜੀਤ ਸਿੰਘ ਟਿੱਕਾ, ਆਦਿ ਚੁਣੇ ਗਏ।



'ਮੇਰਾ ਘਰ ਮੇਰੇ ਨਾਮ' ਸਕੀਮ ਤਹਿਤ ਮਾਲਕੀ ਦੇ ਸਰਟੀਫਿਕੇਟ ਵੰਡੇ



ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)- ਵਿਧਾਨ ਸਭਾ ਹਲਕਾ ਸੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਵੱਲੋਂ ਹਲਕੇ ਦੇ ਪਿੰਡ ਅਰਨੇਟੂ ਵਿਖੇ ਪੰਜਾਬ ਸਰਕਾਰ ਦੁਆਰਾ ਚਲਾਈ ਗਈ ਸਕੀਮ 'ਮੇਰਾ ਘਰ ਮੇਰੇ ਨਾਮ ' ਤਹਿਤ 334 ਪਰਿਵਾਰਾਂ ਨੂੰ ਮਾਲਕਾਨਾ ਦੇ ਹੱਕ ਦੇਣ ਲਈ ਸਰਟੀਫਿਕੇਟ ਵੰਡੇ ਗਏ । ਇਸ ਦੌਰਾਨ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਕਿ ਹਲਕੇ ਦੇ ਲੋਕਾਂ ਵੱਲੋਂ ਜਿਸ ਭਰੋਸੇ ਨਾਲ ਉਹਨਾਂ ਨੂੰ ਵਿਧਾਨ ਸਭਾ ਵਿੱਚ ਵੱਡੀ ਲੀਡ ਨਾਲ ਜਿਤਾ ਕੇ ਭੇਜਿਆ ਗਿਆ ਸੀ ਉਸ ਭਰੋਸੇ ਨੂੰ ਕਾਇਮ ਰੱਖਦਿਆਂ ਉਹਨਾਂ ਨੇ ਹਲਕੇ ਦੇ ਮੁੱਖ ਮੁੱਦਿਆਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣ ਦੇ ਯਤਨ ਕੀਤੇ ਹਨ। ਘੱਗਰ ਦੀ ਮਾਰ ਨੂੰ ਠੱਲ੍ਹ ਪਾਉਣ ਲਈ ਉਸ ਦਾ ਸਥਾਈ ਹੱਲ, ਪਾਤੜਾਂ ਸ਼ਹਿਰ ਨੂੰ ਨਵੀਂ ਅਨਾਜ ਮੰਡੀ , ਜ਼ਿਮੀਦਾਰਾਂ ਭਰਾਵਾਂ ਨੂੰ ਨਹਿਰੀ ਪਾਣੀ , ਹਲਕੇ ਅੰਦਰ ਸੜਕਾਂ ਦਾ ਜਾਲ ਵਿਛਾਉਣਾ ,ਪਿੰਡਾਂ ਦੇ ਨੌਜਵਾਨ ਨੂੰ ਖੇਡਾਂ ਨਾਲ ਜੋੜਨ ਲਈ ਖੇਡ ਸਟੇਡੀਅਮ ਆਦਿ ਬਣਾਉਣ ਲਈ ਯਤਨ ਕੀਤੇ ਗਏ ਹਨ । ਇਸ ਮੌਕੇ ਪਿੰਡ ਅਰਨੇਟੂ ਦੇ ਸਰਪੰਚ ਕਸ਼ਮੀਰ ਰਾਮ , ਸਰਪੰਚ ਮਲਕ ਸਿੰਘ ਬਕਰਾਹਾ ,ਸਰਪੰਚ ਜਗਦੀਪ ਸਿੰਘ , ਸਰਪੰਚ ਕਾਰਜ ਸਿੰਘ , ਪ੍ਰਧਾਨ ਰਣਜੀਤ ਸਿੰਘ ਟਰੱਕ ਯੂਨੀਅਨ ,ਮਾਸਟਰ ਜਸਵੰਤ ਸਿੰਘ , ਸਰਪੰਚ ਠੰਡੂ ਰਾਮ , ਅਤੇ ਪੰਚ ਅਮਰੀਕ ਸਿੰਘ ਤੇ ਪੰਚ ਕਰੋੜ ਰਾਮ ਤੋਂ ਸਮੂਹ ਪਿੰਡ ਵਾਸੀ ਹਾਜ਼ਰ ਸਨ ।

ਮੁੱਖ ਮੰਤਰੀ ਦੀ ਕੋਠੀ ਦੇ ਘਿਰਾਓ ਦਾ ਐਲਾਨ ਬਰਕਰਾਰ



ਮਾਨਸਾ (ਆਤਮਾ ਸਿੰਘ ਪਮਾਰ)- ਪਰਵਿੰਦਰ ਸਿੰਘ ਝੋਟਾ ਨੂੰ ਇਨਸਾਫ਼ ਦਿਵਾਉਣ, ਗ੍ਰਿਫ਼ਤਾਰ ਆਗੂਆਂ ਦੀ ਰਿਹਾਈ ਅਤੇ ਮੋਰਚੇ ਦੀਆਂ ਮੰਗਾਂ ਦੀ ਪੂਰਤੀ ਲਈ ਪੰਜ ਨਵੰਬਰ ਨੂੰ ਸੰਗਰੂਰ ਵਿਖੇ ਮੁੱਖ ਮੰਤਰੀ ਦੀ ਕੋਠੀ ਦੇ ਘਿਰਾਓ ਦਾ ਐਲਾਨ ਬਰਕਰਾਰ ਹੈ। ਇੱਥੇ ਪ੍ਰੈੱਸ ਕਾਨਫਰੰਸ ਦੌਰਾਨ ਐਕਸ਼ਨ ਕਮੇਟੀ ਦੇ ਆਗੂਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਅਜੇ ਤੱਕ ਗੱਲਬਾਤ ਲਈ ਕੋਈ ਸੱਦਾ ਨਹੀਂ ਆਇਆ। ਉਨ੍ਹਾਂ ਕਿਹਾ ਕਿ ਘਿਰਾਓ ਲਈ ਪੰਜਾਬ ਭਰ 'ਚ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ ਅਤੇ ਤੈਅ ਪ੍ਰੋਗਰਾਮ ਅਨੁਸਾਰ ਐਕਸ਼ਨ ਕੀਤਾ ਜਾਵੇਗਾ।

ਬੱਚਿਆਂ ਨੂੰ ਐਨ ਆਰ ਆਈ ਪਰਵਾਰ ਵੱਲੋਂ ਬੂਟਾਂ ਦੀ ਵੰਡ



ਰਾਏਕੋਟ (ਸੰਤੋਖ ਗਿੱਲ)- ਪਿੰਡ ਐਤੀਆਣਾ ਦੇ ਸਰਕਾਰੀ ਪ੍ਰਾਇਮਰੀ ਸਕੂਲ ਦੇ ਵਿਦਿਆਰਥੀਆਂ ਸਮੇਤ ਮਿਡ ਡੇ ਮੀਲ ਵਰਕਰਾਂ, ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਨੂੰ ਦੁਬਈ ਵਾਸੀ ਕੁਲਵਿੰਦਰ ਸਿੰਘ ਪੁੱਤਰ ਜਰਨੈਲ ਸਿੰਘ ਮਹੇ ਦੇ ਪਰਿਵਾਰ ਵੱਲੋਂ 65 ਜੋੜੇ ਬੂਟਾਂ ਦੇ ਭੇਟ ਕੀਤੇ ਗਏ। ਸਾਬਕਾ ਸਰਪੰਚ ਲਖਵੀਰ ਸਿੰਘ ਨੇ ਦੱਸਿਆ ਕਿ ਕੁਲਵਿੰਦਰ ਸਿੰਘ ਮਹੇ ਦਾ ਪਰਿਵਾਰ ਪਿੰਡ ਦੇ ਵਿਕਾਸ ਕਾਰਜਾਂ ਵਿੱਚ ਯੋਗਦਾਨ ਪਾਉਣ ਲਈ ਸਦਾ ਤਤਪਰ ਰਹਿੰਦਾ ਹੈ। ਉਨ੍ਹਾਂ ਦੱਸਿਆ ਕਿ ਸਰਕਾਰੀ ਪ੍ਰਾਇਮਰੀ ਸਕੂਲ ਦੇ ਕਮਰਿਆਂ ਨੂੰ ਜਾਲ਼ੀਆਂ ਲਾਉਣ ਲਈ ਵੀ ਪਰਿਵਾਰ ਵੱਲੋਂ ਸੇਵਾ ਕੀਤੀ ਗਈ ਸੀ। ਇਸ ਮੌਕੇ ਸਕੂਲ ਮੈਨੇਜਮੈਂਟ ਕਮੇਟੀ ਦੀ ਚੇਅਰਪਰਸਨ ਬਲਜਿੰਦਰ ਕੌਰ, ਅਧਿਆਪਕ ਦੀਪਿੰਦਰ ਸਿੰਘ, ਮਨਜੀਤ ਕੌਰ, ਕੁਲਦੀਪ ਸਿੰਘ, ਪਰਮਜੀਤ ਕੌਰ, ਆਂਗਣਵਾੜੀ ਵਰਕਰ ਛਿੰਦਰਪਾਲ ਕੌਰ ਸਮੇਤ ਹੋਰ ਅਹਿਮ ਸ਼ਖ਼ਸੀਅਤਾਂ ਵੀ ਮੌਜੂਦ ਸਨ।

ਸਰਕਾਰ ਨੂੰ ਨਸ਼ਿਆਂ ਖ਼ਿਲਾਫ਼ ਠੋਸ ਕਦਮ ਚੁੱਕਣੇ ਚਾਹੀਦੇ : ਆਗੂ

ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)- ਨਸ਼ਿਆਂ ਖ਼ਿਲਾਫ਼ ਜੰਗ ਲੜਦਿਆਂ ਆਪਣੀ ਜਾਨ ਗੁਆਉਣ ਵਾਲੇ ਭਾਈ ਪਰਵਿੰਦਰ ਸਿੰਘ ਝੋਟੇ ਦੇ ਪਰਵਾਰ ਨੂੰ ਇਨਸਾਫ਼ ਦਿਵਾਉਣ ਲਈ ਮਾਨਸਾ ਵਿੱਚ ਪਿਛਲੇ 23 ਦਿਨਾਂ ਤੋਂ ਧਰਨਾ ਜਾਰੀ ਹੈ, ਪਰ ਸਰਕਾਰ ਵੱਲੋਂ ਧਰਨਾਕਾਰੀਆਂ ਦੀਆਂ ਮੰਗਾਂ ਵੱਲ ਕੋਈ ਧਿਆਨ ਨਾ ਦੇਣ ਕਾਰਨ ਲੋਕਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ।ਇਸ ਮੌਕੇ ਸ਼ੇਰੇ-ਏ-ਪੰਜਾਬ ਯੂਨੀਅਨ ਮੋਗਾ ਦੇ ਜ਼ਿਲ੍ਹਾ ਪ੍ਰਧਾਨ ਆਤਮਾ ਸਿੰਘ ਧੂੜਕੋਟ ਨੇ ਕਿਹਾ ਕਿ ਇੱਕ ਪਾਸੇ ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਚਲ ਰਹੀ ਮੁਹਿੰਮ ਚਲਾਉਣ ਦੇ ਵੱਡੇ-ਵੱਡੇ ਦਾਅਵੇ ਕਰ ਰਹੇ ਹਨ, ਜਦਕਿ ਦੂਜੇ ਪਾਸੇ ਬੁਢਲਾਡਾ ਵਿਖੇ ਇੱਕ ਏ. ਐਸ. ਆਈ. ਦੀ ਜੇਬ ਵਿੱਚੋਂ ਚਿੱਟਾ ਮਿਲਣ ਦੀ ਸਾਹਮਣੇ ਆਈ ਖ਼ਬਰ ਨੇ ਸਰਕਾਰ ਦੀ ਨਸ਼ਾ ਵਿਰੋਧੀ ਮੁਹਿੰਮ ਦੀ ਤੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਉਨ੍ਹਾਂ ਕਿਹਾ ਕਿ ਅਜਿਹੀਆਂ ਘਟਨਾਵਾਂ ਨਾਲ ਸਰਕਾਰ ਵੱਲੋਂ ਚਲਾਈ ਜਾ ਰਹੀ ਮੁਹਿੰਮ ਦੀਆਂ ਸ਼ਰੇਆਮ ਧੱਜੀਆਂ ਉੱਡਦੀਆਂ ਨਜ਼ਰ ਆ ਰਹੀਆਂ ਹਨ। ਸ਼ੇਰੇ ਏ ਪੰਜਾਬ ਯੂਨੀਅਨ ਯੂਨੀਅਨ ਦੇ ਆਗੂ ਜ਼ਿਲ੍ਹਾ ਪ੍ਰਧਾਨ ਆਤਮਾ ਸਿੰਘ ਧੂੜਕੋਟ, ਮੁੱਖ ਬੁਲਾਰਾ ਹਰਜਿੰਦਰ ਸਿੰਘ ਮੋਗਾ, ਜਨਰਲ ਸਕੱਤਰ ਸੁਖਚੈਨ ਸਿੰਘ ਸੋਨੀ ਨੰਗਲ, ਬਲਾਕ ਪ੍ਰਧਾਨ ਰਣਸੀਹ ਖੁਰਦ, ਅਵਤਾਰ ਸਿੰਘ ਧੂੜਕੋਟ, ਸਹਾਇਕ ਸਕੱਤਰ ਤਾਰੂ ਅਤੇ ਸੁਰਜੀਤ ਸਿੰਘ ਧੂੜਕੋਟ ਨੇ ਸਰਕਾਰ ਦੀ ਨਸ਼ਾ ਵਿਰੋਧੀ ਮੁਹਿੰਮ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਿਆਂ ਕਰਦਿਆਂ ਕਿਹਾ ਕਿ ਸਰਕਾਰ ਨੂੰ ਸਿਰਫ਼ ਇਸ਼ਤਿਹਾਰਾਂ ਅਤੇ ਬਿਆਨਾਂ ਤੱਕ ਸੀਮਤ ਰਹਿਣ ਦੀ ਬਜਾਏ ਨਸ਼ਿਆਂ ਖ਼ਿਲਾਫ਼ ਠੋਸ਼ ਕਦਮ ਚੁੱਕਣੇ ਚਾਹੀਦੇ ਹਨ।

ਸ਼ੇਰੇ ਏ ਪੰਜਾਬ ਯੂਨੀਅਨ ਨੇ ਮੰਗ ਕੀਤੀ ਕਿ ਭਾਈ ਪਰਵਿੰਦਰ ਸਿੰਘ ਝੋਟੇ ਦੇ ਪਰਵਾਰ ਨੂੰ ਇਨਸਾਫ਼ ਦਿਵਾਇਆ ਜਾਵੇ ਅਤੇ ਨਸ਼ਿਆਂ ਦੇ ਮਾਮਲੇ ਵਿੱਚ ਕਿਸੇ ਵੀ ਪੱਧਰ 'ਤੇ ਲਾਪਰਵਾਹੀ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ।


ਡੀ ਸੀ ਵੱਲੋਂ ਡਰੱਗ ਪ੍ਰਭਾਵਿਤ ਖੇਤਰਾਂ 'ਚ ਸੁਧਾਰ ਮੁਹਿੰਮ ਦੀ ਪ੍ਰਗਤੀ ਦਾ ਜਾਇਜ਼ਾ



ਮਾਨਸਾ (ਆਤਮਾ ਸਿੰਘ ਪਮਾਰ)- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਨਸ਼ਾ ਹੌਟ ਸਪਾਟ ਖੇਤਰਾਂ ਨੂੰ ਨਸ਼ਾ ਮੁਕਤ ਕਰਨ ਲਈ ਚਲਾਈ ਜਾ ਰਹੀ 60 ਰੋਜ਼ਾ ਵਿਸ਼ੇਸ਼ ਮੁਹਿੰਮ ਦਾ ਜਾਇਜ਼ਾ ਲੈਂਦਿਆਂ ਡਿਪਟੀ ਕਮਿਸ਼ਨਰ ਨਵਜੋਤ ਕੌਰ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਵਧੇਰੇ ਸਰਗਰਮ ਹੋਣ ਦੀ ਹਦਾਇਤ ਕੀਤੀ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਆਯੋਜਿਤ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਇਹਨਾਂ ਖੇਤਰਾਂ ਦੇ ਸਰਵਪੱਖੀ ਵਿਕਾਸ ਅਤੇ ਕਾਇਆ-ਕਲਪ ਲਈ ਵੱਖ-ਵੱਖ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਠੋਸ ਉਪਰਾਲੇ ਕਰਨ ਲਈ ਆਖਿਆ। ਮੀਟਿੰਗ ਦੌਰਾਨ ਐਸ.ਪੀ ਜੇ ਐਸ ਸੰਧੂ, ਐਸ ਡੀ ਐਮ ਬਲਜੀਤ ਕੌਰ, ਐਸ ਡੀ ਐਮ ਬੁਢਲਾਡਾ ਗੁਰਮੀਤ ਕੁਮਾਰ , ਐਸ ਡੀ ਐਮ ਸਰਦੂਲਗੜ੍ਹ ਹਰਜਿੰਦਰ ਸਿੰਘ ਜੱਸਲ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਕਵਿਤਾ ਗਰਗ, ਸਮੂਹ ਈ ਓ ਸਹਿਬਾਨ, ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰਾਂ ਸਮੇਤ ਹੋਰ ਅਧਿਕਾਰੀ ਹਾਜ਼ਰ ਸਨ।

ਦੀਵਾਲੀ ਪਟਾਕਿਆਂ ਤੋਂ ਬਿਨਾਂ ਮਨਾਉਣ ਦਾ ਸੱਦਾ

ਪਟਿਆਲਾ (ਰਾਜਿੰਦਰ ਸਿੰਘ ਥਿੰਦ) : ਵਾਤਾਵਰਣ ਅਤੇ ਮਨੁੱਖਤਾ ਦੇ ਭਲੇ ਦੀਆਂ ਸੇਵਾਵਾਂ ਦੇਣ ਵਿਚ ਮੋਹਰੀ ਗਰੁੱਪ ਮਿਸ਼ਨ ਲਾਲੀ ਤੇ ਹਰਿਆਲੀ ਵੱਲੋਂ ਮਾਸਟਰ ਮੋਟੀਵੇਟਰ ਅਤੇ ਮਿਸ਼ਨ ਲਾਲੀ ਤੇ ਹਰਿਆਲੀ ਦੇ ਮੋਢੀ ਹਰਦੀਪ ਸਿੰਘ ਸਨੌਰ ਦੀ ਅਗਵਾਈ ਹੇਠ ਮਿੰਨੀ ਸਕੱਤਰੇਤ ਦੇ ਸਾਹਮਣੇ ਦੀਵਾਲੀ ਮੌਕੇ ਪਟਾਕੇ ਤੇ ਆਤਿਸ਼ਬਾਜ਼ੀਆਂ ਨਾ ਚਲਾਉਣ ਲਈ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਐਡਵੋਕੇਟ ਸੁਖਮਿੰਦਰ ਸਿੰਘ ਬੋਬੀ, ਐਡਵੋਕੇਟ ਭਾਗ ਸਿੰਘ ਪਟਿਆਲਾ, ਵਿਜੇ ਕੁਮਾਰ ਸ਼ਰਮਾ ਬੇੜੀ, ਕੁਲਦੀਪ ਸਿੰਘ ਜੋਸਨ, ਹਰਿੰਦਰ ਕੁਮਾਰ, ਰਾਜੂ, ਕੁਲਵੰਤ ਸਿੰਘ ਬੋਬੀ, ਗੁਰਪ੍ਰੀਤ ਸਿੰਘ ਲਲੀਨਾ, ਕਰਮ ਸਿੰਘ, ਮੁਕੇਸ਼ ਕੁਮਾਰ, ਰੋਹਿਤ ਕੁਮਾਰ ਸਨੌਰ ਤੇ ਇਰਫਾਨ ਖਾਨ ਮੌਜੂਦ ਸਨ। ਐਡਵੋਕੇਟ ਸੁਖਮਿੰਦਰ ਸਿੰਘ ਬੋਬੀ ਨੇ ਕਿਹਾ ਕਿ ਵਾਤਾਵਰਨ ਅਤੇ ਮਨੁੱਖਤਾ ਦੇ ਭਲੇ ਲਈ ਖੁਸ਼ੀਆਂ ਭਰੇ ਤਿਓਹਾਰ ਦੀਵਾਲੀ ਅਤੇ ਬੰਦੀ ਛੋੜ ਦਿਵਸ ਮੌਕੇ ਪਟਾਕੇ ਅਤੇ ਆਤਿਸ਼ਬਾਜ਼ੀਆਂ ਚਲਾਉਣ ਤੋਂ ਪ੍ਰਹੇਜ਼ ਕਰਨਾ ਚਾਹੀਦਾ ਹੈ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ—ਸੁਥਰਾ ਵਾਤਾਵਰਣ ਮੁਹੱਈਆ ਹੋ ਸਕੇ ਤੇ ਨਿਰੋਗ ਜ਼ਿੰਦਗੀ ਜੀਅ ਸਕਣ। ਐਡਵੋਕੇਟ ਭਾਗ ਸਿੰਘ ਪਟਿਆਲਾ ਨੇ ਕਿਹਾ ਕਿ ਆਬਾਦੀ ਅਤੇ ਵਾਹਨਾਂ ਦੀ ਗਿਣਤੀ ਵਧਣ ਕਾਰਨ ਪ੍ਰਦੂਸ਼ਣ ਵਿਚ ਲਗਾਤਾਰ ਵਾਧਾ ਹੋ ਰਿਹਾ ਹੈ, ਸਾਨੂੰ ਸਾਰਿਆਂ ਨੂੰ ਸਾਰੇ ਤਿਓਹਾਰ ਪਟਾਕੇ ਅਤੇ ਆਤਿਸ਼ਬਾਜ਼ੀਆਂ ਤੋਂ ਬਿਨ੍ਹਾਂ ਮਨਾਉਣੇ ਚਾਹੀਦੇ ਹਨ। ਹਰਦੀਪ ਸਿੰਘ ਸਨੌਰ ਨੇ ਕਿਹਾ ਕਿ ਦੀਵਾਲੀ ਦਾ ਤਿਓਹਾਰ ਜ਼ਰੂਰ ਮਨਾਓ, ਪਟਾਕੇ ਤੇ ਆਤਿਸ਼ਬਾਜ਼ੀਆਂ ਨਾ ਚਲਾਓ, ਵਾਤਾਵਰਣ, ਮਨੁੱਖਤਾ ਤੇ ਪੈਸਾ ਬਚਾਓ।



ਅੰਮ੍ਰਿਤਸਰ ਕਲਾਂ ਵਿੱਚ ਅਵਾਰਾ ਕੁੱਤਿਆਂ ਦੀ ਦਹਿਸ਼ਤ

ਸਿਰਸਾ (ਜਗਤਾਰ ਸਮਾਲਸਰ) - ਪਿੰਡ ਅੰਮ੍ਰਿਤਸਰ ਕਲਾਂ ਵਿੱਚ ਅਵਾਰਾ ਕੁੱਤਿਆਂ ਦੇ ਵੱਧ ਰਹੇ ਖਤਰੇ ਤੋਂ ਤੰਗ ਆਏ ਪਿੰਡ ਵਾਸੀਆਂ ਨੇ ਪਿੰਡ ਦੇ ਸਰਪੰਚ, ਸਬੰਧਤ ਵਿਭਾਗਾਂ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਪੱਤਰ ਲਿਖ ਕੇ ਇਸ ਸਮੱਸਿਆ ਦਾ ਜਲਦੀ ਹੱਲ ਕਰਨ ਦੀ ਮੰਗ ਕੀਤੀ ਹੈ। ਪਿੰਡ ਵਾਸੀਆਂ ਨੇ ਦੱਸਿਆ ਕਿ ਅਵਾਰਾ ਕੁੱਤਿਆਂ ਦੀ ਗਿਣਤੀ ਕਾਫ਼ੀ ਵਧ ਗਈ ਹੈ,ਜਿਸ ਨਾਲ ਪੂਰੇ ਪਿੰਡ ਵਿੱਚ ਡਰ ਅਤੇ ਦਹਿਸ਼ਤ ਦਾ ਮਾਹੌਲ ਬਣਿਆ ਹੋਇਆ ਹੈ। ਪਿੰਡ ਦੀ ਏਲਨਾਬਾਦ ਰੋਡ,ਅੰਮ੍ਰਿਤਸਰ ਖੁਰਦ ਰੋਡ,ਬੁੱਢੀਮਾੜੀ ਰੋਡ ਅਤੇ ਘੱਗਰ ਨਦੀ ਰੋਡ ਸਮੇਤ ਹੋਰ ਰਸਤਿਆਂ 'ਤੇ ਵੱਡੀ ਗਿਣਤੀ ਵਿੱਚ ਖਤਰਨਾਕ ਅਵਾਰਾ ਕੁੱਤੇ ਘੁੰਮਦੇ ਹਨ।ਉਨ੍ਹਾਂ ਕਿਹਾ ਕਿ ਕਈ ਲੋਕਾਂ ਨੂੰ ਆਵਾਰ ਕੁੱਤਿਆਂ ਨੇ ਵੱਢਿਆ ਹੈ ਜਿਨ੍ਹਾਂ ਦਾ ਟੀਕਾਕਰਨ ਹੋ ਰਿਹਾ ਹੈ। ਪਿੰਡ ਵਾਸੀਆਂ ਨੇ ਸਿਰਸਾ ਦੇ ਪਸ਼ੂ ਪਾਲਣ ਅਤੇ ਡੇਅਰੀ ਵਿਭਾਗ ਦੇ ਡਿਪਟੀ ਡਾਇਰੈਕਟਰ,ਮੁੱਖ ਮੈਡੀਕਲ ਅਫਸਰ ਸਿਰਸਾ,ਬਲਾਕ ਵਿਕਾਸ ਅਤੇ ਪੰਚਾਇਤ ਅਧਿਕਾਰੀ ਏਲਨਾਬਾਦ,ਐਸ ਡੀ ਐਮ ਏਲਨਾਬਾਦ ਅਤੇ ਡਿਪਟੀ ਕਮਿਸ਼ਨਰ ਸਿਰਸਾ ਨੂੰ ਪੱਤਰ ਲਿਖਕੇ ਇਸ ਗੰਭੀਰ ਸਮੱਸਿਆ ਦਾ ਤੁਰੰਤ ਹੱਲ ਕੱਢਣ ਦੀ ਮੰਗ ਕੀਤੀ ਹੈ।

ਸੁਖਬੀਰ ਬਾਦਲ ਵੱਲੋਂ ਫਤਿਹਗੜ੍ਹ ਤੇ ਨਾਭਾ 'ਚ ਵਪਾਰ ਤੇ ਉਦਯੋਗ ਮੈਂਬਰਾਂ ਨਾਲ ਮੀਟਿੰਗਾਂ

ਫਤਿਹਗੜ੍ਹ ਸਾਹਿਬ/ਨਾਭਾ (ਪ੍ਰਮੋਦ ਭਾਰਦਵਾਜ, ਅਮਨ ਗਰਗ)-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਐਲਾਨ ਕੀਤਾ ਕਿ ਅਗਲੀ ਅਕਾਲੀ ਦਲ ਦੀ ਸਰਕਾਰ ਸੂਬੇ ਦੇ ਉਦਯੋਗਾਂ ਨੂੰ ਹੁਲਾਰਾ ਦੇਣ ਵਾਸਤੇ ਸਾਰੀ ਸਰਕਾਰੀ ਖਰੀਦ ਵਿੱਚ 'ਮੇਡ ਇਨ ਪੰਜਾਬ' ਪ੍ਰਾਜੈਕਟਾਂ ਲਈ ਵਿਸ਼ੇਸ਼ ਕੋਟਾ ਰੱਖੇਗੀ।ਅਕਾਲੀ ਦਲ ਦੇ ਪ੍ਰਧਾਨ ਜਿਨ੍ਹਾਂ ਨੇ ਫਤਿਹਗੜ੍ਹ ਸਾਹਿਬ ਤੇ ਨਾਭਾ ਵਿੱਚ ਵਪਾਰ ਤੇ ਉਦਯੋਗ ਦੇ ਮੈਂਬਰਾਂ ਨਾਲ ਸਫਲ ਮੀਟਿੰਗਾਂ ਕੀਤੀਆਂ, ਨੇ ਇਹ ਵੀ ਐਲਾਨ ਕੀਤਾ ਕਿ ਅਗਲੀ ਅਕਾਲੀ ਦਲ ਦੀ ਸਰਕਾਰ ਲਘੂ ਤੇ ਦਰਮਿਆਨੇ ਉਦਯੋਗਾਂ ਨੂੰ ਵੱਡੀ ਪੱਧਰ 'ਤੇ ਉਤਸ਼ਾਹਤ ਕਰੇਗੀ।ਉਨ੍ਹਾਂ ਕਿਹਾ ਕਿ ਅਸੀਂ ਇਨ੍ਹਾਂ ਵਰਗਾਂ ਦੀਆਂ ਸਾਰੀਆਂ ਨਵੀਂਆਂ ਇਕਾਈਆਂ ਨੂੰ ਸੂਬੇ ਦਾ ਜੀ ਐੱਸ ਟੀ ਰਿਟੇਨ ਕਰਨ ਦੀ ਆਗਿਆ ਦੇਵਾਂਗੇ।ਉਨ੍ਹਾਂ ਕਿਹਾ ਕਿ ਅਸੀਂ ਇੰਸਪੈਕਟਰੀ ਰਾਜ ਦਾ ਖ਼ਾਤਮਾ ਕਰਾਂਗੇ।ਉਨ੍ਹਾਂ ਇਹ ਵੀ ਐਲਾਨ ਕੀਤਾ ਕਿ ਸਾਰੇ ਸੂਬੇ ਵਿਚ ਉਦਯੋਗਿਕ ਖੇਤਰ ਵਾਸਤੇ ਬਿਜਲੀ 5 ਰੁਪਏ ਪ੍ਰਤੀ ਯੂਨਿਟ ਦੀ ਦਰ 'ਤੇ ਮਿਲੇਗੀ ਤੇ ਰਾਹਤ ਸਕੀਮ ਮੁੜ ਸ਼ੁਰੂ ਕੀਤੀ ਜਾਵੇਗੀ।ਉਨ੍ਹਾਂ ਐਲਾਨ ਕੀਤਾ ਕਿ ਸਕੀਮ ਵਪਾਰੀਆਂ ਲਈ ਖ਼ਾਤੇ ਰੱਖਣ ਦੀ ਲੋੜ ਖ਼ਤਮ ਕਰੇਗੀ ਤੇ ਵਪਾਰੀ ਯਕਮੁਸ਼ਤ ਟੈਕਸ ਦੇ ਕੇ ਆਪਣਾ ਟੈਕਸ ਤਾਰਨ ਦੇ ਸਮਰਥ ਹੋਣਗੇ।ਫਤਿਹਗੜ੍ਹ ਸਾਹਿਬ ਤੇ ਨਾਭਾ ਦੇ ਹਲਕਾ ਇੰਚਾਰਜਾਂ ਬਲਜੀਤ ਸਿੰਘ ਭੁੱਟਾ ਤੇ ਮੱਖਣ ਸਿੰਘ ਲਾਲਕਾ ਨੇ ਵਪਾਰੀਆਂ ਨਾਲ ਗੱਲਬਾਤ ਦੌਰਾਨ ਮੰਚ ਸੰਚਾਲਨ ਕੀਤਾ।ਸ. ਬਾਦਲ ਨੇ ਜ਼ੋਰ ਦੇ ਕੇ ਕਿਹਾ ਕਿ ਅਕਾਲੀ ਦਲ ਨੂੰ ਆਪਣੇ ਨਾਗਰਿਕਾਂ 'ਤੇ ਪੂਰਨ ਵਿਸ਼ਵਾਸ ਹੈ।ਅਸੀਂ ਇੰਸਪੈਕਟਰੀ ਰਾਜ ਨੂੰ ਹਮੇਸ਼ਾ ਹਮੇਸ਼ਾ ਵਾਸਤੇ ਖ਼ਤਮ ਕਰਾਂਗੇ।ਕੋਈ ਵੀ ਸਰਕਾਰੀ ਅਫਸਰ ਤੁਹਾਡੇ ਅਦਾਰਿਆਂ ਵਿੱਚ ਆ ਕੇ ਤੁਹਾਨੂੰ ਤੰਗ ਪ੍ਰੇਸ਼ਾਨ ਨਹੀਂ ਕਰੇਗਾ।ਉਹ ਫਤਿਹਗੜ੍ਹ ਸਾਹਿਬ ਸਿਲਾਈ ਮਸ਼ੀਨ ਐਸੋਸੀਏਸ਼ਨ ਦੇ ਬਲਵੰਤ ਸਿੰਘ ਸਮੇਤ ਇੰਡਸਟਰੀ ਐਸੋਸੀਏਸ਼ਨ ਦੇ ਇਕ ਸਵਾਲ ਦਾ ਜਵਾਬ ਦੇ ਰਹੇ ਸਨ।ਬਾਦਲ ਨੇ ਇਹ ਵੀ ਐਲਾਨ ਕੀਤਾ ਕਿ ਅਗਲੀ ਅਕਾਲੀ ਦਲ ਦੀ ਸਰਕਾਰ ਸਰਹਿੰਦ ਵਿਖੇ ਫੋਕਲ ਪੁਆਇੰਟ ਸਥਾਪਤ ਕਰੇਗੀ।ਉਨ੍ਹਾਂ ਕਿਹਾ ਕਿ ਅਕਾਲੀ ਦਲ ਨੇ ਪੰਜਾਬ ਨੂੰ ਬਿਜਲੀ ਸਰਪਲੱਸ ਬਣਾਇਆ ਤੇ ਵਿਸ਼ਵ ਪੱਧਰੀ ਸੜਕ ਨੈਟਵਰਕ ਬਣਾਇਆ, ਹਵਾਈ ਅੱਡੇ ਬਣਾਏ, ਸੂਬੇ ਵਿੱਚ ਨਿਵੇਸ਼ ਲਿਆਂਦਾ, ਇਸੇ ਲਈ ਤੁਹਾਨੂੰ ਅਕਾਲੀ ਦਲ ਦੀ ਸਰਕਾਰ ਅਗਲੀਆਂ ਚੋਣਾਂ ਵਿੱਚ ਲਿਆਉਣੀ ਚਾਹੀਦੀ ਹੈ।ਜਿਹਨਾਂ ਨੇ ਅਕਾਲੀ ਦਲ ਦੇ ਪ੍ਰਧਾਨ ਨਾਲ ਇਸ ਮੌਕੇ ਗੱਲਬਾਤ ਕੀਤੀ ਉਨ੍ਹਾਂ ਵਿੱਚ ਟਰੱਕ ਬਿਲਡਰਜ਼ ਐਸੋਸੀਏਸ਼ਨ ਦੇ ਮੈਂਬਰ ਵੀ ਸਨ, ਜਿਨ੍ਹਾਂ ਨੇ ਰੋਡ ਟੈਕਸ ਵਿੱਚ ਕਟੌਤੀ ਦੀ ਮੰਗ ਕੀਤੀ



ਹਰਬੰਸ ਮਾਲਵਾ ਦੀ ਪੁਸਤਕ 'ਸੁਪਨੇ ਉਲੀਕਦੀ ਹਵਾ' 'ਤੇ ਵਿਚਾਰ-ਗੋਸ਼ਟੀ

ਸਮਰਾਲਾ (ਸੁਰਜੀਤ ਸਿੰਘ)- ਕਲਾ ਸੰਗਮ ਨੀਲੋਂ ਪੁਲ ਦੀ ਮਾਸਿਕ ਮੀਟਿੰਗ ਕਹਾਣੀਕਾਰ ਐਡਵੋਕੇਟ ਦਲਜੀਤ ਸਿੰਘ ਸ਼ਾਹੀ ਦੀ ਪ੍ਰਧਾਨਗੀ ਹੇਠ ਆਯੋਜਿਤ ਕੀਤੀ ਗਈ। ਇਸ ਮੀਟਿੰਗ ਵਿੱਚ ਗੀਤਕਾਰ ਹਰਬੰਸ ਮਾਲਵਾ ਦੀ ਪੁਸਤਕ 'ਸੁਪਨੇ ਉਲੀਕਦੀ ਹਵਾ' 'ਤੇ ਵਿਚਾਰ-ਗੋਸ਼ਟੀ ਕਰਵਾਈ ਗਈ। ਪ੍ਰਧਾਨਗੀ ਮੰਡਲ ਵਿਚ ਮੁੱਖ ਮਹਿਮਾਨ ਪ੍ਰਿੰ. ਗੁਰਜੰਟ ਸਿੰਘ ਤੋਂ ਇਲਾਵਾ ਹਰਬੰਸ ਮਾਲਵਾ, ਸ਼ਮਸ਼ਾਦ ਅਲੀ ਅਤੇ ਸਭਾ ਦੇ ਪ੍ਰਧਾਨ ਅਨਿਲ ਫ਼ਤਹਿਗੜ੍ਹ ਜੱਟਾਂ ਸੁਸ਼ੋਭਿਤ ਸਨ। ਸਭਾ ਦੇ ਪ੍ਰਧਾਨ ਅਨਿਲ ਫ਼ਤਹਿਗੜ੍ਹ ਜੱਟਾਂ ਨੇ ਆਏ ਸਾਹਿਤਕਾਰਾਂ ਨੂੰ ਨਿੱਘੀ ਜੀ ਆਇਆਂ ਆਖੀ। ਉਪਰੰਤ ਕਮਲਜੀਤ ਨੀਲੋਂ ਨੇ ਆਪਣੇ ਖ਼ੂਬਸੂਰਤ ਗੀਤ 'ਗੁਆਂਢੀਓ ਜਾਗਦੇ ਕਿ ਸੁੱਤੇ' ਨਾਲ ਪ੍ਰੋਗਰਾਮ ਦਾ ਆਗਾਜ਼ ਕੀਤਾ। ਅਮਨ ਅਜ਼ਾਦ ਨੇ ਹਰਬੰਸ ਮਾਲਵਾ ਦੀ ਕਿਤਾਬ 'ਤੇ ਖੋਜ-ਪਰਚਾ ਪੜ੍ਹਿਆ ਅਤੇ ਉਨ੍ਹਾਂ ਦੇ ਜੀਵਨ ਤੇ ਰਚਨਾਤਮਕ ਸਫ਼ਰ 'ਤੇ ਵਿਸਥਾਰ ਨਾਲ ਚਾਨਣਾ ਪਾਇਆ।ਪ੍ਰਧਾਨਗੀ ਭਾਸ਼ਣ ਦੌਰਾਨ ਦਲਜੀਤ ਸ਼ਾਹੀ ਨੇ ਕਿਹਾ ਕਿ 'ਗੀਤ' ਸ਼ਬਦ ਸੰਸਕ੍ਰਿਤ ਮੂਲ ਦਾ ਹੈ ਅਤੇ ਇਸ ਦੀ ਸਭ ਤੋਂ ਉੱਤਮ ਮਿਸਾਲ 'ਸ਼੍ਰੀਮਦ ਭਗਵਦ ਗੀਤਾ' ਹੈ। ਉਨ੍ਹਾਂ ਹਰਬੰਸ ਮਾਲਵਾ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਨ੍ਹਾਂ ਨੇ 200 ਤੋਂ ਵੱਧ ਨਾਟਕਾਂ ਵਿੱਚ ਅਦਾਕਾਰੀ ਕੀਤੀ ਹੈ ਅਤੇ ਉਨ੍ਹਾਂ ਦੇ ਚਾਰ ਗੀਤ ਪ੍ਰਸਿੱਧ ਸੰਗੀਤਕਾਰ ਚਰਨਜੀਤ ਆਹੂਜਾ ਦੇ ਸੰਗੀਤ ਹੇਠ ਰਿਕਾਰਡ ਹੋ ਚੁੱਕੇ ਹਨ। ਸਭਾ ਦੇ ਮੀਤ ਪ੍ਰਧਾਨ ਕਰਨੈਲ ਸਿਵੀਆ ਨੇ ਪੁਸਤਕ ਵਿਚਲੀ ਮਾਲਵਾ ਦੀ ਕਾਵਿ-ਸ਼ੈਲੀ ਦੀ ਸ਼ਲਾਘਾ ਕੀਤੀ। ਸਾਹਿਤ ਸਭਾ ਸ੍ਰੀ ਭੈਣੀ ਸਾਹਿਬ ਦੇ ਪ੍ਰਧਾਨ ਗੁਰਸੇਵਕ ਸਿੰਘ ਢਿੱਲੋਂ ਨੇ ਕਿਹਾ ਕਿ ਹਰਬੰਸ ਮਾਲਵਾ ਸਾਡੇ ਦੌਰ ਦੇ ਇੱਕ ਮੁਕੰਮਲ ਗੀਤਕਾਰ ਹਨ, ਜਿਨ੍ਹਾਂ ਦੀ ਕਲਮ ਵਿੱਚ ਰਵਾਨੀ ਅਤੇ ਸਮਾਜ ਨੂੰ ਹਲੂਣਾ ਦੇਣ ਦੀ ਸਮਰੱਥਾ ਹੈ। ਉਪਰੰਤ, ਨੇਤਰ ਸਿੰਘ ਨੇਤਰ, ਹਰਬੰਸ ਸਿੰਘ ਰਾਏ ਨੇ ਵੀ ਹਰਬੰਸ ਮਾਲਵਾ ਦੀ ਲਿਖਣ ਪ੍ਰਕਿਰਿਆ ਬਾਰੇ ਆਪਣੇ ਵਿਚਾਰ ਪ੍ਰਗਟ ਕੀਤੇ। ਹਰਬੰਸ ਮਾਲਵਾ ਨੇ ਬਚਪਨ ਦੀਆਂ ਯਾਦਾਂ ਤਾਜ਼ਾ ਕਰਦਿਆਂ ਦੱਸਿਆ ਕਿ ਪਿੰਡ ਦੇ ਜਰਨੈਲ ਸਿੰਘ ਦੇ ਗੀਤਾਂ ਦੇ ਮੁਖੜਿਆਂ ਤੋਂ ਅਭਿਆਸ ਕਰਦਿਆਂ ਉਨ੍ਹਾਂ ਲਿਖਣਾ ਸ਼ੁਰੂ ਕੀਤਾ। ਬਾਅਦ ਵਿੱਚ ਪ੍ਰੋ. ਹਮਦਰਦਵੀਰ ਨੌਸ਼ਹਿਰਵੀ ਦੀ ਪ੍ਰੇਰਨਾ ਸਦਕਾ ਉਹ ਸਾਹਿਤ ਸਭਾ ਸਮਰਾਲਾ, ਰਾਮਪੁਰ ਅਤੇ ਮਾਛੀਵਾੜਾ ਨਾਲ ਜੁੜੇ।ਮੁੱਖ ਮਹਿਮਾਨ ਪ੍ਰਿੰਸੀਪਲ ਗੁਰਜੰਟ ਸਿੰਘ ਨੇ ਕਿਹਾ ਕਿ ਉੱਚ ਦਰਜੇ ਦਾ ਲਿਖਣ ਲਈ ਉੱਚ ਪਾਏ ਦਾ ਸਾਹਿਤ ਪੜ੍ਹਨਾ ਜ਼ਰੂਰੀ ਹੈ। ਇਸ ਉਪਰੰਤ ਸ਼ਮਸ਼ਾਦ ਅਲੀ ਨੇ ਗੀਤ ਅਤੇ ਸੰਗੀਤ ਦੇ ਆਪਸੀ ਸੰਬੰਧਾਂ 'ਤੇ ਵਿਸਤ੍ਰਿਤ ਚਰਚਾ ਕਰਦਿਆਂ ਸਥਾਈ ਅਤੇ ਅੰਤਰੇ ਦੇ ਸ਼ਾਸਤਰੀ ਤੇ ਲੋਕ-ਸੰਗੀਤਕ ਪੱਖਾਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਸਭਾ ਵੱਲੋਂ ਦਲਜੀਤ ਸ਼ਾਹੀ ਅਤੇ ਪ੍ਰਿੰਸੀਪਲ ਗੁਰਜੰਟ ਸਿੰਘ ਨੂੰ ਪੁਸਤਕਾਂ ਦੇ ਸੈੱਟ ਦੇ ਕੇ ਸਨਮਾਨਿਤ ਕੀਤਾ ਗਿਆ।ਸਮਾਗਮ ਦੇ ਦੂਜੇ ਦੌਰ ਵਿੱਚ ਕਵੀ-ਦਰਬਾਰ ਵਿਚ ਕਰਨੈਲ ਸਿਵੀਆ, ਸ਼ਮਸ਼ਾਦ ਅਲੀ ਖ਼ਾਨ, ਕਮਲਜੀਤ ਨੀਲੋਂ, ਨੇਤਰ ਮੁਤੋਂ, ਮਨਜੀਤ ਧੰਜਲ, ਹਰਬੰਸ ਸਿੰਘ, ਬਲਵੰਤ ਮਾਂਗਟ, ਬਲਵੰਤ ਸਿੰਘ ਵਿਰਕ, ਗੁਰਸੇਵਕ ਸਿੰਘ ਢਿੱਲੋਂ, ਪ੍ਰਿੰਸੀਪਲ ਗੁਰਜੰਟ ਸਿੰਘ, ਹਰਬੰਸ ਮਾਲਵਾ ਅਤੇ ਅਨਿਲ ਫ਼ਤਹਿਗੜ੍ਹ ਜੱਟਾਂ ਨੇ ਆਪੋ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ।



ਯੂ ਟੀ ਪਾਵਰਮੈਨ ਯੂਨੀਅਨ ਵੱਲੋਂ ਰੋਸ ਪ੍ਰਦਰਸ਼ਨ

ਚੰਡੀਗੜ੍ਹ (ਸੁਰਜੀਤ ਸੁਮਨ) ਯੂ ਟੀ ਪਾਵਰਮੈਨ ਯੂਨੀਅਨ ਚੰਡੀਗੜ੍ਹ ਦੇ ਸੱਦੇ 'ਤੇ ਨਿਊ ਪਾਵਰ ਹਾਊਸ ਵਿਖੇ ਸਥਿਤ ਕਾਰਜਕਾਰੀ ਇੰਜੀਨੀਅਰ, ਚੰਡੀਗੜ੍ਹ ਪ੍ਰਸ਼ਾਸਨ ਤੇ ਸੀ ਪੀ ਡੀ ਐੱਲ ਪ੍ਰਬੰਧਨ ਦੇ ਖਿਲਾਫ਼ ਇੱਕ ਵਿਸ਼ਾਲ ਰੋਸ ਪ੍ਰਦਰਸ਼ਨ ਗਿਆ, ਜੋ ਮੰਗਾਂ ਪ੍ਰਤੀ ਨਕਾਰਾਤਮਕ ਰਵੱਈਏ ਅਤੇ ਸੀ ਪੀ ਡੀ ਐੱਲ ਵਿੱਚ ਤਾਇਨਾਤ ਕੁਝ ਸੇਵਾਮੁਕਤ ਅਧਿਕਾਰੀਆਂ ਦੁਆਰਾ ਕਰਮਚਾਰੀਆਂ ਨੂੰ ਤੰਗ-ਪ੍ਰੇਸ਼ਾਨ ਕਰਨ ਦੇ ਵਿਰੋਧ ਵਿੱਚ ਕੀਤਾ ਗਿਆ ਸੀ। ਰੋਸ ਪ੍ਰਦਰਸ਼ਨ ਦੀ ਪ੍ਰਧਾਨਗੀ ਯੂਨੀਅਨ ਦੇ ਪ੍ਰਧਾਨ ਅਮਰੀਕ ਸਿੰਘ ਨੇ ਕੀਤੀ। ਮੰਗਾਂ ਦਾ ਪ੍ਰਸਤਾਵ ਰੱਖਦੇ ਹੋਏ ਯੂਨੀਅਨ ਦੇ ਜਨਰਲ ਸਕੱਤਰ ਗੋਪਾਲ ਦੱਤ ਜੋਸ਼ੀ ਨੇ ਚੰਡੀਗੜ੍ਹ ਪ੍ਰਸ਼ਾਸਨ ਅਤੇ ਸੀ ਪੀ ਡੀ ਐੱਲ ਪ੍ਰਬੰਧਨ ਦੀ ਸਖ਼ਤ ਨਿੰਦਾ ਕੀਤੀ। ਸੀ ਪੀ ਡੀ ਐਲ ਪ੍ਰਬੰਧਨ ਵੀ ਕਰਮਚਾਰੀਆਂ ਨਾਲ ਮਤਰੇਈ ਮਾਂ ਵਾਲਾ ਸਲੂਕ ਕਰ ਰਿਹਾ ਹੈ ਅਤੇ ਮਨਮਾਨੀ ਕਰ ਰਿਹਾ ਹੈ। ਪ੍ਰਬੰਧਨ ਮੰਗਾਂ ਨੂੰ ਮੰਨਣ ਦੀ ਬਜਾਏ ਟਕਰਾਅ ਦਾ ਰਸਤਾ ਅਪਣਾ ਰਿਹਾ ਹੈ, ਜਿਸ ਕਾਰਨ ਪ੍ਰਸ਼ਾਸਨ ਅਤੇ ਕੰਪਨੀ ਕੋਲ ਦਰਜਨਾਂ ਮੰਗਾਂ ਲੰਬਿਤ ਹਨ। ਪ੍ਰਸ਼ਾਸਨ ਸੀ ਪੀ ਡੀ ਐਲ ਨੂੰ ਦੋਸ਼ੀ ਠਹਿਰਾ ਰਿਹਾ ਹੈ ਅਤੇ ਸੀ ਪੀ ਡੀ ਐਲ ਪ੍ਰਸ਼ਾਸਨ ਨੂੰ ਦੋਸ਼ੀ ਠਹਿਰਾ ਰਿਹਾ ਹੈ। ਦੋਵਾਂ ਦੇ ਗੈਰ-ਜ਼ਿੰਮੇਵਾਰਾਨਾ ਰਵੱਈਏ ਕਾਰਨ, ਪਿਛਲੇ 2 ਸਾਲਾਂ ਤੋਂ ਦਰਜਨਾਂ ਮੰਗਾਂ ਲਟਕ ਰਹੀਆਂ ਹਨ।



ਇਸ ਰੋਸ ਪ੍ਰਦਰਸ਼ਨ ਨੂੰ ਯੂਨੀਅਨ ਦੇ ਸੀਨੀਅਰ ਮੀਤ ਪ੍ਰਧਾਨ ਸੁਖਵਿੰਦਰ ਸਿੰਘ ਸਿੱਧੂ, ਮੀਤ ਪ੍ਰਧਾਨ ਗੁਰਮੀਤ ਸਿੰਘ, ਸੁਰਜੀਤ ਸਿੰਘ, ਸੰਯੁਕਤ ਸਕੱਤਰ ਵਰਿੰਦਰ ਸਿੰਘ, ਵਿਨੈ ਪ੍ਰਸਾਦ, ਰਾਮ ਗੋਪਾਲ, ਰਣਜੀਤ ਸਿੰਘ, ਜਗਤਾਰ ਸਿੰਘ, ਲਲਿਤ ਸਿੰਘ, ਰਾਕੇਸ਼ ਕੁਮਾਰ, ਸੁਰੇਂਦਰ ਸਿੰਘ , ਪਾਨ ਸਿੰਘ ਆਦਿ ਯੂਨੀਅਨ ਆਗੂਆਂ ਤੋਂ ਇਲਾਵਾ ਫੈਡਰੇਸ਼ਨ ਪ੍ਰਧਾਨ ਰਾਜੇਂਦਰ ਕਟੋਚ, ਜਨਰਲ ਸਕੱਤਰ ਹਰਕੇਸ਼ ਚੰਦ, ਜਨ ਸਿਹਤ ਪ੍ਰਧਾਨ ਹਰਪਾਲ ਸਿੰਘ, ਸੈਕਟਰ 16 ਹਸਪਤਾਲ ਦੇ ਪ੍ਰਧਾਨ ਰਣਜੀਤ ਸਿੰਘ, ਫੈਡਰੇਸ਼ਨ ਉਪ ਪ੍ਰਧਾਨ ਰੇਖਾ ਗੋਰਾ, ਬੁੱਧਰਾਮ ਐਮਸੀ ਮਨੀ ਮਾਜਰਾ ਦੇ ਨਸੀਬ ਸਿੰਘ, ਬਾਗਬਾਨੀ ਜਨਰਲ ਸਕੱਤਰ ਹਰਦੀਪ ਸਿੰਘ, ਕੈਸ਼ੀਅਰ ਰਾਜੇਂਦਰ ਕੁਮਾਰ, ਅਜੈ ਸਿੰਘ ਭਾਗ ਸਿੰਘ ਪ੍ਰੇਮੂਲ ਮਨਦੀਪ ਸ਼ਰਮਾ, ਪੈਨਸ਼ਨਰ ਯੂਨੀਅਨ ਦੇ ਪ੍ਰਧਾਨ ਉਜਾਗਰ ਸਿੰਘ ਮੋਹੀ, ਜਨਰਲ ਸਕੱਤਰ ਸੁੱਚਾ ਸਿੰਘ ਆਦਿ ਨੇ ਸੰਬੋਧਨ ਕੀਤਾ। ਬੁਲਾਰਿਆਂ ਨੇ ਮੰਗ ਕੀਤੀ ਕਿ ਪ੍ਰਸ਼ਾਸਨ ਪ੍ਰਾਈਵੇਟ ਕੰਪਨੀਆਂ ਵਿੱਚ ਭੇਜੇ ਗਏ ਕਰਮਚਾਰੀਆਂ ਦਾ ਸਰਕਾਰੀ ਦਰਜਾ ਬਰਕਰਾਰ ਰੱਖੇ ਅਤੇ ਉਨ੍ਹਾਂ ਨੂੰ ਪ੍ਰਸ਼ਾਸਨ ਅਧੀਨ ਹੋਰ ਵਿਭਾਗਾਂ ਵਿੱਚ ਐਡਜਸਟ ਕੀਤਾ ਜਾਵੇ, ਸਰਕਾਰ ਆਰਜ਼ੀ ਸਮੇਂ ਤੋਂ ਪਹਿਲਾਂ ਸੇਵਾਮੁਕਤ ਹੋਏ ਕਰਮਚਾਰੀਆਂ ਨੂੰ ਪੈਨਸ਼ਨ, ਜੀ ਪੀ ਐਫ, ਗ੍ਰੈਚੁਟੀ ਅਤੇ ਹੋਰ ਪੈਨਸ਼ਨਰੀ ਲਾਭ ਪ੍ਰਦਾਨ ਕਰੇ ਅਤੇ ਇਸ ਸਮੇਂ ਦੌਰਾਨ ਕਰਮਚਾਰੀਆਂ ਦੀਆਂ ਲੰਬਿਤ ਤਰੱਕੀਆਂ ਕੀਤੀਆਂ ਜਾਣ। ਰੋਸ ਪ੍ਰਦਰਸ਼ਨ ਤੋਂ ਬਾਅਦ ਚੰਡੀਗੜ੍ਹ ਪ੍ਰਸ਼ਾਸਕ ਨੂੰ ਇੱਕ ਮੰਗ ਪੱਤਰ ਸੌਂਪਿਆ ਗਿਆ, ਜਿਸ ਵਿੱਚ ਦਖਲ ਦੀ ਮੰਗ ਕੀਤੀ ਗਈ।

ਹਰਮੇਸ਼ ਮਾਲੜੀ ਨੂੰ ਜਾਤੀ ਸੂਚਕ ਸ਼ਬਦ ਬੋਲਣ ਵਾਲੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਨ ਦੀ ਮੰਗ

ਜਲੰਧਰ (ਲਖਵਿੰਦਰ ਸਿੰਘ ਆਧੀ)- ਵੱਖ ਵੱਖ ਜਥੇਬੰਦੀਆਂ ਦੇ ਆਗੂਆਂ ਦੇ ਇਕ ਵਫਦ ਵਲੋਂ ਡੀ ਐਸ ਪੀ ਨਕੋਦਰ ਨੂੰ ਮਿਲ ਕੇ ਮੰਗ ਕੀਤੀ ਗਈ ਕਿ ਮਜ਼ਦੂਰ ਆਗੂ



ਹਰਮੇਸ਼ ਮਾਲੜੀ ਨੂੰ ਜਾਤੀ ਸੂਚਕ ਸ਼ਬਦ ਬੋਲਣ ਵਾਲੇ ਅਤੇ ਉਹਨਾਂ ਦੇ ਸਾਥੀਆਂ 'ਤੇ ਹਮਲਾ ਕਰਕੇ ਫੋਨ ਖੋਹਣ ਦੇ ਦੋਸ਼ੀਆਂ ਨੂੰ ਤੁਰੰਤ ਗਿਰਫ਼ਤਾਰ ਕੀਤਾ ਜਾਵੇ। ਵਫਦ ਵਿੱਚ ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਪ੍ਰਧਾਨ ਦਰਸ਼ਨ ਨਾਹਰ, ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਪ੍ਰਧਾਨ ਮੋਹਨ ਸਿੰਘ ਬੱਲ, ਕਮੇਟੀ ਮੈਂਬਰ ਮਲਕੀਅਤ ਸਿੰਘ ਈਦਾ, ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਮਨੋਹਰ ਸਿੰਘ ਗਿੱਲ, ਐਡਵੋਕੇਟ ਸੁਰਿੰਦਰ ਖੀਵਾ,ਜਮਹੂਰੀ ਅਧਿਕਾਰ ਸਭਾ ਦੇ ਜ਼ਿਲ੍ਹਾ ਆਗੂ ਗੁਰਮੀਤ ਸਿੰਘ ਕੋਟਲੀ ਅਤੇ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਵਿੱਤ ਸਕੱਤਰ ਹਰਮੇਸ਼ ਮਾਲੜੀ ਨੇ ਪੁਲਸ ਦੀ ਢਿੱਲੀ ਮੱਠੀ ਕਾਰਗੁਜ਼ਾਰੀ ਦੀ ਸਖ਼ਤ ਨਿੰਦਾ ਕਰਦਿਆਂ ਕਿਹਾ ਕਿ 11ਅਕਤੂਬਰ ਨੂੰ 6 ਦੋਸ਼ੀਆਂ 'ਤੇ ਐੱਸ ਸੀ ਐੱਸ ਟੀ ਐਕਟ ਤਹਿਤ ਕੇਸ ਦਰਜ ਹੋ ਗਿਆ ਸੀ ਪਰ ਅਜੇ ਤੱਕ ਨਕੋਦਰ ਪੁਲਿਸ ਨੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਨਹੀਂ ਕੀਤਾ। ਆਗੂਆਂ ਦੱਸਿਆ ਕਿ ਚੋਟੀ ਦੇ ਇਨਕਲਾਬੀ ਕਵੀ ਅਵਤਾਰ ਪਾਸ਼ ਅਤੇ ਉਸਦੇ ਦੋਸਤ ਹੰਸਰਾਜ ਦੀ ਯਾਦ ਵਿੱਚ ਬਣੇ ਯਾਦਗਾਰੀ ਕੰਪਲੈਕਸ 'ਤੇ ਤਲਵੰਡੀ ਸਲੇਮ ਦੇ ਸਰਪੰਚ ਅਤੇ ਉਸਦੇ ਹਮਾਇਤੀਆਂ ਵਲੋਂ ਕਬਜ਼ਾ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ ਇਸ ਦੇ ਚਲਦਿਆਂ ਹੀ ਸ਼ਹੀਦੀ ਯਾਦਗਾਰ ਕਮੇਟੀ ਦੇ ਮੈਂਬਰ ਅਤੇ ਮਜ਼ਦੂਰ ਆਗੂ ਹਰਮੇਸ਼ ਮਾਲੜੀ ਨੂੰ ਸਰਪੰਚ ਪ੍ਰਦੀਪ ਸਿੰਘ ਅਤੇ ਉਸਦੇ ਕੁਝ ਸਾਥੀਆਂ ਵਲੋਂ ਯਾਦਗਾਰੀ ਕੰਪਲੈਕਸ ਵਿੱਚ ਸਫ਼ਾਈ ਕਰਵਾ ਰਹੇ ਮਜ਼ਦੂਰ ਆਗੂ ਅਤੇ ਉਸ ਦੇ ਸਾਥੀਆਂ ਨੂੰ ਨਿਸ਼ਾਨਾ ਬਣਾਇਆ ਗਿਆ ਸੀ ਅਤੇ ਜਾਤੀ ਸੂਚਕ ਸ਼ਬਦ ਬੋਲ ਕੇ ਜਨਤਕ ਤੌਰ 'ਤੇ ਅਪਮਾਨਤ ਕੀਤਾ ਗਿਆ ਸੀ, ਸਰਪੰਚ ਦੀ ਇਸ ਬੁਰਛਾਗਰਦੀ ਖਿਲਾਫ ਵੱਡੇ ਮੁਜ਼ਾਹਰੇ ਹੋਏ ਸਨ ਪਰ ਪੁਲਸ ਵਲੋਂ ਅਜੇ ਤੱਕ ਵੀ ਦੋਸ਼ੀਆਂ ਨੂੰ ਗ੍ਰਿਫਤਾਰ ਨਹੀਂ ਕੀਤਾ ਜਾ ਰਿਹਾ। ਆਗੂਆਂ ਨੇ ਕਿਹਾ ਕਿ ਅਗਰ ਦੋਸ਼ੀਆਂ ਦੀ ਗ੍ਰਿਫਤਾਰੀ ਨਾ ਹੋਈ ਜਥੇਬੰਦੀਆਂ ਵੱਲੋਂ ਮੁੜ ਤੋਂ ਸੰਘਰਸ਼ ਵਿੱਢਣ ਦਾ ਐਲਾਨ ਕੀਤਾ।

ਸੰਤੋਸ਼ ਕਟਾਰੀਆ ਨੂੰ ਮੁੜ ਪਾਰਟੀ ਉਮੀਦਵਾਰ ਬਣਾਏ ਜਾਣ 'ਤੇ ਜਸਪ੍ਰੀਤ ਸਿੰਘ ਰੌਬੀ ਨੇ ਦਿੱਤੀ ਮੁਬਾਰਕਬਾਦ



ਪੋਜੇਵਾਲ (ਰਾਮ ਲਾਲ)- ਆਮ ਆਦਮੀ ਪਾਰਟੀ ਵੱਲੋਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਲਈ ਹਲਕਾ ਬਲਾਚੌਰ ਤੋਂ ਮੌਜੂਦਾ ਵਿਧਾਇਕ ਬੀਬੀ ਸੰਤੋਸ਼ ਕਟਾਰੀਆ ਨੂੰ ਮੁੜ ਪਾਰਟੀ ਉਮੀਦਵਾਰ ਬਣਾਏ ਜਾਣ 'ਤੇ ਪਾਰਟੀ ਆਗੂਆਂ ਅਤੇ ਵਰਕਰਾਂ ਵੱਲੋਂ ਵਧਾਈਆਂ ਦੇਣ ਦਾ ਸਿਲਸਿਲਾ ਜਾਰੀ ਹੈ।ਇਸੇ ਤਹਿਤ ਨਵਾਂਸ਼ਹਿਰ ਤੋਂ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਜਸਪ੍ਰੀਤ ਸਿੰਘ ਰੌਬੀ ਨੇ ਵਿਧਾਇਕ ਬੀਬੀ ਸੰਤੋਸ਼ ਕਟਾਰੀਆ ਦੇ ਨਿਵਾਸ ਸਥਾਨ 'ਤੇ ਪਹੁੰਚ ਕੇ ਉਨ੍ਹਾਂ ਨੂੰ ਮੁੜ ਪਾਰਟੀ ਦੀ ਟਿਕਟ ਮਿਲਣ 'ਤੇ ਮੁਬਾਰਕਬਾਦ ਦਿੱਤੀ ਅਤੇ ਖੁਸ਼ੀ ਸਾਂਝੀ ਕੀਤੀ।ਇਸ ਮੌਕੇ ਜਸਪ੍ਰੀਤ ਸਿੰਘ ਰੌਬੀ ਨੇ ਕਿਹਾ ਕਿ ਬੀਬੀ ਸੰਤੋਸ਼ ਕਟਾਰੀਆ ਨੂੰ ਦੁਬਾਰਾ ਉਮੀਦਵਾਰ ਬਣਾਏ ਜਾਣ 'ਤੇ ਉਨ੍ਹਾਂ ਨੂੰ ਬਹੁਤ ਖੁਸ਼ੀ ਹੋਈ ਹੈ। ਉਨ੍ਹਾਂ ਕਿਹਾ ਕਿ ਸੰਤੋਸ਼ ਕਟਾਰੀਆ ਲੰਬੇ ਸਮੇਂ ਤੋਂ ਹਲਕਾ ਬਲਾਚੌਰ ਦੇ ਲੋਕਾਂ ਨਾਲ ਜੁੜੇ ਹੋਏ ਹਨ ਅਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਯਤਨਸ਼ੀਲ ਰਹੇ ਹਨ।

ਨਕੋਦਰ ਸਬ-ਡਵੀਜ਼ਨ 'ਚ ਪੁਲਸ ਵੱਲੋਂ ਫਲੈਗ ਮਾਰਚ

ਨਕੋਦਰ (ਬਲਵਿੰਦਰ ਸਿੰਘ ਧਾਲੀਵਾਲ)- ਨਕੋਦਰ ਸਬ-ਡਵੀਜ਼ਨ ਦੇ ਨਕੋਦਰ ਸਿਟੀ, ਨੂਰਮਹਿਲ ਸਮੇਤ ਵੱਖ-ਵੱਖ ਕਸਬਿਆਂ ਵਿੱਚ ਤਿਉਹਾਰਾਂ ਦੇ ਮੱਦੇਨਜ਼ਰ ਅਮਨ-ਕਾਨੂੰਨ ਦੀ ਸਥਿਤੀ



ਬਰਕਰਾਰ ਰੱਖਣ ਤੇ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਮਜ਼ਬੂਤ ਕਰਨ ਲਈ ਪੁਲਸ ਵੱਲੋਂ ਫਲੈਗ ਮਾਰਚ ਕੀਤਾ ਗਿਆ। ਇਹ ਫਲੈਗ ਮਾਰਚ ਐੱਸ ਐੱਸ ਪੀ ਜਲੰਧਰ ਦਿਹਾਤੀ ਸਰਦਾਰ ਹਰਵਿੰਦਰ ਸਿੰਘ ਵਿਰਕ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਕੀਤਾ ਗਿਆ। ਇਸ ਦੌਰਾਨ ਦੁਕਾਨਦਾਰਾਂ ਨੂੰ ਦੁਕਾਨਾਂ ਦੇ ਬਾਹਰ ਰੱਖਿਆ ਸਮਾਨ ਅੰਦਰ ਰੱਖਣ ਦੀ ਅਪੀਲ ਕੀਤੀ ਗਈ, ਤਾਂ ਜੋ ਆਵਾਜਾਈ ਸੁਚਾਰੂ ਰਹੇ। ਇਸ ਦੇ ਨਾਲ ਹੀ ਵੱਖ-ਵੱਖ ਥਾਵਾਂ 'ਤੇ ਨਾਕਾਬੰਦੀ, ਪੈਟਰੋਲਿੰਗ ਅਤੇ ਰਾਤ ਸਮੇਂ ਵਿਸ਼ੇਸ਼ ਗਸ਼ਤ ਵੀ ਕੀਤੀ ਜਾ ਰਹੀ ਹੈ। ਪੁਲਿਸ ਵੱਲੋਂ ਸਪੱਸ਼ਟ ਕੀਤਾ ਗਿਆ ਕਿ ਤਿਉਹਾਰਾਂ ਦੌਰਾਨ ਅਮਨ-ਸ਼ਾਂਤੀ ਅਤੇ ਸੁਰੱਖਿਆ ਬਣਾਈ ਰੱਖਣ ਲਈ ਇਹ ਪ੍ਰਬੰਧ ਲਗਾਤਾਰ ਜਾਰੀ ਰਹਿਣਗੇ।

ਲੋਕ ਬਿਨਾਂ ਕਿਸੇ ਡਰ ਦੇ ਆਪਣੇ ਤਿਉਹਾਰ ਖੁਸ਼ੀ ਨਾਲ ਮਨਾਉਣ : ਥਾਣਾ ਮੁਖੀ

ਢਿਲਵਾਂ (ਪਲਵਿੰਦਰ ਸਿੰਘ ਜੈ ਰਾਮਪੁਰ)- ਤਿਉਹਾਰਾਂ ਦੇ ਮੱਦੇਨਜ਼ਰ ਢਿਲਵਾ ਪੁਲਸ ਵੱਲੋਂ ਸੁਰੱਖਿਆ ਪ੍ਰਬੰਧ ਮਜ਼ਬੂਤ ਕੀਤੇ ਗਏ ਹਨ। ਢਿਲਵਾਂ ਕਸਬੇ ਅਤੇ ਆਸ-ਪਾਸ ਦੇ ਪਿੰਡਾਂ ਵਿੱਚ ਅਮਨ-ਸ਼ਾਂਤੀ ਬਣਾਈ ਰੱਖਣ ਲਈ



ਪੁਲਸ ਵੱਲੋਂ ਚੌਕਸੀ ਵਰਤੀ ਜਾ ਰਹੀ ਹੈ। ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਅਤੇ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਰੋਕਣ ਲਈ ਪੁਲਸ ਵੱਲੋਂ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਥਾਣਾ ਮੁਖੀ ਜਸਦੀਪ ਸਿੰਘ ਨੇ ਕਿਹਾ ਕਿ ਤਿਉਹਾਰਾਂ ਦੇ ਦਿਨਾਂ ਨੂੰ ਮੁੱਖ ਰੱਖਦਿਆਂ ਢਿਲਵਾਂ ਅਤੇ ਆਸ-ਪਾਸ ਦੇ ਪਿੰਡਾਂ ਵਿੱਚ ਸੁਰੱਖਿਆ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਕੀਤਾ ਗਿਆ ਹੈ। ਪੁਲਿਸ ਵੱਲੋਂ ਇਲਾਕੇ ਦੀਆਂ ਵੱਖ-ਵੱਖ ਥਾਵਾਂ 'ਤੇ ਨਜ਼ਰ ਰੱਖੀ ਜਾ ਰਹੀ ਹੈ, ਤਾਂ ਜੋ ਸ਼ਰਾਰਤੀ ਅਨਸਰਾਂ ਦੀਆਂ ਗਤੀਵਿਧੀਆਂ 'ਤੇ ਕਾਬੂ ਪਾਇਆ ਜਾ ਸਕੇ ਅਤੇ ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਲੋਕ ਬਿਨਾਂ ਕਿਸੇ ਡਰ ਦੇ ਆਪਣੇ ਤਿਉਹਾਰ ਖੁਸ਼ੀ ਨਾਲ ਮਨਾ ਸਕਣ। ਉਨ੍ਹਾਂ ਕਿਹਾ ਕਿ ਤਿਉਹਾਰਾਂ ਦੌਰਾਨ ਬਾਜ਼ਾਰਾਂ ਅਤੇ ਜਨਤਕ ਥਾਵਾਂ 'ਤੇ ਲੋਕਾਂ ਦੀ ਆਵਾਜਾਈ ਵਧ ਜਾਂਦੀ ਹੈ। ਇਸ ਲਈ ਹਰੇਕ ਨਾਗਰਿਕ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਪੁਲਿਸ ਵੱਲੋਂ ਚੌਕਸੀ ਵਰਤੀ ਜਾ ਰਹੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਸ਼ੱਕੀ ਵਿਅਕਤੀ ਬਾਰੇ ਤੁਰੰਤ ਪੁਲਸ ਨੂੰ ਸੂਚਿਤ ਕਰਨ। ਸੂਚਿਤ ਕਰਨ ਵਾਲੇ ਦੀ ਪਹਿਚਾਣ ਗੁਪਤ ਰੱਖੀ ਜਾਵੇਗੀ,ਥਾਣਾ ਮੁਖੀ ਜਸਦੀਪ ਸਿੰਘ ਨੇ ਕਿਹਾ ਕਿ ਤਿਉਹਾਰ ਸਾਡੇ ਸਮਾਜ ਵਿੱਚ ਆਪਸੀ ਭਾਈਚਾਰੇ, ਪਿਆਰ ਅਤੇ ਸਾਂਝ ਦਾ ਸੰਦੇਸ਼ ਦਿੰਦੇ ਹਨ।ਇਸ ਲਈ ਸਾਰੇ ਲੋਕਾਂ ਨੂੰ ਮਿਲ-ਜੁਲ ਕੇ ਤਿਉਹਾਰ ਮਨਾਉਣੇ ਚਾਹੀਦੇ ਹਨ।

ਮੇਹਰ ਚੰਦ ਪੌਲੀਟੈਕਨਿਕ ਕਾਲਜ ਦਾ ਵਿਦਿਅਕ ਦੌਰਾ ਸਫ਼ਲਤਾਪੂਰਵਕ ਸੰਪੰਨ

ਜਲੰਧਰ (ਸ਼ੈਲੀ ਐਲਬਰਟ)- ਮੇਹਰ ਚੰਦ ਪੌਲੀਟੈਕਨਿਕ ਕਾਲਜ ਜਲੰਧਰ ਦੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਦੀ ਯੋਗ ਅਗਵਾਈ ਹੇਠ ਕਾਲਜ ਦੇ ਇਲੈਕਟ੍ਰੀਕਲ ਇੰਜੀਨੀਅਰਿੰਗ ਵਿਭਾਗ ਦੇ ਪੰਜਵੇਂ ਸਮੈਸਟਰ ਦੇ ਵਿਦਿਆਰਥੀਆਂ ਵੱਲੋਂ 14 ਤੋਂ 19 ਅਕਤੂਬਰ ਤੱਕ ਛੇ



ਰੋਜ਼ਾ ਵਿਦਿਅਕ ਅਤੇ ਤਕਨੀਕੀ ਦੌਰਾ ਕੀਤਾ ਗਿਆ। ਇਸ ਦੌਰੇ ਦਾ ਸਫ਼ਲ ਆਯੋਜਨ ਵਿਕਰਮਜੀਤ ਸਿੰਘ ਸੰਘੋਤਰਾ ਅਤੇ ਉਨ੍ਹਾਂ ਦੇ ਸਹਿਯੋਗੀ ਗਗਨਦੀਪ ਵੱਲੋਂ ਕੀਤਾ ਗਿਆ। ਦੌਰੇ ਦੌਰਾਨ ਵਿਦਿਆਰਥੀਆਂ ਨੇ ਕਈ ਮਹੱਤਵਪੂਰਨ ਉਦਯੋਗਿਕ ਅਤੇ ਤਕਨੀਕੀ ਸੰਸਥਾਵਾਂ ਤੇ ਸਥਾਨਾਂ ਦਾ ਦੌਰਾ ਕਰਕੇ ਵਿਹਾਰਕ ਜਾਣਕਾਰੀ ਪ੍ਰਾਪਤ ਕੀਤੀ। ਇਨ੍ਹਾਂ ਵਿੱਚ ਭਾਖੜਾ ਡੈਮ, ਗੰਗੂਵਾਲ ਪਾਵਰ ਸਟੇਸ਼ਨ, ਪੰਜਾਬ ਐਨਰਜੀ ਡਿਵੈਲਪਮੈਂਟ ਅਥਾਰਟੀ ਏਅਰ ਫੋਰਸ ਮਿਊਜ਼ੀਅਮ, ਵਿੰਡ ਮਿਲ ਅਤੇ ਹਿਮਾਚਲ ਪ੍ਰਦੇਸ਼ ਦੇ ਕੁੱਲੂ ਵਿਖੇ ਸਥਿਤ ਮਲਾਣਾ ਹਾਈਡ੍ਰੋ ਪਾਵਰ ਪਲਾਂਟ ਸ਼ਾਮਲ ਸਨ। ਇਸ ਤੋਂ ਇਲਾਵਾ, ਵਿਦਿਆਰਥੀਆਂ ਨੇ ਸੁੰਦਰ ਨਗਰ ਵਿਖੇ ਪੰਡੋਹ ਡੈਮ ਦਾ ਦੌਰਾ ਕੀਤਾ। ਮਨਾਲੀ ਵਿਖੇ ਉਨ੍ਹਾਂ ਨੇ ਬਿਆਸ ਕੁੰਡ ਦੇ ਦਰਸ਼ਨ ਕਰਨ ਦੇ ਨਾਲ-ਨਾਲ ਸੂਰਜੀ ਅਤੇ ਪੌਣ ਊਰਜਾ ਪ੍ਰਣਾਲੀਆਂ ਬਾਰੇ ਵੀ ਜਾਣਕਾਰੀ ਹਾਸਲ ਕੀਤੀ।

ਤਕਨੀਕੀ ਸਿੱਖਿਆ ਦੇ ਨਾਲ-ਨਾਲ ਇਸ ਦੌਰੇ ਨੇ ਵਿਦਿਆਰਥੀਆਂ ਨੂੰ ਧਾਰਮਿਕ, ਇਤਿਹਾਸਕ ਅਤੇ ਸੈਰ-ਸਪਾਟਾ ਸਥਾਨਾਂ ਨੂੰ ਦੇਖਣ ਦਾ ਵੀ ਸੁਨਹਿਰੀ ਮੌਕਾ ਪ੍ਰਦਾਨ ਕੀਤਾ। ਵਿਦਿਆਰਥੀਆਂ ਨੇ ਸ੍ਰੀ ਆਨੰਦਪੁਰ ਸਾਹਿਬ ਅਤੇ ਮਣੀਕਰਨ ਸਾਹਿਬ ਦੇ ਗੁਰਦੁਆਰਾ ਸਾਹਿਬਾਨ ਵਿਖੇ ਮੱਥਾ ਟੇਕਿਆ ਅਤੇ ਨੇੜਲੇ ਮੰਦਰ ਦੇ ਦਰਸ਼ਨ ਵੀ ਕੀਤੇ। ਇਸ ਤੋਂ ਇਲਾਵਾ, ਉਨ੍ਹਾਂ ਨੇ ਚੰਡੀਗੜ੍ਹ ਦੇ ਪ੍ਰਸਿੱਧ ਰੌਕ ਗਾਰਡਨ ਅਤੇ ਸੁਖਨਾ ਝੀਲ ਦੇ ਨਾਲ-ਨਾਲ ਮਨਾਲੀ ਦੇ ਸਨੋਅ ਪੁਆਇੰਟ ਦਾ ਵੀ ਆਨੰਦ ਮਾਣਿਆ। ਇਸ ਮੌਕੇ ਇਲੈਕਟ੍ਰੀਕਲ ਇੰਜੀਨੀਅਰਿੰਗ ਵਿਭਾਗ ਦੀ ਮੁਖੀ ਸ੍ਰੀਮਤੀ ਗੀਤਾ ਰਾਣੀ ਨੇ ਦੌਰੇ ਦੇ ਸਫ਼ਲ ਆਯੋਜਨ ਲਈ ਸ੍ਰੀ ਵਿਕਰਮਜੀਤ ਸਿੰਘ ਸੰਘੋਤਰਾ ਅਤੇ ਸ੍ਰੀ ਗਗਨਦੀਪ ਦੀ ਸ਼ਲਾਘਾ ਕੀਤੀ।

ਫੂਡ ਸੇਫਟੀ ਵਿੰਗ ਵੱਲੋਂ ਮਠਿਆਈਆਂ ਦੀਆਂ ਦੁਕਾਨਾਂ ਦੀ ਜਾਂਚ, 8 ਸੈਂਪਲ ਲਏ

ਕਪੂਰਥਲਾ (ਮਨਜੀਤ ਮਾਨ)- ਕਮਲਪ੍ਰੀਤ ਕੌਰ ਬਰਾੜ, ਕਮਿਸ਼ਨਰ, ਫੂਡ ਐਂਡ ਡਰੱਗ ਐਡਮਿਨਿਸਟ੍ਰੇਸ਼ਨ, ਪੰਜਾਬ, ਆਕਾਸ਼ ਬਾਂਸਲ,



ਡਿਪਟੀ ਕਮਿਸ਼ਨਰ, ਕਪੂਰਥਲਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਸਹਾਇਕ ਕਮਿਸ਼ਨਰ (ਫੂਡ) ਹਰਜੋਤ ਪਾਲ ਸਿੰਘ ਦੀ ਨਿਗਰਾਨੀ ਹੇਠ ਫੂਡ ਸੇਫਟੀ ਵਿੰਗ ਵੱਲੋਂ ਤਿਉਹਾਰਾਂ ਦੇ ਸੀਜ਼ਨ ਦੌਰਾਨ ਮਠਿਆਈਆਂ ਦੀ ਗੁਣਵੱਤਾ ਅਤੇ ਸੁਰੱਖਿਆ ਯਕੀਨੀ ਬਣਾਉਣ ਲਈ ਵਿਸ਼ੇਸ਼ ਜਾਂਚ ਮੁਹਿੰਮ ਲਗਾਤਾਰ ਚਲਾਈ ਜਾ ਰਹੀ ਹੈ।ਇਸੇ ਮੁਹਿੰਮ ਤਹਿਤ ਫਗਵਾੜਾ ਸ਼ਹਿਰ ਅਤੇ ਆਸ-ਪਾਸ ਦੇ ਪਿੰਡਾਂ, ਜਿਵੇਂ ਕਿ ਰਾਣੀਪੁਰ ਆਦਿ ਵਿਖੇ ਮਠਿਆਈਆਂ ਦੀਆਂ ਪ੍ਰਮੁੱਖ ਦੁਕਾਨਾਂ ਦੀ ਜਾਂਚ ਕੀਤੀ ਗਈ। ਇਸ ਤੋਂ ਇਲਾਵਾ ਸ਼ਹਿਰ ਵਿੱਚ ਦੂਜੇ ਜ਼ਿਲਿਹੇ ਤੋਂ ਆਣ ਵਾਲੀ ਗੱਡੀਆਂ ਦੀ ਵੀ ਚੈਕਿੰਗ ਕੀਤੀ ਗਈ ਅਤੇ ਸੈਂਪਲ ਭਰੇ ਗਏ। ਇਸ ਕਾਰਵਾਈ ਦੌਰਾਨ ਮਠਿਆਈਆਂ ਦੀ ਗੁਣਵੱਤਾ ਅਤੇ ਸੁਰੱਖਿਆ ਦੀ ਜਾਂਚ ਲਈ ਪਨੀਰ, ਵਰਕ ਲੱਗੀਆਂ ਮਠਿਆਈਆਂ ਸਮੇਤ ਵੱਖ-ਵੱਖ ਕਿਸਮਾਂ ਦੀਆਂ ਮਠਿਆਈਆਂ ਦੇ ਕੁੱਲ 8 ਸੈਂਪਲ ਲਏ ਗਏ।ਜਾਂਚ ਦੌਰਾਨ ਲਏ ਗਏ ਸਾਰੇ ਸੈਂਪਲ ਨਿਰਧਾਰਤ ਪ੍ਰਕਿਰਿਆ ਅਨੁਸਾਰ ਵਿਸ਼ਲੇਸ਼ਣ ਅਤੇ ਰਿਪੋਰਟ ਲਈ ਸਟੇਟ ਫੂਡ ਲੈਬਾਰਟਰੀ ਵਿਖੇ ਭੇਜ ਦਿੱਤੇ ਗਏ ਹਨ। ਲੈਬਾਰਟਰੀ ਦੀਆਂ ਰਿਪੋਰਟਾਂ ਪ੍ਰਾਪਤ ਹੋਣ ਉਪਰੰਤ ਨਿਯਮਾਂ ਅਨੁਸਾਰ ਅਗਲੀ ਕਾਰਵਾਈ ਕੀਤੀ ਜਾਵੇਗੀ।ਇਸ ਜਾਂਚ ਮੁਹਿੰਮ ਦੌਰਾਨ ਹਰਜੋਤ ਪਾਲ ਸਿੰਘ, ਸਹਾਇਕ ਕਮਿਸ਼ਨਰ (ਫੂਡ) ਮਹਿਕ ਸੈਣੀ ਫੂਡ ਸੇਫਟੀ ਅਫ਼ਸਰ ਕਪੂਰਥਲਾ ਸ਼ਾਮਲ ਸਨ।

ਭਾਜਪਾ ਮਹਿਲਾ ਮੋਰਚਾ ਦੀ ਪ੍ਰਧਾਨ ਬਣਨ ਤੇ ਪ੍ਰੀਤੀ ਰਾਣਾ ਨੂੰ ਦਿੱਤੀਆਂ ਸ਼ੁੱਭਕਾਮਨਾਵਾਂ




ਚੰਡੀਗੜ੍ਹ (ਸੁਰਜੀਤ ਸੁਮਨ)- ਜਿਉਂ ਜਿਉਂ ਵਿਧਾਨ ਸਭਾ ਵੋਟਾਂ ਦੇ ਦਿਨ ਨੇੜੇ ਆ ਰਹੇ ਹਨ, ਸਮੁੱਚੀਆਂ ਪਾਰਟੀਆਂ ਵਿੱਚ ਅੰਦਰੂਨੀ ਹਲਚਲ ਤੇਜ਼ ਹੋ ਰਹੀ ਹੈ। ਸਾਰੇ ਆਪਣੀ ਆਪਣੀ ਜ਼ਮੀਨ ਤਲਾਸ਼ ਰਹੇ ਹਨ। ਵਿਧਾਨ ਸਭਾ ਹਲਕਾ ਖਰੜ ਦੇ ਸੂਬਾ ਮੀਤ ਪ੍ਰਧਾਨ ਰਣਜੀਤ ਸਿੰਘ ਗਿੱਲ ਨੇ ਭਾਜਪਾ ਮਹਿਲਾ ਮੋਰਚਾ, ਜ਼ਿਲ੍ਹਾ ਮੋਹਾਲੀ ਦੇ ਨਵ-ਨਿਯੁਕਤ ਪ੍ਰਧਾਨ ਵਜੋਂ ਨਵੀਂ ਜ਼ਿੰਮੇਵਾਰੀ ਮਿਲਣ 'ਤੇ ਪ੍ਰੀਤੀ ਰਾਣਾ ਨੂੰ ਸ਼ੁਭ ਕਾਮਨਾਵਾਂ ਭੇਟ ਕੀਤੀਆਂ ਗਈਆਂ। ਉਨ੍ਹਾਂ ਕਿਹਾ ਕਿ ਨਰਿੰਦਰ ਮੋਦੀ ਦੀ ਦੂਰ-ਅੰਦੇਸ਼ੀ ਤੇ ਯੋਗ ਅਗਵਾਈ ਸਦਕਾ ਮਹਿਲਾਵਾਂ ਨੂੰ ਹਰ ਖੇਤਰ ਵਿੱਚ ਬਣਦਾ ਮਾਣ-ਸਨਮਾਨ ਤੇ ਯੋਗ ਸਥਾਨ ਦਿੱਤਾ ਜਾ ਰਿਹਾ ਹੈ।ਇਸੇ ਤਰ੍ਹਾਂ ਰਣਜੀਤ ਸਿੰਘ ਗਿੱਲ ਵੱਲੋਂ ਮੋਹਿਤ ਜੰਡ ਨੂੰ ਭਾਜਵਾ ਯੁਵਾ ਮੋਰਚਾ ਵਿੱਚ ਸੂਬਾ ਸਕੱਤਰ ਦੀ ਨਵੀਂ ਜ਼ਿੰਮੇਵਾਰੀ ਮਿਲਣ 'ਤੇ ਸ਼ੁਭ-ਕਾਮਨਾਵਾਂ ਭੇਟ ਕੀਤੀਆਂ ਗਈਆਂ।

ਪੰਚਾਇਤਾਂ ਨੂੰ ਵਿਕਾਸ ਕਾਰਜਾਂ ਲਈ 1.16 ਕਰੋੜ ਦੀ ਗ੍ਰਾਂਟ ਜਾਰੀ

ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)- ਹਲਕਾ ਸ਼ਾਮ ਚੁਰਾਸੀ ਦੇ ਪਿੰਡਾਂ ਦੇ ਸਰਵਪੱਖੀ ਵਿਕਾਸ ਨੂੰ ਹੋਰ ਗਤੀ ਦੇਣ ਦੇ ਮਕਸਦ ਨਾਲ ਹਲਕੇ ਦੀਆਂ ਵੱਖ-ਵੱਖ ਗ੍ਰਾਮ ਪੰਚਾਇਤਾਂ ਨੂੰ ਵਿਕਾਸ ਕਾਰਜਾਂ ਲਈ 1.16 ਕਰੋੜ ਰੁਪਏ ਦੀ ਗ੍ਰਾਂਟ ਦੇ ਚੈੱਕ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਵੱਲੋਂ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਇਹ ਗ੍ਰਾਂਟਾਂ ਲਾਹੇਵੰਦ ਸਾਬਤ ਹੋਣਗੀਆਂ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਵਿਕਾਸ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ ਜਿਸ ਤਹਿਤ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ । ਡਾ. ਰਵਜੋਤ ਸਿੰਘ ਨੇ ਕਿਹਾ ਕਿ ਕਿਸੇ ਵੀ ਪਿੰਡ ਦਾ ਕੰਮ ਅਧੂਰਾ ਨਹੀਂ ਰਹਿਣ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਗ੍ਰਾਮ ਪੰਚਾਇਤਾਂ ਪਿੰਡਾਂ ਦੇ ਵਿਕਾਸ ਦੀ



ਪੰਚਾਇਤਾਂ ਦੇ ਨੁਮਾਇੰਦਿਆਂ ਨੂੰ ਸੌਂਪੇ ਗਏ। ਪੰਚਾਇਤਾਂ ਨੂੰ ਗ੍ਰਾਂਟਾਂ ਦੇ ਚੈੱਕ ਸੌਂਪਦਿਆਂ ਜੇਲਾਂ ਅਤੇ ਪ੍ਰਵਾਸੀ ਭਾਰਤੀ ਮਾਮਲੇ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਇਸ ਰਾਸ਼ੀ ਨਾਲ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਲੰਬੇ ਸਮੇਂ ਤੋਂ ਰੁਕੇ ਹੋਏ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਨੇਪਰੇ ਚਾੜ੍ਹਿਆ ਜਾਵੇਗਾ।

ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਹੋਰ ਬਿਹਤਰ ਬਣਾਉਣ, ਲੋਕਾਂ ਦੇ ਮਸਲਿਆਂ ਦਾ ਹੱਲ ਕਰਨ ਅਤੇ ਪਿੰਡਾਂ ਦੇ ਅਹਿਮ ਕੜੀ ਹਨ ਅਤੇ ਪੰਚਾਇਤਾਂ ਦੇ ਸਹਿਯੋਗ ਨਾਲ ਪਿੰਡਾਂ ਦੀਆਂ ਜ਼ਰੂਰਤਾਂ ਅਨੁਸਾਰ ਵਿਕਾਸ ਕਾਰਜ ਕਰਵਾਏ ਜਾਣਗੇ। ਉਨ੍ਹਾਂ ਕਿਹਾ ਕਿ ਪੰਚਾਇਤਾਂ ਨੂੰ ਮਿਲਣ ਵਾਲੀ ਇਸ ਗ੍ਰਾਂਟ ਦੀ ਸਹੀ ਅਤੇ ਪਾਰਦਰਸ਼ੀ ਢੰਗ ਨਾਲ ਵਰਤੋਂ ਕਰਕੇ ਲੋਕਾਂ ਨੂੰ ਇਸ ਦਾ ਸਿੱਧਾ ਲਾਭ ਪਹੁੰਚਾਉਣਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਸੜਕਾਂ, ਗਲੀਆਂ ਅਤੇ ਹੋਰ ਜ਼ਰੂਰੀ ਬੁਨਿਆਦੀ ਸਹੂਲਤਾਂ ਦੇ ਸੁਧਾਰ ਨਾਲ ਲੋਕਾਂ ਦੇ ਜੀਵਨ ਪੱਧਰ ਵਿੱਚ ਵੀ ਵਾਧਾ ਹੋਵੇਗਾ।

ਹਨੂਮਾਨ ਮੰਦਰ ਵਿਖੇ ਮੱਥਾ ਟੇਕ ਕੇ ਅਮਰਿੰਦਰ ਹੁਸੈਨਪੁਰ ਨੇ ਕੀਤੀ ਨਵੀਂ ਪਾਰੀ ਦੀ ਸ਼ੁਰੂਆਤ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਸੰਜੀਵ ਤਲਵਾੜ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਯੂਥ ਵਿੰਗ ਦੇ ਨਵ-ਨਿਯੁਕਤ ਜ਼ਿਲ੍ਹਾ ਪ੍ਰਧਾਨ ਅਮਰਿੰਦਰ ਹੁਸੈਨਪੁਰ ਨੇ ਆਪਣੇ ਸਾਥੀਆਂ



ਸਮੇਤ ਹੁਸ਼ਿਆਰਪੁਰ ਦੇ ਪ੍ਰਸਿੱਧ ਵੱਡੇ ਹਨੂਮਾਨ ਮੰਦਰ ਵਿਖੇ ਨਤਮਸਤਕ ਹੋ ਕੇ ਭਗਵਾਨ ਹਨੂਮਾਨ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਸਮੂਹ ਆਗੂਆਂ ਵੱਲੋਂ ਸਰਬੱਤ ਦੇ ਭਲੇ, ਇਲਾਕੇ ਦੀ ਤਰੱਕੀ ਅਤੇ ਸ਼੍ਰੋਮਣੀ ਅਕਾਲੀ ਦਲ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸੰਜੀਵ ਤਲਵਾੜ ਨੇ ਕਿਹਾ ਕਿ ਨੌਜਵਾਨਾਂ ਦੀ ਜ਼ਿੰਮੇਵਾਰੀ ਸਿਰਫ਼ ਪਾਰਟੀ ਦੀ ਮਜ਼ਬੂਤੀ ਤੱਕ ਸੀਮਤ ਨਹੀਂ ਹੋਣੀ ਚਾਹੀਦੀ, ਸਗੋਂ ਸਮਾਜ ਦੇ ਹਰ ਵਰਗ ਨੂੰ ਇਨਸਾਫ਼ ਦਿਵਾਉਣ ਅਤੇ ਲੋਕਾਂ ਨੂੰ ਡਰ-ਮੁਕਤ ਮਾਹੌਲ ਪ੍ਰਦਾਨ ਕਰਨ ਲਈ ਵੀ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਉੱਜੜ ਰਹੀ ਜਵਾਨੀ ਨੂੰ ਮੁੜ ਸਹੀ ਦਿਸ਼ਾ ਵੱਲ ਲੈ ਕੇ ਆਉਣਾ ਸ਼੍ਰੋਮਣੀ ਅਕਾਲੀ ਦਲ ਦੇ ਯੂਥ ਵਿੰਗ ਦਾ ਮੁੱਖ ਟੀਚਾ ਹੋਣਾ ਚਾਹੀਦਾ ਹੈ। ਇਸ ਮੌਕੇ ਨਵ-ਨਿਯੁਕਤ ਯੂਥ ਜ਼ਿਲ੍ਹਾ ਪ੍ਰਧਾਨ ਸ. ਅਮਰਿੰਦਰ ਹੁਸੈਨਪੁਰ ਨੇ ਕਿਹਾ ਕਿ ਉਹ ਪਾਰਟੀ ਦੀਆਂ ਨੀਤੀਆਂ ਅਤੇ ਵਿਚਾਰਧਾਰਾ ਨੂੰ ਨੌਜਵਾਨਾਂ ਤੱਕ ਪਹੁੰਚਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ। ਉਨ੍ਹਾਂ ਕਿਹਾ ਕਿ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਵੱਲੋਂ ਦਿੱਤੇ ਗਏ ਦਿਸ਼ਾ-ਨਿਰਦੇਸ਼ਾਂ ਅਨੁਸਾਰ ਆਉਣ ਵਾਲੇ ਸਮੇਂ ਵਿੱਚ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੂੰ ਸ਼੍ਰੋਮਣੀ ਅਕਾਲੀ ਦਲ ਨਾਲ ਜੋੜਿਆ ਜਾਵੇਗਾ ਅਤੇ ਪੰਜਾਬ ਵਿੱਚ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਦਿਨ-ਰਾਤ ਮਿਹਨਤ ਕੀਤੀ ਜਾਵੇਗੀ।ਇਸ ਮੌਕੇ ਸੰਦੀਪ ਸਿੰਘ ਸੀਕਰੀ ਹਲਕਾ ਇੰਚਾਰਜ ਸ਼ਾਮਚੁਰਾਸੀ, ਸੰਮਤੀ ਮੈਂਬਰ ਅਮਨਦੀਪ ਸਿੰਘ ਹੁਸੈਨਪੁਰ (ਬੁਲਾਰਾ ਯੂਥ ਅਕਾਲੀ ਦਲ ਪੰਜਾਬ), ਕਰਨ ਧੁੱਗਾ ਜਨਰਲ ਸਕੱਤਰ, ਬੱਲੀ ਡਾਲੇਵਾਲ ਮੀਤ ਪ੍ਰਧਾਨ, ਗੁਰਵਿੰਦਰ ਮੋਹਕਮਗੜ੍ਹ ਜਨਰਲ ਸਕੱਤਰ, ਬਲਰਾਜ ਚੌਹਾਨ, ਸੁਖਜਿੰਦਰ ਔਜਲਾ ਪ੍ਰਧਾਨ ਦੋਆਬਾ ਜ਼ੋਨ, ਮਨਪ੍ਰੀਤ ਸਿੰਘ ਸੰਧੂ, ਸਰਬਜੀਤ ਸਾਬੀ ਜ਼ਿਲ੍ਹਾ ਪ੍ਰਧਾਨ ਵਪਾਰ ਸੈੱਲ, ਗੁਰਵਿੰਦਰ ਧੁੱਗਾ ਯੂਥ ਹਲਕਾ ਇੰਚਾਰਜ ਹੁਸ਼ਿਆਰਪੁਰ, ਸੰਜੀਵ ਥਾਪਰ ਸ਼ਹਿਰੀ ਪ੍ਰਧਾਨ ਐੱਸ.ਸੀ. ਸੈੱਲ, ਸੁਖਬੀਰ ਸਿੰਘ ਹਲਕਾ ਲੀਗਲ ਸੈੱਲ ਪ੍ਰਧਾਨ, ਜੋਤ ਸਿੰਘ ਜਸ਼ਨ ਗੁਰਾਇਆ, ਕੌਸ਼ਿਕ, ਜਸਕਰਨ ਧੂਤ ਸਮੇਤ ਹੋਰ ਪਾਰਟੀ ਆਗੂ ਅਤੇ ਵਰਕਰ ਹਾਜ਼ਰ ਸਨ।

ਦੀਵਾਲੀ ਮੌਕੇ ਹਸਪਤਾਲ ਅਲਰਟ ਮੋਡ 'ਤੇ

ਚੰਡੀਗੜ੍ਹ (ਕ੍ਰਿਸ਼ਨ ਗਰਗ)- ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਦੀਵਾਲੀ ਦੇ ਤਿਉਹਾਰ ਦੌਰਾਨ ਹਸਪਤਾਲਾਂ ਨੂੰ ਅਲਰਟ ਮੋਡ 'ਤੇ ਰਹਿਣ ਅਤੇ ਐਮਰਜੈਂਸੀ ਤਿਆਰੀਆਂ ਨੂੰ ਮਜ਼ਬੂਤ ਕਰਨ ਲਈ ਵਿਸ਼ੇਸ਼ ਐਡਵਾਈਜ਼ਰੀ ਜਾਰੀ ਕੀਤੀ ਹੈ। ਤਿਉਹਾਰ ਦੇ ਸਮੇਂ ਪਟਾਕਿਆਂ ਅਤੇ ਹੋਰ ਹਾਦਸਿਆਂ ਕਾਰਨ ਸੜਨ ਅਤੇ ਸਾਹ ਸਬੰਧੀ ਸਮੱਸਿਆਵਾਂ ਦੇ ਮਾਮਲਿਆਂ ਵਿੱਚ ਵਾਧਾ ਹੋਣ ਦੀ ਸੰਭਾਵਨਾ ਨੂੰ ਦੇਖਦੇ ਹੋਏ ਉਨ੍ਹਾਂ ਨੇ ਸਾਰੇ ਸਰਕਾਰੀ ਅਤੇ ਨਿੱਜੀ ਹਸਪਤਾਲਾਂ ਵਿੱਚ ਬਰਨ ਵਾਰਡ ਵੱਖਰੇ ਤੌਰ 'ਤੇ ਤਿਆਰ ਰੱਖਣ ਦੇ ਨਿਰਦੇਸ਼ ਦਿੱਤੇ ਹਨ।ਐਮਰਜੈਂਸੀ ਕੇਂਦਰਾਂ ਵਿੱਚ ਬ੍ਰੋਂਕੋਡਾਇਲੇਟਰਜ਼, ਆਕਸੀਜਨ ਸਿਲੰਡਰ ਅਤੇ ਬਰਨ ਟ੍ਰੀਟਮੈਂਟ ਕਿੱਟ ਵਰਗੀਆਂ ਜ਼ਰੂਰੀ ਦਵਾਈਆਂ ਅਤੇ ਮੈਡੀਕਲ ਸਪਲਾਈ ਦਾ ਲੋੜੀਂਦੀ ਮਾਤਰਾ ਵਿੱਚ ਪਹਿਲਾਂ ਤੋਂ ਹੀ ਪ੍ਰਬੰਧ ਯਕੀਨੀ ਬਣਾਉਣ ਲਈ ਕਿਹਾ ਗਿਆ ਹੈ।ਆਤਿਸ਼ਬਾਜ਼ੀ ਜਾਂ ਕਿਸੇ ਵੀ ਤਰ੍ਹਾਂ ਦੇ ਹਾਦਸੇ ਦਾ ਸ਼ਿਕਾਰ ਹੋਏ ਲੋਕਾਂ ਦਾ ਤੁਰੰਤ ਇਲਾਜ ਸੰਭਵ ਹੋ ਸਕੇ, ਇਸ ਲਈ ਸਾਰੇ ਸਰਕਾਰੀ ਹਸਪਤਾਲਾਂ ਵਿੱਚ 20 ਤੋਂ ਵੱਧ ਬੈੱਡ ਰਾਖਵੇਂ ਰੱਖਣ ਦੇ ਨਿਰਦੇਸ਼ ਦਿੱਤੇ ਗਏ ਹਨ। ਦੀਵਾਲੀ ਵਾਲੇ ਦਿਨ ਆਮ ਦਿਨਾਂ ਦੇ ਮੁਕਾਬਲੇ ਸੜਕ ਹਾਦਸਿਆਂ, ਝੁਲਸਣ ਅਤੇ ਅੱਖਾਂ ਦੀਆਂ ਸੱਟਾਂ ਦੀਆਂ ਘਟਨਾਵਾਂ ਵਿੱਚ ਵਾਧਾ ਹੁੰਦਾ ਹੈ। ਇਸ ਨੂੰ ਦੇਖਦੇ ਹੋਏ ਐਮਰਜੈਂਸੀ ਵਿਭਾਗ ਤੋਂ ਇਲਾਵਾ ਅੱਖਾਂ ਦੇ ਰੋਗਾਂ (ਓਪਥੈਲਮੋਲੋਜੀ), ਆਰਥੋਪੀਡਿਕ ਅਤੇ ਸਰਜਰੀ ਵਿਭਾਗਾਂ ਵਿੱਚ ਵੀ ਬੈੱਡ ਰਾਖਵੇਂ ਰੱਖੇ ਜਾਣਗੇ।

ਸਾਲਾਨਾ ਮੇਲਾ 12 ਨੂੰ



ਬੰਗਾ (ਅਵਤਾਰ ਕਲੇਰ) ਬੰਗਾ ਹਲਕੇ ਦੇ ਪਿੰਡ ਗੁਣਾਚੌਰ ਵਿਖੇ ਦਰਬਾਰ ਦਰਗਾਹ ਹਜ਼ਰਤ ਬਾਬਾ ਨੌਗੱਜਾ ਪੀਰ ਵਿਖੇ ਬਾਬਾ ਸੰਤ ਰਾਮ ਦਾ 10 ਵਾਂ ਸਲਾਨਾ ਜੋੜ ਮੇਲਾ ਦਰਬਾਰ ਦੇ ਗੱਦੀ ਨਸ਼ੀਨ ਸਾਈਂ ਪਵਨ ਸ਼ਾਹ ਦੀ ਰਹਿਨੁਮਾਈ ਹੇਠ 12 ਨਵੰਬਰ ਨੂੰ ਮਨਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਾਈਂ ਪਵਨ ਸ਼ਾਹ ਨੇ ਦੱਸਿਆ ਕਿ ਸਵੇਰੇ ਝੰਡੇ ਦੀ ਰਸਮ, ਉਪਰੰਤ ਵਿਸ਼ਾਲ ਬ੍ਰਦਰਜ਼ ਕਵਾਲ ਪਾਰਟੀ ਵਲੋਂ ਕਵਾਲੀਆਂ ਦਾ ਪ੍ਰੋਗਰਾਮ ਪੇਸ਼ ਕੀਤਾ ਜਾਵੇਗਾ। ਲਵਲੀ ਨਕਾਲ ਪਾਰਟੀ ਨਵਾਂ ਸ਼ਹਿਰ ਵਲੋਂ ਨਕਲਾਂ ਦਾ ਪ੍ਰੋਗਰਾਮ ਕੀਤਾ ਜਾਵੇਗਾ। ਇਸ ਮੌਕੇ ਸਾਈਂ ਪਵਨ ਸ਼ਾਹ, ਸੁਖਦੇਵ ਰਾਮ ਗੁਣਾਚੌਰ, ਪਿਆਰਾ ਲਾਲ,ਕੌਰ ਸਿਸਟਰਜ਼, ਰਣਵੀਰ ਬੇਰਾਜ ਚੱਕ ਰਾਮੂੰ ਆਦਿ ਹਾਜ਼ਰ ਸਨ।

ਲੋਕ ਪ੍ਰਦੂਸ਼ਣ ਰਹਿਤ ਦੀਵਾਲੀ ਮਨਾਉਣ : ਮਨਜੀਤ ਸਿੰਘ

ਢਿੱਲਵਾ (ਪਲਵਿੰਦਰ ਸਿੰਘ ਜੈ ਰਾਮ ਪੁਰ) ਇਲਾਕੇ ਦੇ ਆਗੂ ਅਤੇ ਸਮਾਜ ਸੇਵਕ ਮਾਸਟਰ ਮਨਜੀਤ ਸਿੰਘ ਅਤੇ ਪ੍ਰਸਿੱਧ ਗਾਇਕ ਅਤੇ ਗੀਤਕਾਰ ਕਮਲ ਸੀਪਾ ਨੇ ਲੋਕਾਂ ਨੂੰ ਪ੍ਰਦੂਸ਼ਣ ਰਹਿਤ ਤੇ ਸੁਰੱਖਿਅਤ ਦੀਵਾਲੀ ਮਨਾਉਣ ਦਾ ਸੱਦਾ ਦਿੰਦਿਆਂ ਕਿਹਾ ਕਿ ਦੀਵਾਲੀ ਰੌਸ਼ਨੀਆਂ, ਖੁਸ਼ੀਆਂ ਤੇ ਆਪਸੀ ਭਾਈਚਾਰਕ ਸਾਂਝ ਦਾ ਤਿਉਹਾਰ ਹੈ।ਇਸ ਪਵਿੱਤਰ ਤਿਉਹਾਰ ਨੂੰ ਮਨਾਉਂਦੇ ਸਮੇਂ ਸਾਨੂੰ ਵਾਤਾਵਰਨ ਦੀ ਸੰਭਾਲ ਪ੍ਰਤੀ ਆਪਣੀ ਜ਼ਿੰਮੇਵਾਰੀ ਵੀ ਨਿਭਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪਟਾਕਿਆਂ ਕਾਰਨ ਪੈਦਾ ਹੋਣ ਵਾਲਾ ਧੂੰਆਂ ਤੇ ਸ਼ੋਰ ਨਾ ਸਿਰਫ਼ ਵਾਤਾਵਰਨ ਨੂੰ ਪ੍ਰਦੂਸ਼ਿਤ ਕਰਦਾ ਹੈ, ਸਗੋਂ ਬੱਚਿਆਂ, ਬਜ਼ੁਰਗਾਂ ਤੇ ਸਾਹ ਦੀਆਂ ਬਿਮਾਰੀਆਂ ਲਈ ਵੀ ਪ੍ਰੇਸ਼ਾਨੀਆਂ ਪੈਦਾ ਕਰਦਾ ਹੈ। ਪਸ਼ੂਆਂ, ਪੰਛੀਆਂ ਲਈ ਵੀ ਹਾਨੀਕਾਰਕ ਸਾਬਤ ਹੁੰਦਾ ਹੈ, ਸਾਨੂੰ ਪਟਾਕਿਆਂ ਦੀ ਬਜਾਏ ਮਿੱਟੀ ਦੇ ਦੀਵੇ ਜਗਾ ਕੇ ਤੇ ਆਪਣੇ ਘਰਾਂ ਨੂੰ ਰੌਸ਼ਨ ਕਰਕੇ ਦੀਵਾਲੀ ਮਨਾਉਣ ਨੂੰ ਤਰਜੀਹ ਦੇਣੀ ਚਾਹੀਦੀ ਹੈ।



ਵਿਦਿਆਰਥੀਆਂ ਨੇ ਆਸ਼ਾ ਕਿਰਨ ਸਪੈਸ਼ਲ ਸਕੂਲ ਦੇ ਬੱਚਿਆਂ ਨਾਲ ਮਨਾਈ ਦੀਵਾਲੀ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਦੀਵਾਲੀ ਦੇ ਪਵਿੱਤਰ ਤਿਉਹਾਰ ਦੀਆਂ ਖੁਸ਼ੀਆਂ ਸਾਂਝੀਆਂ ਕਰਨ ਅਤੇ ਸਮਾਜਿਕ ਸਰੋਕਾਰਾਂ ਪ੍ਰਤੀ ਆਪਣੀ ਜ਼ਿੰਮੇਵਾਰੀ



ਨਿਭਾਉਣ ਦੇ ਉਦੇਸ਼ ਨਾਲ ਆਸ਼ਾ ਕਿਰਨ ਸਪੈਸ਼ਲ ਸਕੂਲ ਜਹਾਨਖੇਲਾਂ, ਹੁਸ਼ਿਆਰਪੁਰ ਵਿਖੇ ਨਾਇਸ ਕੰਪਿਊਟਰਜ਼ ਮਾਲ ਰੋਡ ਦੇ ਵਿਦਿਆਰਥੀਆਂ ਅਤੇ ਸਟਾਫ਼ ਵੱਲੋਂ ਸਪੈਸ਼ਲ ਬੱਚਿਆਂ ਨਾਲ ਦੀਵਾਲੀ ਦਾ ਤਿਉਹਾਰ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸ ਮੌਕੇ ਨਾਇਸ ਕੰਪਿਊਟਰਜ਼ ਦੀ ਟੀਮ ਨੇ ਸਪੈਸ਼ਲ ਬੱਚਿਆਂ ਨਾਲ ਸਮਾਂ ਬਿਤਾਇਆ ਅਤੇ ਉਨ੍ਹਾਂ ਨੂੰ ਫਲ, ਬਿਸਕੁਟ, ਰਿਫਰੈਸ਼ਮੈਂਟ ਅਤੇ ਰਾਸ਼ਨ ਭੇਟ ਕੀਤਾ। ਇਸ ਤੋਂ ਇਲਾਵਾ ਬੱਚਿਆਂ ਦੇ ਮਨੋਰੰਜਨ ਲਈ ਵੱਖ-ਵੱਖ ਫਨ ਐਕਟੀਵਿਟੀਆਂ ਅਤੇ ਖੇਡਾਂ ਕਰਵਾਈਆਂ ਗਈਆਂ, ਜਿਨ੍ਹਾਂ ਵਿੱਚ ਬੱਚਿਆਂ ਨੇ ਬੜੇ ਚਾਅ ਅਤੇ ਉਤਸ਼ਾਹ ਨਾਲ ਭਾਗ ਲਿਆ। ਇਸ ਉਪਰਾਲੇ ਨਾਲ ਬੱਚਿਆਂ ਦੇ ਚਿਹਰਿਆਂ 'ਤੇ ਖੁਸ਼ੀ ਦੇਖਣ ਨੂੰ ਮਿਲੀ ਅਤੇ ਸਮਾਗਮ ਦਾ ਮਾਹੌਲ ਖੁਸ਼ਗਵਾਰ ਬਣ ਗਿਆ। ਇਸ ਮੌਕੇ ਡਾ. ਸਵੀਨ ਸੈਣੀ (ਐੱਮ ਡੀ) ਅਤੇ ਨਾਇਸ ਕੰਪਿਊਟਰਜ਼ ਦੇ ਐੱਮ.ਡੀ. ਪ੍ਰੇਮ ਸੈਣੀ ਵੱਲੋਂ ਸਪੈਸ਼ਲ ਬੱਚਿਆਂ ਦੀ ਭਲਾਈ ਅਤੇ ਸਹਾਇਤਾ ਲਈ 11 ਹਜ਼ਾਰ ਰੁਪਏ ਦੀ ਵਿੱਤੀ ਸਹਾਇਤਾ ਵੀ ਭੇਟ ਕੀਤੀ ਗਈ। ਉਨ੍ਹਾਂ ਕਿਹਾ ਕਿ ਤਿਉਹਾਰਾਂ ਦੀਆਂ ਅਸਲ ਖੁਸ਼ੀਆਂ ਦੂਜਿਆਂ ਨਾਲ ਖੁਸ਼ੀਆਂ ਸਾਂਝੀਆਂ ਕਰਨ ਅਤੇ ਲੋੜਵੰਦਾਂ ਦੇ ਚਿਹਰਿਆਂ 'ਤੇ ਮੁਸਕਾਨ ਲਿਆਉਣ ਵਿੱਚ ਹਨ।

ਇਸ ਮੌਕੇ ਆਸ਼ਾਦੀਪ ਵੈਲਫੇਅਰ ਸੋਸਾਇਟੀ ਦੀ ਕਾਰਜਕਾਰਨੀ ਦੇ ਮੈਂਬਰ ਰਾਮ ਆਸਰਾ, ਸਕੂਲ ਦੀ ਪ੍ਰਿੰਸੀਪਲ ਸ਼ੈਲੀ ਸ਼ਰਮਾ ਅਤੇ ਵਾਈਸ ਪ੍ਰਿੰਸੀਪਲ ਇੰਦੂ ਬਾਲਾ ਨੇ ਨਾਇਸ ਕੰਪਿਊਟਰਜ਼ ਦੀ ਸਮੁੱਚੀ ਟੀਮ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਪੈਸ਼ਲ ਬੱਚਿਆਂ ਨਾਲ ਤਿਉਹਾਰ ਮਨਾਉਣਾ ਅਤੇ ਉਨ੍ਹਾਂ ਦੀਆਂ ਖੁਸ਼ੀਆਂ ਵਿੱਚ ਸ਼ਾਮਲ ਹੋਣਾ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ।

ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਮਨਾਇਆ ਜਾਵੇਗਾ ਸ੍ਰੀ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਪੁਰਬ

ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ, ਬਲਵੀਰ ਸਿੰਘ ਸੈਣੀ)- ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ 4 ਤੋਂ 6 ਦਸੰਬਰ ਤੱਕ ਵਿਸ਼ਾਲ ਸੂਬਾ ਪੱਧਰੀ ਸਮਾਗਮ ਕਰਵਾਇਆ ਜਾਵੇਗਾ। ਇਸ ਇਤਿਹਾਸਕ ਸਮਾਗਮ ਦੀਆਂ ਤਿਆਰੀਆਂ ਨੂੰ ਲੈ ਕੇ ਅੱਜ ਸੈਰ-ਸਪਾਟਾ ਵਿਭਾਗ ਦੇ ਡਾਇਰੈਕਟਰ ਸੰਜੀਵ ਤਿਵਾੜੀ ਨੇ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਦੇ ਵੱਖ-ਵੱਖ ਅਧਿਕਾਰੀਆਂ ਨਾਲ ਮੀਟਿੰਗ ਕੀਤੀ। ਇਸ ਮੌਕੇ ਉਨ੍ਹਾਂ ਦੇ ਨਾਲ ਐਸ ਐਸ ਪੀ ਸੰਦੀਪ ਕੁਮਾਰ ਮਲਿਕ, ਏ ਡੀ ਸੀ ਰਾਕੇਸ਼ ਕੁਮਾਰ ਮੀਣਾ, ਤਪ ਅਸਥਾਨ ਸ੍ਰੀ ਖੁਰਾਲਗੜ੍ਹ ਸਾਹਿਬ ਤੋਂ ਸੰਤ ਕੇਵਲ ਸਿੰਘ ਅਤੇ ਚਰਨਛੋਹ ਸੱਚਖੰਡ ਬੇਗਮਪੁਰਾ ਸ੍ਰੀ ਖੁਰਾਲਗੜ੍ਹ ਸਾਹਿਬ ਤੋਂ ਸੰਤ ਸੁਰਿੰਦਰ ਸਿੰਘ ਵੀ ਮੌਜੂਦ ਸਨ। ਉਨ੍ਹਾਂ ਨੇ ਸਮਾਗਮ ਦੀ ਰੂਪ-ਰੇਖਾ ਬਾਰੇ ਵਿਚਾਰ-ਵਟਾਂਦਰਾ ਕਰਦਿਆਂ ਸਬੰਧਤ ਵਿਭਾਗਾਂ ਨੂੰ ਸਮੇਂ ਸਿਰ ਸਾਰੇ ਲੋੜੀਂਦੇ ਪ੍ਰਬੰਧ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ। ਸੰਜੀਵ ਤਿਵਾੜੀ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦਾ 650ਵਾਂ ਪ੍ਰਕਾਸ਼ ਪੁਰਬ ਪੂਰੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਜਾਵੇਗਾ। ਇਸ ਮੌਕੇ ਵੱਡੇ ਪੱਧਰ 'ਤੇ ਧਾਰਮਿਕ ਸਮਾਗਮ ਕਰਵਾਏ ਜਾਣਗੇ, ਜਿਨ੍ਹਾਂ ਵਿੱਚ ਦੂਰ-ਦੁਰਾਡੇ ਦੇ ਇਲਾਕਿਆਂ ਤੋਂ ਵੱਡੀ ਗਿਣਤੀ ਵਿੱਚ




ਸ਼ਰਧਾਲੂਆਂ ਦੇ ਪਹੁੰਚਣ ਦੀ ਸੰਭਾਵਨਾ ਹੈ। ਉਨ੍ਹਾਂ ਦੱਸਿਆ ਕਿ ਇਸ ਪਵਿੱਤਰ ਮੌਕੇ ਕਾਸ਼ੀ, ਜੰਮੂ, ਫਰੀਦਕੋਟ ਅਤੇ ਬਠਿੰਡਾ ਤੋਂ ਚਾਰ ਵਿਸ਼ੇਸ਼ ਸ਼ੋਭਾ ਯਾਤਰਾਵਾਂ ਕੱਢੀਆਂ ਜਾਣਗੀਆਂ, ਜੋ 3 ਦਸੰਬਰ ਨੂੰ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਪਹੁੰਚਣਗੀਆਂ। ਉਨ੍ਹਾਂ ਕਿਹਾ ਕਿ ਬਾਹਰੋਂ ਆਉਣ ਵਾਲੇ ਸ਼ਰਧਾਲੂਆਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦਿਆਂ ਵਿਸ਼ੇਸ਼ ਟੈਂਟ ਸਿਟੀ ਸਥਾਪਿਤ ਕੀਤੀ ਜਾਵੇਗੀ, ਤਾਂ ਜੋ ਉਨ੍ਹਾਂ ਦੇ ਠਹਿਰਨ ਅਤੇ ਹੋਰ ਲੋੜੀਂਦੀਆਂ ਸਹੂਲਤਾਂ ਦੇ ਢੁੱਕਵੇਂ ਪ੍ਰਬੰਧ ਕੀਤੇ ਜਾ ਸਕਣ। ਉਨ੍ਹਾਂ ਲੋਕ ਨਿਰਮਾਣ ਵਿਭਾਗ ਨੂੰ ਲੋੜੀਂਦੇ ਨਿਰਮਾਣ ਕਾਰਜਾਂ ਅਤੇ ਬੁਨਿਆਦੀ ਸਹੂਲਤਾਂ, ਸਿਹਤ ਵਿਭਾਗ ਨੂੰ ਮੈਡੀਕਲ ਸੇਵਾਵਾਂ, ਪੁਲਿਸ ਅਤੇ ਟਰਾਂਸਪੋਰਟ ਵਿਭਾਗ ਨੂੰ ਸੁਰੱਖਿਆ ਅਤੇ ਆਵਾਜਾਈ ਦੇ ਪ੍ਰਬੰਧਾਂ ਦੇ ਨਾਲ-ਨਾਲ ਸਬੰਧਤ ਵਿਭਾਗਾਂ ਨੂੰ ਬਿਜਲੀ, ਸਫ਼ਾਈ, ਪੀਣ ਵਾਲੇ ਪਾਣੀ ਅਤੇ ਹੋਰ ਜ਼ਰੂਰੀ ਪ੍ਰਬੰਧ ਸਮੇਂ ਸਿਰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਸਾਰੇ ਵਿਭਾਗ ਆਪਸੀ ਤਾਲਮੇਲ ਨਾਲ ਕੰਮ ਕਰਨ ਅਤੇ ਆਪਣੀਆਂ ਜ਼ਿੰਮੇਵਾਰੀਆਂ ਪੂਰੀ ਗੰਭੀਰਤਾ ਨਾਲ ਨਿਭਾਉਣ। ਸਮਾਗਮ ਵਿੱਚ ਪਹੁੰਚਣ ਵਾਲੇ ਸ਼ਰਧਾਲੂਆਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਨਾ ਆਵੇ, ਇਸ ਲਈ ਪ੍ਰਬੰਧਾਂ ਦੀ ਨਿਯਮਤ ਤੌਰ 'ਤੇ ਸਮੀਖਿਆ ਵੀ ਕੀਤੀ ਜਾਵੇ।ਮੀਟਿੰਗ ਵਿੱਚ ਓ ਐਸ ਡੀ (ਸ਼ਹਿਰੀ ਮਾਮਲੇ) ਓਇਸ਼ੀ ਮੰਡਲ, ਐਸ ਪੀ ਨਵਨੀਤ ਕੌਰ, ਐਸ ਡੀ ਐਮ ਗੜ੍ਹਸ਼ੰਕਰ ਸੰਜੀਵ ਕੁਮਾਰ, ਸਹਾਇਕ ਕਮਿਸ਼ਨਰ (ਅੰਡਰ ਟ੍ਰੇਨਿੰਗ) ਗੁਰਕੰਵਲ ਸਿੰਘ, ਵਧੀਕ ਸਹਾਇਕ ਕਮਿਸ਼ਨਰ ਗੁਰਪ੍ਰੀਤ ਕੌਰ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

'ਮੇਰੀ ਫ਼ਸਲ ਮੇਰਾ ਬਿਓਰਾ' ਨਾਲ ਜੁੜੇ ਕਿਸਾਨਾਂ ਨੂੰ ਮਿਲੇਗੀ 80 ਫ਼ੀਸਦੀ ਸਬਸਿਡੀ : ਖੇਤੀਬਾੜੀ ਮੰਤਰੀ

ਚੰਡੀਗੜ੍ਹ (ਕ੍ਰਿਸ਼ਨ ਗਰਗ)- ਹਰਿਆਣਾ ਵਿੱਚ ਜੈਵਿਕ ਖੇਤੀ ਨੂੰ ਵਿਆਪਕ ਪੱਧਰ 'ਤੇ ਉਤਸ਼ਾਹਿਤ ਕਰਨ ਅਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਦੇ ਉਦੇਸ਼ ਨਾਲ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਵੱਲੋਂ ਕੀਤੇ ਗਏ ਬਜਟ ਐਲਾਨ 'ਤੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਨੇ ਤੇਜ਼ੀ ਨਾਲ ਕਾਰਵਾਈ ਸ਼ੁਰੂ ਕਰ ਦਿੱਤੀ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਆਮ ਸਿੰਘ ਰਾਣਾ ਨੇ ਦੱਸਿਆ ਕਿ ਸੂਬਾ ਸਰਕਾਰ ਕੁਦਰਤੀ ਅਤੇ ਜੈਵਿਕ ਖੇਤੀ ਨੂੰ ਉਤਸ਼ਾਹਿਤ ਕਰਨ ਲਈ ਵਚਨਬੱਧ ਹੈ।ਰਾਣਾ ਨੇ ਦੱਸਿਆ ਕਿ 'ਮੇਰੀ ਫ਼ਸਲ ਮੇਰਾ ਬਿਓਰਾ' ਪੋਰਟਲ 'ਤੇ ਰਜਿਸਟਰਡ ਕਿਸਾਨਾਂ ਨੂੰ ਜੈਵਿਕ ਖਾਦ 'ਤੇ 80 ਫ਼ੀਸਦੀ ਤੱਕ ਦੀ ਭਾਰੀ ਸਬਸਿਡੀ ਦਿੱਤੀ ਜਾਵੇਗੀ। ਇਸ ਦੇ ਨਾਲ ਹੀ ਜੈਵਿਕ ਖਾਦਾਂ ਦੀ ਵਿਕਰੀ ਨੂੰ ਸੁਖਾਲਾ ਬਣਾਉਣ ਲਈ ਵਿਕਰੇਤਾਵਾਂ ਨੂੰ 5 ਕਿਲੋਗ੍ਰਾਮ ਤੱਕ ਦੀ ਛੋਟੀ ਪੈਕਿੰਗ ਦੀ ਵਿਕਰੀ ਸਬੰਧੀ ਲਾਇਸੈਂਸ ਪ੍ਰਕਿਰਿਆ ਤੋਂ ਛੋਟ ਦੇਣ ਦਾ ਫੈਸਲਾ ਕੀਤਾ ਗਿਆ ਹੈ।

ਰਾਣਾ ਮੁਨੀਸ਼ ਕੌਸ਼ਲ ਬਾਬਾ ਬਲਰਾਜ ਮੰਦਰ ਕਮੇਟੀ ਦੇ ਪ੍ਰਧਾਨ ਬਣੇ



ਪੋਜੇਵਾਲ (ਰਾਮ ਲਾਲ)- ਇੱਥੋਂ ਦੇ ਪ੍ਰਸਿੱਧ ਬਾਬਾ ਬਲਰਾਜ ਮੰਦਰ ਕਮੇਟੀ ਦੀ ਹੋਈ ਮੀਟਿੰਗ ਵਿੱਚ ਸਰਬਸੰਮਤੀ ਨਾਲ ਰਾਣਾ ਮੁਨੀਸ਼ ਕੌਸ਼ਲ ਨੂੰ ਪ੍ਰਧਾਨ ਚੁਣਿਆ ਗਿਆ ਅਤੇ ਪਦਮ ਰਾਣਾ ਨੂੰ ਕਮੇਟੀ ਦਾ ਚੇਅਰਮੈਨ ਚੁਣਿਆ ਗਿਆ। ਇਨ੍ਹਾਂ ਤੋਂ ਇਲਾਵਾ ਅਮਨ ਕੌਸ਼ਲ ਨੂੰ ਮੀਤ ਪ੍ਰਧਾਨ, ਮਾਸਟਰ ਜਗਦੀਸ਼ ਰਾਣਾ ਨੂੰ ਮੀਤ ਚੇਅਰਮੈਨ ਅਤੇ ਗੌਰਵ ਕੌਸ਼ਲ ਨੂੰ ਖ਼ਜ਼ਾਨਚੀ ਚੁਣਿਆ ਗਿਆ।

ਇਸ ਵਿਸ਼ੇਸ਼ ਮੀਟਿੰਗ ਵਿੱਚ ਦੀਵਾਲੀ ਮੌਕੇ ਬਾਬਾ ਬਲਰਾਜ ਛਿੰਝ ਮੇਲਾ ਧੂਮਧਾਮ ਨਾਲ ਕਰਵਾਉਣ ਸੰਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਕਮੇਟੀ ਮੈਂਬਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ। ਜ਼ਿਕਰਯੋਗ ਹੈ ਕਿ ਦੀਵਾਲੀ ਤੋਂ ਅਗਲੇ ਦਿਨ ਲੱਗਣ ਵਾਲਾ ਬਾਬਾ ਬਲਰਾਜ ਛਿੰਝ ਮੇਲਾ ਪੰਜਾਬ ਦੇ ਪ੍ਰਮੁੱਖ ਮੇਲਿਆਂ ਵਿੱਚ ਗਿਣਿਆ ਜਾਂਦਾ ਹੈ। ਇਸ ਛਿੰਝ ਮੇਲੇ ਵਿੱਚ ਕਈ ਨਾਮੀ ਅਖਾੜਿਆਂ ਦੇ ਪਹਿਲਵਾਨ ਭਾਗ ਲੈਂਦੇ ਹਨ। ਇਸ ਵਾਰ ਇਹ ਮੇਲਾ 9 ਨਵੰਬਰ ਦਿਨ ਸੋਮਵਾਰ ਨੂੰ ਕਰਵਾਇਆ ਜਾ ਰਿਹਾ ਹੈ।ਮੀਟਿੰਗ ਵਿੱਚ ਰਾਣਾ ਰਣਦੀਪ ਕੌਸ਼ਲ, ਲਲਿਤ ਕੁਮਾਰ ਰਾਣਾ, ਐਡਵੋਕੇਟ ਪੁਸ਼ਪ ਕੁਮਾਰ, ਅਨਿਲ ਕੁਮਾਰ ਬੋਬੀ, ਨਗਰ ਕੌਂਸਲ ਬਲਾਚੌਰ ਦੇ ਪ੍ਰਧਾਨ ਸੁਨੀਲ ਲਾਡੀ ਰਾਣਾ, ਗਗਨ ਰਾਣਾ, ਵਿਸ਼ਵਜੀਤ ਰਾਣਾ ਬਿਸ਼ੂ, ਬਿੱਟੂ ਰਾਣਾ ਕੌਂਸਲਰ, ਨੀਲਕਾਂਤ ਰਾਣਾ, ਰਾਕੇਸ਼ ਕੁਮਾਰ, ਰਾਣਾ ਹਰਵਿੰਦਰਪਾਲ, ਭੁਪਿੰਦਰ ਰਾਣਾ, ਵਿਨੋਦ ਕੁਮਾਰ ਰਾਣਾ, ਬੱਬੂ ਰਾਣਾ, ਰਣਜੀਤ ਸਿੰਘ ਅਤੇ ਮੰਗਾ ਰਾਣਾ ਸਮੇਤ ਰਾਜਪੂਤ ਬਿਰਾਦਰੀ ਦੇ ਸੀਨੀਅਰ ਵਿਅਕਤੀ ਹਾਜ਼ਰ ਸਨ।

ਨਿਸਾਨ ਨੇ ਸੀ ਐੱਨ ਜੀ ਮੋਬਿਲਿਟੀ ਨੂੰ ਬਣਾਇਆ ਹੋਰ ਵੀ ਸੁਖਾਲਾ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਇਸ ਤਿਉਹਾਰੀ ਸੀਜ਼ਨ ਵਿੱਚ ਨਿਸਾਨ ਮੋਟਰ ਇੰਡੀਆ ਨੇ ਆਪਣੇ ਗਾਹਕਾਂ ਨੂੰ ਖੁਸ਼ੀ ਦਾ ਇੱਕ ਹੋਰ ਮੌਕਾ ਦਿੱਤਾ ਹੈ। ਕੰਪਨੀ ਵੱਲੋਂ ਮੈਗਨਾਈਟ ਅਤੇ ਗ੍ਰੇਵਾਈਟ ਦੇ ਚੋਣਵੇਂ ਵੇਰੀਐਂਟਸ 'ਤੇ ਬਿਨਾਂ ਕਿਸੇ ਵਾਧੂ ਕੀਮਤ ਦੇ ਸੀ ਐੱਨ ਜੀ ਰੈਟਰੋਫਿਟਮੈਂਟ ਕਿੱਟ ਲਗਵਾਉਣ ਦੀ ਸਹੂਲਤ ਦਿੱਤੀ ਜਾ ਰਹੀ ਹੈ। ਇਸ ਸੀਮਤ ਸਮੇਂ ਦੀ ਪੇਸ਼ਕਸ਼ ਨਾਲ ਪਰਵਾਰਾਂ ਲਈ ਸੀ ਐੱਨ ਜੀ ਵਿਕਲਪ ਅਪਣਾਉਣਾ ਹੋਰ ਵੀ ਆਸਾਨ ਹੋ ਜਾਵੇਗਾ।ਇਸ ਪੇਸ਼ਕਸ਼ ਤਹਿਤ ਗਾਹਕ ਨਿਸਾਨ ਮੈਗਨਾਈਟ ਦੇ ਚੋਣਵੇਂ ਵੇਰੀਐਂਟਸ ਲਈ 74,999 ਰੁਪਏ ਦੀ ਕੀਮਤ ਵਾਲੀ ਅਤੇ ਗ੍ਰੇਵਾਈਟ ਲਈ 85,999 ਰੁਪਏ ਦੀ ਕੀਮਤ ਵਾਲੀ ਸੀ ਐੱਨ ਜੀ ਰੈਟਰੋਫਿਟਮੈਂਟ ਕਿੱਟ ਬਿਨਾਂ ਕਿਸੇ ਵਾਧੂ ਖਰਚੇ ਦੇ ਲਗਵਾ ਸਕਣਗੇ। ਸਰਕਾਰ ਵੱਲੋਂ ਪ੍ਰਮਾਣਿਤ ਇਸ ਰੈਟਰੋਫਿਟਮੈਂਟ ਕਿੱਟ ਦੇ ਨਾਲ ਸਟੈਂਡਰਡ ਪ੍ਰੋਡਕਟ ਵਾਰੰਟੀ ਤੋਂ ਇਲਾਵਾ 3 ਸਾਲ ਜਾਂ 1,00,000 ਕਿਲੋਮੀਟਰ ਦੀ ਥਰਡ-ਪਾਰਟੀ ਵਾਰੰਟੀ ਵੀ ਦਿੱਤੀ ਜਾਵੇਗੀ।ਨਿਸਾਨ ਗ੍ਰੇਵਾਈਟ ਵਿੱਚ ਸਮਾਰਟ ਟਵਿਨ-ਸਿਲੰਡਰ ਸੀਐਨਜੀ ਸਿਸਟਮ (2×25 ਲੀਟਰ) ਦਿੱਤਾ ਗਿਆ ਹੈ, ਜੋ ਇਸ ਸੈਗਮੈਂਟ ਵਿੱਚ ਆਪਣੀ ਕਿਸਮ ਦਾ ਵਿਲੱਖਣ ਫੀਚਰ ਹੈ।

ਐੱਲ ਪੀ ਯੂ ਨੇ ਸਿੱਖਿਆ ਦੇ ਖੇਤਰ 'ਚ 25 ਸਾਲ ਪੂਰੇ ਕੀਤੇ

ਜਲੰਧਰ (ਸ਼ੈਲੀ ਐਲਬਰਟ)- ਉੱਚ ਸਿੱਖਿਆ ਵਿੱਚ ਆਪਣੀ 25 ਸਾਲਾਂ ਦੀ ਯਾਤਰਾ ਨੂੰ ਪੂਰਾ ਕਰਨ ਦੇ ਮੌਕੇ 'ਤੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ ਪੀ ਯੂ) ਕੈਂਪਸ ਵਿੱਚ ਆਉਣ ਵਾਲੀਆਂ ਉੱਘੀਆਂ ਸ਼ਖ਼ਸੀਅਤਾਂ ਦੀ ਸੂਚੀ ਦਰਸਾਉਂਦੀ ਹੈ ਕਿ ਇੱਥੇ ਦਾ ਅਨੁਭਵ ਕਲਾਸਰੂਮ ਤੋਂ ਪਰੇ ਹੈ। ਇਹ ਵਿਦਿਆਰਥੀਆਂ ਨੂੰ ਰਾਜਨੀਤੀ, ਵਿਗਿਆਨ, ਖੇਡਾਂ, ਕਾਰੋਬਾਰ ਅਤੇ ਸੱਭਿਆਚਾਰ ਨੂੰ ਆਕਾਰ ਦੇਣ ਵਾਲੀਆਂ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਵਿਚਾਰਾਂ ਨਾਲ ਜੋੜਦਾ ਹੈ।ਐਲ ਪੀ ਯੂ ਕੈਂਪਸ ਦਾ ਦੌਰਾ ਕਰਨ ਵਾਲੇ ਪ੍ਰਮੁੱਖ ਰਾਸ਼ਟਰੀ ਨੇਤਾਵਾਂ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਸਵਰਗੀ ਪ੍ਰਣਬ ਮੁਖਰਜੀ, ਭਾਰਤ ਦੇ ਸਾਬਕਾ ਰਾਸ਼ਟਰਪਤੀ, ਐਮ. ਵੈਂਕਈਆ ਨਾਇਡੂ, ਭਾਰਤ ਦੇ ਉਪ ਰਾਸ਼ਟਰਪਤੀ, ਸੀ.ਪੀ. ਰਾਧਾਕ੍ਰਿਸ਼ਨਨ, ਅਤੇ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਵੀਨ ਸ਼ਾਮਲ ਹਨ। ਇਸ ਤੋਂ ਇਲਾਵਾ ਸਾਬਕਾ ਬ੍ਰਿਟਿਸ਼ ਪ੍ਰਧਾਨ ਮੰਤਰੀ ਲਿਜ਼ ਟਰਸ ਅਤੇ ਸਾਬਕਾ ਅਫਗਾਨ ਰਾਸ਼ਟਰਪਤੀ ਹਾਮਿਦ ਕਰਜ਼ਈ ਵਰਗੀਆਂ ਅੰਤਰਰਾਸ਼ਟਰੀ ਰਾਜਨੀਤਿਕ ਹਸਤੀਆਂ ਦੇ ਦੌਰੇ ਯੂਨੀਵਰਸਿਟੀ ਦੀ ਵਿਸ਼ਵਵਿਆਪੀ ਮਾਮਲਿਆਂ ਅਤੇ ਲੀਡਰਸ਼ਿਪ ਪ੍ਰਤੀ ਵਚਨਬੱਧਤਾ ਨੂੰ ਉਜਾਗਰ ਕਰਦੇ ਹਨ।ਯੂਨੀਵਰਸਿਟੀ ਦਾ ਦੌਰਾ ਕਰਨ ਵਾਲੀਆਂ ਮਸ਼ਹੂਰ ਹਸਤੀਆਂ ਵਿੱਚ ਮਨੋਰੰਜਨ, ਖੇਡਾਂ ਅਤੇ ਪ੍ਰਸਿੱਧ ਸੱਭਿਆਚਾਰ ਦੀ ਦੁਨੀਆ ਦੇ ਕਈ ਨਾਮ ਸ਼ਾਮਲ ਹਨ, ਜਿਨ੍ਹਾਂ ਵਿੱਚ ਸ਼ਾਹਰੁਖ ਖਾਨ, ਅਕਸ਼ੈ ਕੁਮਾਰ, ਸੋਨੂੰ ਸੂਦ, ਰਣਬੀਰ ਕਪੂਰ ਅਤੇ ਕਰਨ ਔਜਲਾ ਅਤੇ ਨਾਲ ਹੀ ਕ੍ਰਿਕਟ ਸਟਾਰ ਐਮ ਐਸ ਧੋਨੀ ਅਤੇ ਈਸ਼ਾਨ ਕਿਸ਼ਨ ਸ਼ਾਮਲ ਹਨ। ਖੇਡਾਂ ਅਤੇ ਰਾਸ਼ਟਰੀ ਪ੍ਰਾਪਤੀਆਂ ਦੀ ਨੁਮਾਇੰਦਗੀ ਕਰਨ ਵਾਲੇ ਓਲੰਪਿਕ ਜੈਵਲਿਨ ਚੈਂਪੀਅਨ ਨੀਰਜ ਚੋਪੜਾ, ਵਿੰਗ ਕਮਾਂਡਰ ਵਿਓਮਿਕਾ ਸਿੰਘ, ਅਤੇ ਭਾਰਤੀ ਹਵਾਈ ਸੈਨਾ ਦੇ ਅਧਿਕਾਰੀ ਅਤੇ ਪੁਲਾੜ ਯਾਤਰੀ ਗਰੁੱਪ ਕੈਪਟਨ ਸ਼ੁਭਾਂਸ਼ੂ ਸ਼ੁਕਲਾ ਹਨ, ਜਿਨ੍ਹਾਂ ਨੇ ਖੇਡਾਂ, ਰਾਸ਼ਟਰੀ ਸੇਵਾ ਅਤੇ ਪੁਲਾੜ ਖੋਜ ਦੇ ਖੇਤਰਾਂ ਵਿੱਚ ਆਪਣੀ ਪਛਾਣ ਬਣਾਈ ਹੈ।ਉੱਦਮਤਾ ਅਤੇ ਵਪਾਰਕ ਲੀਡਰਸ਼ਿਪ ਦੇ ਖੇਤਰਾਂ ਦੀਆਂ ਕਈ ਪ੍ਰਮੁੱਖ ਹਸਤੀਆਂ ਨੇ ਵੀ ਦੌਰਾ ਕੀਤਾ ਹੈ, ਜਿਨ੍ਹਾਂ ਵਿੱਚ ਬੋਲੈਂਟ ਇੰਡਸਟਰੀਜ਼ ਦੇ ਸ਼੍ਰੀਕਾਂਤ ਬੋਲਾ; ਥਾਈਰੋਕੇਅਰ ਟੈਕਨਾਲੋਜੀਜ਼ ਦੇ ਸੰਸਥਾਪਕ ਡਾ. ਅਰੋਕਿਆਸਵਾਮੀ ਵੇਲੂਮਣੀ, ਹੀਰਾਨੰਦਾਨੀ ਗਰੁੱਪ ਦੇ ਸਹਿ-ਸੰਸਥਾਪਕ ਨਿਰੰਜਨ ਹੀਰਾਨੰਦਾਨੀ, ਉੱਦਮੀ, ਲੇਖਕ ਅਤੇ ਸਮੱਗਰੀ ਸਿਰਜਣਹਾਰ ਅੰਕੁਰ ਵਾਰਿਕੂ, ਸ਼ੂਗਰ ਕਾਸਮੈਟਿਕਸ ਦੀ ਸਹਿ-ਸੰਸਥਾਪਕ ਅਤੇ ਸੀਈਓ ਵਿਨੀਤਾ ਸਿੰਘ; ਅਤੇ ਬੋਏਟ ਦੇ ਸਹਿ-ਸੰਸਥਾਪਕ ਅਮਨ ਗੁਪਤਾ। ਇਨ੍ਹਾਂ ਸ਼ਖ਼ਸੀਅਤਾਂ ਦੇ ਦੌਰੇ ਕਾਰੋਬਾਰਾਂ ਦੇ ਨਿਰਮਾਣ, ਨਵੀਨਤਾ ਅਤੇ ਬਦਲਦੇ ਪੇਸ਼ੇਵਰ ਦ੍ਰਿਸ਼ਟੀਕੋਣ ਨੂੰ ਨੈਵੀਗੇਟ ਕਰਨ ਵਿੱਚ ਕੀਮਤੀ ਸਮਝ ਪ੍ਰਦਾਨ ਕਰਦੇ ਹਨ।



ਖਾਲਸਾ ਸਕੂਲ ਦੇ ਪੁਰਾਣੇ ਸਾਥੀਆਂ ਨੇ ਮਿਲ ਕੇ ਪੁਰਾਣੀਆਂ ਯਾਦਾਂ ਕੀਤੀਆਂ ਤਾਜ਼ਾ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)- ਸਥਾਨਕ ਐੱਸ ਜੀ ਐੱਸ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਸ੍ਰੀ ਅਨੰਦਪੁਰ ਸਾਹਿਬ ਦੇ 1970-72 ਬੈਚ ਦੇ ਪਾਸ ਆਊਟ ਵਿਦਿਆਰਥੀਆਂ ਨੇ ਮਿਲ ਕੇ ਪੁਰਾਣੀਆਂ ਯਾਦਾਂ ਤਾਜ਼ਾ ਕੀਤੀਆਂ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾਇਰੈਕਟਰ ਗੁਰਮਿੰਦਰ ਸਿੰਘ ਭੁੱਲਰ ਨੇ ਦੱਸਿਆ ਕਿ ਖਾਲਸਾ ਸਕੂਲ ਦੇ 1970-72 ਬੈਚ ਦੇ ਪੁਰਾਣੇ ਸਾਥੀਆਂ ਨੇ ਸ੍ਰੀ ਅਨੰਦਪੁਰ ਸਾਹਿਬ ਦੇ ਟੀ ਐੱਫ ਸੀ ਗਾਰਡਨ ਰੈਸਟੋਰੈਂਟ ਵਿਖੇ ਮਿਲ ਕੇ ਆਪਣੇ ਸਕੂਲ ਦੇ ਦਿਨਾਂ ਨੂੰ ਯਾਦ ਕੀਤਾ ਅਤੇ ਸਕੂਲ ਸਾਥੀਆਂ ਅਤੇ ਆਪਣੇ ਅਧਿਆਪਕਾਂ ਬਾਰੇ ਵਿਸਥਾਰ ਨਾਲ ਚਰਚਾ ਕੀਤਾ। ਉਨਾਂ ਦੱਸਿਆ ਕਿ ਇੰਜੀਨੀਅਰ ਸੁਰਿੰਦਰ ਸਿੰਘ ਦੇ ਇਸ ਵਿਸ਼ੇਸ਼ ਉਪਰਾਲੇ ਸਦਕਾ ਪਿਛਲੇ ਪੰਜ ਸਾਲਾਂ ਤੋਂ ਲਗਾਤਾਰ ਇਹ 1970-72 ਬੈਚ ਦੇ ਵਿਦਿਆਰਥੀ ਇਕੱਠੇ ਹੋ ਰਹੇ ਹਨ ਅਤੇ ਆਪਣੇ ਸਕੂਲ ਦੇ ਦਿਨਾਂ ਨੂੰ ਯਾਦ ਕਰ ਰਹੇ ਹਨ। ਉਹਨਾਂ ਨੇ ਦੱਸਿਆ ਕਿ ਇਸ ਵਾਰ ਦੀ ਮਿਲਣੀ ਵਿੱਚ ਕਈ ਸਾਥੀ ਤਾਂ ਸਕੂਲ ਤੋਂ ਬਾਅਦ ਪਹਿਲੀ ਵਾਰ ਮਿਲੇ ਸਨ। ਸਾਰੇ ਪੁਰਾਣੇ ਸਾਥੀਆਂ ਨੇ ਭਾਵੁਕਤਾ ਭਰੇ ਅੰਦਾਜ਼ ਦੇ ਨਾਲ ਆਪਣੇ ਸਮੇਂ ਦੇ ਅਧਿਆਪਕਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਅਤੇ ਆਪਣੀ ਹੁਣ ਤੱਕ ਦੀ ਕਾਮਯਾਬੀ ਦਾ ਸਿਹਰਾ ਉਹਨਾਂ ਸਤਿਕਾਰਯੋਗ ਅਧਿਆਪਕਾਂ ਦੇ ਸਿਰ ਬੰਨਿਆ। ਇਹਨਾਂ ਪੁਰਾਣੇ ਸਾਥੀਆਂ ਵਿੱਚੋਂ ਜਿਆਦਾਤਰ



ਦੀਆਂ ਪਤਨੀਆਂ ਵੀ ਇਸ ਮੌਕੇ ਹਾਜ਼ਰ ਸਨ। ਪੁਰਾਣੇ ਸਾਥੀਆਂ ਨੇ ਜਿੱਥੇ ਆਪਣੇ ਖਾਲਸਾ ਸਕੂਲ ਦੇ ਦਿਨਾਂ ਨੂੰ ਯਾਦ ਕੀਤਾ ਉੱਥੇ ਨਾਲ ਹੀ ਖਾਲਸਾ ਸਕੂਲ ਵਿਖੇ ਪ੍ਰਿੰਸੀਪਲ ਸੰਤੋਖ ਸਿੰਘ,ਪ੍ਰਿੰਸੀਪਲ ਸੰਪੂਰਨ ਸਿੰਘ, ਪ੍ਰਿੰਸੀਪਲ ਮਨਮੋਹਨ ਸਿੰਘ, ਪ੍ਰਿੰਸੀਪਲ ਮਨੋਹਰ ਸਿੰਘ ਸੈਣੀ, ਪ੍ਰਿੰਸੀਪਲ ਨਿਰੰਜਨ ਸਿੰਘ ਰਾਣਾ ਦੇ ਸਮੇਂ ਹੋਈ ਤਰੱਕੀ ਤੇ ਤਸੱਲੀ ਅਤੇ ਖੁਸ਼ੀ ਪ੍ਰਗਟਾਈ ਅਤੇ ਮੌਜੂਦਾ ਮੁਖੀ ਪ੍ਰਿੰਸੀਪਲ ਸੁਖਪਾਲ ਕੌਰ ਦੇ ਵੱਲੋਂ ਸਕੂਲ ਵਿੱਚ ਕੀਤੇ ਜਾ ਰਹੇ ਸੁਧਾਰ ਕਾਰਜਾਂ ਦੀ ਵੀ ਸ਼ਲਾਘਾ ਕੀਤੀ ਗਈ। ਇਸ ਮੌਕੇ ਇੰਜੀਨੀਅਰ ਜਗਜੀਤ ਸਿੰਘ, ਇੰਜੀਨੀਅਰ ਜਸਬੀਰ ਸਿੰਘ, ਸ. ਕੁਲਦੀਪ ਸਿੰਘ ਨੰਬਰਦਾਰ, ਦਵਿੰਦਰ ਸਿੰਘ ਅਗੰਮਪੁਰ, ਤਜਿੰਦਰ ਸਿੰਘ ਰਤਨ, ਭਾਗ ਸਿੰਘ, ਇੰਜੀਨੀਅਰ ਮੇਜਰ ਸਿੰਘ, ਮੇਜਰ ਕਿਰਪਾਲ ਸਿੰਘ, ਤਜਿੰਦਰ ਸਿੰਘ ਵਾਲੀਆ, ਮਨਜੋਤ ਸਿੰਘ ਬੇਦੀ, ਇੰਜੀਨੀਅਰ ਕੁਲਵੰਤ ਸਿੰਘ, ਇੰਜੀਨੀਅਰ ਹਰਮੀਤ ਸਿੰਘ ਲੋਦੀਪੁਰ, ਦਲੇਲ ਸਿੰਘ ਸੂਰੇਵਾਲ, ਮਹਿੰਦਰ ਸਿੰਘ ਮਜਾਰਾ, ਕੈਪਟਨ ਕੁਲਦੀਪ ਸਿੰਘ ਮਜਾਰੀ ਆਦਿ ਹਾਜ਼ਰ ਸਨ।

ਰੇਲਵੇ ਲਾਈਨ ਤੋਂ ਵਿਅਕਤੀ ਦੀ ਲਾਸ਼ ਮਿਲੀ

ਆਦਮਪੁਰ (ਪਰਮਜੀਤ ਸਿੰਘ)- ਰੇਲਵੇ ਸਟੇਸ਼ਨ ਸੁੱਚੀ ਪਿੰਡ ਅਲਾਵਲਪੁਰ ਨਜ਼ਦੀਕ ਪਿੰਡ ਮੁਬਾਰਕਪੁਰ-ਸ਼ੇਖੇ ਦੀਆਂ ਰੇਲਵੇ ਲਾਇਨਾਂ ਤੋਂ ਇੱਕ ਵਿਅਕਤੀ ਦੀ ਲਾਸ਼ ਮਿਲੀ ਹੈ।

ਪ੍ਰੈਸ ਨੂੰ ਜਾਣਕਾਰੀ ਦਿੰਦੇ ਏ ਐਸ ਆਈ ਚਰਨਜੀਤ ਸਿੰਘ ਰੇਲਵੇ ਪੁਲਸ ਚੌਂਕੀ ਅਲਾਵਲਪੁਰ ਨੇ ਦਸਿਆ ਕਿ ਕਿਲੋਮੀਟਰ ਰੇਲਵੇ 6/9-11 ਦਰਮਿਆਨ ਰੇਲਵੇ ਲਾਇਨਾਂ ਤੋਂ ਅਣਪਛਾਤੇ ਵਿਆਕਤੀ ਦੀ ਲਾਸ਼ ਮਿਲੀ ਹੈ ਜਿਸ ਦਾ ਹਾਦਸਾ ਟਰੇਨ ਨਾਲ ਵਾਪਰਿਆ ਜਾਪਦਾ ਹੈ ਤੇ ਇਸ ਅਣਪਛਾਤੇ ਵਿਅਕਤੀ ਦੀ ਉਮਰ ਕਰੀਬ 30 ਤੋਂ 35 ਸਾਲ ਜਾਪਦੀ ਹੈ ਜਿਸਨੇ ਲਾਲ ਟੀ-ਸ਼ਰਟ ਤੇ ਕੋਕਾ ਕੋਲਾ ਪੈਂਟ ਪਾਈ ਹੋਈ ਹੈ।

ਉਨ੍ਹਾਂ ਕਿਹਾ ਇਸ ਵਿਆਕਤੀ ਦੀ ਲਾਸ਼ ਨੂੰ ਸਿਵਲ ਹਸਪਤਾਲ ਵਿੱਖੇ 72 ਘੰਟੇ ਲਈ ਪਹਿਚਾਣ ਵਾਸਤੇ ਰੱਖਵਾ ਦਿੱਤਾ ਹੈ। ਉਨ੍ਹਾਂ ਕਿਹਾ ਅਗਰ ਇਸ ਵਿਅਕਤੀ ਬਾਰੇ ਕਿਸੇ ਨੂੰ ਪਤਾ ਚੱਲਦਾ ਹੈ ਤਾਂ ਉਹ ਥਾਣਾ ਜੀ ਆਰ ਪੀ ਰੇਲਵੇ ਪੁਲਸ ਜਲੰਧਰ ਜਾਂ ਚੌਂਕੀ ਅਲਾਵਲਪੁਰ ਨਾਲ ਸੰਪਰਕ ਕਰ ਸਕਦਾ ਹੈ।

ਦੀਵਾਲੀ ਤੇ ਗੁਰਪੁਰਬ ਦਿਹਾੜੇ ਨੂੰ ਸਮਰਪਤ ਜੈਤੋ ਵਿਸ਼ੇਸ਼ ਸਪਲੀਮੈਂਟ

ਸੰਦੇਸ਼

ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
ਪ੍ਰਕਾਸ਼ ਸਿੰਘ ਭੱਟੀ
ਸਾਬਕਾ ਵਿਧਾਇਕ ਹਲਕਾ ਜੈਤੋ

ਸੰਦੇਸ਼

ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
ਸੱਤਪਾਲ ਡੋਡ
ਸੀਨੀਅਰ ਆਪ ਆਗੂ

ਸੰਦੇਸ਼

ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
ਯਾਦਵਿੰਦਰ ਸਿੰਘ ਜ਼ੈਲਦਾਰ
ਸੀਨੀ. ਅਕਾਲੀ ਆਗੂ

ਸੰਦੇਸ਼

ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
ਪੰਨਾ ਲਾਲ ਜੈਨ
ਪ੍ਰਧਾਨ ਸ਼ੈਲਰ ਐਸੋਸੀਏਸ਼ਨ, ਜੈਤੋ

ਸੰਦੇਸ਼

ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
ਨਰੇਸ਼ ਜਿੰਦਲ
ਪ੍ਰਧਾਨ ਅਗਰਵਾਲ ਵੈਲਫੇਅਰ ਬੋਰਡ

ਸੰਦੇਸ਼
ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।

ਐਡਵੋਕੇਟ ਅਮਿਤ ਮਿੱਤਲ ਗੋਲਡੂ

ਸੰਦੇਸ਼

ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
ਸੂਬਾ ਸਿੰਘ ਬਾਦਲ
ਹਲਕਾ ਇੰਚਾਰਜ ਸ਼੍ਰੋਮਣੀ ਅਕਾਲੀ ਦਲ (ਬ) ਜੈਤੋ

ਸੰਦੇਸ਼
ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।

ਤੁਲਸੀ ਰਾਮ ਬਾਂਸਲ
ਨਗਰ ਕੌਂਸਲਰ, ਜੈਤੋ

ਸੰਦੇਸ਼
ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।

ਅਸ਼ਵਨੀ ਗਰਗ
ਚੇਅਰਮੈਨ ਸਵਾਈਟ ਬਨੂੜ

ਸੰਦੇਸ਼
ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।

ਪਵਨ ਗੋਇਲ
ਸਾਬਕਾ ਕਾਰਜਕਾਰੀ ਪ੍ਰਧਾਨ ਪੰਜਾਬ ਕਾਂਗਰਸ

ਸੰਦੇਸ਼
ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।

ਭੀਮ ਸੈਨ ਜਿੰਦਲ
ਉਦਯੋਗਪਤੀ

ਸੰਦੇਸ਼
ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।

ਮੋਹਣਜੀਤ ਬਰਾੜ
ਏ ਐਫ ਐਸ ਓ

ਸੰਦੇਸ਼
ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।

ਜੋਤੀ ਬਾਂਸਲ
ਮਿੱਠੂ ਬੈਟਰੀ ਹਾਊਸ, ਜੈਤੋ

ਸੰਦੇਸ਼
ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।

ਸਤਪਾਲ ਜਿੰਦਲ
ਉਦਯੋਗਪਤੀ

ਸੰਦੇਸ਼

ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
ਨਿਰਮਲਾ ਦੇਵੀ
ਪ੍ਰਧਾਨ ਨਗਰ ਕੌਂਸਲ ਜੈਤੋ

ਸੰਦੇਸ਼

ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
ਚਿਮਨ ਲਾਲ
ਠੇਕੇਦਾਰ, ਜੈਤੋ

ਸੰਦੇਸ਼

ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
ਭੋਲਾ ਸ਼ਰਮਾ
ਪ੍ਰਧਾਨ ਸ਼ੇਖ ਫਰੀਦ ਪ੍ਰੈਸ ਕਲੱਬ, ਜੈਤੋ

ਸੰਦੇਸ਼

ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
ਗੁਰਮੀਤ ਸਿੰਘ ਬਰਾੜ
ਸੀਨੀ. ਅਕਾਲੀ ਆਗੂ ਜੈਤੋ

ਸੰਦੇਸ਼

ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
ਐਡਵੋਕੇਟ ਯਸ਼ ਗਰਗ ਜੈਤੋ

ਸੰਦੇਸ਼

ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
ਕੋਮਲ ਸ਼ਰਮਾ
ਪ੍ਰਧਾਨ ਕਲੈਰੀਕਲ, ਯੂਨੀਅਨ ਐਮ ਸੀ ਜੈਤੋ

ਰੌਸ਼ਨੀਆਂ ਦੇ ਤਿਉਹਾਰਾਂ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।

ਪਵਨ ਮਿੱਤਲ (ਭੋਲਾ ਸੇਠੀ)
ਠੇਕੇਦਾਰ ਜੈਤੋ

ਬਾਬਾ ਫ਼ਰੀਦ ਪਬਲਿਕ ਸਕੂਲ
ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
ਬਾਜਾਖਾਨਾ ਰੋਡ ਜੈਤੋ (ਫ਼ਰੀਦਕੋਟ)

ਸੰਦੀਪ ਕੁਮਾਰ



ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
ਨਾਇਬ ਸਿੰਘ ਬਰਾੜ
ਸੇਵੇਵਾਲਾ (ਗੁੰਮਟੀ ਖੁਰਦ)


ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
ਵਿਕਾਸ ਸਿਗਲਾ (ਘੰਟੀ) ਬਲਾਕ ਪ੍ਰਧਾਨ ਜੈਤੋ ਸ਼ਹਿਰੀ
ਪ੍ਰਕਾਸ਼ ਸਿੰਘ ਭੱਟੀ ਸਾਬਕਾ ਵਿਧਾਇਕ ਹਲਕਾ ਜੈਤੋ
ਮੇਹਰ ਸਿੰਘ ਕਰੀਰਵਾਲੀ ਸਾਬਕਾ ਸਰਪੰਚ
ਸਿਕੰਦਰ ਸਿੰਘ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਜੈਤੋ
ਪ੍ਰਭਜੀਤ ਸਿੰਘ ਬਲਾਕ ਪ੍ਰਧਾਨ ਬਾਜਾਖਾਨਾ
ਤਰਸੇਮ ਸਿੰਘ ਬਲਾਕ ਪ੍ਰਧਾਨ ਪੰਜਗਰਾਈਂ
ਵੱਲੋਂ : ਸਮੂਹ ਕਾਂਗਰਸੀ ਪਾਰਟੀ ਜੈਤੋ




ਸੰਦੇਸ਼

ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
ਵਿਕਾਸ ਸਿੰਗਲਾ (ਘੰਟੀ)
ਕਾਂਗਰਸੀ ਆਗੂ

ਸੰਦੇਸ਼

ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
ਅਸ਼ੀਸ਼ ਜਿੰਦਲ ਉਦਯੋਪਤੀ







ਸੰਦੇਸ਼
ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
ਅਸ਼ੋਕ ਕੁਮਾਰ (ਭਾਜਪਾ ਆਗੂ)

ਸੰਦੇਸ਼
ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
ਸ਼ੇਖਰ ਸ਼ਰਮਾ
ਵਾਈਸ ਚੇਅਰਮੈਨ ਨੌਜਵਾਨ ਵੈਲਫੇਅਰ ਸੁਸਾਇਟੀ

ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
ਸੁਖਮਨੀ
ਜਰਨਲ ਅਤੇ ਬੱਚਿਆਂ ਦਾ ਹਸਪਤਾਲ
ਡਾ. ਗੁਰਮੀਤ ਸਿੰਘ
ਡਾ. ਰਾਕੇਸ਼ ਦੂਆ B.A.M.S.Regd. No. 3432
M.: 94652-02802, 99882-80328
ਨੇੜੇ ਬੱਸ ਸਟੈਂਡ, ਮੁਕਤਸਰ ਰੋਡ, ਜੈਤੋ





ਇਲਾਕਾ ਨਿਵਾਸੀਆਂ ਨੂੰ ਗੁਰਪੁਰਬ ਦੀਆਂ ਲੱਖ-ਲੱਖ ਵਧਾਈਆਂ
Saraswati Kanya Mahavidyala Society (Regd.) Jaitu
Saraswati Sen.Sec.School
PSEB Affiliation No.0001331
Saraswati Genius School
CBSE Affiliation No.1631469
Saraswati Smart playway School
Sh.Pawan Goyal Patron | Sh.Rakesh Romana President | Sh.Madan Lal Goyal Secretary | Sh. Dinesh Goyal Manager | Sh. Anil Bansal Cashier

ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
ਪ੍ਰਕਾਸ਼ ਸਿੰਘ ਭੱਟੀ ਸਾਬਕਾ ਵਿਧਾਇਕ ਹਲਕਾ ਜੈਤੋ
ਪਵਨ ਗੋਇਲ ਸਾਬਕਾ ਕਾਰਜਕਾਰੀ ਪ੍ਰਧਾਨ ਪੰਜਾਬ ਕਾਂਗਰਸ
ਤੁਲਸੀ ਰਾਮ ਬਾਂਸਲ ਨਗਰ ਕੌਂਸਲਰ ਜੈਤੋ
ਦਿਲਬਾਗ ਸ਼ਰਮਾ ਬਾਗੀ ਨਗਰ ਕੌਂਸਲਰ ਜੈਤੋ
ਜਗਦੀਸ਼ ਘਣੀਆ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਜੈਤੋ
ਵੱਲੋਂ : ਸਮੂਹ ਕਾਂਗਰਸੀ ਪਾਰਟੀ ਹਲਕਾ ਜੈਤੋ





ਰਾਜਦੀਪ ਔਲਖ ਰਾਮੇਆਣਾ block:
ਮੁਹੰਮਦ ਸਦੀਕ ਸਾਬਕਾ ਲੋਕਸਭਾ ਮੈਂਬਰ, ਫਰੀਦਕੋਟ
ਸੂਰਜ ਭਾਰਦਵਾਜ ਸੀਨੀ. ਕਾਂਗਰਸੀ ਆਗੂ, ਜੈਤੋ
ਬੀਬੀ ਜਾਵੇਦ ਅਖ਼ਤਰ ਸੀਨੀ. ਕਾਂਗਰਸੀ ਆਗੂ, ਜੈਤੋ
ਰਾਜਾ ਭਾਰਦਵਾਜ ਸੀਨੀਅਰ ਕਾਂਗਰਸੀ ਆਗੂ, ਜੈਤੋ
ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
ਰਾਜਦੀਪ ਔਲਖ ਰਾਮੇਆਣਾ
ਸਰਪੰਚ ਪਿੰਡ ਰਾਮੇਆਣਾ



ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
FASHION HUB NEW MARKET
JAITU (GANDHI DI HATTI)
ਵਿਜੈ ਕੁਮਾਰ ਬਾਂਸਲ (ਗਾਂਧੀ)
M. 92175-00055

ਗੁਰਪੁਰਬ ਦੀਆਂ ਲੱਖ-ਲੱਖ ਵਧਾਈਆਂ

ਸੁਖਬੀਰ ਸਿੰਘ ਬਾਦਲ ਸਾਬਕਾ ਉਪ ਮੁੱਖ ਮੰਤਰੀ, ਪੰਜਾਬ
ਮਨਤਾਰ ਸਿੰਘ ਬਰਾੜ ਹਲਕਾ ਇੰਚਾਰਜ ਕੋਟਕਪੂਰਾ
ਹਰਚਰਨ ਸਿੰਘ ਬਾਠ ਸਰਪੰਚ, ਕਰੀਰਵਾਲੀ
ਸਵ. ਸੁਖਦੇਵ ਸਿੰਘ ਬਾਠ ਸਾਬਕਾ ਮੈਂਬਰ ਸ਼੍ਰੋ. ਗੁ. ਪ੍ਰੰ. ਕਮੇਟੀ, ਜੈਤੋ
ਜਾਰੀ ਕਰਤਾ : ਸਮੂਹ ਗ੍ਰਾਮ ਪੰਚਾਇਤ ਕਰੀਰਵਾਲੀ (ਜੈਤੋ)
ਸ਼੍ਰੀਮਤੀ ਚਰਨਜੀਤ ਕੌਰ ਸਾਬਕਾ ਸਰਪੰਚ

ਸਮੂਹ ਇਲਾਕਾ ਨਿਵਾਸੀਆਂ ਨੂੰ ਗਣਤੰਤਰ ਦਿਵਸ ਦੀਆਂ ਲੱਖ-ਲੱਖ ਵਧਾਈਆਂ
ਸਚਖੰਡ ਵਾਸੀ ਸੰਤ ਬਾਬਾ ਕਰਨੈਲ ਦਾਸ ਜੀ ਜਲਾਲ ਵਾਲੇ
ਮਹਾਨ ਦਾਨੀ ਸਵ: ਮਾਤਾ ਅਮਰ ਕੌਰ ਜੀ ਦੁੱਲਟ (ਭਗਤੂਆਣਾ ਵਾਲੇ)
ਸਵਾਮੀ ਬ੍ਰਹਮ ਮੁਨੀ ਜੀ ਸ਼ਾਸਤਰੀ
ਸੰਤ ਰਿਸ਼ੀ ਰਾਮ ਜੀ (ਪ੍ਰਧਾਨ)
ਇੱਥੇ ਹਰ ਰੋਜ਼ ਮਰੀਜ਼ਾਂ ਦਾ ਚੈੱਕ ਅਪ 9 ਵਜੇ ਤੋਂ ਦੁਪਹਿਰ 2 ਵਜੇ ਤੱਕ ਕੀਤਾ ਜਾਂਦਾ ਹੈ। ਹਰ ਰੋਜ਼ ਫੈਕੋ ਮਸ਼ੀਨ ਦੁਆਰਾ ਲੈਂਜ਼ ਪਾਏ ਜਾਂਦੇ ਹਨ। ਓ ਸੀ ਟੀ ਅਤੇ ਗਰੀਨ ਲੇਜ਼ਰ ਵਿਦੇਸ਼ੀ ਮਸ਼ੀਨਾਂ ਨਾਲ ਪਰਦੇ ਦਾ ਤਸੱਲੀ ਬਖਸ਼ ਇਲਾਜ ਕੀਤਾ ਜਾਂਦਾ ਹੈ। ਅੱਖ ਦਾ ਪ੍ਰੈਸ਼ਰ ਚੈੱਕ ਕਰਨ ਲਈ "ਨਾਨ ਕਨਟੈਕਟ ਟੋਨੋਮੀਟਰ" ਨਾਲ ਚੈੱਕਅਪ ਕੀਤਾ ਜਾਂਦਾ ਹੈ।
* ਮਰੀਜਾਂ ਲਈ ਰਹਿਣ ਦਾ ਪ੍ਰਬੰਧ ਬਿਲਕੁੱਲ ਮੁਫਤ ਹੈ * ਗੁਰੂ ਕਾ ਅਤੁੱਟ ਲੰਗਰ 24 ਘੰਟੇ ਚੱਲਦਾ ਹੈ। * ਸਾਰੇ ਚੈਕਅਪ ਮੁਫ਼ਤ ਕੀਤੇ ਜਾਂਦੇ ਹਨ।
ਮਾਤਾ ਅਮਰ ਕੌਰ ਵਿਵੇਕ ਚੈਰੀਟੇਬਲ ਸੋਸਾਇਟੀ (ਰਜਿ:)
ਚੈਨਾ ਰੋਡ, ਜੈਤੋ (ਫ਼ਰੀਦਕੋਟ)
ਫੋਨ : 94175-30003, 01635-233303 (ਹਸਪਤਾਲ)

ਸੋਨੂੰ ਸੋਢੀ
ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
ਹਰਸੰਗੀਤ ਸਿੰਘ ਹੈਪੀ

ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
ਮਨਮੋਹਨ ਸਿੰਘ ਪੰਚਾਇਤ ਸੈਕਟਰੀ | **ਲਖਵੀਰ ਸਿੰਘ** ਪੰਚਾਇਤ ਸੈਕਟਰੀ | **ਬੇਅੰਤ ਸਿੰਘ** ਪੰਚਾਇਤ ਸੈਕਟਰੀ

ਯਾਦਵਿੰਦਰ ਸਿੰਘ ਇੰਸਪੈਕਟਰ
ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
ਮਾਸਟਰ ਜਗਸੀਰ ਸਿੰਘ

ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
ਪ੍ਰਿੰਸ ਜੈਨ | ਸ਼ੈਲੀ ਗਰਗ ਪ੍ਰਧਾਨ ਵਪਾਰ ਮੰਡਲ ਜੈਤੋ | ਸ਼ੈਰੀ ਅਰੋੜਾ

ਪੱਤਰਕਾਰ ਭਾਈਚਾਰਾ


ਧੰਨਵਾਦ
ਮੈਂ ਅਦਾਰਾ 'ਨਵਾਂ ਜ਼ਮਾਨਾ' ਵੱਲੋਂ ਉਨ੍ਹਾਂ ਇਸ਼ਤਿਹਾਰ ਦਾਤਾਵਾਂ ਦਾ ਤਹਿ ਦਿਲੋਂ ਧੰਨਵਾਦੀ ਹਾਂ, ਜਿਨ੍ਹਾਂ ਮੇਰੇ ਇੱਕ ਫੋਨ 'ਤੇ ਥੋੜ੍ਹੇ ਸਮੇਂ ਵਿੱਚ ਦੀਵਾਲੀ ਨੂੰ ਸਮਰਪਤ ਜੈਤੋ ਤੋਂ ਵਿਸ਼ੇਸ਼ ਸਪਲੀਮੈਂਟ ਕੱਢਣ ਲਈ ਮੇਰੀ ਮਦਦ ਕੀਤੀ ਹੈ। ਮੈਂ ਇਨ੍ਹਾਂ ਦੀ ਚੜ੍ਹਦੀਕਲਾ ਅਤੇ ਤੰਦਰੁਸਤੀ ਲਈ ਮਾਲਕ ਅੱਗੇ ਦੁਆ ਕਰਦਾ ਹਾਂ। ਮੈਨੂੰ ਉਮੀਦ ਹੈ ਕਿ ਤੁਸੀਂ ਸਾਰੇ ਅੱਗੇ ਤੋਂ ਵੀ ਮੇਰਾ ਇਸੇ ਤਰ੍ਹਾਂ ਸਾਥ ਦਿੰਦੇ ਰਹੋਗੇ।

ਐਡਵੋਕੇਟ ਸਤੀਸ਼ ਕੁਮਾਰ ਭੀਰੀ
ਪੱਤਰਕਾਰ, ਗੰਗਸਰ ਜੈਤੋ, (ਫਰੀਦਕੋਟ)
ਮੋਬਾ. 94176-12036




ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
ਸ਼੍ਰੀਮਤੀ ਆਸ਼ਾ ਗੋਇਲ (ਸਤੀਸ਼ ਭੀਰੀ)